ਮੰਗਲਵਾਰ, 17 ਸਤੰਬਰ, 2024
2 ਅੱਸੂ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 107

# ਨਵਾਂ ਜ਼ਮਾਨਾ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

DAILY NAWAN ZAMANA • TUESDAY, 17 SEPTEMBER, 2024 ਜਲੰਧਰ
You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਕੈਂਟਰ ਨੇ 4 ਮਨਰੇਗਾ ਮਜ਼ਦੂਰਾਂ ਦੀ ਜਾਨ ਲਈ

## ਮ੍ਰਿਤਕਾਂ 'ਚ ਇੱਕ ਮਹਿਲਾ, ਸੜਕ ਕੰਢੇ ਦੁਪਹਿਰ ਦੀ ਰੋਟੀ ਖਾ ਰਹੇ ਸੀ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)** : ਸੁਨਾਮ-ਪਟਿਆਲਾ ਮੁੱਖ ਮਾਰਗ ਉੱਤੇ ਪੈਂਦੇ ਪਿੰਡ ਬਿਸ਼ਨਪੁਰਾ (ਅਕਾਲਗੜ੍ਹ) ਤੇ ਮਰਦ ਖੇੜਾ ਵਿਚਕਾਰ ਚਾਰ ਮਨਰੇਗਾ ਮਜ਼ਦੂਰਾਂ ਨੂੰ ਸੋਮਵਾਰ ਕੈਂਟਰ ਨੇ ਦਰੜ ਦਿੱਤਾ। ਚੌਹਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਮ੍ਰਿਤਕਾਂ ਦੀ ਪਛਾਣ ਜਰਨੈਲ ਸਿੰਘ ਉਰਫ ਜੈਲਾ, ਹਰਪਾਲ ਸਿੰਘ ਪਾਲਾ, ਛੋਟਾ ਸਿੰਘ ਅਤੇ ਗੁਰਦੇਵ ਕੌਰ ਵਜੋਂ ਹੋਈ ਹੈ। ਇਹ ਸਾਰੇ ਅਕਾਲਗੜ੍ਹ ਦੇ ਦੱਸੇ ਗਏ ਹਨ। ਇਨ੍ਹਾਂ ਮਜ਼ਦੂਰਾਂ ਦਾ ਕੰਮ ਦਾ ਪਹਿਲਾ ਦਿਨ ਸੀ। ਮਜ਼ਦੂਰਾਂ ਨੇ ਪਿੱਛਾ ਕਰਕੇ ਕੈਂਟਰ ਘੇਰ ਲਿਆ।

ਮਜ਼ਦੂਰ ਸੜਕ ਕੰਢੇ ਝਾੜੀਆਂ ਦੀ ਕਟਾਈ ਕਰ ਰਹੇ ਸਨ ਅਤੇ ਦੁਪਹਿਰ ਸਮੇਂ ਜਦੋਂ ਸੜਕ ਕਿਨਾਰੇ ਬੈਠ ਕੇ ਰੋਟੀ ਖਾ ਰਹੇ ਸਨ ਤਾਂ ਮਹਿਲਾਂ ਚੌਕ ਵੱਲੋਂ ਆ ਰਹੇ ਸੇਬਾਂ ਨਾਲ ਭਰੇ ਤੇਜ਼ ਰਫ਼ਤਾਰ ਕੈਂਟਰ ਨੇ ਦਰੜ ਦਿੱਤੇ। ਹਾਦਸੇ ਤੋਂ ਬਾਅਦ ਮਜ਼ਦੂਰਾਂ ਨੇ ਸੁਨਾਮ-ਪਟਿਆਲਾ ਮੁੱਖ ਮਾਰਗ ਨੂੰ ਮੁਕੰਮਲ ਬੰਦ ਕਰ ਦਿੱਤਾ ਅਤੇ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ। ਹਾਦਸੇ ਦਾ ਪਤਾ ਲੱਗਦਿਆਂ ਹੀ ਥਾਣਾ ਸਿਟੀ ਸੁਨਾਮ ਦੇ ਮੁਖੀ ਪ੍ਰਤੀਕ ਜਿੰਦਲ ਮੌਕੇ ਉੱਤੇ ਪੁੱਜੇ ਅਤੇ ਮਾਮਲੇ ਦੀ ਪੜਤਾਲ ਆਰੰਭ ਦਿੱਤੀ।

## ਰਾਹੁਲ ਦੀ ਜੀਭ ਵੱਢਣ 'ਤੇ 11 ਲੱਖ ਦਾ ਇਨਾਮ



**ਮੁੰਬਈ** : ਵਿਦਰਭ ਖੇਤਰ ਦੇ ਬੁਲਢਾਨਾ ਹਲਕੇ ਤੋਂ ਸ਼ਿਵ ਸੈਨਾ ਦੇ ਵਿਧਾਇਕ ਸੰਜੇ ਗਾਇਕਵਾੜ ਨੇ ਐਲਾਨ ਕੀਤਾ ਹੈ ਕਿ ਜੋ ਵੀ ਰਾਹੁਲ ਗਾਂਧੀ ਦੀ ਜੀਭ ਕੱਟੇਗਾ, ਉਸ ਨੂੰ ਉਹ 11 ਲੱਖ ਰੁਪਏ ਦੇਵੇਗਾ। ਉਸ ਨੇ ਕਿਹਾ ਕਿ ਰਾਹੁਲ ਨੇ ਅਮਰੀਕਾ ਦੌਰੇ ਦੌਰਾਨ ਰਾਖਵੇਂਕਰਨ ਨੂੰ ਖਤਮ ਕਰਨ ਦੀ ਗੱਲ ਕਰਕੇ ਗਲਤ ਕੀਤਾ ਹੈ, ਜਿਸ ਦੀ ਸਜ਼ਾ ਉਨ੍ਹਾ ਨੂੰ ਮਿਲਣੀ ਚਾਹੀਦੀ ਹੈ।

ਮਹਾਰਾਸ਼ਟਰ ਭਾਜਪਾ ਦੇ ਪ੍ਰਧਾਨ ਚੰਦਰਸ਼ੇਖਰ ਬਾਵਨਕੁਲੇ ਨੇ ਕਿਹਾ ਕਿ ਉਹ ਵਿਧਾਇਕ ਦੀਆਂ ਟਿੱਪਣੀਆਂ ਦਾ ਸਮਰਥਨ ਨਹੀਂ ਕਰਦੇ।

ਮਹਾਰਾਸ਼ਟਰ ਕਾਂਗਰਸ ਦੇ ਬੁਲਾਰੇ ਅਤੁਲ ਲੋਂਧੇ ਨੇ ਕਿਹਾ ਕਿ ਸੰਜੇ ਗਾਇਕਵਾੜ ਸਮਾਜ ਅਤੇ ਰਾਜਨੀਤੀ 'ਚ ਰਹਿਣ ਦੇ ਯੋਗ ਨਹੀਂ ਹੈ। ਅਸੀਂ ਇਹ ਦੇਖਣਾ ਚਾਹੁੰਦੇ ਹਾਂ ਕਿ ਮਹਾਰਾਸ਼ਟਰ ਦੇ ਗ੍ਰਹਿ ਮੰਤਰੀ ਦੇਵੇਂਦਰ ਫੜਨਵੀਸ ਗਾਇਕਵਾੜ ਦੇ ਖਿਲਾਫ ਗੈਰ-ਇਰਾਦਤਨ ਹੱਤਿਆ ਦਾ ਮਾਮਲਾ ਦਰਜ ਕਰਦੇ ਹਨ ਜਾਂ ਨਹੀਂ।

# ਅੱਜ ਫਾਈਨਲ ਭਾਰਤ ਤੇ ਚੀਨ ਵਿਚਾਲੇ



**ਹੁਲਨਬੂਈਰ (ਚੀਨ)** : ਭਾਰਤ ਸੋਮਵਾਰ ਦੱਖਣੀ ਕੋਰੀਆ ਨੂੰ 4-1 ਨਾਲ ਹਰਾ ਕੇ ਏਸ਼ੀਅਨ ਚੈਂਪੀਅਨਜ਼ ਹਾਕੀ ਟਰਾਫੀ ਟੂਰਨਾਮੈਂਟ ਦੇ ਫਾਈਨਲ 'ਚ ਪੁੱਜ ਗਿਆ, ਜਿੱਥੇ ਉਸਦਾ ਮੁਕਾਬਲਾ ਮੰਗਲਵਾਰ ਚੀਨ ਨਾਲ ਹੋਵੇਗਾ, ਜਿਸਨੇ ਪਹਿਲੇ ਸੈਮੀਫਾਈਨਲ 'ਚ ਪਾਕਿਸਤਾਨ ਨੂੰ 2-0 ਨਾਲ ਹਰਾ ਕੇ ਹੈਰਾਨ ਕੀਤਾ।

ਭਾਰਤ ਲਈ ਕਪਤਾਨ ਹਰਮਨਪ੍ਰੀਤ ਸਿੰਘ ਨੇ 2 ਅਤੇ ਉੱਤਮ ਸਿੰਘ ਤੇ ਜਰਮਨਪ੍ਰੀਤ ਸਿੰਘ ਨੇ ਇਕ-ਇਕ ਗੋਲ ਕੀਤੇ। ਕੋਰੀਆ ਵੱਲੋਂ ਯਾਂਗ ਜਿਹਾਨ ਨੇ ਗੋਲ ਕੀਤਾ।

ਪਿਛਲਾ ਚੈਂਪੀਅਨ ਭਾਰਤ ਰਾਊਂਡ ਰੋਬਿਨ ਲੀਗ ਦੇ ਸਾਰੇ ਪੰਜ ਮੈਚ ਜਿੱਤ ਕੇ ਸੈਮੀਫਾਈਨਲ ਵਿਚ ਪੁੱਜਾ ਸੀ। ਲੀਗ ਵਿਚ ਭਾਰਤ ਨੇ ਚੀਨ ਨੂੰ 3-0, ਜਾਪਾਨ ਨੂੰ 5-1, ਮਲੇਸ਼ੀਆ ਨੂੰ 8-1, ਦੱਖਣੀ ਕੋਰੀਆ ਨੂੰ 3-1 ਤੇ ਪਾਕਿਸਤਾਨ ਨੂੰ 2-1 ਨਾਲ ਹਰਾਇਆ ਸੀ।

ਚੀਨ ਨੇ ਪੈਨਾਲਟੀ ਸ਼ੂਟਆਊਟ ਵਿਚ ਪਾਕਿਸਤਾਨ ਨੂੰ ਹਰਾਇਆ। ਇਹ ਪਹਿਲੀ ਵਾਰ ਹੋਵੇਗਾ ਕਿ ਚੀਨ ਫਾਈਨਲ ਵਿਚ ਖੇਡੇਗਾ ਜਦਕਿ ਪਾਕਿਸਤਾਨ ਤੀਜੀ ਪੁਜ਼ੀਸ਼ਨ ਲਈ ਦੱਖਣੀ ਕੋਰੀਆ ਨਾਲ ਖੇਡੇਗਾ। ਚੀਨ ਨੇ ਪਾਕਿਸਤਾਨ ਖਿਲਾਫ 18ਵੇਂ ਮਿੰਟ ਵਿਚ ਯੁਆਨਲਿਨ ਦੇ ਗੋਲ ਨਾਲ ਲੀਡ ਲੈ ਲਈ ਸੀ ਪਰ ਪਾਕਿਸਤਾਨ ਨੇ ਤੀਜੇ ਕੁਆਰਟਰ ਵਿਚ ਗੋਲ ਕਰਕੇ ਮੈਚ ਸਾਵਾਂ ਕਰ ਲਿਆ। ਪੈਨਾਲਟੀ ਸ਼ੂਟਆਊਟ 'ਚ ਚੀਨ ਦੇ ਗੋਲਕੀਪਰ ਕੈਯੂ ਵਾਂਗ ਨੇ ਕੋਈ ਗੋਲ ਨਹੀਂ ਖਾਧਾ ਅਤੇ ਉਸਦੇ ਬੇਨਹਾਈ ਚੇਨ ਤੇ ਚਾਨਲਿਆਂਗ ਲਿਨ ਨੇ ਗੋਲ ਠੋਕ ਦਿੱਤੇ।

ਜਾਪਾਨ ਮਲੇਸ਼ੀਆ ਨੂੰ ਪੈਨਾਲਟੀ ਸ਼ੂਟਆਊਟ 'ਚ 4-2 ਨਾਲ ਹਰਾ ਕੇ ਪੰਜਵੇਂ ਸਥਾਨ 'ਤੇ ਰਿਹਾ। ਦੋਨੋਂ ਰੈਗੂਲਰ ਟਾਈਮ 'ਚ 4-4 'ਤੇ ਬਰਾਬਰ ਰਹੇ ਸਨ।

## ਇੰਟਰਨੈੱਟ ਸੇਵਾਵਾਂ ਬਹਾਲ

**ਇੰਫਾਲ** : ਮਨੀਪੁਰ ਸਰਕਾਰ ਨੇ ਸੋਮਵਾਰ ਪੰਜ ਜ਼ਿਲ੍ਹਿਆਂ 'ਚ ਇੰਟਰਨੈਟ ਸੇਵਾਵਾਂ 'ਤੇ ਅਸਥਾਈ ਰੋਕ ਨੂੰ ਤੁਰੰਤ ਪ੍ਰਭਾਵ ਨਾਲ ਹਟਾ ਦਿੱਤਾ ਹੈ। ਕਮਿਸ਼ਨਰ (ਗ੍ਰਹਿ) ਐੱਨ ਅਸ਼ੋਕ ਕੁਮਾਰ ਨੇ ਕਿਹਾ ਕਿ ਸੂਬਾ ਸਰਕਾਰ ਨੇ ਕਾਨੂੰਨ ਵਿਵਸਥਾ ਦੀ ਸਥਿਤੀ ਦਾ ਜਾਇਜ਼ਾ ਲੈਣ ਤੋਂ ਬਾਅਦ ਇੰਟਰਨੈੱਟ ਸੇਵਾਵਾਂ ਬਹਾਲ ਕਰਨਾ ਦਾ ਫੈਸਲਾ ਕੀਤਾ ਹੈ। ਮਨੀਪੁਰ ਦੇ ਮੰਤਰੀ ਕਾਸ਼ਿਮ ਵਸ਼ੁਮ ਦੇ ਉਖਰੁਲ ਜ਼ਿਲ੍ਹੇ ਸਥਿਤ ਘਰ 'ਤੇ ਖਾੜਕੂਆਂ ਨੇ ਸ਼ਨੀਵਾਰ ਰਾਤ ਗਰਨੇਡ ਨਾਲ ਹਮਲਾ ਕੀਤਾ, ਜਿਸ ਨਾਲ ਇਮਾਰਤ ਨੂੰ ਕਾਫੀ ਨੁਕਸਾਨ ਪਹੁੰ ਵਸ਼ੁਮ ਨੇ ਦੱਸਿਆ ਕਿ ਜਦ ਗਰਨੇਡ ਹਮਲਾ ਹੋਇਆ, ਘਰ ਵਿਚ ਕੋਈ ਵੀ ਮੌਜੂਦ ਨਹੀਂ ਸੀ ਜਿਸ ਕਾਰਨ ਕਿਸੇ ਤਰ੍ਹਾਂ ਦਾ ਜਾਨੀ ਨੁਕਸਾਨ ਹੋਣੋਂ ਬਚਾਅ ਰਿਹਾ। ਅਧਿਕਾਰੀਆਂ ਨੇ ਦੱਸਿਆ ਕਿ ਇਸ ਧਮਾਕੇ ਕਾਰਨ ਘਰ ਦੀਆਂ ਕੰਧਾਂ ਸਮੇਤ ਇੱਕ ਹਿੱਸੇ ਨੂੰ ਨੁਕਸਾਨ ਪੁੱਜਿਆ ਹੈ। ਉਨ੍ਹਾਂ ਕਿਹਾ ਕਿ ਆਸਪਾਸ ਦੇ ਖੇਤਰ ਦੇ ਸੀ ਸੀ ਟੀ ਵੀ ਕੈਮਰੇ ਚੈੱਕ ਕੀਤੇ ਜਾ ਰਹੇ ਹਨ। ਵਸ਼ੁਮ ਨਾਗਾ ਪੀਪਲਜ਼ ਫਰੰਟ ਦੇ ਵਿਧਾਇਕ ਹਨ।

## ਸੜਕ ਕੰਢੇ ਬੈਠੇ 4 ਕੁਚਲ ਦਿੱਤੇ

**ਰਾਜਪੁਰਾ (ਯੂ ਪੀ)** : ਪਿੰਡ ਭੋਪਤਪੁਰ 'ਚ ਸੋਮਵਾਰ ਸਵੇਰੇ ਪਿਕਅੱਪ ਟਰੱਕ ਨੇ ਸੜਕ ਕੰਢੇ ਬੈਠੇ ਪਿੰਡ ਵਾਸੀਆਂ ਨੂੰ ਟੱਕਰ ਮਾਰ ਦਿੱਤੀ, ਜਿਸ 'ਚ ਚਾਰ ਲੋਕਾਂ ਦੀ ਮੌਤ ਹੋ ਗਈ, ਜਦਕਿ ਪੰਜ ਜ਼ਖਮੀ ਹੋ ਗਏ। ਜ਼ਖਮੀਆਂ ਨੂੰ ਅਲੀਗੜ੍ਹ ਮੈਡੀਕਲ ਕਾਲਜ 'ਚ ਦਾਖਲ ਕਰਵਾਇਆ ਗਿਆ ਹੈ। ਪੁਲਸ ਨੇ ਪਿਕਅੱਪ ਡਰਾਈਵਰ ਨੂੰ ਹਿਰਾਸਤ 'ਚ ਲੈ ਲਿਆ ਹੈ।

## ਕਿੱਲੋ ਤੋਂ ਵੱਧ ਹੈਰੋਇਨ ਮਿਲੀ

**ਤਰਨ ਤਾਰਨ** : ਬੀ ਐੱਸ ਐੱਫ ਦੇ ਜਵਾਨਾਂ ਨੇ ਗਸ਼ਤ ਦੌਰਾਨ ਤਰਨ ਤਾਰਨ ਦੇ ਸਰਹੱਦੀ ਪਿੰਡ ਨੌਸ਼ਹਿਰਾ ਢੋਲਾ ਤੋਂ ਇਕ ਪੈਕੇਟ ਬਰਾਮਦ ਕੀਤਾ, ਜਿਸ 'ਚ 1.146 ਕਿਲੋਗ੍ਰਾਮ ਹੈਰੋਇਨ ਸੀ।

## ਮੋਦੀ ਵੱਲੋਂ ਮੈਟਰੋ ਦਾ ਸਫਰ



**ਅਹਿਮਦਾਬਾਦ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੋਮਵਾਰ ਇਥੇ ਅਹਿਮਦਾਬਾਦ ਮੈਟਰੋ ਰੇਲ ਪ੍ਰੋਜੈਕਟ ਦੇ ਦੂਜੇ ਫੇਜ਼ ਦੇ 20.8 ਕਿਲੋਮੀਟਰ ਲੰਬੇ ਕਾਰੀਡੋਰ ਦਾ ਉਦਘਾਟਨ ਕੀਤਾ। ਉਨ੍ਹਾ ਮੈਟਰੋ ਵਿਚ ਸਫਰ ਕਰਦਿਆਂ ਨੌਜਵਾਨ ਮੁਸਾਫਰਾਂ ਨਾਲ ਗੱਲਬਾਤ ਵੀ ਕੀਤੀ। ਰਾਜਪਾਲ ਅਚਾਰੀਆ ਦੇਵਵਰਤ ਅਤੇ ਮੁੱਖ ਮੰਤਰੀ ਭੁਪੇਂਦਰ ਪਟੇਲ ਵੀ ਉਨ੍ਹਾ ਦੇ ਨਾਲ ਸਨ।

## ਕੈਨੇਡਾ 'ਚ ਦੋ ਵਾਰ ਭੁਚਾਲ

**ਵੈਨਕੂਵਰ** : ਕੈਨੇਡਾ ਦੇ ਬ੍ਰਿਟਿਸ਼ ਕੋਲੰਬੀਆ ਪ੍ਰਾਂਤ ਦੇ ਉੱਤਰੀ ਤੱਟ 'ਤੇ ਐਤਵਾਰ ਦੋ ਵਾਰ ਭੁਚਾਲ ਆਇਆ, ਜਿਨ੍ਹਾਂ ਵਿੱਚੋਂ ਇਕ ਦੀ ਤੀਬਰਤਾ 6.5 ਸੀ। ਇਨ੍ਹਾਂ ਭੁਚਾਲਾਂ ਕਾਰਨ ਕਿਸੇ ਵੀ ਤਰ੍ਹਾਂ ਦਾ ਜਾਨ ਮਾਲ ਦਾ ਨੁਕਸਾਨ ਹੋਣੋਂ ਬਚਾਅ ਰਿਹਾ। ਅਮਰੀਕੀ ਭੂ-ਵਿਗਿਆਨ ਸਰਵੇਖਣ ਨੇ ਕਿਹਾ ਕਿ ਪਹਿਲੇ ਭੁਚਾਲ ਦੀ ਸ਼ਿੱਦਤ 6.5 ਮਾਪੀ ਗਈ, ਜੋ ਸਥਾਨਕ ਸਮੇਂ ਅਨੁਸਾਰ ਦੁਪਹਿਰ 3:20 ਵਜੇ ਆਇਆ। ਇਸਦਾ ਕੇਂਦਰ ਵੈਨਕੂਵਰ ਤੋਂ ਲਗਭਗ 1,720 ਕਿਲੋਮੀਟਰ ਉੱਤਰ 'ਚ ਸਥਿਤ ਹੈਡਾ ਗਵਾਈ ਟਾਪੂ ਦੇ ਨੇੜੇ 33 ਕਿਲੋਮੀਟਰ ਦੀ ਡੂੰਘਾਈ 'ਚ ਸੀ।

# ਭਾਜਪਾ ਉਮੀਦਵਾਰ ਕਾਂਡਾ ਦੇ ਹੱਕ 'ਚ ਬੈਠਿਆ


ਗੋਪਾਲ ਕਾਂਡਾ

**ਸਿਰਸਾ** : ਹਰਿਆਣਾ ਅਸੰਬਲੀ ਚੋਣਾਂ ਦੇ ਨਾਮਜ਼ਦਗੀ ਕਾਗਜ਼ ਵਾਪਸ ਲਏ ਜਾਣ ਦੇ ਆਖਰੀ ਦਿਨ ਸੋਮਵਾਰ ਸਿਰਸਾ ਹਲਕੇ ਤੋਂ ਭਾਜਪਾ ਦੇ ਉਮੀਦਵਾਰ ਰੋਹਤਾਸ਼ ਜਾਂਗੜਾ ਨੇ ਕਾਗਜ਼ ਵਾਪਸ ਲੈ ਲਏ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਾਂਗੜਾ ਨੇ ਕਿਹਾ ਕਿ ਜਿਵੇਂ ਉਨ੍ਹਾ ਨੂੰ ਉਪਰ ਤੋਂ ਆਦੇਸ਼ ਹੋਇਆ, ਉਨ੍ਹਾ ਉਵੇਂ ਹੀ ਕੀਤਾ ਹੈ।

ਹਰਿਆਣਾ ਲੋਕਹਿਤ ਪਾਰਟੀ ਦੇ ਪ੍ਰਧਾਨ ਤੇ ਸਿਟਿੰਗ ਵਿਧਾਇਕ ਗੋਪਾਲ ਕਾਂਡਾ ਨੂੰ ਹਮਾਇਤ ਦੇਣ ਬਾਰੇ ਪੁੱਛੇ ਜਾਣ 'ਤੇ ਉਨ੍ਹਾ ਕਿਹਾ ਜਿਵੇਂ ਉਪਰ ਤੋਂ ਆਦੇਸ਼ ਹੋਵੇਗਾ, ਉਸੇ ਤਰ੍ਹਾਂ ਕੀਤਾ ਜਾਵੇਗਾ। ਉਨ੍ਹਾ ਨਾਲ ਹੀ ਕਿਹਾ ਕਿ 'ਕਾਂਡਾ ਨੇ ਪੰਜ ਸਾਲ ਸਾਡੀ ਹਮਾਇਤ ਕੀਤੀ' ਸੀ ਅਤੇ ਇਹ ਫੈਸਲਾ ਸਿਰਸਾ ਦੇ ਵਿਕਾਸ ਦੇ ਹਿੱਤ ਵਿਚ ਕੀਤਾ ਗਿਆ ਹੈ।

ਇਸ ਮੌਕੇ ਭਾਜਪਾ ਦੇ ਸੀਨੀਅਰ ਆਗੂ ਤੇ ਸਾਬਕਾ ਐੱਮ ਪੀ ਅਸ਼ੋਕ ਤੰਵਰ ਨੇ ਕਿਹਾ ਕਿ ਐੱਨ ਡੀ ਏ ਦਾ ਇਕ ਹੀ ਮਕਸਦ ਹੈ ਕਿ ਭਾਜਪਾ ਤੀਜੀ ਵਾਰ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਹਰਿਆਣਾ 'ਚ ਆਪਣੀ ਸਰਕਾਰ ਕਾਇਮ ਕਰੇ। ਕਾਂਡਾ ਨੂੰ ਹਮਾਇਤ ਦੇਣ ਦੇ ਸੁਆਲ 'ਤੇ ਉਨ੍ਹਾ ਕਿਹਾ ਕਿ ਇਸ ਸੰਬੰਧ 'ਚ ਭਾਜਪਾ ਦੇ ਦਫ਼ਤਰ 'ਚ ਪਾਰਟੀ ਆਗੂਆਂ ਦੀ ਮੀਟਿੰਗ ਹੋਵੇਗੀ ਤੇ ਇਸ ਦਾ ਫੈਸਲਾ ਮੀਟਿੰਗ 'ਚ ਲਿਆ ਜਾਵੇਗਾ।

ਇਸ ਤਰ੍ਹਾਂ ਹੁਣ ਭਾਜਪਾ ਵੀ ਕਾਂਗਰਸ ਵਾਂਗ ਅਸੰਬਲੀ ਦੀਆਂ 90 ਵਿੱਚੋਂ 89 ਸੀਟਾਂ ਉਤੇ ਹੀ ਚੋਣ ਲੜੇਗੀ। ਕਾਂਗਰਸ ਨੇ ਭਿਵਾਨੀ ਸੀਟ ਸੀ ਪੀ ਆਈ (ਐੱਮ) ਲਈ ਛੱਡੀ ਹੈ।

ਇਸ ਤੋਂ ਪਹਿਲਾਂ ਬਸਪਾ ਨਾਲ ਗੱਠਜੋੜ ਕਰਕੇ ਲੜ ਰਹੇ ਇੰਡੀਅਨ ਨੈਸ਼ਨਲ ਲੋਕਦਲ (ਇਨੈਲੋ) ਨੇ ਵੀ ਕਾਂਡਾ ਦੀ ਹਮਾਇਤ ਦਾ ਐਲਾਨ ਕੀਤਾ ਸੀ।

## ਚੰਦ-ਤਾਰੇ ਵਾਲਾ ਤਿਰੰਗਾ ਫਹਿਰਾਉਣ 'ਤੇ ਦੋ ਗ੍ਰਿਫਤਾਰ

**ਸਾਰਨ** : ਬਿਹਾਰ ਦੇ ਸਾਰਨ ਜ਼ਿਲ੍ਹੇ ਵਿਚ ਪੁਲਸ ਨੇ ਈਦ ਮਿਲਾਦ-ਉਨ-ਨਬੀ ਦੇ ਜਲੂਸ ਦੌਰਾਨ ਅਸ਼ੋਕ ਚੱਕਰ ਦੀ ਥਾਂ 'ਤੇ ਚੰਦ ਅਤੇ ਤਾਰੇ ਵਾਲਾ ਤਿਰੰਗਾ ਝੰਡਾ ਫਹਿਰਾਉਣ ਦੇ ਦੋਸ਼ ਹੇਠ ਦੋ ਵਿਅਕਤੀਆਂ ਨੂੰ ਹਿਰਾਸਤ ਵਿਚ ਲਿਆ ਹੈ। ਸੋਸ਼ਲ ਮੀਡੀਆ ਰਾਹੀਂ ਪ੍ਰਾਪਤ ਇਕ ਵੀਡੀਓ ਵਿਚ ਤਿਰੰਗੇ ਵਿਚ ਅਸ਼ੋਕ ਚੱਕਰ ਦੀ ਥਾਂ ਚੰਦ ਅਤੇ ਤਾਰੇ ਸਨ, ਜੋ ਕਿ ਭਾਰਤੀ ਝੰਡਾ ਸਹਿੰਤਾ 2002 ਸਮੇਤ ਕਈ ਕਾਨੂੰਨਾਂ ਦੀ ਉਲੰਘਣਾ ਹੈ। ਐੱਸ ਪੀ ਕੁਮਾਰ ਆਸ਼ੀਸ਼ ਨੇ ਦੱਸਿਆ ਕਿ ਪਿਕਅੱਪ ਵਾਹਨ ਸਮੇਤ ਝੰਡੇ ਨੂੰ ਜ਼ਬਤ ਕੀਤਾ ਗਿਆ ਹੈ ਅਤੇ ਦੋ ਵਿਅਕਤੀਆਂ ਨੂੰ ਹਿਰਾਸਤ ਵਿਚ ਲੈ ਕੇ ਪੁੱਛਗਿੱਛ ਕੀਤੀ ਜਾ ਰਹੀ ਹੈ। ਝੰਡਾ ਬਣਾਉਣ ਵਾਲੇ ਦੀ ਭਾਲ ਕੀਤੀ ਜਾ ਰਹੀ ਹੈ।

# ਦਹਿਸ਼ਤਗਰਦੀ ਨੂੰ ਐਨਾ ਗੱਡ ਦੇਵਾਂਗੇ ਕਿ ਕੋਈ ਉਭਾਰ ਨਹੀਂ ਸਕੇਗਾ : ਸ਼ਾਹ



**ਗੁਲਾਬਗੜ੍ਹ** : ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਸੋਮਵਾਰ ਕਿਹਾ ਕਿ ਕੇਂਦਰ ਸ਼ਾਸਤ ਜੰਮੂ-ਕਸ਼ਮੀਰ ਵਿਚ ਦਹਿਸ਼ਤਗਰਦੀ ਨੂੰ ਮੁੜ ਉਭਾਰਨ ਦੀਆਂ ਕੋਸ਼ਿਸ਼ਾਂ ਹੋ ਰਹੀਆਂ ਹਨ, ਪਰ ਸਰਕਾਰ ਅਜਿਹਾ ਨਹੀਂ ਹੋਣ ਦੇਵੇਗੀ। ਦਹਿਸ਼ਤਗਰਦੀ ਨੂੰ ਐਨਾ ਡੂੰਘਾ ਦਫਨ ਕਰ ਦਿੱਤਾ ਜਾਵੇਗਾ ਕਿ ਕੋਈ ਉਸ ਨੂੰ ਮੁੜ ਉਭਾਰਨ ਦੀ ਹਿੰਮਤ ਨਹੀਂ ਕਰ ਸਕੇਗਾ। ਸ਼ਾਹ ਨੇ ਕਿਸ਼ਤਵਾੜ ਦੀ ਚੋਣ ਰੈਲੀ 'ਚ ਕਿਹਾ ਕਿ ਨੈਸ਼ਨਲ ਕਾਨਫਰੰਸ-ਕਾਂਗਰਸ ਗੱਠਜੋੜ ਆਪਣੀ ਸਰਕਾਰ ਨਹੀਂ ਬਣਾ ਸਕੇਗਾ।

ਡਰ-ਨਾਗਸੇਨੀ ਹਲਕੇ ਤੋਂ ਭਾਜਪਾ ਉਮੀਦਵਾਰ ਤੇ ਸਾਬਕਾ ਮੰਤਰੀ ਸੁਨੀਲ ਸ਼ਰਮਾ ਦੇ ਹੱਕ ਵਿਚ ਰੈਲੀ ਨੂੰ ਸੰਬੋਧਨ ਕਰਦਿਆਂ ਉਨ੍ਹਾ ਕਿਹਾ—ਅਸੀਂ ਦਹਿਸ਼ਤਗਰਦੀ ਨੂੰ ਐਨਾ ਡੂੰਘਾ ਦਬਾ ਦੇਵਾਂਗੇ ਕਿ ਇਹ ਮੁੜ ਬਾਹਰ ਨਹੀਂ ਨਿਕਲ ਸਕੇਗੀ। ਦਹਿਸ਼ਤਗਰਦੀ ਨੂੰ ਮੁੜ ਉਭਾਰਨ ਦੀਆਂ ਕੋਸ਼ਿਸ਼ਾਂ ਹੋ ਰਹੀਆਂ ਹਨ, ਜਿਵੇਂ ਨੈਸ਼ਨਲ ਕਾਨਫਰੰਸ ਅਤੇ ਕਾਂਗਰਸ ਦਾ ਗੱਠਜੋੜ ਦਹਿਸ਼ਤਗਰਦਾਂ ਨੂੰ ਰਿਹਾਅ ਕਰਨ ਦੀ ਗੱਲ ਕਹਿ ਰਿਹਾ ਹੈ। ਪਰ ਇਹ ਮੋਦੀ ਸਰਕਾਰ ਹੈ ਅਤੇ ਜੰਮੂ-ਕਸ਼ਮੀਰ ਵਿਚ ਦਹਿਸ਼ਤਗਰਦੀ ਨੂੰ ਮੁੜ ਉਭਾਰਨ ਦੀ ਕਿਸੇ ਵਿਚ ਤਾਕਤ ਨਹੀਂ ਹੈ।

# ਟਰੰਪ ਨੂੰ ਫੁੰਡਣ ਦੀ ਕੋਸ਼ਿਸ਼ 'ਚ ਗ੍ਰਿਫਤਾਰ



**ਵੈਸਟ ਪਾਮ ਬੀਚ (ਅਮਰੀਕਾ)** : ਅਮਰੀਕੀ ਜਾਂਚ ਏਜੰਸੀ ਐੱਫ ਬੀ ਆਈ ਨੇ ਕਿਹਾ ਹੈ ਕਿ ਐਤਵਾਰ ਬਾਅਦ ਦੁਪਹਿਰ ਦੋ ਵਜੇ ਦੇ ਕਰੀਬ ਫਲੋਰਿਡਾ ਦੇ ਵੈਸਟ ਪਾਮ ਬੀਚ 'ਚ ਸਾਬਕਾ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਗੋਲਫ ਕਲੱਬ ਵਿਚ ਉਨ੍ਹਾ ਦੀ ਹੱਤਿਆ ਦੀ ਕੋਸ਼ਿਸ਼ ਕੀਤੀ ਗਈ ਹੈ।

ਇਸ ਤੋਂ ਪਹਿਲਾਂ ਇੱਕ ਬੰਦੂਕਧਾਰੀ ਨੇ 13 ਜੁਲਾਈ ਨੂੰ ਰੈਲੀ ਦੌਰਾਨ ਟਰੰਪ ਨੂੰ ਨਿਸ਼ਾਨਾ ਬਣਾਉਂਦਿਆਂ ਗੋਲੀਬਾਰੀ ਕੀਤੀ ਸੀ।

ਟਰੰਪ ਜਿੱਥੇ ਗੋਲਫ ਖੇਡ ਰਹੇ ਸਨ, ਉੱਥੋਂ ਕੁੱਝ ਦੂਰੀ 'ਤੇ ਲੁਕ ਕੇ ਬੈਠੇ ਅਮਰੀਕੀ ਸੀਕਰੇਟ ਸਰਵਿਸ ਦੇ ਏਜੰਟ ਨੂੰ 400 ਗਜ਼ ਦੀ ਦੂਰੀ 'ਤੇ ਝਾੜੀਆਂ ਵਿਚ ਇੱਕ ਏ ਕੇ ਸ਼ੈਲੀ ਰਾਈਫਲ ਦੀ ਨਾਲੀ ਨਜ਼ਰ ਆਈ, ਜਿਸ 'ਤੇ ਏਜੰਟ ਵੱਲੋਂ ਗੋਲੀ ਚਲਾਉਣ 'ਤੇ ਬੰਦੂਕਧਾਰੀ ਰਾਈਫਲ ਛੱਡ ਕੇ ਫਰਾਰ ਹੋ ਗਿਆ, ਪਰ ਬਾਅਦ ਵਿਚ ਅਧਿਕਾਰੀ ਨੇ ਉਸ ਨੂੰ ਕਾਬੂ ਕਰ ਲਿਆ। ਅਧਿਕਾਰੀਆਂ ਨੇ ਦੱਸਿਆ ਕਿ ਮੌਕੇ ਤੋਂ ਦੋ ਬੈਗ, ਨਿਸ਼ਾਨਾ ਲਗਾਉਣ ਲਈ ਵਰਤੀ ਜਾਣ ਵਾਲੀ ਦੂਰਬੀਨ ਅਤੇ ਕੈਮਰਾ ਵੀ ਮਿਲੇ ਹਨ। ਇਸ ਘਟਨਾ ਤੋਂ ਬਾਅਦ ਟਰੰਪ ਨੇ ਆਪਣੇ ਸਮਰਥਕਾਂ ਨੂੰ ਕਿਹਾ—ਮੈਂ ਠੀਕ ਹਾਂ ਅਤੇ ਮੈਨੂੰ ਕੋਈ ਚੀਜ਼ ਨਹੀਂ ਰੋਕ ਸਕਦੀ।

ਅਧਿਕਾਰੀਆਂ ਨੇ ਆਪਣਾ ਨਾਂਅ ਨਾ ਛਾਪਣ ਦੀ ਸ਼ਰਤ 'ਤੇ ਦੱਸਿਆ ਕਿ ਹਿਰਾਸਤ ਵਿਚ ਲਏ ਗਏ ਵਿਅਕਤੀ ਦਾ ਨਾਂਅ ਰਿਆਨ ਰੂਥ (58) ਹੈ। ਦੱਸਿਆ ਜਾ ਰਿਹਾ ਹੈ ਕਿ ਜਿਸ ਸ਼ੱਕੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ, ਉਹ ਟਰੰਪ ਦਾ ਕੱਟੜ ਆਲੋਚਕ ਹੈ। ਉਹ ਰੂਸ-ਯੂਕਰੇਨ ਯੁੱਧ 'ਚ ਯੂਕਰੇਨ ਦਾ ਸਮਰਥਨ ਕਰਦਾ ਹੈ ਤੇ ਯੂਕਰੇਨ ਦੇ ਹੱਕ ਵਿਚ ਜੰਗ 'ਚ ਹਿੱਸਾ ਲੈਣਾ ਚਾਹੁੰਦਾ ਸੀ। ਉਹ ਮੂਲ ਰੂਪ 'ਚ ਹਵਾਈ ਤੋਂ ਹੈ ਤੇ ਕੈਂਪ ਬਾਕਸ ਹੋਨੋਲੂਲੂ ਨਾਮਕ ਸ਼ੈੱਡ ਬਣਾਉਣ ਵਾਲੀ ਕੰਪਨੀ ਚਲਾਉਂਦਾ ਹੈ। ਰੂਥ ਨੇ ਉੱਤਰੀ ਕੈਰੋਲੀਨਾ ਐਗਰੀਕਲਚਰਲ ਐਂਡ ਟੈਕਨੀਕਲ ਸਟੇਟ ਯੂਨੀਵਰਸਿਟੀ ਤੋਂ ਪੜ੍ਹਾਈ ਕੀਤੀ ਹੈ। ਰਾਸ਼ਟਰਪਤੀ ਦੀ ਚੋਣ ਲਈ ਰਿਪਬਲੀਕਨ ਉਮੀਦਵਾਰੀ ਦੀ ਦੌੜ ਵੇਲੇ ਉਹ ਭਾਰਤੀ ਮੂਲ ਦੇ ਵਿਵੇਕ ਰਾਮਾਸਵਾਮੀ ਅਤੇ ਨਿੱਕੀ ਹੈਲੀ ਦਾ ਸਮਰਥਨ ਕਰ ਰਿਹਾ ਸੀ, ਹਾਲਾਂਕਿ ਬਾਅਦ 'ਚ ਦੋਵਾਂ ਨੇ ਚੋਣਾਂ ਤੋਂ ਦੂਰੀ ਬਣਾ ਲਈ ਸੀ।

## ਮਾਮਲਾ ਜ਼ਿਆਦਾ ਹੀ ਗੜਬੜ



**ਆਗਰਾ** : ਘਰ ਵਾਲੇ ਕੋਲੋਂ ਆਉਂਦੀ ਮੁਸ਼ਕ ਤੋਂ ਦੁਖੀ ਵਹੁਟੀ ਨੇ ਵਿਆਹ ਦੇ 40 ਦਿਨਾਂ ਬਾਅਦ ਹੀ ਤਲਾਕ ਮੰਗ ਲਿਆ। ਪਤਨੀ ਮੁਤਾਬਕ ਉਸ ਨੇ ਉਸ ਨੂੰ ਮਸਾਂ ਦੋ ਕੁ ਵਾਰ ਨਹਾਉਂਦੇ ਦੇਖਿਆ। ਉਸ ਨੇ ਫੈਮਿਲੀ ਕਾਉਂਸਲਿੰਗ ਸੈਂਟਰ ਜਾ ਕੇ ਆਪਣੀ ਵਿੱਥਿਆ ਸੁਣਾਈ। ਜਦੋਂ ਅਧਿਕਾਰੀਆਂ ਨੇ ਪੁੱਛਿਆ ਕਿ ਵਹੁਟੀ ਠੀਕ ਕਹਿੰਦੀ ਹੈ ਤਾਂ ਰਾਜੇਸ਼ ਨੇ ਕਿਹਾ ਕਿ ਠੀਕ ਹੀ ਕਹਿੰਦੀ ਹੈ। ਉਸ ਦਾ ਹਰ ਹਫਤੇ ਆਪਣੇ 'ਤੇ ਗੰਗਾਜਲ ਛਿੜਕਣ ਦਾ ਰੁਟੀਨ ਸੀ, ਪਰ ਜਦੋਂ ਦਾ ਵਿਆਹ ਹੋਇਆ, ਵਹੁਟੀ ਦੇ ਜ਼ਿੱਦ ਕਰਨ 'ਤੇ ਛੇ ਵਾਰ ਨਹਾਤਾ।

ਰੋਜ਼ ਨਾ ਨਹਾਉਣ 'ਤੇ ਵਹੁਟੀ ਪੇਕੇ ਚਲੇ ਗਈ। ਇਸ ਤੋਂ ਬਾਅਦ ਪੇਕਿਆਂ ਨੇ ਸਥਾਨਕ ਥਾਣੇ ਵਿਚ ਰਾਜੇਸ਼ ਖਿਲਾਫ ਦਾਜ ਕਾਰਨ ਪ੍ਰੇਸ਼ਾਨ ਕਰਨ ਦਾ ਕੇਸ ਵੀ ਕਰ ਦਿੱਤਾ। ਪੁਲਸ ਨੇ ਦਖਲ ਦੇ ਕੇ ਰਾਜੇਸ਼ ਨਾਲ ਗੱਲ ਕੀਤੀ ਤਾਂ ਉਹ ਰੋਜ਼ ਨਹਾਉਣ ਲਈ ਮੰਨ ਗਿਆ, ਪਰ ਵਹੁਟੀ ਰਿਸ਼ਤਾ ਜਾਰੀ ਰੱਖਣ ਤੋਂ ਇਨਕਾਰੀ ਹੈ। ਦੋਹਾਂ ਨੂੰ ਮਾਮਲਾ ਹੱਲ ਕਰਨ ਲਈ 22 ਸਤੰਬਰ ਨੂੰ ਕਾਉਂਸਲਿੰਗ ਸੈਂਟਰ ਵਿਚ ਸੱਦਿਆ ਗਿਆ ਹੈ।

ਚੇਤੇ ਹੋਣੈ, ਆਗਰਾ ਵਿਚ ਹੀ ਅਜਿਹਾ ਇਕ ਹੋਰ ਕਿੱਸਾ ਹੋਇਆ ਸੀ। ਬੀਬੀ ਕੁਰਕੁਰੇ ਖਾਣ ਦੀ ਏਨੀ ਆਦੀ ਸੀ ਕਿ ਪਤੀ ਇਕ ਦਿਨ ਕੁਰਕੁਰੇ ਲਿਆਉਣੇ ਭੁੱਲ ਗਿਆ ਤਾਂ ਬੀਬੀ ਨੇ ਤਲਾਕ ਮੰਗ ਲਿਆ।

ਕਰਨਾਟਕ ਦੇ ਬਲਾਰੀ ਵਿਚ ਬੰਦੇ ਨੇ ਇਸ ਕਰਕੇ ਤਲਾਕ ਮੰਗ ਲਿਆ ਸੀ ਕਿ ਵਹੁਟੀ ਨੂੰ ਮੈਗੀ ਤੋਂ ਇਲਾਵਾ ਹੋਰ ਕੁਝ ਬਣਾਉਣਾ ਨਹੀਂ ਆਉਂਦਾ ਸੀ। ਉਹ ਤਿੰਨੋਂ ਵਕਤ ਮੈਗੀ ਬਣਾਉਂਦੀ ਸੀ। ਉਨ੍ਹਾਂ ਦਾ ਪ੍ਰਸਪਰ ਸਹਿਮਤੀ ਨਾਲ ਤਲਾਕ ਹੋ ਗਿਆ ਸੀ।

# ਕੇਜਰੀਵਾਲ ਦਾ ਜਾਨਸ਼ੀਨ ਲੱਭਣ ਲਈ ਮਸ਼ਵਰੇ

**ਨਵੀਂ ਦਿੱਲੀ** : ਆਮ ਆਦਮੀ ਪਾਰਟੀ (ਆਪ) ਸੁਪਰੀਮੋ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਵੱਲੋਂ ਅਚਨਚੇਤ ਮੁੱਖ ਮੰਤਰੀ ਦੇ ਅਹੁਦੇ ਤੋਂ ਅਸਤੀਫਾ ਦੇਣ ਦੇ ਕੀਤੇ ਗਏ ਐਲਾਨ ਤੋਂ ਬਾਅਦ ਉਨ੍ਹਾ ਦਾ ਜਾਨਸ਼ੀਨ ਚੁਣਨ ਲਈ ਸੋਮਵਾਰ ਪਾਰਟੀ ਵਿਚ ਵਿਚਾਰ-ਵਟਾਂਦਰਿਆਂ ਅਤੇ ਮੀਟਿੰਗਾਂ ਦਾ ਦੌਰ ਜਾਰੀ ਰਿਹਾ।

ਸਵੇਰੇ ਪਾਰਟੀ ਦੇ ਸੀਨੀਅਰ ਆਗੂ ਅਤੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਕੇਜਰੀਵਾਲ ਦੀ ਸਰਕਾਰੀ ਰਿਹਾਇਸ਼ ਉਤੇ ਪੁੱਜੇ ਅਤੇ ਦੋਵੇਂ ਆਗੂਆਂ ਨੇ ਮੁੱਖ ਮੰਤਰੀ ਦੇ ਅਹੁਦੇ ਲਈ ਸੰਭਾਵਤ ਨਾਵਾਂ ਬਾਰੇ ਵਿਚਾਰ-ਚਰਚਾ ਕੀਤੀ। ਕੇਜਰੀਵਾਲ ਦਾ ਜਾਨਸ਼ੀਨ ਬਣਨ ਦੇ ਸੰਭਾਵਤ ਉਮੀਦਵਾਰਾਂ ਵਿਚ ਦਿੱਲੀ ਦੇ ਮੰਤਰੀਆਂ ਆਤਿਸ਼ੀ, ਗੋਪਾਲ ਰਾਏ, ਸੌਰਭ ਭਾਰਦਵਾਜ, ਕੈਲਾਸ਼ ਗਹਿਲੋਤ ਤੇ ਰਾਖਵੇਂ ਵਰਗਾਂ ਦੇ ਕੁਝ ਵਿਧਾਇਕਾਂ ਅਤੇ ਦਿੱਲੀ ਵਿਧਾਨ ਸਭਾ ਦੀ ਸਪੀਕਰ ਰਾਖੀ ਬਿਰਲਾ ਤੇ ਕੇਜਰੀਵਾਲ ਦੀ ਪਤਨੀ ਸੁਨੀਤਾ ਆਦਿ ਦੇ ਨਾਂ ਲਏ ਜਾ ਰਹੇ ਹਨ।

ਦਿੱਲੀ ਆਬਕਾਰੀ ਨੀਤੀ ਸੰਬੰਧੀ ਕੇਸ ਵਿਚ ਜ਼ਮਾਨਤ ਮਿਲਣ ਤੋਂ ਬਾਅਦ ਪਿਛਲੇ ਦਿਨੀਂ ਜੇਲ੍ਹ ਤੋਂ ਰਿਹਾਅ ਹੋਏ ਕੇਜਰੀਵਾਲ ਨੇ ਐਤਵਾਰ ਪਾਰਟੀ ਹੈਡਕੁਆਰਟਰ ਵਿਖੇ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਐਲਾਨ ਕੀਤਾ ਸੀ ਕਿ ਉਹ ਲੋਕਾਂ ਤੋਂ 'ਈਮਾਨਦਾਰੀ ਦਾ ਫਤਵਾ' ਮਿਲਣ ਤੱਕ ਮੁੱਖ ਮੰਤਰੀ ਦਾ ਅਹੁਦਾ ਨਹੀਂ ਸੰਭਾਲਣਗੇ। ਉਨ੍ਹਾ ਕਿਹਾ ਕਿ ਉਹ ਅਤੇ ਸਿਸੋਦੀਆ ਉਦੋਂ ਹੀ ਮੁੱਖ ਮੰਤਰੀ ਤੇ ਉਪ ਮੁੱਖ ਮੰਤਰੀ ਬਣ ਸਕਦੇ ਹਨ ਜਦੋਂ 'ਲੋਕ ਕਹਿਣਗੇ ਕਿ ਅਸੀਂ ਈਮਾਨਦਾਰ ਹਾਂ'।

## ਬਿਸ਼ਨੋਈ ਪਰਵਾਰ ਨੂੰ ਸਖਤ ਵਿਰੋਧ ਦਾ ਸਾਹਮਣਾ



**ਹਿਸਾਰ** : ਹਰਿਆਣਾ ਦੇ ਹਿਸਾਰ ਜ਼ਿਲ੍ਹੇ ਦੇ ਆਦਮਪੁਰ ਅਸੰਬਲੀ ਹਲਕੇ ਵਿਚ ਪ੍ਰਚਾਰ ਦੌਰਾਨ ਕੁਲਦੀਪ ਬਿਸ਼ਨੋਈ ਤੇ ਉਸ ਦੇ ਵਿਧਾਇਕ ਬੇਟੇ ਭਵਿਆ ਬਿਸ਼ਨੋਈ ਨੂੰ ਇਕ ਪਿੰਡ ਵਿਚ ਲੋਕਾਂ ਦੇ ਭਾਰੀ ਵਿਰੋਧ ਦਾ ਸਾਹਮਣਾ ਕਰਨਾ ਪਿਆ। ਇਸ ਦੌਰਾਨ ਪ੍ਰਚਾਰ ਕਰਦਿਆਂ ਬਿਸ਼ਨੋਈ ਪਰਵਾਰ ਨੂੰ ਪਿੰਡ ਵਾਸੀਆਂ ਨੇ ਕਿਹਾ ਕਿ ਉਨ੍ਹਾਂ ਦੇ ਖੇਤਰ ਵਿਚਲੇ ਲੋਕਾਂ ਦੀਆਂ ਸਮੱਸਿਆਵਾਂ ਹੱਲ ਨਹੀਂ ਕੀਤੀਆਂ ਗਈਆਂ ਤੇ ਨਾ ਹੀ ਕਿਸੇ ਨੇ ਸਾਰ ਲਈ ਹੈ। ਇਸ ਦੌਰਾਨ ਬਿਸ਼ਨੋਈ ਦੇ ਸਮਰਥਕਾਂ ਤੇ ਪਿੰਡ ਵਾਸੀਆਂ ਦੀ ਧੱਕਾ-ਮੁੱਕੀ ਵੀ ਹੋਈ। ਪਿੰਡ ਵਾਸੀਆਂ ਨੇ ਉਨ੍ਹਾਂ ਦੀਆਂ ਗੱਡੀਆਂ ਦਾ ਵੀ ਪਿੱਛਾ ਕੀਤਾ। ਇਸ ਤੋਂ ਬਾਅਦ ਕੁਲਦੀਪ ਬਿਸ਼ਨੋਈ ਮੁੜ ਪਿੰਡ ਆਏ ਤੇ ਉਨ੍ਹਾ ਪਿੰਡ ਵਾਸੀਆਂ ਤੋਂ ਮੁਆਫੀ ਮੰਗਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਹੱਲ ਕਰਨ ਦਾ ਭਰੋਸਾ ਦਿੱਤਾ। ਬਿਸ਼ਨੋਈ ਨੇ ਕਿਹਾ ਕਿ ਇਸ ਹਲਕੇ ਦੇ ਲੋਕ ਉਨ੍ਹਾ ਦੇ ਪਰਵਾਰ ਵਾਂਗ ਹਨ।

## ਅੱਜ-ਨਾਮਾ

ਲੱਗ ਗਏ ਕੇਸਾਂ ਦੇ ਢੇਰ ਅਦਾਲਤਾਂ ਵਿੱਚ,
ਲੱਗਦੇ ਸਿਰੇ ਥੋੜ੍ਹੇ, ਬਹੁਤੇ ਆਉਣ ਬੇਲੀ।
ਆਉਂਦੇ ਲੋਕ ਤਾਂ ਸਿਰਫ ਤਾਰੀਕ ਮਿਲਦੀ,
ਫਿਰ-ਫਿਰ ਗੇੜਾ ਅਦਾਲਤੇ ਲਾਉਣ ਬੇਲੀ।
ਕਦੀ ਜੱਜ ਨਹੀਂ ਜੀ, ਕਦੀ ਵਕੀਲ ਨਾਹੀਂ,
ਚੱਲਦਾ ਕੇਸ ਹੀ ਆਉਣ ਬਚਾਉਣ ਬੇਲੀ।
ਜੇ ਨਾ ਪਹੁੰਚੇ ਤਾਂ ਫੈਸਲਾ ਉਲਟ ਹੋ ਜਾਊ,
ਇਹ ਵੀ ਆਖ ਕੁਝ ਲੋਕ ਡਰਾਉਣ ਬੇਲੀ।
ਵਰ੍ਹਿਆਂ-ਬੱਧੀ ਨਹੀਂ ਮੁੱਕਦਾ ਕੇਸ-ਝੰਜਟ,
ਜਨਤਾ ਇਹਦੇ ਤੋਂ ਆਈ ਬੱਸ ਤੰਗ ਬੇਲੀ।
ਚੱਲਦਾ ਚੁੱਲ੍ਹਾ ਵੀ ਰੱਖਣਾ ਬਹੁਤ ਔਖਾ,
ਉੱਪਰੋਂ ਕੀਤਾ ਪਿਆ ਕੇਸਾਂ ਨੇ ਨੰਗ ਬੇਲੀ।

-ਤੀਸ ਮਾਰ ਖਾਂ

# ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ਸੰਸਦ 'ਚ ਪਾਸ ਕੀਤਾ ਜਾਵੇ : ਮਾੜੀਮੇਘਾ



**ਭਿੱਖੀਵਿੰਡ** : ਸੀ ਪੀ ਆਈ ਵੱਲੋਂ ਪੰਜਾਬ ਭਰ ਵਿੱਚ ਪਿੰਡਾਂ, ਸ਼ਹਿਰਾਂ ਤੇ ਕਸਬਿਆਂ ਵਿੱਚ ਪਾਰਟੀ ਮੈਂਬਰਾਂ ਤੇ ਹਮਦਰਦਾਂ ਦੀਆਂ ਮੀਟਿੰਗਾਂ ਦੇਸ਼ ਦੀ ਆਜ਼ਾਦੀ ਵਾਲੇ ਦਿਹਾੜੇ 15 ਅਗਸਤ ਤੋਂ 15 ਸਤੰਬਰ ਤੱਕ ਕੀਤੀਆਂ ਗਈਆਂ। ਇਸ ਪ੍ਰੋਗਰਾਮ ਦੇ ਆਖਰੀ ਦਿਨ ਭਿੱਖੀਵਿੰਡ ਬਲਾਕ ਦੇ ਪਿੰਡ ਤਤਲਾ, ਸੁਰਸਿੰਘ, ਵਾਂ ਤਾਰਾ ਸਿੰਘ ਅਤੇ ਅਲਗੋਂ ਕਲਾਂ ਵਿਖੇ ਮੀਟਿੰਗਾਂ ਹੋਈਆਂ। ਸੀ ਪੀ ਆਈ ਬਲਾਕ ਭਿੱਖੀਵਿੰਡ ਦੇ ਸਕੱਤਰ ਨਰਿੰਦਰ ਸਿੰਘ ਅਲਗੋਂ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਉਕਤ ਪਿੰਡਾਂ ਦੀਆਂ ਮੀਟਿੰਗਾਂ ਨੂੰ ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ ਨੇ ਸੰਬੋਧਨ ਕੀਤਾ। ਉਨ੍ਹਾਂ ਕਿਹਾ ਕਿ ਇਸ ਵੇਲੇ ਦੇਸ਼ ਦੇ ਹਾਲਾਤ ਠੀਕ ਨਹੀਂ ਹਨ। ਇੱਕ ਪਾਸੇ ਮਹਿੰਗਾਈ ਨਾਲ ਲੋਕ ਤਰਾਸ-ਤਰਾਸ ਕਰ ਰਹੇ ਹਨ, ਦੂਜੇ ਪਾਸੇ ਬੀ ਜੇ ਪੀ ਦੀ ਅਗਵਾਈ ਵਾਲੀ ਸਰਕਾਰ ਦੇਸ਼ ਵਿੱਚ ਰਹਿ ਰਹੀਆਂ ਘੱਟ ਗਿਣਤੀਆਂ 'ਤੇ ਜਬਰ ਕਰ ਰਹੀ ਹੈ। ਉਨ੍ਹਾਂ ਨੂੰ ਕਿਹਾ ਜਾ ਰਿਹਾ, ਇਹ ਸਾਡੇ ਦੇਸ਼ ਦੀ ਵਸੋਂ ਹੀ ਨਹੀਂ ਹੈ। ਗਰੀਬ ਲੋਕਾਂ ਨੂੰ ਬੁਲਡੋਜਰ ਨੀਤੀ ਨਾਲ ਦੱਬਿਆ ਜਾ ਰਿਹਾ ਹੈ। ਮਾੜੀਮੇਘਾ ਨੇ ਕਿਹਾ ਕਿ ਹਿੰਦੁਸਤਾਨ ਵਿੱਚ ਔਰਤਾਂ ਦੀ ਇੱਜ਼ਤ ਆਬਰੂ ਖਤਰੇ ਵਿੱਚ ਹੈ। ਦਿਨ-ਦਿਹਾੜੇ ਦਰਿੰਦੇ ਔਰਤਾਂ ਦੀ ਇੱਜ਼ਤ ਲੁੱਟ ਰਹੇ ਹਨ, ਪਰ ਸਰਕਾਰੀ ਤੰਤਰ 'ਤੇ ਕੋਈ ਅਸਰ ਨਹੀਂ ਹੈ।

ਮਾੜੀਮੇਘਾ ਨੇ ਕਿਹਾ ਕਿ ਜਿੰਨਾ ਚਿਰ ਤੱਕ ਹਰੇਕ ਔਰਤ ਨੂੰ ਪੱਕਾ ਰੁਜ਼ਗਾਰ ਅਤੇ ਵਿੱਦਿਆ ਨਹੀਂ ਮਿਲਦੀ, ਓਨਾ ਚਿਰ ਤੱਕ ਹਿੰਦੁਸਤਾਨ ਵਿੱਚੋਂ ਮਰਦ ਦਰਿੰਦਗੀ ਖ਼ਤਮ ਨਹੀਂ ਹੋ ਸਕਦੀ। ਇਹ ਠੀਕ ਹੈ ਕਿ ਔਰਤਾਂ ਪਾਰਲੀਮੈਂਟ ਵਿੱਚ 33 ਫੀਸਦੀ ਔਰਤਾਂ ਵਾਸਤੇ ਰਾਖਵੇਂਕਰਨ ਕਰਨ ਦੀ ਲੜਾਈ ਲੜ ਰਹੀਆਂ ਹਨ, ਜੇ ਇਹ ਲੜਾਈ ਜਿੱਤੀ ਜਾਂਦੀ ਹੈ ਤੇ ਔਰਤਾਂ ਨੂੰ ਪਾਰਲੀਮੈਂਟ ਵਿੱਚ ਆਪਣੇ ਪੱਕੇ ਰੁਜ਼ਗਾਰ ਦਾ ਮਤਾ ਪਾਸ ਕਰਾਉਣਾ ਚਾਹੀਦਾ ਹੈ ਅਤੇ ਬਲਾਤਕਾਰੀਆਂ ਨੂੰ ਮੌਤ ਦੀ ਸਜ਼ਾ ਵਾਲਾ ਕਾਨੂੰਨ ਬਣਾਉਣ 'ਤੇ ਜ਼ੋਰ ਦੇਣ ਦੀ ਮੰਗ ਉਠਾਉਣੀ ਚਾਹੀਦੀ ਹੈ।

ਮਾੜੀਮੇਘਾ ਨੇ ਕਿਹਾ ਕਿ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ਪਾਰਲੀਮੈਂਟ ਵਿੱਚ ਪਾਸ ਹੋਣ ਨਾਲ ਵੀ ਉਕਤ ਸਮੱਸਿਆ ਦਾ ਹੱਲ ਹੁੰਦਾ ਹੈ, ਕਿਉਂਕਿ ਇਸ ਕਾਨੂੰਨ ਦੇ ਬਣਨ ਤੋਂ ਬਾਅਦ 18 ਸਾਲ ਦੀ ਉਮਰ ਤੋਂ ਬਾਅਦ ਹਰੇਕ ਕੁੜੀ-ਮੁੰਡੇ ਨੂੰ ਰੁਜ਼ਗਾਰ ਮਿਲਣ ਦੀ ਗਾਰੰਟੀ ਹੋਵੇਗੀ ਭਾਵੇਂ ਉਹ ਪੜ੍ਹੇ ਹਨ ਜਾਂ ਅਨਪੜ੍ਹ। ਜੁਆਨੀ ਨੂੰ ਉਨ੍ਹਾਂ ਦੀ ਯੋਗਤਾ ਅਨੁਸਾਰ ਸਰਕਾਰੀ ਰੁਜ਼ਗਾਰ ਮਿਲੇਗਾ। ਇਹ ਮੰਗ ਸਮਾਜ ਨੂੰ ਖੁਸ਼ਹਾਲ ਬਣਾਉਣ ਵਾਲੀ ਹੈ। ਇਸ ਮੰਗ ਨੂੰ ਲੈ ਕੇ ਹੀ ਸਰਬ ਭਾਰਤ ਨੌਜਵਾਨ ਸਭਾ ਅਤੇ ਏ ਆਈ ਐੱਸ ਐੱਫ ਪੰਜਾਬ ਪੱਧਰੀ ਸਮਾਗਮ ਮੋਗਾ ਵਿਖੇ ਪਰਮਗੁਣੀ ਭਗਤ ਸਿੰਘ ਦੇ ਜਨਮ ਦਿਹਾੜੇ 'ਤੇ 28 ਸਤੰਬਰ ਨੂੰ ਕਰ ਰਹੀ ਹੈ। ਜਾਣਕਾਰੀ ਅਨੁਸਾਰ ਇਹ ਸਮਾਗਮ ਨਿਵੇਕਲੀ ਕਿਸਮ ਦਾ ਹੋਵੇਗਾ। ਮਾੜੀਮੇਘਾ ਨੇ ਆਪਣੇ ਵਿਚਾਰਾਂ ਵਿੱਚ ਕਿਹਾ ਕਿ ਪੰਜਾਬ ਦੀ ਸਰਕਾਰ ਨੂੰ ਬਾਰਸ਼ਾਂ ਦੇ ਪਾਣੀ ਦੀ ਸੰਭਾਲ ਲਈ ਵਿਸ਼ੇਸ਼ ਉਪਰਾਲੇ ਕਰਨੇ ਚਾਹੀਦੇ ਹਨ। ਇਸ ਤੋਂ ਇਲਾਵਾ ਚੰਡੀਗੜ੍ਹ ਪੰਜਾਬ ਨੂੰ ਦੇਣ, ਭਾਖੜਾ ਪ੍ਰੋਜੈਕਟ ਵਿੱਚ ਆਪਣੇ ਅਧਿਕਾਰ ਮੁੜ ਬਹਾਲ ਕਰਾਉਣ, ਚੰਡੀਗੜ੍ਹ ਵਿੱਚ ਪੰਜਾਬੀ ਬੋਲੀ ਨੂੰ ਪਹਿਲ ਦੇਣ ਤੇ ਚੰਡੀਗੜ੍ਹ ਵਿੱਚ ਵੀ ਪੰਜਾਬ ਦੇ ਮੁਲਾਜ਼ਮਾਂ ਦੇ ਹੱਕਾਂ ਦੀ ਬਹਾਲੀ ਸੈਂਟਰ ਸਰਕਾਰ 'ਤੇ ਜ਼ੋਰ ਪਾਉਣਾ ਚਾਹੀਦਾ ਹੈ।

ਮੀਟਿੰਗਾਂ ਨੂੰ ਨਿਸ਼ਾਨ ਸਿੰਘ ਤੇ ਸਰਦੂਲ ਸਿੰਘ ਪਿੰਡ ਵਾਂ, ਕੁਲਦੀਪ ਸਿੰਘ ਤਤਲੇ, ਡਾਕਟਰ ਭੁਪਿੰਦਰ ਸਿੰਘ ਸੁਰਸਿੰਘ ਤੇ ਬਲਵਿੰਦਰ ਕੌਰ ਉਰਫ ਬਿੰਦੋ ਅਲਗੋਂ ਕਲਾਂ ਨੇ ਵੀ ਸੰਬੋਧਨ ਕੀਤਾ।

## 21 ਸਤੰਬਰ ਤੱਕ ਹਲਕੀ ਬਾਰਿਸ਼

**ਲੁਧਿਆਣਾ** : ਮੌਨਸੂਨ ਦੀ ਰਫਤਾਰ ਫਿਰ ਮੱਠੀ ਹੋ ਗਈ ਹੈ। ਮੌਸਮ ਵਿਭਾਗ ਦੀ ਭਵਿੱਖਬਾਣੀ ਅਨੁਸਾਰ ਪੰਜਾਬ ਦੇ ਕਈ ਜ਼ਿਲ੍ਹਿਆਂ 'ਚ 21 ਸਤੰਬਰ ਤੱਕ ਬੱਦਲ ਛਾਏ ਰਹਿਣਗੇ, ਗਰਜ ਦੇ ਨਾਲ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋ ਸਕਦੀ ਹੈ। ਖਾਸ ਤੌਰ 'ਤੇ ਹਿਮਾਚਲ ਤੇ ਹਰਿਆਣਾ ਨਾਲ ਲੱਗਦੇ ਜ਼ਿਲ੍ਹਿਆਂ 'ਚ ਮੀਂਹ ਪੈ ਸਕਦਾ ਹੈ। ਹਾਲਾਂਕਿ ਮੀਂਹ ਦੀ ਕੋਈ ਚਿਤਾਵਨੀ ਜਾਰੀ ਨਹੀਂ ਕੀਤੀ ਗਈ ਹੈ। ਵਿਭਾਗ ਮੁਤਾਬਕ ਉੱਤਰੀ ਭਾਰਤ ਦੇ ਜ਼ਿਆਦਾਤਰ ਰਾਜਾਂ 'ਚ ਹੁਣ ਮੌਨਸੂਨ ਦਾ ਪ੍ਰਭਾਵ ਘੱਟ ਰਿਹਾ ਹੈ। ਪਿਛਲੇ 24 ਘੰਟਿਆਂ ਦੌਰਾਨ ਰਾਜਪੁਰਾ ਅਤੇ ਨਾਲ ਲੱਗਦੇ ਇਲਾਕਿਆਂ 'ਚ ਹਲਕੀ ਬਾਰਿਸ਼ ਹੋਈ। ਸੂਬੇ ਦੇ ਵੱਖ-ਵੱਖ ਭਾਗਾਂ 'ਚ ਤਾਪਮਾਨ ਸਾਧਾਰਣ ਨਾਲੋਂ ਵੱਧ ਚੱਲ ਰਿਹਾ ਹੈ। ਮੌਸਮ ਕੇਂਦਰ ਚੰਡੀਗੜ੍ਹ ਵੱਲੋਂ ਜਾਰੀ ਕੀਤੀ ਗਈ ਤਾਪਮਾਨ ਦੀ ਰੋਜ਼ਾਨਾ ਰਿਪੋਰਟ ਅਨੁਸਾਰ ਸਭ ਤੋਂ ਵੱਧ ਤਾਪਮਾਨ ਫਰੀਦਕੋਟ 'ਚ 37.4 ਡਿਗਰੀ ਸੈਲਸ਼ੀਅਸ ਰਿਹਾ। ਪਠਾਨਕੋਟ ਅਤੇ ਚੰਡੀਗੜ੍ਹ 33.9, ਅੰਮ੍ਰਿਤਸਰ 34.3, ਲੁਧਿਆਣੇ 35.0, ਪਟਿਆਲੇ 34.7, ਬਠਿੰਡੇ 36.4, ਗੁਰਦਾਸਪੁਰ 33.0, ਮੁਹਾਲੀ 33.7, ਫਤਿਹਗੜ੍ਹ ਸਾਹਿਬ 33.8, ਜਲੰਧਰ 33.2 ਅਤੇ ਮੋਗਾ 34.4 ਡਿਗਰੀ ਰਿਹਾ।

## ਮਾਤਾ ਸੁੰਦਰੀ ਐਜੂਕੇਸ਼ਨ ਕਾਲਜ ਢੱਡੇ ਦਾ ਨਤੀਜਾ ਸ਼ਾਨਦਾਰ ਰਿਹਾ



ਰਾਮਪੁਰਾ ਫੂਲ (ਦਰਸ਼ਨ ਜਿੰਦਲ) ਮਾਤਾ ਸੁੰਦਰੀ ਐਜੂਕੇਸ਼ਨ ਕਾਲਜ ਢੱਡੇ ਦਾ ਬੀ.ਕਾਮ. ਸਮੈਸਟਰ ਤੀਜਾ ਦਾ ਨਤੀਜਾ ਬਹੁਤ ਹੀ ਸ਼ਾਨਦਾਰ ਰਿਹਾ।ਸੰਸਥਾ ਦੇ ਚੇਅਰਮੈਨ ਕੁਲਵੰਤ ਸਿੰਘ ਸਿੱਧੂ, ਐੱਮ ਡੀ ਗੁਰਬਿੰਦਰ ਸਿੰਘ ਸਿੱਧੂ ਅਤੇ ਡਾਇਰੈਕਟਰ ਐਡਮਨਿਸਟਰੇਸ਼ਨ ਪਰਮਿੰਦਰ ਸਿੰਘ ਸਿੱਧੂ ਨੇ ਇਸ ਸ਼ਾਨਦਾਰ ਨਤੀਜੇ ਉੱਪਰ ਕਾਲਜ ਦੇ ਪ੍ਰਿੰਸੀਪਲ ਤੇ ਸਟਾਫ਼ ਮਿਹਨਤ ਦੀ ਸ਼ਲਾਘਾ ਕਰਦਿਆਂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਕਿਹਾ ਕਿ ਸਾਨੂੰ ਪੂਰਨ ਆਸ ਹੈ ਕਿ ਭਵਿੱਖ ਵਿੱਚ ਸਾਡੀਆਂ ਵਿਦਿਆਰਥਣਾਂ ਹੋਰ ਵਧੇਰੇ ਮਿਹਨਤ ਕਰਕੇ ਯੂਨੀਵਰਸਿਟ ਮੈਰਿਟ ਵਿੱਚ ਆਉਣਗੇ।ਪ੍ਰਿੰਸੀਪਲ ਰਾਜ ਸਿੰਘ ਬਾਘਾ ਨੇ ਨਤੀਜੇ ਉੱਪਰ ਤਸੱਲੀ ਪ੍ਰਗਟ ਕਰਦਿਆਂ ਕਿਹਾ ਕਿ ਕਾਮਰਸ ਦੇ ਵਿਦਿਆਰਥੀਆਂ ਦੀਆਂ ਕਮਰਸ਼ੀਅਲ ਬੈਂਕਾਂ, ਸਰਕਾਰੀ, ਪ੍ਰਾਈਵੇਟ ਕੰਪਨੀਆਂ, ਕਾਲਜਾਂ ਵਿੱਚ ਨੌਕਰੀਆਂ ਲੱਗਣ ਕਰਕੇ ਚੰਗਾ ਸੈਲਰੀ ਪੈਕੇਜ ਮਿਲ ਰਿਹਾ ਹੈ।ਇਸਦੇ ਨਾਲ ਹੀ ਵਿਦਿਆਰਥੀਆਂ ਦਾ ਸੀ.ਏ. ਦੀ ਪੜ੍ਹਾਈ ਵੱਲ ਰੁਝਾਨ ਵਧ ਰਿਹਾ ਹੈ, ਜਿਸ ਕਰਕੇ ਕਾਲਜ ਦਾ ਪਲੇਸਮੈਂਟ ਸੈੱਲ ਵੱਧ ਤੋਂ ਵੱਧ ਵਿਦਿਆਰਥੀਆਂ ਨੂੰ ਰੋਜ਼ਗਾਰ ਦਿਵਾਉਣ ਲਈ ਬਚਨਬੱਧ ਹੋਵੇਗਾ।ਵਿਭਾਗ ਦੇ ਮੁਖੀ ਪ੍ਰੋ. ਹਰਸ਼ ਰਾਣੀ ਨੇ ਦੱਸਿਆ ਕਿ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਤੀਜੇ ਸਮੈਸਟਰ ਦੇ ਐਲਾਨੇ ਨਤੀਜੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਾਲਜ ਜਗਵਿੰਦਰ ਕੌਰ ਪੁੱਤਰੀ ਗੁਰਪ੍ਰੀਤ ਸਿੰਘ 82.4 ਪ੍ਰਤੀਸ਼ਤ ਅੰਕ, ਪਰਵਿੰਦਰ ਕੌਰ ਪੁੱਤਰੀ ਜਲੌਰ ਸਿੰਘ ਨੇ 81.4 ਪ੍ਰਤੀਸ਼ਤ ਅੰਕ ਹਾਸਲ ਕਰਕੇ ਕ੍ਰਮਵਾਰ ਪਹਿਲਾ ਤੇ ਦੂਜਾ ਸਥਾਨ ਹਾਸਲ ਕੀਤਾ।ਇਸੇ ਤਰ੍ਹਾਂ ਅਮਨਦੀਪ ਕੌਰ ਪੁੱਤਰੀ ਸੇਵਾ ਸਿੰਘ ਨੇ 78.6 ਪ੍ਰਤੀਸ਼ਤ ਅੰਕ ਹਾਸਲ ਕਰਕੇ ਤੀਜਾ ਸਥਾਨ ਹਾਸਲ ਕੀਤਾ।ਹੋਰਨਾਂ ਵਿਦਿਆਰਥੀਆਂ ਨੇ ਵੀ ਚੰਗੇ ਅੰਕ ਹਾਸਲ ਕੀਤੇ ਤੇ ਨਤੀਜਾ ਸੌ ਫ਼ੀਸਦੀ ਰਿਹਾ।

## ਡਾ. ਮੱਟੂ ਨੇ ਸੁਣੀਆਂ ਲੋਕਾਂ ਦੀਆਂ ਦੁੱਖ ਤਕਲੀਫ਼ਾਂ

### *ਸਮੱਸਿਆਵਾਂ ਨਾਲ ਜੂਝ ਰਹੇ ਹਲਕਾ ਸ਼ੁਤਰਾਣਾ ਦੇ ਲੋਕ*



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ) ਸਮੱਸਿਆਵਾਂ ਨਾਲ ਜੂਝ ਰਹੇ ਜ਼ਿਲ੍ਹਾ ਪਟਿਆਲਾ ਦੇ ਹਲਕਾ ਸ਼ੁਤਰਾਣਾ ਦੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਲਗਾਤਾਰ ਜ਼ੋਰ ਸ਼ੋਰ ਨਾਲ ਆਵਾਜ਼ ਬੁਲੰਦ ਕਰ ਰਹੇ ਇਲਾਕੇ ਦੇ ਲੋਕ ਆਗੂ ਡਾ. ਜਤਿੰਦਰ ਸਿੰਘ ਮੱਟੂ ਨੇ ਬਾਦਸ਼ਾਹਪੁਰ ਪਿੰਡ ਵਿਖੇ ਲੋਕਾਂ ਦੀਆਂ ਸਮੱਸਿਆਵਾਂ ਜਾਨਣ ਲਈ ਬਜ਼ੁਰਗਾਂ, ਨੌਜਵਾਨਾਂ, ਵਿਦਿਆਰਥੀਆਂ ਨਾਲ ਮੀਟਿੰਗ ਕੀਤੀ।ਡਾ. ਜਤਿੰਦਰ ਸਿੰਘ ਮੱਟੂ ਨੇ ਪਿੰਡ ਵਾਸੀਆਂ ਨੂੰ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਸਿੱਖਿਆ ਦਿਵਾਉਣ ਲਈ ਜਾਗਰੂਕ ਕੀਤਾ।ਉਨ੍ਹਾਂ ਕਿਹਾ ਕਿ ਸਿੱਖਿਆ ਸਾਡੀ ਜ਼ਿੰਦਗੀ ਵਿਚਲੇ ਹਨੇਰਿਆਂ ਨੂੰ ਖਤਮ ਕਰਕੇ ਸਾਨੂੰ ਚਾਨਣ ਵੱਲ ਲੈ ਕੇ ਜਾਂਦੀ ਹੈ। ਉਨ੍ਹਾਂ ਕਿਹਾ ਕਿ ਚੰਗੇ ਸਮਾਜ ਦੀ ਸਿਰਜਣਾ ਵੱਲ ਤਾਂ ਹੀ ਵਧਿਆ ਜਾ ਸਕਦਾ ਹੈ ਜੇਕਰ ਸਾਡੀ ਰਾਜ ਸੱਤਾ ਵੀ ਪੜ੍ਹੇ ਲਿਖੇ ਲੋਕਾਂ ਦੇ ਹੱਥ ਹੋਵੇ।ਉਨ੍ਹਾਂ ਕਿਹਾ ਕਿ ਹਲਕੇ ਦੇ ਹੈਲਥ ਸੈਂਟਰਾਂ ਵਿੱਚ ਡਾਕਟਰ ਨਹੀਂ, ਕਾਨੂੰਨ ਵਿਵਸਥਾ ਦਾ ਸਮਾਜ ਵਿਰੋਧੀ ਅਨਸਰਾਂ ਨੂੰ ਕੋਈ ਡਰ ਭੈਅ ਨਹੀਂ,ਪਿੰਡਾਂ ਨੂੰ ਜਾਣ ਵਾਲੀਆਂ ਸੜਕਾਂ ਦਾ ਬੁਰਾ ਹਾਲ ਹੈ।ਮੌਜੂਦਾ ਸਰਕਾਰ ਤੇ ਇਨ੍ਹਾਂ ਦੇ ਨੁਮਾਇੰਦਿਆਂ ਦਾ ਲੋਕਾਂ ਦੀਆਂ ਦੁੱਖ ਤਕਲੀਫ਼ਾਂ ਨਾਲ ਕੋਈ ਸਰੋਕਾਰ ਨਹੀਂ।ਇਸ ਮੌਕੇ ਸ੍ਰੀ ਗੁਰੂ ਰਵਿਦਾਸ ਕਮੇਟੀ ਪਿੰਡ ਬਾਦਸ਼ਾਹਪੁਰ ਵੱਲੋਂ ਪਿੰਡ ਦੀ ਧਰਮਸ਼ਾਲਾ ਸਿਬੰਧੀ ਅਤੇ ਆਪਣੀਆਂ ਸਮੱਸਿਆਵਾਂ ਬਾਰੇ ਵੀ ਡਾ ਜਤਿੰਦਰ ਸਿੰਘ ਮੱਟੂ ਨੂੰ ਦੱਸਿਆ ਗਿਆ। ਲੋਕਾਂ ਦੇ ਹੱਕਾਂ ਲਈ ਲਗਾਤਾਰ ਕੀਤੇ ਜਾ ਰਹੇ ਸੰਘਰਸ਼ਾਂ ਲਈ ਬਾਦਸ਼ਾਹਪੁਰ ਦੀ ਸ੍ਰੀ ਗੁਰੂ ਰਵਿਦਾਸ ਕਮੇਟੀ ਵਲੋਂ ਡਾ. ਜਤਿੰਦਰ ਸਿੰਘ ਮੱਟੂ ਨੂੰ ਸਨਮਾਨਿਤ ਕੀਤਾ ਗਿਆ।

## ਪਟਵਾਰ ਯੂਨੀਅਨ ਜ਼ਿਲ੍ਹਾ ਮੁਕਤਸਰ ਦੀ ਮੀਟਿੰਗ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)-ਦੀ ਰੈਵਨਿਊ ਪਟਵਾਰ ਯੂਨੀਅਨ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਮੀਟਿੰਗ ਕੀਤੀ ਗਈ, ਜਿਸ ਦੌਰਾਨ ਸਰਬਸੰਮਤੀ ਨਾਲ ਜ਼ਿਲ੍ਹੇ ਦੇ ਅਹੁਦੇਦਾਰਾਂ ਦੀ ਚੋਣ ਕਰਵਾਈ ਗਈ। ਇਸ ਦੌਰਾਨ ਹਰਜਿੰਦਰ ਸਿੰਘ ਨੂੰ ਪਟਵਾਰ ਯੂਨੀਅਨ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦਾ ਪ੍ਰਧਾਨ ਬਣਾਇਆ ਗਿਆ।ਇਸ ਤੋਂ ਇਲਾਵਾ ਗੁਰਭੇਜ ਸਿੰਘ ਨੂੰ ਜਨਰਲ ਸਕੱਤਰ, ਰਾਜਿੰਦਰ ਕੁਮਾਰ ਰਾਜੂ ਨੂੰ ਖ਼ਜ਼ਾਨਚੀ ਤੇ ਪਵਨ ਕੁਮਾਰ ਨੂੰ ਨੁਮਾਇੰਦਾ ਪੰਜਾਬ ਚੁਣਿਆ ਗਿਆ।ਇਹ ਚੋਣ ਸਾਬਕਾ ਸੂਬਾ ਪ੍ਰਧਾਨ ਉਮ ਪ੍ਰਕਾਸ਼ ਥਿੰਦ, ਹਰਬੰਸ ਸਿੰਘ ਸਾਬਕਾ ਤਹਿਸੀਲ ਪ੍ਰਧਾਨ, ਸਵਰਨਜੀਤ ਸਿੰਘ ਗਿੱਲ ਦੀ ਅਗਵਾਈ ਹੇਠ ਕਰਵਾਈ ਗਈ।ਇਸ ਸਮੇਂ ਪਟਵਾਰੀ ਇਕਬਾਲ ਸਿੰਘ, ਗੁਰਮਿਲਾਪ ਸਿੰਘ, ਜਲੌਰ ਸਿੰਘ, ਕਰਨਬੀਰ ਸਿੰਘ ਤੇ ਗੁਰਜੀਤ ਸਿੰਘ ਆਦਿ ਮੌਜੂਦ ਸਨ।

## ਚੋਰ ਗਰੋਹ ਵੱਲੋਂ ਏ ਟੀ ਐੱਮ ਭੰਨਣ ਦੀ ਕੋਸ਼ਿਸ਼

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਬੀਤੀ ਰਾਤ ਚੋਰ ਗ੍ਰੋਹ ਵੱਲੋਂ ਪਿੰਡ ਲੋਹਗੜ੍ਹ (ਬਰਨਾਲਾ) ਵਿਖੇ ਗੈਸ ਕਟਰ ਨਾਲ ਏ.ਟੀ.ਐੱਮ. ਪੁੱਟਣ ਦੀ ਅਸਫਲ ਕੋਸ਼ਿਸ਼ ਕੀਤੀ ਗਈ।ਪ੍ਰਾਪਤ ਜਾਣਕਾਰੀ ਅਨੁਸਾਰ ਬੀਤੀ ਰਾਤ ਤਿੰਨ ਤੋਂ ਚਾਰ ਵਜੇ ਦੇ ਦਰਮਿਆਨ ਤਿੰਨ ਅਣਪਛਾਤੇ ਵਿਅਕਤੀ ਲੋਹਗੜ੍ਹ 'ਚ ਲੱਗੇ ਸਰਕਾਰੀ ਬੈਂਕ ਦੇ ਏ.ਟੀ.ਐੱਮ. ਦਾ ਸ਼ਟਰ ਭੰਨ ਕੇ ਅੰਦਰ ਦਾਖ਼ਲ ਹੋਏ।ਉਪਰੰਤ ਉਹ ਗੈਸ ਕਟਰ ਦੀ ਮਦਦ ਨਾਲ ਏ.ਟੀ.ਐੱਮ. ਭੰਨਣ ਲੱਗੇ, ਉਸੇ ਸਮੇਂ ਰਾਧਾਸੁਆਮੀ ਸ਼ਰਧਾਲੂ ਡੇਰਾ ਬਿਆਸ ਜਾਣ ਵਾਸਤੇ ਇਕੱਠੇ ਹੋਏ ਤਾਂ ਚੋਰ ਉਨ੍ਹਾਂ ਦੀ ਆਵਾਜ਼ ਸੁਣ ਕੇ ਉੱਥੋਂ ਭੱਜ ਗਏ।ਪੁਲਸ ਥਾਣਾ ਮਹਿਲ ਕਲਾਂ ਦੇ ਐੱਸ.ਐੱਚ.ਓ. ਕਮਲਜੀਤ ਸਿੰਘ ਗਿੱਲ ਨੇ ਦੱਸਿਆ ਕਿ ਏਰੀਆ ਮੈਨੇਜਰ ਸ਼ਿਵਮ ਕੁਮਾਰ ਦੇ ਬਿਆਨਾਂ ਦੇ ਅਧਾਰ 'ਤੇ ਤਿੰਨ ਅਣਪਛਾਤੇ ਵਿਅਕਤੀਆਂ ਖਿਲਾਫ਼ ਮੁਕੱਦਮਾ ਦਰਜ ਕਰ ਕੇ ਦੋਸ਼ੀਆਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

## ਆੜ੍ਹਤ ਦੀ ਦੁਕਾਨ 'ਚੋਂ ਲੱਖਾਂ ਦਾ ਸਾਮਾਨ ਚੋਰੀ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ) : ਥਾਣਾ ਸਿਟੀ ਅਧੀਨ ਪੈਂਦੇ ਦਾਣਾ ਮੰਡੀ ਵਿੱਚ ਬੀਤੀ ਰਾਤ ਅਣਪਛਾਤੇ ਚੋਰ ਇੱਕ ਆੜ੍ਹਤ ਦੀ ਦੁਕਾਨ ਦੇ ਤਾਲੇ ਤੋੜ ਕੇ ਲੱਖਾਂ ਰੁਪਏ ਦਾ ਸਾਮਾਨ ਚੋਰੀ ਕਰਕੇ ਫਰਾਰ ਹੋ ਗਏ।ਇਸ ਸਬੰਧੀ ਪੁਲਸ ਨੇ ਦੁਕਾਨ ਮਾਲਕ ਦੇ ਬਿਆਨਾਂ 'ਤੇ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਚੋਰੀ ਦੀਆਂ ਧਾਰਾਵਾਂ ਤਹਿਤ ਕੇਸ ਦਰਜ ਕਰ ਲਿਆ ਹੈ।ਜਾਣਕਾਰੀ ਦਿੰਦਿਆਂ ਥਾਣਾ ਸਿਟੀ ਦੇ ਸਹਾਇਕ ਇੰਸਪੈਕਟਰ ਜੰਗ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਦਿੱਤੇ ਬਿਆਨਾਂ 'ਚ ਸ਼ਿਕਾਇਤਕਰਤਾ ਸੁਨੀਲ ਕੁਮਾਰ ਪੁੱਤਰ ਤਿਲਕ ਰਾਜ ਵਾਸੀ ਕ੍ਰਿਸ਼ਨਾ ਨਗਰੀ ਸਿਟੀ ਫ਼ਿਰੋਜ਼ਪੁਰ ਨੇ ਦੱਸਿਆ ਕਿ ਉਹ ਦਾਣਾ ਵਿਖੇ ਆਪਣੀ ਆੜ੍ਹਤ ਦੀ ਦੁਕਾਨ ਬੰਦ ਕਰ ਕੇ ਗਿਆ ਸੀ। ਜਦੋਂ ਉਹ ਸਵੇਰੇ ਦੁਕਾਨ 'ਤੇ ਪਹੁੰਚਿਆ ਤਾਂ ਦੇਖਿਆ ਕਿ ਕੋਈ ਅਣਪਛਾਤਾ ਚੋਰ ਦੁਕਾਨ ਦੀ ਪਿਛਲੀ ਕੰਧ ਤੋੜ ਕੇ ਅੰਦਰ ਵੜਿਆ ਸੀ ਤੇ ਬੈਟਰੀ ਸਮੇਤ ਛੱਤ ਵਾਲਾ ਪੱਖਾ, ਇਨਵਰਟਰ, ਜੈਨਰੇਟਰ ਦਾ ਅਲਟਰਨੇਟਰ, ਬਿਜਲੀ ਦੀਆਂ ਫਿਟਿੰਗਾਂ, ਚਾਰ ਐਲੂਮੀਨੀਅਮ ਦੇ ਫਰੇਮ, 4 ਦਰਵਾਜ਼ੇ ਤੇ ਸੇਫ ਦਾ ਤਾਲਾ ਕਮਿਸ਼ਨ ਏਜੰਟਾਂ ਨਾਲ ਸਬੰਧਤ ਰਿਕਾਰਡ ਚੋਰੀ ਕਰਕੇ ਲੈ ਗਏ ਹਨ।ਚੋਰੀ ਹੋਏ ਸਾਮਾਨ ਦੀ ਕੀਮਤ ਕਰੀਬ 2 ਲੱਖ ਰੁਪਏ ਹੈ।ਮਾਮਲੇ ਦੀ ਜਾਂਚ ਕਰ ਰਹੇ ਪੁਲਸ ਅਧਿਕਾਰੀ ਜੰਗ ਸਿੰਘ ਨੇ ਦੱਸਿਆ ਕਿ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰਕੇ ਉਨ੍ਹਾਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

## ਬਾਬਾ ਸ੍ਰੀ ਚੰਦ ਜੀ ਦਾ ਜਨਮ ਦਿਹਾੜਾ ਮਨਾਇਆ

ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਹਰੇਕ ਸਾਲ ਦੀ ਤਰ੍ਹਾਂ ਇਸ ਸਾਲ ਵੀ ਸੰਤ ਬਾਬਾ ਲਛਮਣ ਸਿੰਘ ਜੀ ਉਦਾਸੀਨ ਡੇਰਾ ਬਾਬਾ ਸ੍ਰੀ ਚੰਦ ਜੀ ਮਹਾਰਾਜ ਪਿੰਡ ਤੱਖਰਾਂ ਵਿਖੇ ਬਾਬਾ ਸ੍ਰੀ ਚੰਦ ਜੀ ਮਹਾਰਾਜ ਦਾ ਜਨਮ ਦਿਹਾੜਾ ਮਨਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦੀ ਰਹਿਨੁਮਾਈ ਵਿੱਚ ਮਨਾਏ ਧਾਰਮਿਕ ਸਮਾਗਮ ਦੌਰਾਨ ਬਾਬਾ ਦਿਲਪ੍ਰੀਤ ਸਿੰਘ ਨੇ ਸੰਗਤਾਂ ਨੂੰ ਪਵਿੱਤਰ ਦਿਹਾੜੇ ਦੀ ਵਧਾਈ ਦਿੱਤੀ। ਇਸ ਮੌਕੇ ਰਾਗੀ, ਢਾਡੀ ਤੇ ਕਵੀਸ਼ਰੀ ਜੱਥਿਆਂ ਨੇ ਸੰਗਤਾਂ ਨੂੰ ਬਾਣੀ ਨਾਲ ਜੋੜਿਆ। ਇਸ ਮੌਕੇ ਮਾਸਟਰ ਕੁਲਦੀਪ ਸਿੰਘ ਬਿਲਗਾ, ਗੁਰਮੀਤ ਸਿੰਘ, ਹਰਬੰਸ ਸਿੰਘ, ਅਮਰਜੀਤ ਸਿੰਘ ਸਾਹਨੇਵਾਲ, ਸਰਬਜੀਤ ਸਿੰਘ, ਕਾਕਾ ਮਿਆਵਾਲ ਆਦਿ ਮੌਜੂਦ ਸਨ।

## ਖਡੂਰ ਸਾਹਿਬ ਤੋਂ ਸ੍ਰੀ ਗੋਇੰਦਵਾਲ ਸਾਹਿਬ ਲਈ ਨਗਰ ਕੀਰਤਨ ਅੱਜ



ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲੀ)-ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਜਿੰਦਰ ਸਿੰਘ ਮਹਿਤਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼ਤਾਬਦੀ ਸਮਾਗਮਾਂ ਦੇ ਚਲਦਿਆਂ 17 ਸਤੰਬਰ ਮੰਗਲਵਾਰ ਨੂੰ ਗੁਰਦੁਆਰਾ ਸ੍ਰੀ ਤਪਿਆਣਾ ਸਾਹਿਬ ਸ੍ਰੀ ਖਡੂਰ ਸਾਹਿਬ ਤੋਂ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਸ੍ਰੀ ਗੋਇੰਦਵਾਲ ਸਾਹਿਬ ਤੱਕ ਪੰਥਕ ਰਵਾਇਤਾਂ ਤੇ ਖ਼ਾਲਸਾਈ ਜਾਹੋ ਜਲਾਲ ਨਾਲ ਅਲੌਕਿਕ ਪੈਦਲ ਨਗਰ ਕੀਰਤਨ ਸਜਾਇਆ ਜਾਵੇਗਾ, ਜਿਸ ਵਿੱਚ ਖ਼ਾਲਸਾ ਪੰਥ ਦੀਆਂ ਸਮੂਹ ਜਥੇਬੰਦੀਆਂ, ਸੰਪਰਦਾਵਾਂ, ਨਿਹੰਗ ਸਿੰਘ ਦਲ, ਸਭਾ ਸੁਸਾਇਟੀਆਂ ਅਤੇ ਸੰਗਤਾਂ ਵੱਲੋਂ ਵੱਡੇ ਪੱਧਰ ਉਤੇ ਸ਼ਮੂਲੀਅਤ ਕੀਤੀ ਜਾਵੇਗੀ। ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਜਿੰਦਰ ਸਿੰਘ ਮਹਿਤਾ ਨੇ ਦੱਸਿਆ ਕਿ ਪੁਰਾਤਨ ਰਵਾਇਤ ਦੀ ਰੌਸ਼ਨੀ ਵਿਚ ਸਜਾਏ ਜਾ ਰਹੇ ਇਸ ਨਗਰ ਕੀਰਤਨ ਪ੍ਰਤੀ ਸੰਗਤ ਵਿਚ ਭਾਰੀ ਉਤਸ਼ਾਹ ਹੈ ਅਤੇ ਇਸ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਹਨ।

## ਐਡਵੋਕੇਟ ਧਾਮੀ ਨੇ ਕੀਤੀ ਗੁਰੂ ਕੇ ਲੰਗਰ 'ਚ ਸੇਵਾਂ

ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲੀ)—ਸ਼ਤਾਬਦੀ ਸਮਾਗਮਾਂ ਦੇ ਦੂਜੇ ਦਿਨ ਸ਼ਮੂਲੀਅਤ ਕਰਨ ਪੁੱਜੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਜਿੱਥੇ ਵੱਖ-ਵੱਖ ਜਥੇਬੰਦੀਆਂ ਤੇ ਸੰਪਰਦਾਵਾਂ ਵੱਲੋਂ ਲਗਾਏ ਲੰਗਰਾਂ ਵਿੱਚ ਜਾ ਕੇ ਸਮੁੱਚੇ ਪ੍ਰਬੰਧਾਂ ਨੂੰ ਵਾਚਿਆ ਉੱਥੇ ਹੀ ਉਨ ਾਂ ਨੇ ਖੁਦ ਵੀ ਸੰਗਤ ਨੂੰ ਲੰਗਰ ਵਰਤਾਉਣ ਦੀ ਸੇਵਾ ਕੀਤੀ।ਇਸ ਮੌਕੇ ਐਡਵੋਕੇਟ ਧਾਮੀ ਨੇ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਵੱਲੋਂ ਕੀਤੀ ਜਾ ਰਹੀ ਲੰਗਰ ਦੀ ਸੇਵਾ ਦੀ ਸ਼ਲਾਘਾ ਕਰਨ ਦੇ ਨਾਲ-ਨਾਲ ਉਨ ਾਂ ਵੱਲੋਂ ਤਿਆਰ ਕੀਤੀ ਗਈ ਲੰਗਰ ਹਾਲ ਦੀ ਨਵੀਂ ਇਮਾਰਤ ਦੇ ਕਾਰਜਾਂ ਉੱਤੇ ਵੀ ਤਸੱਲੀ ਪ੍ਰਗਟਾਈ।ਐਡਵੋਕੇਟ ਧਾਮੀ ਨੇ ਦਮਦਮੀ ਟਕਸਾਲ ਤੋਂ ਇਲਾਵਾ ਹੋਰ ਕਾਰ ਸੇਵਾ ਸਪੰਰਦਾਵਾਂ, ਨਿਹੰਗ ਸਿੰਘ ਦਲਾਂ, ਜਥੇਬੰਦੀਆਂ, ਸਭਾ ਸੁਸਾਇਟੀਆਂ ਅਤੇ ਸੰਗਤਾਂ ਵੱਲੋਂ ਲਗਾਏ ਗਏ ਲੰਗਰਾਂ ਦੀ ਵੀ ਸਰਾਹਨਾ ਕੀਤੀ।

## 20 ਸਤੰਬਰ ਦੇ ਸੂਬਾ ਪੱਧਰੀ ਧਰਨੇ 'ਚ ਜਲ ਸਪਲਾਈ ਵਰਕਰ ਪਰਵਾਰਾਂ ਸਮੇਤ ਹੋਣਗੇ ਸ਼ਾਮਲ : ਵਰਿੰਦਰ ਮੋਮੀ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)-ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਇਕ ਅਹਿਮ ਮੀਟਿੰਗ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਸ੍ਰੀ ਮੁਕਤਸਰ ਸਾਹਿਬ ਵਿਖੇ ਸੂਬਾ ਪ੍ਰਚਾਰ ਸਕੱਤਰ ਤੇ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਭੱਟੀ, ਜ਼ਿਲ੍ਹਾ ਜਨਰਲ ਸਕੱਤਰ ਸੁਰਜੀਤ ਸਿੰਘ ਤੱਖੀ ਦੀ ਅਗਵਾਈ ਹੇਠ ਹੋਈ।

ਇਸ ਮੌਕੇ ਜ਼ਿਲ੍ਹਾ ਪ੍ਰੈੱਸ ਸਕੱਤਰ ਬਿਕਰਮ ਜੀਤ ਸਿੰਘ ਕਪੂਰ ਤੇ ਸੌਰਵ ਮਿਗਲਾਨੀ ਨੇ ਕਿਹਾ ਕਿ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਪੰਜਾਬ ਦੀਆਂ ਪੇਂਡੂ ਜਲ ਸਪਲਾਈ ਸਕੀਮਾਂ ਅਤੇ ਫੀਲਡ ਤੇ ਦਫਤਰਾਂ 'ਚ ਪਿਛਲੇ 15-20 ਸਾਲਾਂ ਤੋਂ ਲਗਾਤਾਰ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਤੇ ਆਊਟਸੋਰਸ ਵਰਕਰਾਂ ਦੀਆਂ ਹੱਕੀ ਮੰਗਾਂ ਲਈ ਉਪਰੋਕਤ ਯੂਨੀਅਨ ਦੀ ਸੂਬਾ ਵਰਕਿੰਗ ਕਮੇਟੀ ਦੇ ਫੈਸਲੇ ਤਹਿਤ ਪੰਜਾਬ ਸਰਕਾਰ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਸੰਗਰੂਰ ਸ਼ਹਿਰ ਵਿੱਚ 20 ਸਤੰਬਰ ਸ਼ੁੱਕਰਵਾਰ ਨੂੰ ਜਲ ਸਪਲਾਈ ਵਰਕਰਾਂ ਵੱਲੋਂ ਆਪਣੇ ਪਰਵਾਰਾਂ ਤੇ ਬੱਚਿਆਂ ਸਮੇਤ ਪੁਰਅਮਨ ਢੰਗ ਨਾਲ ਸੂਬਾ ਪੱਧਰੀ ਧਰਨਾ ਦਿੱਤਾ ਜਾ ਰਿਹਾ ਹੈ, ਜਿਸ ਦੀ ਤਿਆਰੀ ਲਈ ਸਾਰੇ ਪੰਜਾਬ ਵਿੱਚ ਵਰਕਰਾਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਅਤੇ ਜਲ ਸਪਲਾਈ ਵਰਕਰਾਂ ਨੂੰ ਆਪਣੀਆਂ ਮੰਗਾਂ ਨੂੰ ਮਨਵਾਉਣ ਲਈ ਸੰਗਰੂਰ ਧਰਨੇ ਵਿੱਚ ਵੱਧ ਚੜ੍ਹ ਕੇ ਸ਼ਾਮਲ ਹੋਣ ਲਈ ਲਾਮਬੰਦ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਭਰ ਤੋਂ ਜਲ ਸਪਲਾਈ ਵਰਕਰ ਆਪਣੇ ਪਰਵਾਰਾਂ ਸਮੇਤ ਸੰਗਰੂਰ ਧਰਨੇ ਵਿੱਚ ਸ਼ਾਮਲ ਹੋਣਗੇ।

## ਬੀ ਐੱਡ ਕਾਲਜ ਵਿਖੇ ਪ੍ਰੇਰਨਾਦਾਇਕ ਭਾਸ਼ਣ ਕਰਾਇਆ



ਸੰਗਰੂਰ (ਪ੍ਰਵੀਨ ਸਿੰਘ)-ਅਕਾਲ ਕਾਲਜ ਕੌਂਸਲ ਮਸਤੂਆਣਾ ਸਾਹਿਬ ਅਧੀਨ ਚੱਲ ਰਹੇ ਬੀ ਐੱਡ ਕਾਲਜ ਵਿਖੇ ਪ੍ਰੇਰਨਾਦਾਇਕ ਭਾਸ਼ਣ ਕਰਵਾਇਆ ਗਿਆ, ਜਿਸ ਵਿੱਚ ਜਸਵਿੰਦਰ ਸਿੰਘ ਖਾਲਸਾ ਇੰਗਲੈਂਡ ਨੇ ਵਿਦਿਆਰਥੀਆਂ ਨੂੰ ਆਪਣੇ ਨਿੱਜੀ ਜੀਵਨ ਦੀਆਂ ਉਦਾਹਰਨਾਂ ਦੇ ਕੇ ਚੰਗੇ ਇਨਸਾਨ ਬਣਨ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਜੇਕਰ ਵਿਦਿਆਰਥੀ ਆਪੋ ਆਪਣੇ ਧਰਮ ਵਿੱਚ ਰਹਿੰਦੇ ਹੋਏ ਕੇਵਲ 15 ਮਿੰਟ ਹੀ ਰੋਜ਼ਾਨਾ ਪ੍ਰਮਾਤਮਾ ਨੂੰ ਯਾਦ ਕਰਨ ਤਾਂ ਜ਼ਿੰਦਗੀ ਵਿੱਚ ਉਹ ਕਾਮਯਾਬ ਇਨਸਾਨ ਬਣ ਸਕਦੇ ਹਨ।ਉਨ੍ਹਾ ਕਿਹਾ ਕਿ ਹਰੇਕ ਬੱਚੇ ਦੇ ਸੁਪਨੇ ਵੱਡੇ ਹੋਣੇ ਚਾਹੀਦੇ ਹਨ ਤਾਂ ਹੀ ਵੱਡੀਆਂ ਪ੍ਰਾਪਤੀਆਂ ਹੋ ਸਕਦੀਆਂ ਹਨ।ਇਸ ਮੌਕੇ ਆਏ ਪਤਵੰਤੇ ਸੱਜਣਾਂ ਦਾ ਸਵਾਗਤ ਕਰਦੇ ਹੋਏ ਮੈਡਮ ਡਾ. ਰਮਨਦੀਪ ਕੌਰ ਨੇ ਕਿਹਾ ਕਿ ਖਾਲਸਾ ਜੀ ਨੇ ਸਾਡੇ ਨਿਮਾਣੇ ਜਿਹੇ ਸੱਦੇ 'ਤੇ ਕਾਲਜ ਵਿੱਚ ਹਾਜ਼ਰ ਹੋ ਕੇ ਵਿਦਿਆਰਥੀਆਂ ਨਾਲ ਵੱਡਮੁੱਲੇ ਵਿਚਾਰ ਸਾਂਝੇ ਕੀਤੇ ਹਨ।ਇਸ ਮੌਕੇ ਧਰਮ ਅਧਿਐਨ ਦੇ ਪ੍ਰੋਫੈਸਰ ਡਾ. ਗੁਰਦੀਪ ਸਿੰਘ ਨੇ ਖਾਲਸਾ ਜੀ ਦੀਆਂ ਗਤੀਵਿਧੀਆਂ ਤੋਂ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ।ਸ੍. ਰਾਜਵੀਰ ਸਿੰਘ (ਇੰਚਾਰਜ ਸੰਗਰੂਰ) ਨੇ ਕਿਹਾ ਕਿ ਜਸਵਿੰਦਰ ਸਿੰਘ ਦੀ ਸਰਪ੍ਰਸਤੀ ਹੇਠ ਚੱਲ ਰਹੇ ਐਜੂਕੇਟ ਪੰਜਾਬ ਪ੍ਰੋਜੈਕਟ ਰਾਹੀਂ 5500 ਲੋੜਵੰਦ ਵਿਦਿਆਰਥੀਆਂ ਨੂੰ ਵਿੱਤੀ ਸਕਾਲਰਸ਼ਿਪ ਵੀ ਦਿੱਤੀ ਜਾਂਦੀ ਹੈ ਅਤੇ ਸੰਸਥਾ ਵੱਲੋਂ ਪੰਜਾਬ ਵਿੱਚ 8 ਫਰੀ ਸਕੂਲਾਂ ਰਾਹੀਂ ਲੋੜਵੰਦ ਬੱਚਿਆਂ ਨੂੰ ਪੜ੍ਹਾਈ ਕਰਵਾਈ ਜਾ ਰਹੀ ਹੈ।ਡਾ. ਹਰਪਾਲ ਕੌਰ ਵੱਲੋਂ ਆਏ ਪਤਵੰਤੇ ਸੱਜਣਾਂ ਦਾ ਦਿਲ ਦੀਆਂ ਗਹਿਰਾਈਆਂ ਵਿੱਚੋਂ ਧੰਨਵਾਦ ਕੀਤਾ ਗਿਆ।ਇਸ ਮੌਕੇ ਸੰਸਥਾ ਦੇ ਜ਼ੋਨ ਇੰਚਾਰਜ ਰਣਜੀਤ ਕੌਰ, ਡਾ. ਸੁਖਪਾਲ ਸਿੰਘ, ਪ੍ਰਿੰ. ਜਸਪ੍ਰੀਤ ਸਿੰਘ ਗੁਰਮਤਿ ਕਾਲਜ, ਸਿਕੰਦਰ ਸਿੰਘ ਆਦਿ ਹਾਜ਼ਰ ਸਨ।

## ਮਾਛੀਵਾੜਾ ਸਾਹਿਬ ਫੁੱਟਬਾਲ ਸਮਰ ਲੀਗ ਕੋਟਾਲਾ ਢਾਹਾ ਨੇ ਜਿੱਤੀ



ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਮਾਛੀਵਾੜਾ ਸਾਹਿਬ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਸ੍ਰੀ ਚਰਨ ਕੰਵਲ ਸਾਹਿਬ ਸਪੋਰਟਸ ਐਂਡ ਵੈੱਲਫੇਅਰ ਕਲੱਬ ਵੱਲੋਂ ਫੁੱਟਬਾਲ ਸਮਰ ਲੀਗ ਕਰਵਾਈ ਗਈ, ਜਿਸ ਵਿੱਚ 18 ਤੋਂ ਵੱਧ ਟੀਮਾਂ ਨੇ ਭਾਗ ਲਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਲੱਬ ਦੇ ਪ੍ਰਧਾਨ ਜਸਪਾਲ ਸਿੰਘ ਜੱਜ ਨੇ ਦੱਸਿਆ ਕਿ ਫੁੱਟਬਾਲ ਸਮਰ ਲੀਗ ਦੌਰਾਨ ਜੂਨੀਅਰ ਤੇ ਸੀਨੀਅਰ ਵਰਗਾਂ ਦੇ ਮੁਕਾਬਲੇ ਕਰਵਾਏ ਗਏ। ਅੰਡਰ-16 ਵਰਗ ਦੇ ਮੁਕਾਬਲਿਆਂ 'ਚ 8 ਟੀਮਾਂ ਨੇ ਭਾਗ ਲਿਆ, ਜਿਸ ਦਾ ਫਾਈਨਲ ਮੁਕਾਬਲਾ ਮਾਛੀਵਾੜਾ ਸਾਹਿਬ ਤੇ ਬੂਥਗੜ੍ਹ ਵਿਚਕਾਰ ਖੇਡਿਆ ਗਿਆ। ]

ਇਸ ਮੁਕਾਬਲੇ 'ਚ ਮਾਛੀਵਾੜਾ ਸਾਹਿਬ ਦੀ ਟੀਮ ਨੇ 1 ਗੋਲ ਕੀਤਾ, ਜਦਕਿ ਬੂਥਗੜ੍ਹ ਦੀ ਟੀਮ 2 ਗੋਲ ਨਾਲ ਜੇਤੂ ਰਹੀ। ਸੀਨੀਅਰ ਵਰਗ ਵਿੱਚ 10 ਟੀਮਾਂ ਨੇ ਭਾਗ ਲਿਆ, ਜਿਸ ਦਾ ਫਾਈਨਲ ਮੁਕਾਬਲਾ ਕੋਟਾਲਾ ਢਾਹਾ ਤੇ ਰਹੀਮਾਬਾਦ ਦੇ ਖਿਡਾਰੀਆਂ ਵਿਚਕਾਰ ਹੋਇਆ। ਇਸ ਮੁਕਾਬਲੇ ਵਿੱਚ ਕੋਟਾਲਾ ਢਾਹਾ ਦੀ ਟੀਮ ਨੇ 3 ਗੋਲ ਕੀਤੇ, ਜਦਕਿ ਰਹੀਮਾਬਾਦ ਦੀ ਟੀਮ ਕੋਈ ਗੋਲ ਨਾ ਕਰ ਸਕੀ ਅਤੇ ਕੋਟਾਲਾ ਢਾਹਾ ਦੀ ਟੀਮ ਜੇਤੂ ਰਹੀ। ਜੇਤੂ ਖਿਡਾਰੀਆਂ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ। ਪ੍ਰਧਾਨ ਜਸਪਾਲ ਸਿੰਘ ਜੱਜ ਨੇ ਦੱਸਿਆ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਅਜਿਹੇ ਮੁਕਾਬਲੇ ਭਵਿੱਖ ਵਿੱਚ ਵੀ ਕਰਵਾਏ ਜਾਣਗੇ।

## ਸ਼ਹੀਦ ਬਾਬਾ ਰਾਮ ਸਿੰਘ ਦਾ ਸਾਲਾਨਾ ਤਿੰਨ ਰੋਜ਼ਾ ਜੋੜ ਮੇਲਾ 22 ਤੋਂ



ਮਜੀਠਾ (ਸੋਇਮ ਆਨੰਦ)-ਸ਼ਹੀਦ ਬਾਬਾ ਰਾਮ ਸਿੰਘ ਦਾ ਸਾਲਾਨਾ ਤਿੰਨ ਰੋਜ਼ਾ ਜੋੜ ਮੇਲਾ ਬਲਾਕ ਮਜੀਠਾ ਦੇ ਪਿੰਡ ਜਲਾਲਪੁਰ ਦੇ ਗੁਰਦੁਆਰਾ ਬਾਬਾ ਰਾਮ ਸਿੰਘ ਵਿਖੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ ਾਂ ਇਸ ਸਾਲ ਵੀ ਬੜੀ ਸ਼ਰਧਾ ਨਾਲ ਮਨਾਇਆ ਜਾ ਰਿਹਾ ਹੈ। ਇਸ ਮੌਕੇ ਸ੍ਰੀ ਰਹਿਰਾਸ ਸਾਹਿਬ ਜੀ ਦੇ ਭੋਗ ਤੋਂ ਉਪਰੰਤ ਖੁੱਲੇ ਪੰਡਾਲ ਵਿਚ ਗੁਰਮਤਿ ਸਮਾਗਮ ਕਰਵਾਇਆ ਜਾਵੇਗਾ ਜਿਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ 22 ਸਤੰਬਰ ਨੂੰ ਕਰਵਾਏ ਜਾ ਰਹੇ ਸਮਾਗਮ ਵਿੱਚ ਪੰਥ ਪ੍ਰਸਿੱਧ ਰਾਗੀ ਭਾਈ ਗੁਰਕੀਰਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਅਤੇ ਕਥਾਵਾਚਕ ਗਿਆਨੀ ਮਾਨ ਸਿੰਘ ਜੀ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸੇ ਤਰ ਾਂ ਹੀ 23 ਸਤੰਬਰ ਨੂੰ ਰਾਤ ਦੇ ਦਿਵਾਨ ਵਿੱਚ ਭਾਈ ਲਖਵਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਅਤੇ ਕਥਾਵਾਚਕ ਗਿਆਨੀ ਸੁਖਦੇਵ ਸਿੰਘ ਗੁਰ ਇਤਿਹਾਸ 'ਤੇ ਚਾਨਣਾ ਪਾਉਣਗੇ। ਉਨਾਂ ਦੱਸਿਆ ਕਿ 24 ਸਤੰਬਰ ਦਿਨ ਮੰਗਲਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਤੋਂ ਉਪਰੰਤ ਦਿਨ ਦੇ ਦਿਵਾਨ ਵਿੱਚ ਕੀਰਤਨੀ ਜਥਾ ਭਾਈ ਬਲਵਿੰਦਰ ਸਿੰਘ ਜਲਾਲਪੁਰ, ਕਵੀਸ਼ਰੀ ਭਾਈ ਰਣਜੀਤ ਸਿੰਘ, ਕਥਾਵਾਚਕ ਗਿਆਨੀ ਜਸਵੰਤ ਸਿੰਘ, ਕਵੀਸ਼ਰੀ ਭਾਈ ਦਲਬੀਰ ਸਿੰਘ ਜੋਹੜ ਸਿੰਘ ਵਾਲਾ ਅਤੇ ਢਾਡੀ ਜੱਥਾ ਭਾਈ ਸਰੂਪ ਸਿੰਘ ਕਡਿਆਲਾ ਦੇ ਜਥਿਆਂ ਵੱਲੋਂ ਗੁਰਬਾਣੀ, ਸਿੱਖ ਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ। ਇਸ ਮੌਕੇ ਗੁਰੂ ਕਾ ਅਤੁੱਟ ਲੰਗਰ ਵੀ ਵਰਤਾਇਆ ਜਾਵੇਗਾ। ਮਾਝਾ ਅਤੇ ਮਾਲਵਾ ਕਲੱਬਾਂ ਦੀਆਂ ਟੀਮਾਂ ਵਿਚਕਾਰ ਕਬੱਡੀ ਦੇ ਸ਼ੋਅ ਮੈਚ ਵੀ ਕਰਵਾਏ ਜਾਣਗੇ।

## ਨਵੇਂ ਸ਼ੈਸ਼ਨ ਦੀ ਆਰੰਭਤਾ 'ਤੇ ਕਰਾਇਆ ਸੁਖਮਨੀ ਸਾਹਿਬ ਦਾ ਪਾਠ

ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ) ਬਾਬਾ ਫ਼ਰੀਦ ਲਾਅ ਕਾਲਜ ਵਿੱਚ ਮਾਨਯੋਗ ਚੇਅਰਮੈਨ ਸਵ. ਇੰਦਰਜੀਤ ਸਿੰਘ ਖਾਲਸਾ ਦੀ ਚਲਾਈ ਰੀਤ ਨੂੰ ਅੱਗੇ ਵਧਾਉਂਦੇ ਹੋਏ ਸਿਮਰਜੀਤ ਸਿੰਘ ਸੇਖੋਂ ਦੀ ਰਹਿਨੁਮਾਈ ਤੇ ਪ੍ਰਿੰਸੀਪਲ ਡਾ. ਪੰਕਜ ਕੁਮਾਰ ਗਰਗ ਦੀ ਅਗਵਾਈ ਹੇਠ ਹਰ ਸਾਲ ਦੀ ਤਰ੍ਹਾਂ ਨਵੇਂ ਵਿਦਿਆਰਥੀਆਂ ਦੀ ਆਮਦ ਨੂੰ ਮੁੱਖ ਰੱਖਦੇ ਹੋਏ ਨਵੇਂ ਸੈਸ਼ਨ 2024-25 ਦੀ ਆਰੰਭਤਾ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਨਾਲ ਕੀਤੀ ਗਈ। ਇਸ ਮੌਕੇ ਕਾਲਜ ਦੇ ਸਮੂਹ ਵਿਦਿਆਰਥੀਆਂ ਤੇ ਸਟਾਫ਼ ਨੇ ਹਾਜ਼ਰੀ ਭਰੀ।

ਇਸ ਮੌਕੇ ਸੁਰਿੰਦਰ ਸਿੰਘ ਰੋਮਾਣਾ, ਦੀਪਇੰਦਰ ਸਿੰਘ ਸੇਖੋਂ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ। ਇਸ ਮੌਕੇ ਸੁਰਿੰਦਰ ਸਿੰਘ ਰੋਮਾਣਾ ਨੇ ਕਿਹਾ ਕਿ ਲਾਅ ਕਾਲਜ ਨੂੰ ਚੱਲਦਿਆਂ 21 ਸੈਸ਼ਨ ਹੋ ਗਏ ਹਨ, ਪਹਿਲਾ ਸੈਸ਼ਨ 2004 ਤੋਂ ਸ਼ੁਰੂ ਹੋਇਆ ਸੀ। ਉਨ੍ਹਾਂ ਵਿਦਿਆਰਥੀਆਂ ਨੂੰ ਜੀਅ-ਜਾਨ ਨਾਲ ਵਿੱਦਿਆ ਹਾਸਲ ਕਰਨ ਦੀ ਪ੍ਰੇਰਣਾ ਦਿੱਤੀ। ਪ੍ਰਿੰਸੀਪਲ ਡਾ. ਪੰਕਜ ਕੁਮਾਰ ਗਰਗ ਨੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾਂ ਕਿਹਾ ਕਿ ਕਾਲਜ ਦੇ ਵਿਦਿਆਰਥੀਆਂ ਨੂੰ ਪਹਿਲਾਂ ਦੀ ਤਰ੍ਹਾਂ ਉਨ੍ਹਾਂ ਦੇ ਮੁਕਾਮ 'ਤੇ ਪਹੁੰਚਣ ਲਈ ਹਰ ਸਹੂਲਤ ਦਿੱਤੀ ਜਾਵੇਗੀ।

## ਬੜੀ ਸ਼ਰਧਾ ਨਾਲ ਮਨਾਇਆ ਬਾਬਾ ਸ੍ਰੀ ਚੰਦ ਜੀ ਦਾ ਜਨਮ ਦਿਹਾੜਾ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵੱਡੇ ਸਪੁੱਤਰ ਭਗਵਾਨ ਬਾਬਾ ਸ੍ਰੀ ਚੰਦ ਜੀ ਦਾ 530ਵਾਂ ਜਨਮ ਦਿਹਾੜਾ ਬਜ਼ਾਰ ਜੌੜੀਆਂ ਵਾਲਾ ਸਥਿਤ ਭਗਵਾਨ ਬਾਬਾ ਸ੍ਰੀ ਚੰਦ ਆਸ਼ਰਮ ਵਿਖੇ ਡੇਰੇ ਦੇ ਮੁੱਖ ਸੇਵਾਦਾਰ ਬਾਬਾ ਮੰਗਲ ਦਾਸ ਦੀ ਰਹਿਨੁਮਾਈ ਹੇਠ ਮਹੰਤ ਚੇਤਨ ਦਾਸ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ ।ਇਸ ਮੌਕੇ ਪਹਿਲਾਂ ਤੋਂ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪੈਣ ਉਪਰੰਤ ਭਾਈ ਮਨਜਿੰਦਰ ਸਿੰਘ, ਭਾਈ ਮਨਜਿੰਦਰ ਸਿੰਘ, ਭਾਈ ਜਸਵਿੰਦਰ ਸਿੰਘ ਧਾਰੋਵਾਲੀ ਹਜ਼ੂਰੀ ਰਾਗੀ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਦੇ ਕੀਰਤਨੀ ਜਥੇ ਵੱਲੋਂ ਗੁਰਬਾਣੀ ਦਾ ਇਲਾਹੀ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ ।ਇਸ ਮੌਕੇ ਭਾਈ ਮਲੂਕ ਸਿੰਘ, ਭਾਈ ਸਵਿੰਦਰ ਸਿੰਘ ਤੇ ਭਾਈ ਤਰਸੇਮ ਸਿੰਘ ਪੱਖੋਕੇ ਮਹਿਮਾਰਾ ਦੇ ਕਵੀਸ਼ਰੀ ਜਥੇ ਵੱਲੋਂ ਭਗਵਾਨ ਬਾਬਾ ਸ੍ਰੀ ਚੰਦਰ ਜੀ ਦਾ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ ।ਇਸ ਮੌਕੇ ਮਹੰਤ ਬਾਬਾ ਮੰਗਲ ਦਾਸ, ਮਹੰਤ ਬਾਬਾ ਚੇਤਨ ਦਾਸ ਅਤੇ ਸਮੂਹ ਸੰਗਤਾਂ ਵੱਲੋਂ ਬਾਬਾ ਸ੍ਰੀ ਚੰਦ ਜੀ ਦਾ ਆਰਤਾ ਗਾਇਨ ਕੀਤਾ ਗਿਆ। ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਮਹੰਤ ਸਤਨਾਮ ਸਿੰਘ ਉਦਾਸੀ ਗੁਰਦੁਆਰਾ ਅਕਾਲ ਮੰਡਲ ਲੁਧਿਆਣਾ ਵੱਲੋਂ ਬਾਬਾ ਸ੍ਰੀ ਚੰਦ ਜੀ ਦਾ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ ।ਇਸ ਮੌਕੇ ਮਹੰਤ ਬਾਬਾ ਮੰਗਲ ਦਾਸ, ਮਹੰਤ ਚੇਤਨ ਦਾਸ, ਬਾਬਾ ਰਜਿੰਦਰ ਸਿੰਘ ਬੇਦੀ, ਬਾਬਾ ਭੁਪਿੰਦਰ ਸਿੰਘ ਗੰਥੀ, ਸਰਪੰਚ ਪਲਵਿੰਦਰ ਸਿੰਘ, ਪੂਰਨ ਸਿੰਘ ਸਾਲੇਚੱਕ, ਪ੍ਰੇਮ ਨਾਥ, ਪ੍ਰਭਪ੍ਰੀਤ ਸਿੰਘ, ਗੁਰਸ਼ਬਦ ਸਿੰਘ, ਜਾਗੀਰ ਸਿੰਘ, ਸਾਬ ਸਿੰਘ, ਸੁਰਜੀਤ ਸਿੰਘ ਘਈ, ਮਾਸਟਰ ਪ੍ਰੀਤਮ ਸਿੰਘ, ਸੁਖਦੇਵ ਸਿੰਘ ਟੈਟ ਵਾਲੇ, ਕਾਨੂੰਗੋ ਦੇਸ ਰਾਜ, ਡਾ: ਗੁਰਦੇਵ ਸਿੰਘ ਹੈਪੀ, ਲੱਕੀ ਚੰਦੂਨੰਗਲ, ਗੁਰਪਾਲ ਸਿੰਘ ਰੱਤਾ, ਮਾਸਟਰ ਜੋਗਿੰਦਰ ਸਿੰਘ, ਵਿਸ਼ਾਲ ਕੁਮਾਰ, ਗੁਰਸ਼ਰਨ ਸਿੰਘ ਤੋਂ ਇਲਾਵਾ ਡੇਰਾ ਬਾਬਾ ਨਾਨਕ ਤੇ ਪਿੰਡ ਸ਼ਾਹਪੁਰ ਗੋਰਾਇਆ ਦੀਆਂ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ ।ਇਸ ਮੌਕੇ ਪ੍ਰਬੰਧਕਾਂ ਵਲੋ ਅਤੁੱਟ ਲੰਗਰ ਭੰਡਾਰਾ ਵਰਤਾਇਆ ਗਿਆ ।



## ਐੱਚ ਡੀ ਐੱਫ ਸੀ ਬੈਂਕ ਦਾ 5 ਲੱਖ ਸੀਮਾਂਤ ਕਿਸਾਨਾਂ ਦੀ ਆਮਦਨ ਵਧਾਉਣ ਦਾ ਟੀਚਾ

ਜਲੰਧਰ:ਐਚਡੀਐਫਸੀ ਬੈਂਕ ਨੇ ਆਪਣੀ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ ਪਹਿਲਕਦਮੀ ਪਰਿਵਰਤਨ ਤਹਿਤ 2025 ਤੱਕ 60,000 ਰੁਪਏ ਸਾਲਾਨਾ ਤੋਂ ਘੱਟ ਆਮਦਨ ਵਾਲੇ 5 ਲੱਖ ਸੀਮਾਂਤ ਕਿਸਾਨਾਂ ਦੀ ਆਮਦਨ ਵਧਾਉਣ ਦਾ ਟੀਚਾ ਰੱਖਿਆ ਹੈ।ਇਹ ਘੋਸ਼ਣਾ ਉਦੋਂ ਆਈ ਹੈ ਜਦੋਂ ਬੈਂਕ ਤਬਦੀਲੀ ਦੇ 10 ਸਾਲਾਂ ਦਾ ਜਸ਼ਨ ਮਨਾ ਰਿਹਾ ਹੈ, ਜਿਸ ਨੇ ਪਹਿਲਾਂ ਹੀ ਪੂਰੇ ਭਾਰਤ ਵਿੱਚ 10 ਕਰੋੜ ਤੋਂ ਵੱਧ ਲੋਕਾਂ ਦੇ ਜੀਵਨ ਤੇ ਸਾਕਾਰਾਤਮਕ ਪ੍ਰਭਾਵ ਪਾਇਆ ਹੈ।ਦਿਹਾਤੀ ਵਿਕਾਸ ਤੇ ਬੈਂਕ ਦਾ ਫੋਕਸ ਟਿਕਾਊ ਵਿਕਾਸ ਅਤੇ ਕਮਜ਼ੋਰ ਭਾਈਚਾਰਿਆਂ ਦੇ ਉਥਾਨ ਨੂੰ ਉਤਸ਼ਾਹਿਤ ਕਰਨ ਲਈ ਲਗਾਤਾਰ ਵਚਨਬੱਧਤਾ ਨੂੰ ਦਰਸਾਉਂਦਾ ਹੈ।ਕੈਜ਼ਾਦ ਐਮ ਭਰੂਚਾ, ਡਿਪਟੀ ਮੈਨੇਜਿੰਗ ਡਾਇਰੈਕਟਰ, ਐੱਚਡੀਐੱਫਸੀ ਬੈਂਕ ਨੇ ਕਿਹਾ ਕਿ ਵਪਾਰਕ ਪ੍ਰਦਰਸ਼ਨ ਨੂੰ ਮੁਨਾਫਾ ਕਮਾਉਣ ਵਾਲੇ ਉਦਮਾਂ ਲਈ ਮੁੜ ਪਰਿਭਾਸ਼ਿਤ ਕੀਤਾ ਗਿਆ ਹੈ, ਜੋ ਕਿ ਸਮਾਜ ਨੂੰ ਵਾਪਸ ਦੇਣ ਦੇ ਨਾਲ ਵਪਾਰਕ ਪ੍ਰਦਰਸ਼ਨ ਦਾ ਇੱਕ ਅਨਿੱਖੜਵਾਂ ਅੰਗ ਹੈ।

## ਸੰਸਾਰ ਪੱਧਰੀ ਸਹਿਕਾਰਤਾ ਸਮਾਗਮ -2024 ਦਾ ਆਯੋਜਨ ਭਾਰਤ 'ਚ

ਲੁਧਿਆਣਾ :ਅੰਤਰਰਾਸ਼ਟਰੀ ਸਹਿਕਾਰੀ ਗਠਜੋੜ ਦੇ 130 ਵਰੇ ਦੇ ਲੰਮੇਂ ਇਤਿਹਾਸ 'ਚ ਪਹਿਲੀ ਵਾਰ ਇਫਕੋ ਦੀ ਪਹਿਲ ਤੇ ਭਾਰਤ ਦੁਆਰਾ ਆਈਸੀਏ ਮਹਾਂ ਸਭਾ ਅਤੇ ਸੰਸਾਰ ਪੱਧਰੀ ਸਹਿਕਾਰਤਾ ਸਮਾਗਮ ਦੀ ਮੇਜ਼ਬਾਨੀ ਕੀਤੀ ਜਾਵੇਗੀ।ਆਈਸੀਏ ਨਿਰਦੇਸ਼ਕ ਮੰਡਲ ਦੀ 28 ਜੂਨ, 2023 ਦੀ ਬਰੱਸਲ 'ਚ ਆਯੋਜਿਤ ਬੈਠਕ ਦੇ ਦੌਰਾਨ ਇਫਕੋ ਨੇ ਆਈਸੀਏ ਮਹਾਂ ਸਭਾ ਅਤੇ ਸੰਸਾਰ ਪੱਧਰੀ ਸਮਾਗਮ ਦੀ ਮੇਜ਼ਬਾਨੀ ਭਾਰਤ 'ਚ ਕਰਨ ਦਾ ਮਤਾ ਰੱਖਿਆ ਸੀ ਜਿਸਨੂੰ ਨਿਰਦੇਸ਼ਕ ਮੰਡਲ ਦੇ ਮੈਂਬਰਾਂ ਨੇ ਆਦਰ ਸਹਿਤ ਮਨਜ਼ੂਰ ਕਰ ਲਿਆ।ਮਾਨਯੋਗ ਸਹਿਕਾਰਤਾ ਮੰਤਰੀ, ਭਾਰਤ ਸਰਕਾਰ ਅਮਿਤ ਸ਼ਾਹ ਦੀ ਮਾਣਮੱਤੀ ਮੌਜੂਦਗੀ 'ਚ 25 ਨਵੰਬਰ 20 ਨੂੰ ਸ਼ਾਮੀਂ 3 ਵਜੇ ਪ੍ਰੋਗਰਾਮ ਦੀ ਸ਼ੁਰੂਆਤ ਹੋਵੇਗੀ।ਜੇਰੋਨ ਡਗਲਸ ਮਹਾਨਿਰਦੇਸ਼ਕ-ਆਈਸੀਏ ਨੇ ਪ੍ਰੈੱਸ ਨੂੰ ਸੂਚਿਤ ਕੀਤਾ ਹੈ ਕਿ 25 ਤੋਂ 30 ਨਵੰਬਰ 2024 ਤੱਕ ਭਾਰਤ ਮੰਡਪਮ ਆਈਟੀਪੀਓ ਪ੍ਰਗਤੀ ਮੈਦਾਨ ਨਵੀਂ ਦਿੱਲੀ 'ਚ ਆਯੋਜਿਤ ਇਸ ਪ੍ਰੋਗਰਾਮ ਦਾ ਵਿਸ਼ਾ ਹੋਵੇਗਾ 'ਸਹਿਕਾਰਿਤਾ: ਸਬਕੀ ਸਮਰਿਧੀ ਦਾ ਦੁਆਰ'।

## ਬੰਦ ਪਏ 10 ਆਰ ਓ ਪਲਾਂਟ ਚਾਲੂ ਕਰਵਾਏ : ਕਾਰਜਕਾਰੀ ਇੰਜੀਨੀਅਰ

### ਬਾਕੀ ਰਹਿੰਦੇ ਆਰ ਓ ਪਲਾਂਟ ਵੀ ਜਲਦ ਕਰਵਾਏ ਜਾਣਗੇ ਸ਼ੁਰੂ

ਮਾਨਸਾ/ਬਰੇਟਾ/ਬੁਢਲਾਡਾ, (ਆਤਮਾ ਸਿੰਘ ਪਮਾਰ/ਗੋਬਿੰਦ ਸ਼ਰਮਾ/ਅਸ਼ੋਕ ਲਾਕੜਾ)-ਕਾਰਜਕਾਰੀ ਇੰਜੀਨੀਅਰ ਜਲ ਸਪਲਾਈ ਤੇ ਸੈਨੀਟੇਸ਼ਨ ਮੰਡਲ ਨੰਬਰ-2 ਮਾਨਸਾ ਕੇਵਲ ਕੁਮਾਰ ਨੇ ਦੱਸਿਆ ਕਿ ਬਲਾਕ ਬੁਢਲਾਡਾ ਅਧੀਨ 59 ਨੰਬਰ ਜਲ ਸਪਲਾਈ ਸਕੀਮਾਂ ਰਾਹੀਂ 82 ਪਿੰਡਾਂ ਨੂੰ ਪਾਣੀ ਦੀ ਸਪਲਾਈ ਦਿੱਤੀ ਜਾ ਰਹੀ ਹੈ। ਇਨ੍ਹਾਂ ਜਲ ਸਪਲਾਈ ਸਕੀਮਾਂ ਨੂੰ ਹੋਰ ਬਿਹਤਰ ਬਣਾਉਣ ਲਈ ਰੋਜ਼ਾਨਾ ਦੇ ਆਧਾਰ 'ਤੇ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਦੇ ਲਈ ਤਖ਼ਮੀਨੇ ਤਿਆਰ ਕਰਕੇ ਉੱਚ ਅਧਿਕਾਰੀਆਂ ਨੂੰ ਭੇਜੇ ਹੋਏ ਹਨ। ਉਨ੍ਹਾਂ ਦੱਸਿਆ ਕਿ ਫੰਡਜ਼ ਦੀ ਪ੍ਰਾਪਤੀ ਹੋਣ 'ਤੇ ਹੋਰ ਲੋੜੀਂਦੇ ਕੰਮ ਵੀ ਕਰਵਾਏ ਜਾਣਗੇ।

ਕੇਵਲ ਕੁਮਾਰ ਨੇ ਦੱਸਿਆ ਕਿ ਬਲਾਕ ਬੁਢਲਾਡਾ ਅਧੀਨ ਕੁੱਲ 81 ਆਰ.ਓ. ਪਲਾਂਟ ਆਉਂਦੇ ਹਨ, ਜਿਨ੍ਹਾਂ ਵਿੱਚੋਂ 20 ਆਰ.ਓ. ਪਲਾਂਟ ਚਲ ਰਹੇ ਹਨ ਤੇ 61 ਆਰ.ਓ. ਪਲਾਂਟ ਬੰਦ ਸਨ। ਉਨ੍ਹਾਂ ਦੱਸਿਆ ਕਿ ਆਰ.ਓ. ਪਲਾਂਟ ਬੰਦ ਹੋਣ ਦਾ ਮੁੱਖ ਕਾਰਨ ਲੋਕਾਂ ਵੱਲੋਂ ਕੁਨੈਕਸ਼ਨ ਨਾ ਲੈਣਾ ਸੀ। ਇਸ ਦੇ ਬਾਵਜੂਦ ਵਿਭਾਗ ਵੱਲੋਂ ਇਨ੍ਹਾਂ ਬੰਦ ਪਏ ਆਰ.ਓ. ਪਲਾਂਟਾਂ ਨੂੰ ਚਾਲੂ ਕਰਨ ਲਈ ਤਖ਼ਮੀਨੇ ਤਿਆਰ ਕਰਕੇ ਉੱਚ ਦਫ਼ਤਰ ਨੂੰ ਭੇਜੇ ਗਏ, ਜਿਸ ਦੇ ਸਿੱਟੇ ਵਜੋਂ 61 ਬੰਦ ਪਏ ਆਰ.ਓ. ਪਲਾਂਟਾਂ ਵਿੱਚੋਂ 10 ਆਰ.ਓ. ਪਲਾਂਟ ਚਾਲੂ ਕਰਵਾ ਦਿੱਤੇ ਗਏ ਹਨ। ਬਾਕੀ ਰਹਿੰਦੇ ਆਰ.ਓ. ਪਲਾਂਟ ਵੀ ਜਲਦੀ ਹੀ ਫ਼ੰਡਜ਼ ਦੀ ਪ੍ਰਾਪਤੀ ਹੋਣ 'ਤੇ ਚਾਲੂ ਕਰਵਾ ਦਿੱਤੇ ਜਾਣਗੇ।

ਕਾਰਜਕਾਰੀ ਇੰਜੀਨੀਅਰ ਨੇ ਦੱਸਿਆ ਕਿ ਸੰਵਿਧਾਨ ਦੀ 73ਵੀਂ ਸੋਧ ਅਨੁਸਾਰ ਜੋ ਜਲ ਸਪਲਾਈ ਸਕੀਮਾਂ ਪੰਚਾਇਤਾਂ ਅਧੀਨ ਆਉਂਦੀਆਂ ਹਨ, ਉਨ੍ਹਾਂ ਜਲ ਸਪਲਾਈ ਸਕੀਮਾਂ ਦੀ ਸਾਂਭ ਸੰਭਾਲ ਸਬੰਧਤ ਪਿੰਡ ਦੀ ਗ੍ਰਾਮ ਪੰਚਾਇਤ ਤੇ ਸੈਨੀਟੇਸ਼ਨ ਕਮੇਟੀ (ਜੀ.ਪੀ.ਡਬਲਿਊ.ਐੱਸ.ਸੀ.) ਵੱਲੋਂ ਆਪਣੇ ਪੱਧਰ 'ਤੇ ਕੀਤੀ ਜਾਂਦੀ ਹੈ। ਸਬੰਧਤ ਜੀ.ਪੀ.ਡਬਲਿਊ.ਐੱਸ.ਸੀ. ਵੱਲੋਂ ਜਲ ਸਪਲਾਈ ਸਕੀਮ ਦੇ ਪਾਣੀ ਦੇ ਬਿਲਾਂ ਦੇ ਰੂਪ ਵਿੱਚ ਪ੍ਰਾਪਤ ਰੈਵੀਨਿਊ ਦੀ ਰਕਮ ਵਿੱਚੋਂ ਹੀ ਜਲ ਸਪਲਾਈ ਸਕੀਮ ਦੀ ਸਾਂਭ-ਸੰਭਾਲ 'ਤੇ ਖਰਚ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ 15ਵੇਂ ਵਿੱਤ ਕਮਿਸ਼ਨ ਦੀ ਟਾਈਡ ਗ੍ਰਾਂਟ ਵੀ ਸਬੰਧਤ ਕਮੇਟੀ ਵੱਲੋਂ ਵਾਟਰ ਵਰਕਸ ਦੇ ਕੰਮਾਂ ਲਈ ਹੀ ਵਰਤੀ ਜਾਂਦੀ ਹੈ।


**PKF FINANCE LTD.**
Trusted Since 1958
Registered Office: 'Balbir Tower' Namdev Chowk, G.T. Road, Jalandhar www.pkffinance.com

**31ਵੀਂ ਸਾਲਾਨਾ ਆਮ ਮੀਟਿੰਗ ਦਾ ਨੋਟਿਸ**

ਪਿਆਰੇ ਸ਼ੇਅਰਧਾਰਕ,

ਇਹ ਤੁਹਾਨੂੰ ਸਾਰਿਆਂ ਨੂੰ ਸੂਚਿਤ ਕਰਨ ਲਈ ਹੈ ਕਿ ਕੰਪਨੀ ਐਕਟ, 1956 ਦੇ ਤਹਿਤ ਸ਼ਾਮਲ ਕੰਪਨੀ PKF ਫਾਈਨਾਂਸ ਲਿਮਿਟਿਡ (CIN: U65921PB1994PLC014314) ਦੇ ਸ਼ੇਅਰਧਾਰਕਾਂ ਦੀ 31ਵੀਂ ਸਲਾਨਾ ਆਮ ਮੀਟਿੰਗ (AGM)–

ਸੋਮਵਾਰ, 23 ਸਤੰਬਰ, 2024 ਸਵੇਰੇ 10.30 ਵਜੇ (IST)

ਕਾਰਪੋਰੇਟ ਮਾਮਲਿਆਂ ਦੇ ਮੰਤਰਾਲੇ ("MCA") ਦੁਆਰਾ ਜਾਰੀ ਦਿਸ਼ਾ-ਨਿਰਦੇਸ਼ਾਂ ਹਵਾਲਾ ਜਨਰਲ ਸਰਕੂਲਰ ਨੰਬਰ 14/2020 ਮਿਤੀ 08 ਅਪ੍ਰੈਲ, 2020, ਸਰਕੂਲਰ ਦੁਆਰਾ ਨੰ. 17/2020 ਮਿਤੀ 13 ਅਪ੍ਰੈਲ, 2020, ਸਰਕੂਲਰ ਨੰ. 02/2022 ਮਿਤੀ 05 ਮਈ, 2022, ਸਰਕੂਲਰ ਨੰ. 10/2022 ਮਿਤੀ 28 ਦਸੰਬਰ, 2022 ਅਤੇ ਸਰਕੂਲਰ ਨੰ. 09/2023 ਮਿਤੀ 25 ਸਤੰਬਰ, 2023 ") ਦੀ ਪਾਲਣਾ ਵਿੱਚ ਵੀਡੀਓ ਕਾਨਫਰੰਸਿੰਗ ("VC") / ਹੋਰ ਆਡੀਓ ਵਿਜ਼ੂਅਲ ਸਾਧਨ ("OAVM") ਦੀ ਸਹੂਲਤ ਦੁਆਰਾ ਕਰਨ ਜਾ ਰਹੀ ਹੈ।

ਇਸ ਦਾ ਨੋਟਿਸ ਪਹਿਲਾਂ ਹੀ ਇਲੈਕਟ੍ਰਾਨਿਕ ਮੋਡ ਰਾਹੀਂ ਕੰਪਨੀ ਦੇ ਉਨ੍ਹਾਂ ਸਾਰੇ ਸ਼ੇਅਰਧਾਰਕਾਂ ਨੂੰ ਭੇਜਿਆ ਜਾ ਚੁੱਕਾ ਹੈ ਜਿਨ੍ਹਾਂ ਦੇ ਈ-ਮੇਲ ਪਤੇ ਕੰਪਨੀ ਜਾਂ ਡਿਪਾਜ਼ਟਰੀ ਭਾਗੀਦਾਰਾਂ ਨਾਲ ਰਜਿਸਟਰਡ ਹਨ ਅਤੇ ਹੋਰਾਂ ਨੂੰ ਸਪੀਡ ਪੋਸਟ/ਕੁਰੀਅਰ ਰਾਹੀਂ। AGM ਦਾ ਨੋਟਿਸ ਅਤੇ ਵਿੱਤੀ ਸਾਲ 2023-24 ਦੀ ਸਾਲਾਨਾ ਰਿਪੋਰਟ ਵੀ ਕੰਪਨੀ ਦੀ ਵੈੱਬਸਾਈਟ www.pkffinance.com 'ਤੇ ਉਪਲਬਧ ਕਰਵਾਈ ਗਈ ਹੈ।

ਮੀਟਿੰਗ ਲਿੰਕ ਲਈ, ਕਿਰਪਾ ਕਰਕੇ: cs@pkffinance.com ਤੇ ਈਮੇਲ ਕਰੋ ਜਾਂ ਮੋਬਾਈਲ ਨੰਬਰ 9779812090 ਤੇ ਸੰਪਰਕ ਕਰੋ।

ਮਿਤੀ: ਸਤੰਬਰ 17th 2024
ਸਥਾਨ: ਜਲੰਧਰ

PKF ਫਾਈਨੈਂਸ ਲਿਮਿਟੇਡ ਲਈ
ਐੱਸ ਡੀ/-
ਕੰਪਨੀ ਸਕੱਤਰ



YES BANK
Regd. Office: YES BANK House, Off Western Express Highway, Santacruz (East), Mumbai – 400055
Branch Office: YES BANK LIMITED. Plot No. 1/9, Patel Nagar (West) New Delhi-110008 website: www.yesbank.in

**ਅਚੱਲ ਜਾਇਦਾਦ ਦੀ ਵਿਕਰੀ ਲਈ ਵਿਕਰੀ ਨੋਟਿਸ**

ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਓਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਓਰਿਟੀ ਇੰਟਰੈਸਟ ਐਕਟ, 2002 ਤਹਿਤ ਅਚੱਲ ਐੱਸਟਸ ਦੀ ਵਿਕਰੀ ਲਈ ਈ-ਨਿਲਾਮੀ ਵਿਕਰੀ ਨੋਟਿਸ।

ਆਮ ਜਨਤਾ ਅਤੇ ਖਾਸ ਕਰਕੇ ਕਰਜ਼ਦਾਰ (ਕਰਜ਼ਦਾਰਾਂ) ਅਤੇ ਗਰੰਟਰ (ਗਰੰਟਰਾਂ) ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਓਰਡ ਕ੍ਰੈਡਿਟਰ ਕੋਲ ਰਹਿਣ/ਚਾਰਜਡ ਹੇਠਾਂ ਦਰਸਾਈ ਅਚੱਲ ਜਾਇਦਾਦ, ਜਿਸ ਦਾ ਯੈੱਸ ਬੈਂਕ ਲਿਮਿਟਡ ਦੇ ਅਧਿਕਾਰਤ ਅਫਸਰ ਅਰਥਾਤ ਸਕਿਓਰਡ ਕ੍ਰੈਡੀਟਰ ਵੱਲੋਂ ਭੌਤਿਕ ਕਬਜ਼ਾ ਪ੍ਰਾਪਤ ਕੀਤਾ ਜਾ ਚੁੱਕਾ ਹੈ ਕਿ ਸਕਿਓਰਡ ਕ੍ਰੈਡਿਟਰ ਵੱਲੋਂ (1) ਮੈਸਰਜ਼ ਏ ਸੀ ਸੀ ਸਟਰੱਕਚਰ ਰਾਹੀਂ ਇਸ ਦੇ ਮਾਲਕ ਸ੍ਰੀ ਸਾਰੰਗ ਸ਼ਰਮਾ ਪੁੱਤਰ ਸ੍ਰੀ ਬੰਦੀ ਲਾਲ ਸ਼ਰਮਾ ਪਤਾ : ਐੱਫ 278, ਫੇਜ਼ 8, ਫੋਕਲ ਪੁਆਇੰਟ ਲੁਧਿਆਣਾ-141010, ਪਤਾ : ਮਕਾਨ ਨੰ. ਐੱਚ ਆਈ ਜੀ. 1156 ਸੈਕਟਰ-40 ਨੇੜੇ ਬਾਬਾ ਜਸਵੰਤ ਡੈਂਟਲ ਕਾਲਜ ਜਮਾਲਪੁਰ, ਫੋਕਲ ਪੁਆਇੰਟ, ਲੁਧਿਆਣਾ-141010 ("ਕਰਜ਼ਦਾਰ") (2) ਸ੍ਰੀ ਸਾਰੰਗ ਸ਼ਰਮਾ ਪੁੱਤਰ ਸ੍ਰੀ ਬੰਦੀ ਲਾਲ ਸ਼ਰਮਾ ਪਤਾ : ਮਕਾਨ ਨੰ. ਐੱਚ ਆਈ ਜੀ. 1156 ਸੈਕਟਰ-40 ਨੇੜੇ ਬਾਬਾ ਜਸਵੰਤ ਡੈਂਟਲ ਕਾਲਜ ਜਮਾਲਪੁਰ, ਫੋਕਲ ਪੁਆਇੰਟ, ਲੁਧਿਆਣਾ-141010 ("ਸਹਿ-ਕਰਜ਼ਦਾਰ ਅਤੇ ਗਰੰਟਰ") (3) ਅਮੀਸ਼ਾ ਸ਼ਰਮਾ ਪਤਨੀ ਸਾਰੰਗ ਸ਼ਰਮਾ ਪਤਾ : ਮਕਾਨ ਨੰ. ਐੱਚ ਆਈ ਜੀ. 1156 ਸੈਕਟਰ-40 ਨੇੜੇ ਬਾਬਾ ਜਸਵੰਤ ਡੈਂਟਲ ਕਾਲਜ ਜਮਾਲਪੁਰ, ਫੋਕਲ ਪੁਆਇੰਟ, ਲੁਧਿਆਣਾ-141010 ("ਸਹਿ-ਕਰਜ਼ਦਾਰ/ਰਹਿਣਕਾਰ ਅਤੇ ਗਰੰਟਰ") ਤੋਂ ਠੇਕਾ ਦਰ ਅਤੇ ਹੋਰ ਵਿਆਜ ਅਤੇ ਖਰਚਿਆਂ ਸਮੇਤ ਮਿਤੀ 23 ਮਈ 2023 ਨੂੰ ਬਕਾਇਆ ਨਿਕਲਦੀ ਰਕਮ ਰੁਪਏ 7046760.81/- (ਰੁਪਏ ਸੱਤਰ ਲੱਖ ਛਿਆਲੀ ਹਜ਼ਾਰ ਸੱਤ ਸੌ ਸੱਠ ਅਤੇ ਇਕਾਸੀ ਪੈਸੇ ਕੇਵਲ) ਦੀ ਵਸੂਲੀ ਲਈ ਮਿਤੀ 18 ਅਕਤੂਬਰ 2024 ਨੂੰ "ਜਿਵੇਂ ਹੈ ਜਿੱਥੇ ਹੈ", "ਜੋ ਵੀ ਹੈ ਜਿਵੇਂ ਹੈ" ਦੇ ਅਧਾਰ 'ਤੇ ਵਿਕਰੀ ਕੀਤੀ ਜਾਵੇਗੀ।

ਰਾਖਵੀਂ ਕੀਮਤ ਰੁਪਏ 6522620/- (ਰੁਪਏ ਪੈਂਹਠ ਲੱਖ ਬਾਈ ਹਜ਼ਾਰ ਛੇ ਸੌ ਵੀਹ ਰੁਪਏ ਕੇਵਲ) ਹੋਵੇਗੀ ਅਤੇ ਬਿਆਨਾ ਰਕਮ ਰੁਪਏ 652262/- (ਰੁਪਏ ਛੇ ਲੱਖ ਬਵੰਜਾ ਹਜ਼ਾਰ ਦੋ ਸੌ ਬਾਹਠ ਕੇਵਲ) ਹੋਵੇਗੀ।

**ਜਾਇਦਾਦ ਦਾ ਵੇਰਵਾ**

ਸੈਕਟਰ-40 ਨੇੜੇ ਬਾਬਾ ਜਸਵੰਤ ਡੈਂਟਲ ਕਾਲਜ ਜਮਾਲਪੁਰ, ਫੋਕਲ ਪੁਆਇੰਟ, ਲੁਧਿਆਣਾ ਵਿਖੇ ਸਥਿਤ ਮਕਾਨ ਨੰ. ਐੱਚ ਆਈ ਜੀ. 1156, ਜਾਇਦਾਦ ਰਕਬਾ 161.33 ਵਰਗ ਗਜ਼।

ਈ-ਨਿਲਾਮੀ ਦੀ ਮਿਤੀ ਤੇ ਸਮਾਂ : 18 ਅਕਤੂਬਰ 2024 ਸਵੇਰੇ 11.00 ਵਜੇ ਤੋਂ 2.00 ਵਜੇ 5 ਮਿੰਟਾਂ ਦੇ ਹਰੇਕ ਵਾਧੇ ਨਾਲ
ਬੋਲੀ ਜਮ੍ਹਾਂ ਕਰਵਾਉਣ ਦੀ ਅੰਤਮ ਮਿਤੀ : 16 ਅਕਤੂਬਰ 2024 ਸ਼ਾਮ ਦੇ 3.00 ਵਜੇ ਤੱਕ ।
ਜਾਇਦਾਦ ਦੇ ਨਿਰੀਖਣ ਦੀ ਮਿਤੀ ਤੇ ਸਮਾਂ : 15 ਅਕਤੂਬਰ 2024, ਸਵੇਰੇ 11.00 ਵਜੇ ਤੋਂ ਸ਼ਾਮ 2 ਵਜੇ ਤੱਕ।

ਵਿਕਰੀ ਦੀਆਂ ਵਿਸਥਾਰਤ ਸ਼ਰਤਾਂ ਅਤੇ ਨਿਯਮਾਂ ਬਾਰੇ ਕ੍ਰਿਪਾ ਕਰਕੇ http://10.0.49.5/about-us/media/auction-property ਸਕਿਓਰਡ ਕ੍ਰੈਡਿਟਰ ਦੀ ਵੈੱਬਸਾਈਟ ਅਰਥਾਤ www.yesbank.in 'ਤੇ ਮੁਹੱਈਆ ਲਿੰਕ ਦਾ ਹਵਾਲਾ ਲਿਆ ਜਾਵੇ।

ਟੈਂਡਰ ਦਸਤਾਵੇਜ਼/ਈ-ਬੋਲੀ ਕੈਟਾਲਾਗ ਜਾਂ ਅਚੱਲ ਜਾਇਦਾਦਾਂ/ਸਕਿਓਰਡ ਐੱਸਟਸ ਹਾਸਲ ਕਰਨ 'ਚ ਕਿਸੇ ਮੁਸ਼ਕਲ ਅਤੇ ਪੁੱਛਗਿੱਛ ਲਈ ਕ੍ਰਿਪਾ ਕਰਕੇ ਯੈੱਸ ਬੈਂਕ ਲਿਮਿਟਡ ਦੇ ਸੰਬੰਧਤ ਅਧਿਕਾਰੀਆਂ : ਸ੍ਰੀ ਗੌਰਵ ਮਹਾਜਨ ਨਾਲ 9878025000 ਜਾਂ ਈਮੇਲ gaurav.mahajan2@yesbank.in ਅਤੇ ਮੈਸ. ਈ-ਪ੍ਰੋਕਿਊਰਮੈਂਟ ਟੈਕਨਾਲੋਜੀਜ਼ ਲਿਮਿਟਡ (ਆਕਸ਼ਨ ਟਾਈਗਰ) ਅਹਿਮਦਾਬਾਦ ਦੇ ਅਧਿਕਾਰੀਆਂ, ਵੈੱਬ ਪੋਰਟਲ ਪਤਾ https://sarfaesi.auctiontiger.net ਬੋਲੀਕਰਤਾ ਦੇ ਸਹਾਇਕ ਨੰਬਰਾਂ +91 9265562821/18 ਅਤੇ 9978591888, 079-68136880/68136837 ਈ ਮੇਲ : support@auctiontiger.net ਅਤੇ ramprasad@auctiontiger.net ਨਾਲ ਸੰਪਰਕ ਕੀਤਾ ਜਾਵੇ, ਸੰਪਰਕ ਵਿਅਕਤੀ ਸ੍ਰੀ ਰਾਮ ਸ਼ਰਮਾ-9978591888

ਸਾਰੇ ਬਕਾਏ ਸਮੇਤ ਸਾਡੇ ਵੱਲੋਂ ਸਹਿਣ ਕੀਤੀਆਂ ਗਈਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ ਵਿਕਰੀ ਜਾਂ ਤਬਾਦਲੇ ਲਈ ਨਿਰਧਾਰਤ ਕੀਤੀ ਗਈ ਮਿਤੀ ਤੋਂ ਪਹਿਲਾਂ ਕਿਸੇ ਸਮੇਂ ਵੀ ਅਦਾ ਕੀਤੇ ਜਾਣ ਦੇ ਮਾਮਲੇ 'ਚ ਐਕਟ ਦੇ ਸੈਕਸ਼ਨ 13 (8) ਤਹਿਤ ਵਿਚਾਰ ਕੀਤੀ ਜਾ ਸਕਦੀ ਹੈ। ਸਕਿਓਰਡ ਐੱਸਟ ਦੀ ਸਾਡੇ ਵੱਲੋਂ ਵਿਕਰੀ ਜਾਂ ਤਬਾਦਲਾ ਕਰਨ ਸੰਬੰਧੀ ਕੋਈ ਕਦਮ ਨਹੀਂ ਉਠਾਇਆ ਜਾਵੇਗਾ।

**ਕਰਜ਼ਦਾਰਾਂ/ਗਰੰਟਰਾਂ ਲਈ ਵਿਕਰੀ ਨੋਟਿਸ**

ਉਪਰੋਕਤ, ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਨਾਲ ਪੜ੍ਹੇ ਜਾਂਦੇ ਰੂਲ 9 (1) ਤਹਿਤ, ਜ਼ਿੰਮੇਵਾਰਾਂ ਲਈ ਪ੍ਰਕਾਸ਼ਨਾਂ ਮਿਤੀ ਤੋਂ 30 ਦਿਨਾਂ ਅੰਦਰ ਅਦਾਇਗੀ ਦਾ ਨੋਟਿਸ ਸਮਝਿਆ ਜਾਵੇ।

ਮਿਤੀ : 09.09.2024
ਸਥਾਨ : ਲੁਧਿਆਣਾ
ਸਹੀ/-
ਅਧਿਕਾਰਤ ਅਫਸਰ



YES BANK
Regd. Office: YES BANK House, Off Western Express Highway, Santacruz (East), Mumbai – 400055
Branch Office: YES BANK LIMITED. Plot No. 1/9, Patel Nagar (West) New Delhi-110008 website: www.yesbank.in

**ਅਚੱਲ ਜਾਇਦਾਦ ਦੀ ਵਿਕਰੀ ਲਈ ਵਿਕਰੀ ਨੋਟਿਸ**

ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਓਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਓਰਿਟੀ ਇੰਟਰੈਸਟ ਐਕਟ, 2002 ਤਹਿਤ ਅਚੱਲ ਐੱਸਟਸ ਦੀ ਵਿਕਰੀ ਲਈ ਈ-ਨਿਲਾਮੀ ਵਿਕਰੀ ਨੋਟਿਸ।

ਆਮ ਜਨਤਾ ਅਤੇ ਖਾਸ ਕਰਕੇ ਕਰਜ਼ਦਾਰ (ਕਰਜ਼ਦਾਰਾਂ) ਅਤੇ ਗਰੰਟਰ (ਗਰੰਟਰਾਂ) ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਓਰਡ ਕ੍ਰੈਡਿਟਰ ਕੋਲ ਰਹਿਣ/ਚਾਰਜਡ ਹੇਠਾਂ ਦਰਸਾਈ ਅਚੱਲ ਜਾਇਦਾਦ, ਜਿਸ ਦਾ ਯੈੱਸ ਬੈਂਕ ਲਿਮਿਟਡ ਦੇ ਅਧਿਕਾਰਤ ਅਫਸਰ ਅਰਥਾਤ ਸਕਿਓਰਡ ਕ੍ਰੈਡੀਟਰ ਵੱਲੋਂ ਭੌਤਿਕ ਕਬਜ਼ਾ ਪ੍ਰਾਪਤ ਕੀਤਾ ਜਾ ਚੁੱਕਾ ਹੈ ਕਿ ਸਕਿਓਰਡ ਕ੍ਰੈਡਿਟਰ ਵੱਲੋਂ (1) ਮੈਸ : ਰੂਬਲ ਐਂਬਰੋਇਡਰੀ ਦੁਆਰਾ ਇਸ ਦੇ ਮਾਲਕ ਸ੍ਰੀ ਜਸਵਿੰਦਰ ਸਿੰਘ ਪੁੱਤਰ ਖਜਾਨ ਸਿੰਘ ਪਤਾ : ਸਾਈ ਹਸਪਤਾਲ ਗਲੀ, ਗਲੀ ਨੰ. 3, ਗੁਰੂ ਗੋਬਿੰਦ ਨਗਰ, ਟਿੱਬਾ ਰੋਡ, ਲੁਧਿਆਣਾ-140413, ਪਤਾ : ਮਕਾਨ ਨੰ. 3596, ਗਲੀ ਨੰ. ਬੀ-4, ਗੋਬਿੰਦ ਨਗਰ, ਮੁੰਡੀਆਂ ਕਲਾਂ, ਲੁਧਿਆਣਾ-141015 (2) ਸ੍ਰੀ ਜਸਵਿੰਦਰ ਸਿੰਘ ਪੁੱਤਰ ਖਜਾਨ ਸਿੰਘ ਪਤਾ : ਮਕਾਨ ਨੰ. 3596, ਗਲੀ ਨੰ. ਬੀ-4, ਗੋਬਿੰਦ ਨਗਰ, ਮੁੰਡੀਆਂ ਕਲਾਂ, ਲੁਧਿਆਣਾ-141015, ਪਤਾ : ਸਾਈ ਹਸਪਤਾਲ ਗਲੀ, ਗਲੀ ਨੰ. 3, ਗੁਰੂ ਗੋਬਿੰਦ ਨਗਰ, ਟਿੱਬਾ ਰੋਡ, ਲੁਧਿਆਣਾ-140413 (3) ਸ੍ਰੀਮਤੀ ਹਰਪ੍ਰੀਤ ਕੌਰ ਪਤਨੀ ਸ੍ਰੀ ਜਸਵਿੰਦਰ ਸਿੰਘ ਪਤਾ : ਮਕਾਨ ਨੰ. 3596, ਗਲੀ ਨੰ. ਬੀ-4, ਗੋਬਿੰਦ ਨਗਰ, ਮੁੰਡੀਆਂ ਕਲਾਂ, ਲੁਧਿਆਣਾ-141015 ਪਤਾ : ਪਲਾਟ ਨੰ. ਐੱਮ ਸੀ ਨੰ. ਬੀ-31-1136/131/246, ਪਿੰਡ ਮੁੰਦੀਆਂ ਕਲਾਂ ਵਿਖੇ ਸਥਿਤ, ਐੱਚ ਬੀ ਨੰ. 179, ਅਬਾਦੀ ਗੋਬਿੰਦ ਨਗਰ ਵਜੋਂ ਜਾਣੀ ਜਾਂਦੀ ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ -141001 (4) ਸ੍ਰੀ ਹੁਸਨਪ੍ਰੀਤ ਸਿੰਘ ਪੁੱਤਰ ਸ੍ਰੀ ਜਸਵਿੰਦਰ ਸਿੰਘ, ਪਤਾ : ਮਕਾਨ ਨੰ. 3596, ਗਲੀ ਨੰ. ਬੀ-4, ਗੋਬਿੰਦ ਨਗਰ, ਮੁੰਡੀਆਂ ਕਲਾਂ, ਲੁਧਿਆਣਾ-141015 ਤੋਂ ਠੇਕਾ ਦਰ 'ਤੇ ਹੋਰ ਵਿਆਜ ਅਤੇ ਖਰਚਿਆਂ ਦੀ ਵਸੂਲੀ ਸਮੇਤ ਮਿਤੀ 16 ਮਈ 2023 ਨੂੰ ਬਕਾਇਆ ਨਿਕਲਦੀ ਰਕਮ ਰੁਪਏ 39,77,374.19/- (ਉਨਤਾਲੀ ਲੱਖ ਸਤੱਤਰ ਹਜ਼ਾਰ ਤਿੰਨ ਸੌ ਚੁਹੱਤਰ ਰੁਪਏ ਅਤੇ ਉੱਨੀ ਪੈਸੇ ਕੇਵਲ) ਦੀ ਵਸੂਲੀ ਲਈ ਮਿਤੀ 18 ਅਕਤੂਬਰ 2024 ਨੂੰ "ਜਿਵੇਂ ਹੈ ਜਿੱਥੇ ਹੈ", "ਜੋ ਵੀ ਹੈ ਜਿਵੇਂ ਹੈ" ਦੇ ਅਧਾਰ 'ਤੇ ਵਿਕਰੀ ਕੀਤੀ ਜਾਵੇਗੀ।

ਰਾਖਵੀਂ ਕੀਮਤ ਰੁਪਏ 45,17,713/- (ਪੰਜਤਾਲੀ ਲੱਖ ਸਤਾਰਾਂ ਹਜ਼ਾਰ ਸੱਤ ਸੌ ਤੇਰਾਂ ਰੁਪਏ ਕੇਵਲ) ਹੋਵੇਗੀ ਅਤੇ ਬਿਆਨਾ ਰਕਮ ਰੁਪਏ 4,51,772/- (ਚਾਰ ਲੱਖ ਇਕਵੰਜਾ ਹਜ਼ਾਰ ਸੱਤ ਸੌ ਬੱਹਤਰ ਰੁਪਏ ਕੇਵਲ) ਹੋਵੇਗੀ।

**ਜਾਇਦਾਦ ਦਾ ਵੇਰਵਾ**

ਪਲਾਟ ਐੱਮ ਸੀ ਨੰ. ਬੀ-31-(1136/131/246 (ਸਾਲ 2019-2020) ਲਈ ਟੀ ਐੱਸ (ਫਾਰਮ ਅਨੁਸਾਰ) ਜਾਇਦਾਦ ਦਾ ਰਕਬਾ 150 ਵਰਗ ਗਜ਼, ਜਮ੍ਹਾਂਬੰਦੀ ਵਾਸਤੇ ਸਾਲ 2004-2005 ਅਨੁਸਾਰ ਖਸਰਾ ਨੰ. 3, ਖਾਤਾ ਨੰ. 26/34, ਪੰਨਾ ਨੰ. 40 (ਸਾਲ 2009-2010 ਲਈ ਜਮ੍ਹਾਂਬੰਦੀ ਅਨੁਸਾਰ ਖਾਤਾ ਨੰ. 32/36, ਪੰਨਾ ਨੰ. 49) 'ਚ ਸ਼ਾਮਲ ਪਿੰਡ ਮੁੰਡੀਆਂ ਕਲਾਂ, ਐੱਚ ਬੀ ਨੰ. 179, ਅਬਾਦੀ ਗੋਬਿੰਦ ਨਗਰ ਵਜੋਂ ਜਾਣੀ ਜਾਂਦੀ ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਵਿਖੇ।

ਈ-ਨਿਲਾਮੀ ਦੀ ਮਿਤੀ ਤੇ ਸਮਾਂ : 18 ਅਕਤੂਬਰ 2024 ਸਵੇਰੇ 11.00 ਵਜੇ ਤੋਂ 2.00 ਵਜੇ 5 ਮਿੰਟਾਂ ਦੇ ਹਰੇਕ ਵਾਧੇ ਨਾਲ
ਬੋਲੀ ਜਮ੍ਹਾਂ ਕਰਵਾਉਣ ਦੀ ਅੰਤਮ ਮਿਤੀ : 16 ਅਕਤੂਬਰ 2024 ਸ਼ਾਮ ਦੇ 3.00 ਵਜੇ ਤੱਕ ।
ਜਾਇਦਾਦ ਦੇ ਨਿਰੀਖਣ ਦੀ ਮਿਤੀ ਤੇ ਸਮਾਂ : 15 ਅਕਤੂਬਰ 2024, ਸਵੇਰੇ 11.00 ਵਜੇ ਤੋਂ ਸ਼ਾਮ 2 ਵਜੇ ਤੱਕ।

ਵਿਕਰੀ ਦੀਆਂ ਵਿਸਥਾਰਤ ਸ਼ਰਤਾਂ ਅਤੇ ਨਿਯਮਾਂ ਬਾਰੇ ਕ੍ਰਿਪਾ ਕਰਕੇ http://10.0.49.5/about-us/media/auction-property ਸਕਿਓਰਡ ਕ੍ਰੈਡਿਟਰ ਦੀ ਵੈੱਬਸਾਈਟ ਅਰਥਾਤ www.yesbank.in 'ਤੇ ਮੁਹੱਈਆ ਲਿੰਕ ਦਾ ਹਵਾਲਾ ਲਿਆ ਜਾਵੇ।

ਟੈਂਡਰ ਦਸਤਾਵੇਜ਼/ਈ-ਬੋਲੀ ਕੈਟਾਲਾਗ ਜਾਂ ਅਚੱਲ ਜਾਇਦਾਦਾਂ/ਸਕਿਓਰਡ ਐੱਸਟਸ ਹਾਸਲ ਕਰਨ 'ਚ ਕਿਸੇ ਮੁਸ਼ਕਲ ਅਤੇ ਪੁੱਛਗਿੱਛ ਲਈ ਕ੍ਰਿਪਾ ਕਰਕੇ ਯੈੱਸ ਬੈਂਕ ਲਿਮਿਟਡ ਦੇ ਸੰਬੰਧਤ ਅਧਿਕਾਰੀਆਂ : ਸ੍ਰੀ ਗੌਰਵ ਮਹਾਜਨ ਨਾਲ 91-9878025000 ਜਾਂ ਈਮੇਲ gaurav.mahajan2@yesbank.in ਅਤੇ ਮੈਸ. ਈ-ਪ੍ਰੋਕਿਊਰਮੈਂਟ ਟੈਕਨਾਲੋਜੀਜ਼ ਲਿਮਿਟਡ (ਆਕਸ਼ਨ ਟਾਈਗਰ) ਅਹਿਮਦਾਬਾਦ ਦੇ ਅਧਿਕਾਰੀਆਂ, ਵੈੱਬ ਪੋਰਟਲ ਪਤਾ https://sarfaesi.auctiontiger.net ਬੋਲੀਕਰਤਾ ਦੇ ਸਹਾਇਕ ਨੰਬਰਾਂ +91 9265562821/18 ਅਤੇ 9978591888, 079-68136880/68136837 ਈ ਮੇਲ : support@auctiontiger.net ਅਤੇ ramprasad@auctiontiger.net ਨਾਲ ਸੰਪਰਕ ਕੀਤਾ ਜਾਵੇ, ਸੰਪਰਕ ਵਿਅਕਤੀ ਸ੍ਰੀ ਰਾਮ ਸ਼ਰਮਾ-9978591888

ਸਾਰੇ ਬਕਾਏ ਸਮੇਤ ਸਾਡੇ ਵੱਲੋਂ ਸਹਿਣ ਕੀਤੀਆਂ ਗਈਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ ਵਿਕਰੀ ਜਾਂ ਤਬਾਦਲੇ ਲਈ ਨਿਰਧਾਰਤ ਕੀਤੀ ਗਈ ਮਿਤੀ ਤੋਂ ਪਹਿਲਾਂ ਕਿਸੇ ਸਮੇਂ ਵੀ ਅਦਾ ਕੀਤੇ ਜਾਣ ਦੇ ਮਾਮਲੇ 'ਚ ਐਕਟ ਦੇ ਸੈਕਸ਼ਨ 13 (8) ਤਹਿਤ ਵਿਚਾਰ ਕੀਤੀ ਜਾ ਸਕਦੀ ਹੈ। ਸਕਿਓਰਡ ਐੱਸਟ ਦੀ ਸਾਡੇ ਵੱਲੋਂ ਵਿਕਰੀ ਜਾਂ ਤਬਾਦਲਾ ਕਰਨ ਸੰਬੰਧੀ ਕੋਈ ਕਦਮ ਨਹੀਂ ਉਠਾਇਆ ਜਾਵੇਗਾ।

**ਕਰਜ਼ਦਾਰਾਂ/ਗਰੰਟਰਾਂ ਲਈ ਵਿਕਰੀ ਨੋਟਿਸ**

ਉਪਰੋਕਤ, ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਨਾਲ ਪੜ੍ਹੇ ਜਾਂਦੇ ਰੂਲ 9 (1) ਤਹਿਤ, ਜ਼ਿੰਮੇਵਾਰਾਂ ਲਈ ਪ੍ਰਕਾਸ਼ਨਾਂ ਮਿਤੀ ਤੋਂ 30 ਦਿਨਾਂ ਅੰਦਰ ਅਦਾਇਗੀ ਦਾ ਨੋਟਿਸ ਸਮਝਿਆ ਜਾਵੇ।

ਮਿਤੀ : 09.09.2024
ਸਥਾਨ : ਲੁਧਿਆਣਾ
ਸਹੀ/-
ਅਧਿਕਾਰਤ ਅਫਸਰ


## ਨਾਭਾ ਉਤਸਵ ਸੰਮਤੀ ਵੱਲੋਂ ਵਾਮਨ ਦਵਾਦਸ਼ੀ ਮੌਕੇ ਸ਼ੋਭਾ ਯਾਤਰਾ



ਨਾਭਾ (ਵਰਿੰਦਰ ਵਰਮਾ)-ਨਾਭਾ ਉਤਸਵ ਸੰਮਤੀ ਨਾਭਾ ਵੱਲੋਂ ਪ੍ਰਧਾਨ ਕ੍ਰਿਸ਼ਨ ਮੰਗਲਾ ਕੁੱਕੀ, ਜਨਰਲ ਸਕੱਤਰ ਐਡਵੋਕੇਟ ਨਿਤਿਨ ਜੈਨ ਤੇ ਕੈਸ਼ੀਅਰ ਰੋਹਿਤ ਜਿੰਦਲ ਦੀ ਅਗਵਾਈ ਹੇਠ ਵਾਮਨ ਦਵਾਦਸ਼ੀ ਮੌਕੇ ਸ਼ੋਭਾ ਯਾਤਰਾ ਕੱਢੀ ਗਈ।ਇਹ ਸ਼ੋਭਾ ਯਾਤਰਾ 75 ਦੇ ਕਰੀਬ ਧਾਰਮਿਕ ਤੇ ਸਮਾਜਿਕ ਸੰਸਥਾਵਾਂ ਅਤੇ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਪਟਿਆਲਾ ਗੇਟ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ ਵਿੱਚੋਂ ਹੁੰਦੇ ਹੋਏ ਦੇਵੀ ਮੰਦਰ ਚੌਕ ਵਿਖੇ ਸਮਾਪਤ ਹੋਈ। ਸ਼ੋਭਾ ਯਾਤਰਾ ਨੂੰ ਲੈ ਕੇ ਨਾਭਾ ਸ਼ਹਿਰ ਨੂੰ ਦੁਲਹਨ ਦੀ ਤਰ੍ਹਾਂ ਸਜਾਇਆ ਗਿਆ। ਇਸ ਮੌਕੇ ਕੀਤੀ ਗਈ ਆਤਿਸ਼ਬਾਜ਼ੀ ਦਾ ਵੀ ਸ਼ਹਿਰ ਵਾਸੀਆਂ ਨੇ ਭਰਪੂਰ ਆਨੰਦ ਮਾਣਿਆ।ਇਸ ਮੌਕੇ ਮੁੱਖ ਮਹਿਮਾਨ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਕ੍ਰਿਸ਼ਨ ਕੁਮਾਰ ਗੋਇਲ (ਗਣੇਸ਼ ਮਸ਼ੀਨਰੀ ਸਟੋਰ) ਵੱਲੋਂ ਜੋਤੀ ਪ੍ਰਚੰਡ ਕੀਤੀ ਗਈ ਤੇ ਜਿੰਦਲ ਪਰਿਵਾਰ ਵੱਲੋਂ ਸ੍ਰੀ ਠਾਕੁਰ ਜੀ ਦੀ ਪੂਜਾ ਅਰਚਨਾ ਕੀਤੀ ਗਈ।ਇਸ ਮੌਕੇ ਸੰਸਥਾ ਦੇ ਪ੍ਰਧਾਨ ਕ੍ਰਿਸ਼ਨ ਮੰਗਲਾ ਕੁੱਕੀ ਤੇ ਸਮੂਹ ਮੈਂਬਰਾਂ ਵੱਲੋਂ ਮੁੱਖ ਮਹਿਮਾਨ ਅਤੇ ਆਈਆਂ ਹੋਈਆਂ ਸ਼ਖ਼ਸੀਅਤਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਸ਼ੋਭਾ ਯਾਤਰਾ 'ਚ ਹਾਥੀ, ਘੋੜੇ, ਊਠ, ਬੈਂਡ, ਟਿੱਪਰੀਆਂ, ਭਜਨ ਮੰਡਲੀਆਂ ਤੇ ਸੁੰਦਰ ਝਾਕੀਆਂ ਸਜਾਈਆਂ ਗਈਆਂ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਹਲਕਾ ਇੰਚਾਰਜ ਮੱਖਣ ਸਿੰਘ ਲਾਲਕਾ, ਕੌਂਸਲਰ ਗੁਰਸੇਵਕ ਸਿੰਘ ਗੋਲੂ, ਆੜ੍ਹਤੀਆ ਐਸੋਸੀਏਸ਼ਨ ਪ੍ਰਧਾਨ ਕਰਮਜੀਤ ਸਿੰਘ ਅਲਹੋਰਾ, ਸੁਰਿੰਦਰ ਗੁਪਤਾ, ਸਮਾਜ ਸੇਵੀ ਰਾਜੇਸ਼ ਢੀਂਗਰਾ, ਆਪ ਸ਼ਹਿਰੀ ਬਲਾਕ ਪ੍ਰਧਾਨ ਸੰਦੀਪ ਸ਼ਰਮਾ, ਤੇਜਿੰਦਰ ਖਹਿਰਾ, ਜੀ ਐੱਸ ਭੱਟੀ ਤੋਂ ਇਲਾਵਾ ਸਰਪ੍ਰਸਤ ਕੇਵਲ ਕ੍ਰਿਸ਼ਨ ਕੌਮੀ, ਰਮਨ ਵਿੱਜ, ਰਵਨੀਸ਼ ਗੋਇਲ, ਜਗਦੀਸ਼ ਮੱਗੋ, ਵਿਨੋਦ ਕਾਲੜਾ, ਸੁਖਵਿੰਦਰ ਸ਼ਾਹੀ, ਪੰਡਿਤ ਲਲਿਤ ਕੁਮਾਰ ਸ਼ਰਮਾ, ਵਾਈਸ ਚੇਅਰਮੈਨ : ਸ਼ੰਭੂ ਨਾਥ ਬਿਰਦੀ, ਮੁੱਖ ਸਲਾਹਕਾਰ ਹਰੀ ਕ੍ਰਿਸ਼ਨ ਸੇਠ, ਸਲਾਹਕਾਰ ਪ੍ਰਮੋਦ ਜਿੰਦਲ ਤੇ ਮੋਹਿਤ ਅਰੋੜਾ, ਸੀਨੀਅਰ ਵਾਈਸ ਪ੍ਰਧਾਨ ਡਾ: ਸਤਪਾਲ ਅਗਰਵਾਲ, ਪ੍ਰਵੀਨ ਮਿੱਤਲ (ਗੋਗੀ), ਵਿਵੇਕ ਸਿੰਗਲਾ, ਸੁਮਿਤ ਗੋਇਲ (ਸ਼ੈਟੀ), ਉਪ ਪ੍ਰਧਾਨ ਪਰਮਿੰਦਰ ਗੁਪਤਾ, ਪ੍ਰਬੰਧਨ ਸਕੱਤਰ ਸੰਜੇ ਮੱਗੋ, ਪ੍ਰੈੱਸ ਸਕੱਤਰ ਸਤੀਸ਼ ਬਾਤਿਸ਼, ਵਰਿੰਦਰ ਵਰਮਾ ਆਦਿ ਮੈਂਬਰ ਹਾਜ਼ਰ ਸਨ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri

ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

17-Sep-PAGE-3.qxd 9/16/2024 10:49 PM Page 1



## ਕਿਸਾਨ ਆਗੂਆਂ ਦੀ ਡਿਪਟੀ ਕਮਿਸ਼ਨਰ ਨਾਲ ਮੀਟਿੰਗ

# ਕੋਰ ਕਮੇਟੀ ਵੱਲੋਂ ਅੱਜ ਦਾ ਧਰਨਾ ਮੁਲਤਵੀ ਕਰਨ ਦਾ ਫੈਸਲਾ : ਪੰਨੂ, ਸਿੱਧਵਾਂ, ਸ਼ਕਰੀ

**ਤਰਨ ਤਾਰਨ (ਪ੍ਰਿਤਪਾਲ ਸਿੰਘ)**

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਆਗੂ ਸਤਨਾਮ ਸਿੰਘ ਪੰਨੂ, ਸੂਬਾ ਆਗੂ ਹਰਪ੍ਰੀਤ ਸਿੰਘ ਸਿੱਧਵਾਂ, ਸੂਬਾ ਆਗੂ ਤੇ ਜ਼ਿਲ੍ਹਾ ਤਰਨ ਤਾਰਨ ਦੇ ਸਕੱਤਰ ਹਰਜਿੰਦਰ ਸਿੰਘ ਸ਼ਕਰੀ, ਫਤਿਹ ਸਿੰਘ ਪਿੱਦੀ, ਹਰਿਬਿੰਦਰਜੀਤ ਸਿੰਘ ਕੰਗ ਦੀ ਅਗਵਾਈ ਹੇਠ ਵੱਡੇ ਕਿਸਾਨ ਵਫਤ ਨੇ ਡੀਸੀ ਸੰਦੀਪ ਕੁਮਾਰ ਨਾਲ ਡੀਸੀ ਕੰਪਲੈਕਸ ਦੇ ਵਿੱਚ ਮੀਟਿੰਗ ਕੀਤੀ।ਮੀਟਿੰਗ ਵਿੱਚ ਪ੍ਰਸ਼ਾਸਨਿਕ ਅਧਿਕਾਰੀਆਂ ਤੋਂ ਇਲਾਵਾ ਐੱਨਐੱਚਏ ਦੇ ਅਧਿਕਾਰੀ ਵੀ ਸ਼ਾਮਿਲ ਹੋਏ। ਕਿਸਾਨ ਆਗੂਆਂ ਨੇ ਕਿਹਾ ਕਿ ਜੋ ਭਾਰਤ ਮਾਲਾ ਅਧੀਨ ਜ਼ਮੀਨ ਪ੍ਰਸ਼ਾਸਨ ਵੱਲੋਂ ਐਕਵਾਇਰ ਕੀਤੀ ਜਾ ਰਹੀ ਹੈ ਉਹ ਗੈਰ ਕਾਨੂੰਨੀ ਢੰਗ ਨਾਲ ਐਕਵਾਇਰ ਕੀਤੀ ਜਾ ਰਹੀ ਹੈ।ਉਹ ਭੂਮੀ ਐਕਟ 2013 ਅਨੁਸਾਰ ਐਕਵਾਇਰ ਨਹੀਂ ਕੀਤੀ ਜਾ ਰਹੀ। ਇਹ ਪ੍ਰਸ਼ਾਸਨ ਵੱਲੋਂ ਕਿਸਾਨਾਂ ਨਾਲ ਧੱਕਾ ਕੀਤਾ ਜਾ ਰਿਹਾ ਹੈ।ਭੂਮੀ ਐਕਟ 2013 ਅਨੁਸਾਰ 80% ਜ਼ਮੀਨ ਮਾਲਕਾਂ ਦੀ ਸਹਿਮਤੀ, ਬਾਜ਼ਾਰੀ ਰੇਟ ਨਾਲੋਂ ਚਾਰ ਗੁਣਾ ਵੱਧ ਜ਼ਮੀਨੀ ਰੇਟ,30 ਪ੍ਰਤੀਸ਼ਤ ਉਜਾੜਾ ਭੱਤਾ ਨਾਲ ਹਵਾ, ਪਾਣੀ, ਵਾਤਾਵਰਨ, ਰਾਹ, ਘਰ 'ਤੇ ਕੀ ਪ੍ਰਭਾਵ ਪੈਣਾ ਹੈ, ਸ਼ਰਤਾਂ ਅਨੁਸਾਰ ਜ਼ਮੀਨ ਐਕਵਾਇਰ ਕੀਤੀ ਜਾ ਸਕਦੀ ਹੈ।ਪ੍ਰਸ਼ਾਸਨ ਵੱਲੋਂ ਇਨ੍ਹਾਂ ਸ਼ਰਤਾਂ ਨੂੰ ਬਿਲਕੁਲ ਵੀ ਧਿਆਨ ਵਿੱਚ ਨਹੀਂ ਰੱਖਿਆ ਗਿਆ।ਕਿਸਾਨ ਆਗੂਆਂ ਨੇ ਕਿਹਾ 28 ਅਗਸਤ ਨੂੰ



ਪਿੰਡ ਸ਼ੇਖਫਤਿਹ ਵਿਖੇ ਪ੍ਰਸ਼ਾਸਨ ਵੱਲੋਂ ਗੁਰਸੇਵਕ ਸਿੰਘ ਦੀ ਤਿੰਨ ਏਕੜ ਝੋਨੇ ਦੀ ਫਸਲ ਜੋ ਕਿ ਰੋਡ ਵਿੱਚ ਨਹੀਂ ਸੀ ਆ ਰਹੀ, ਪੋਕਲੇਨ ਜੇਸੀਬੀ ਨਾਲ ਪ੍ਰਸ਼ਾਸਨ ਵੱਲੋਂ ਤਹਿਸ-ਨਹਿਸ ਕਰ ਦਿੱਤੀ ਗਈ।ਇਸ ਦੇ ਨਿਰਦੇਸ਼ ਦੇਣ ਵਾਲੇ ਪ੍ਰਸ਼ਾਸਨਿਕ ਅਧਿਕਾਰੀਆਂ ਤੇ ਕਾਰਵਾਈ ਕੀਤੀ ਜਾਵੇ।ਕਿਸਾਨ ਦੀ ਤਬਾਹ ਹੋਈ ਫਸਲ ਦਾ ਇਕ ਲੱਖ ਪ੍ਰਤੀ ਏਕੜ ਮੁਆਵਜ਼ਾ ਦਿੱਤਾ ਜਾਵੇ।ਮੀਟਿੰਗ ਵਿੱਚ ਡਿਪਟੀ ਕਮਿਸ਼ਨਰ ਨੇ ਵਿਸ਼ਵਾਸ ਦਿਵਾਇਆ ਕਿ ਬਿਨਾਂ ਪੈਸੇ ਦਿੱਤਿਆਂ ਕਿਸੇ ਵੀ ਕਿਸਾਨ ਦੀ ਜ਼ਮੀਨ ਐਕਵਾਇਰ ਨਹੀਂ ਕੀਤੀ ਜਾਊਗੀ।ਖਰਾਬ ਹੋਈਆਂ ਫਸਲਾਂ ਦਾ ਮੁਆਵਜ਼ਾ, ਚਤਾਲਿਆਂ ਨੂੰ ਜਾਂਦਾ ਰੋਡ, ਜ਼ਿਲ੍ਹਾ ਡੀਸੀ ਕੰਪਲੈਕਸ ਦਾ ਕੂੜਾ ਕਰਕਟ ਦਾ ਮਸਲਾ, ਕੰਪਲੈਕਸ ਦਾ ਗੰਦਾ ਓਵਰਫਲੋ ਪਾਣੀ ਆਦਿ ਮਸਲੇ ਨੂੰ 30 ਸਤੰਬਰ ਤੱਕ ਹੱਲ ਕੀਤਾ ਜਾਏਗਾ।ਮੀਟਿੰਗ ਤੋਂ ਬਾਅਦ ਜ਼ਿਲ੍ਹਾ ਤਰਨ ਤਾਰਨ ਦੀ ਕੋਰ ਕਮੇਟੀ ਨੇ ਮੀਟਿੰਗ ਲਗਾ ਕੇ ਫੈਸਲਾ ਲਿਆ ਕਿ ਗੋਇੰਦਵਾਲ ਸਾਹਿਬ ਚੱਲ ਰਹੇ ਜੋੜ ਮੇਲੇ ਨੂੰ ਮੱਦੇਨਜ਼ਰ ਰੱਖਦੇ ਹੋਏ 17 ਸਤੰਬਰ ਨੂੰ ਲੱਗਣ ਵਾਲਾ ਧਰਨਾ ਮੁਲਤਵੀ ਕੀਤਾ। ਪ੍ਰਸ਼ਾਸਨ ਨੂੰ ਚਿਤਾਵਨੀ ਦਿੰਦੇ ਹੋਏ ਕਿਸਾਨ ਆਗੂਆਂ ਨੇ ਕਿਹਾ ਜੇਕਰ ਇਨ੍ਹਾਂ ਸਾਰੇ ਮਸਲਿਆਂ ਦਾ ਹੱਲ ਪ੍ਰਸ਼ਾਸਨ ਵੱਲੋਂ 30 ਸਤੰਬਰ ਤੱਕ ਨਾ ਕੀਤਾ ਗਿਆ ਤਾਂ ਅਗਲੀ ਮੀਟਿੰਗ ਲਗਾ ਕੇ ਵੱਡੇ ਸੰਘਰਸ਼ ਦਾ ਐਲਾਨ ਕੀਤਾ ਜਾਏਗਾ।ਇਸ ਮੌਕੇ ਪਾਖਰ ਸਿੰਘ ਲਾਲਪੁਰ, ਇਕਬਾਲ ਸਿੰਘ ਵੜਿੰਗ, ਬਲਕਾਰ ਸਿੰਘ ਕੰਗ, ਹਰਪਿੰਦਰ ਸਿੰਘ ਦੀਨੇਵਾਲ, ਅਮਰਜੀਤ ਸਿੰਘ ਝੰਡੇਰ ਮਹਾਂਪੁਰਖਾਂ, ਯਾਦਵਿੰਦਰ ਸਿੰਘ ਧੂਦਾ, ਮਨਬੀਰ ਸਿੰਘ ਜਹਾਂਗੀਰ, ਮਲਕੀਤ ਸਿੰਘ ਸ਼ੇਖਫੱਤਾ ਆਦਿ ਆਗੂ ਹਾਜ਼ਰ ਸਨ।

## ਸਿੱਖਿਆ ਮਹਿਕਮੇ 'ਚ ਬਦਲੀਆਂ ਦੌਰਾਨ ਬੇਨਿਯਮੀਆਂ ਕਾਰਨ ਵਿਜੀਲੈਂਸ ਵੱਲੋਂ ਸਮੁੱਚਾ ਰਿਕਾਰਡ ਤਲਬ

**ਵੇਰਕਾ (ਰਾਣਾ)**-ਰਾਜ ਅੰਦਰ ਸਿੱਖਿਆ ਕ੍ਰਾਂਤੀ ਲਿਆਉਣ ਵਾਲੀ ਸਰਕਾਰ ਦੇ ਸਿੱਖਿਆ ਮਹਿਕਮੇ ਵੱਲੋਂ ਹਾਲ ਹੀ 'ਚ ਅਧਿਆਪਕ ਵਰਗ ਦੀਆਂ ਕੀਤੀਆਂ ਗਈਆਂ ਬਦਲੀਆਂ ਦੌਰਾਨ ਵੱਡੀਆਂ ਧਾਂਦਲੀਆਂ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ ਜਿਸ ਕਾਰਨ ਵਿਜੀਲੈਂਸ ਬਿਊਰੋ ਪੰਜਾਬ, ਅਜੀਤਗੜ੍ਹ ਵੱਲੋਂ ਸਿੱਖਿਆ ਵਿਭਾਗ (ਸੈ:ਸਿੱ:/ਐਲੀ:ਸਿੱ:) ਦਾ ਬਦਲੀਆਂ ਨਾਲ ਸਬੰਧਤ ਸਾਰਾ ਰਿਕਾਰਡ ਤਲਬ ਕਰ ਲਏ ਜਾਣ ਦੀ ਸੂਚਨਾਂ ਪ੍ਰਾਪਤ ਹੋਈ ਹੈ।ਇਸ ਨਾਲ ਅਧਿਆਪਕਾਂ ਦੀਆਂ ਵਰਤਮਾਨ 'ਚ ਹੋਣ ਵਾਲੀਆਂ ਬਦਲੀਆਂ ਵੀ ਰੁਕ ਗਈਆਂ ਹਨ।ਇਸ ਸੰਬੰਧੀ ਸਿੱਖਿਆ ਮਹਿਕਮੇ ਦੇ ਭਰੋਸੇਯੋਗ ਸੂਤਰਾਂ ਨੇ ਦੱਸਿਆ ਹੈ ਕਿ ਵਿਭਾਗ ਦੇ ਉੱਚ ਅਧਿਕਾਰੀਆਂ ਵੱਲੋਂ ਅਧਿਆਪਕ ਵਰਗ ਦੀਆਂ ਕੀਤੀਆਂ ਗਈਆਂ ਆਮ ਬਦਲੀਆਂ ਸਾਲ 2024 ਦੌਰਾਨ ਵੱਡੇ ਪੱਧਰ 'ਤੇ ਹੋਈਆਂ ਬੇਨਿਯਮੀਆਂ ਸਾਹਮਣੇ ਆਈਆਂ ਹਨ।ਅਧਿਆਪਕ ਵਰਗ ਦੀਆਂ ਬਦਲੀਆਂ 'ਚ ਭ੍ਰਿਸ਼ਟਾਚਾਰ ਹੋਇਆ ਹੈ ਜਿਸ ਕਾਰਨ ਹੁਣ ਵਿਜੀਲੈਂਸ ਵਿਭਾਗ ਪੰਜਾਬ ਉਕਤ ਕੀਤੇ ਗਏ ਤਬਾਦਲਿਆਂ ਸੰਬੰਧੀ ਸਮੁੱਚੇ ਰਿਕਾਰਡ ਦੀ ਗਹਨ ਜਾਂਚ-ਪੜਤਾਲ ਕਰੇਗਾ।ਦੂਜੇ ਗੇੜ ਵਿੱਚ ਹੋਣ ਵਾਲੀਆਂ ਅਧਿਆਪਕਾਂ ਦੀਆਂ (ਸੈ:ਸਿੱ:/ਐਲੀ:ਸਿੱ:) ਬਦਲੀਆਂ ਦਾ ਕੰਮ ਵਿਭਾਗ ਨੇ ਫਿਲਹਾਲ ਮੁਕੰਮਲ ਰੂਪ 'ਚ ਠੱਪ ਕਰ ਦਿੱਤਾ ਹੈ।ਭਾਵੇਂ ਕਿ ਬਦਲੀ ਕਰਵਾਉਣ ਦੇ ਚਾਹਵਾਨ ਅਧਿਆਪਕਾਂ ਪਾਸੋਂ ਆਨਲਾਈਨ ਸਟੇਸ਼ਨ ਚੋਣ ਕਰਵਾ ਲਈ ਗਈ ਸੀ ਪ੍ਰੰਤੂ ਅਧਿਕਾਰੀਆਂ ਨੇ ਹੁਕਮ ਜਾਰੀ ਨਹੀਂ ਕੀਤੇ ਹਨ। ਭਰੋਸੇਯੋਗ ਸੂਤਰ ਦੱਸਦੇ ਹਨ ਕਿ ਸਰਕਾਰ ਨੇ ਉਪਰੋਕਤ ਮਾਮਲੇ ਨੂੰ ਬੜੀ ਗੰਭੀਰਤਾ ਨਾਲ ਲਿਆ ਹੈ ਜਿਸ ਕਾਰਨ ਬਦਲੀਆਂ ਦੌਰਾਨ ਬੇਨਿਯਮੀਆਂ ਤੇ ਭ੍ਰਿਸ਼ਟਾਚਾਰ ਕਰਨ ਵਾਲੇ ਅਧਿਕਾਰੀ ਹੁਣ ਬਖਸ਼ੇ ਨਹੀਂ ਜਾਣਗੇ।ਨਿਕਟ ਭਵਿੱਖ 'ਚ ਅਧਿਆਪਕ ਵਰਗ ਦੇ ਤਬਾਦਲੇ ਹੋਣ ਦੀ ਫਿਲਹਾਲ ਕੋਈ ਆਸ ਨਹੀਂ ਹੈ।ਉਂਝ ਵਿਜੀਲੈਂਸ ਵਿਭਾਗ ਦੇ ਦਿੱਤੇ ਗਏ ਦਖਲ ਨਾਲ ਸਿੱਖਿਆ ਮਹਿਕਮੇ ਅੰਦਰ ਭਾਰੀ ਹਲਚਲ ਹੋਈ ਹੈ।

## ਗੁਰੂ ਨਾਨਕ ਮਿਸ਼ਨ ਪਬਲਿਕ ਸਕੂਲ 'ਚ ਮਨਾਇਆ ਹਿੰਦੀ ਦਿਵਸ

**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)**

ਦੇਸ਼ ਭਰ ਵਿੱਚ 14 ਸਤੰਬਰ ਨੂੰ ਹਿੰਦੀ ਦਿਵਸ ਦੇ ਰੂਪ ਵਿੱਚ ਮਨਾਇਆ ਜਾਂਦਾ ਹੈ। ਗੁਰੂ ਨਾਨਕ ਮਿਸ਼ਨ ਪਬਲਿਕ ਸਕੂਲ ਵਿਖੇ ਹਿੰਦੀ ਦਿਵਸ ਮਨਾਇਆ ਗਿਆ ਜਿਸ ਵਿੱਚ ਸਕੂਲ ਦੇ ਵੱਖ-ਵੱਖ ਜਮਾਤਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਸਭ ਤੋਂ ਪਹਿਲਾਂ ਕੁਲਵਿੰਦਰ ਕੌਰ ਨੇ ਬੱਚਿਆਂ ਨੂੰ ਸਾਡੀ ਰਾਸ਼ਟਰੀ ਭਾਸ਼ਾ ਹਿੰਦੀ ਬਾਰੇ ਜਾਣਕਾਰੀ ਦਿੱਤੀ ਤੇ ਦੱਸਿਆ ਕਿ ਕਿਵੇਂ ਹਿੰਦੀ ਭਾਸ਼ਾ ਸਾਡੇ ਦੇਸ਼ ਦੀ ਰਾਸ਼ਟਰੀ ਭਾਸ਼ਾ ਬਣੀ। ਇਸ ਉਪਰੰਤ ਬੱਚਿਆਂ ਵੱਲੋਂ ਇੱਕ ਸਕਿੱਟ ਦੇ ਰੂਪ ਵਿੱਚ ਹਿੰਦੀ ਭਾਸ਼ਾ ਦੀ ਮਹੱਤਤਾ ਨੂੰ ਦਰਸਾਇਆ ਗਿਆ। ਹਿੰਦੀ ਮਾਤਰਾਵਾਂ ਨੂੰ ਅੱਖਰਾਂ ਦੇ ਰੂਪ ਵਿੱਚ ਵੱਖ ਵੱਖ ਵਿਦਿਆਰਥੀਆਂ ਨੇ ਨਾਟਕੀ ਰੂਪ ਵਿੱਚ ਪੇਸ਼ਕਾਰੀ ਪੇਸ਼ ਕਰਦੇ ਹੋਏ ਵਿਦਿਆਰਥੀਆਂ ਨੂੰ ਇਹਨਾਂ ਦਾ ਹਿੰਦੀ ਭਾਸ਼ਾ ਵਿੱਚ ਉਪਯੋਗ ਤੇ ਇਹਨਾਂ ਦੀ ਵਰਤੋਂ ਦਾ ਮਹੱਤਵ ਦੱਸਿਆ ਕਿ ਕਿਵੇਂ ਵੱਖ-ਵੱਖ ਮਾਤਰਾਵਾਂ ਹਿੰਦੀ ਭਾਸ਼ਾਵਾਂ ਨੂੰ ਲਿਖਣ ਅਤੇ ਬੋਲਣ ਵਿੱਚ ਸਹਾਇਕ ਸਿੱਧ ਹੁੰਦੀਆਂ ਹਨ। ਅਖੀਰ ਵਿੱਚ ਵਿਦਿਆਰਥੀਆਂ ਵੱਲੋਂ ਹਿੰਦੀ ਦਿਵਸ ਨੂੰ ਸਮਰਪਿਤ ਡਾਂਸ ਵੀ ਪੇਸ਼ ਕੀਤਾ



ਗਿਆ। ਉਪਰੰਤ ਹਿੰਦੀ ਅਧਿਆਪਕਾ ਹਰਪ੍ਰੀਤ ਕੌਰ ਨੇ ਵੀ ਭਾਸ਼ਣ ਦੇ ਰੂਪ ਵਿੱਚ ਹਿੰਦੀ ਦਿਵਸ ਬਾਰੇ ਜਾਣਕਾਰੀ ਦਿੱਤੀ। ਅਖੀਰ ਵਿੱਚ ਸਕੂਲ ਮੁਖੀ ਬਿਕਰਮ ਸਿੰਘ ਸੈਣੀ ਨੇ ਵਿਦਿਆਰਥੀਆਂ ਨੂੰ ਆਪਣੇ ਭਾਸ਼ਣ ਵਿੱਚ ਹਿੰਦੀ ਦਿਵਸ ਦੀ ਜਾਣਕਾਰੀ ਦਿੱਤੀ ਅਤੇ ਇਸ ਦਾ ਸਨਮਾਨ ਕਰਨ ਲਈ ਵੀ ਪ੍ਰੇਰਿਤ ਕੀਤਾ।ਇਸ ਪ੍ਰੋਗਰਾਮ ਵਿੱਚ ਸੁਨੀਤਾ ਸ਼ਰਮਾ, ਨੰਦਨੀ ਜੋਸ਼ੀ, ਮੀਨਾਕਸ਼ੀ ਸ਼ਰਮਾ, ਜਸਵਿੰਦਰ ਕੌਰ ਅਤੇ ਅਧਿਆਪਕ ਸ਼ਾਮਲ ਸਨ।

## ਸਾਬਕਾ ਵਿਧਾਇਕ ਰਮਨਜੀਤ ਸਿੱਕੀ ਵੱਲੋਂ ਗਹਿਰੇ ਦੁੱਖ ਪ੍ਰਗਟਾਵਾ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਪਿਛਲੇ ਦਿਨੀਂ ਸਾਬਕਾ ਡੀਐੱਸਪੀ ਰਤਨ ਸਿੰਘ ਦੇ ਵੱਡੇ ਭੈਣ ਅਤੇ ਕਾਂਗਰਸ ਪਾਰਟੀ ਦੇ ਕੌਮੀ ਮੀਤ ਪ੍ਰਧਾਨ ਰਾਜਬੀਰ ਸਿੰਘ ਪੱਖੋਕੇ ਦੇ ਭੂਆ ਗੁਰਦੀਪ ਕੌਰ ਪਿੰਡ ਕੱਲਾ ਜੋ ਗੁਰੂ ਚਰਨਾਂ ਵਿੱਚ ਜਾਂ ਬਿਰਾਜੇ ਸਨ, ਦੇ ਪਰਿਵਾਰਕ ਮੈਂਬਰਾਂ ਨਾਲ ਦੁੱਖ ਦਾ ਪ੍ਰਗਟਾਵਾ ਕਰਨ ਲਈ ਹਲਕਾ ਖਡੂਰ ਸਾਹਿਬ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਪਿੰਡ ਕੱਲਾ ਪਹੁੰਚੇ ਅਤੇ ਸਾਬਕਾ ਡੀਐੱਸਪੀ ਰਤਨ ਸਿੰਘ ਪੱਖੋਕੇ ਨਾਲ ਦੁੱਖ ਸਾਂਝਾ ਕੀਤਾ।ਇਸ ਮੌਕੇ ਪ੍ਰਿੰਸੀਪਲ ਸ਼ਿੰਗਾਰ ਸਿੰਘ ਕੱਲਾ, ਕਰਤਾਰ ਸਿੰਘ ਕੱਲਾ, ਬਲਕਾਰ ਸਿੰਘ, ਗੁਲਜ਼ਾਰ ਸਿੰਘ, ਰਣਜੋਧ ਸਿੰਘ ਸੋਨੂੰ ਆਦਿ ਹਾਜ਼ਰ ਸਨ।

## 'ਹਿੰਦੀ ਭਾਰਤ ਦੀ ਏਕਤਾ ਤੇ ਅਖੰਡਤਾ ਦੀ ਪਛਾਣ ਹੈ'

**ਬਟਾਲਾ (ਤਰਲੋਕ ਬੱਗਾ)**-ਆਰ. ਡੀ. ਖੋਸਲਾ ਡੀ. ਏ. ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਵਿਖੇ ਹਿੰਦੀ ਦਿਵਸ ਦੇ ਮੌਕੇ ਇਕ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ, ਜਿਸ ਵਿਚ ਸਮੂਹ ਵਿਦਿਆਰਥੀਆਂ ਨੇ ਵੱਧ-ਚੜ ਕੇ ਹਿੱਸਾ ਲਿਆ ਅਤੇ ਇਸ ਦਿਵਸ ਨੂੰ ਬੜੇ ਉਤਸ਼ਾਹ ਨਾਲ ਮਨਾਇਆ। ਵਿਦਿਆਰਥੀਆਂ ਨੇ ਭਾਸ਼ਣਾਂ, ਕਵਿਤਾਵਾਂ ਅਤੇ ਨਾਅਰਿਆਂ ਰਾਹੀਂ ਹਿੰਦੀ ਦੀ ਮਹੱਤਤਾ ਨੂੰ ਦਰਸਾਇਆ।ਛੋਟੇ-ਛੋਟੇ ਬੱਚਿਆਂ ਨੇ ਸਵਰ, ਵਿਅੰਜਨ ਅਤੇ ਮਹੀਨਿਆਂ ਦੇ ਨਾਵਾਂ ਨੂੰ ਖੂਬਸੂਰਤੀ ਨਾਲ ਪੇਸ਼ ਕੀਤਾ।ਵਿਦਿਆਰਥੀਆਂ ਨੇ ਸਾਰਿਆਂ ਨੂੰ ਆਪਣੇ ਜੀਵਨ ਵਿੱਚ ਪਿਆਰ, ਤਿਆਗ, ਸਮਰਪਣ, ਨਿਡਰਤਾ, ਸਬਰ, ਇਮਾਨਦਾਰੀ, ਕਰਤੱਵ ਪ੍ਰਤੀ ਸਮਰਪਣ, ਸਵੈ-ਵਿਸ਼ਵਾਸ, ਆਗਿਆਕਾਰੀ, ਸਾਦਗੀ, ਮਿਠਾਸ, ਸੱਚਾਈ ਅਤੇ ਨਿਮਰਤਾ ਵਰਗੇ ਮਨੁੱਖੀ ਗੁਣਾਂ ਨੂੰ ਧਾਰਨ ਕਰਨ ਲਈ ਪ੍ਰੇਰਿਤ ਕੀਤਾ।ਹਿੰਦੀ ਦਿਵਸ ਦੇ ਮੌਕੇ ਪਹਿਲੀ ਤੋਂ ਦਸਵੀਂ ਜਮਾਤ ਤੱਕ ਇੱਕ ਕਵਿਤਾ ਮੁਕਾਬਲਾ ਅਤੇ ਸਲੋਗਨ ਲਿਖਣ ਦਾ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ ਪੂਰਾ ਹਫ਼ਤਾ ਹਿੰਦੀ ਨੂੰ ਸਮਰਪਿਤ ਕੀਤਾ ਗਿਆ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ ਅਤੇ ਪ੍ਰਿੰ. ਡਾ: ਬਿੰਦੂ ਭੱਲਾ ਨੇ ਹਿੰਦੀ ਦਿਵਸ ਦੇ ਮੌਕੇ ਸਾਰਿਆਂ ਨੂੰ ਹਾਰਦਿਕ ਵਧਾਈ ਅਤੇ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਹਿੰਦੀ ਭਾਸ਼ਾ ਦੇਸ਼ ਦੀ ਏਕਤਾ, ਅਖੰਡਤਾ ਅਤੇ ਅਨੇਕਤਾ ਦਾ ਪ੍ਰਤੀਕ ਹੈ।ਇਹ ਭਾਸ਼ਾ ਭਾਰਤ ਦੇ ਸਵੈਮਾਣ, ਦੇਸ਼ ਭਗਤੀ, ਸੱਭਿਆਚਾਰ ਅਤੇ ਖੁਸ਼ਹਾਲੀ ਦਾ ਪ੍ਰਤੀਕ ਵੀ ਹੈ।ਹਿੰਦੀ ਸਾਡੇ ਸੰਵਿਧਾਨ ਦੀ ਸਰਕਾਰੀ ਭਾਸ਼ਾ ਹੈ ਅਤੇ ਸਾਡੀ ਰਾਸ਼ਟਰੀ ਭਾਸ਼ਾ ਵਜੋਂ ਮਹੱਤਵਪੂਰਨ ਹੈ।ਸਾਨੂੰ ਆਪਣੀ ਮਾਂ ਬੋਲੀ ਹਿੰਦੀ ਦਾ ਸਤਿਕਾਰ ਕਰਨਾ ਚਾਹੀਦਾ ਹੈ ਅਤੇ ਇਸ ਨੂੰ ਸਮਰਪਿਤ ਰਹਿਣਾ ਚਾਹੀਦਾ ਹੈ।

## ਪ੍ਰੋ. ਵਿਜੇ ਕੁਮਾਰ ਤੇ ਲੈਕਚਰਾਰ ਰੋਮਾ ਦੇਵੀ ਸਨਮਾਨਤ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)**-ਲਾਇਨਸ ਕਲੱਬ ਹੁਸ਼ਿਆਰਪੁਰ ਵੱਲੋਂ "ਅਧਿਆਪਕ ਦਿਵਸ- 2024" ਮਨਾਉਣ ਦੇ ਲਈ ਰਾਜ ਪੱਧਰੀ ਸਮਾਰੋਹ ਕਰਵਾਇਆ ਗਿਆ। ਜਿਸ ਵਿੱਚ ਰਾਜ ਪੱਧਰ ਤੇ 146 ਅਧਿਆਪਕਾਂ ਨੂੰ ਬੈਸਟ ਟੀਚਰ ਐਵਾਰਡ ਦੇ ਕੇ ਸਨਮਾਨਤ ਕੀਤਾ ਗਿਆ। ਜਿਸ ਵਿੱਚ ਸਰਕਾਰੀ ਕਾਲਜ, ਹੁਸ਼ਿਆਰਪੁਰ ਦੇ ਪ੍ਰੋਫੈਸਰ ਵਿਜੇ ਕੁਮਾਰ ਅਤੇ ਉਹਨਾਂ ਦੀ ਪਤਨੀ ਜੋ ਕਿ ਸ.ਸ.ਸ.ਸ. ਸਕੂਲ ਰੇਲਵੇ ਮੰਡੀ ਹੁਸ਼ਿਆਰਪੁਰ ਵਿਖੇ ਲੈਕਚਰਾਰ ਹੈ, ਨੂੰ ਵੀ ਬੈਸਟ ਟੀਚਰ-2024 ਦਾ ਐਵਾਰਡ ਦੇ ਕੇ ਸਨਮਾਨਤ ਕੀਤਾ ਗਿਆ। ਇਸ ਸਮਾਰੋਹ ਵਿੱਚ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਕੋਮਲ ਮਿੱਤਲ ਅਤੇ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਹੁਸ਼ਿਆਰਪੁਰ ਲਲੀਤਾ ਅਰੋੜਾ ਮੁੱਖ ਮਹਿਮਾਨ ਦੇ ਤੌਰ 'ਤੇ ਹਾਜ਼ਰ ਹੋਏ ਅਤੇ ਉਹਨਾਂ ਨੇ ਅਧਿਆਪਕਾਂ ਨੂੰ ਐਵਾਰਡ ਦੇ ਕੇ ਸਨਮਾਨਤ ਕੀਤਾ। ਪ੍ਰੋ.ਵਿਜੇ ਕੁਮਾਰ ਸਰਕਾਰੀ ਕਾਲਜ ਹੁਸ਼ਿਆਰਪੁਰ ਅਤੇ ਰੋਮਾ ਦੇਵੀ ਲੈਕਚਰਾਰ ਸ.ਸ.ਸ.ਸ. ਸਕੂਲ ਰੇਲਵੇ ਮੰਡੀ ਹੁਸ਼ਿਆਰਪੁਰ ਨੂੰ ਇਸ ਸਮਾਰੋਹ ਵਿੱਚ ਇੱਕ ਟੀਚਰ ਦੇ ਤੌਰ 'ਤੇ ਕੀਤੇ ਗਏ ਕੰਮਾਂ, ਸਮਾਜ ਦੇ ਭਲੇ ਲਈ ਕੀਤੇ ਗਏ ਕੰਮਾਂ ਦੇ ਆਧਾਰ ਤੇ ਮੈਡਲ, ਸਰਟੀਫਿਕੇਟ ਅਤੇ ਮੋਮੈਂਟੋ ਦੇ ਕੇ ਸਨਮਾਨਤ ਕੀਤਾ ਗਿਆ। ਉਹਨਾਂ ਨੇ ਲਾਇਨਜ਼ ਕਲੱਬ ਹੁਸ਼ਿਆਰਪੁਰ ਮੈਂਬਰਾਂ ਦਾ ਐਵਾਰਡ ਦੇਣ ਲਈ ਧੰਨਵਾਦ ਕੀਤਾ।

## ਸਾਬਕਾ ਸੈਨਿਕ ਸੰਘਰਸ਼ ਕਮੇਟੀ ਗੁਰਦਾਸਪੁਰ ਦੀ ਚੋਣ

### ਸੂਬੇਦਾਰ ਮੇਜਰ ਐੱਸ. ਪੀ. ਸਿੰਘ ਗੋਸਲ ਸਰਬਸੰਮਤੀ ਨਾਲ ਮੁੜ ਜ਼ਿਲਾ ਪ੍ਰਧਾਨ ਬਣੇ

**ਗੁਰਦਾਸਪੁਰ, (ਦਿਨੇਸ਼ ਕੁਮਾਰ)**

ਸਾਬਕਾ ਸੈਨਿਕ ਸੰਘਰਸ਼ ਕਮੇਟੀ ਗੁਰਦਾਸਪੁਰ ਦੀ ਵਿਸ਼ੇਸ਼ ਮੀਟਿੰਗ ਤਿੱਬੜੀ ਰੋਡ ਅਮਨ ਸਵੀਟ ਮਿੰਨੀ ਪੈਲੇਸ ਘਰਿਆਲਾ ਚੌਕ ਵਿਖੇ ਹੋਈ। ਮੀਟਿੰਗ ਵਿੱਚ ਸਾਬਕਾ ਸੈਨਿਕਾਂ ਦੇ ਮੁੱਦਿਆਂ 'ਤੇ ਵਿਚਾਰਾਂ ਹੋਈਆਂ। ਮੀਟਿੰਗ ਸੂਬੇਦਾਰ ਮੇਜਰ ਦਲਬੀਰ ਸਿੰਘ ਦੁਗਰੀ ਅਤੇ ਸ਼ਹਿਰੀ ਪ੍ਰਧਾਨ ਸੂਬੇਦਾਰ ਮੇਜਰ ਗੁਰਦਿਆਲ ਸਿੰਘ ਦੀ ਪ੍ਰਧਾਨਗੀ ਵਿੱਚ ਹੋਈ।ਗੋਸਲ ਨੇ ਦੱਸਿਆ ਕਿ ਜੇਸੀਓ ਨਾਲ ਮੁੜ ਵਿਤਕਰਾ ਕੀਤਾ ਹੈ ਅਤੇ ਅਫਸਰਾਂ ਨੂੰ ਖੁੱਲ੍ਹੇ ਗੱਫੇ ਦਿੱਤੇ ਗਏ, ਜਦਕਿ ਸੂਬੇਦਾਰਾਂ ਅਤੇ ਲੈਫਟੀਨੈਂਟ, ਕੈਪਟਨ ਦੀ ਪੈਨਸ਼ਨ ਮਾਇਨਸ ਵਿੱਚ ਗਈ ਹੈ। ਹੁਣ ਸੰਘਰਸ਼ ਕਮੇਟੀ ਦੀ ਦੁਬਾਰਾ ਚੋਣ ਕੀਤੀ ਗਈ ਅਤੇ ਗੋਸਲ ਨੂੰ ਸਰਬਸੰਮਤੀ ਨਾਲ ਜ਼ਿਲਾ ਪ੍ਰਾਨ ਚੁਣਿਆ ਗਿਆ। ਸੂਬੇਦਾਰ ਮੇਜਰ ਸਰਵਣ ਸਿੰਘ ਮਾਨ ਜੁਆਇੰਟ ਸਕੱਤਰ, ਸੂਬੇਦਾਰ ਮੇਜਰ ਬਲਵਿੰਦਰ ਸਿੰਘ ਜੁਆਇੰਟ ਸਕੱਤਰ, ਹਵਾਲਦਾਰ ਬਲਵਿੰਦਰ ਸਿੰਘ ਬਟਾਲਾ ਪੇਂਡੂ ਬਲਾਕ ਪ੍ਰਧਾਨ, ਕੈਪਟਨ ਹਰਜੀਤ ਸਿੰਘ ਬਟਾਲਾ ਨੂੰ ਕੈਸ਼ੀਅਰ ਚੁਣਿਆ। ਬਾਕੀ ਸਾਰੀ ਜ਼ਿਲਾ ਟੀਮ ਪਹਿਲੇ ਦੀ ਤਰ੍ਹਾਂ ਹੀ ਰਹੇਗੀ ਅਤੇ ਬਲਾਕ ਪ੍ਰਧਾਨ ਵੀ ਪਹਿਲੇ ਵਾਲੇ ਹੀ ਰਹਿਣਗੇ।ਗੋਸਲ ਨੇ ਕਿਹਾ ਕਿ ਮੈਨੂੰ ਦੁਬਾਰਾ ਗੁਰਦਾਸਪੁਰ ਦੇ ਸਾਬਕਾ ਸੈਨਿਕਾਂ ਨੇ ਜੋ ਜ਼ੁੰਮੇਵਾਰੀ ਦਿੱਤੀ ਹੈ,ਉਸ ਨੂੰ ਸਾਬਕਾ ਸੈਨਿਕਾਂ ਦੀ ਵੈੱਲਫੇਅਰ ਵਾਸਤੇ ਪਹਿਲੇ ਦੀ ਤਰ੍ਹਾਂ ਹੀ ਨਿਭਾਵਾਂਗਾ ਅਤੇ ਸਾਬਕਾ ਸੈਨਿਕਾਂ ਨਾਲ ਜੋ ਵੀ ਵਧੀਕੀ ਹੋਵੇਗੀ ਉਸ ਖਿਲਾਫ ਆਵਾਜ਼ ਬੁਲੰਦ ਕੀਤੀ ਜਾਵੇਗੀ। ਜ਼ਿਲ੍ਹਾ ਸੈਨਿਕ ਬੋਰਡ ਦੇ ਬਾਹਰ ਹੋ ਰਹੀ ਲੁੱਟ ਤੇ ਨੱਥ ਪਾਈ ਜਾਵੇਗੀ। ਈਸੀਐੱਚ 'ਚ ਵੀ ਜੇ ਕਿਸੇ ਸਾਬਕਾ ਸੈਨਿਕ ਨਾਲ ਠੀਕ ਵਰਤਾਓ ਨਹੀਂ ਹੋਇਆ ਤਾਂ ਸਾਨੂੰ ਦੱਸਿਆ ਜਾਵੇ। ਸਿਵਲ ਪ੍ਰਸ਼ਾਸਨ ਜਾਂ ਸਰਕਾਰ ਕੋਈ ਉਨ੍ਹਾਂ ਦੇ ਪਰਿਵਾਰ ਨਾਲ ਵਧੀਕੀ ਕਰੇਗਾ ਤਾਂ ਉਸ ਦੇ ਖਿਲਾਫ ਵੀ ਸੰਘਰਸ਼ ਕਮੇਟੀ



ਆਵਾਜ਼ ਬੁਲੰਦ ਕਰੇਗੀ। ਮੀਟਿੰਗ ਵਿੱਚ ਜ਼ਿਲਾ ਜਨਰਲ ਸਕੱਤਰ ਸੂਬੇਦਾਰ ਕੁਲਬੀਰ ਸਿੰਘ, ਵਾਈਸ ਪ੍ਰਧਾਨ ਸੂਬੇਦਾਰ ਮੇਜਰ ਸੁਖਦੇਵ ਸਿੰਘ ਅਤੇ ਸੂਬੇਦਾਰ ਦਲਬੀਰ ਸਿੰਘ ਦੁਗਰੀ, ਬਲਾਕ ਪ੍ਰਧਾਨ ਕੈਪਟਨ ਮੰਗਲ ਸਿੰਘ ਕਾਦੀਆਂ, ਕੈਪਟਨ ਜਗੀਰ ਸਿੰਘ, ਹਵਾਲਦਾਰ ਬਲਵਿੰਦਰ ਸਿੰਘ ਪੇਂਡੂ ਬਲਾਕ ਪ੍ਰਧਾਨ ਬਟਾਲਾ, ਸੂਬੇਦਾਰ ਜਗਦੀਸ਼ ਸਿੰਘ ਪਵਾਰ, ਕੈਪਟਨ ਬਲਵਿੰਦਰ ਸਿੰਘ, ਕੈਪਟਨ ਸੰਤੋਖ ਰਾਜ, ਪੇਟੀ ਅਫਸਰ ਸੰਤੋਖ ਸਿੰਘ ਅਤੇ ਕੈਪਟਨ ਸਮਸ਼ੇਰ ਸਿੰਘ ਬਾਜਵਾ, ਹਵਾਲਦਾਰ ਜੋਗਿੰਦਰ ਸਿੰਘ, ਹਵਾਲਦਾਰ ਸੁਖਵੰਤ ਸਿੰਘ ਮੌਜੂਦ ਸਨ।

## ਗਿਆਨੀ ਤਰਲੋਚਨ ਸਿੰਘ ਪੰਡੋਰੀ ਨੇ ਸੰਗਤਾਂ ਸਮੇਤ ਗੁ. ਬਾਬਾ ਦੇਵਾ ਦਾਸ ਵਿਖੇ ਮੱਥਾ ਟੇਕਿਆ

**ਝਬਾਲ, (ਹਰਜਿੰਦਰ ਸਿੰਘ ਸੋਨੀ)**

ਪਿੰਡ ਪੰਡੋਰੀ ਸਿੱਧਵਾਂ ਵਿਖੇ ਸਥਿਤ ਗੁਰਦੁਆਰਾ ਬਾਬਾ ਦੇਵਾ ਦਾਸ ਜੀ ਵਿਖੇ ਸੰਗਤਾਂ ਸਮੇਤ ਗਿਆਨੀ ਤਰਲੋਚਨ ਸਿੰਘ ਪੰਡੋਰੀ ਸਿੱਧਵਾਂ



ਨਤਮਸਤਕ ਹੋਏ ਜਿੱਥੇ ਉਨ੍ਹਾਂ ਗੁਰਦੁਆਰਾ ਸਾਹਿਬ ਵਿਖੇ ਸੁਸ਼ੋਭਿਤ ਜੁਗੋ ਜੁੱਗ ਅਟੱਲ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ 'ਤੇ ਫੁੱਲਾਂ ਦੀ ਵਰਖਾ ਕਰਦਿਆਂ ਸਮੂੰਹ ਨਗਰ ਖੇੜੇ ਪੰਡੋਰੀ ਸਿੱਧਵਾਂ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ।ਇਸ ਮੌਕੇ ਗਿਆਨੀ ਤਰਲੋਚਨ ਸਿੰਘ ਪੰਡੋਰੀ ਸਿੱਧਵਾਂ ਨੇ ਸਭ ਸੰਗਤਾਂ ਨੂੰ ਸਰਬ ਵਿਆਪਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਜਿਸ ਵਿੱਚ ਦਸ ਗੁਰੂ ਸਾਹਿਬਾਨਤੇ ਜਾਤ ਪਾਤ ਤੋਂ ਉਪਰ ਉਠ ਕੇ ਭਗਤਾਂ, ਸੰਤਾਂ, ਮਹਾਂਪੁਰਸ਼ਾਂ ਦੀ ਦਰਜ ਬਾਣੀ ਦੇ ਦਰਸਾਏ ਗਏ ਮਾਰਗ ਤੇ ਚੱਲਣ ਲਈ ਪ੍ਰੇਰਿਤ ਕੀਤਾ ਗਿਆ।ਇਸ ਤੋਂ ਪਹਿਲਾਂ ਗਿਆਨੀ ਤਰਲੋਚਨ ਸਿੰਘ ਵੱਲੋਂ ਬੀਤੇ ਦਿਨੀਂ ਆਪਣੇ ਗ੍ਰਹਿ ਵਿਖੇ ਵੱਡੀ ਗਿਣਤੀ 'ਚ ਇਕੱਤਰ ਸੰਗਤਾਂ ਦੀ ਹਾਜ਼ਰੀ ਵਿੱਚ ਧੰਨ-ਧੰਨ ਬਾਬਾ ਵਡਭਾਗ ਸਿੰਘ ਸੋਢੀ ਪਾਤਸ਼ਾਹ ਦੇ ਮਨਾਏ ਗਏ ਜਨਮ ਦਿਹਾੜੇ ਨੂੰ ਮੌਕੇ ਸੰਗਤਾਂ ਨੂੰ ਵਹਿਮਾਂ-ਭਰਮਾਂ ਤੋਂ ਮੁਕਤ ਹੋ ਕੇ ਅੰਮ੍ਰਿਤ ਛਕ ਕੇ ਗੁਰੂ ਸਾਹਿਬ ਦੇ ਲੜ ਲੱਗਣ, ਬਾਣੀ, ਬਾਣੇ ਦੇ ਧਾਰਨੀ ਬਣਨ ਲਈ ਪ੍ਰੇਰਿਤ ਕੀਤਾ ਗਿਆ।ਇਸ ਮੌਕੇ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਸਹਿਬਾਨ ਭਾਈ ਅਨੋਖ ਸਿੰਘ, ਮਨਜਿੰਦਰ ਸਿੰਘ ਮੰਨਣ, ਸੂਰਜ ਪ੍ਰਕਾਸ਼ ਸਿੰਘ ਮੀਰਾਂਕੋਟ, ਬਲਬੀਰ ਸਿੰਘ ਪੰਡੋਰੀ ਰਣ ਸਿੰਘ, ਕੁਲਬੀਰ ਸਿੰਘ ਝਾਮਕਾ, ਪ੍ਰਭ ਸਿੰਘ, ਜਸਵਿੰਦਰ ਸਿੰਘ, ਗੁਰਪਿੰਦਰ ਸਿੰਘ ਤਰਨਤਾਰਨ, ਸੰਦੀਪ ਸਿੰਘ ਪੰਡੋਰੀ ਸਿੱਧਵਾਂ, ਬਲਵਿੰਦਰ ਸਿੰਘ, ਕਸ਼ਮੀਰ ਸਿੰਘ, ਜਗੀਰ ਸਿੰਘ, ਮਨਪ੍ਰੀਤ ਸਿੰਘ, ਕੁਲਵਿੰਦਰ ਸਿੰਘ, ਲਾਡੀ ਸਾਂਘਣਾ ਜਥੇ ਸਮੇਤ ਆਦਿ ਸੰਗਤਾਂ ਵੀ ਮੌਜੂਦ ਸਨ।

## 'ਖੇਡਾਂ ਵਤਨ ਪੰਜਾਬ ਦੀਆਂ-2024' ਤਹਿਤ ਅੰਡਰ-14 ਫੁੱਟਬਾਲ ਮੁਕਾਬਲੇ ਕਰਵਾਏ

**ਮਾਹਿਲਪੁਰ (ਸ਼ਫ਼ਰੀ)**

ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਵਿੱਚ ਖੇਡਾਂ ਪ੍ਰਤੀ ਦਿਲਚਸਪੀ ਅਤੇ ਉਤਸ਼ਾਹ ਵਧਾਉਣ ਦੇ ਉਦੇਸ਼ ਨਾਲ ਆਯੋਜਿਤ ਖੇਡਾਂ ਵਤਨ ਪੰਜਾਬ ਦੀਆਂ-2024 ਦੇ ਤਹਿਤ ਜ਼ਿਲਾ ਪੱਧਰੀ ਅੰਡਰ-14 ਫੁੱਟਬਾਲ ਮੁਕਾਬਲਿਆਂ ਦਾ ਆਯੋਜਨ ਖਾਲਸਾ ਕਾਲਜ ਮਾਹਿਲਪੁਰ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਾਹਿਲਪੁਰ ਵਿੱਚ ਕੀਤਾ ਗਿਆ। ਇਹਨਾਂ ਮੁਕਾਬਲਿਆਂ ਦੀ ਸ਼ੁਰੂਆਤ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਵੱਲੋਂ ਕਰਵਾਈ ਗਈ। ਇਸ ਮੌਕੇ ਉਨ੍ਹਾਂ ਦੇ ਨਾਲ ਖਾਲਸਾ ਕਾਲਜ ਦੇ ਪ੍ਰਿੰਸੀਪਲ ਡਾ. ਪਰਮਿੰਦਰ ਸਿੰਘ, ਅਰਵਿੰਦਰ ਸਿੰਘ ਅਤੇ ਓ.ਐਸ.ਡੀ. ਚਰਨਜੀਤ ਸਿੰਘ ਚੰਨੀ ਵੀ ਮੌਜੂਦ ਸਨ।ਡਿਪਟੀ ਸਪੀਕਰ ਰੌੜੀ ਨੇ ਖੇਡਾਂ ਦੇ ਮਹੱਤਵ 'ਤੇ ਰੌਸ਼ਨੀ ਪਾਉਂਦੇ ਹੋਏ ਕਿਹਾ ਕਿ ਖੇਡਾਂ ਨੌਜਵਾਨਾਂ ਵਿੱਚ ਅਨੁਸ਼ਾਸਨ ਅਤੇ ਸਹਿਣਸ਼ੀਲਤਾ ਦਾ ਵਿਕਾਸ ਕਰਦੀਆਂ ਹਨ, ਨਾਲ ਹੀ ਉਹਨਾਂ ਨੂੰ ਇਕ ਸਿਹਤਮੰਦ ਅਤੇ ਸਕਾਰਾਤਮਕ ਜੀਵਨਸ਼ੈਲੀ ਵੱਲ ਪ੍ਰੇਰਿਤ ਕਰਦੀਆਂ ਹਨ। ਉਨ੍ਹਾਂ ਇਸ ਪ੍ਰਕਾਰ ਦੇ ਆਯੋਜਨਾਂ ਲਈ ਪੰਜਾਬ ਸਰਕਾਰ ਦੀ ਪਹਿਲਕਦਮੀ ਦੀ ਸਰਾਹਨਾ ਕੀਤੀ ਅਤੇ ਖਿਡਾਰੀਆਂ ਨੂੰ ਉਨ੍ਹਾਂ ਦੀ ਸ਼ਾਨਦਾਰ ਖੇਡ-ਭਾਵਨਾ ਲਈ ਵਧਾਈ ਦਿੱਤੀ। ਰੌੜੀ ਨੇ ਕਿਹਾ ਕਿ ਖੇਡ ਸਿੱਖਿਆ ਦਾ ਇੱਕ ਮਹੱਤਵਪੂਰਨ ਹਿੱਸਾ ਹਨ ਅਤੇ ਇਹ ਮੁਕਾਬਲੇ ਬੱਚਿਆਂ ਵਿੱਚ ਆਤਮ-ਵਿਸ਼ਵਾਸ ਅਤੇ ਟੀਮ-ਭਾਵਨਾ ਦਾ ਵਿਕਾਸ ਕਰਨ ਵਿੱਚ ਸਹਾਇਕ ਹੁੰਦੇ ਹਨ। ਉਨ੍ਹਾਂ ਸਾਰੇ ਭਾਗੀਦਾਰਾਂ ਅਤੇ ਆਯੋਜਕਾਂ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।ਅੱਜ ਦੇ ਮੁਕਾਬਲਿਆਂ ਵਿੱਚ ਮਜਾਰਾ ਡਿੰਗਰੀਆਂ, ਦਗਨ ਅਤੇ ਐਫ.ਏ. ਮਾਹਿਲਪੁਰ ਦੀਆਂ ਟੀਮਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਜਿੱਤ ਦਰਜ ਕੀਤੀ। ਸਾਰੀਆਂ ਟੀਮਾਂ ਨੇ ਵਧੀਆ ਖੇਡ ਦਿਖਾਈ। ਮਜਾਰਾ ਡਿੰਗਰੀਆਂ ਅਤੇ ਐਫ.ਏ. ਮਾਹਿਲਪੁਰ ਦੀਆਂ ਟੀਮਾਂ 16 ਸਤੰਬਰ ਨੂੰ ਫਾਈਨਲ ਮੁਕਾਬਲੇ ਵਿੱਚ ਆਹਮਣਾ-ਸਾਹਮਣਾ ਕਰਨਗੀਆਂ।ਆਯੋਜਨ ਦੀ ਸਫਲਤਾ ਵਿੱਚ ਖਾਲਸਾ ਕਾਲਜ ਮਾਹਿਲਪੁਰ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਾਹਿਲਪੁਰ ਦਾ ਵਿਸ਼ੇਸ਼ ਯੋਗਦਾਨ ਰਿਹਾ, ਜਿਨ੍ਹਾਂ ਨੇ ਸਾਰੀਆਂ ਸਹੂਲਤਾਂ ਉਪਲਬਧ ਕੀਤੀਆਂ।



## ਸਾਬਕਾ ਕਾਂਗਰਸੀ ਵਿਧਾਇਕ ਅਜਨਾਲਾ ਨੇ ਵਰਕਰਾਂ ਨਾਲ ਕੀਤੀ ਮਹੀਨਾਵਾਰ ਮੀਟਿੰਗ

**ਅਜਨਾਲਾ, (ਸੁੱਖਤਿੰਦਰ ਸਿੰਘ ਰਾਜੂ)**

ਵਿਧਾਨ ਸਭਾ ਹਲਕਾ ਅਜਨਾਲਾ ਦੇ ਸਾਬਕਾ ਕਾਂਗਰਸੀ ਵਿਧਾਇਕ ਤੇ ਜ਼ਿਲਾ ਅੰਮ੍ਰਿਤਸਰ ਦਿਹਾਤੀ ਕਾਂਗਰਸ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਅਜਨਾਲਾ ਨੇ ਜ਼ਿਲਾ ਕਾਂਗਰਸ ਕਮੇਟੀ ਅੰਮ੍ਰਿਤਸਰ ਦਿਹਾਤੀ ਦੇ ਦਫ਼ਤਰ ਵਿਖੇ ਮਹੀਨਾਵਾਰ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਆ ਰਹੀਆਂ ਪੰਚਾਇਤੀ ਜ਼ਿਲਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਵਿੱਚ ਕਾਂਗਰਸ ਪਾਰਟੀ ਪੱਖੀ ਉਮੀਦਵਾਰ ਹੀ ਜਿੱਤਣਗੇ।ਪੰਜਾਬ ਦੇ ਲੋਕਾਂ ਦਾ ਆਮ ਆਦਮੀ ਪਾਰਟੀ ਦੀ ਮੌਜੂਦਾ ਸਰਕਾਰ ਤੋਂ ਪੂਰੀ ਤਰ੍ਹਾਂ ਮੋਹ ਭੰਗ ਹੋ ਚੁੱਕਾ ਹੈ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਵਲੋਂ ਸਰਕਾਰ ਵਿਰੁੱਧ ਸੰਘਰਸ਼ ਛੇੜ ਦਿੱਤਾ ਗਿਆ ਹੈ। ਹੁਣ ਆਰ ਪਾਰ ਦੀ ਲੜਾਈ ਦਾ ਸਮਾਂ ਆ ਗਿਆ ਹੈ।ਇਸ ਮੌਕੇ ਕਾਂਗਰਸ ਪਾਰਟੀ ਜ਼ਿਲਾ ਅੰਮ੍ਰਿਤਸਰ ਦਿਹਾਤੀ ਦੇ ਸੀਨੀਅਰ ਮੀਤ ਪ੍ਰਧਾਨ ਕੰਵਰਪ੍ਰਤਾਪ ਸਿੰਘ ਅਜਨਾਲਾ, ਮੁੱਖ ਬੁਲਾਰਾ ਦਿਹਾਤੀ ਅਮਨਦੀਪ ਸਿੰਘ ਕੁੱਕੜ, ਮੈਡਮ ਲੀਲਾ ਵਰਮਾ, ਮਲਕੀਤ ਸਿੰਘ,ਅਜੈਬੀਰ ਸਿੰਘ, ਸ਼ਮਸ਼ੇਰ ਸਿੰਘ, ਝਿਲਮਿਲ ਸਿੰਘ, ਅੰਗਰੇਜ਼ ਸਿੰਘ, ਸਵਿੰਦਰ ਸਿੰਘ, ਹਰਪਾਲ



ਸਿੰਘ, ਦਿਲਬਾਗ ਸਿੰਘ, ਨਿਰਮਲ ਸਿੰਘ, ਰਾਣਾ ਰਣਜੀਤ ਸਿੰਘ ਭੱਖਾ ਐਮ. ਆਰ. ਪੈਲੇਸ ਵਾਲੇ, ਇੰਦਰਜੀਤ ਸਿੰਘ, ਸਵਰਣ ਸਿੰਘ ਨਿਜ਼ਾਮਪੁਰਾ, ਸੋਸ਼ਲ ਮੀਡੀਆ ਇੰਚਾਰਜ ਜਗਰੂਪ ਸਿੰਘ ਨੰਗਲ, ਜਸਵਿੰਦਰ ਸਿੰਘ, ਕੁਲਦੀਪ ਸਿੰਘ, ਦਵਿੰਦਰ ਸਿੰਘ ਮੇਜਰ ਸਿੰਘ, ਸ਼ਾਮ ਸਿੰਘ, ਗੁਲਜ਼ਾਰ ਸਿੰਘ, ਨਰਿੰਦਰ ਸਿੰਘ, ਬਬਲੂ ਅਜਨਾਲਾ, ਪੀਏ ਇੰਦਰਜੀਤ ਸਿੰਘ ਆਦਿ ਹਾਜ਼ਰ ਸਨ।

## ਟੀ. ਸੀ. ਇੰਟਰਨੈਸ਼ਨਲ ਸਕੂਲ 'ਚ ਸਫਾਈ ਪੰਦਰਵਾੜਾ ਮਨਾਇਆ





**ਗੁਰਦਾਸਪੁਰ, (ਦਿਨੇਸ਼ ਕੁਮਾਰ)**

ਟੀ.ਸੀ. ਇੰਟਰਨੈਸ਼ਨਲ ਸਕੂਲ ਵਿੱਚ 1 ਤੋਂ 15 ਸਤੰਬਰ ਤੱਕ ਸਵੱਛਤਾ ਪਖਵਾੜਾ ਮਨਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਸਫਾਈ ਅਤੇ ਸਿਹਤ ਪ੍ਰਤੀ ਜਾਗਰੂਕਤਾ ਫੈਲਾਉਣ ਲਈ ਵੱਖ-ਵੱਖ ਗਤੀਵਿਧੀਆਂ ਵਿੱਚ ਭਾਗ ਲਿਆ।ਇਸ ਮੌਕੇ ਸਫ਼ਾਈ ਦਾ ਪ੍ਰਣ ਲਿਆ ਗਿਆ, ਜਿਸ ਵਿੱਚ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਸਕੂਲ ਵਿੱਚ ਸਾਫ਼-ਸਫ਼ਾਈ ਅਤੇ ਸਿਹਤ ਸੰਭਾਲ ਰੱਖਣ ਦਾ ਪ੍ਰਣ ਲਿਆ। ਪੂਰੇ ਪੰਦਰਵਾੜੇ ਦੌਰਾਨ, ਅਧਿਆਪਕਾਂ ਨੇ ਸਾਫ਼-ਸਫ਼ਾਈ ਨੂੰ ਯਕੀਨੀ ਬਣਾਉਣ ਲਈ ਪਾਣੀ ਵਾਲੇ ਖੇਤਰਾਂ ਅਤੇ ਪਖਾਨਿਆਂ ਦੀ ਨਿਯਮਤ ਤੌਰ 'ਤੇ ਜਾਂਚ ਕੀਤੀ।ਵਿਦਿਆਰਥੀਆਂ ਨੇ ਸਫ਼ਾਈ ਅਤੇ ਸਿਹਤ ਪ੍ਰਤੀ ਜਾਗਰੂਕਤਾ ਫੈਲਾਉਣ ਵਿੱਚ ਅਹਿਮ ਭੂਮਿਕਾ ਨਿਭਾਈ।ਉਨ੍ਹਾਂ ਦੁਕਾਨਦਾਰਾਂ ਨੂੰ ਇਕੱਲੇ ਪਲਾਸਟਿਕ ਅਤੇ ਪਲਾਸਟਿਕ ਦੇ ਥੈਲਿਆਂ ਦੀ ਵਰਤੋਂ ਨਾ ਕਰਨ ਅਤੇ ਕਾਗਜ਼ ਜਾਂ ਕੱਪੜੇ ਦੇ ਥੈਲਿਆਂ ਦੀ ਵਰਤੋਂ ਕਰਨ ਬਾਰੇ ਜਾਗਰੂਕ ਕਰਨ ਲਈ ਸਥਾਨਕ ਬਾਜ਼ਾਰਾਂ ਦਾ ਦੌਰਾ ਕੀਤਾ ਅਤੇ ਉਨ੍ਹਾਂ ਨੂੰ ਕੱਪੜੇ ਦੇ ਥੈਲੇ ਭੇਟ ਕੀਤੇ।ਇਸ ਦੌਰਾਨ ਸਫ਼ਾਈ ਅਤੇ ਸਿਹਤ ਬਾਰੇ ਲੇਖ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਵਿਦਿਆਰਥੀਆਂ ਨੂੰ ਸਫ਼ਾਈ ਅਤੇ ਸਿਹਤ ਬਾਰੇ ਰਚਨਾਤਮਕ ਸੋਚਣ ਲਈ ਪ੍ਰੇਰਿਤ ਕੀਤਾ ਗਿਆ। ਇਸ ਤੋਂ ਇਲਾਵਾ ਵਿਦਿਆਰਥੀਆਂ ਨੂੰ ਹੱਥਾਂ ਦੀ ਸਫਾਈ ਦੀ ਮਹੱਤਤਾ ਬਾਰੇ ਜਾਗਰੂਕ ਕਰਨ ਲਈ ਹੱਥ ਧੋਣ ਸਬੰਧੀ ਜਾਗਰੂਕਤਾ ਗਤੀਵਿਧੀ ਵੀ ਕਰਵਾਈ ਗਈ।ਸਕੂਲ ਦੀ ਵੈੱਬਸਾਈਟ 'ਤੇ ਸਵੱਛਤਾ ਸੰਦੇਸ਼ ਪੋਸਟ ਕੀਤੇ ਗਏ, ਜਿਸ ਨਾਲ ਇਸ ਪਹਿਲ ਦੀ ਪਹੁੰਚ ਨੂੰ ਹੋਰ ਵਧਾਇਆ ਗਿਆ।ਸਕੂਲ ਚੇਅਰਮੈਨ ਰਵਿੰਦਰ ਸ਼ਰਮਾ ਨੇ ਕਿਹਾ ਕਿ ਸਵੱਛਤਾ ਪੰਦਰਵਾੜੇ ਰਾਹੀਂ ਟੀ. ਸੀ. ਇੰਟਰਨੈਸ਼ਨਲ ਸਕੂਲ ਵਿਦਿਆਰਥੀਆਂ, ਅਧਿਆਪਕਾਂ ਅਤੇ ਕਮਿਊਨਿਟੀ ਵਿੱਚ ਸਵੱਛਤਾ ਅਤੇ ਸਿਹਤ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਦਾ ਹੈ, ਜਿਸ ਨਾਲ ਇੱਕ ਸਾਫ਼ ਅਤੇ ਸਿਹਤਮੰਦ ਵਾਤਾਵਰਣ ਪੈਦਾ ਹੁੰਦਾ ਹੈ।

## ਸਰਕਾਰ ਖੇਡਾਂ ਨੂੰ ਉੱਚਾ ਚੁੱਕਣ ਲਈ ਵਚਨਬੱਧ : ਅਮਿਤ ਔਲ




**ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)**

ਕੀਰਤਨ ਦਰਬਾਰ ਸੇਵਾ ਸੋਸਾਇਟੀ ਅਜਨਾਲਾ ਦੀ ਗਰਾਊਂਡ ਵਿੱਚ ਸਵਰਾਜ ਸਪੋਰਟਸ ਕਲੱਬ ਅਜਨਾਲਾ ਵੱਲੋਂ ਕਰਵਾਇਆ ਜਾ ਰਿਹਾ ਚਾਰ ਰੋਜ਼ਾ ਸਾਈਡ ਫੁੱਟਬਾਲ ਟੂਰਨਾਮੈਂਟ ਵਿੱਚ ਬੀਤੀ ਰਾਤ ਟੂਰਨਾਮੈਂਟ ਦੀ ਸ਼ੁਰੂਆਤ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਅਤੇ ਸ਼ਹਿਰੀ ਅਜਨਾਲਾ ਦੇ ਪ੍ਰਧਾਨ ਅਮਿਤ ਔਲ ਵੱਲੋਂ ਰਿਬਨ ਕੱਟ ਕੇ ਕੀਤੀ ਗਈ। ਚੌਥੀ ਰਾਤ ਦੀ ਸ਼ੁਰੂਆਤ ਕਰਨ ਸਮੇਂ ਪ੍ਰਧਾਨ ਅਮਤ ਔਲ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੰਜਾਬ ਦੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਰੀਵਾਲ ਵੱਲੋਂ ਖੇਡਾਂ ਨੂੰ ਉੱਚਾ ਚੁੱਕਣ ਲਈ ਹਲਕਾ ਅਜਨਾਲਾ ਦੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਅਹਿਮ ਉਪਰਾਲੇ ਕੀਤੇ ਜਾ ਰਹੇ ਹਨ। ਵੱਖ-ਵੱਖ ਮੁਕਾਬਲਿਆਂ ਉਪਰੰਤ ਫਾਈਨਲ ਮੁਕਾਬਲਾ ਪਿੰਡ ਚੱਠਾ ਤੇ ਵਿਛੋਇਆ ਦੀ ਟੀਮ ਵਿਚਾਲੇ ਹੋਇਆ ਜਿਸ ਚੱਠਾ ਦੀ ਟੀਮ ਨੇ ਵਿਛੋਇਆ ਦੀ ਟੀਮ ਨੂੰ ਹਰਾ ਕੇ ਜੇਤੂ ਕੱਪ ਕਬਜ਼ੇ 'ਚ ਕੀਤਾ। ਇਸ ਦੌਰਾਨ ਕਲੱਬ ਦੇ ਪ੍ਰਧਾਨ ਮੰਗਲ ਸਿੰਘ ਨਿੱਜਰ ਦੀ ਅਗਵਾਈ ਵਿੱਚ ਕਰਵਾਏ ਇਨਾਮ ਵੰਡ ਸਮਾਗਮ ਦੌਰਾਨ ਕੌਂਸਲਰ ਗੁਰਦੇਵ ਸਿੰਘ ਨਿੱਜਰ ਅਤੇ ਹੋਰਨਾਂ ਅਹੁਦੇਦਾਰਾਂ ਵੱਲੋਂ ਜੇਤੂ ਖਿਡਾਰੀਆਂ ਨੂੰ ਯਾਦਗਾਰੀ ਕੱਪ ਵੰਡੇ ਗਏ। ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਬਲਜਿੰਦਰ ਸਿੰਘ ਮਾਹਲ, ਅਮਿਤ ਪੁਰੀ, ਮਨਜੀਤ ਸਿੰਘ ਬਾਠ, ਨਰਿੰਦਰ ਪਾਲ ਸਿੰਘ ਢਿੱਲੋਂ, ਕੌਂਸਲਰ ਰਾਜਬੀਰ ਕੌਰ ਚਾਹਲ, ਸ਼ਿਵਦੀਪ ਚਾਹਲ, ਡਾਕਟਰ ਕੁਲਵੰਤ ਸਿੰਘ, ਕਰਮਜੀਤ ਸਿੰਘ, ਗੋਲਡੀ ਰਿਆੜ, ਜੁਗਰਾਜ ਸਿੰਘ ਰਿਆੜ, ਕੁਲਜੀਤ ਸਿੰਘ ਔਲਖ, ਬਲਾਕ ਪ੍ਰਧਾਨ ਦਵਿੰਦਰ ਸਿੰਘ ਸੋਨੂ, ਨਾਮਵਰ ਫੁੱਟਬਾਲ ਖਿਡਾਰੀ ਗੁਰਸਿਮਰਤ ਸਿੰਘ ਨਿਜਰ, ਹੁਸਨਪ੍ਰੀਤ ਸਿੰਘ ਨਿੱਜਰ, ਤਲਵਿੰਦਰ ਸਿੰਘ ਪੁਰਬਾ, ਸੁਰਿੰਦਰ ਸਿੰਘ ਢਿੱਲੋਂ, ਅਜੇ ਸ਼ਰਮਾ ਹਰਪ੍ਰੀਤ ਸੋਹਲ, ਦਿਲਬਾਗ ਸਿੰਘ ਘੁੱਲੀ, ਸਾਹਿਲ ਮਹਾਜਨ, ਕਾਬਲ ਸਿੰਘ ਨਿੱਜਰ, ਹਰਪ੍ਰੀਤ ਸਿੰਘ ਨਿੱਜਰ, ਬਾਬਾ ਗੋਰਾ ਸਿੰਘ ਆਦਿ ਹਾਜ਼ਰ ਸਨ।

## ਪਰਾਲੀ ਨੂੰ ਅੱਗ ਨਾ ਲਗਾਉਣ ਸਬੰਧੀ ਪ੍ਰੇਰਿਤ ਕਰਨ ਲਈ ਏਡੀਸੀ ਵੱਲੋਂ ਹਾਟ ਸਪਾਟ ਪਿੰਡਾਂ ਦਾ ਦੌਰਾ

**ਰਈਆ( ਡੀ. ਕੇ. ਰੈਡੀ)**

ਡਿਪਟੀ ਕਮਿਸ਼ਨਰ ਅੰਮ੍ਰਿਤਸਰ ਵੱਲੋਂ ਪਰਾਲੀ ਨੂੰ ਅੱਗ ਨਾ ਲੱਗਣ ਦੀਆਂ ਘਟਨਾਵਾਂ ਨੂੰ ਰੋਕਣ ਸਬੰਧੀ ਜਾਰੀ ਦਿਸ਼ਾ ਨਿਰਦੇਸ਼ਾ ਦੇ ਚੱਲਦਿਆਂ ਮਾਨਯੋਗ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਅੰਮ੍ਰਿਤਸਰ ਪਰਮਜੀਤ ਕੌਰ ਨੇ ਬਲਾਕ ਰਈਆ ਦੇ ਹਾਟ ਸਪਾਟ ਪਿੰਡ ਭੋਰਸ਼ੀ ਰਾਜਪੂਤਾਂ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਨਾਲ ਖੇਤੀਬਾੜੀ ਅਫ਼ਸਰ ਸੁਖਰਾਜਬੀਰ ਸਿੰਘ ਗਿੱਲ, ਬਲਾਕ ਖੇਤੀਬਾੜੀ ਅਫਸਰ ਬਲਵਿੰਦਰ ਸਿੰਘ ਛੀਨਾ, ਬੀ. ਡੀ. ਪੀ. ਓ. ਕੁਲਵੰਤ ਸਿੰਘ, ਏ. ਡੀ. ਓ. ਹਰਮੀਤ ਸਿੰਘ, ਵਿਕਰਮਜੀਤ ਸਿੰਘ, ਇੰਸਪੈਕਟਰ ਕੋਆਪਰੇਟਿਵ ਪੁਨੀਤ ਸਿੰਘ, ਪਟਵਾਰੀ ਕਿਰਨਦੀਪ ਕੌਰ ਪੰਚਾਇਤ ਸਕੱਤਰ ਮੇਵਾ ਸਿੰਘ, ਅਵਤਾਰ ਸਿੰਘ ਮੌਜੂਦ ਸਨ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨੇ ਕਿਸਾਨਾ ਨਾਲ ਝੋਨੇ ਦੀ ਪਰਾਲੀ ਦੀ ਸਾਂਭ ਸੰਭਾਲ ਦੇ ਨਾਲ-ਨਾਲ ਉਨ੍ਹਾਂ ਦੀਆਂ ਵੀ ਮੁਸ਼ਕਿਲਾਂ ਸੁਣੀਆਂ।ਉਨ੍ਹਾਂ ਵੱਲੋਂ ਕਿਸਾਨਾਂ ਨੂੰ ਮਸ਼ੀਨਰੀ ਦੀ ਸੁਚੱਜੀ ਵਰਤੋਂ ਕਰਦੇ ਹੋਏ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਮਨੋਹਰ ਸਿੰਘ (ਰਿਟਾਇਰ ਮੁੱਖ ਖੇਤੀਬਾੜੀ ਅਫਸਰ) ਵੱਲੋਂ ਵੀ ਕਿਸਾਨਾ ਨੂੰ ਸੰਬੋਧਨ ਕਰਦਿਆਂ ਪਰਾਲੀ ਨੂੰ ਅੱਗ ਨਾ ਲਗਾਉਣ ਸਬੰਧੀ ਪ੍ਰੇਰਿਤ ਕੀਤਾ ਗਿਆ ਅਤੇ ਪਰਾਲੀ ਦੀ ਸਾਂਭ ਸੰਭਾਲ ਸਬੰਧੀ ਨੁਕਤੇ ਸਾਂਝੇ ਕੀਤੇ।ਏ. ਡੀ. ਓ. ਹਰਮੀਤ ਸਿੰਘ ਵੱਲੋਂ ਕਿਸਾਨਾਂ ਨੂੰ ਦੱਸਿਆ ਗਿਆ ਕਿ ਬਲਾਕ ਖੇਤੀਬਾੜੀ ਦਫਤਰ ਵਿਖੇ ਦੋ ਸੁਪਰ ਸੀਡਰ ਅਤੇ ਦੋ ਜ਼ੀਰੋ ਡਰਿੱਲ ਮਸ਼ੀਨਰੀ ਉਪਲੱਬਧ ਹੈ। ਕਿਸਾਨ ਵੀਰ ਉਨ੍ਹਾਂ ਦੀ ਵਰਤੋਂ ਕਰਕੇ ਪਰਾਲੀ ਦੀ ਸੁਚੱਜੀ ਸਾਂਭ-ਸੰਭਾਲ ਕਰ ਸਕਦੇ ਹਨ ਅਤੇ ਉਨ੍ਹਾਂ ਕਿਸਾਨਾਂ ਨੂੰ ਦੱਸਿਆ ਕਿ ਮਹਿਕਮੇ ਵੱਲੋਂ ਸਬਸਿਡੀ ਤੇ ਦਿੱਤੇ 8 ਬੇਲਰ ਅਪਰੇਟਰਾਂ ਅਤੇ ਹੋਰ ਪ੍ਰਾਈਵੇਟ ਬੇਲਰ ਅਪਰੇਟਰਾਂ ਦੀ ਲਿਸਟ ਜਾਰੀ ਕੀਤੀ ਗਈ ਹੈ ਜਿਸ ਦੀ ਵਰਤੋਂ ਕਰਨ ਲਈ ਕਿਸਾਨ ਮਹਿਕਮੇ ਨਾਲ ਸੰਪਰਕ ਕਰਕੇ ਪਰਾਲੀ ਦੀ ਸਾਂਭ-ਸੰਭਾਲ ਕਰ ਸਕਦੇ ਹਨ।ਇਸ ਮੌਕੇ ਪਿੰਡ ਭੋਰਸੀ ਰਾਜਪੂਤਾਂ ਅਤੇ ਨਾਲ ਲੱਗਦੇ ਪਿੰਡਾਂ ਦੇ ਕਿਸਾਨਾਂ ਨੇ ਇਸ ਕਿਸਾਨ ਸਿਖਲਾਈ ਕੈਂਪ ਵਿੱਚ ਪਹੁੰਚ ਕੇ ਤਕਨੀਕੀ ਜਾਣਕਾਰੀ ਹਾਸਲ ਕੀਤੀ।



## ਗਣੇਸ਼ ਮੂਰਤੀ ਦਾ ਨਹਿਰ ਅਪਰ ਬਾਰੀ ਦੁਆਬ 'ਚ ਵਿਸਰਜਨ



**ਗੁਰਦਾਸਪੁਰ, (ਜਨਕ ਮਹਾਜਨ)**

ਗੁਰਦਾਸਪੁਰ ਦੇ ਪਿੰਡ ਚਾਵਾ ਦੇ ਰਾਮ ਮੰਦਿਰ ਵਿਚ ਸ੍ਰੀ ਗਣੇਸ਼ ਚਤੁਰਥੀ ਦੇ ਉਪ ਲਕਸ਼ ਵਿਚ ਸ੍ਰੀ ਗਣੇਸ਼ ਦਾ ਸਵਰੂਪ ਸ਼੍ਰੀ ਰਾਮ ਮੰਦਿਰ ਵਿਖੇ ਬਿਰਾਜਮਾਨ ਕੀਤਾ ਗਿਆ ਸੀ ਅਤੇ ਇਕ ਹਫ਼ਤਾ ਪੂਜਾ ਅਰਚਨਾ ਤੋਂ ਬਾਅਦ ਸ੍ਰੀ ਗਣੇਸ਼ ਦੀ ਮੂਰਤੀ ਦਾ ਵਿਸਰਜਨ ਨਹਿਰ ਅਪਰਬਰੀ ਦੁਆਬ ਦੇ ਵਗਦੇ ਪਾਣੀ ਵਿਚ ਕੀਤਾ ਗਿਆ। ਸ਼ਰਧਾਲੂਆਂ ਵੱਲੋਂ ਗਣਪਤੀ ਦੀ ਵੰਦਨਾ ਕੀਤੀ ਗਈ ਅਤੇ ਗਣਪਤੀ ਮੋਰਿਆ ਦੇ ਜੈਕਾਰੇ ਲਗਾਏ ਗਏ। ਇਸ ਸਮਾਗਮ ਪ੍ਰਤੀ ਲੋਕਾਂ ਦਾ ਭਾਰੀ ਉਤਸ਼ਾਹ ਸੀ ਅਤੇ ਸ਼ਰਧਾਲੂ ਬੈਂਡ ਵਾਜਿਆਂ ਤੇ ਖੁਸ਼ੀ ਦੇ ਨਾਲ ਗਣੇਸ਼ ਦੀ ਮੂਰਤੀ ਦਾ ਵਿਸਰਜਨ ਕਰਨ ਗਏ। ਪੰਡਿਤ ਸੁਦੇਸ਼ ਕੁਮਾਰ ਸ਼ਰਮਾ ਨੇ ਮੂਲ ਮੰਤਰਾਂ ਨਾਲ ਇਹ ਸਾਰਾ ਕਾਰਜ ਕਰਵਾਇਆ। ਇਸ ਮੌਕੇ ਸ਼ਰਧਾਲੂਆਂ ਵਿਚ ਬਲਵਿੰਦਰ ਸਿੰਘ, ਪ੍ਰਧਾਨ ਰਾਜੇਸ਼ ਕੁਮਾਰ, ਪੁਸ਼ਪਿੰਦਰ ਸਿੰਘ ਕਾਟਲ, ਗੋਪਾਲ ਸਿੰਘ ਕਾਟਲ, ਅਸ਼ਵਨੀ ਕਾਟਲ, ਵਿਜੈ ਸਲਾਰੀਆ, ਕੁਲਵੰਤ ਕਾਟਲ, ਬਲਰਾਮ, ਰਛਪਾਲ ਚੰਦ, ਰਮਨ ਸ਼ਰਮਾ, ਕੇ. ਪੀ. ਆਦਿ ਹਾਜ਼ਰ ਸਨ।

## 27 ਨੂੰ ਸ਼ਹੀਦ ਭਗਤ ਸਿੰਘ ਦੇ ਜਨਮ ਦਿਨ 'ਤੇ ਲੋਕਾਂ ਨੂੰ ਵੱਡੀ ਗਿਣਤੀ 'ਚ ਪਹੁੰਚਣ ਦਾ ਸੱਦਾ

**ਤਰਨ ਤਾਰਨ (ਪ੍ਰਿਤਪਾਲ ਸਿੰਘ)**

27 ਸਤੰਬਰ ਨੂੰ ਸ਼ਹੀਦ ਭਗਤ ਸਿੰਘ ਦੇ ਜਨਮ ਦਿਨ ਤੇ ਮਜ਼ਦੂਰਾਂ ਦੇ ਭਖਦੇ ਮਸਲਿਆਂ ਨੂੰ ਵਿਚਾਰਨ ਹਿੱਤ ਵਿਸ਼ਾਲ ਇਕੱਠ ਕੀਤਾ ਜਾਵੇਗਾ।ਇਸ ਦੀ ਤਿਆਰੀ ਸਬੰਧੀ ਪਿੰਡ ਮੁਗਲਚੱਕ 'ਚ ਮਨਰੇਗਾ ਮਜ਼ਦੂਰਾਂ ਦੀ ਭਰਵੀਂ ਮੀਟਿੰਗ ਕੀਤੀ ਗਈ।ਇਸ ਮੌਕੇ ਮਨਰੇਗਾ ਵਰਕਰ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਬਲਦੇਵ ਸਿੰਘ ਪੰਡੋਰੀ, ਨਰਿੰਦਰ ਸਿੰਘ ਰਟੋਲ ਨੇ ਕਿਹਾ ਕਿ ਮਨਰੇਗਾ ਕਾਨੂੰਨ ਤਹਿਤ ਦਿਹਾਤੀ ਮਜ਼ਦੂਰਾਂ ਦੇ ਸਾਰੇ ਪਰਿਵਾਰਾਂ ਨੂੰ ਸਾਰਾ ਸਾਲ ਕੰਮ ਦਿੱਤਾ ਜਾਵੇ ਅਤੇ ਦਿਹਾੜੀ ਘੱਟੋ-ਘੱਟ 1000 ਰੁਪਏ ਦਿੱਤੀ ਜਾਵੇ, ਕਸਬਿਆਂ ਤੇ ਸ਼ਹਿਰਾਂ ਵਿੱਚ ਵੀ ਇਹ ਕਾਨੂੰਨ ਲਾਗੂ ਕਰਕੇ ਇਥੇ ਰਹਿੰਦੇ ਮਜ਼ਦੂਰਾਂ ਨੂੰ ਵੀ ਕੰਮ ਦੇਣ ਦਾ ਪ੍ਰਬੰਧ ਕੀਤਾ ਜਾਵੇ। ਸਰਕਾਰ ਵੱਲੋਂ ਸਮਾਜਿਕ ਸੁਰੱਖਿਆ ਕਾਨੂੰਨ ਅਨੁਸਾਰ ਸਾਰੀਆਂ ਸਕੀਮਾਂ ਅਧੀਨ ਮਿਲਦੀਆਂ ਸਹੂਲਤਾਂ ਚਾਲੂ ਕੀਤੀਆਂ ਜਾਣ ਅਤੇ ਚੋਣਾਂ ਸਮੇਂ ਕੀਤੇ ਵਾਅਦੇ, ਗਰੰਟੀਆਂ ਅਨੁਸਾਰ ਬੁਢਾਪਾ, ਵਿਧਵਾ, ਅੰਗਹੀਣ ਤੇ ਆਸ਼ਰਿਤ ਪੈਨਸ਼ਨ 2500 ਰੁਪਏ ਮਹੀਨਾ ਤੁਰੰਤ ਚਾਲੂ ਕੀਤੀ ਜਾਵੇ।ਪਰ ਇਹ ਪੈਨਸ਼ਨ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਹੋਇਆਂ ਘੱਟੋ-ਘੱਟ 10000 ਰੁਪਏ ਕੀਤੀ ਜਾਵੇ।ਉਮਰ ਦੀ ਹੱਦ ਮਰਦ ਲਈ 58 ਸਾਲ ਅਤੇ ਔਰਤ ਲਈ 55 ਸਾਲ ਕੀਤੀ ਜਾਵੇ।ਚੋਣਾਂ ਸਮੇਂ ਕੀਤੇ ਵਾਅਦੇ ਅਤੇ ਗਰੰਟੀਆਂ ਦੀ ਪੂਰਤੀ ਲਈ ਹਰ ਔਰਤ ਨੂੰ ਪ੍ਰਤੀ ਮਹੀਨਾ 1100 ਰੁਪਏ ਤੁਰੰਤ ਦੇਣ ਦਾ ਫੌਰੀ ਪ੍ਰਬੰਧ ਕੀਤਾ ਜਾਵੇ ਅਤੇ ਸਰਕਾਰ ਬਣਨ ਤੋਂ ਲੈ ਕੇ ਹੁਣ ਤੱਕ ਦਾ ਸਾਰਾ ਬਕਾਇਆ ਤੁਰੰਤ ਜਾਰੀ ਕੀਤਾ ਜਾਵੇ।ਪਬਲਿਕ ਵੰਡ ਪ੍ਰਣਾਲੀ ਨੂੰ ਮਜ਼ਬੂਤ ਕਰਕੇ ਸਾਰੇ ਸਹੀ ਹੱਕਦਾਰਾਂ ਨੂੰ ਸਰਕਾਰੀ



ਡਿਪੂਆਂ ਰਾਹੀਂ ਕਣਕ, ਚਾਵਲ, ਦਾਲ, ਖੰਡ, ਚਾਹ ਪੱਤੀ, ਸਾਬਣ, ਸਰਫ, ਹਲਦੀ, ਮਸਾਲੇ, ਖਾਣ ਵਾਲੇ ਤੇਲ, ਕੱਪੜਾ ਤੇ ਰਸੋਈ ਗੈਸ ਆਦਿ ਵਰਤੋਂ ਦੀਆਂ ਸਾਰੀਆਂ ਜ਼ਰੂਰੀ ਵਸਤਾਂ ਸਬਸਿਡੀ ਦੇ ਕੇ ਸਸਤੇ ਭਾਅ 'ਤੇ ਦਿੱਤੀਆਂ ਜਾਣ। ਕੱਟੇ ਹੋਏ ਸਹੀ ਰਾਸ਼ਨ ਕਾਰਡ ਤੁਰੰਤ ਬਣਾਏ ਜਾਣ, ਲੋੜਵੰਦਾਂ ਦੇ ਨਵੇਂ ਕਾਰਡ ਬਣਾਏ ਜਾਣ ਅਤੇ ਵਾਧੂ ਬਣੇ ਗੈਰ-ਜ਼ਰੂਰਤਵੰਦਾਂ ਦੇ ਰਾਸ਼ਨ ਕਾਰਡਾਂ 'ਤੇ ਰੋਕ ਲਾਈ ਜਾਵੇ।ਇਸ ਵਿਚ ਹੁੰਦਾ ਭ੍ਰਿਸ਼ਟਾਚਾਰ ਤੁਰੰਤ ਸਖਤੀ ਨਾਲ ਰੋਕਿਆ ਜਾਵੇ।ਸਾਰੇ ਲੋਕਾਂ ਲਈ ਪੀਣ ਵਾਲੇ ਸਾਫ ਪਾਣੀ ਦਾ ਮੁਫਤ ਪ੍ਰਬੰਧ ਕੀਤਾ ਜਾਵੇ ਅਤੇ ਲੋੜ ਮੁਤਾਬਿਕ ਸਪਲਾਈ ਦਿੱਤੀ ਜਾਵੇ।ਸਰਕਾਰੀ ਸਕੂਲਾਂ ਵਿੱਚ ਲੋੜ ਮੁਤਾਬਿਕ ਟੀਚਰ ਰੈਗੂਲਰ ਭਰਤੀ ਕੀਤੇ ਜਾਣ ਅਤੇ ਸਾਰੇ ਲੋਕਾਂ ਨੂੰ ਸਰਕਾਰੀ ਤੌਰ ਤੇ ਬਰਾਬਰ ਵਿੱਦਿਆ ਮੁਫਤ ਦਿੱਤੀ ਜਾਵੇ ਅਤੇ ਨਵੀਂ ਵਿੱਦਿਆ ਨੀਤੀ ਰੱਦ ਕੀਤੀ ਜਾਵੇ।ਪਹਿਲਾਂ ਬਣੇ ਸਰਕਾਰੀ ਹਸਪਤਾਲਾਂ ਦੀ ਹਾਲਤ ਵਿੱਚ ਸੁਧਾਰ ਕੀਤਾ ਜਾਵੇ, ਸਾਰੇ ਮਜ਼ਦੂਰਾਂ ਅਤੇ ਹੋਰ ਲੋੜਵੰਦਾਂ ਦੇ ਹਰ ਤਰ੍ਹਾਂ ਦੇ ਕਰਜ਼ੇ ਮੁਆਫ ਕੀਤੇ ਜਾਣ ਅਤੇ ਮਾਈਕਰੋ ਫਾਈਨਾਂਸ ਕੰਪਨੀਆਂ ਦੀ ਲੁੱਟ ਤੋਂ ਬਚਾਉਣ ਲਈ ਬੈਂਕਾਂ ਰਾਹੀਂ ਬਿਨਾਂ ਵਿਆਜ ਕਰਜ਼ਾ ਦਿੱਤਾ ਜਾਵੇ। ਸਾਰੇ ਬੇ-ਘਰੇ ਲੋਕਾਂ ਨੂੰ ਸ਼ਹਿਰੀ ਖੇਤਰ ਵਿੱਚ 5-5 ਮਰਲੇ ਅਤੇ ਪੇਂਡੂ ਖੇਤਰ ਵਿਚ 10-10 ਮਰਲੇ ਦੇ ਰਿਹਾਇਸ਼ੀ ਪਲਾਟ ਦੇ ਕੇ ਮਕਾਨ ਬਣਾਉਣ ਲਈ ਘੱਟੋ ਘੱਟ 5 ਲੱਖ ਰੁਪਏ ਦੀ ਗ੍ਰਾਂਟ ਦਿੱਤੀ ਜਾਵੇ ਅਤੇ ਲਾਲ ਲਕੀਰ ਅੰਦਰ ਰਹਿ ਰਹੇ ਮਜਦੂਰਾਂ ਨੂੰ ਮਾਲਕੀ ਹੱਕ ਦੇ ਬਿਨਾ ਫੀਸ ਰਜਿਸਟਰੀਆ ਕੀਤੀਆਂ ਜਾਣ। ਇਸ ਮੌਕੇ ਜੋਗਾ ਸਿੰਘ, ਮਿਲਖਾ ਸਿੰਘ, ਜਰਨੈਲ ਸਿੰਘ, ਧਰਮਿੰਦਰ ਸਿੰਘ, ਗੁਰਮੁੱਖ, ਪਿਆਰ ਕੌਰ, ਸੁਰਜੀਤ ਕੌਰ, ਬਲਵਿੰਦਰ ਕੌਰ, ਸਤਨਾਮ ਕੌਰ, ਸਵਿੰਦਰ ਕੌਰ, ਸਿਮਰਨਜੀਤ ਕੌਰ, ਦਲਬੀਰ ਕੌਰ, ਕੰਵਲਜੀਤ ਕੌਰ, ਚਰਨਜੀਤ ਕੌਰ, ਪਰਮਜੀਤ ਕੌਰ, ਨਿਰਮਲਜੀਤ ਕੌਰ ਆਦਿ ਹਾਜ਼ਰ ਸਨ।

## ਰਾਸ਼ਟਰੀ ਭਗਵਾਂ ਸੈਨਾ ਸੰਗਠਨ ਵੱਲੋਂ ਮੈਂਬਰਸ਼ਿਪ ਮੁਹਿੰਮ ਜ਼ੋਰ-ਸ਼ੋਰ ਸ਼ੁਰੂ

**ਅਜਨਾਲਾ, (ਸੁੱਖਤਿੰਦਰ ਸਿੰਘ ਰਾਜੂ)**-ਸਥਾਨਕ ਸ਼ਹਿਰ ਅਜਨਾਲਾ ਦੇ ਮਹਾਜਨ ਪੈਲੇਸ ਵਿੱਚ ਰਾਸ਼ਟਰੀ ਭਗਵਾਂ ਸੈਨਾ ਸੰਗਠਨ ਦੇ ਉੱਤਰ ਭਾਰਤ ਪ੍ਰਮੁੱਖ ਪ੍ਰਧਾਨ ਪਵਨ ਸਰੀਨ ਅਜਨਾਲਾ ਦੀ ਅਗਵਾਈ ਵਿੱਚ ਇੱਕ ਵਿਸ਼ੇਸ਼ ਪ੍ਰੋਗਰਾਮ ਮੈਂਬਰਸ਼ਿਪ ਅਭਿਆਨ ਸ਼ੁਰੂ ਕੀਤਾ ਗਿਆ ਜਿਸ ਵਿੱਚ ਆਮ ਲੋਕਾਂ ਨੂੰ ਰਾਸ਼ਟਰੀ ਭਗਵਾਂ ਸੈਨਾ ਸੰਗਠਨ ਦੀ ਮੈਂਬਰਸ਼ਿਪ ਦਿੱਤੀ ਗਈ। ਵੱਡੀ ਗਿਣਤੀ ਵਿੱਚ ਨੌਜਵਾਨ ਰਾਸ਼ਟਰੀ ਭਗਵਾਂ ਸੈਨਾ ਸੰਗਠਨ ਦੇ ਮੈਂਬਰ ਬਣੇ। ਰਾਸ਼ਟਰੀ ਪ੍ਰਧਾਨ ਪੰਕਜ ਦਵੇਸਰ ਤੇ ਅਜਨਾਲਾ ਦੇ ਪ੍ਰਧਾਨ ਪਵਨ ਸਰੀਨ ਨੇ ਕਿਹਾ ਕਿ ਪੰਜਾਬ ਵਿਚ ਰਾਸ਼ਟਰੀ ਭਗਵਾ ਸੈਨਾ ਸੰਗਠਨ ਵੱਲੋਂ ਮੈਂਬਰਸ਼ਿਪ ਅਭਿਆਨ ਚਲਾਇਆਂ ਜਾ ਰਿਹਾ ਹੈ ਤੇ ਲੋਕ ਵੱਡੀ ਗਿਣਤੀ ਵਿੱਚ ਸੰਗਠਨ ਨਾਲ ਧੜਾਧੜ ਜੁੜ ਰਹੇ ਹਨ। ਉਨ੍ਹਾਂ ਨੌਜਵਾਨਾਂ ਨੂੰ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਦੀ ਅਪੀਲ ਕੀਤੀ।ਇਸ ਪ੍ਰੋਗਰਾਮ ਵਿੱਚ ਰਾਸ਼ਟਰੀ ਪ੍ਰਧਾਨ ਪੰਕਜ, ਰਾਸ਼ਟਰੀ ਯੁਵਾ ਪ੍ਰਧਾਨ ਸੌਰਵ ਗੁਪਤਾ (ਪਠਾਨਕੋਟ) ਉੱਤਰ ਭਾਰਤ ਚੇਅਰਮੈਨ ਬਲਵਿੰਦਰ ਸ਼ਰਮਾ, ਪੰਜਾਬ ਉਪ ਪ੍ਰਧਾਨ ਹਰਜਿੰਦਰ ਸਰੀਨ, ਜ਼ਿਲਾ ਪ੍ਰਧਾਨ ਕਰਨ ਪੁਰੀ, ਰਾਸ਼ਟਰੀ ਯੁਵਾ ਦਫ਼ਤਰ ਦੇ ਪ੍ਰਧਾਨ ਰਾਜ ਸ਼ਰਮਾ, ਮਾਝਾ ਜ਼ੋਨ ਦੇ ਪ੍ਰਧਾਨ ਹਰਜਿੰਦਰ ਪਾਲ ਸ਼ਰਮਾ, ਸੰਦੀਪ ਕੁਮਾਰ, ਕੁਲਦੀਪ ਕੁਮਾਰ, ਸਮਾਜ ਸੇਵੀ ਬਬਲੂ ਅਜਨਾਲਾ ਹਾਜ਼ਰ ਸਨ।



ਨਵਾਂ ਜ਼ਮਾਨਾ
ਮੰਗਲਵਾਰ, 17 ਸਤੰਬਰ 2024

# ਨ.ਫਰਤੀ ਮੁਹਿੰਮ ਜਾਰੀ

ਲੋਕ ਸਭਾ ਚੋਣਾਂ ਵਿੱਚ ਸਪੱਸ਼ਟ ਬਹੁਮੱਤ ਹਾਸਲ ਨਾ ਕਰਨ ਤੋਂ ਬਾਅਦ ਸਮਝਿਆ ਜਾਂਦਾ ਸੀ ਕਿ ਭਾਜਪਾ ਤੇ ਇਸ ਦੇ ਰਹਿਨੁਮਾ ਬੀਤੇ ਤੋਂ ਸਬਕ ਸਿੱਖ ਕੇ ਆਪਣੀ ਫਿਰਕੂ ਨ.ਫਰਤੀ ਨੀਤੀ ਤੋਂ ਤੌਬਾ ਕਰ ਲੈਣਗੇ, ਪਰ ਜਾਪਦਾ ਹੈ ਕਿ ਉਹ ਇਸ ਨੂੰ ਹੋਰ ਤੇਜ਼ ਕਰਨ ਦੇ ਰਾਹ ਪੈ ਗਏ ਹਨ।

ਭਾਜਪਾ ਆਗੂਆਂ ਨੇ ਪਿਛਲੇ 10 ਸਾਲਾਂ ਦੌਰਾਨ ਸਮਾਜ ਵਿੱਚ ਫਿਰਕੂ ਵੰਡੀਆਂ ਪਾਉਣ ਲਈ ਅੱਗ ਉਗਲਦੇ ਭਾਸ਼ਣਾਂ, ਭੀੜਤੰਤਰੀ ਹੱਤਿਆਵਾਂ, ਬੁਲਡੋਜ਼ਰ ਨਿਆਂ ਤੇ ਝੂਠੇ ਪੁਲਸ ਮੁਕਾਬਲਿਆਂ ਰਾਹੀਂ ਘੱਟ-ਗਿਣਤੀਆਂ ਅੰਦਰ ਦਹਿਸ਼ਤ ਫੈਲਾਉਣ ਦਾ ਜਿਹੜਾ ਸਿਲਸਲਾ ਸ਼ੁਰੂ ਕੀਤਾ ਸੀ, ਉਹ ਬਦਸਤੂਰ ਜਾਰੀ ਹੈ। ਭੀੜਤੰਤਰ ਦੀਆਂ ਦੋ ਘਟਨਾਵਾਂ ਤਾਂ ਹੁਣੇ-ਹੁਣੇ ਹਰਿਆਣੇ ਵਿੱਚ ਵਾਪਰ ਚੁੱਕੀਆਂ ਹਨ। ਨੋਇਡਾ ਵਿੱਚ ਤਾਂ ਇਸ ਦੀ ਭੇਟ ਇੱਕ ਹਿੰਦੂ ਵਿਦਿਆਰਥੀ ਵੀ ਚੜ੍ਹ ਚੁੱਕਾ ਹੈ। ਜੇਲ੍ਹਬੰਦ ਗਊ ਰਾਖੇ ਨਾਲ ਜਦੋਂ ਮਾਰੇ ਗਏ ਮੁੰਡੇ ਦਾ ਬਾਪ ਮੁਲਾਕਾਤ ਕਰਦਾ ਹੈ ਤਾਂ ਕਾਤਲ ਦੀ ਇਹ ਸਫ਼ਾਈ ਕਿ, "ਉਸ ਨੇ ਮਾਰੇ ਗਏ ਲੜਕੇ ਨੂੰ ਮੁਸਲਮਾਨ ਸਮਝ ਲਿਆ ਸੀ", ਹਿੰਦੂ ਜਵਾਨੀ ਅੰਦਰ ਭਰੀ ਜਾ ਚੁੱਕੀ ਨ.ਫਰਤੀ ਜ਼ਹਿਰ ਨੂੰ ਸਾਹਮਣੇ ਲੈ ਆਉਂਦੀ ਹੈ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਹਰਿਆਣੇ ਵਿੱਚ ਕੀਤੀ ਗਈ ਤਾਜ਼ਾ ਚੋਣ ਰੈਲੀ ਵਿੱਚ ਇਹ ਕਹਿਣਾ ਕਿ ਜੇ ਕਾਂਗਰਸ ਸੱਤਾ ਵਿੱਚ ਆ ਗਈ ਤਾਂ ਉਹ ਜੰਮੂ-ਕਸ਼ਮੀਰ ਵਿੱਚ ਧਾਰਾ 370 ਮੁੜ ਲਾਗੂ ਕਰ ਦੇਵੇਗੀ, ਕਿੰਨੀ ਬੇਤੁਕੀ ਗੱਲ ਹੈ। ਭਲਾ ਹਰਿਆਣੇ ਦੀ ਵਿਧਾਨ ਸਭਾ ਚੋਣ ਨਾਲ ਧਾਰਾ 370 ਦਾ ਕੀ ਸੰਬੰਧ, ਜਦੋਂ ਉਸੇ ਦਿਨ ਕਸ਼ਮੀਰ ਡੋਡਾ ਵਿੱਚ ਕੀਤੀ ਗਈ ਰੈਲੀ ਵਿੱਚ ਉਨ੍ਹਾ ਇਸ ਦਾ ਜ਼ਿਕਰ ਤੱਕ ਨਹੀਂ ਕੀਤਾ। ਇਸ ਤੋਂ ਇੱਕ ਦਿਨ ਪਹਿਲਾਂ ਮੋਦੀ ਨੇ ਇੱਕ ਵੀਡੀਓ ਸ਼ੇਅਰ ਕੀਤਾ ਸੀ, ਜਿਸ ਵਿੱਚ ਉਹ ਗਾਂ ਦੇ ਇੱਕ ਨਵਜੰਮੇ ਵੱਛੇ ਨੂੰ ਦੁਲਾਰ ਰਹੇ ਹਨ, ਕੀ ਉਹ ਇਸ ਰਾਹੀਂ ਕਾਤਲ ਗਊ ਰਾਖਿਆਂ ਦੀ ਹੌਸਲਾ ਅਫਜ਼ਾਈ ਕਰ ਰਹੇ ਸਨ। ਪ੍ਰਧਾਨ ਮੰਤਰੀ ਨੇ ਆਪਣੀ ਤੀਜੀ ਚੋਣ ਰੈਲੀ ਝਾਰਖੰਡ ਦੇ ਰਾਏਪੁਰ ਵਿੱਚ ਕੀਤੀ ਹੈ। ਇਸ ਵਿੱਚ ਉਨ੍ਹਾ ਮੁਸਲਮਾਨਾਂ ਵਿਰੁੱਧ ਜ਼ਹਿਰ ਉਗਲਦਿਆਂ ਕਾਂਗਰਸ, ਝਾਰਖੰਡ ਮੁਕਤੀ ਮੋਰਚਾ ਤੇ ਰਾਸ਼ਟਰੀ ਜਨਤਾ ਦਲ 'ਤੇ ਇਹ ਦੋਸ਼ ਮੜ੍ਹ ਦਿੱਤਾ ਕਿ ਉਹ ਝਾਰਖੰਡ ਵਿੱਚ ਰੋਹੰਗਿਆ ਮੁਸਲਮਾਨਾਂ ਨੂੰ ਵਸਾ ਕੇ ਆਦਿਵਾਸੀਆਂ ਦਾ ਹੱਕ ਮਾਰ ਰਹੇ ਹਨ। ਦੇਸ਼ ਅੰਦਰ ਜੇਕਰ ਰੋਹਿੰਗਿਆ ਮੁਸਲਮਾਨ ਘੁਸਪੈਠ ਕਰ ਰਹੇ ਹਨ ਤਾਂ ਇਸ ਦੀ ਜ਼ਿੰਮੇਵਾਰ ਭਾਰਤ ਸਰਕਾਰ ਹੈ ਨਾ ਕਿ ਝਾਰਖੰਡ ਸਰਕਾਰ, ਪਰ ਮੋਦੀ ਦਾ ਮਕਸਦ ਤਾਂ ਨ.ਫਰਤ ਫੈਲਾਉਣਾ ਹੈ, ਇਸ ਲਈ ਭਾਵੇਂ ਕਿੰਨਾ ਵੀ ਝੂਠ ਬੋਲਣਾ ਪਵੇ।

ਇਸ ਸਮੇਂ ਭਾਜਪਾ ਅੰਦਰ ਮੋਦੀ ਤੇ ਯੋਗੀ ਅੰਦਰ ਇਸ ਗੱਲ ਦਾ ਮੁਕਾਬਲਾ ਚੱਲ ਰਿਹਾ ਹੈ ਕਿ ਕਿਹੜਾ ਵੱਧ ਕੱਟੜ ਹਿੰਦੂ ਹੈ। ਇਸ ਲਈ ਆਉਂਦੇ ਦਿਨੀਂ ਇੱਕ-ਦੂਜੇ ਨੂੰ ਮਾਤ ਦੇਣ ਲਈ ਨ.ਫਰਤੀ ਮਾਹੌਲ ਭੜਕਾਉਣ ਵੀ ਹਰ ਕੋਸ਼ਿਸ਼ ਕੀਤੀ ਜਾਵੇਗੀ। ਹਿਮਾਚਲ ਪ੍ਰਦੇਸ਼ ਦੇ ਸ਼ਿਮਲਾ ਤੇ ਮੰਡੀ ਵਿੱਚ ਦੋ ਮਸਜਿਦਾਂ ਨੂੰ ਲੈ ਕੇ ਹਿੰਦੁਤਵੀਆਂ ਵੱਲੋਂ ਜਿਹੜਾ ਤੂਫਾਨ ਖੜ੍ਹਾ ਕੀਤਾ ਗਿਆ, ਇਹ ਇਸ ਦੀ ਹੀ ਇੱਕ ਝਲਕ ਹੈ।

ਹਿੰਦੂ ਜਨ-ਮਾਨਸ ਅੰਦਰ ਅਯੁੱਧਿਆ ਦੀ ਰਾਮ ਜਨਮ ਭੂਮੀ ਦੀ ਖੁਮਾਰੀ ਉਤਰ ਜਾਣ ਤੋਂ ਬਾਅਦ ਯੋਗੀ ਆਦਿੱਤਿਆਨਾਥ ਨੇ ਹੁਣ ਗਿਆਨਵਾਪੀ ਮਸਜਿਦ ਦਾ ਮਾਮਲਾ ਚੁੱਕ ਲਿਆ ਹੈ। ਉਨ੍ਹਾ ਕਿਹਾ ਕਿ ਇਹ ਮਸਜਿਦ ਨਹੀਂ, ਭਗਵਾਨ ਵਿਸ਼ਵਨਾਥ ਦਾ ਮੰਦਰ ਹੈ। ਜਿਹੜੇ ਲੋਕ ਇਸ ਨੂੰ ਮਸਜਿਦ ਕਹਿੰਦੇ ਹਨ, ਉਹ ਮੂਰਖ ਹਨ। ਗਿਆਨਵਾਪੀ ਮਸਜਿਦ ਦਾ ਮਾਮਲਾ ਲੰਮੇ ਸਮੇਂ ਤੋਂ ਅਦਾਲਤ ਵਿੱਚ ਚੱਲ ਰਿਹਾ ਹੈ। ਮੁੱਖ ਮੰਤਰੀ ਯੋਗੀ ਆਦਿਤਿਆਨਾਥ ਕੋਲ ਅਦਾਲਤੀ ਫੈਸਲੇ ਦੀ ਉਡੀਕ ਕਰਨ ਦਾ ਸਮਾਂ ਵੀ ਨਹੀਂ ਕਿਉਂਕਿ ਕੇਂਦਰ ਦੀ ਗੱਦੀ ਹਾਸਲ ਕਰਨ ਲਈ ਪਹਿਲਕਦਮੀ ਦੀ ਆਪਣੀ ਮਹੱਤਤਾ ਹੁੰਦੀ ਹੈ।

ਗਿਆਨਵਾਪੀ ਮਸਜਿਦ ਬਾਰੇ ਬੋਲਦਿਆਂ ਹੀ ਉਨ੍ਹਾ ਬੁਲਡੋਜ਼ਰ ਕਾਰਵਾਈਆਂ ਦੀ ਹਮਾਇਤ ਕਰਦਿਆਂ ਕਿਹਾ ਕਿ ਬੁਲਡੋਜ਼ਰ ਦਿਲ ਤੇ ਦਿਮਾਗ ਨਾਲ ਚਲਾਇਆ ਜਾਂਦਾ ਹੈ। ਅਸਲ ਵਿੱਚ ਯੋਗੀ ਦਾ ਇਹ ਬਿਆਨ ਸੁਪਰੀਮ ਕੋਰਟ ਵੱਲੋਂ ਕੀਤੀ ਗਈ ਉਸ ਟਿੱਪਣੀ ਦਾ ਜਵਾਬ ਸੀ, ਜਿਸ ਵਿੱਚ ਅਦਾਲਤ ਨੇ ਕਿਹਾ ਸੀ ਕਿ, "ਕਿਸੇ ਦਾ ਘਰ ਸਿਰ.ਫ ਇਸ ਲਈ ਨਹੀਂ ਡੇਗਿਆ ਜਾ ਸਕਦਾ ਕਿ ਉਹ ਮੁਲਜ਼ਮ ਹੈ। ਭਾਵੇਂ ਉਹ ਮੁਜਰਿਮ ਵੀ ਹੋਵੇ, ਫਿਰ ਵੀ ਕਾਨੂੰਨ ਰਾਹੀਂ ਨਿਰਧਾਰਤ ਪ੍ਰਕਿਰਿਆ ਦਾ ਪਾਲਣ ਕੀਤੇ ਬਿਨਾਂ ਅਜਿਹਾ ਨਹੀਂ ਕੀਤਾ ਜਾ ਸਕਦਾ।"

ਬੁਲਡੋਜ਼ਰ ਨਿਆਂ ਰਾਹੀਂ ਇਸ ਹਕੂਮਤ ਨੇ ਕਿੰਨੀ ਤਬਾਹੀ ਕੀਤੀ ਹੈ, ਇਸ ਦੇ ਅੰਕੜੇ ਹਾਊਸਿੰਗ ਐਂਡ ਰਾਈਟਸ ਨੈੱਟਵਰਕ ਨੇ ਜਾਰੀ ਕੀਤੇ ਹਨ। 2022-23 ਵਿੱਚ ਵੱਖ-ਵੱਖ ਭਾਜਪਾ ਸਰਕਾਰਾਂ ਵੱਲੋਂ 1 ਲੱਖ 53 ਹਜ਼ਾਰ 820 ਘਰਾਂ ਨੂੰ ਤਬਾਹ ਕੀਤਾ ਗਿਆ, ਜਿਸ ਨਾਲ 7 ਲੱਖ 38 ਹਜ਼ਾਰ, 438 ਲੋਕ ਬੇਘਰ ਹੋ ਗਏ ਸਨ। 2014 ਤੋਂ ਹੁਣ ਤੱਕ ਮੋਦੀ ਰਾਜ ਦੌਰਾਨ ਕੁੱਲ ਬੇਘਰ ਹੋਏ ਲੋਕਾਂ ਦੀ ਗਿਣਤੀ 17 ਲੱਖ ਦੇ ਲੱਗਭੱਗ ਹੈ। 2019 ਤੋਂ ਬਾਅਦ ਮੋਦੀ ਦੇ ਦੂਜੇ ਕਾਰਜਕਾਲ ਦੌਰਾਨ ਬੁਲਡੋਜ਼ਰ ਬਰਬਾਦੀ ਵਿੱਚ ਹਰ ਸਾਲ ਤੇਜ਼ੀ ਆਉਂਦੀ ਰਹੀ ਸੀ। 2019 ਵਿੱਚ 1 ਲੱਖ 3 ਹਜ਼ਾਰ 625 ਲੋਕ ਬੇਘਰ ਹੋਏ ਸਨ। 2022 ਵਿੱਚ 2,22,686 ਤੇ 2023 ਵਿੱਚ 5 ਲੱਖ 15 ਹਜ਼ਾਰ 752 ਲੋਕਾਂ ਦੇ ਘਰ ਤਬਾਹ ਕਰ ਦਿੱਤੇ ਗਏ ਸਨ। ਇਹ ਬੇਹੱਦ ਚਿੰਤਾਜਨਕ ਸਥਿਤੀ ਹੈ। ਸੁਪਰੀਮ ਕੋਰਟ ਦੇ ਆਦੇਸ਼ ਬਾਅਦ ਕੀ ਇਹ ਕਾਰਵਾਈਆਂ ਰੁਕ ਜਾਣਗੀਆਂ, ਲਗਦਾ ਨਹੀਂ। ਭੀੜਤੰਤਰੀ ਹੱਤਿਆਵਾਂ ਵਿਰੁੱਧ ਵੀ ਸੁਪਰੀਮ ਕੋਰਟ ਨੇ ਸਖ਼ਤ ਆਦੇਸ਼ ਜਾਰੀ ਕੀਤੇ ਸਨ, ਉਨ੍ਹਾਂ ਦਾ ਕੀ ਹੋਇਆ, ਇਹ ਸਭ ਦੇ ਸਾਹਮਣੇ ਹੈ। ਇਨ੍ਹਾਂ ਦਹਿਸ਼ਤੀ ਤੇ ਅਣਮਨੁੱਖੀ ਕਾਰਵਾਈਆਂ ਦਾ ਮੁਕਾਬਲਾ ਸਿਰ.ਫ ਜਨਤਕ ਸ਼ਕਤੀ ਰਾਹੀਂ ਕੀਤਾ ਜਾ ਸਕਦਾ ਹੈ।

-ਚੰਦ ਫਤਿਹਪੁਰੀ

# ਅਜੋਕੇ ਦੌਰ 'ਚ ਹੀਰੋਸ਼ੀਮਾ ਤੇ ਨਾਗਾਸਾਕੀ ਦੀਆਂ ਘਟਨਾਵਾਂ ਨੂੰ ਯਾਦ ਕਰਦਿਆਂ



ਡਾ. ਅਰੁਣ ਮਿੱਤਰਾ

ਸੰਨ 2009 ਵਿੱਚ ਪਰਮਾਣੂ ਯੁੱਧ ਦੀ ਰੋਕਥਾਮ ਲਈ ਅੰਤਰਰਾਸ਼ਟਰੀ ਡਾਕਟਰਾਂ ਦੀ ਕੁੱਲ ਏਸ਼ੀਆ ਕਾਨਫਰੰਸ (IPPNW) ਅਤੇ 2012 ਵਿੱਚ IPPNW ਦੀ 20ਵੀਂ ਵਿਸ਼ਵ ਕਾਂਗਰਸ ਵਿੱਚ ਹਿੱਸਾ ਲੈਣ ਲਈ ਹੀਰੋਸ਼ੀਮਾ ਦਾ ਦੌਰਾ ਇੱਕ ਅਭੁੱਲ ਤਜਰਬਾ ਹੈ। ਸਾਨੂੰ ਪਰਮਾਣੂ ਹਥਿਆਰ ਡਿੱਗਣ ਦੇ ਕੇਂਦਰ ਦੇ ਨਾਲ ਲੱਗਦੇ ਪੀਸ ਮੈਮੋਰੀਅਲ ਮਿਊਜ਼ੀਅਮ ਵਿੱਚ ਘੁੰਮਣ ਦਾ ਮੌਕਾ ਮਿਲਿਆ। ਇਸ ਫੇਰੀ ਨੇ ਪਰਮਾਣੂ ਬੰਬ ਧਮਾਕੇ ਕਾਰਨ ਹੋਈ ਤਬਾਹੀ ਬਾਰੇ ਮਨ ਵਿੱਚ ਇੱਕ ਦਿਲ ਦਹਿਲਾਉਣ ਵਾਲੀ ਛਾਪ ਛੱਡ ਦਿੱਤੀ। ਮਨੁੱਖ ਜਾਤੀ ਦੇ ਇਤਿਹਾਸ ਵਿੱਚ ਏਨੇ ਥੋੜ੍ਹੇ ਸਮੇਂ ਵਿੱਚ ਏਨੇ ਵਿਨਾਸ਼ਕਾਰੀ ਨੁਕਸਾਨ ਬਾਰੇ ਪਹਿਲਾਂ ਕਦੇ ਨਹੀਂ ਸੀ ਸੁਣਿਆ ਗਿਆ। ਇਸ ਦੌਰੇ ਨੇ ਪ੍ਰਮਾਣੂ ਹਥਿਆਰਾਂ ਤੋਂ ਮੁਕਤ ਸੰਸਾਰ ਲਈ ਲਗਾਤਾਰ ਕੰਮ ਕਰਨ ਦੀ ਸਾਡੀ ਵਚਨਬੱਧਤਾ ਨੂੰ ਮਜ਼ਬੂਤ ਕੀਤਾ। ਇਸ ਲਈ ਇਹ ਜ਼ਰੂਰੀ ਹੈ ਕਿ ਆਪਣੀਆਂ ਹੀ ਦੁਬਿਧਾਵਾਂ ਵਿੱਚ ਉਲਝੀ ਅਜੋਕੀ ਪੀੜ੍ਹੀ ਨੂੰ ਇਸ ਗੱਲ ਦੀ ਪੂਰੀ ਜਾਣਕਾਰੀ ਹੋਣੀ ਚਾਹੀਦੀ ਹੈ ਕਿ ਪਰਮਾਣੂ ਬੰਬ ਧਮਾਕੇ ਤੋਂ ਪ੍ਰਭਾਵਤ ਲੋਕਾਂ ਨੇ ਭਿਆਨਕ ਪਲਾਂ ਨੂੰ ਕਿਵੇਂ ਝੱਲਿਆ ਅਤੇ ਇਸ ਤੋਂ ਸਾਨੂੰ ਕੀ ਸਬਕ ਸਿੱਖਣੇ ਚਾਹੀਦੇ ਹਨ।

ਇਸ ਸੰਦਰਭ ਵਿੱਚ ਇਤਿਹਾਸ ਦੇ ਉਨ੍ਹਾਂ ਸਮਿਆਂ 'ਤੇ ਮੁੜ ਵਿਚਾਰ ਕਰਨਾ ਅਤੇ ਨੌਜਵਾਨ ਪੀੜ੍ਹੀ ਨਾਲ ਮੁੱਢਲੀ ਜਾਣਕਾਰੀ ਸਾਂਝੀ ਕਰਨਾ ਪ੍ਰਸੰਗਿਕ ਹੋਵੇਗਾ। ਅਜੋਕੇ ਸਮੇਂ ਵਿੱਚ ਆਪਸ ਵਿੱਚ ਜੁੜੇ ਹੋਏ ਸੰਸਾਰ ਵਿੱਚ ਦੁਨੀਆ ਦੇ ਦੂਰ-ਦੁਰਾਡੇ ਹਿੱਸੇ ਵਿੱਚ ਵਾਪਰੀ ਕੋਈ ਵੀ ਘਟਨਾ ਸਾਡੇ ਜੀਵਨ ਨੂੰ ਪ੍ਰਭਾਵਤ ਕਰਦੀ ਹੈ। ਯੂਕਰੇਨ ਅਤੇ ਮੱਧ ਪੂਰਬ ਵਿੱਚ ਚੱਲ ਰਹੀਆਂ ਜੰਗਾਂ ਦੇ ਮੱਦੇਨਜ਼ਰ ਲੋਕਾਂ ਨੂੰ ਜੰਗ ਦੇ ਵਧ ਰਹੇ ਖ਼ਤਰੇ ਖਾਸ ਕਰਕੇ ਪ੍ਰਮਾਣੂ ਹਥਿਆਰਾਂ ਬਾਰੇ ਜਾਗਰੂਕ ਕੀਤਾ ਜਾਣਾ ਅਤਿ ਜ਼ਰੂਰੀ ਹੈ।ਅਜੋਕੇ ਸਮੇਂ ਦੀ ਜੰਗ 'ਤੇ ਹਥਿਆਰਾਂ ਦੀ ਦੌੜ, ਵਾਤਾਵਰਣ, ਜਲਵਾਯੂ ਤਬਦੀਲੀ, ਸਿਹਤ, ਸਿੱਖਿਆ, ਰੁਜ਼ਗਾਰ ਅਤੇ ਰੋਜ਼ੀ-ਰੋਟੀ ਦੇ ਸਾਧਨਾਂ ਨੂੰ ਪ੍ਰਭਾਵਤ ਕਰਦੀ ਹੈ।ਜਦੋਂ ਤੱਕ ਕਿ 6 ਅਗਸਤ 1945 ਨੂੰ ਅਮਰੀਕਾ ਦੁਆਰਾ ਹੀਰੋਸ਼ੀਮਾ ਸ਼ਹਿਰ 'ਤੇ ਪ੍ਰਮਾਣੂ ਬੰਬ ਨਹੀਂ ਸੁੱਟ ਦਿੱਤਾ ਗਿਆ, ਪਰਮਾਣੂ ਹਥਿਆਰ ਮਨੁੱਖੀ ਆਬਾਦੀ 'ਤੇ ਕਿਸ ਕਿਸਮ ਦੀ ਤਬਾਹੀ ਦਾ ਕਾਰਨ ਬਣ ਸਕਦੇ ਹਨ, ਇਸ ਬਾਰੇ ਦੁਨੀਆਂ ਨੂੰ ਬਹੁਤ ਘੱਟ ਪਤਾ ਸੀ।'ਲਿਟਲ ਬੁਆਏ' ਵਜੋਂ ਜਾਣੇ ਜਾਂਦੇ ਬੰਬ ਦੀ ਤਾਕਤ 15 ਕਿਲੋ ਟਨ ਸੀ।ਇਹ ਅੰਦਾਜ਼ਾ ਲਗਾਇਆ ਗਿਆ ਹੈ ਕਿ ਬੰਬ ਧਮਾਕੇ ਵਿੱਚ ਹੀਰੋਸ਼ੀਮਾ ਵਿੱਚ 1,40,000 ਲੋਕ ਮਾਰੇ ਗਏ ਸਨ ਅਤੇ ਨਾਗਾਸਾਕੀ ਵਿੱਚ 74,000 ਲੋਕ ਮਾਰੇ ਗਏ ਸਨ।ਬਚੇ ਲੋਕਾਂ ਦਾ ਕਹਿਣਾ ਹੈ ਕਿ ਜ਼ੋਰਦਾਰ ਧਮਾਕੇ ਨੇ ਲਗਭਗ 70 ਫੀਸਦੀਇਮਾਰਤਾਂ ਨੂੰ ਜ਼ਮੀਨ 'ਤੇ ਢਹਿ-ਢੇਰੀ ਕਰ ਦਿੱਤਾ।ਤਾਪਮਾਨ ਏਨਾ ਵੱਧ ਗਿਆ ਕਿ ਆਸ-ਪਾਸ ਦੀ ਹਰ ਚੀਜ਼ ਪਿਘਲ ਗਈ। ਤਾਪਮਾਨ 4000 ਡਿਗਰੀ ਸੈਲਸੀਅਸ ਤੱਕ ਵਧਣ ਦਾ ਅੰਦਾਜ਼ਾ ਹੈ। ਉਸ ਤੋਂ ਬਾਅਦ ਦੇ ਸਾਲਾਂ ਵਿੱਚ ਬਹੁਤ ਸਾਰੇ ਬਚੇ ਹੋਏ ਲੋਕ ਲਿਊਕੀਮੀਆ, ਕੈਂਸਰ ਜਾਂ ਰੇਡੀਏਸ਼ਨ ਦੇ ਹੋਰ ਭਿਆਨਕ ਮਾੜੇ ਪ੍ਰਭਾਵਾਂ ਨਾਲ ਬੀਮਾਰ ਹੋ ਗਏ। ਥਾਇਰਾਇਡ, ਛਾਤੀ, ਫੇਫੜੇ ਅਤੇ ਹੋਰ ਕੈਂਸਰਾਂ ਦੀਆਂ ਘਟਨਾਵਾਂ ਵਧੀਆਂ। ਗਰਭਪਾਤ ਅਤੇ ਮੌਤਾਂ ਦੀ ਗਿਣਤੀ ਵਧ ਗਈ, ਕੁਝ ਨਵੇਂ ਜਨਮੇ ਬੱਚਿਆਂ ਵਿਚ ਬੌਧਿਕ ਅਸਮਰਥਤਾਵਾਂ, ਕਮਜ਼ੋਰ ਵਿਕਾਸ ਅਤੇ ਕੈਂਸਰ ਦਾ ਵਧਣਾ ਪਾਇਆ ਗਿਆ। ਰੇਡੀਏਸ਼ਨ ਐਕਸਪੋਜ਼ਰ ਨਾਲ ਸੰਬੰਧਤ ਕੈਂਸਰ ਅੱਜ ਵੀ ਪਾਏ ਜਾਂਦੇ ਹਨ।

ਇੰਟਰਨੈਸ਼ਨਲ ਰੈੱਡ ਕਰਾਸ ਤੋਂ ਡਾ: ਮਾਰਸੇਲ ਜੂਨੋਦ, ਜੋ ਸਤੰਬਰ 1945 ਵਿੱਚ ਹੀਰੋਸ਼ੀਮਾ ਦਾ ਦੌਰਾ ਕਰਨ ਵਾਲੇ ਪਹਿਲੇ ਵਿਦੇਸ਼ੀ ਸਨ, ਨੇ ਸਥਿਤੀ ਨੂੰ ਬਹੁਤ ਗੰਭੀਰ ਅਤੇ ਕਲਪਨਾ ਤੋਂ ਪਰੇ ਦੱਸਿਆ। ਡਾਕਟਰੀ ਦੇਖਭਾਲ ਅਸੰਭਵ ਸੀ। ਉਹਨਾ ਦੱਸਿਆ ਕਿ ਏਨੀ ਵੱਡੀ ਗਿਣਤੀ ਵਿੱਚ ਲੋਕਾਂ ਦੇ ਇਲਾਜ ਲਈ ਮੈਡੀਕਲ ਉਪਕਰਨਾਂ ਅਤੇ ਦਵਾਈਆਂ ਦੀ ਗੰਭੀਰ ਘਾਟ ਸੀ। ਜ਼ਿਆਦਾਤਰ ਪੀੜਤ ਆਪਣੇ ਦੁੱਖਾਂ ਨੂੰ ਘੱਟ ਕਰਨ ਲਈ ਬਿਨਾਂ ਕਿਸੇ ਇਲਾਜ ਦੇ ਮਰ ਗਏ। ਬੰਬ ਧਮਾਕਿਆਂ ਤੋਂ ਬਾਅਦ ਸਹਾਇਤਾ ਪ੍ਰਦਾਨ ਕਰਨ ਲਈ ਸ਼ਹਿਰਾਂ ਵਿੱਚ ਦਾਖਲ ਹੋਏ ਕੁਝ ਲੋਕਾਂ ਦੀ ਵੀ ਰੇਡੀਏਸ਼ਨ ਨਾਲ ਮੌਤ ਹੋ ਗਈ।

ਆਧੁਨਿਕ ਪ੍ਰਮਾਣੂ ਹਥਿਆਰਾਂ ਦੇ ਮੁਕਾਬਲੇ ਉਨ੍ਹਾਂ ਵਿਨਾਸ਼ਕਾਰੀ ਹਥਿਆਰਾਂ ਨੂੰ 'ਘੱਟ ਸ਼ਕਤੀਸ਼ਾਲੀ' ਮੰਨਿਆ ਜਾਂਦਾ ਹੈ। ਇੰਟਰਨੈਸ਼ਨਲ ਕੈਂਪੇਨ ਟੂ ਐਬੋਲੀਸ਼ ਨਿਊਕਲੀਅਰ ਵੈਪਨਜ਼ (931©) ਦੀ ਵੈੱਬਸਾਈਟ 'ਤੇ ਦਿੱਤੀ ਗਈ ਜਾਣਕਾਰੀ ਦੇ ਅਨੁਸਾਰ ਰੂਸ ਅਤੇ ਅਮਰੀਕਾ ਦੇ ਕੋਲ ਬਹੁਤ ਸਾਰੇ ਆਧੁਨਿਕ ਪ੍ਰਮਾਣੂ ਹਥਿਆਰ ਥਰਮੋਨਿਊਕਲੀਅਰ ਹਥਿਆਰ ਹਨ ਅਤੇ ਘੱਟੋ-ਘੱਟ 100 ਕਿੱਲੋ ਟਨ ਦੇ ਬਰਾਬਰ ਵਿਸਫੋਟਕ ਤਾਕਤ ਰੱਖਦੇ ਹਨ। ਨਿਊ ਯਾਰਕ ਸਿਟੀ ਉੱਤੇ ਇੱਕ 100 ਕਿਲੋ ਟਨ ਪ੍ਰਮਾਣੂ ਹਥਿਆਰ ਸੁੱਟੇ ਜਾਣ ਨਾਲ ਲਗਭਗ 5,83,160 ਮੌਤਾਂ ਹੋ ਸਕਦੀਆਂ ਹਨ। ਅਮਰੀਕਾ ਅਤੇ ਰੂਸ ਦੇ ਵਿਚਕਾਰ ਇੱਕ ਵੱਡੇ ਪ੍ਰਮਾਣੂ ਯੁੱਧ ਤੋਂ ਹੋਣ ਵਾਲੇ ਨੁਕਸਾਨ ਦੀ ਗਿਣਤੀ ਕਰੋੜਾਂ ਤੱਕ ਪਹੁੰਚ ਜਾਵੇਗੀ ਅਤੇ ਤਾਜ਼ਾ ਖੋਜ ਦੇ ਅਨੁਸਾਰ 5 ਅਰਬ ਤੱਕ ਲੋਕ 'ਪਰਮਾਣੂ ਸਰਦੀਆਂ' ਦੇ ਕਾਰਨ ਪਏ ਅਕਾਲ ਤੋਂ ਮਰ ਜਾਣਗੇ। ਇੱਥੋਂ ਤੱਕ ਕਿ ਭਾਰਤ ਅਤੇ ਪਾਕਿਸਤਾਨ ਦਰਮਿਆਨ 100 ਪ੍ਰਮਾਣੂ ਹਥਿਆਰਾਂ ਦੇ ਆਦਾਨ-ਪ੍ਰਦਾਨ ਵਾਲੀ ਇੱਕ 'ਸੀਮਤ' ਖੇਤਰੀ ਜੰਗ ਦੇ ਪ੍ਰਮਾਣੂ ਸਰਦੀਆਂ ਦੇ ਪ੍ਰਭਾਵ ਕਾਰਨ ਵਿਨਾਸ਼ਕਾਰੀ ਨਤੀਜੇ ਹੋ ਸਕਦੇ ਹਨ ਅਤੇ ਦੋ ਅਰਬ ਲੋਕਾਂ ਨੂੰ ਭੁੱਖਮਰੀ ਅਤੇ ਮੌਤ ਦੇ ਖ਼ਤਰੇ ਵਿੱਚ ਪਾ ਸਕਦੇ ਹਨ।ਇਸ ਲਈ ਇਹ ਜ਼ਰੂਰੀ ਹੈ ਕਿ ਧਰਤੀ ਤੋਂ ਹਮੇਸ਼ਾ ਲਈ ਪ੍ਰਮਾਣੂ ਹਥਿਆਰਾਂ ਨੂੰ ਖਤਮ ਕੀਤਾ ਜਾਵੇ।

ਪਰਮਾਣੂ ਲਾਬੀ ਦੁਆਰਾ ਇਹ ਪ੍ਰਚਾਰਿਆ ਜਾ ਰਿਹਾ ਹੈ ਕਿ ਪ੍ਰਮਾਣੂ ਹਥਿਆਰਾਂ ਦੀ ਗੱਲ ਕਰਨਾ ਬੇਲੋੜੀ ਹੈ, ਕਿਉਂਕਿ ਉਹ ਕਦੇ ਵੀ ਵਰਤੇ ਨਹੀਂ ਜਾਣਗੇ, ਕਿਉਂਕਿ ਜਿਨ੍ਹਾਂ ਕੋਲ ਇਹ ਸਮੂਹਿਕ ਵਿਨਾਸ਼ਕਾਰੀ ਹਥਿਆਰ ਹਨ, ਉਹ ਖੁਦ ਵਿਨਾਸ਼ਕਾਰੀ ਸ਼ਕਤੀਆਂ ਨੂੰ ਸਮਝਦੇ ਹਨ ਅਤੇ ਇਹ ਵੀ ਕਿ ਇਹ ਤਬਾਹੀ ਉਨ੍ਹਾਂ ਉਪਰ ਵਾਪਸ ਆ ਸਕਦੀ ਹੈ। ਇਸ ਲਈ ਇਨ੍ਹਾਂ ਹਥਿਆਰਾਂ ਦੀ ਮੌਜੂਦਗੀ ਰੋਕਥਾਮ ਦਾ ਕੰਮ ਕਰਦੀ ਹੈ। ਰੂਸ, ਸੰਯੁਕਤ ਰਾਜ ਅਮਰੀਕਾ ਵਰਗੇ ਸਾਰੇ ਦੇਸ਼ ਦਾਅਵਾ ਕਰਦੇ ਹਨ ਕਿ ਇਹਨਾਂ ਹਥਿਆਰਾਂ ਨੂੰ ਵਿਦੇਸ਼ਾਂ ਵਿੱਚ ਤਾਇਨਾਤ ਕਰਨ ਦਾ ਕਾਰਨ ਇੱਕ ਇਹ ਵੀ ਹੈ ਕਿ ਇਸ ਨਾਲ ਜੰਗ ਰੋਕੀ ਜਾ ਸਕਦੀ ਹੈ, ਪਰ ਨਿਰੋਧਕ ਸਿਧਾਂਤ ਇੱਕ ਗੈਰ-ਪ੍ਰਮਾਣਿਤ ਸਿਧਾਂਤ ਹੈ, ਜੋ ਮਨੁੱਖੀ ਵਿਹਾਰ ਬਾਰੇ ਗਲਤ ਧਾਰਨਾਵਾਂ 'ਤੇ ਅਧਾਰਤ ਹੈ। ਅੱਤਵਾਦ, ਉੱਭਰ ਰਹੀਆਂ ਅਤੇ ਵਿਘਨਕਾਰੀ ਤਕਨਾਲੋਜੀਆਂ, ਸਾਈਬਰ, ਹਾਈਬ੍ਰਿਡ ਅਤੇ 'ਗ੍ਰੇ ਜ਼ੋਨ' ਯੁੱਧ ਵਰਗੀਆਂ ਸੁਰੱਖਿਆ ਚੁਣੌਤੀਆਂ ਨੂੰ ਵਿਕਸਤ ਕਰਨ ਲਈ ਬਚਾਅ ਸਿਧਾਂਤ ਵੀ ਨਾਕਾਫੀ ਹਨ।

ਹਥਿਆਰਾਂ 'ਤੇ ਖਰਚੇ ਨੂੰ ਘਟਾਉਣ ਦੀ ਬਜਾਏ 2022 ਵਿੱਚ ਵਿਸ਼ਵ ਫੌਜੀ ਖਰਚੇ $ 2240 ਬਿਲੀਅਨ ਤੱਕ ਵਧ ਗਏ। ਇਕੱਲੇ ਪ੍ਰਮਾਣੂ ਹਥਿਆਰਾਂ 'ਤੇ ਖਰਚ 2022 ਵਿੱਚ $ 82.9 ਬਿਲੀਅਨ ਤੋਂ ਵਧ ਕੇ 2023 ਵਿੱਚ $ 91.4 ਬਿਲੀਅਨ ਹੋ ਗਿਆ, ਭਾਵ 13.4% ਦਾ ਵਾਧਾ। ਇਹ £2598 ਪ੍ਰਤੀ ਸਕਿੰਟ ਆਉਂਦਾ ਹੈ। ਸੰਯੁਕਤ ਰਾਜ ਅਮਰੀਕਾ ਵਿੱਚ ਸਭ ਤੋਂ ਵੱਧ ਵਾਧਾ ਹੋਇਆ, ਲਗਭਗ 18 ਫੀਸਦੀ ਸੰਯੁਕਤ ਰਾਜ ਅਮਰੀਕਾ ਨੇ 51.5 ਬਿਲੀਅਨ ਡਾਲਰ ਦੇ ਸਾਰੇ ਪਰਮਾਣੂ ਹਥਿਆਰਬੰਦ ਰਾਜਾਂ ਨਾਲੋਂ ਵੱਧ ਖਰਚ ਕੀਤੇ। ਚੀਨ ਨੇ 11.9 ਬਿਲੀਅਨ ਡਾਲਰ ਖਰਚ ਕਰਕੇ ਰੂਸ ਨੂੰ ਪਿੱਛੇ ਛੱਡ ਦਿੱਤਾ ਅਤੇ ਰੂਸ 8.3 ਬਿਲੀਅਨ ਡਾਲਰ ਖਰਚ ਕਰਕੇ ਤੀਜੇ ਨੰਬਰ 'ਤੇ ਆਇਆ।

ਸਮਾਜਕ ਲੋੜਾਂ ਨਾਲ ਇਸ ਖਰਚੇ ਦੀ ਤੁਲਨਾ ਹੈਰਾਨ ਕਰਨ ਵਾਲੇ ਅੰਕੜੇ ਦਿੰਦੀ ਹੈ। ਇੱਕ 931© ਰਿਪੋਰਟ ਦੱਸਦੀ ਹੈ ਕਿ ਇਹ ਰਕਮ ਸੰਯੁਕਤ ਰਾਜ ਵਿੱਚ 7,18,930 ਨਰਸਾਂ ਦੀ ਸਾਲਾਨਾ ਤਨਖਾਹ ਨੂੰ ਪੂਰਾ ਕਰਨ ਲਈ ਬਿਹਤਰ ਢੰਗ ਨਾਲ ਖਰਚ ਕੀਤੀ ਜਾ ਸਕਦੀ ਸੀ। 534,354,072,239 ਬੱਚਿਆਂ ਨੂੰ ਖਸਰਾ, ਕੰਨ ਪੇੜੇ ਅਤੇ ਰੁਬੇਲਾ ਦੇ ਵਿਰੁੱਧ ਟੀਕਾਕਰਨ ਕਰਨਾ, ਕੋਵਿਡ ਵਿਰੁੱਧ 2,283,027,774 ਲੋਕਾਂ ਦਾ ਟੀਕਾਕਰਨ; ਇੱਕ ਸਾਲ ਲਈ ਅਕਾਲ ਤੋਂ 587,064,285 ਲੋਕਾਂ ਨੂੰ ਬਚਾਉਣਾ, 608,807,406,304 ਰੁੱਖ ਲਗਾਉਣਾ ਜਾਂ 1,398,101,964 ਲੋਕਾਂ ਨੂੰ ਸਾਫ਼ ਪਾਣੀ ਦੀ ਸਵੱਛਤਾ ਦਾ ਇੱਕ ਸਾਲ ਪ੍ਰਦਾਨ ਕਰਨਾ।

ਮੌਜੂਦਾ ਵਿੱਚ ਰੂਸ ਅਤੇ ਯੂਕਰੇਨ ਦਰਮਿਆਨ ਜੰਗ ਅਤੇ ਗਾਜ਼ਾ ਉੱਤੇ ਇਜ਼ਰਾਈਲ ਦੇ ਹਮਲੇ ਘਟਣ ਦੀ ਬਜਾਏ ਵਧਦੇ ਜਾ ਰਹੇ ਹਨ, ਪਰਮਾਣੂ ਹਥਿਆਰਾਂ ਦੀ ਵਰਤੋਂ ਦਾ ਖ਼ਤਰਾ ਯੁੱਧ ਦੇ ਹਰ ਵਾਧੇ ਦੇ ਨਾਲ ਵਧਦਾ ਹੈ। ਇਨ੍ਹਾਂ ਜੰਗਾਂ ਨੂੰ ਖਤਮ ਕਰਨ ਲਈ ਵਿਸ਼ਵ ਪੱਧਰ 'ਤੇ ਆਵਾਜ਼ ਨੂੰ ਮਜ਼ਬੂਤ ਕਰਨਾ ਹੋਵੇਗਾ। ਯੂਕਰੇਨ ਅਤੇ ਮੱਧ ਪੂਰਬ ਵਿੱਚ ਨਾਟੋ ਵਰਗੇ ਤੀਜੀ ਧਿਰ ਦੇ ਦਖਲ ਨੂੰ ਰੋਕਣਾ ਜ਼ਰੂਰੀ ਹੈ। ਗੱਲਬਾਤ ਰਾਹੀਂ ਮੁੱਦਿਆਂ ਤੇ ਹਲ ਦੀ ਲੋੜ ਹੈ, ਸਾਰੇ ਪ੍ਰਮਾਣੂ ਹਥਿਆਰ ਰੱਖਣ ਵਾਲੇ ਦੇਸ਼ਾਂ ਦੁਆਰਾ ਉਨ੍ਹਾਂ ਦੀ ਵਰਤੋਂ ਨਾ ਕਰਨ ਦਾ ਐਲਾਨ ਅਤੇ ਪ੍ਰਮਾਣੂ ਹਥਿਆਰਾਂ ਦੀ ਮਨਾਹੀ (ਟੀ ਪੀ ਐਨ ਡਬਲਯੂ) ਦੀ ਸੰਧੀ ਵਿੱਚ ਸ਼ਾਮਲ ਹੋਣਾ ਸਮੇਂ ਦੀ ਲੋੜ ਹੈ। ਅਸੀਂ ਹੀਰੋਸ਼ੀਮਾ ਅਤੇ ਨਾਗਾਸਾਕੀ ਦੀਆਂ ਘਟਨਾਵਾਂ ਨੂੰ ਦੁਹਰਾਉਣਾ ਨਹੀਂ ਚਾਹੁੰਦੇ।

# ਸੰਪਰਕ : 94190-00360

# ਸਾੜੇ ਦੀ ਭੇਟ ਚੜ੍ਹੀ ਸਰਕਾਰੀ ਚਿੱਠੀ ...



ਆਤਮਾ ਸਿੰਘ ਪਮਾਰ

ਮਨੁੱਖੀ ਉਤਪਤੀ ਦੇ ਨਾਲ ਹੀ ਈਰਖਾ ਅਤੇ ਸਾੜੇ ਦੀ ਵੀ ਪੈਦਾਇਸ਼ ਹੋਈ। ਆਦਿ ਮਨੁੱਖ ਤੋਂ ਅਜੋਕੇ ਵਿਗਿਆਨਕ ਯੁੱਗ ਤੱਕ ਪਹੁੰਚਣ ਦੇ ਮਨੁੱਖੀ ਇਤਿਹਾਸ ਦਾ ਅਧਿਐਨ ਕਰਦਿਆਂ ਪਤਾ ਲੱਗਦਾ ਹੈ ਕਿ ਅਜੋਕਾ ਮਨੁੱਖ ਪਦਾਰਥਵਾਦੀ ਹੋਣ ਕਾਰਨ ਇੱਕ-ਦੂਜੇ ਤੋਂ ਅੱਗੇ ਲੰਘਣ ਦੀ ਹੋੜ ਕਾਰਨ ਆਪਸੀ ਈਰਖਾ ਜਾਂ ਸਾੜਾ ਕਰਦਾ ਹੈ, ਪ੍ਰੰਤੂ ਆਦਿ ਮਨੁੱਖ ਜਿਸ ਦਾ ਕੋਈ ਪੱਕਾ ਟਿਕਾਣਾ ਵੀ ਨਹੀਂ ਸੀ, ਸਗੋਂ ਇਧਰ-ਉਧਰ ਜੰਗਲਾਂ 'ਚ ਹੀ ਭਟਕਦਾ ਫਿਰ ਰਿਹਾ ਸੀ ਅਤੇ ਨਾ ਹੀ ਉਸ ਦੀ ਕੋਈ ਆਪਣੀ ਪੱਕੀ ਜਾਇਦਾਦ ਹੀ ਸੀ। ਇਹ ਸਭ ਕੁਝ ਦੇ ਬਾਵਜੂਦ ਇਤਿਹਾਸ ਚ ਅੰਕਿਤ ਹੈ ਕਿ ਉਸ ਸਮੇਂ ਵੀ ਮਨੁੱਖ ਛੋਟੇ-ਛੋਟੇ ਗੁੱਟਾਂ 'ਚ ਵੰਡਣ ਤੋਂ ਵੀ ਅਗਾਂਹ ਲੰਘ ਕੇ ਕਿਸੇ ਨਾ ਕਿਸੇ ਮਸਲੇ ਨੂੰ ਲੈ ਕੇ ਆਪਸੀ ਝਗੜਿਆਂ 'ਚ ਉਲਝਿਆ ਰਹਿੰਦਾ ਸੀ।ਇਸ ਲਈ ਕਿਹਾ ਜਾ ਸਕਦਾ ਹੈ ਕਿ ਈਰਖਾ ਤੇ ਸਾੜਾ ਮਨੁੱਖੀ ਸੁਭਾਅ ਦੇ ਮੁੱਢ-ਕਦੀਮ ਤੋਂ ਹੀ ਅਟੁੱਟ ਅੰਗ ਰਹੇ ਹਨ। ਅਜੋਕੇ ਦੌਰ 'ਚ ਈਰਖਾ ਤੇ ਸਾੜੇ ਦੀ ਪ੍ਰਤੀਸ਼ਤਤਾ ਦਾ ਗਰਾਫ ਪਹਿਲਾਂ ਦੇ ਮੁਕਾਬਲੇ ਕਾਫੀ ਉੱਪਰ ਜਾ ਚੁੱਕਾ ਹੈ। ਅਜਿਹਾ ਵਰਤਾਰਾ ਨਿੱਜੀ, ਸਮਾਜਿਕ, ਸਰਕਾਰੀ ਅਤੇ ਗੈਰ ਸਰਕਾਰੀ ਸੰਸਥਾਵਾਂ ਨੂੰ ਵੀ ਬੁਰੀ ਤਰ੍ਹਾਂ ਢਾਹ ਲਗਾ ਰਿਹਾ ਹੈ। ਹੱਥਲੇ ਲੇਖ 'ਚ ਬਗੈਰ ਕਿਸੇ ਕਾਰਨ ਆਪਣੇ ਨਾਲ ਹੋਏ ਸਾੜੇ ਅਤੇ ਈਰਖਾ ਦਾ ਬਿਰਤਾਂਤ ਫਿਰਾਖ਼ਦਿਲੀ ਨਾਲ ਪਾਠਕਾਂ ਦੇ ਸਨਮੁੱਖ ਰੱਖਣ ਤੋਂ ਇਲਾਵਾ ਦੋਸ਼ ਅਤੇ ਨਿਰਦੋਸ਼ਤਾ ਫੈਸਲਾ ਵੀ ਪਾਠਕਾਂ ਦੀ ਕਚਹਿਰੀ 'ਤੇ ਹੀ ਛੱਡ ਰਿਹਾ ਹਾਂ। ਗੱਲ ਕਰੀਬ ਸਾਲ 1997 ਦੀ ਹੈ, ਜਦੋਂ ਮੈਂ ਇੱਕ ਸਰਕਾਰੀ ਸੈਕੰਡਰੀ ਸਕੂਲ ਵਿਖੇ ਬਤੌਰ ਸ.ਸ ਮਾਸਟਰ ਪੱਕੇ ਤੌਰ 'ਤੇ ਸੇਵਾਵਾਂ ਨਿਭਾਅ ਰਿਹਾ ਸੀ। ਪੰਜਾਬ ਦੇ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਵੱਲੋਂ ਤੱਤਕਾਲੀ ਸਿੱਖਿਆ ਮੰਤਰੀ ਦੀਆਂ ਹਦਾਇਤਾਂ ਦਾ ਜ਼ਿਕਰ ਕਰਦਾ ਇੱਕ ਪੱਤਰ ਸੂਬੇ ਦੇ ਸਮੁੱਚੇ ਸਕੂਲਾਂ ਲਈ ਜਾਰੀ ਕੀਤਾ ਗਿਆ।ਪੱਤਰ ਅਨੁਸਾਰ ਸਕੂਲਾਂ ਦੀਆਂ ਬਾਹਰਲੀਆਂ ਦੀਵਾਰਾਂ 'ਤੇ ਸਿਰਫ ਤੇ ਸਿਰਫ ਔਰਤ ਜਾਤੀ ਨਾਲ ਸੰਬੰਧਤ ਮਾਟੋ ਆਦਿ ਹੀ ਲਿਖਣੇ ਸਨ ਅਤੇ ਇਸ ਨੂੰ ਸਖ਼ਤੀ ਨਾਲ ਲਾਗੂ ਕਰਨ ਦਾ ਜ਼ਿਕਰ ਵੀ ਇਸ ਪੱਤਰ ਵਿੱਚ ਵਿਸ਼ੇਸ਼ ਤੌਰ 'ਤੇ ਕੀਤਾ ਗਿਆ ਸੀ। ਅਜਿਹਾ ਗਸ਼ਤੀ ਪੱਤਰ ਸਾਡੇ ਸਕੂਲ 'ਚ ਵੀ ਪਹੁੰਚ ਗਿਆ। ਇਸ ਸੰਬੰਧੀ ਅਗਲੇਰੀ ਕਾਰਵਾਈ ਲਈ ਮੈਡਮ ਪ੍ਰਿੰਸੀਪਲ ਵੱਲੋਂ ਸਕੂਲ ਦੇ ਪੰਜਾਬੀ ਲੈਕਚਰਾਰ ਅਤੇ ਮਿਸਟਰੈੱਸ ਦੀ ਡਿਊਟੀ ਲਗਾ ਦਿੱਤੀ ਗਈ। ਲੈਕਚਰਾਰ ਸਾਹਿਬ ਨੇ ਮੈਨੂੰ ਸੰਬੋਧਨ ਹੁੰਦਿਆਂ ਕਿਹਾ, ਬਾਈ ਜੀ ਆਹ ਇੱਕ ਚਿੱਠੀ ਆਈ ਐ ਆਪਣੇ ਮਹਿਕਮੇ ਤੋਂ, ਸੁਣਿਆ ਤੁਸੀਂ ਵੀ ਕੁਝ ਨਾ ਕੁਝ ਮੱਥਾ ਪੱਚੀ ਕਰ ਲੈਂਦੇ ਹੋ, ਫਿਰ ਕਰੋ ਕੋਈ ਸਹਾਇਤਾ। ਮੈਂ ਵਿਅੰਗਮਈ ਲਹਿਜੇ 'ਚ ਕਿਹਾ ਕਿ ਮੇਰੇ ਵਰਗੇ ਸ.ਸ ਮਾਸਟਰ ਅਤੇ ਸਾਹਿਤਕ ਪੇਚੀਦਗੀਆਂ ਦਾ ਮੇਲ? ਅਸੀਂ ਤਾਂ ਸਤਿਕਾਰਤ ਸਿੱਖ ਗੁਰੂਆਂ ਦੀਆਂ ਸਿਖਿਆਵਾਂ, ਦੇਸ਼, ਕੌਮ ਅਤੇ ਧਰਮ ਲਈ ਉਨ੍ਹਾਂ ਵੱਲੋਂ ਕੀਤੀਆਂ ਗਈਆਂ ਕੁਰਬਾਨੀਆਂ, ਆਜ਼ਾਦੀ ਦੀ ਲੜਾਈ, ਪੰਚਾਇਤਾਂ, ਨਗਰ ਕੌਂਸਲਾਂ, ਨਿਗਮਾਂ, ਕੇਂਦਰੀ ਅਤੇ ਰਾਜ ਸਰਕਾਰਾਂ ਦੀ ਬਣਤਰ, ਮੀਂਹ ਕਿੱਥੇ ਘੱਟ ਤੇ ਕਿੱਥੇ ਜ਼ਿਆਦਾ ਪੈਂਦਾ ਐ, ਕਣਕ, ਚਾਵਲ ਅਤੇ ਕਪਾਹ ਕਿਹੜੇ ਕਿਹੜੇ ਰਾਜਾਂ 'ਚ ਹੁੰਦੀ ਹੈ ਆਦਿ ਤੋਂ ਵੱਧ ਹੋਰ ਕੁਝ ਵੀ ਨਹੀਂ ਜਾਣਦੇ ਹੁੰਦੇ। ਅਜਿਹਾ ਕੁਝ ਸੁਣਨ ਉਪਰੰਤ ਵੀ ਉਸ ਨੇ ਮੁੜ ਪਹਿਲੀ ਗੱਲ ਇੱਕ ਵਾਰ ਫਿਰ ਦੁਹਰਾਅ ਦਿੱਤੀ। ਮੈਂ ਆਪਣੀ ਘੰਟੀ ਲਗਾਉਣ ਲਈ ਆਪਣੇ ਵਿਦਿਆਰਥੀਆਂ ਕੋਲ ਉਥੋਂ ਚਲਿਆ ਗਿਆ। ਸਾਹਿਤਕ ਰੁਚੀ ਹੋਣ ਕਾਰਨ ਇਸ ਸੰਬੰਧੀ ਕੁਝ ਨਾ ਕੁਝ ਲਿਖਣ ਦੀ ਤਾਂਘ ਮੇਰੇ ਧੁਰ ਅੰਦਰ ਵੀ ਕਿਤੇ ਨਾ ਕਿਤੇ ਅੰਗੜਾਈਆਂ ਲੈ ਰਹੀ ਸੀ।ਕਾਫੀ ਯਤਨ ਕਰਨ ਉਪਰੰਤ ਮੈਂ ਆਪਣੀ ਸੀਮਤ ਬੁੱਧੀ ਅਨੁਸਾਰ ਔਰਤ ਜਾਤੀ ਨਾਲ ਸੰਬੰਧਤ ਮੁਸ਼ਕਲ ਨਾਲ ਚਾਰ ਮਾਟੋ ਹੀ ਕਾਗਜ਼ ਦੀ ਹਿੱਕ 'ਤੇ ਝਰੀਟ ਸਕਿਆ। ਇਸ ਉਪਰੰਤ ਮੈਂ ਆਪਣੀ ਇੱਕ ਵਿਦਿਆਰਥਣ ਨੂੰ ਉਹ ਕਾਗਜ਼ ਲੈ ਕੇ ਖਾਲੀ ਪੀਰੀਅਡ ਹੋਣ ਕਾਰਨ ਇਕੱਠੇ ਬੈਠੇ ਅਧਿਆਪਕਾਂ ਕੋਲ ਭੇਜ ਦਿੱਤਾ। ਉਹਨਾਂ ਤੋਂ ਕਾਫੀ ਦੂਰ ਬੈਠਾ ਵੀ ਮੈਂ ਇਕੱਲੇ-ਇਕੱਲੇ ਅਧਿਆਪਕ ਦੀ ਹਰ ਗਤੀਵਿਧੀ ਨੂੰ ਬਾਰੀਕੀ ਨਾਲ ਦੇਖ ਰਿਹਾ ਸੀ। ਉਹਨਾਂ ਦੀਆਂ ਗਤੀਵਿਧੀਆਂ ਤੋਂ ਮੇਰੇ ਵੱਲੋਂ ਲਿਖੇ ਗਏ ਮਾਟੋ, ਮੈਨੂੰ ਪਾਸ ਹੁੰਦੇ ਨਜ਼ਰੀਂ ਪਏ। ਇਸ ਤੋਂ ਤੁਰੰਤ ਬਾਅਦ ਲੜਕੀ ਕਾਗਜ਼ ਲੈ ਕੇ ਮੇਰੇ ਕੋਲ ਵਾਪਸ ਪਰਤ ਆਈ ਅਤੇ ਕਹਿਣ ਲੱਗੀ ਸਰ ਉਹਨਾਂ ਨੇ ਕਿਹਾ ਹੈ ਕਿ ਚਾਰੇ ਮਾਟੋ ਲਿਖਣ ਯੋਗ ਹਨ, ਤੁਸੀਂ ਚਾਰਾਂ ਮਾਟੋਆਂ ਦੇ ਲੇਖਕਾਂ ਦੇ ਨਾਂਅ ਇਹਨਾਂ ਦੇ ਸਾਹਮਣੇ ਲਿਖ ਦਿਓ। ਉਸੇ ਸਮੇਂ ਹੀ ਮੈਂ ਉਸ ਲੜਕੀ ਨੂੰ ਇਹ ਕਹਿ ਕੇ ਵਾਪਸ ਭੇਜਿਆ ਕਿ ਉਹ ਚਾਰਾਂ 'ਤੇ ਹੀ ਮੇਰਾ ਨਾਂਅ ਲਿਖ ਦੇਣ। ਉਸ ਲੜਕੀ ਨੇ ਜਦੋਂ ਅਧਿਆਪਕਾਂ ਨੂੰ ਜਾ ਕੇ ਇਹ ਸ਼ਬਦ ਕਹੇ ਤਾਂ ਉਹਨਾਂ ਦੇ ਚਿਹਰੇ 'ਤੇ ਹਾਵ-ਭਾਵ ਹੀ ਬਦਲ ਗਏ। ਇਹ ਲਾਈਨਾਂ ਜ਼ਿੰਦਗੀ 'ਚ ਮੈਂ ਪਹਿਲੀ ਵਾਰ ਹੀ ਲਿਖੀਆਂ ਹੋਣ ਅਤੇ ਸਹੀ ਵੀ ਪਾਈਆਂ ਗਈਆਂ ਹੋਣ ਤਾਂ ਮੇਰੀ ਖੁਸ਼ੀ ਸੱਤਾਂ ਅਸਮਾਨਾਂ ਨੂੰ ਨਾ ਚੜ੍ਹੇ ਇਹ ਕਿਵੇਂ ਹੋ ਸਕਦਾ ਹੈ। ਘੰਟੀ ਖਤਮ ਹੋਣ ਉਪਰੰਤ ਜਦੋਂ ਮੈਂ ਉਹਨਾਂ ਕੋਲ ਗਿਆ ਤਾਂ ਪੰਜਾਬੀ ਲੈਕਚਰਾਰ ਨੇ ਹੈਰਾਨੀ ਅਤੇ ਈਰਖਾ ਦੇ ਸੁਮੇਲ 'ਚੋਂ ਸਵਾਲ ਕੀਤਾ, ਸਹੁੰ ਖਾ ਬਈ ਤੈਂ...। ਇੰਨਾ ਸੁਣਦਿਆਂ ਹੀ ਮੈਂ ਉਸ ਨੂੰ ਸਮੁੱਚੇ ਸੰਸਾਰ ਦੀਆਂ ਲਾਇਬ੍ਰੇਰੀਆਂ ਦੀ ਬਾਰੀਕੀ ਨਾਲ ਪੜਤਾਲ ਕਰਨ ਦੀ ਸ਼ਰਤ ਸਮੇਤ ਚੁਣੌਤੀ ਦੇ ਦਿੱਤੀ। ਮੇਰੇ ਦਾਅਵੇ ਨੂੰ ਦੇਖਦਿਆਂ ਉਹ ਕੁਝ ਛਿੱਥਾ ਜਿਹਾ ਤਾਂ ਪੈ ਗਿਆ। ਪ੍ਰੰਤੂ ਅਫਸੋਸ ਕਿ ਉਸ ਸਕੂਲ ਦੀਆਂ ਦੀਵਾਰਾਂ ਅੱਜ ਲੱਗਭੱਗ 27 ਵਰ੍ਹੇ ਬੀਤਣ ਦੇ ਬਾਅਦ ਵੀ ਉਸ ਪੱਤਰ ਦੇ ਅਮਲੀ ਰੂਪ 'ਚ ਲਾਗੂ ਹੋਣ ਦੀ ਉਡੀਕ ਕਰ ਰਹੀਆਂ ਹਨ। ਦੀਵਾਰਾਂ 'ਤੇ ਪਹਿਲਾਂ ਤੋਂ ਲਿਖੇ ਮਾਟੋਆਂ ਦਾ ਰੰਗ ਵੀ ਫਿੱਕਾ ਪੈ ਗਿਆ ਹੋਵੇਗਾ। ਸੋਚਾਂ ਦੇ ਸਮੁੰਦਰ 'ਚ ਡੁੱਬਕੀ ਲਗਾਉਂਦਿਆਂ ਅਤੇ ਮਨ ਹੀ ਮਨ ਝੂਰਦਿਆਂ ਕਈ ਵਾਰ ਖਿਆਲ ਆਉਂਦਾ ਹੈ ਕਿ ਉਨ੍ਹਾਂ ਸਤਿਕਾਰਯੋਗ ਸਾਥੀਆਂ ਅਤੇ ਜ਼ਿੰਮੇਵਾਰ ਕੁਰਸੀ 'ਤੇ ਬੈਠੀ ਪ੍ਰਿੰਸੀਪਲ ਮੈਡਮ ਦਾ ਮੇਰੇ ਨਾਲ ਅੰਦਰੂਨੀ ਤੌਰ 'ਤੇ ਕੋਈ ਨਿੱਜੀ ਮਨ-ਮੁਟਾਵ ਹੋ ਸਕਦਾ ਹੈ, ਪ੍ਰੰਤੂ ਸਰਕਾਰੀ ਚਿੱਠੀ ਨੂੰ ਸਕੂਲ ਦੀਆਂ ਦੀਵਾਰਾਂ ਹੇਠ ਦਫਨ ਕਰਕੇ ਅਤੇ ਆਪਣੇ ਬਣਦੇ ਸਰਕਾਰੀ ਫਰਜ਼ਾਂ ਤੋਂ ਟਾਲਾ ਵੱਟ ਕੇ ਕੀ ਉਸ ਨੇ ਮਾਨਸਿਕ ਨਿਘਾਰ ਦੇ ਹੇਠਲੇ ਪੱਧਰ ਨੂੰ ਜੱਗ ਜ਼ਾਹਰ ਨਹੀਂ ਕੀਤਾ? ਕੀ ਇਹ ਸਰਕਾਰੀ ਹੁਕਮਾਂ ਦੀ ਉਲੰਘਣਾ ਨਹੀਂ? ਇਸ ਤੋਂ ਵੀ ਅਗਾਂਹ ਲੰਘ ਕੇ ਜੇਕਰ ਬਾਰੀਕੀ ਨਾਲ ਦੇਖਿਆ ਜਾਵੇ ਤਾਂ ਸੰਸਾਰ ਦੀ ਲੱਗਭੱਗ ਅੱਧੀ ਆਬਾਦੀ ਔਰਤ ਜਾਤੀ ਨਾਲ ਇਸ 21ਵੀਂ ਸਦੀ 'ਚ ਅਜਿਹਾ ਸਲੂਕ ਕਰਕੇ ਉਹਨਾਂ ਦੀ ਤੌਹੀਨ ਨਹੀਂ ਕੀਤੀ ਗਈ? ਉਕਤ ਸਮੁੱਚੇ ਘਟਨਾਕ੍ਰਮ ਨੂੰ ਵਿਚਾਰਦਿਆਂ ਸਮੁੱਚੀ ਲੋਕਾਈ ਨੂੰ ਮੇਰੀ ਧੁਰ ਅੰਦਰੋਂ ਗੁਜਾਰਿਸ਼ ਹੈ ਕਿ ਜੇਕਰ ਕਿਸੇ ਵਿਅਕਤੀ ਨਾਲ ਨਿੱਜੀ ਰੰਜ਼ਿਸ਼ ਹੈ ਵੀ ਤਾਂ ਕਿਰਪਾ ਕਰਕੇ ਉਸ ਨਾਲ ਨਿਪਟਣ ਦੇ ਢੰਗ-ਤਰੀਕਿਆਂ 'ਚ ਤਬਦੀਲੀ ਕਰ ਲਈ ਜਾਵੇ, ਪ੍ਰੰਤੂ ਅਜਿਹੇ ਲੋਕ ਅਤੇ ਵਿਸ਼ੇਸ਼ ਕਰਕੇ ਔਰਤਾਂ ਅਤੇ ਸਮਾਜ ਹਿਤੈਸ਼ੀ ਕਾਰਜਾਂ 'ਚ ਅੜਿੱਕਾ ਪਾਉਣ ਦੀ ਕਦਾਚਿਤ ਖੇਚਲ ਨਾ ਕੀਤੀ ਜਾਵੇ। ਇਸ ਤੋਂ ਇਲਾਵਾ ਕਿਸੇ ਵਿਅਕਤੀ ਦੀ ਉੱਭਰ ਰਹੀ ਕਿਸੇ ਵੀ ਪ੍ਰਕਾਰ ਦੀ ਪ੍ਰਤਿਭਾ ਨੂੰ ਆਪਣੇ ਸਾੜੇ/ਈਰਖਾ ਦੀ ਭੱਠੀ 'ਚ ਬਗੈਰ ਕਿਸੇ ਵਿਸ਼ੇਸ਼ ਕਾਰਨੋਂ ਸਾੜਨ ਤੋਂ ਵੀ ਗੁਰੇਜ਼ ਹੀ ਕੀਤਾ ਜਾਵੇ, ਕਿਉਂਕਿ ਕੱਲ ਕਲੋਤਰ ਨੂੰ ਕੋਈ ਵਿਅਕਤੀ, ਵਿਦਿਆਰਥੀ, ਬੱਚਾ ਕਿਸੇ ਵੱਡੇ ਮੁਕਾਮ 'ਤੇ ਪਹੁੰਚ ਕੇ ਆਪਣੇ ਸਮਾਜ, ਦੇਸ ਕੌਮ ਦੀ ਭਲਾਈ ਲਈ ਕੁਝ ਵੀ ਕਰ ਸਕਦਾ ਹੈ। ਵੈਸੇ ਵੀ ਸਿਆਨਿਆਂ ਦੀ ਕਹਾਵਤ ਹੈ ਕਿ ਤੌੜੀ ਆਪਣੇ ਕਿਨਾਰੇ ਆਪ ਹੀ ਸਾੜ ਕੇ ਬਹਿ ਜਾਂਦੀ ਹੈ, ਕਿਸੇ ਨੂੰ ਕੋਈ ਫਰਕ ਨਹੀਂ ਪੈਂਦਾ।ਇਹੀ ਗੱਲ ਮਨੁੱਖਤਾ 'ਤੇ ਵੀ ਹੂ-ਬ-ਹੂ ਨਜ਼ਰੀਂ ਪੈਂਦੀ ਦਿਖਾਈ ਦੇ ਰਹੀ ਹੈ।

# ਸੰਪਰਕ : 89680-56200

# ਔਰਤਾਂ ਨਾਲ ਸ਼ਰਮਨਾਕ ਘਿਨਾਉਣੇ ਕਾਰੇ ਕਰਨ ਵਾਲਿਆਂ ਦੇ ਹੌਸਲੇ ਸਰਕਾਰ ਲਈ ਵੰਗਾਰ

ਮੇਜਰ ਸਿੰਘ ਨਾਭਾ

ਔਰਤਾਂ ਨਾਲ ਸਮਾਜ ਵਿੱਚ ਬਹੁਤ ਘਿਨਾਉਣੀਆਂ ਸ਼ਰਮਨਾਕ ਘਟਨਾਵਾਂ ਦੇ ਵਰਤਾਰੇ ਨੂੰ ਠੱਲ੍ਹ ਨਹੀਂ ਪੈ ਰਹੀ। ਭਾਵੇਂ ਬਹੁਤ ਸਾਰੇ ਕਾਨੂੰਨ ਇਨ੍ਹਾਂ ਦੇ ਦੋਸ਼ੀਆਂ ਨੂੰ ਸਖਤ ਸਜ਼ਾਵਾਂ ਦੇਣ ਲਈ ਸਮੇਂ-ਸਮੇਂ ਸਿਰ ਬਣਦੇ ਰਹੇ ਹਨ। ਕਈ ਦੋਸ਼ੀਆਂ ਨੂੰ ਫਾਂਸੀ ਤੱਕ ਦੀਆਂ ਸਜ਼ਾਵਾਂ ਵੀ ਹੋ ਚੁੱਕੀਆਂ ਹਨ, ਪਰ ਇਹ ਵਰਤਾਰਾ ਅਜੇ ਵੀ ਚਲਦਾ ਆ ਰਿਹਾ ਹੈ। ਮਨੀਪੁਰ ਦੀਆਂ ਘਟਨਾਵਾਂ ਅਜੇ ਤੱਕ ਰੁਕ ਨਹੀਂ ਰਹੀਆਂ ਜਿਨ੍ਹਾਂ 'ਚ ਔਰਤਾਂ ਨਾਲ ਗੈਰ-ਇਖਲਾਕੀ ਨਿੰਦਣਯੋਗ ਵਰਤਾਰਾ ਦੇਖਣ ਨੂੰ ਮਿਲ ਰਿਹਾ ਹੈ। ਕੋਲਕਾਤਾ ਦੀ ਮਹਿਲਾ ਡਾਕਟਰ ਦੇ 'ਆਰ ਜੀ ਕਰ ਮੈਡੀਕਲ ਕਾਲਜ ਅਤੇ ਹਸਪਤਾਲ' ਵਿੱਚ ਡਿਊਟੀ ਦੌਰਾਨ ਬਲਾਤਕਾਰ ਕਰਨ ਤੋਂ ਬਾਅਦ ਹੱਤਿਆ ਕਰਕੇ ਲਾਸ਼ ਸੈਮੀਨਾਰ ਹਾਲ 'ਚੋਂ ਮਿਲਣ 'ਤੇ ਸਾਰੇ ਦੇਸ਼ 'ਚ ਡਾਕਟਰ ਰੋਸ ਪ੍ਰਗਟ ਕਰਨ ਲਈ ਹੜਤਾਲ ਉੱਪਰ ਜਾਣ ਕਰਕੇ ਡਾਕਟਰੀ ਸੇਵਾਵਾਂ ਠੱਪ ਹੋਣ ਕਾਰਨ ਸੁਪਰੀਮ ਕੋਰਟ ਨੂੰ ਦਖਲ ਦੇਣਾ ਪਿਆ ਹੈ। ਸੀ.ਬੀ.ਆਈ. ਇਸ ਕੇਸ ਦੀ ਬਾਰੀਕੀ ਨਾਲ ਜਾਂਚ ਕਰ ਰਹੀ ਹੈ। ਸਮੇਂ ਨਾਲ ਦੋਸ਼ੀ ਫੜੇ ਜਾਣਗੇ, ਸਜ਼ਾ ਵੀ ਹੋ ਜਾਵੇਗੀ। ਸਵਾਲ ਇਹ ਹੈ ਕਿ ਇਹੋ ਜਿਹੇ ਘਿਨਾਉਣੇ ਕੰਮਾਂ ਨੂੰ ਕਰਨ ਲਈ ਕਿਉਂ ਅੰਜਾਮ ਦੇਣ ਲਈ ਕੋਈ ਹੌਸਲਾ ਕਰਦਾ ਹੈ। ਇਸ ਵਿੱਚ ਸਾਡੇ ਸਿਸਟਮ ਦੀਆਂ ਕੋਈ ਨਾ ਕੋਈ ਕਮਜ਼ੋਰੀਆਂ ਤਾਂ ਹੋਣਗੀਆਂ, ਜਿਨ੍ਹਾਂ ਨੂੰ ਸਾਨੂੰ ਦੂਰ ਕਰਨ ਲਈ ਕਾਰਗਰ ਕਦਮ ਪੁੱਟਣੇ ਪੈਣਗੇ ਤਾਂ ਕਿ ਕੋਈ ਵੀ ਮਾੜੇ ਕਾਰਨਾਮਿਆਂ ਨੂੰ ਕਰਨ ਦਾ ਹੀਆ ਨਾ ਕਰੇ।

ਔਰਤ ਨੂੰ ਤਾਂ ਬਣਦਾ ਸਤਿਕਾਰ ਦੇਣਾ ਸਾਡੇ ਸਮਾਜ ਦੀ ਜ਼ਿੰਮੇਵਾਰੀ ਹੈ, ਜਿਸ ਨੇ ਇਸ ਸਮਾਜ ਨੂੰ ਜਨਮ ਦੇ ਕੇ ਹੋਂਦ 'ਚ ਲਿਆਂਦਾ ਹੈ। ਗੁਰੂ ਨਾਨਕ ਦੇਵ ਜੀ ਨੇ ਸਮਾਜ ਵਿੱਚ ਨੀਂਵੀ ਸਮਝੀ ਜਾਣ ਵਾਲੀ ਔਰਤ ਦੇ ਸਨਮਾਨ ਵਿੱਚ ਆਖਿਆ, 'ਸੋ ਕਿਉ ਮੰਦਾ ਆਖੀਐ ਜਿਤੁ ਜੰਮਹਿ ਰਾਜਾਨ'। ਮਹਾਰਾਜਿਆਂ, ਰਾਜਿਆਂ ਨੂੰ ਜਨਮ ਦੇਣ ਵਾਲੀ ਔਰਤ ਨੂੰ ਕਿਵੇਂ ਨੀਂਵਾਂ ਸਮਝਿਆ ਜਾ ਸਕਦਾ ਹੈ, ਪਰ ਉਸ ਸਮੇਂ ਕੁੜੀਆਂ ਨੂੰ ਜਨਮ ਸਮੇਂ ਹੀ ਮਾਰ ਦਿੱਤਾ ਜਾਂਦਾ ਸੀ। ਅਲਟਰਾਸਾਊਂਡ ਆਉਣ ਨਾਲ ਲਿੰਗ ਪਰਖ ਕੇ ਜਨਮ ਤੋਂ ਪਹਿਲਾਂ ਹੀ ਭਰੂਣ ਹੱਤਿਆ ਦੇ ਰੁਝਾਨ 'ਚ ਵਾਧਾ ਹੋਇਆ, ਪਰ ਹੁਣ ਲਿੰਗ ਨਿਰਧਾਰਨ ਟੈਸਟ ਉੱਪਰ ਪਾਬੰਦੀ ਹੋਣ ਕਾਰਨ ਇਹ ਰੁਝਾਨ ਘਟਣ ਲੱਗਾ ਹੈ, ਕਿਉਂਕਿ ਲੜਕੀਆਂ ਨੇ ਹਰ ਖੇਤਰ ਵਿੱਚ ਮੱਲਾਂ ਮਾਰ ਕੇ ਮਾਪਿਆਂ ਦੀ ਸੋਚ ਨੂੰ ਬਦਲਣ ਵਿੱਚ ਵੀ ਰੋਲ ਅਦਾ ਕੀਤਾ ਹੈ। ਕੁੜੀਆਂ ਬੋਰਡ ਦੀਆਂ ਕਲਾਸਾਂ ਦੀ ਪੜ੍ਹਾਈ ਵਿੱਚ ਲੜਕਿਆਂ ਨੂੰ ਪਛਾੜ ਕੇ ਪਹਿਲੇ ਸਥਾਨਾਂ ਉੱਪਰ ਆ ਰਹੀਆਂ ਹਨ। ਉੱਚ ਅਹੁਦਿਆਂ ਉੱਪਰ ਜਾ ਕੇ ਔਰਤਾਂ ਨੇ ਨਾਮਣਾ ਖੱਟਿਆ ਹੈ। ਖੇਡਾਂ ਦੇ ਖੇਤਰ ਵਿੱਚ ਕੁੜੀਆਂ ਨੇ ਭਾਰਤ ਦਾ ਨਾਂਅ ਏਸ਼ੀਅਨ, ਉਲੰਪਿਕ ਆਦਿ ਖੇਡਾਂ ਵਿੱਚ ਵਧੇਰੇ ਗੋਲਡ ਮੈਡਲ ਪ੍ਰਾਪਤ ਕਰਕੇ ਉੱਚਾ ਕੀਤਾ ਹੈ। ਪੰਜਾਬ ਅੰਦਰ ਅੰਤਰਰਾਸ਼ਟਰੀ ਪੱਧਰ ਉੱਪਰ ਪਹਿਲੇ ਸਥਾਨ ਪ੍ਰਾਪਤ ਕਰਨ ਵਾਲੀਆਂ ਖਿਡਾਰਨਾਂ ਨੂੰ ਨਕਦ ਅਤੇ ਸਰਕਾਰੀ ਨੌਕਰੀ ਦੇ ਕੇ ਸਮੇਂ-ਸਮੇਂ ਸਰਕਾਰਾਂ ਵੱਲੋਂ ਲੜਕੀਆਂ ਨੂੰ ਖੇਡਾਂ 'ਚ ਅੱਗੇ ਆਉਣ ਲਈ ਉਤਸ਼ਾਹਿਤ ਕੀਤਾ ਜਾ ਰਿਹਾ ਹੈ, ਜੋ ਕਿ ਲੜਕੀਆਂ ਦਾ ਸਵੈਮਾਨ ਵਧਾਉਣ ਦਾ ਕੰਮ ਕਰੇਗਾ। ਰਾਜਨੀਤਕ ਖੇਤਰ ਵਿੱਚ ਦੇਸ਼ ਦੇ ਸਭ ਤੋਂ ਉੱਚੇ ਅਹੁਦੇ ਰਾਸ਼ਟਰਪਤੀ ਦੀ ਕੁਰਸੀ ਉੱਪਰ ਦੇਸ਼ ਦੀ ਪਹਿਲੀ ਮਹਿਲਾ ਰਾਸ਼ਟਰਪਤੀ ਸ੍ਰੀਮਤੀ ਪ੍ਰਤਿਭਾ ਦੇਵੀਸਿੰਘ ਪਾਟਿਲ ਨੇ 25 ਜੁਲਾਈ 2007 ਨੂੰ ਬਿਰਾਜਮਾਨ ਹੋਏ। ਸ੍ਰੀਮਤੀ ਦਰੋਪਦੀ ਮੁਰਮੂ ਦੂਸਰੀ ਪਹਿਲੀ ਸੰਥਾਲੀ ਕਬੀਲੇ 'ਚੋਂ ਔਰਤ ਹੁਣ ਸਾਡੇ ਦੇਸ਼ ਦੀ ਰਾਸ਼ਟਰਪਤੀ ਹੈ। ਇਸੇ ਤਰ੍ਹਾਂ ਦੇਸ਼ ਦੀ ਪ੍ਰਧਾਨ ਮੰਤਰੀ ਸਵ: ਸ੍ਰੀਮਤੀ ਇੰਦਰਾ ਗਾਂਧੀ ਆਪਣੇ ਸਮੇਂ ਦੌਰਾਨ ਚਰਚਿੱਤ ਪ੍ਰਧਾਨ ਮੰਤਰੀ ਰਹੀ ਹੈ। ਸੁਚੇਤਾ ਕ੍ਰਿਪਲਾਨੀ ਪਹਿਲੀ ਔਰਤ ਮੁੱਖ ਮੰਤਰੀ (ਯੂ ਪੀ) ਦੀ ਬਣੀ। ਮੀਰਾ ਕੁਮਾਰ ਦੇਸ਼ ਦੀ ਲੋਕ ਸਭਾ ਦੀ ਪਹਿਲੀ ਸਪੀਕਰ ਬਣੀ। ਦੇਸ਼ ਦੀ ਪਹਿਲੀ ਔਰਤ ਸਰੋਜਨੀ ਨਾਇਡੂ ਨੂੰ ਰਾਜ ਦਾ ਗਵਰਨਰ ਬਣਨ ਦਾ ਮਾਣ ਪ੍ਰਾਪਤ ਹੈ। ਪਹਿਲੀ ਭਾਰਤ ਦੀ ਚੀਫ ਇਲੈਕਸ਼ਨ ਕਮਿਸ਼ਨਰ ਔਰਤ 1990 ਵਿੱਚ ਸ੍ਰੀਮਤੀ ਵੀ.ਐਸ. ਰਮਾਦੇਵੀ ਬਣੀ। ਭਾਵਨਾ ਕੰਠ ਨੇ 2019 ਵਿੱਚ ਪਹਿਲੀ ਔਰਤ ਫਾਈਟਰ ਪਾਇਲਟ ਬਣ ਕੇ ਏਅਰ ਫੋਰਸ ਵਿੱਚ ਸ਼ਾਮਲ ਹੋਈ। ਪੁਲਸ ਵਿੱਚ ਪਹਿਲੀ ਮਹਿਲਾ ਆਈ.ਪੀ.ਐੱਸ. ਅਧਿਕਾਰੀ ਬਣੀ। ਮਦਰ ਟਰੇਸਾ ਪਹਿਲੀ ਭਾਰਤੀ ਔਰਤ ਨੂੰ ਨੋਬਲ ਸ਼ਾਂਤੀ ਪੁਰਸਕਾਰ ਮਿਲਿਆ। ਪਹਿਲਾ 'ਨੈਸ਼ਨਲ ਸਾਹਿਤ ਅਕਾਦਮੀ ਐਵਾਰਡ' ਪੰਜਾਬੀ ਲੇਖਿਕਾ ਅੰਮ੍ਰਿਤਾ ਪ੍ਰੀਤਮ ਨੂੰ ਮਿਲਿਆ। ਔਰਤਾਂ ਲਈ ਇਹ ਮਾਣ ਵਾਲੀ ਗੱਲ ਹੈ। ਦੇਸ਼ ਦੀ ਪਹਿਲੀ ਔਰਤ ਸਰੋਜਨੀ ਨਾਇਡੂ ਨੂੰ ਗਵਰਨਰ ਬਣਨ ਦਾ ਮਾਣ ਪ੍ਰਾਪਤ ਹੈ। ਇਸੇ ਤਰ੍ਹਾਂ ਦੇਸ਼ ਦੀ ਪ੍ਰਧਾਨ ਮੰਤਰੀ ਸਵ: ਸ੍ਰੀਮਤੀ ਇੰਦਰਾ ਗਾਂਧੀ ਆਪਣੇ ਸਮੇਂ ਦੌਰਾਨ ਚਰਚਿੱਤ ਪਹਿਲੀ ਔਰਤ ਪ੍ਰਧਾਨ ਮੰਤਰੀ ਰਹੀ ਹੈ। ਔਰਤਾਂ ਲਈ ਇਹ ਮਾਣ ਵਾਲੀ ਗੱਲ ਹੈ। ਏਸ਼ੀਅਨ ਖੇਡਾਂ ਅਤੇ ਉਲੰਪਿਕ ਖੇਡਾਂ 'ਚ ਐਤਕੀਂ ਲੜਕੀਆਂ ਦਾ ਪ੍ਰਦਰਸ਼ਨ ਬਹੁਤ ਵਧੀਆ ਰਿਹਾ ਹੈ, ਜਿਨ੍ਹਾਂ ਨੇ ਦੇਸ਼ , ਆਪਣੇ ਰਾਜ ਅਤੇ ਮਾਪਿਆਂ ਦਾ ਨਾਂਅ ਉੱਚਾ ਕੀਤਾ ਹੈ। ਅੱਜ ਦੀਆਂ ਲੜਕੀਆਂ ਨੂੰ ਇਹੋ ਜਿਹੀਆਂ ਉੱਚ ਰੁਤਬੇ ਪ੍ਰਾਪਤ ਔਰਤਾਂ ਤੋਂ ਪ੍ਰੇਰਨਾ ਲੈ ਕੇ ਆਪਣੀ ਜ਼ਿੰਦਗੀ ਨੂੰ ਵੀ ਉੱਚ ਬੁਲੰਦੀਆਂ 'ਤੇ ਪਹੁੰਚਣ ਦੀ ਮਨ 'ਚ ਠਾਣ ਲੈਣਾ ਚਾਹੀਦਾ ਹੈ।

ਅੱਜ ਵੀ ਲੜਕੀਆਂ ਨੂੰ ਸਮਾਜ ਵਿੱਚ ਕਈ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਦੇਸ਼ ਦੇ ਕਈ ਸ਼ਹਿਰਾਂ 'ਚ ਖਾਸ ਕਰਕੇ ਮਨੀਪੁਰ ਵਿੱਚ ਪਿਛਲੇ ਸਮੇਂ ਲੜਕੀਆਂ ਨਾਲ ਦਰਿੰਦਗੀ ਦੀ ਹੱਦ ਨੇ ਤਹਿਲਕਾ ਮਚਾ ਰੱਖਿਆ ਹੈ, ਜੋ ਕਿ ਅਜੇ ਤੱਕ ਜਾਰੀ ਹੈ। ਇਸ ਤੋਂ ਪਹਿਲਾਂ ਵੀ ਲੜਕੀਆਂ ਨਾਲ ਬਲਾਤਕਾਰ ਅਤੇ ਬਾਅਦ 'ਚ ਮਾਰ ਦੇਣ ਦੀਆਂ ਘਟਨਾਵਾਂ ਵਾਪਰੀਆਂ ਹਨ, ਜੋ ਕਿ ਧੀਆਂ ਦੇ ਮਾਪਿਆਂ ਨੂੰ ਚਿੰਤਾ ਵਿੱਚ ਜ਼ਰੂਰ ਪਾਉਂਦੀਆਂ ਹਨ ਕਿ ਉਹ ਆਪਣੀਆਂ ਧੀਆਂ ਨੂੰ ਕਿਵੇਂ ਸੁਰੱਖਿਅਤ ਰੱਖ ਸਕਣ। ਇਹੋ ਜਿਹੇ ਮਾੜੀ ਸੋਚ ਵਾਲਿਆਂ ਨੂੰ ਸਖਤ ਸਜ਼ਾ ਤੁਰੰਤ ਦੇਣੀ ਚਾਹੀਦੀ ਹੈ ਤਾਂ ਕਿ ਸਮਾਜ ਨੂੰ ਸੁਧਾਰਨ ਲਈ ਸੰਦੇਸ਼ ਜਾ ਸਕੇ। ਸਾਡੇ ਦੇਸ਼ ਵਿੱਚ ਕਾਨੂੰਨ ਦੇ ਰਾਖੇ ਵੀ ਪੱਖਪਾਤੀ ਵਤੀਰੇ ਦੇ ਸ਼ਿਕਾਰ ਹੋ ਜਾਂਦੇ ਹਨ, ਜੋ ਕਿ ਲੋਕਤੰਤਰ ਲਈ ਕਲੰਕ ਲਾਉਂਦੇ ਹਨ। ਰਾਜਨੀਤਕ ਲੋਕਾਂ ਦਾ ਰੋਲ ਵੀ ਇਹੋ ਜਿਹੀਆਂ ਘਟਨਾਵਾਂ ਨੂੰ ਕਈ ਵਾਰੀ ਉਤਸ਼ਾਹਿਤ ਕਰਕੇ ਵੋਟ ਬੈਂਕ ਮਜ਼ਬੂਤ ਕਰਨ ਦਾ ਹੁੰਦਾ ਹੈ, ਜੋ ਕਿ ਨਿੰਦਣਯੋਗ ਹੈ।

ਸੋ ਅੱਜ ਦੇ ਮਾਪਿਆਂ ਨੂੰ ਆਪਣੇ ਬੱਚਿਆਂ ਦੀਆਂ ਭਾਵਨਾਵਾਂ ਨੂੰ ਸਮਝਣ ਦੀ ਲੋੜ ਹੈ, ਨਾ ਕਿ ਉਨ੍ਹਾਂ ਦੀਆਂ ਭਾਵਨਾਵਾਂ ਨੂੰ ਦਬਾਉਣਾ ਚਾਹੀਦਾ ਹੈ। ਇਸ ਤਰ੍ਹਾਂ ਆਪਣੇ ਬੱਚਿਆਂ ਦੀਆਂ ਖੁਸ਼ੀਆਂ ਨੂੰ ਕਾਇਮ ਰੱਖਿਆ ਜਾ ਸਕਦਾ ਹੈ। ਧੀਆਂ ਨੂੰ ਵੀ ਸਹੁਰੇ ਘਰ ਜਾ ਕੇ ਉਨ੍ਹਾਂ ਦੀਆਂ ਭਾਵਨਾਵਾਂ ਨੂੰ ਐਵੇਂ ਹੀ ਜਲਦਬਾਜ਼ੀ 'ਚ ਦਰ-ਕਿਨਾਰ ਨਹੀਂ ਕਰ ਦੇਣਾ ਚਾਹੀਦਾ।

ਇਸ ਲਈ ਲੜਕੀਆਂ, ਮਾਵਾਂ ਅਤੇ ਸੱਸਾਂ ਨੂੰ ਹਰ ਕਦਮ ਸੋਚ-ਸਮਝ ਕੇ ਚੁੱਕਣਾ ਚਾਹੀਦਾ ਹੈ ਕਿ ਰਿਸ਼ਤਿਆਂ 'ਚ ਤਰੇੜਾਂ ਨਹੀਂ, ਸਗੋਂ ਪਿਆਰ ਵਾਲੀ ਮਿਠਾਸ ਪੈਦਾ ਹੋਵੇ, ਜਿਸ ਨਾਲ ਘਰ ਦਾ ਮਾਹੌਲ ਸੁਖਾਵਾਂ ਬਣਿਆ ਰਹੇ। ਕੋਈ ਵੀ ਮਾਂ-ਬਾਪ ਆਪਣੇ ਬੱਚਿਆਂ ਦੀ ਵਿਆਹੁਤਾ ਜ਼ਿੰਦਗੀ 'ਚ ਤ੍ਰੇੜਾਂ ਪਾਉਣਾ ਨਹੀਂ ਚਾਹੁੰਦਾ ਹੁੰਦਾ ਪਰ ਕਈ ਵਾਰੀ ਨਿੱਕੀ ਜਿਹੀ ਗੱਲ ਤੋਂ ਇਹ ਵਧ ਕੇ ਕਲੇਸ਼ ਦਾ ਰੂਪ ਧਾਰਨ ਕਰ ਲੈਂਦਾ ਹੈ, ਜਿਸ ਨੂੰ ਦੋਵੇਂ ਪਾਸੇ ਦੇ ਮਾਪਿਆਂ ਨੂੰ ਬੜੀ ਸਮਝਦਾਰੀ ਤੋਂ ਪਹਿਲਾਂ ਹੀ ਕੰਮ ਲੈਣਾ ਚਾਹੀਦਾ ਹੈ। ਅੱਜਕੱਲ੍ਹ ਤਾਂ ਬਹੁਤੇ ਪਰਵਾਰ ਵੀ ਇੱਕ ਜਾਂ ਦੋ ਬੱਚਿਆਂ ਵਾਲੇ ਹੀ ਹਨ। ਕਈ ਪਰਵਾਰਾਂ 'ਚ ਧੀਆਂ ਹੀ ਨਹੀਂ ਹਨ, ਉਨ੍ਹਾਂ ਨੂੰ ਧੀਆਂ ਦੀਆਂ ਭਾਵਨਾਵਾਂ ਦੀ ਸਮਝ ਜ਼ਰੂਰ ਹੋਣੀ ਚਾਹੀਦੀ ਹੈ। ਮੇਰੇ ਕਈ ਦੋਸਤਾਂ ਦੇ ਇੱਕ ਜਾਂ ਦੋ ਬੇਟੀਆਂ ਹੀ ਹਨ, ਜੋ ਕਿ ਬੜੇ ਫਖਰ ਨਾਲ ਬੇਟਿਆਂ ਵਾਂਗ ਉਨ੍ਹਾਂ ਦਾ ਪਾਲਣ-ਪੋਸ਼ਣ ਕਰ ਰਹੇ ਹਨ। ਬਾਹਰਲੇ ਦੇਸ਼ਾਂ 'ਚ ਨੌਜਵਾਨੀ ਦੇ ਤੇਜ਼ੀ ਨਾਲ ਜਾਣ ਦੇ ਰੁਝਾਨ ਕਾਰਨ ਬਹੁਤੇ ਮਾਪੇ ਪੰਜਾਬ ਅੰਦਰ ਇਕੱਲੇ ਰਹਿ ਰਹੇ ਹਨ। ਬੇਟਿਆਂ ਦਾ ਸਹਾਰਾ ਉਨ੍ਹਾਂ ਨੂੰ ਨਸੀਬ ਨਹੀਂ। ਕਈ ਮਾਪੇ ਧੀਆਂ ਕੋਲ ਰਹਿਣ ਲਈ ਮਜਬੂਰ ਹਨ, ਧੀਆਂ ਵੀ ਪੁੱਤਰਾਂ ਨਾਲੋਂ ਵੱਧ ਮਾਪਿਆਂ ਦਾ ਖਿਆਲ ਰੱਖਦੀਆਂ ਹਨ। ਸੋ ਸਾਨੂੰ ਲੜਕੀਆਂ ਪ੍ਰਤੀ ਆਪਣੀ ਸੋਚ ਨੂੰ ਸਾਰਥਕ ਰੂਪ 'ਚ ਰੱਖ ਕੇ ਸਮਾਜ 'ਚੋਂ ਘਿਨਾਉਣੇ ਵਤੀਰੇ ਨੂੰ ਖਤਮ ਕਰਨ ਵੱਲ ਕਦਮ ਉਠਾਉਣੇ ਚਾਹੀਦੇ ਹਨ ਤਾਂ ਕਿ ਆਪਣੇ ਬੱਚਿਆਂ ਦੀ ਜ਼ਿੰਦਗੀ ਨੂੰ ਖੁਸ਼ਗਵਾਰ ਬਣਾ ਸਕੀਏ।

# ਸੰਪਰਕ : 94635-53962

# ਨਵੇਂ ਫੌਜਦਾਰੀ ਕਾਨੂੰਨਾਂ ਤੇ ਐੱਨ ਆਈ ਏ ਦੀ ਛਾਪੇਮਾਰੀ ਖ਼ਿਲਾਫ਼ ਕਨਵੈਨਸ਼ਨ

## ਪੁਲਸੀਆ ਰਾਜ ਲਾਗੂ ਹੋਣ 'ਤੇ ਜਮਹੂਰੀ ਆਜ਼ਾਦੀ ਖੁੱਸਣ ਦਾ ਖਤਰਾ : ਰਜਿੰਦਰ ਸਿੰਘ, ਅਮਨਦੀਪ ਕੌਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਜਮਹੂਰੀ ਅਧਿਕਾਰ ਸਭਾ ਤੇ ਵੱਖ ਵੱਖ ਕਿਸਾਨ, ਮਜ਼ਦੂਰ, ਨੌਜਵਾਨ, ਮੁਲਾਜ਼ਮ ਜਥੇਬੰਦੀਆਂ ਵੱਲੋਂ ਪਿਛਲੇ ਦਿਨੀਂ ਮੋਦੀ ਹਕੂਮਤ ਵੱਲੋਂ ਤਿੰਨੋਂ ਫੌਜਦਾਰੀ ਕਾਨੂੰਨਾਂ 'ਚ ਸੋਧਾਂ ਕਰਕੇ ਪੁਲਸ ਨੂੰ ਵੱਧ ਅਧਿਕਾਰ ਦੇਣ, ਲੋਕਾਂ ਦੇ ਧਰਨੇ, ਮੁਜ਼ਾਹਰਿਆਂ ਨੂੰ ਅੱਤਵਾਦੀ ਗਤੀਵਿਧੀਆਂ 'ਚ ਸ਼ਾਮਲ ਕਰਨ, ਐੱਨ ਆਈ ਏ ਵੱਲੋਂ ਪੰਜਾਬ ਵਿੱਚ ਵੱਖ ਵੱਖ ਥਾਈਂ ਕੀਤੀਆਂ ਛਾਪੇਮਾਰੀਆਂ ਖਿਲਾਫ ਕਨਵੈਨਸ਼ਨ ਕੀਤੀ ਗਈ, ਜਿਸ ਵਿੱਚ ਮੁੱਖ ਬੁਲਾਰੇ ਦੇ ਤੌਰ 'ਤੇ ਕਿਰਤੀ ਕਿਸਾਨ ਯੂਨੀਅਨ ਦੇ ਜਨਰਲ ਸਕੱਤਰ ਰਜਿੰਦਰ ਸਿੰਘ ਦੀਪ ਸਿੰਘ ਵਾਲਾ, ਵਕੀਲ ਤੇ ਸਮਾਜਿਕ ਕਾਰਕੁਨ ਅਮਨਦੀਪ ਕੌਰ ਨੇ ਸੰਬੋਧਨ ਕੀਤਾ। ਬੁਲਾਰਿਆਂ ਨੇ ਦੱਸਿਆ ਕਿ ਭਾਰਤੀ ਰਾਜ ਇੱਕ ਲੁਟੇਰੀ ਜਮਾਤ ਦੀ ਰਾਖੀ ਕਰਦਾ ਹੈ। ਲੋਕਾਂ ਨੂੰ ਅਦਾਲਤਾਂ, ਕਾਨੂੰਨਾਂ ਰਾਹੀਂ ਨਿਆਂ ਦੇਣ ਦਾ ਸਿਰਫ ਢਕਵੰਜ ਰਚਿਆ ਜਾਂਦਾ ਹੈ, ਕਾਨੂੰਨ ਸਿਰਫ ਲੁਟੇਰਿਆਂ ਦੀ ਰਾਖੀ ਲਈ ਬਣਦੇ ਹਨ। ਜਦੋਂ ਵੀ ਰਾਜ ਕਰਤਾ ਜਮਾਤ ਸੰਕਟ ਵਿੱਚ ਹੁੰਦੀ ਹੈ ਤਾਂ ਉਹ ਜਾਬਰ ਕਾਨੂੰਨਾਂ ਦੇ ਦੰਦ ਹੋਰ ਤਿੱਖੇ ਕਰਦੀ ਹੈ। ਪਹਿਲਾਂ ਹੀ ਕਾਨੂੰਨ ਤਕੜੇ ਦੀ ਧਿਰ ਬਣਦਾ ਆਇਆ ਹੈ, ਪਰ ਹੁਣ ਤਿੰਨੋਂ ਫੌਜਦਾਰੀ ਕਾਨੂੰਨਾਂ ਦੇ ਲੋਕ ਲੁਭਾਣੇ ਨਾਮ ਰੱਖ ਕੇ ਵੱਧ ਜਾਬਰ ਬਣਾ ਦਿੱਤਾ ਗਿਆ ਹੈ, ਜਿਸ ਵਿੱਚ ਰਾਜ ਧ੍ਰੋਹ ਦੀ ਥਾਂ ਦੇਸ਼ ਧ੍ਰੋਹ, ਪੁਲਸ ਰਿਮਾਂਡ ਲਈ ਖੁੱਲ੍ਹੀਆਂ ਛੁੱਟੀਆਂ ਦੇ ਦਿੱਤੀਆਂ ਗਈਆਂ ਹਨ। ਅੱਤਵਾਦੀ/ਗੈਰ-ਕਾਨੂੰਨੀ ਗਤੀਵਿਧੀਆਂ ਦਾ ਘੇਰਾ ਵਿਸ਼ਾਲ ਕਰਦਿਆਂ ਦੇਸ਼ ਦੀ ਏਕਤਾ ਅਖੰਡਤਾ ਦੇ ਨਾਲ ਨਾਲ ਦੇਸ਼ ਨੂੰ ਆਰਥਿਕ ਨੁਕਸਾਨ ਪਹੁੰਚਾਉਣ ਨੂੰ ਵੀ ਸ਼ਾਮਲ ਕਰ ਲਿਆ ਗਿਆ ਹੈ। ਸੰਯੁਕਤ ਰਾਸ਼ਟਰ ਦੇ ਅਹਿਦਨਾਮੇ ਵਿੱਚ ਦਰਜ ਸਵੈ ਨਿਰਣੇ ਦੇ ਹੱਕ ਨੂੰ ਹੁਣ ਮੋਦੀ ਹਕੂਮਤ ਵਿੱਚ ਦੇਸ਼ ਦੀ ਏਕਤਾ ਅਖੰਡਤਾ ਲਈ ਦੇਸ਼ ਵਿਰੋਧੀ ਗਤੀਵਿਧੀ ਮੰਨਿਆ ਜਾਵੇਗਾ। ਸੜਕੀ ਜਾਮ, ਰੇਲ ਜਾਮ, ਬਿਜਲੀ ਘਰ, ਡੀ ਸੀ, ਐੱਸ ਐੱਸ ਪੀ ਦਫਤਰ ਘੇਰਣ ਨੂੰ ਦੇਸ਼ ਦਾ ਆਰਥਿਕ ਨੁਕਸਾਨ ਮੰਨ ਕੇ ਇਸ ਵਿੱਚ ਸ਼ਾਮਲ, ਫੰਡ ਦੀ ਸਹਾਇਤਾ ਜਾਂ ਹੋਰ ਢੰਗ ਨਾਲ ਮਦਦ ਕਰਨ ਵਾਲੇ ਵੀ ਨਹੀਂ ਬਖਸ਼ੇ ਜਾਣਗੇ। ਇਸ ਕਰਕੇ ਬਸਤੀਵਾਦੀ ਕਾਨੂੰਨਾਂ ਨੂੰ ਬਦਲਣ ਦੀ ਆੜ ਹੇਠ ਲੋਕਾਂ ਦੇ ਵਿਰੋਧ ਕੁਚਲਣ ਲਈ ਹੀ ਇਹ ਤਿੰਨੋਂ ਫੌਜਦਾਰੀ ਕਾਨੂੰਨ ਬਦਲੇ ਗਏ ਹਨ। ਦੂਸਰਾ ਇਨ੍ਹਾਂ ਵਿੱਚ ਸੋਧ ਗੈਰ-ਸੰਵਿਧਾਨਕ ਤਰੀਕੇ ਨਾਲ ਕੀਤੀ ਗਈ ਹੈ, ਕਿਉਂਕਿ ਸੁਰੱਖਿਆ ਦਾ ਮਸਲਾ ਸਮਵਰਤੀ ਸੂਚੀ ਵਿੱਚ ਆਉਂਦਾ ਹੈ, ਪਰ ਸੋਧਾਂ ਕਰਨ ਸਮੇਂ ਸੂਬਾ ਸਰਕਾਰਾਂ ਨੂੰ ਪੁੱਛਿਆ ਹੀ ਨਹੀਂ ਗਿਆ, ਜਿਨ੍ਹਾਂ ਦਾ ਡੱਟਵਾਂ ਵਿਰੋਧ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਐੱਨ ਆਈ ਏ ਜਿਸ ਤਰ੍ਹਾਂ ਪੱਤਰਕਾਰਾਂ, ਵਕੀਲਾਂ, ਲੇਖਕਾਂ, ਸਮਾਜਿਕ ਕਾਰਕੁਨਾਂ ਦੇ ਘਰ ਛਾਪੇਮਾਰੀ ਕਰ ਰਹੀ ਹੈ, ਇਹ ਦਹਿਸ਼ਤ ਪਾਉਣ ਤੇ ਲੋਕ ਲਹਿਰ ਨੂੰ ਆਗੂ ਰਹਿਤ ਕਰਨ ਦਾ ਢੰਗ ਹੈ। ਕੇਂਦਰ ਇਸ ਰਾਹੀਂ ਸੂਬਿਆਂ ਦੇ ਅਧਿਕਾਰਾਂ 'ਚ ਆਪਣੀ ਦਖਲ ਅੰਦਾਜ਼ੀ ਵਧਾ ਰਿਹਾ ਹੈ, ਪਰ ਇਸ 'ਤੇ ਪੰਜਾਬ ਸਰਕਾਰ ਦਾ ਚੁੱਪ ਰਹਿ ਕੇ ਇਨ੍ਹਾਂ ਛਾਪੇਮਾਰੀਆਂ ਨੂੰ ਸਹਿਮਤੀ ਦੇਣਾ ਇਸ ਤੋਂ ਵੀ ਵਧ ਖਤਰਨਾਕ ਹੈ। ਅੱਜ ਦੀ ਕਨਵੈਨਸ਼ਨ ਨੇ ਮੰਗ ਕੀਤੀ ਕਿ ਐੱਨ ਆਈ ਏ ਦੀਆਂ ਪੰਜਾਬ ਸਮੇਤ ਵੱਖ ਵੱਖ ਥਾਈਂ ਪੈ ਰਹੀਆਂ ਛਾਪੇਮਾਰੀਆਂ ਨੂੰ ਬੰਦ ਕੀਤਾ ਜਾਵੇ। ਮੋਦੀ ਹਕੂਮਤ ਆਪਣੀ ਆਲੋਚਨਾ, ਵਿਰੋਧ ਨੂੰ ਕੁਚਲਣ ਲਈ ਜਮਹੂਰੀ ਅਧਿਕਾਰਾਂ ਦਾ ਘਾਣ ਕਰਨਾ ਬੰਦ ਕਰੇ। ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ, ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਆਗੂ ਬਲੌਰ ਸਿੰਘ ਘੱਲਕਲਾਂ, ਇਕਬਾਲ ਸਿੰਘ ਆਦਿ ਹਾਜ਼ਰ ਸਨ।

# ਮੰਡੀ 'ਚ ਝੋਨੇ ਦੀ ਤੁਲਾਈ 1 ਅਕਤੂਬਰ ਤੱਕ ਨਹੀਂ ਹੋਵੇਗੀ : ਆੜ੍ਹਤੀ ਤੇ ਸ਼ੈਲਰ ਮਾਲਕ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਅਨਾਜ ਮੰਡੀ ਵਿਖੇ ਸੱਚਾ ਸੌਦਾ ਆੜ੍ਹਤੀ ਐਸੋਸੀਏਸ਼ਨ ਮਾਛੀਵਾੜਾ ਸਾਹਿਬ ਤੇ ਸ਼ੈਲਰ ਮਾਲਕਾਂ ਦੀ ਇੱਕ ਮੀਟਿੰਗ ਹੋਈ, ਜਿਸ ਵਿੱਚ ਸਰਬ ਸੰਮਤੀ ਨਾਲ ਫੈਸਲਾ ਲਿਆ ਗਿਆ ਕਿ 1 ਅਕਤੂਬਰ ਤੱਕ ਮੰਡੀਆਂ ਵਿੱਚ ਜੋ ਵੀ ਕਿਸਾਨ ਝੋਨਾ ਲੈ ਕੇ ਆਵੇਗਾ, ਉਸ ਦੀ ਤੁਲਾਈ ਨਹੀਂ ਕੀਤੀ ਜਾਵੇਗੀ। ਮੀਟਿੰਗ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਧਾਨ ਮੋਹਿਤ ਕੁੰਦਰਾ ਨੇ ਦੱਸਿਆ ਕਿ ਦਾਣਾ ਮੰਡੀ ਵਿੱਚ ਅਗੇਤਾ ਝੋਨਾ ਆਉਣਾ ਸ਼ੁਰੂ ਹੋ ਗਿਆ ਹੈ, ਪਰ ਸ਼ੈਲਰ ਮਾਲਕਾਂ ਵੱਲੋਂ ਪਿਛਲੇ ਸਾਲ ਪਏ ਵੱਡੇ ਵਿੱਤੀ ਘਾਟੇ ਕਾਰਨ ਸਰਕਾਰ ਨਾਲ ਫਸਲ ਚੁਕਾਈ ਸਬੰਧੀ ਕੋਈ ਇਕਰਾਰਨਾਮਾ ਨਹੀਂ ਕੀਤਾ। ਉਨ੍ਹਾ ਕਿਹਾ ਕਿ ਜੇਕਰ ਸ਼ੈਲਰ ਮਾਲਕ ਫਸਲ ਦੀ ਚੁਕਾਈ ਨਹੀਂ ਕਰਨਗੇ ਤਾਂ ਬੋਰੀਆਂ ਵਿੱਚ ਝੋਨਾ ਭਰ ਕੇ ਰੱਖਣ ਦਾ ਕੋਈ ਲਾਭ ਨਹੀਂ, ਕਿਉਂਕਿ ਇਸ ਨਾਲ ਫੜ੍ਹਾਂ ਵਿੱਚ ਪਿਆ ਝੋਨਾ ਸੁੱਕਾ ਜਾਂਦਾ ਹੈ। ਉਨ੍ਹਾ ਕਿਹਾ ਕਿ ਫਿਲਹਾਲ 1 ਅਕਤੂਬਰ ਤੱਕ ਕੋਈ ਵੀ ਆੜ੍ਹਤੀ ਮੰਡੀ ਵਿੱਚ ਅਗੇਤੇ ਝੋਨੇ ਦੀ ਤੁਲਾਈ ਨਹੀਂ ਕਰੇਗਾ, ਜਦਕਿ ਬਾਸਮਤੀ ਜਿਸ ਨੂੰ ਪ੍ਰਾਈਵੇਟ ਵਪਾਰੀ ਖਰੀਦ ਰਹੇ ਹਨ, ਉਸ ਦੀ ਖਰੀਦ ਪਹਿਲਾਂ ਵਾਂਗ ਜਾਰੀ ਰਹੇਗੀ। ਇਸ ਮੌਕੇ ਆੜ੍ਹਤੀ ਐਸੋ. ਦੇ ਪ੍ਰਧਾਨ ਮੋਹਿਤ ਕੁੰਦਰਾ, ਹਰਜਿੰਦਰ ਸਿੰਘ ਖੇੜਾ, ਤੇਜਿੰਦਰ ਸਿੰਘ ਕੂੰਨਰ, ਰੁਪਿੰਦਰ ਸਿੰਘ ਬੈਨੀਪਾਲ, ਟਹਿਲ ਸਿੰਘ ਔਜਲਾ (ਸਾਰੇ ਸਾਬਕਾ ਪ੍ਰਧਾਨ), ਗੁਰਨਾਮ ਸਿੰਘ ਨਾਗਰਾ, ਹੁਸਨ ਲਾਲ ਮੜਕਨ, ਅਸ਼ੋਕ ਸੂਦ, ਪ੍ਰਦੀਪ ਮਲਹੋਤਰਾ, ਐਡਵੋਕੇਟ ਕਪਿਲ ਆਨੰਦ, ਅਰਵਿੰਦਰਪਾਲ ਸਿੰਘ ਵਿੱਕੀ, ਪਰਮਿੰਦਰ ਸਿੰਘ ਗੁਲਿਆਣੀ, ਨਿਤਿਨ ਜੈਨ, ਬਲਵਿੰਦਰ ਸਿੰਘ ਮਾਨ, ਪੁਨੀਤ ਜੈਨ, ਹਿਤੇਸ਼ ਗੁਪਤਾ, ਲਖਵੀਰ ਸਿੰਘ, ਹਨੀ ਆਨੰਦ, ਵਿਨੀਤ ਜੈਨ, ਪਰਨੀਤ ਸਿੰਘ ਕਾਹਲੋਂ, ਤੇਜਿੰਦਰਪਾਲ ਸਿੰਘ ਡੀ. ਸੀ., ਸ਼ਸ਼ੀ ਭਾਟੀਆ, ਰਾਜੀਵ ਕੌਸ਼ਲ, ਹਰਵਿੰਦਰ ਸਿੰਘ ਸ਼ੇਰੀਆਂ, ਹਰਕੇਸ਼ ਨਹਿਰਾ, ਸੰਨੀ ਸੂਦ, ਬਿੰਨੀ ਅਗਰਵਾਲ, ਮਨੋਜ ਬਾਂਸਲ ਆਦਿ ਮੌਜੂਦ ਸਨ।

ਇਸ ਦੌਰਾਨ ਸ਼ੈਲਰ ਐਸੋ. ਦੇ ਆਗੂ ਰੁਪਿੰਦਰ ਸਿੰਘ ਬੈਨੀਪਾਲ ਨੇ ਕਿਹਾ ਕਿ ਪੰਜਾਬ ਦੇ ਸਰਕਾਰੀ ਗੁਦਾਮ ਅਨਾਜ ਨਾਲ ਨੱਕੋ ਨੱਕ ਭਰੇ ਪਏ ਹਨ ਅਤੇ ਪਿਛਲੇ ਸਾਲ ਦੇ ਝੋਨੇ ਦੀ ਪਿੜਾਈ ਕਰਕੇ ਜੋ ਗੁਦਾਮਾਂ ਵਿੱਚ ਲਗਾਇਆ ਸੀ, ਉਸ ਦੀ ਚੁਕਾਈ ਵੀ ਨਹੀਂ ਹੋਈ। ਉਨ੍ਹਾ ਕਿਹਾ ਕਿ ਜੇਕਰ ਗੁਦਾਮਾਂ ਵਿੱਚ ਜਗ੍ਹਾ ਹੀ ਨਹੀਂ ਹੋਵੇਗੀ ਤਾਂ ਸ਼ੈਲਰ ਮਾਲਕ ਪਿੜਾਈ ਤੋਂ ਬਾਅਦ ਨਵਾਂ ਚਾਵਲ ਕਿੱਥੇ ਲਗਾਉਣਗੇ।



# ਮਾਨ ਸਰਕਾਰ ਹਰ ਫਰੰਟ 'ਤੇ ਹੋਈ ਫੇਲ੍ਹ : ਚੌਹਾਨ/ਉੱਡਤ

## ਸੀ ਪੀ ਆਈ ਵੱਲੋਂ ਡੀ ਸੀ ਰਾਹੀਂ ਮੁੱਖ ਮੰਤਰੀ ਨੂੰ ਮੰਗ ਪੱਤਰ



**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਵਿੱਚ ਨਿੱਤ ਦਿਨ ਵਧ ਰਹੀਆਂ ਲੁੱਟਾਂ-ਖੋਹਾਂ ਤੇ ਚੋਰੀਆਂ ਦੀਆਂ ਵਾਰਦਾਤਾਂ ਕਾਰਨ ਲੋਕਾਂ 'ਚ ਡਰ ਤੇ ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਹੈ।ਸਮਾਜ ਵਿਰੋਧੀ ਅਨਸਰਾਂ ਦੇ ਹੌਸਲੇ ਪੰਜਾਬ ਸਰਕਾਰ ਦੀ ਨਾਲਾਇਕੀ ਕਾਰਨ ਸੱਤਵੇਂ ਅਸਮਾਨ 'ਤੇ ਚੜ੍ਹੇ ਹੋਏ ਹਨ ਤੇ ਪ੍ਰਸ਼ਾਸਨ ਨਾਮ ਦੀ ਕੋਈ ਚੀਜ਼ ਨਜ਼ਰੀਂ ਨਹੀ ਪੈ ਰਹੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਾਨੂੰਨ ਵਿਵਸਥਾ ਦੀ ਸਥਿਤੀ 'ਚ ਸੁਧਾਰ ਕਰਨ ਤੇ ਲੋਕਾਂ ਦੀਆਂ ਬੁਨਿਆਦੀ ਸਮੱਸਿਆਵਾਂ ਹੱਲ ਕਰਨ ਲਈ ਇੱਕ ਮੰਗ ਪੱਤਰ ਡਿਪਟੀ ਕਮਿਸ਼ਨਰ ਮਾਨਸਾ ਰਾਹੀਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਭੇਜਣ ਉਪਰੰਤ ਪ੍ਰੈੱਸ ਬਿਆਨ ਰਾਹੀਂ ਕਰਦਿਆਂ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕਾ. ਕ੍ਰਿਸ਼ਨ ਚੌਹਾਨ ਤੇ ਸੂਬਾਈ ਆਗੂ ਐਡਵੋਕੇਟ ਕੁਲਵਿੰਦਰ ਸਿੰਘ ਉੱਡਤ ਨੇ ਕਿਹਾ ਕਿ ਬਦਲਾਅ ਦੇ ਨਾਮ 'ਤੇ ਬਣੀ ਆਪ ਪਾਰਟੀ ਦੀ ਸਰਕਾਰ ਹਰ ਫਰੰਟ 'ਤੇ ਬੁਰੀ ਤਰ੍ਹਾਂ ਫੇਲ੍ਹ ਸਾਬਿਤ ਹੋ ਚੁੱਕੀ ਹੈ।ਇਸੇ ਤਰ੍ਹਾਂ ਮਾਰੂ ਨਸ਼ਿਆਂ ਦੀ ਵਿੱਕਰੀ ਵੀ ਜ਼ੋਰਾਂ ਸ਼ੋਰਾਂ ਨਾਲ ਚੱਲ ਰਹੀ ਹੈ, ਨਸ਼ਿਆਂ 'ਚ ਗ੍ਰਸਤ ਬੇਰੁਜ਼ਗਾਰ ਨੌਜਵਾਨ ਚਿੱਟੇ ਦਿਨ ਪਿੰਡਾਂ, ਕਸਬਿਆਂ ਤੇ ਸ਼ਹਿਰਾਂ ਦੀਆਂ ਗਲੀਆਂ 'ਚ ਆਮ ਲੋਕਾਂ ਦੀ ਮੌਤ ਬਣ ਕੇ ਘੁੰਮ ਰਹੇ ਹਨ ਤੇ ਲੋਕ ਡਰ ਦੇ ਮਾਹੌਲ 'ਚ ਜੀਵਨ ਬਸਰ ਕਰਨ ਲਈ ਮਜਬੂਰ ਹਨ। ਕਮਿਊਨਿਸਟ ਆਗੂਆਂ ਨੇ ਕਿਹਾ ਕਿ ਆਪ ਪਾਰਟੀ ਸੱਤਾ ਵਿੱਚ ਆਉਣ ਤੋਂ ਪਹਿਲਾਂ ਵਾਲ਼ੀਆਂ ਆਪਣੀਆਂ ਗਰੰਟੀਆਂ ਨੂੰ ਪੂਰੀ ਤਰ੍ਹਾਂ ਵਿਸਾਰ ਚੁੱਕੀ ਹੈ।ਮਜ਼ਦੂਰਾਂ, ਕਿਸਾਨਾਂ ਤੇ ਛੋਟੇ ਕਾਰੋਬਾਰੀਆਂ ਦੀਆਂ ਦੁਸ਼ਵਾਰੀਆਂ ਨੂੰ ਦੂਰ ਕਰਨ ਅਤੇ ਪਿੰਡਾਂ ਤੇ ਸ਼ਹਿਰਾਂ ਦੇ ਵਿਕਾਸ ਕਰਨ ਵਿੱਚ ਫੇਲ੍ਹ ਸਾਬਿਤ ਹੋ ਚੁੱਕੀ ਹੈ। ਆਗੂਆ ਨੇ ਕਿਹਾ ਕਿ ਪਾਰਟੀ ਵੱਲੋਂ ਪੰਜਾਬ ਸਰਕਾਰ ਦੀ ਵਾਅਦਾ ਖਿਲਾਫੀ ਵਿਰੁੱਧ ਜਨ ਸੰਪਰਕ ਮੁਹਿੰਮ ਚਲਾਈ ਜਾਵੇਗੀ ਤੇ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ ਵੀ ਕੀਤੇ ਜਾਣਗੇ।

ਇਸ ਮੌਕੇ ਸੀਪੀਆਈ ਸਬ ਡਵੀਜ਼ਨ ਮਾਨਸਾ ਦੇ ਸਕੱਤਰ ਕਾਮਰੇਡ ਰੂਪ ਸਿੰਘ ਢਿੱਲੋਂ, ਸੀਨੀਅਰ ਆਗੂ ਤੇ ਜੋਗਾ ਨਗਰ ਪੰਚਾਇਤ ਦੇ ਪ੍ਰਧਾਨ ਕਾ. ਗੁਰਮੀਤ ਸਿੰਘ ਜੋਗਾ, ਸੀ ਪੀ ਆਈ ਬੁਢਲਾਡਾ ਦੇ ਸਕੱਤਰ ਵੇਦ ਪ੍ਰਕਾਸ਼, ਸ਼ਹਿਰੀ ਕਮੇਟੀ ਦੇ ਸਕੱਤਰ ਕਾ. ਰਤਨ ਭੋਲਾ, ਸੁਖਦੇਵ ਸਿੰਘ ਪੰਧੇਰ, ਕਾਲਾ ਖਾਂ ਭੰਮੇ, ਬੂਟਾ ਸਿੰਘ ਬਾਜੇਵਾਲਾ, ਗਿੰਦਰ ਸਿੰਘ ਬਾਜੇਵਾਲਾ ਆਦਿ ਆਗੂ ਹਾਜ਼ਰ ਸਨ।

## ਕਾਤਰਾਂ

### ਨਰਸ ਅਸਾਮੀ ਲਈ ਪਲੇਸਮੈਂਟ ਕੈਂਪ ਭਲਕੇ

**ਬਠਿੰਡਾ, (ਪਰਵਿੰਦਰ ਜੀਤ ਸਿੰਘ)**-ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਰੋਜ਼ਗਾਰ ਦੇਣ ਤੇ ਸਵੈ-ਰੋਜ਼ਗਾਰ ਦੇ ਕਾਬਿਲ ਬਣਾਉਣ ਲਈ ਹਰ ਸੰਭਵ ਉਪਰਾਲੇ ਕੀਤੇ ਜਾ ਰਹੇ ਹਨ।ਇਸੇ ਲੜੀ ਤਹਿਤ 18 ਸਤੰਬਰ 2024 ਨੂੰ ਸਥਾਨਕ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵਿਖੇ ਪਲੇਸਮੈਂਟ ਕੈਂਪ ਲਗਾਇਆ ਜਾਵੇਗਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਡਾਇਰੈਕਟਰ ਪਰਮਿੰਦਰ ਕੌਰ ਨੇ ਦੱਸਿਆ ਕਿ ਅਪੋਲੋ ਹਸਪਤਾਲ, ਦਿੱਲੀ ਵੱਲੋਂ ਲਗਾਏ ਜਾਣ ਵਾਲੇ ਇਸ ਕੈਂਪ ਵਿੱਚ ਨਰਸਾਂ ਦੀ ਚੋਣ ਕੀਤੀ ਜਾਵੇਗੀ।ਇਨ੍ਹਾਂ ਅਸਾਮੀਆਂ ਲਈ ਯੋਗਤਾ ਜੀ.ਐੱਨ.ਐੱਮ. ਜਾਂ ਬੀ.ਐੱਸ.ਸੀ. ਨਰਸਿੰਗ ਹੋਣੀ ਚਾਹੀਦੀ ਹੈ।ਫਰੈਸ਼ਰ ਪ੍ਰਾਰਥੀਆਂ ਲਈ 25 ਹਜ਼ਾਰ ਰੁਪਏ ਪ੍ਰਤੀ ਮਹੀਨਾ ਤੇ ਤਜਰਬੇਕਾਰ ਪ੍ਰਾਰਥੀਆਂ ਨੂੰ ਤਜਰਬੇ ਅਨੁਸਾਰ ਵੱਧ ਤਨਖਾਹ ਦਿੱਤੀ ਜਾਵੇਗੀ।ਨਰਸ ਦੀਆਂ ਅਸਾਮੀਆਂ ਲਈ ਲੜਕੇ ਤੇ ਲੜਕੀਆਂ ਜਿਨ੍ਹਾਂ ਦੀ ਉਮਰ 21 ਤੋਂ 40 ਸਾਲ ਹੈ, ਯੋਗ ਹਨ।

### ਮੰਗਾਂ ਨਾ ਮੰਨਣ 'ਤੇ ਆੜ੍ਹਤੀ ਪਹਿਲੀ ਨੂੰ ਕਰਨਗੇ ਹੜਤਾਲ : ਸਿਓਪਾਲ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਫੈਡਰੇਸ਼ਨ ਆਫ ਆੜ੍ਹਤੀ ਐਸੋਸੀਏਸ਼ਨ ਰਾਮਪੁਰਾ ਫੂਲ ਪ੍ਰਧਾਨ ਨਰੇਸ਼ ਕੁਮਾਰ ਸਿਓਪਾਲ ਨੇ ਦੱਸਿਆ ਕਿ ਆੜ੍ਹਤੀਆਂ ਵੱਲੋਂ ਕੇਂਦਰ ਤੇ ਸੂਬਾ ਸਰਕਾਰ ਕੋਲ ਆਪਣੀਆਂ ਵਾਜਿਬ ਮੰਗਾਂ ਰੱਖੀਆਂ ਗਈਆਂ ਹਨ, ਜੇਕਰ ਸਰਕਾਰ ਸਾਡੀਆਂ ਮੰਗਾਂ ਨਹੀਂ ਮੰਨਦੀ ਤਾਂ ਪੰਜਾਬ ਭਰ ਦੇ ਆੜ੍ਹਤੀ ਸੂਬਾ ਪ੍ਰਧਾਨ ਵਿਜੇ ਕਾਲੜਾ ਦੀ ਅਗਵਾਈ ਹੇਠ ਪੰਜਾਬ ਭਰ ਦੀਆਂ ਮੰਡੀਆਂ 'ਚ 1 ਅਕਤੂਬਰ ਤੋਂ ਅਣਮਿੱਥੇ ਸਮੇਂ ਲਈ ਹੜਤਾਲ ਕਰਨਗੇ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੀਆਂ ਆੜ੍ਹਤੀਆਂ, ਸ਼ੈਲਰ ਤੇ ਕਿਸਾਨ ਮਾਰੂ ਨੀਤੀਆਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਇਸ ਹੜਤਾਲ 'ਚ ਸਾਰੀਆਂ ਕਿਸਾਨ ਜਥੇਬੰਦੀਆਂ, ਮਜ਼ਦੂਰ ਯੂਨੀਅਨਾਂ ਤੇ ਮਨੀਮ ਵੀ ਸਮਰਥਨ ਕਰਨਗੇ।ਪ੍ਰਧਾਨ ਨਰੇਸ਼ ਕੁਮਾਰ ਉਰਫ ਸਿਓਪਾਲ ਨੇ ਦੱਸਿਆ ਕਿ ਖਰੀਦ ਏਜੰਸੀਆਂ ਆੜ੍ਹਤੀਆਂ ਕੋਲੋਂ ਦਾਮੀ 2.5% ਨਾਲ ਬਿਲ ਲੈਂਦੀਆਂ ਹਨ, ਪਰ ਪੇਮੈਂਟ ਆਪਣੀ ਮਨਮਰਜ਼ੀ ਅਨੁਸਾਰ ਕਣਕ 'ਤੇ 46 ਰੁਪਏ ਪ੍ਰਤੀ ਕੁਇੰਟਲ ਤੇ ਜ਼ੀਰੀ 'ਤੇ 45.88 ਪੈਸੇ ਪ੍ਰਤੀ ਕੁਇੰਟਲ ਦਿੰਦੀਆਂ ਹਨ, ਜੋ ਕਿ ਪੰਜਾਬ ਭਰ ਦੇ ਆੜ੍ਹਤੀ 2.5% ਦਾਮੀ ਦੀ ਮੰਗ ਕਰਦੇ ਹਨ।

### ਸਾਂਝਾ ਫਰੰਟ ਵੱਲੋਂ ਡੀ ਸੀ ਦਫਤਰ ਅੱਗੇ ਰੈਲੀ ਭਲਕੇ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** : ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਫਿਰੋਜ਼ਪੁਰ ਦੀ ਮੀਟਿੰਗ ਪੰਜਾਬ ਪੁਲਸ ਵੈੱਲਫੇਅਰ ਐਸੋਸੀਏਸ਼ਨ ਫਿਰੋਜ਼ਪੁਰ ਜ਼ਿਲ੍ਹਾ ਕੋਆਰਡੀਨੇਟਰ ਸੁਬੇਗ ਸਿੰਘ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸਟੇਟ ਬਾਡੀ ਵੱਲੋਂ 18 ਸਤੰਬਰ 2024 ਨੂੰ ਡਿਪਟੀ ਕਮਿਸ਼ਨਰਾਂ ਨੂੰ ਮੰਗ ਪੱਤਰ ਦੇਣ ਦੇ ਫੈਸਲੇ ਦੀ ਪ੍ਰੋੜਤਾ ਕੀਤੀ ਗਈ ਤੇ ਜ਼ਿਲ੍ਹਾ ਪੱਧਰ 'ਤੇ ਸ਼ਾਮਲ ਸਾਰੀਆਂ ਧਿਰਾਂ ਵੱਲੋਂ ਆਪੋ-ਆਪਣੇ ਵਿਚਾਰ ਰੱਖੇ ਗਏ।ਇਸ ਮੌਕੇ ਸੁਬੇਗ ਸਿੰਘ ਨੇ ਦੱਸਿਆ ਕਿ ਸਾਰੀਆਂ ਜਥੇਬੰਦੀਆਂ ਵੱਲੋਂ 18 ਸਤੰਬਰ ਨੂੰ ਵੱਧ ਚੜ੍ਹ ਕੇ ਪਹੁੰਚਣ ਦਾ ਭਰੋਸਾ ਦਿੱਤਾ ਗਿਆ ਹੈ।ਉਨ੍ਹਾ ਦੱਸਿਆ ਕਿ ਸਾਂਝੇ ਫਰੰਟ ਵੱਲੋਂ ਡਿਪਟੀ ਕਮਿਸ਼ਨਰ ਦੇ ਦਫ਼ਤਰ ਅੱਗੇ ਠੀਕ 11 ਵਜੇ ਇਕੱਠੇ ਹੋ ਕੇ ਰੈਲੀ ਕੀਤੀ ਜਾਵੇਗੀ ਤੇ ਹੱਕੀ ਤੇ ਜਾਇਜ਼ ਮੰਗਾਂ ਸਬੰਧੀ ਮੰਗ ਪੱਤਰ ਦਿੱਤਾ ।

# ਬਨਾਵਟੀ ਅੰਗ ਲਗਾਉਣ ਦੇ ਕੈਂਪ 'ਚ 252 ਲੋੜਵੰਦਾਂ ਦੇ ਅੰਗ ਲਗਾਏ

## ਅਜਿਹੇ ਕੈਂਪ ਲਗਾ ਕੇ ਮਨ ਨੂੰ ਸਕੂਨ ਮਿਲਦੈ : ਡਾ. ਜਗਜੀਤ ਸਿੰਘ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਆਪਣਾ ਪੰਜਾਬ ਫਾਊਂਡੇਸ਼ਨ ਤੇ ਰੋਟਰੀ ਕਲੱਬ ਚੰਡੀਗੜ੍ਹ ਵੱਲੋਂ ਸਾਂਝੇ ਤੌਰ 'ਤੇ ਲਗਾਏ ਗਏ ਲੋੜਵੰਦ ਵਿਅਕਤੀਆਂ ਦੇ ਬਨਾਵਟੀ ਅੰਗ ਲਗਾਉਣ ਦੇ ਦੋ ਦਿਨਾ ਕੈਂਪ ਵਿੱਚ ਕਰੀਬ 252 ਲੋੜਵੰਦ ਵਿਅਕਤੀਆਂ ਦੇ ਅੰਗ ਲਗਾਏ ਗਏ।ਆਪਣਾ ਪੰਜਾਬ ਫਾਊਂਡੇਸ਼ਨ ਦੇ ਫਾਊਂਡਰ ਤੇ ਪ੍ਰਧਾਨ ਡਾ. ਜਗਜੀਤ ਸਿੰਘ ਧੂਰੀ ਨੇ ਦੱਸਿਆ ਕਿ ਦੋ ਦਿਨਾ ਲਗਾਏ ਗਏ ਇਸ ਕੈਂਪ ਵਿੱਚ ਪਹਿਲੇ ਦਿਨ ਕਰੀਬ 115 ਲੋੜਵੰਦਾਂ ਦੇ ਬਨਾਵਟੀ ਅੰਗ ਲਗਾਏ ਗਏ ਸੀ ਤੇ ਦੂਸਰੇ ਦਿਨ ਕਰੀਬ 137 ਲੋਕਾਂ ਦੇ ਬਨਾਵਟੀ ਅੰਗ ਲਗਾਏ ਗਏ ਹਨ।ਉਨ੍ਹਾ ਦੱਸਿਆ ਕਿ ਪਹਿਲਾਂ ਰੈਡੀਮੇਡ ਲਗਾਏ ਜਾਂਦੇ ਬਨਾਵਟੀ ਅੰਗਾਂ ਵਿੱਚ ਸਾਈਜ਼ ਦਾ ਫ਼ਰਕ ਰਹਿ ਜਾਂਦਾ ਸੀ, ਪਰ ਉਨ੍ਹਾ ਵੱਲੋਂ ਹੁਣ ਜੈਪੁਰ ਤੋਂ ਵਿਸ਼ੇਸ਼ ਮਸ਼ੀਨਾਂ ਤੇ ਕਾਰੀਗਰ ਬੁਲਾ ਕੇ ਮੌਕੇ 'ਤੇ ਹੀ ਸਾਈਜ਼ ਲੈ ਕੇ ਬਨਾਵਟੀ ਅੰਗ ਬਣਵਾ ਕੇ ਲਗਾਏ ਜਾਂਦੇ ਹਨ ਅਤੇ ਉਨ੍ਹਾਂ ਨਾਲ ਤੁਰਨ ਫਿਰਨ ਤੇ ਅਭਿਆਸ ਕਰਨ ਦੀ ਪ੍ਰੈਕਟਿਸ ਕਰਵਾਈ ਜਾਂਦੀ ਹੈ।ਉਨ੍ਹਾਂ ਦੱਸਿਆ ਕਿ ਅਜਿਹੇ ਕੈਂਪ ਲਗਾ ਕੇ ਉਨ੍ਹਾਂ ਦੇ ਮਨ ਨੂੰ ਸਕੂਲ ਮਿਲਦਾ ਹੈ।ਦੱਸਣਯੋਗ ਹੈ ਕਿ ਡਾ. ਧੂਰੀ ਵੱਲੋਂ ਪਹਿਲਾਂ ਵੀ ਪੰਜਾਬ ਵਿੱਚ ਵੱਖ ਵੱਖ ਥਾਵਾਂ 'ਤੇ ਕੈਂਸਰ ਜਾਗਰੂਕਤਾ ਤੇ ਚੈੱਕਅਪ ਕੈਂਪ ਲਗਾ ਕੇ ਮਾਨਵਤਾ ਦੀ ਸੇਵਾ ਕੀਤੀ ਜਾ ਰਹੀ ਹੈ।ਡਾ. ਧੂਰੀ ਨੇ ਕਿਹਾ ਕਿ ਆਪਣਾ ਪੰਜਾਬ ਫਾਊਂਡੇਸ਼ਨ ਅਗਲਾ ਕੈਂਪ ਅਕਤੂਬਰ ਮਹੀਨੇ ਵਿੱਚ ਲਗਾ ਰਹੀ ਹੈ ਅਤੇ ਕੋਸ਼ਿਸ਼ ਰਹੇਗੀ ਕਿ ਪੰਜਾਬ ਵਿੱਚ ਕੋਈ ਵੀ ਵਿਅਕਤੀ, ਜਿਸ ਨੂੰ ਲੋੜ ਹੋਵੇ, ਇਨ੍ਹਾਂ ਅੰਗਾਂ ਤੋਂ ਵਾਂਝਾ ਨਾ ਰਹੇ।

# ਪਾਵਰਕਾਮ ਠੇਕਾ ਕਾਮਿਆਂ ਵਿੱਤ ਮੰਤਰੀ, ਬਿਜਲੀ ਮੰਤਰੀ ਤੇ ਕਿਰਤ ਮੰਤਰੀ ਦੇ ਪੁਤਲੇ ਫੂਕੇ

## ਅੱਜ ਪਰਵਾਰਾਂ ਸਮੇਤ ਖਰੜ ਵਿਖੇ ਦਿੱਤਾ ਜਾਵੇਗਾ ਧਰਨਾ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** : ਪਾਵਰਕਾਮ ਐਂਡ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਪੰਜਾਬ ਵੱਲੋਂ ਪੰਜਾਬ ਸਰਕਾਰ ਤੇ ਪਾਵਰਕਾਮ ਦੀ ਮੈਨੇਜਮੈਂਟ ਵਿਰੁੱਧ ਲਗਾਤਾਰ ਸੰਘਰਸ਼ ਕੀਤਾ ਜਾ ਰਿਹਾ। ਸਰਕਲ ਪ੍ਰਧਾਨ ਸ਼ੇਰ ਸਿੰਘ, ਮੀਤ ਪ੍ਰਧਾਨ ਸੁਖਵਿੰਦਰ ਸਿੰਘ, ਡਵੀਜ਼ਨ ਪ੍ਰਧਾਨ ਵਿਸ਼ਾਲ ਤੇਜ਼ੀ, ਸਬ ਡਵੀਜ਼ਨ ਪ੍ਰਧਾਨ ਬੂਟਾ ਸਿੰਘ ਤੇ ਸਬ ਡਵੀਜ਼ਨ ਪ੍ਰਧਾਨ ਫਿਰੋਜ਼ਸ਼ਾਹ ਗੁਰਜੰਟ ਸਿੰਘ, ਸੁਮਿਤ, ਯੋਗੇਸ਼ ਖੋਖਰ, ਸਿਟੀ ਤੋ ਗੋਬਿੰਦਾਂ ਤੇ ਵਿਸ਼ਾਲ ਤੇਜ਼ੀ ਕੈਂਟ ਨੇ ਦੱਸਿਆ ਕਿ 16 ਅਗਸਤ 2024 ਨੂੰ ਪਰਿਵਾਰਾਂ ਸਮੇਤ ਖਰੜ ਵਿਖੇ ਲਗਾਤਾਰ ਰੋਸ ਧਰਨਾ ਪ੍ਰਦਰਸ਼ਨ ਕੀਤਾ ਗਿਆ।ਧਰਨੇ ਪ੍ਰਦਰਸ਼ਨ ਦੇ ਦਬਾਅ ਹੇਠ ਆਊਟ-ਸੋਰਸਿੰਗ ਕਾਮਿਆਂ ਨੂੰ ਸਿੱਧਾ ਵਿਭਾਗ ਵਿੱਚ ਸ਼ਾਮਲ ਕਰਨ, ਘੱਟੋ ਘੱਟ ਗੁਜ਼ਾਰੇ ਯੋਗ ਤਨਖਾਹ ਨਿਸ਼ਚਿਤ ਕਰਨ, ਬਿਜਲੀ ਦਾ ਕਰੰਟ ਲੱਗਣ ਕਾਰਨ ਮੌਤ ਦੇ ਮੂੰਹ ਪੇ ਕਾਮਿਆਂ ਦੇ ਵਾਰਸਾਂ ਨੂੰ ਇਕ ਕਰੋੜ ਰੁਪਏ ਰਾਸ਼ੀ ਜਾਰੀ ਕਰਨ ਤੇ ਪਰਿਵਾਰਕ ਮੈਂਬਰ ਨੂੰ ਪੱਕੀ ਨੌਕਰੀ ਦਾ ਪ੍ਰਬੰਧ ਕਰਨ ਸਮੇਤ ਤਮਾਮ ਮੰਗ ਪੱਤਰ ਵਿੱਚ ਦਰਜ ਮੰਗਾਂ ਦੇ ਹੱਲ ਲਈ ਪ੍ਰਸ਼ਾਸਨ ਵੱਲੋਂ ਲਿਖਤੀ ਮੀਟਿੰਗ ਦਾ ਸਮਾਂ 28 ਅਗਸਤ ਦਾ ਦਿੱਤਾ ਗਿਆ ਸੀ, ਪਰ ਉਸ ਮੀਟਿੰਗ ਵਿੱਚ ਬਿਜਲੀ ਮੰਤਰੀ ਗੈਰ-ਹਾਜ਼ਰ ਹੋਣ ਕਾਰਨ ਕੋਈ ਵੀ ਮੰਗ 'ਤੇ ਠੋਸ ਗੱਲਬਾਤ ਨਾ ਹੋ ਸਕੀ, ਜਿਸ ਦੇ ਵਜੋਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ 6 ਸਤੰਬਰ 2024 ਦਾ ਲਿਖਤੀ ਸਮਾਂ ਤੈਅ ਕੀਤਾ, ਪਰ 6 ਸਤੰਬਰ 2024 ਨੂੰ ਹੋਣ ਵਾਲੀ ਮੀਟਿੰਗ ਵੀ 16 ਸਤੰਬਰ 2024 ਨੂੰ ਦੁਪਹਿਰ 2 ਵਜੇ ਨਿਸ਼ਚਿਤ ਕਰ ਦਿੱਤੀ ਗਈ, ਪਰ ਫਿਰ ਟਾਲ ਮਟੋਲ ਦੀ ਨੀਤੀ ਚੱਲਦਿਆਂ 15 ਸਤੰਬਰ ਨੂੰ ਮੀਟਿੰਗ ਮੁਲਤਵੀ ਕਰਨ ਦਾ ਪੱਤਰ ਜਾਰੀ ਕਰ ਦਿੱਤਾ ਗਿਆ, ਜਿਸ ਕਾਰਨ ਠੇਕਾ ਕਾਮਿਆਂ 'ਚ ਭਾਰੀ ਰੋਸ ਪਾਇਆ ਗਿਆ ਅਤੇ 16 ਸਤੰਬਰ 2024 ਤੋਂ ਮੁਕੰਮਲ ਕੰਮ ਜਾਮ ਕਰਕੇ ਪੰਜਾਬ ਸਰਕਾਰ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਤੇ ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਅਤੇ ਕਿਰਤ ਮੰਤਰੀ ਅਨਮੋਲ ਗਗਨ ਮਾਨ ਦੇ ਪੁਤਲੇ ਸਾੜੇ ਗਏ।ਮੰਗਾਂ ਦਾ ਹੱਲ ਨਾ ਹੋਣ ਦੀ ਸੂਰਤ 'ਚ 17 ਸਤੰਬਰ 2024 ਨੂੰ ਪਰਵਾਰਾਂ ਤੇ ਬੱਚਿਆਂ ਸਮੇਤ ਖਰੜ ਵਿਖੇ ਲਗਾਤਾਰ ਰੋਸ ਧਰਨਾ ਦੇਣ ਦਾ ਫੈਸਲਾ ਕੀਤਾ ਗਿਆ।



# ਲਿਬਰੇਸ਼ਨ ਤੇ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਵੱਲੋਂ ਰੋਸ ਮਾਰਚ

## ਹਲਕਾ ਵਿਧਾਇਕ ਡਾ. ਸਿੰਗਲਾ ਨੂੰ ਦਿੱਤਾ ਮੰਗ ਪੱਤਰ



**ਮਾਨਸਾ (ਆਤਮਾ ਸਿੰਘ ਪਮਾਰ)**-ਖੱਬੇ ਪੱਖੀ ਪਾਰਟੀਆਂ ਦੇ ਸਾਂਝੇ ਪ੍ਰੋਗਰਾਮ ਤਹਿਤ ਮਾਨਸਾਂ ਵਿਖੇ ਸੀਪੀਆਈ ਐੱਮ ਐੱਲ ਲਿਬਰੇਸ਼ਨ ਤੇ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਵੱਲੋਂ ਸਹਿਰ ਵਿੱਚ ਰੋਸ ਮਾਰਚ ਕਰਕੇ ਸਥਾਨਕ ਬਾਲ ਭਵਨ ਨੇੜੇ ਵੱਡੇ ਇਕੱਠ 'ਚ ਹਲਕਾ ਮਾਨਸਾ ਦੇ ਵਿਧਾਇਕ ਡਾ. ਵਿਜੇ ਸਿੰਗਲਾ ਵਿਜੇ ਨੂੰ ਮੰਗ ਪੱਤਰ ਸੌਂਪਿਆ।

ਪ੍ਰੈੱਸ ਬਿਆਨ ਜਾਰੀ ਕਰਦੇ ਹੋਏ ਲਿਬਰੇਸ਼ਨ ਪਾਰਟੀ ਦੇ ਸੂਬਾਈ ਤੇ ਕੇਂਦਰੀ ਆਗੂ ਕਾਮਰੇਡ ਰਾਜਵਿੰਦਰ ਸਿੰਘ ਰਾਣਾ, ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾ. ਲਾਲ ਚੰਦ ਸਰਦੂਲਗੜ੍ਹ ਨੇ ਆਖਿਆ ਕਿ ਪੰਜਾਬ ਨਾਲ ਨਿਰੰਤਰ ਕੀਤੇ ਜਾ ਰਹੇ ਧੱਕੇ ਵਿਤਕਰੇ ਤੇ ਸੂਬੇ ਦੇ ਅਮਨ ਭੰਗ ਕਰਨ ਦੀਆਂ ਹੋ ਰਹੀਆਂ ਸਾਜ਼ਿਸ਼ਾਂ ਬੰਦ ਕੀਤੀਆਂ ਜਾਣ, ਪੰਜਾਬੀ ਬੋਲਦੇ ਇਲਾਕੇ ਪੰਜਾਬ ਵਿੱਚ ਸ਼ਾਮਲ ਕੀਤੇ ਜਾਣ, ਕਾਲੇ ਦੌਰ ਵਿੱਚ ਪੰਜਾਬ ਸਿਰ ਚੜ੍ਹਿਆ ਸਮੁੱਚਾ ਕਰਜ਼ਾ ਮੁਆਫ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਹੁਸੈਨੀਵਾਲਾ ਅਟਾਰੀ ਬਾਰਡਰਾਂ ਰਾਹੀਂ ਵਪਾਰ ਖੋਲ੍ਹਣ ਸਮੇਤ ਸਾਰੇ ਦੇਸ਼ਾਂ ਨਾਲ ਸਬੰਧ ਸੁਧਾਰ ਕੇ ਦੁਵੱਲੇ ਵਪਾਰ ਸ਼ੁਰੂ ਕੀਤੇ ਜਾਣ, ਯੂ ਏ ਪੀ ਏ ਤਹਿਤ ਜੇਲ੍ਹਾਂ ਵਿੱਚ ਬੰਦ ਬੁੱਧੀਜੀਵੀਆਂ, ਸਿਆਸੀ ਕਾਰਕੁਨਾਂ ਤੇ ਸਜ਼ਾਵਾਂ ਭੁਗਤ ਚੁੱਕੇ ਸਾਰੇ ਕੈਦੀਆਂ ਨੂੰ ਤੁਰੰਤ ਰਿਹਅ ਕੀਤਾ ਜਾਵੇ।ਪੰਜਾਬ ਵਿੱਚ ਨਸ਼ਿਆਂ ਨੂੰ ਠੱਲ੍ਹ ਪਾਉਣ ਤੋਂ ਇਲਾਵਾ ਸਾਰੇ ਤਸਕਰਾਂ, ਪੁਲਸ ਅਫਸਰਾਂ ਤੇ ਹੋਰ ਅਧਿਕਾਰੀਆਂ ਦੀਆਂ ਜਾਇਦਾਦਾਂ ਦੀ ਜਾਂਚ ਕਰਕੇ ਉਨ੍ਹਾਂ ਨੂੰ ਸਖਤ ਸਜ਼ਾਵਾਂ ਦੇ ਕੇ ਪ੍ਰੋਪਰਟੀ ਵੀ ਜਬਤ ਕੀਤੀ ਜਾਵੇ।

ਲਿਬਰੇਸ਼ਨ ਪਾਰਟੀ ਦੇ ਜ਼ਿਲ੍ਹਾ ਆਗੂ ਕਾਮਰੇਡ ਵਿਜੇ ਭੀਖੀ, ਕਾਮਰੇਡ ਗੁਰਸੇਵਕ ਮਾਨਬੀਬੜੀਆਂ, ਕਾਮਰੇਡ ਸੁਰਿੰਦਰ ਸ਼ਰਮਾ, ਆਰ ਐੱਮ ਪੀ ਆਈ ਦੇ ਆਗੂ ਕਾ. ਛੱਜੂ ਰਾਮ ਰਿਸ਼ੀ, ਅਮਰੀਕ ਫਫੜੇ, ਕਾ. ਆਤਮਾ ਸਿੰਘ ਸਰਦੂਲਗੜ੍ਹ ਨੇ ਕਿਹਾ ਕਿ ਮਜ਼ਦੂਰਾਂ ਕਿਸਾਨਾਂ ਸਿਰ ਚੜ੍ਹਿਆ ਸਮੁੱਚਾ ਕਰਜ਼ਾ ਮੁਆਫ ਕੀਤਾ ਜਾਵੇ, ਪਿੰਡਾਂ ਵਿੱਚ ਮਨਰੇਗਾ ਸਕੀਮ ਨੂੰ ਦਰੁਸਤ ਢੰਗ ਨਾਲ ਚਲਾਇਆ ਜਾਵੇ।ਨਰੇਗਾ ਦੀ ਘੱਟੋ ਘੱਟ ਦਿਹਾੜੀ 700 ਰੁਪਏ ਤੇ 200 ਦਿਨ ਕੰਮ ਲਾਜ਼ਮੀ ਕੀਤਾ ਜਾਵੇ।ਆਗੂਆਂ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਚੋਣਾਂ ਤੋਂ ਪਹਿਲਾਂ ਔਰਤਾਂ ਨਾਲ ਇੱਕ ਹਜ਼ਾਰ ਰੁਪਏ ਦਾ ਵਾਅਦਾ ਲਾਗੂ ਕੀਤਾ ਜਾਵੇ ਤੇ ਪ੍ਰਾਈਵੇਟ ਫਾਈਨੈਂਸ ਕੰਪਨੀਆਂ ਦਾ ਸਮੁੱਚਾ ਕਰਜ਼ਾ ਵੀ ਮੁਆਫ ਕੀਤਾ ਜਾਵੇ।

ਇਸ ਸਮੇਂ ਪੰਜਾਬ ਕਿਸਾਨ ਯੂਨੀਅਨ ਦੇ ਸੂਬਾ ਆਗੂ ਕਾ. ਭੋਲਾ ਸਿੰਘ ਸਮਾਓਂ, ਲਿਬਰੇਸ਼ਨ ਪਾਰਟੀ ਦੇ ਭੀਖੀ ਦੇ ਆਗੂ ਕਾ. ਧਰਮਪਾਲ ਨੀਟਾ, ਮਜ਼ਦੂਰ ਮੁਕਤੀ ਮੋਰਚਾ ਦੇ ਦਿਨੇਸ਼ ਭੀਖੀ, ਮਾਨਸਾ ਸ਼ਹਿਰੀ ਆਗੂ ਕ੍ਰਿਸ਼ਨਾ ਕੌਰ ਮਾਨਸਾ, ਰਘਵੀਰ ਭੀਖੀ ਪ੍ਰਗਤੀਸ਼ੀਲ ਇਸਤਰੀ ਸਭਾ ਦੇ ਸੂਬਾ ਆਗੂ ਬਲਵਿੰਦਰ ਕੌਰ ਖਾਰਾ, ਆਇਸ਼ਾ ਦੇ ਸੂਬਾ ਆਗੂ ਕਾਮਰੇਡ ਸੁਖਜੀਤ ਰਾਮਾਨੰਦੀ, ਇਨਕਲਾਬੀ ਨੌਜਵਾਨ ਸਭਾ ਦੇ ਜ਼ਿਲ੍ਹਾ ਆਗੂ ਕਾ. ਗਗਨ ਸਿਰਸੀਵਾਲਾ, ਕਾਮਰੇਡ ਬਲਦੇਵ ਸਿੰਘ ਨੂਠਿਆਂਵਾਲੀ, ਕਾਮਰੇਡ ਹਾਕਮ ਸਿੰਘ ਖਿਆਲਾ ਕਲਾਂ, ਮਹਿੰਦਰ ਸਿੰਘ ਬਿੱਲੂ ਸਿੰਘ ਹੀਰੇਵਾਲਾ, ਬਿੱਲੂ ਸਿੰਘ ਬੁਰਜ ਢਿੱਲਵਾਂ ਆਦਿ ਆਗੂਆਂ ਨੇ ਸੰਬੋਧਨ ਕੀਤਾ।

# ਗੁਰੂ ਨਾਨਕ ਨੈਸ਼ਨਲ ਕਾਲਜ ਵਿਖੇ ਕੈਰੀਅਰ ਸਪਤਾਹ ਮਨਾਇਆ




**ਦੋਰਾਹਾ (ਹਰਮਿੰਦਰ ਸੇਠ)** : ਸਥਾਨਕ ਗੁਰੂ ਨਾਨਕ ਨੈਸ਼ਨਲ ਕਾਲਜ ਵਿਖੇ ਕੈਰੀਅਰ ਸਪਤਾਹ ਮਨਾਉਂਦਿਆਂ ਵਿਦਿਆਰਥੀਆਂ ਲਈ ਕੈਰੀਅਰ ਗਾਈਡੈਂਸ ਵਰਕਸ਼ਾਪਾਂ ਤੇ ਲੈਕਚਰਾਂ ਦਾ ਆਯੋਜਨ ਕੀਤਾ ਗਿਆ।ਇਹ ਜਾਣਕਾਰੀ ਦਿੰਦਿਆਂ ਕੈਰੀਅਰ ਗਾਈਡੈਂਸ ਤੇ ਕਾਊਂਸਲਿਗ ਸੈੱਲ ਦੇ ਡੀਨ ਪ੍ਰੋ. ਰਣਜੀਤ ਕੌਰ ਨੇ ਦੱਸਿਆ ਕਿ ਆਪਣੀ ਡਿਗਰੀ ਮੁਕੰਮਲ ਕਰਨ ਜਾ ਰਹੇ ਵਿਦਿਆਰਥੀਆਂ ਦੇ ਕਿੱਤਾਮੁਖੀ ਮਾਰਗਦਰਸ਼ਨ ਲਈ ਕੈਰੀਅਰ ਗਾਈਡੈਂਸ ਸੈੱਲ ਦੁਆਰਾ ਕਾਲਜ ਦੇ ਵੱਖ-ਵੱਖ ਵਿਭਾਗਾਂ ਦੇ ਸਹਿਯੋਗ ਨਾਲ਼ ਰੋਜ਼ਾਨਾ ਇੱਕ ਗਤੀਵਿਧੀ ਦਾ ਆਯੋਜਨ ਕੀਤਾ ਗਿਆ।

ਇਨ੍ਹਾਂ ਗਤੀਵਿਧੀਆਂ ਦੌਰਾਨ ਪਹਿਲੇ ਦਿਨ ਫ਼ੈਸ਼ਨ ਡਿਜ਼ਾਇਨਿੰਗ ਵਿਭਾਗ ਦੇ ਮੁਖੀ ਪ੍ਰੋ. ਸ਼ਵੇਤਾ ਥਾਪਾ ਦੁਆਰਾ 'ਅਪਸਾਈਕਲਿੰਗ ਆਫ਼ ਰੈਗਜ਼' ਵਿਸ਼ੇ 'ਤੇ ਇੱਕ ਕਿੱਤਾਮੁਖੀ ਵਰਕਸ਼ਾਪ ਲਗਾਈ ਗਈ, ਜਿਸ ਵਿੱਚ ਪੁਰਾਣੇ ਕੱਪੜਿਆਂ, ਕਾਤਰਾਂ ਤੇ ਲੀਰਾਂ ਆਦਿ ਨੂੰ ਮੁੜ ਵਰਤੋਂ ਵਿੱਚ ਲਿਆਉਂਦਿਆਂ ਹੋਰ ਨਵੀਆਂ ਵਰਤਣਯੋਗ ਚੀਜ਼ਾਂ ਬਣਾਉਣਾ ਸਿਖਾਇਆ ਗਿਆ।ਦੂਸਰੇ ਦਿਨ ਸੰਗੀਤ ਵਿਭਾਗ ਦੇ ਮੁਖੀ ਪ੍ਰੋ. ਰਾਮਪਾਲ ਬੰਗਾ ਦੁਆਰਾ 'ਯੁਵਕ ਮੇਲਿਆਂ ਦਾ ਵਿਦਿਆਰਥੀ ਜੀਵਨ ਵਿੱਚ ਮਹੱਤਵ' ਵਿਸ਼ੇ 'ਤੇ ਇੱਕ ਲੈਕਚਰ ਕਰਵਾਇਆ ਗਿਆ। ਕੰਪਿਊਟਰ ਵਿਭਾਗ ਵੱਲੋਂ ਪ੍ਰੋ. ਗੁਰਦੀਪ ਸਿੰਘ ਦੀ ਅਗਵਾਈ ਵਿੱਚ 'ਕੈਰੀਅਰ ਇਨ ਆਈ ਟੀ' ਵਿਸ਼ੇ 'ਤੇ ਇੱਕ ਵਰਕਸ਼ਾਪ ਲਗਾਈ ਗਈ।ਇਸੇ ਤਰ੍ਹਾਂ ਪੰਜਾਬੀ ਵਿਭਾਗ ਦੁਆਰਾ 'ਪੰਜਾਬੀ ਭਾਸ਼ਾ ਨੂੰ ਕਿੱਤਾਮੁਖੀ ਕਿਵੇਂ ਬਣਾਈਏ?' ਵਿਸ਼ੇ 'ਤੇ ਇੱਕ ਲੈਕਚਰ ਕਰਵਾਇਆ ਗਿਆ, ਜਿਸ ਵਿੱਚ ਡਾ. ਗੁਰਪ੍ਰੀਤ ਸਿੰਘ ਨੇ ਵਿਦਿਆਰਥੀਆਂ ਨੂੰ ਕੈਰੀਅਰ ਸੰਬੰਧੀ ਸੇਧ ਦਿੰਦਿਆਂ ਵੱਖ-ਵੱਖ ਖੇਤਰਾਂ 'ਚ ਪੰਜਾਬੀ ਭਾਸ਼ਾ ਦੀਆਂ ਸੰਭਾਵਨਾਵਾਂ ਬਾਰੇ ਚਰਚਾ ਕੀਤੀ।ਇਸੇ ਲੜੀ ਤਹਿਤ ਸਾਇੰਸ ਵਿਭਾਗ ਵੱਲੋਂ ਡਾ. ਮਨੋਜ ਚੌਧਰੀ ਦੀ ਅਗਵਾਈ ਵਿੱਚ ਇੱਕ ਲੈਕਚਰ ਕਰਵਾਇਆ ਗਿਆ।ਕਾਮਰਸ ਵਿਭਾਗ ਤੇ ਸਮਾਜ ਸ਼ਾਸਤਰ ਵਿਭਾਗ ਦੁਆਰਾ ਵਿਦਿਆਰਥੀਆਂ ਨੂੰ ਕਿੱਤਾਮੁਖੀ ਸੰਭਾਵਨਾਵਾਂ ਬਾਰੇ ਜਾਣਕਾਰੀ ਦੇਣ ਲਈ ਕਰਵਾਏ ਲੈਕਚਰਾਂ ਵਿੱਚ ਪ੍ਰੋ. ਕੁਲਵਿੰਦਰ ਕੌਰ ਤੇ ਪ੍ਰੋ. ਦੀਪਾਲੀ ਨੇ ਵਿਦਿਆਰਥੀਆਂ ਨਾਲ਼ ਮਹੱਤਵਪੂਰਨ ਨੁਕਤੇ ਸਾਂਝੇ ਕੀਤੇ।

ਇਨ੍ਹਾਂ ਕਿੱਤਾਮੁਖੀ ਗਤੀਵਿਧੀਆਂ ਦੇ ਸਫਲਤਾਪੂਰਵਕ ਆਯੋਜਨ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਅਹੁਦੇਦਾਰਾਂ, ਮੈਂਬਰ ਸਾਹਿਬਾਨ ਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਕੈਰੀਅਰ ਗਾਈਡੈਂਸ ਦੀ ਸਮੁੱਚੀ ਟੀਮ ਨੂੰ ਮੁਬਾਰਕਬਾਦ ਦਿੱਤੀ।

# ਬਾਬਾ ਨੰਦ ਸਿੰਘ, ਬਾਬਾ ਈਸ਼ਰ ਸਿੰਘ ਦੀ ਯਾਦ 'ਚ ਨਗਰ ਕੀਰਤਨ ਸਜਾਇਆ



**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)**- ਮਹਾਨ ਤਿਆਗੀ, ਤਪੱਸਵੀ ਸੰਤ ਬਾਬਾ ਨੰਦ ਸਿੰਘ ਜੀ ਤੇ ਸੰਤ ਬਾਬਾ ਈਸ਼ਰ ਸਿੰਘ ਜੀ ਦੇ ਆਗਮਨ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸੰਪੂਰਨਤਾ ਤੇ ਪ੍ਰਕਾਸ਼ ਪੁਰਬ ਦੀ ਖ਼ੁਸ਼ੀ 'ਚ ਠਾਠ ਨਾਨਕਸਰ ਮਹਿਲ ਕਲਾਂ ਵਿਖੇ ਚੱਲ ਰਹੇ ਸਾਲਾਨਾ ਸੰਤ ਸਮਾਗਮ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ, ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ।

ਇਸ ਮੌਕੇ ਰਾਗੀ ਭਾਈ ਹਰਭਜਨ ਸਿੰਘ ਧਨੇਰ, ਬਾਬਾ ਭੋਲਾ ਸਿੰਘ ਸਹਿਜੜਾ ਨੇ ਮਨੋਹਰ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ।ਹਰ ਪੜਾਅ 'ਤੇ ਸ਼ਰਧਾਲੂ ਸੰਗਤਾਂ ਵੱਲੋਂ ਨਗਰ ਕੀਰਤਨ ਦਾ ਭਰਵਾਂ ਸਵਾਗਤ ਕਰਦਿਆਂ ਸ਼ਾਮਲ ਸੰਗਤਾਂ ਲਈ ਵੱਖ-ਵੱਖ ਪ੍ਰਕਾਰ ਦੇ ਲੰਗਰ ਲਗਾਏ ਗਏ।ਮੁੱਖ ਸੇਵਾਦਾਰ ਸੰਤ ਬਾਬਾ ਕੇਹਰ ਸਿੰਘ, ਬਾਬਾ ਇਕਬਾਲ ਸਿੰਘ ਬਰਨਾਲਾ, ਬਾਬਾ ਸੁਖਵਿੰਦਰ ਸਿੰਘ ਕੱਟੂ ਨੇ ਆਗਮਨ ਪੁਰਬ ਦੀ ਸੰਗਤਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਬਾਬਾ ਨੰਦ ਸਿੰਘ, ਬਾਬਾ ਈਸ਼ਰ ਸਿੰਘ ਕਲੇਰਾਂ ਵਾਲਿਆਂ ਵੱਲੋਂ ਧਰਮ ਪ੍ਰਚਾਰ ਤੇ ਸਮਾਜ ਸੇਵਾ ਦੇ ਖੇਤਰ 'ਚ ਨਿਭਾਈਆਂ ਸੇਵਾਵਾਂ ਨੂੰ ਹਮੇਸ਼ਾ ਯਾਦ ਕੀਤਾ ਜਾਂਦਾ ਰਹੇਗਾ।

ਉਨ੍ਹਾਂ ਸਹਿਯੋਗ ਲਈ ਸੰਗਤਾਂ ਦਾ ਧੰਨਵਾਦ ਕੀਤਾ।ਨਗਰ ਕੀਰਤਨ ਦੇ ਬੱਸ ਸਟੈਂਡ ਮਹਿਲ ਕਲਾਂ ਪਹੁੰਚਣ 'ਤੇ ਪ੍ਰੈੱਸ ਕਲੱਬ ਮਹਿਲ ਕਲਾਂ ਦੇ ਸਰਪ੍ਰਸਤ ਅਵਤਾਰ ਸਿੰਘ ਅਣਖੀ, ਡਾ: ਜਗਰਾਜ ਸਿੰਘ ਮੂੰਮ, ਸੁਖਵਿੰਦਰ ਸਿੰਘ ਭੋਲਾ ਕਾਉਂਕੇ, ਸਰਬਜੀਤ ਸਿੰਘ ਸਰਬੀ ਆੜ੍ਹਤੀਆ, ਪ੍ਰਧਾਨ ਗਗਨ ਸਰਾਂ, ਗੁਰੀ ਔਲਖ ਆੜ੍ਹਤੀਆ ਆਦਿ ਦੀ ਅਗਵਾਈ ਹੇਠ ਪੰਜ ਪਿਆਰੇ ਸਾਹਿਬਾਨ, ਸੰਤ ਮਹਾਂਪੁਰਸ਼ਾਂ, ਵੱਖ-ਵੱਖ ਸ਼ਖ਼ਸੀਅਤਾਂ ਨੂੰ ਸਿਰੋਪਾਉ ਭੇਟ ਕਰ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸਮਾਜ ਸੇਵੀ ਹਰਵਿੰਦਰ ਕੁਮਾਰ ਜਿੰਦਲ, ਪ੍ਰਿੰਸ ਅਰੋੜਾ, ਸ਼ੇਰ ਸਿੰਘ ਖਾਲਸਾ, ਸਰਬਜੀਤ ਸਿੰਘ ਸ਼ੰਭੂ, ਗੁਰੀ ਔਲਖ ਆੜ੍ਹਤੀਆ, ਭਾਈ ਮਨਜੀਤ ਸਿੰਘ ਸਹਿਜੜਾ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

# ਆਈ ਐੱਸ ਐੱਫ ਕਾਲਜ ਦਾ ਵਿਦਿਆਰਥੀ ਅੰਤਰਰਾਸ਼ਟਰੀ ਕਾਨਫਰੰਸ 'ਚ ਸਨਮਾਨਤ



**ਮੋਗਾ (ਇਕਬਾਲ ਸਿੰਘ ਖਹਿਰਾ)**-ਸੂਬੇ ਦੀ ਪ੍ਰਮੁੱਖ ਵਿੱਦਿਅਕ ਸੰਸਥਾ ਆਈ.ਐੱਸ.ਐੱਫ. ਕਾਲਜ ਆਫ ਫਾਰਮੇਸੀ ਦੇ ਐੱਮ. ਫਾਰਮ ਫਾਰਮਾਸਿਊਟੀਕਲ ਕੈਮਿਸਟਰੀ ਦਾ ਵਿਦਿਆਰਥੀ ਮੁਹੰਮਦ ਮੁਸਤਹਿਦੁਲ ਇਸਲਾਮ, ਜੋ ਕਿ ਅਦੀ ਡਾ. ਪ੍ਰੀਤੀ ਪਟੇਲ ਦੀ ਅਗਵਾਈ ਹੇਠ ਆਪਣਾ ਰਿਸਰਚ ਦਾ ਕਾਰਜ ਕਰ ਰਿਹਾ ਹੈ, ਨੂੰ ਮਹਾਰਾਜਾ ਛਤਰਸਾਲ ਬੁੰਦੇਲਖੰਡ ਯੂਨੀਵਰਸਿਟੀ, ਛਤਰਪੁਰ, ਮੱਧ ਪ੍ਰਦੇਸ਼ ਵਿਖੇ ਅੰਤਰਰਾਸ਼ਟਰੀ ਕਾਨਫਰੰਸ ਵਿੱਚ ਸਨਮਾਨਤ ਕੀਤਾ ਗਿਆ। ਡਾ. ਪ੍ਰੀਤੀ ਪਟੇਲ ਨੇ ਦੱਸਿਆ ਕਿ ਮੁਹੰਮਦ ਮੁਸਤਹਿਦੁਲ ਇਸਲਾਮ ਨੇ ਆਪਣੇ ਖੋਜ ਕਾਰਜ ਦਾ ਇੱਕ ਪੋਸਟਰ ਪੇਸ਼ ਕੀਤਾ, ਜਿਸ ਨੂੰ ਉੱਥੋਂ ਦੀ ਮਾਹਰ ਵਿਗਿਆਨਕ ਕਮੇਟੀ ਵੱਲੋਂ ਮੁਲਾਂਕਣ ਉਪਰੰਤ ਪਹਿਲਾ ਇਨਾਮ ਦਿੱਤਾ ਗਿਆ। ਇਸ ਮੌਕੇ ਸੰਸਥਾ ਦੇ ਚੇਅਰਮੈਨ ਪ੍ਰਵੀਨ ਗਰਗ, ਸਕੱਤਰ ਇੰਜੀ. ਜਨੇਸ਼ ਗਰਗ, ਡਾ. ਮੁਸਕਾਨ ਗਰਗ, ਡਾਇਰੈਕਟਰ ਡਾ.ਜੀ.ਡੀ.ਗੁਪਤਾ, ਆਈ.ਐੱਸ.ਐੱਫ.ਸੀ.ਪੀ.ਆਰ. ਦੇ ਪ੍ਰਿੰਸੀਪਲ ਡਾ. ਆਰ. ਕੇ. ਨਾਰੰਗ ਨੇ ਮੁਹੰਮਦ ਮੁਸਤਹਿਦੁਲ ਇਸਲਾਮ ਨੂੰ ਇਸ ਪ੍ਰਾਪਤੀ 'ਤੇ ਵਧਾਈ ਦਿੱਤੀ। ਇਸ ਮੌਕੇ ਫਾਰਮਾਸਿਊਟੀਕਲ ਕੈਮਿਸਟਰੀ ਵਿਭਾਗ ਦੇ ਮੁਖੀ ਡਾ. ਸੰਤ ਕੁਮਾਰ ਵਰਮਾ, ਡਾ. ਪ੍ਰੀਤੀ ਪਟੇਲ ਆਦਿ ਹਾਜ਼ਰ ਸਨ।

YES BANK
Regd. Office: YES BANK House, Off Western Express Highway, Santacruz (East), Mumbai – 400055
Branch Office: YES BANK LIMITED. Plot No. 1/9, Patel Nagar (West) New Delhi-110008 website: www.yesbank.in

**ਅਚੱਲ ਜਾਇਦਾਦ ਦੀ ਵਿਕਰੀ ਲਈ ਵਿਕਰੀ ਨੋਟਿਸ**

ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਉਰਿਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ, 2002 ਤਹਿਤ ਅਚੱਲ ਐੱਸਟਸ ਦੀ ਵਿਕਰੀ ਲਈ ਈ-ਨਿਲਾਮੀ ਵਿਕਰੀ ਨੋਟਿਸ।

ਆਮ ਜਨਤਾ ਅਤੇ ਖਾਸ ਕਰਕੇ ਕਰਜ਼ਦਾਰ (ਕਰਜ਼ਦਾਰਾਂ) ਅਤੇ ਗਰੰਟਰ (ਗਰੰਟਰਾਂ) ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜਡ ਹੇਠਾਂ ਦਰਸਾਈ ਅਚੱਲ ਜਾਇਦਾਦ, ਜਿਸ ਦਾ ਯੈੱਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਅਰਥਾਤ ਸਕਿਉਰਡ ਕ੍ਰੈਡੀਟਰ ਵੱਲੋਂ ਭੌਤਿਕ ਕਬਜ਼ਾ ਪ੍ਰਾਪਤ ਕੀਤਾ ਜਾ ਚੁੱਕਾ ਹੈ ਕਿ ਸਕਿਉਰਡ ਕ੍ਰੈਡਿਟਰ ਵੱਲੋਂ (1) ਸ੍ਰੀ ਜੈ ਦੇਵ ਪੁੱਤਰ ਰਾਕੇਸ਼ ਕੁਮਾਰ ਪਤਾ : ਮਕਾਨ ਨੰ. ਬੀ-13/294, ਕੋਟਾਵਾਲੀ ਬਜ਼ਾਰ, ਗੋਰਾ ਗੇਟ, ਕੱਚਾ ਟੋਭਾ, ਹੁਸ਼ਿਆਰਪੁਰ-146001 (2) ਸ੍ਰੀਮਤੀ ਸਪਨਾ ਰਾਣੀ ਪਤਨੀ ਸ੍ਰੀ ਰਾਕੇਸ਼ ਕੁਮਾਰ ਪਤਾ : ਮਕਾਨ ਨੰ. ਬੀ-13/294, ਕੋਟਾਵਾਲੀ ਬਜ਼ਾਰ, ਗੋਰਾ ਗੇਟ, ਕੱਚਾ ਟੋਭਾ, ਹੁਸ਼ਿਆਰਪੁਰ-146001 ਤੋਂ ਸਕਿਉਰਡ ਕ੍ਰੈਡੀਟਰ ਵੱਲੋਂ ਬਕਾਇਆ ਨਿਕਲਦੀ ਰਾਸ਼ੀ ਸਮੇਤ ਠੇਕਾ ਦਰ 'ਤੇ ਹੋਰ ਵਿਆਜ ਅਤੇ ਖਰਚਿਆਂ ਦੀ ਮਿਤੀ 23 ਮਈ 2023 ਨੂੰ ਬਕਾਇਆ ਨਿਕਲਦੀ ਰਕਮ ਰੁਪਏ 3237280.70/- (ਰੁਪਏ ਬੱਤੀ ਲੱਖ ਸੈਂਤੀ ਹਜ਼ਾਰ ਦੋ ਸੌ ਅੱਸੀ ਅਤੇ ਸੱਤਰ ਪੈਸੇ ਕੇਵਲ) ਦੀ ਵਸੂਲੀ ਲਈ ਮਿਤੀ 22 ਅਕਤੂਬਰ 2024 ਨੂੰ "ਜਿਵੇਂ ਹੈ ਜਿੱਥੇ ਹੈ", "ਜੋ ਵੀ ਹੈ ਜਿਵੇਂ ਹੈ" ਦੇ ਅਧਾਰ 'ਤੇ ਵਿਕਰੀ ਕੀਤੀ ਜਾਵੇਗੀ।

ਰਾਖਵੀਂ ਕੀਮਤ ਰੁਪਏ 3943014/- (ਰੁਪਏ ਉਨਤਾਲੀ ਲੱਖ ਤਰਤਾਲੀ ਹਜ਼ਾਰ ਚੌਦਾਂ ਕੇਵਲ) ਹੋਵੇਗੀ ਅਤੇ ਬਿਆਨਾ ਰਕਮ ਰੁਪਏ 3,94,302/- (ਰੁਪਏ ਤਿੰਨ ਲੱਖ ਚੁਰਾਨਵੇਂ ਹਜ਼ਾਰ ਤਿੰਨ ਸੌ ਦੋ ਕੇਵਲ) ਹੋਵੇਗੀ।

**ਜਾਇਦਾਦ ਦਾ ਵੇਰਵਾ**

ਪਿੰਡ ਬਜਵਾੜਾ ਤਹਿਸੀਲ ਅਤੇ ਜ਼ਿਲ੍ਹਾ ਹੁਸ਼ਿਆਰਪੁਰ ਦੀ ਜਮ੍ਹਾਂਬੰਦੀ ਸਾਲ 2015-16, ਹੱਦਬਸਤ ਨੰ. 355 ਦੇ ਅਨੁਸਾਰ ਖਾਤਾ ਨੰ. 1866/1997, ਖਸਰਾ ਨੰ. 14//10 (8-0), 14/11 (8-0), 14//20 (5-9) ਵਿੱਚ ਸ਼ਾਮਲ ਪਿੰਡ ਬਜਵਾੜਾ, ਹੁਸ਼ਿਆਰਪੁਰ ਵਿਖੇ ਸਥਿਤ ਜਾਇਦਾਦ ਰਕਬਾ 0 ਕਨਾਲ-5 ਮਰਲੇ ਦੇ ਸਾਰੇ ਹਿੱਸੇ।

ਈ-ਨਿਲਾਮੀ ਦੀ ਮਿਤੀ ਤੇ ਸਮਾਂ : 22 ਅਕਤੂਬਰ 2024 ਸਵੇਰੇ 11.00 ਵਜੇ ਤੋਂ 2.00 ਵਜੇ 5 ਮਿੰਟਾਂ ਦੇ ਹਰੇਕ ਵਾਧੇ ਨਾਲ

ਬੋਲੀ ਜਮ੍ਹਾਂ ਕਰਵਾਉਣ ਦੀ ਅੰਤਮ ਮਿਤੀ : 21 ਅਕਤੂਬਰ 2024 ਸ਼ਾਮ ਦੇ 3.00 ਵਜੇ ਤੱਕ ।

ਜਾਇਦਾਦ ਦੇ ਨਿਰੀਖਣ ਦੀ ਮਿਤੀ ਤੇ ਸਮਾਂ : 18 ਅਕਤੂਬਰ 2024, ਸਵੇਰੇ 11.00 ਵਜੇ ਤੋਂ ਸ਼ਾਮ 2 ਵਜੇ ਤੱਕ।

ਵਿਕਰੀ ਦੀਆਂ ਵਿਸਥਾਰਤ ਸ਼ਰਤਾਂ ਅਤੇ ਨਿਯਮਾਂ ਬਾਰੇ ਕ੍ਰਿਪਾ ਕਰਕੇ http://10.0.49.5/about-us/media/auction-property ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ ਅਰਥਾਤ www.yesbank.in 'ਤੇ ਮੁਹੱਈਆ ਲਿੰਕ ਦਾ ਹਵਾਲਾ ਲਿਆ ਜਾਵੇ।

ਟੈਂਡਰ ਦਸਤਾਵੇਜ਼/ਈ-ਬੋਲੀ ਕੈਟਾਲਾਗ ਜਾਂ ਅਚੱਲ ਜਾਇਦਾਦਾਂ/ਸਕਿਉਰਡ ਐੱਸਟਸ ਹਾਸਲ ਕਰਨ 'ਚ ਕਿਸੇ ਮੁਸ਼ਕਲ ਅਤੇ ਪੁੱਛਗਿੱਛ ਲਈ ਕ੍ਰਿਪਾ ਕਰਕੇ ਯੈੱਸ ਬੈਂਕ ਲਿਮਟਿਡ ਦੇ ਸੰਬੰਧਤ ਅਧਿਕਾਰੀਆਂ : ਸ੍ਰੀ ਗੌਰਵ ਮਹਾਜਨ ਨਾਲ 9878025000 ਜਾਂ ਈਮੇਲ gaurav.mahajan2@yesbank.in ਅਤੇ ਮੈਸ. ਈ-ਪ੍ਰੋਕਿਉਰਮੈਂਟ ਟੈਕਨਾਲੋਜੀਜ਼ ਲਿਮਟਿਡ (ਆਕਸ਼ਨ ਟਾਈਗਰ) ਅਹਿਮਦਾਬਾਦ ਦੇ ਅਧਿਕਾਰੀਆਂ, ਵੈੱਬ ਪੋਰਟਲ ਪਤਾ https://sarfaesi.auctiontiger.net ਬੋਲੀਕਰਤਾ ਦੇ ਸਹਾਇਕ ਨੰਬਰਾਂ +91 9265562821/18 ਅਤੇ 9978591888, 079-68136880/68136837 ਈ ਮੇਲ : support@auctiontiger.net ਅਤੇ ramprasad@auctiontiger.net ਨਾਲ ਸੰਪਰਕ ਕੀਤਾ ਜਾਵੇ, ਸੰਪਰਕ ਵਿਅਕਤੀ ਸ੍ਰੀ ਰਾਮ ਸ਼ਰਮਾ-9978591888

ਸਾਰੇ ਬਕਾਏ ਸਮੇਤ ਸਾਡੇ ਵੱਲੋਂ ਸਹਿਣ ਕੀਤੀਆਂ ਗਈਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ ਵਿਕਰੀ ਜਾਂ ਤਬਾਦਲੇ ਲਈ ਨਿਰਧਾਰਤ ਕੀਤੀ ਗਈ ਮਿਤੀ ਤੋਂ ਪਹਿਲਾਂ ਕਿਸੇ ਸਮੇਂ ਵੀ ਅਦਾ ਕੀਤੇ ਜਾਣ ਦੇ ਮਾਮਲੇ 'ਚ ਐਕਟ ਦੇ ਸੈਕਸ਼ਨ 13 (8) ਤਹਿਤ ਵਿਚਾਰ ਕੀਤੀ ਜਾ ਸਕਦੀ ਹੈ। ਸਕਿਉਰਡ ਐੱਸਟ ਦੀ ਸਾਡੇ ਵੱਲੋਂ ਵਿਕਰੀ ਜਾਂ ਤਬਾਦਲਾ ਕਰਨ ਸੰਬੰਧੀ ਕੋਈ ਕਦਮ ਨਹੀਂ ਉਠਾਇਆ ਜਾਵੇਗਾ।

**ਕਰਜ਼ਦਾਰਾਂ/ਗਰੰਟਰਾਂ ਲਈ ਵਿਕਰੀ ਨੋਟਿਸ**

ਉਪਰੋਕਤ, ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਨਾਲ ਪੜ੍ਹੇ ਜਾਂਦੇ ਰੂਲ 9 (1) ਤਹਿਤ, ਜ਼ਿੰਮੇਵਾਰਾਂ ਲਈ ਪ੍ਰਕਾਸ਼ਨਾਂ ਮਿਤੀ ਤੋਂ 30 ਦਿਨਾਂ ਅੰਦਰ ਅਦਾਇਗੀ ਦਾ ਨੋਟਿਸ ਸਮਝਿਆ ਜਾਵੇ।

ਮਿਤੀ : 10.09.2024 ਸਹੀ/-
ਸਥਾਨ : ਹੁਸ਼ਿਆਰਪੁਰ ਅਧਿਕਾਰਤ ਅਫਸਰ

# ਮਲੂਕਾ 'ਚ ਚੱਲ ਰਹੇ ਲਾਟਰੀ ਦੇ ਧੰਦੇ ਨੂੰ ਲੈ ਕੇ ਮੁਕੱਦਮਾ ਦਰਜ

## ਮੁਕੱਦਮਾ ਦਰਜ ਹੋਣ ਤੋਂ ਬਾਅਦ ਵੀ ਚਲਦਾ ਰਿਹਾ ਠੱਗੀ ਦਾ ਧੰਦਾ




**ਬਠਿੰਡਾ (ਪਰਵਿੰਦਰ ਜੀਤ ਸਿੰਘ/ਰਾਜੀਵ ਗੋਇਲ)** : ਜ਼ਿਲ੍ਹੇ ਦੇ ਪਿੰਡ ਮਲੂਕਾ ਵਿਖੇ ਇੱਕ ਦਵਾਈ ਕੰਪਨੀ ਦੀ ਆੜ ਹੇਠ ਵੱਡੇ ਪੱਧਰ 'ਤੇ ਚੱਲ ਰਹੇ ਗੈਰਕਾਨੂੰਨੀ ਲਾਟਰੀ ਦੇ ਧੰਦੇ ਨੂੰ ਲੈ ਕੇ ਥਾਣਾ ਦਿਆਲਪੁਰਾ ਦੀ ਪੁਲਸ ਵੱਲੋਂ ਮੁਕੱਦਮਾ ਦਰਜ ਕੀਤਾ ਗਿਆ ਹੈ।

ਮਾਮਲਾ ਹੈ ਕੀ : ਨੇੜਲੇ ਪਿੰਡ ਮਲੂਕਾ ਦੇ ਰਹਿਣ ਵਾਲੇ ਆਪਣੇ ਆਪ ਨੂੰ ਡਾਕਟਰ ਦੱਸਣ ਵਾਲੇ ਬਲਕਰਨ ਸਿੰਘ ਵੱਲੋਂ ਰਾਤੋ-ਰਾਤ ਅਮੀਰ ਹੋਣ ਦੇ ਚੱਕਰ ਵਿੱਚ ਇੱਕ ਨਸ਼ਾ ਛੁਡਾਊ ਤੇ ਮਰਦਾਨਾ ਕਮਜ਼ੋਰੀ ਦਵਾਈ ਵਾਲੀ ਨਿੱਜੀ ਕੰਪਨੀ ਦੀ ਆੜ ਹੇਠ ਗੈਰਕਾਨੂੰਨੀ ਲਾਟਰੀ ਦਾ ਧੰਦਾ ਸ਼ੁਰੂ ਕਰ ਦਿੱਤਾ ਗਿਆ।ਇਸ ਲਾਟਰੀ ਵਿੱਚ ਉਕਤ ਵੱਲੋਂ ਆਪਣੇ ਸਾਥੀਆਂ ਨਾਲ ਮਿਲ ਕੇ ਬਠਿੰਡਾ ਜ਼ਿਲ੍ਹੇ ਸਮੇਤ ਸੂਬੇ ਦੇ ਵੱਖ-ਵੱਖ ਸ਼ਹਿਰਾਂ ਵਿੱਚ ਲੋਕਾਂ ਨੂੰ ਠੱਗੀ ਦਾ ਸ਼ਿਕਾਰ ਬਣਾ ਕੇ ਜਾਲ੍ਹੀ ਲਾਟਰੀ ਦੀਆਂ ਟਿਕਟਾਂ ਕੱਟੀਆਂ ਗਈਆਂ।ਇਸ ਧੰਦੇ ਵਿੱਚ ਇਨ੍ਹਾਂ ਜਾਲਸਾਜ਼ਾਂ ਵੱਲੋਂ ਲੋਕਾਂ ਨੂੰ ਭਰਮਾਉਣ ਲਈ ਮਹਿੰਗੀਆਂ ਗੱਡੀਆਂ ਤੇ ਟ੍ਰੈਕਟਰ ਵੀ ਵੱਖ-ਵੱਖ ਥਾਵਾਂ 'ਤੇ ਖੜ੍ਹੇ ਕਰਕੇ ਲੋਕਾਂ ਨੂੰ ਵੱਖ-ਵੱਖ ਯੂ-ਟਿਊਬਰਾਂ ਰਾਹੀਂ ਭਰਮਾਇਆ ਗਿਆ।ਇਨ੍ਹਾਂ ਵੱਲੋਂ ਮਲੂਕਾ ਤੇ ਜਲਾਲ ਪਿੰਡ ਵਿਖੇ ਇਹ ਮੇਲਾ ਕਾਫੀ ਦਿਨ ਲਗਾਤਾਰ ਚਲਾਇਆ ਗਿਆ ਅਤੇ ਲੋਕਾਂ ਵੱਲੋਂ ਇਹ ਇਨਾਮ ਜਿੱਤਣ ਲਈ ਖੁੱਲ੍ਹੇ ਦਿਲ ਨਾਲ ਇਹ ਟਿਕਟਾਂ ਖਰੀਦੀਆਂ ਗਈਆਂ।ਸੂਤਰਾਂ ਤੋਂ ਪਤਾ ਲੱਗਾ ਹੈ ਕਿ ਉਕਤ ਬਲਕਰਨ ਸਿੰਘ ਵੱਲੋਂ ਆਪਣੇ ਸਾਥੀਆਂ ਨਾਲ ਮਿਲ ਕੇ ਵੱਖ-ਵੱਖ ਆਨਲਾਇਨ ਤਰੀਕਿਆਂ ਰਾਹੀਂ ਵੱਖ ਵੱਖ ਮੋਬਾਇਲ ਨੰਬਰਾਂ ਵਿੱਚ ਕਰੋੜਾਂ ਰੁਪਏ ਦਾ ਸਰਕਾਰ ਤੇ ਆਮ ਲੋਕਾਂ ਨੂੰ ਚੂਨਾ ਲਗਾਇਆ ਗਿਆ ਹੈ।ਹੈਰਾਨੀ ਦੀ ਹੱਦ ਤਾਂ ਉਦੋਂ ਨਾ ਰਹੀ, ਜਦੋਂ ਥਾਣਾ ਦਿਆਲਪੁਰਾ ਦੀ ਪੁਲਸ ਵੱਲੋਂ ਮੁਕੱਦਮਾ ਦਰਜ ਕਰਨ ਤੋਂ ਬਾਅਦ ਵੀ ਇਹ ਲੋਕ ਬੇਝਿਜਕ ਆਪਣੀ ਲਾਟਰੀ ਦੇ ਇਨਾਮ ਕੱਢਦੇ ਰਹੇ।ਮੁਕੱਦਮਾ ਦਰਜ ਹੋਣ ਤੋਂ ਬਾਅਦ ਜਦੋਂ ਉਕਤ ਬਲਕਰਨ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਸ ਵੱਲੋਂ ਇਹ ਕਿਹਾ ਗਿਆ ਕਿ ਉਕਤ ਕੋਲ ਇਸ ਲਾਟਰੀ ਦੇ ਦਸਤਾਵੇਜ਼ ਮੌਜੂਦ ਹਨ ਜਦਕਿ ਇਸ ਮਾਮਲੇ ਨੂੰ ਲੈ ਕੇ ਮੁਕੱਦਮਾ ਦਰਜ ਹੋ ਚੁੱਕਾ ਸੀ।ਉਧਰ ਇਸ ਮਸਲੇ ਨੂੰ ਲੈ ਕੇ ਥਾਣਾ ਦਿਆਲਪੁਰਾ ਦੇ ਮੁਖੀ ਦਾ ਕਹਿਣਾ ਸੀ ਕਿ ਦੋਸ਼ੀਆਂ ਨੂੰ ਜਲਦ ਗ੍ਰਿਫਤਾਰ ਕਰਕੇ ਅਗਲੇਰੀ ਪੁੱਛਗਿੱਛ ਕੀਤੀ ਜਾਵੇਗੀ।

ਆਮ ਲੋਕਾਂ ਦੀ ਮੰਗ ਹੈ ਕਿ ਉਕਤ ਬਲਕਰਨ ਸਿੰਘ ਵੱਲੋਂ ਜੋ ਦਵਾਈ ਕੰਪਨੀ ਚਲਾਈ ਜਾ ਰਹੀ ਹੈ, ਉਸ ਸੰਬੰਧੀ ਦਸਤਾਵੇਜ਼ਾਂ ਦੀ ਵੀ ਜਾਂਚ ਹੋਣੀ ਚਾਹੀਦੀ ਹੈ।ਜਿਨ੍ਹਾਂ ਨੰਬਰਾਂ ਵਿੱਚ ਇਹ ਲਾਟਰੀ ਦੇ ਪੈਸੇ ਲੋਕਾਂ ਵੱਲੋਂ ਪਾਏ ਗਏ ਹਨ, ਇਨ੍ਹਾਂ ਸਾਰੇ ਨੰਬਰਾਂ ਤੇ ਖਾਤਿਆਂ ਦੀ ਜਾਂਚ ਸੰਬੰਧੀ ਲੋਕਾਂ ਵੱਲੋਂ ਮੰਗ ਕੀਤੀ ਗਈ ਹੈ।

# ਗੁਰਸ਼ਰਨ ਰੰਧਾਵਾ ਦੀ ਅਗਵਾਈ 'ਚ ਪੰਜਾਬ ਮਹਿਲਾ ਕਾਂਗਰਸ ਦੀ ਬੈਠਕ

## ਨਤਾਸ਼ਾ ਸ਼ਰਮਾ ਨੇ ਭਰਤੀ ਮੁਹਿੰਮ ਦਾ ਕੀਤਾ ਆਗਾਜ਼




**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**- ਬੀਤੇ ਦਿਨ ਪੰਜਾਬ ਕਾਂਗਰਸ ਭਵਨ ਚੰਡੀਗੜ੍ਹ ਵਿਖੇ ਗੁਰਸ਼ਰਨ ਕੌਰ ਰੰਧਾਵਾ ਦੀ ਅਗਵਾਈ ਹੇਠ ਪੰਜਾਬ ਮਹਿਲਾ ਕਾਂਗਰਸ ਦੀ ਅਹਿਮ ਮੀਟਿੰਗ ਹੋਈ, ਜਿਸ ਵਿੱਚ 200 ਤੋਂ ਵੱਧ ਪੰਜਾਬ ਮਹਿਲਾ ਕਾਂਗਰਸ ਦੇ ਅਹੁਦੇਦਾਰ, ਜ਼ਿਲ੍ਹਾ ਪ੍ਰਧਾਨ ਤੇ ਬਲਾਕ ਪ੍ਰਧਾਨ ਸਾਹਿਬਾਨ ਨੇ ਹਿੱਸਾ ਲਿਆ।ਇਸ ਮੌਕੇ ਪੰਜਾਬ ਮਹਿਲਾ ਕਾਂਗਰਸ ਦੇ ਆਬਜ਼ਰਵਰ ਨਤਾਸ਼ਾ ਸ਼ਰਮਾ ਨੇ ਪੰਜਾਬ ਮਹਿਲਾ ਕਾਂਗਰਸ ਦੀ ਆਨਲਾਈਨ ਮੈਂਬਰਸ਼ਿਪ ਡਰਾਈਵ ਦੀ ਸ਼ੁਰੂਆਤ ਕਰਦਿਆਂ ਸਮੂਹ ਅਹੁਦੇਦਾਰਾਂ ਤੇ ਆਗੂਆਂ ਨੂੰ ਆਨਲਾਈਨ ਮੈਂਬਰਸ਼ਿਪ ਡਰਾਈਵ ਮੁਹਿੰਮ ਬਾਰੇ ਜਾਣਕਾਰੀ ਦਿੱਤੀ।

ਇਸ ਮੌਕੇ ਗੁਰਸ਼ਰਨ ਰੰਧਾਵਾ ਨੇ ਸਾਰਿਆਂ ਨੂੰ ਮਹਿਲਾ ਕਾਂਗਰਸ ਦੇ ਸਥਾਪਨਾ ਦਿਵਸ ਦੀ ਵਧਾਈ ਦਿੰਦਿਆਂ ਦੱਸਿਆ ਕਿ ਮਹਿਲਾ ਕਾਂਗਰਸ ਦੇ ਰਾਸ਼ਟਰੀ ਪ੍ਰਧਾਨ ਅਲਕਾ ਲਾਂਬਾ ਦੇ ਦਿਸ਼ਾ ਨਿਰਦੇਸ਼ਾਂ 'ਤੇ ਪੰਜਾਬ ਮਹਿਲਾ ਕਾਂਗਰਸ ਦੀ ਮੈਂਬਰਸ਼ਿਪ ਡਰਾਈਵ ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਬਾਰੇ ਮਹਿਲਾਵਾਂ ਨੂੰ ਜਾਣਕਾਰੀ ਦੇਣ ਲਈ ਦਿੱਲੀ ਤੋਂ ਨਤਾਸ਼ਾ ਸ਼ਰਮਾ ਵਿਸ਼ੇਸ਼ ਤੌਰ 'ਤੇ ਪਹੁੰਚੇ ਹਨ।

ਇਸ ਮੌਕੇ ਬੀਬੀ ਰੰਧਾਵਾ ਨੇ ਕਿਹਾ ਕਿ ਪੰਜਾਬ ਮਹਿਲਾ ਕਾਂਗਰਸ ਆਪਣੇ ਆਪ ਵਿੱਚ ਇੱਕ ਮਜ਼ਬੂਤ ਸੰਗਠਨ ਹੈ ਤੇ ਭੈਣਾਂ ਦੀ ਲੜਾਈ ਲੜਨ ਲਈ ਸਾਡਾ ਸੰਘਰਸ਼ ਜਾਰੀ ਰਹੇਗਾ।ਉਨ੍ਹਾ ਕਿਹਾ ਕਿ ਪੰਜਾਬ ਵਿੱਚ ਲਾਅ ਐਂਡ ਆਰਡਰ ਦੀ ਸਥਿਤੀ ਡਾਵਾਂਡੋਲ ਤੇ ਮਹਿਲਾਵਾਂ ਘਰੋਂ ਨਿਕਲਣ ਤੋਂ ਡਰਦੀਆਂ ਹਨ, ਉੱਤੋਂ ਬੇਰੁਜ਼ਗਾਰੀ, ਨਸ਼ੇ ਤੇ ਗੈਂਗਸਟਰਵਾਦ ਨੇ ਉਨ੍ਹਾਂ ਦੇ ਬੱਚਿਆਂ ਨੂੰ ਬੁਰੇ ਦੌਰ ਵਿੱਚ ਧੱਕ ਦਿੱਤਾ ਹੈ।ਅੱਜ ਮਹਿਲਾਵਾਂ ਆਪ ਸਰਕਾਰ ਦੇ 1000 ਰੁਪਏ ਦੇ ਝੂਠੇ ਵਾਅਦੇ ਨੂੰ ਭੁੱਲ ਕੇ ਆਪਣੇ ਬੱਚਿਆਂ ਦੀ ਸੁਰੱਖਿਆ ਲਈ ਚਿੰਤਿਤ ਹਨ, ਜਿਸ ਦੇ ਚਲਦੇ ਮਹਿਲਾ ਕਾਂਗਰਸ ਚੁੱਪ ਬੈਠਣ ਦੀ ਜਗ੍ਹਾ ਸੰਘਰਸ਼ ਦਾ ਰਾਹ ਚੁਣ ਰਹੀ ਹੈ।

# ਐੱਸ ਬੀ ਐੱਸ ਸਟੇਟ 'ਵਰਸਿਟੀ ਦੇ ਸਮੂਹ ਟੀਚਿੰਗ ਸਟਾਫ਼ ਵੱਲੋਂ ਰੋਸ ਪ੍ਰਦਰਸ਼ਨ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** : ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਦੇ ਸਮੂਹ ਟੀਚਿੰਗ ਸਟਾਫ਼ ਵੱਲੋਂ 12 ਤੋਂ 1 ਵਜੇ ਤੱਕ ਕਾਲੇ ਬਿੱਲੇ ਲਗਾ ਕੇ ਯੂਨੀਵਰਸਿਟੀ ਦੇ ਡੀ ਬਲਾਕ ਤੋਂ ਲੈ ਕੇ ਯੂਨੀਵਰਸਿਟੀ ਦੇ ਮੇਨ ਗੇਟ ਤੱਕ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ ਕੀਤਾ ਗਿਆ।ਡਾ. ਦਪਿੰਦਰ ਦੀਪ ਸਿੰਘ ਪ੍ਰਧਾਨ ਤੇ ਉੱਪ ਪ੍ਰਧਾਨ ਤੇਜੀਤ ਸਿੰਘ ਨੇ ਦੱਸਿਆ ਕਿ ਇਹ ਰੋਸ ਪ੍ਰਦਰਸ਼ਨ ਯੂਨੀਵਰਸਿਟੀ ਟੀਚਿੰਗ ਸਟਾਫ਼ ਦੇ ਸੱਤਵੇਂ ਪੇ-ਸਕੇਲ ਨਾ ਲੱਗਣ ਕਰਕੇ ਕੀਤਾ ਗਿਆ।ਯੂਨੀਵਰਸਿਟੀ ਦੇ ਟੀਚਿੰਗ ਸਟਾਫ਼ ਦੇ ਪੇ-ਸਕੇਲ ਸਰਕਾਰ ਪੱਧਰ 'ਤੇ ਸਾਲ 2016 ਤੋਂ ਪੈਂਡਿੰਗ ਹਨ।ਇਸ ਸਬੰਧੀ ਸਟਾਫ਼ ਵਿੱਚ ਬਹੁਤ ਜ਼ਿਆਦਾ ਰੋਸ ਹੈ। ਇੰਜੀਨੀਅਰਿੰਗ ਕਾਲਜ ਟੀਚਰ ਐਸੋਸੀਏਸ਼ਨ ਵੱਲੋਂ ਦੱਸਿਆ ਗਿਆ ਕਿ ਇਹ ਰੋਸ ਪ੍ਰਦਰਸ਼ਨ ਲਗਾਤਾਰ ਇੱਕ ਹਫ਼ਤਾ ਚਲੇਗਾ ਤੇ ਜੇ ਸਰਕਾਰ ਵੱਲੋਂ ਪੇ-ਸਕੇਲ ਨਾ ਲਗਾਇਆ ਤਾਂ ਇਹ ਪ੍ਰਦਰਸ਼ਨ ਅਗਲੇ ਹਫਤੇ ਤੋਂ ਹੋਰ ਵੀ ਤਿੱਖਾ ਕਰ ਦਿੱਤਾ ਜਾਵੇਗਾ।ਇਸ ਤਰ੍ਹਾਂ ਦੇ ਰੋਸ ਪ੍ਰਦਰਸ਼ਨ ਪੰਜਾਬ ਦੀਆਂ ਵੱਖ ਵੱਖ ਤਕਨੀਕੀ ਯੂਨੀਵਰਸਿਟੀਆਂ ਤੇ ਕਾਲਜਾਂ ਵਿੱਚ ਅੱਜ ਤੋਂ ਸ਼ੁਰੂ ਹੋ ਰਹੇ ਹਨ, ਸਮੂਹ ਸਟਾਫ਼ ਮੈਂਬਰ ਉਮੀਦ ਕਰਦੇ ਹਨ ਕਿ ਸਰਕਾਰ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦਾ ਜਲਦ ਤੋਂ ਜਲਦ ਹੱਲ ਕਰੇਗੀ।ਇਸ ਮੌਕੇ ਡਾ. ਸੰਨੀ ਬਹਿਲ ਜਨਰਲ ਸੈਕਟਰੀ, ਡਾ. ਰਾਕੇਸ਼ ਕੁਮਾਰ, ਡਾ. ਰਾਜੀਵ ਅਰੋੜਾ, ਡਾ. ਵਿਸ਼ਾਲੀ ਗੋਇਲ, ਡਾ. ਮੁਨੀਸ਼ ਕੁਮਾਰ ਆਦਿ ਹਾਜ਼ਰ ਸਨ।

## ਜੀ ਐੱਨ ਗਰਲਜ਼ ਕਾਲਜ 'ਚ ਮਨਾਇਆ ਹਿੰਦੀ ਦਿਵਸ




**ਸਮਰਾਲਾ, (ਸੁਰਜੀਤ ਸਿੰਘ)** ਜੀ ਐਨ ਗਰਲ ਕਾਲਜ ਸਾਰੀਆਂ ਭਾਸ਼ਾਵਾਂ ਦਾ ਸਤਿਕਾਰ ਕਰਦਾ ਹੈ। ਹਿੰਦੀ ਦਿਵਸ ਦੇ ਮੌਕੇ 'ਤੇ ਜੀਐਨ ਗਰਲਜ਼ ਕਾਲਜ ਵਿੱਚ ਹਿੰਦੀ ਦਿਵਸ ਮਨਾਇਆ ਗਿਆ। ਕਾਲਜ ਦੀ ਪ੍ਰਿੰਸੀਪਲ ਡਾਕਟਰ ਮੰਜੂ ਵਾਲੀਆ ਜੋ ਹਿੰਦੀ ਦੇ ਪ੍ਰਬੁੱਧ ਵਿਦਵਾਨ ਹਨ। ਉਨ੍ਹਾਂ ਨੇ ਕਾਲਜ ਦੇ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਸਾਰੀਆਂ ਭਾਸ਼ਾਵਾਂ ਬਰਾਬਰ ਹਨ। ਭਾਸ਼ਾਵਾਂ ਕੇਵਲ ਗੱਲਬਾਤ ਤੇ ਲਿਖਤ ਗਿਆਨ ਦਾ ਮਾਧਿਅਮ ਹਨ। ਭਾਸ਼ਾਵਾਂ ਨੂੰ ਇੱਕ ਖਿੱਤੇ ਜਾਂ ਦੂਜੇ ਖਿੱਤੇ ਵਿੱਚ ਵੰਡਣਾ ਨਹੀਂ ਚਾਹੀਦਾ। ਭਾਸ਼ਾਵਾਂ ਵਹਿੰਦੇ ਦਰਿਆ ਵਾਂਗ ਹੁੰਦੀਆਂ ਹਨ। ਇਨ੍ਹਾਂ ਵਿੱਚ ਸ਼ਬਦ ਇੱਕ ਭਾਸ਼ਾ ਤੋਂ ਦੂਜੀ ਭਾਸ਼ਾ ਵਿੱਚ ਆਉਂਦੇ ਜਾਂਦੇ ਰਹਿੰਦੇ ਹਨ। ਭਾਸ਼ਾਵਾਂ ਦੇ ਆਪਸੀ ਅਦਾਨ ਪ੍ਰਦਾਨ ਨਾਲ ਹੀ ਭਸ਼ਾਵਾਂ ਦਾ ਵਿਕਾਸ ਹੁੰਦਾ ਹੈ, ਜਿਸ ਪ੍ਰਕਾਰ ਪ੍ਰਕਿਰਤੀ ਬਹੁਰੰਗੇ ਫੁੱਲਾਂ ਨਾਲ ਬਣਦੀ ਹੈ। ਇਸ ਪ੍ਰਕਾਰ ਹੀ ਭਾਸ਼ਾਵਾਂ ਵੱਖਰੇ-ਵੱਖਰੇ ਸ਼ਬਦ ਭੰਡਾਰ ਨਾਲ ਸੁੰਦਰ ਬਣਦੀਆਂ ਹਨ। ਸਾਰੇ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਭਾਸ਼ਾਵਾਂ ਸਿੱਖਣੀਆਂ ਚਾਹੀਦੀਆਂ ਹਨ ਤੇ ਹਰ ਭਾਸ਼ਾ ਦਾ ਬਣਦਾ ਸਤਿਕਾਰ ਕਰਨਾ ਚਾਹੀਦਾ ਹੈ।

## ਗਾਇਕ ਹਸਨਪੁਰੀ ਤੇ ਰਾਜਵਿੰਦਰ ਪਟਿਆਲਾ ਦਾ ਗੀਤ 'ਸਰਪੰਚੀ' ਲੋਕ ਅਰਪਿਤ



**ਚੌਂਕੀਮਾਨ (ਬਲਬੀਰ ਮਾਨ)** ਗੀਤਕਾਰ ਤੇਜਾ ਤਲਵੰਡੀ ਦਾ ਲਿਖਿਆ ਗੀਤ 'ਕੀ ਕਰਨੀ ਸਰਪੰਚੀ ਵੇ', ਜਿਸਨੂੰ ਗਾਇਕ ਮਹਿੰਦਰ ਹਸਨਪੁਰੀ ਤੇ ਬੀਬਾ ਰਣਜੀਤ ਕੌਰ ਦੀ ਅਵਾਜ਼ ਦਾ ਭੁਲੇਖਾ ਪਾਉਂਦੀ ਪ੍ਰਸਿੱਧ ਗਾਇਕਾ ਰਾਜਵਿੰਦਰ ਕੌਰ ਪਟਿਆਲਾ ਨੇ ਗਾਇਆ ਹੈ ਗੀਤ ਦਾ ਸੰਗੀਤ ਸੁਖਬੀਰ ਨੇ ਤਿਆਰ ਕੀਤਾ ਹੈ।ਦਰਸਨ ਤਲਵੰਡੀ ਨੇ ਪੇਸ਼ ਕੀਤਾ ਹੈ ਇਸ ਗੀਤ ਨੂੰ ਪ੍ਰਧਾਨ ਪ੍ਰੇਮ ਇੰਦਰ ਕੁਮਾਰ ਗੋਗਾ ਮੁੱਲਾਂਪੁਰ ਦਾਖਾ ਅਤੇ ਸਮੁੱਚੀ ਟੀਮ ਨੇ ਲੋਕ ਅਰਪਿਤ ਕੀਤਾ, ਜਿਸਨੂੰ ਯੂ ਟਿਊਬ 'ਤੇ ਕਾਫੀ ਪਸੰਦ ਕੀਤਾ ਜਾ ਰਿਹਾ ਹੈ। ਇਹ ਗੀਤ ਜਲੰਧਰ ਦੂਰਦਰਸ਼ਨ ਦੇ ਪ੍ਰੋਗਰਾਮ 'ਛਣਕਾਰ' ਵਿੱਚ 21 ਸਤੰਬਰ ਨੂੰ ਰਾਤ ਅੱਠ ਵਜੇ ਸੁਣਿਆ ਤੇ ਵੇਖਿਆ ਜਾਵੇਗਾ।

## ਕਿੰਡਰ ਗਾਰਟਨ ਸਕੂਲ ਦੇ ਵਿਦਿਆਰਥੀਆਂ ਨੇ ਜ਼ੋਨਲ ਖੇਡਾਂ 'ਚ ਮੱਲਾਂ ਮਾਰੀਆਂ

**ਸਮਰਾਲਾ, (ਸੁਰਜੀਤ ਸਿੰਘ)** ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਕਰਾਈਆ 'ਜ਼ੋਨਲ ਪੱਧਰ ਅਥਲੈਟਿਕ ਮੀਟ 2024' ਵਿੱਚ ਕਿੰਡਰ ਗਾਰਟਨ ਐਂਡ ਸੀ.ਸੈ. ਸਕੂਲ ਦੇ ਵਿਦਿਆਰਥੀਆਂ ਨੇ ਦੌੜਾਂ, ਲੰਬੀ ਛਾਲ, ਅਥਲੈਟਿਕਸ ਆਦਿ ਦੇ ਮੁਕਾਬਲਿਆਂ ਵਿੱਚ ਹਿੱਸਾ ਲਿਆ।ਇਨ੍ਹਾਂ ਵਿੱਚ ਅੰਡਰ 19 ਲੜਕਿਆਂ 200 ਮੀਟਰ ਦੌੜ ਵਿੱਚ ਸਹਿਜਵੀਰ ਸਿੰਘ ਨੇ ਦੂਜਾ ਸਥਾਨ ਹਾਸਲ ਕਰਕੇ ਚਾਂਦੀ ਦਾ ਮੈਡਲ ਪ੍ਰਾਪਤ ਕੀਤਾ।ਅੰਡਰ 17 ਲੜਕਿਆਂ ਹੈਮਰ ਥਰੋ ਵਿੱਚ ਹਰਕੀਰਤ ਸਿੰਘ ਨੇ ਤੀਜਾ ਸਥਾਨ ਹਾਸਲ ਕਰਕੇ ਕਾਂਸੇ ਦਾ ਮੈਡਲ ਪ੍ਰਾਪਤ ਕੀਤਾ। ਸਕੂਲ ਦੇ ਚੇਅਰਮੈਨ ਦਲਜੀਤ ਸਿੰਘ ਸ਼ਾਹੀ, ਡਾਇਰੈਕਟਰ ਮੈਡਮ ਸਰਬਜੀਤ ਕੌਰ, ਪ੍ਰਿੰਸੀਪਲ ਮੈਡਮ ਰਣਜੋਤ ਕੌਰ ਤੇ ਸਮੂਹ ਸਟਾਫ਼ ਨੇ ਬੱਚਿਆਂ ਅਤੇ ਡੀ.ਪੀ. ਮੈਡਮ ਹਰਪ੍ਰੀਤ ਕੌਰ, ਨਵਪ੍ਰੀਤ ਕੌਰ ਨੂੰ ਵਧਾਈਆਂ ਦਿੱਤੀਆ ਅਤੇ ਬੱਚਿਆਂ ਨੂੰ ਅੱਗੇ ਵੱਧਣ ਦੀ ਪ੍ਰੇਰਣਾ ਦਿੱਤੀ।



## ਅਮਰ ਸ਼ਹੀਦ ਨਾਇਕ ਮਲਕੀਤ ਸਿੰਘ ਹਡਾਣਾ ਦੀ ਯਾਦ 'ਚ ਲਾਇਆ ਖ਼ੂਨਦਾਨ ਕੈਂਪ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਜਾਗਦੇ ਰਹੋ ਯੂਥ ਕਲੱਬ ਪਿੰਡ ਬਿਸ਼ਨਗੜ੍ਹ ਸੰਬੰਧਤ ਨਹਿਰੂ ਯੁਵਾ ਕੇਂਦਰ ਪਟਿਆਲਾ (ਭਾਰਤ ਸਰਕਾਰ) ਨੇ ਅਮਰ ਸ਼ਹੀਦ ਨਾਇਕ ਮਲਕੀਤ ਸਿੰਘ ਹਡਾਣਾ ਦੀ ਯਾਦ ਵਿੱਚ ਪਿੰਡ ਹਡਾਣਾ ਵਿਖੇ ਖ਼ੂਨਦਾਨ ਕੈਂਪ ਲਾਇਆ ਗਿਆ।ਇਹ ਖ਼ੂਨਦਾਨ ਕੈਂਪ ਲਖਮੀਰ ਸਿੰਘ ਸਲੋਟ ਦੀ ਯੋਗ ਰਹਿਨੁਮਾਈ ਹੇਠ ਲਾਇਆ ਗਿਆ, ਜਿਸ ਵਿੱਚ ਮੁੱਖ ਮਹਿਮਾਨ ਵਜੋਂ ਰਣਜੋਧ ਸਿੰਘ ਹਡਾਣਾ ਚੇਅਰਮੈਨ ਪੀ.ਆਰ.ਟੀ.ਸੀ. ਪੰਜਾਬ ਨੇ ਸ਼ਿਰਕਤ ਕੀਤੀ। ਖ਼ੂਨਦਾਨ ਕੈਂਪ ਦਾ ਰਸਮੀ ਉਦਘਾਟਨ ਆਰਮੀ ਦੇ ਜਵਾਨ ਗੁਰਦੀਪ ਗਿਰ ਤੇ ਭੀਮ ਸਿੰਘ ਨੇ ਖ਼ੂਨਦਾਨ ਕਰਕੇ ਕੀਤਾ।ਖ਼ੂਨਦਾਨ ਕੈਂਪ ਵਿੱਚ ਜਸਵਿੰਦਰ ਸਿੰਘ, ਕੁਲਦੀਪ ਸਿੰਘ, ਦਲਵੀਰ, ਮਨਰਾਜ, ਅਨਿਲ ਕੁਮਾਰ, ਗੋਲਡੀ ਸ਼ਰਮਾ, ਪੰਕਜ ਕੁਮਾਰ, ਅਮਰੀਕ ਸਿੰਘ, ਰਘਬੀਰ ਸਿੰਘ, ਜਸਵੀਰ ਸਿੰਘ, ਬਲਬੀਰ ਸਿੰਘ ਤੇ ਸੰਟੀ ਦੇਵੀਗੜ੍ਹ ਸਮੇਤ 21 ਖ਼ੂਨਦਾਨੀਆਂ ਨੇ ਖ਼ੂਨਦਾਨ ਕੀਤਾ।ਇਸ ਮੌਕੇ ਰਣਜੋਧ ਸਿੰਘ ਹਡਾਣਾ ਚੇਅਰਮੈਨ ਪੀ.ਆਰ.ਟੀ.ਸੀ.ਪੰਜਾਬ ਨੇ ਕਿਹਾ ਕਿ ਸ਼ਹੀਦਾਂ ਦੀ ਯਾਦ ਵਿੱਚ ਨੌਜਵਾਨਾਂ ਵੱਲੋਂ ਖ਼ੂਨਦਾਨ ਕਰਨਾ ਸੱਚੀ ਸ਼ਰਧਾਂਜਲੀ ਹੈ।

## ਨਾਟਕਕਾਰ ਗੁਰਸ਼ਰਨ ਸਿੰਘ ਵੱਲੋਂ ਦਰਸਾਏ ਮਾਰਗ 'ਤੇ ਚੱਲਣ ਦਾ ਲਿਆ ਪ੍ਰਣ



**ਮਾਨਸਾ, (ਆਤਮਾ ਸਿੰਘ ਪਮਾਰ)** ਪੰਜਾਬ ਦੇ ਪ੍ਰਮੁੱਖ ਇਨਕਲਾਬੀ ਚਿੰਤਕ ਤੇ ਨਾਟਕਕਾਰ ਗੁਰਸ਼ਰਨ ਸਿੰਘ ਨੂੰ 95ਵੇਂ ਜਨਮ ਦਿਵਸ ਮੌਕੇ ਬਾਬਾ ਬੂਝਾ ਸਿੰਘ ਯਾਦਗਾਰ ਭਵਨ ਵਿਖੇ ਸੀਪੀਆਈ (ਐਮ ਐਲ) ਲਿਬਰੇਸ਼ਨ ਦੇ ਆਗੂਆਂ ਅਤੇ ਵਰਕਰਾਂ ਵੱਲੋਂ ਯਾਦ ਕਰਦਿਆਂ ਉਨ੍ਹਾਂ ਵੱਲੋਂ ਦਰਸਾਏ ਇਨਕਲਾਬੀ ਰਾਹ ਉੱਤੇ ਚੱਲਣ ਦਾ ਪ੍ਰਣ ਵੀ ਲਿਆ ਗਿਆ।ਸੀਨੀਅਰ ਲਿਬਰੇਸ਼ਨ ਆਗੂ ਕਾਮਰੇਡ ਸੁਖਦਰਸ਼ਨ ਸਿੰਘ ਨੱਤ ਨੇ ਗੁਰਸ਼ਰਨ ਸਿੰਘ ਦੇ ਜੀਵਨ ਦੇ ਵੱਖ ਵੱਖ ਪੱਖਾਂ ਉਤੇ ਵਿਸਥਾਰ ਨਾਲ ਚਾਨਣਾ ਪਾਇਆ ਗਿਆ।ਉਨ੍ਹਾਂ ਕਿਹਾ ਕਿ ਸਮਾਜ ਨੂੰ ਜਾਗਰਤ ਕਰਨ ਲਈ ਪਾਏ ਹੋਰ ਕਈ ਪੱਖਾਂ ਤੋਂ ਪਾਏ ਯੋਗਦਾਨਾਂ ਤੋਂ ਸਿਵਾ ਗੁਰਸ਼ਰਨ ਸਿੰਘ ਜੀ ਵਲੋਂ ਉਠਾਏ ਸੁਆਲਾਂ ਕਾਰਨ ਪੰਜਾਬ ਸਰਕਾਰ ਨੂੰ ਜਨਮ ਤੇ ਵਿੱਦਿਅਕ ਸਰਟੀਫਿਕੇਟਾਂ ਉਤੇ ਪਿਤਾ ਦੇ ਨਾਲ ਮਾਤਾ ਦਾ ਨਾਂਅ ਸ਼ਾਮਲ ਕਰਨ ਲਈ ਮਜਬੂਰ ਹੋਣਾ ਪਿਆ ਅਤੇ ਮਰਦਾਂ ਵੱਲੋਂ ਲੜਾਈ ਝਗੜੇ ਵਕਤ ਮਾਵਾਂ ਧੀਆਂ ਭੈਣਾਂ ਦੇ ਨਾਂ 'ਤੇ ਔਰਤਾਂ ਨੂੰ ਦਿੱਤੀਆਂ ਜਾਂਦੀਆਂ ਗਾਲ੍ਹਾਂ ਖਿਲਾਫ਼ ਸਮਾਜ 'ਚ ਵੱਡੀ ਚੇਤਨਾ ਪੈਦਾ ਹੋਈ।

## ਤਖਤ ਪਟਨਾ ਸਾਹਿਬ ਦੇ ਸਾਬਕਾ ਪ੍ਰਧਾਨ ਮਹਿੰਦਰ ਸਿੰਘ ਰੋਮਾਣਾ ਦਾ ਸਸਕਾਰ ਅੱਜ

**ਕੋਟਕਪੂਰਾ (ਸ਼ਾਮ ਲਾਲ ਚਾਵਲਾ)** ਤਖਤ ਪਟਨਾ ਸਾਹਿਬ ਦੇ ਸਾਬਕਾ ਪ੍ਰਧਾਨ ਅਤੇ ਸੀਨੀਅਰ ਐਡਵੋਕੇਟ ਜ਼ਿਲ੍ਹਾ ਕਚਹਿਰੀਆਂ ਮਹਿੰਦਰ ਸਿੰਘ ਰੋਮਾਣਾ ਦਾ ਦੇਹਾਂਤ ਹੋ ਗਿਆ। ਸ੍ਰੀ ਰੋਮਾਣਾ ਸਾਬਕਾ ਮੁੱਖ ਮੰਤਰੀ ਸੁਰਜੀਤ ਸਿੰਘ ਬਰਨਾਲਾ ਦੇ ਸਿਆਸੀ ਸਲਾਹਕਾਰ ਵੀ ਰਹੇ। ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਦੋ ਵਾਰ ਪ੍ਰਧਾਨ ਬਣਨ ਦੇ ਨਾਲ-ਨਾਲ ਗੁਰਦਵਾਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਵਜੋਂ ਵੀ ਸੇਵਾ ਨਿਭਾ ਚੁੱਕੇ ਸਨ। ਉਨ੍ਹਾਂ ਦਾ ਅੰਤਿਮ ਸੰਸਕਾਰ ਰਾਮਬਾਗ ਫਰੀਦਕੋਟ ਵਿੱਚ ਕੀਤਾ ਜਾ ਰਿਹਾ ਹੈ। ਬਹੁਤ ਹੀ ਨੇਕ ਸੁਭਾਅ ਅਤੇ ਮਿੱਠ ਬੋਲੜੇ ਇਸ ਆਗੂ ਦੇ ਸਵਰਗ ਸਿਧਾਰ ਜਾਣ ਨਾਲ ਜਿਥੇ ਵਕੀਲ ਭਾਈਚਾਰੇ ਨੂੰ ਵੱਡਾ ਘਾਟਾ ਪਿਆ ਹੈ, ਉਥੇ ਸਮਾਜਿਕ ਅਤੇ ਧਾਰਮਿਕ ਤਬਕਿਆਂ ਵਿੱਚ ਅਫਸੋਸ ਮਨਾਇਆ ਜਾ ਰਿਹਾ ਹੈ। ਪਿਛਲੇ ਲੰਬੇ ਸਮੈਂ ਤੋਂ ਚੜ੍ਹਦੇ ਅਤੇ ਲਹਿੰਦੇ ਪੰਜਾਬ ਦੀਆਂ ਵਿਛੜੀਆਂ ਰੂਹਾਂ ਨੂੰ ਮੇਲ ਮਿਲਾਉਣ ਦਾ ਕਾਰਜ ਕਰਨ ਵਾਲੀ ਇੰਟਰਨੈਸ਼ਨਲ ਜਥੇਬੰਦੀ ਸਾਂਈ ਮੀਆਂ ਮੀਰ ਇੰਟਰਨੈਸ਼ਨਲ ਫਾਊਂਡੇਸ਼ਨ ਰਜਿ: ਦੇ ਪ੍ਰਧਾਨ ਹਰਭਜਨ ਸਿੰਘ, ਪੰਜਾਬ ਪ੍ਰਧਾਨ ਡਾ. ਮਨਜੀਤ ਸਿੰਘ ਢਿੱਲੋਂ, ਪੰਜਾਬ ਜਨਰਲ ਸਕੱਤਰ ਸ਼ਾਮ ਲਾਲ ਚਾਵਲਾ ਦੁੱਖ ਦਾ ਪ੍ਰਗਟਾਵਾ ਕਰਦਿਆਂ ਦੱਸਿਆ ਕਿ ਸ੍ਰੀ ਰੋਮਾਣਾ ਸਾਂਈ ਮੀਆਂ ਮੀਰ ਇੰਟਰਨੈਸ਼ਨਲ ਫਾਊਂਡੇਸ਼ਨ ਰਜਿ: ਨਾਲ ਵੀ ਪਿਛਲੇ ਲੰਬੇ ਸਮੇ ਤੋਂ ਜੁੜੇ ਹੋਏ ਸਨ।

## ਦੀਪਕ ਜੈਤੋਈ ਮੰਚ ਦੀ ਮਹੀਨਾਵਾਰ ਸਾਹਿਤਕ ਬੈਠਕ ਹੋਈ



**ਜੈਤੋ (ਸਤੀਸ਼ ਕੁਮਾਰ ਭੀਰੀ)** ਦੀਪਕ ਜੈਤੋਈ ਮੰਚ (ਰਜਿ.) ਦੀ ਮਹੀਨਾਵਾਰ ਬੈਠਕ ਸਰਪ੍ਰਸਤ ਪ੍ਰੋ. ਤਰਸੇਮ ਨਰੂਲਾ ਦੀ ਪ੍ਰਧਾਨਗੀ ਹੇਠ ਪੈਨਸ਼ਨਰਜ਼ ਭਵਨ ਵਿਖੇ ਹੋਈ।ਹਾਜ਼ਰ ਲੇਖਕਾਂ ਨੇ ਮੰਚ ਦੇ ਸਰਗਰਮ ਕਾਰਕੁੰਨ ਤੇ ਸਾਬਕਾ ਪ੍ਰਧਾਨ ਸੁਰਿੰਦਰਪਾਲ ਸਿੰਘ ਝੱਖੜਵਾਲਾ ਨੂੰ ਜਨਮ ਦਿਨ ਦੀਆਂ ਵਧਾਈਆਂ ਦਿੱਤੀਆਂ। ਰਚਨਾਵਾਂ ਦੇ ਦੌਰ ਵਿੱਚ ਦੌਲਤ ਸਿੰਘ ਅਨਪੜ੍ਹ ਨੇ ਕਵੀਸ਼ਰੀ ਅਤੇ ਅਰਸ਼ਦੀਪ ਦਬੜ੍ਹੀਖਾਨਾ ਨੇ ਸ਼ਾਇਰ ਰਾਜੇਸ਼ ਮੋਹਨ ਦਾ ਕਲਾਮ ਪੇਸ਼ ਕੀਤਾ।ਇਸ ਤੋਂ ਉਪਰੰਤ ਸਰਵਸ਼੍ਰੀ ਜਰਨੈਲ ਸਿੰਘ ਜ਼ਖ਼ਮੀ, ਈਸ਼ਰ ਸਿੰਘ ਲੰਭਵਾਲੀ, ਗੁਰਵਿੰਦਰ ਦਬੜ੍ਹੀਖਾਨਾ, ਜਗਦੇਵ ਸਿੰਘ, ਤਰਸੇਮ ਨਰੂਲਾ, ਤੇਜਾ ਸਿੰਘ ਮੁਹਾਰ, ਚਮਕੌਰ ਸਿੰਘ ਜੈਤੋ, ਭੁਪਿੰਦਰ ਸਰਵੇਅਰ, ਹਰਨੇਕ ਰੁਪਾਣਾ, ਮੇਲਾ ਰਾਮ ਤੇ ਹਰਮੇਲ ਪਰੀਤ ਨੇ ਆਪੋ ਆਪਣਾ ਕਲਾਮ ਪੇਸ਼ ਕੀਤਾ।ਸੁੰਦਰ ਸਿੰਘ ਬਾਜਾਖਾਨਾ ਨੇ ਸਾਹਿਤ ਤੇ ਸਾਹਿਤ ਸਭਾਵਾਂ ਦੇ ਮਹੱਤਵ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।ਮੰਚ ਵੱਲੋਂ ਤੇਜਾ ਸਿੰਘ ਮੁਹਾਰ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।ਸੁਰਿੰਦਰਪਾਲ ਸਿੰਘ ਝੱਖੜਵਾਲਾ ਨੇ ਸਭ ਮੈਂਬਰਾਂ ਦਾ ਧੰਨਵਾਦ ਕੀਤਾ ਤੇ ਸੰਤ ਰਾਮ ਉਦਾਸੀ ਤੇ ਅਵਤਾਰ ਪਾਸ਼ ਦੇ ਗੀਤਾਂ ਦੀਆਂ ਵੰਨਗੀਆਂ ਪੇਸ਼ ਕੀਤੀਆਂ।ਮੰਚ ਸੰਚਾਲਨ ਹਰਮੇਲ ਪ੍ਰੀਤ ਨੇ ਕੀਤਾ।

## ਨਰਮੇ ਦੀ ਫਸਲ ਦੇ ਸਰਵੇਖਣ ਲਈ 20 ਟੀਮਾਂ ਤਾਇਨਾਤ : ਰਿਣਵਾਂ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਜ਼ਿਲ੍ਹੇ ਦੇ ਮੁੱਖ ਖੇਤੀਬਾੜੀ ਅਫ਼ਸਰ ਸ੍ਰੀ ਸੰਦੀਪ ਰਿਣਵਾਂ ਨੇ ਦੱਸਿਆ ਹੈ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ ਵਿੱਚ ਨਰਮੇ ਦੀ ਫਸਲ ਦੇ ਸਰਵੇਖਣ ਲਈ 20 ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ।ਇਹ ਟੀਮਾਂ ਹਫ਼ਤੇ ਵਿੱਚ 2 ਦਿਨ ਸੋਮਵਾਰ ਤੇ ਵੀਰਵਾਰ ਨੂੰ ਨਰਮੇ ਦੇ ਖੇਤਾਂ ਦਾ ਦੌਰਾ ਕਰਕੇ ਸਰਵੇਖਣ ਕਰਦੀਆਂ ਹਨ।ਉਨ੍ਹਾ ਦੱਸਿਆ ਕਿ ਇਨ੍ਹਾਂ ਟੀਮਾਂ ਦੀ ਸਰਵੇ ਰਿਪੋਰਟ ਅਨੁਸਾਰ ਜ਼ਿਲ੍ਹੇ ਵਿੱਚ ਕਿਤੇ ਵੀ ਨਰਮੇ ਦੀ ਫਸਲ 'ਤੇ ਕਿਸੇ ਬਿਮਾਰੀ ਜਾਂ ਕੀਟ ਦਾ ਹਮਲਾ ਨਹੀਂ ਹੈ।ਉਨ੍ਹਾ ਕਿਹਾ ਕਿ ਮਿਲੀ ਬੱਗ, ਚਿੱਟੀ ਮੱਖੀ ਜਾਂ ਗੁਲਾਬੀ ਸੁੰਡੀ ਦੇ ਹਮਲੇ ਦੀ ਕਿਤੇ ਵੀ ਕੋਈ ਰਿਪੋਰਟ ਨਹੀਂ ਹੈ।ਉਨ੍ਹਾ ਕਿਸਾਨਾਂ ਨੂੰ ਅਪੀਲ ਕੀਤੀ ਕਿ ਜੇਕਰ ਕਿਤੇ ਵੀ ਉਨ੍ਹਾਂ ਨੂੰ ਕਿਸੇ ਕੀੜੇ ਦੇ ਹਮਲੇ ਦੇ ਚਿੰਨ੍ਹ ਵਿਖਾਈ ਦੇਣ ਤਾਂ ਉਹ ਤੁਰੰਤ ਖੇਤੀਬਾੜੀ ਵਿਭਾਗ ਨਾਲ ਰਾਬਤਾ ਕਰਨ ਤੇ ਵਿਭਾਗ ਵੱਲੋਂ ਦੱਸੇ ਅਨੁਸਾਰ ਇਸ ਦਾ ਇਲਾਜ ਕਰਨ।

# ਘੱਗਾ-ਬ੍ਰਾਹਮਣ ਮਾਜਰਾ ਸੜਕ ਤੋਂ ਸਤਾਏ ਲੋਕਾਂ ਵੱਲੋਂ ਸੰਘਰਸ਼ ਤੇਜ਼ ਕਰਨ ਦਾ ਫੈਸਲਾ

### ਰੋਡ ਸੰਘਰਸ਼ ਕਮੇਟੀ ਦਾ ਕੀਤਾ ਗਠਨ, ਐੱਸ ਡੀ ਐੱਮ ਦਾ ਜ਼ੁਬਾਨੀ ਐਲਾਨ ਸਿਰਫ ਜੁਮਲਾ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਖੇਤਾਂ ਦੇ ਕੱਚੇ ਰਸਤੇ ਤੋਂ ਵੀ ਬਦਤਰ ਹੋ ਚੁੱਕੀ ਘੱਗਾ-ਬ੍ਰਾਹਮਣ ਮਾਜਰਾ ਸੜਕ ਤੋਂ ਸਤਾਏ ਲੋਕਾਂ ਨੇ ਜਥੇਬੰਦ ਹੋ ਕੇ ਪਾਤੜਾਂ ਪ੍ਰਸ਼ਾਸਨ ਖਿਲਾਫ ਸੰਘਰਸ਼ ਤੇਜ਼ ਕਰਨ ਦਾ ਫੈਸਲਾ ਕੀਤਾ ਹੈ।ਦਰਜਨਾਂ ਪਿੰਡਾਂ ਦੇ ਰਾਹਗੀਰਾਂ ਦੀ ਰੋਜ਼ਾਨਾ ਜ਼ਿੰਦਗੀ ਨੂੰ ਲੀਹੋਂ ਲਾਹੁਣ ਦਾ ਕਾਰਨ ਬਣੀ ਹੋਈ ਇਸ ਟੁੱਟੀ ਸੜਕ ਦੀ ਫੌਰੀ ਉਸਾਰੀ ਕਰਨ ਦੀ ਬਜਾਏ ਸਥਾਨਕ ਸਿਵਲ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਨੇ ਅੱਖਾਂ ਮੀਚ ਰੱਖੀਆਂ ਹਨ।ਪ੍ਰਸ਼ਾਸਨ ਦੇ ਇਸ ਡੰਗ ਟਪਾਊ ਰਵੱਈਏ ਖਿਲਾਫ ਪਿੰਡ ਬ੍ਰਾਹਮਣ ਮਾਜਰਾ ਦੇ ਨੌਜਵਾਨਾਂ ਤੇ ਕਿਸਾਨਾਂ ਵੱਲੋਂ 15 ਮੈਂਬਰੀ 'ਰੋਡ ਸੰਘਰਸ਼ ਕਮੇਟੀ' ਦਾ ਗਠਨ ਕੀਤਾ ਗਿਆ ਹੈ।ਗਠਿਤ ਕੀਤੀ ਗਈ ਕਮੇਟੀ ਵੱਲੋਂ ਜਲਦ ਐੱਸ ਡੀ ਐੱਮ ਦਫ਼ਤਰ ਦਾ ਘਿਰਾਓ ਕੀਤੇ ਜਾਣ ਦਾ ਐਲਾਨ ਕੀਤਾ ਗਿਆ।

ਕਿਸਾਨਾਂ ਤੇ ਨੌਜਵਾਨਾਂ ਦੇ ਅਧਾਰਤ ਬਣਾਈ ਗਈ ਕਮੇਟੀ ਵਿੱਚ ਜਸਵਿੰਦਰ ਸ਼ਰਮਾ, ਕਮਲ ਕੁਮਾਰ, ਨਵਜੋਤ ਸ਼ਰਮਾ, ਕ੍ਰਿਸ਼ਨ ਸਿੰਘ, ਗੁਰਮੀਤ ਸਿੰਘ ਜੋਨੀ, ਅਜੇ ਸ਼ਰਮਾ, ਅਤਿੰਦਰ ਪਾਲ ਸਿੰਘ, ਗੋਲਡੀ ਸ਼ਰਮਾ, ਮਨਜੀਤ ਸ਼ਰਮਾ, ਗੁਰਜੰਟ ਸਿੰਘ ਜੰਟੀ, ਰਾਜ ਕੁਮਾਰ ਮਾਣਾ, ਦਵਿੰਦਰ, ਲਵਲੀ, ਰਾਮ ਕਿਸ਼ਨ, ਸੰਦੀਪ ਕੁਮਾਰ ਨੂੰ ਸ਼ਾਮਲ ਕੀਤਾ ਗਿਆ।ਕਮੇਟੀ ਆਗੂਆਂ ਨੇ ਦੱਸਿਆ ਕਿ ਕਸਬਾ ਘੱਗਾ ਤੋਂ ਬ੍ਰਾਹਮਣ ਮਾਜਰਾ ਨੂੰ ਆਉਣ ਵਾਲੀ ਲਿੰਕ ਰੋਡ ਇੱਕ ਪਾਸੇ ਪਿੰਡ ਬਰਾਸ ਰਾਹੀਂ ਸੰਗਰੂਰ ਕੌਮੀ ਮਾਰਗ ਨਾਲ਼ ਤੇ ਦੂਜੇ ਪਾਸੇ ਪਿੰਡ ਖੇੜੀ, ਬੁਜਰਕ ਰਾਹੀਂ ਪਟਿਆਲਾ-ਹਿਸਾਰ ਸਟੇਟ ਮਾਰਗ ਨਾਲ ਦਰਜਨਾਂ ਪਿੰਡਾਂ ਨੂੰ ਜੋੜਨ ਵਾਲੀ ਸੜਕ ਹੈ।ਪਿਛਲੇ ਦਿਨੀਂ ਇਸ ਸੜਕ ਦੀ ਖਸਤਾ ਹਾਲਤ ਤੋਂ ਤੰਗ ਪਿੰਡਾਂ ਦੇ ਲੋਕਾਂ ਨੇ ਘੱਗਾ ਵਿਖੇ ਮੁੱਖ ਮਾਰਗ 'ਤੇ ਧਰਨਾ ਲਗਾਇਆ ਸੀ, ਜਿੱਥੇ ਪਹੁੰਚੇ ਐੱਸ.ਡੀ.ਐੱਮ. ਪਾਤੜਾਂ ਵੱਲੋਂ ਦੋ ਦਿਨਾਂ ਵਿੱਚ ਇਸ ਸੜਕ ਦੀ ਰਿਪੇਅਰ ਸ਼ੁਰੂ ਕਰਨ ਬਾਰੇ ਜਾਣਕਾਰੀ ਦਿੱਤੀ ਗਈ ਸੀ, ਪਰ ਪੰਦਰਾਂ ਦਿਨ ਲੰਘਣ ਮਗਰੋਂ ਵੀ ਇਸ ਦਿਸ਼ਾ ਵਿੱਚ ਕੋਈ ਕਾਰਵਾਈ ਸ਼ੁਰੂ ਨਹੀਂ ਕੀਤੀ ਗਈ।ਪਿਛਲੇ ਦਿਨੀਂ ਬ੍ਰਾਹਮਣ ਮਾਜਰਾ ਤੋਂ ਇੱਕ ਡੈਪੂਟੇਸ਼ਨ ਅਧਿਕਾਰੀਆਂ ਨੂੰ ਦੁਬਾਰਾ ਮਿਲਿਆ, ਜਿੱਥੇ ਐੱਸ.ਡੀ.ਐੱਮ. ਪਾਤੜਾਂ ਵੱਲੋਂ ਉਸਾਰੀ ਨਾਲ਼ ਜੁੜੇ ਅਧਿਕਾਰੀਆਂ ਨੂੰ ਪਿੰਡ ਵਿੱਚ ਭੇਜ ਕੇ ਸੜਕ ਦੀ ਮੁਰੰਮਤ ਦਾ ਕੰਮ ਜਲਦ ਸ਼ੁਰੂ ਕਰਵਾਉਣ ਦਾ ਮੁੜ ਭਰੋਸਾ ਦਿੱਤਾ ਗਿਆ।ਉਨ੍ਹਾਂ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਪ੍ਰਸ਼ਾਸਨ ਦਾ ਭਰੋਸਾ ਮੁੜ ਜੁਮਲਾ ਸਾਬਿਤ ਹੋਇਆ ਤਾਂ ਅਗਲੇ ਹਫਤੇ ਵਿੱਚ ਪਿੰਡਾਂ 'ਚੋਂ ਲੋਕਾਂ ਦੀ ਵੱਡੀ ਲਾਮਬੰਦੀ ਕਰਕੇ ਐੱਸ ਡੀ ਐੱਮ ਦਫਤਰ ਦਾ ਘਿਰਾਓ ਕੀਤਾ ਜਾਵੇਗਾ।

# ਪਾਵਰਕਾਮ ਪੈਨਸ਼ਨਰਾਂ ਵੱਲੋਂ ਪਟਿਆਲਾ 'ਚ ਸੂਬਾ ਪੱਧਰੀ ਧਰਨਾ ਲਾਮਿਸਾਲ ਹੋਵੇਗਾ : ਸਿਕੰਦਰ ਸਿੰਘ ਪ੍ਰਧਾਨ



**ਸਮਰਾਲਾ (ਸੁਰਜੀਤ ਸਿੰਘ)** ਲਮੇਂ ਸਮੇਂ ਤੋਂ ਆਪਣੀਆਂ ਨਿਗੂਣੀ ਜਿਹੀ ਮੰਗਾਂ ਨੂੰ ਲੈ ਕੇ ਜੱਦੋ ਜਹਿਦ ਕਰ ਰਹੇ ਪਾਵਰਕੌਮ ਦੇ ਸੇਵਾਮੁਕਤ ਪੈਨਸ਼ਨਰਜ਼ ਹੁਣ ਸੂਬਾ ਸਰਕਾਰ ਦੇ ਖਿਲਾਫ਼ ਇੱਕ ਮੁੱਠ ਹੋਕੇ ਆਰ-ਪਾਰ ਦੀ ਲੜਾਈ ਲਈ ਤਿਆਰ ਬੈਠੇ ਹਨ, ਜਦੋਂ ਤੱਕ ਸਰਕਾਰ ਉਨ੍ਹਾਂ ਦੀਆਂ ਮੰਗਾਂ ਨਹੀਂ ਮੰਨਦੀ, ਉਹ ਨਾ ਰੁਕਣਗੇ ਅਤੇ ਨਾ ਹੀ ਝੁਕਣਗੇ।ਇਹ ਚੇਤਾਵਨੀ ਪਾਵਰਕੌਮ ਦੇ ਮੰਡਲ ਸਮਰਾਲਾ ਦੇ ਪ੍ਰਧਾਨ ਸਿਕੰਦਰ ਸਿੰਘ ਨੇ ਦਿੱਤੀ।ਉਨ੍ਹਾਂ ਕਿਹਾ ਕਿ ਇਸ ਸਬੰਧੀ ਪੈਨਸ਼ਨਰ ਐਸੋਸੀਏਸ਼ਨ ਪਾਵਰਕਾਮ ਮੰਡਲ ਦੀ ਮੀਟਿੰਗ ਖੁਦ ਉਨ੍ਹਾਂ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ 25 ਨੂੰ ਪਾਵਰਕਾਮ ਹੈੱਡ ਆਫਿਸ ਪਟਿਆਲਾ ਵਿਖੇ ਦਿੱਤੇ ਜਾ ਰਹੇ ਸੂਬਾ ਪੱਧਰੀ ਧਰਨੇ ਦੀਆਂ ਤਿਆਰੀਆਂ ਸਬੰਧੀ ਜਾਇਜ਼ਾ ਲਿਆ ਅਤੇ ਕਮੇਟੀ ਅਹੁਦੇਦਾਰਾਂ ਦੀਆਂ ਪਹਿਲਾਂ ਦੀ ਤਰ੍ਹਾਂ ਹੀ ਡਿਊਟੀਆਂ ਲਾਈਆਂ ਗਈਆਂ।

ਧਰਨੇ ਵਿੱਚ ਪਹੁੰਚਣ ਲਈ ਦੋ ਵੱਡੀਆਂ ਬੱਸਾਂ ਲੈ ਕੇ ਜਾਣ ਫੈਸਲਾ ਕੀਤਾ ਗਿਆ। ਸਿਕੰਦਰ ਸਿੰਘ ਨੇ ਦੱਸਿਆ ਕਿ ਸਰਕਾਰ ਤੇ ਪਾਵਰਕੌਮ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਨਾ ਮੰਨ ਕੇ ਪੈਨਸ਼ਨਰਾਂ ਨੂੰ ਧਰਨੇ ਮੁਜਾਹਰੇ ਕਰਨ ਲਈ ਮਜਬੂਰ ਕਰ ਰਹੇ ਹਨ।ਉਨ੍ਹਾਂ ਸਰਕਾਰ ਅਤੇ ਪਾਵਰਕੌਮ ਨੂੰ ਤਿੱਖੀ ਚਿਤਾਵਨੀ ਹੈ ਕਿ ਪਾਵਰਕੌਮ ਦੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਪਹਿਲ ਦੇ ਅਧਾਰ ਤੇ ਹੱਲ ਕਰੇ, ਨਹੀਂ ਤਾਂ ਪੰਜਾਬ ਸਰਕਾਰ ਨੂੰ ਆਉਣ ਵਾਲੇ ਸਮੇਂ ਵਿੱਚ ਖਮਿਆਜਾ ਭੁਗਤਣਾ ਪਵੇਗਾ।ਉਨ੍ਹਾਂ ਦੱਸਿਆ ਕਿ ਮੰਗਾਂ ਵਿੱਚ ਮੁੱਖ ਤੌਰ 'ਤੇ ਜਨਵਰੀ 2016 ਤੋਂ ਪਹਿਲਾਂ ਰਿਟਾਇਰ ਹੋਏ ਪੈਨਸ਼ਨਰਾਂ ਲਈ 2.59 ਦਾ ਫੈਕਟਰ ਲਾਗੂ ਕਰਕੇ ਉਸਦਾ ਬਕਾਇਆ ਅਦਾ ਕੀਤਾ ਜਾਵੇ, ਬਿਜਲੀ ਖਪਤ ਵਿਚ ਰਿਆਇਤ ਦਿੱਤੀ ਜਾਵੇ, ਮਹਿੰਗਾਈ ਭੱਤਾ ਕੇਂਦਰ ਦੀ ਤਰਜ ਤੇ ਦਿੱਤਾ ਜਾਵੇ, 200/ ਰੁਪਏ ਵਿਕਾਸ ਟੈਕਸ ਕੱਟਣਾ ਬੰਦ ਕੀਤਾ ਜਾਵੇ, ਕੈਸ਼ਲੈਸ ਇਲਾਜ ਸਕੀਮ ਮੁੜ ਲਾਗੂ ਕੀਤੀ ਜਾਵੇ, ਮੈਡੀਕਲ ਭੱਤਾ ਦੋ ਹਜ਼ਾਰ ਕੀਤਾ ਜਾਵੇ, 50 ਹਜ਼ਾਰ ਤੱਕ ਦੇ ਮੈਡੀਕਲ ਬਿੱਲ ਪਾਸ ਕਰਨ ਦੀ ਪਾਵਰਾਂ ਐਕਸੀਅਨ ਨੂੰ ਦਿੱਤੀਆਂ ਜਾਣ ਤੇ ਬੁਢਾਪਾ ਅਲਾਊਂਸ ਨੂੰ ਮੁੱਢਲੀ ਪੈਨਸ਼ਨ ਦਾ ਹਿੱਸਾ ਬਣਾਇਆ ਜਾਵੇ ਆਦਿ।

# ਟਰਾਂਸਪੋਰਟ ਦੇ ਕੱਚੇ ਮੁਲਾਜ਼ਮਾਂ ਦੀਆਂ ਮੰਗਾਂ ਦੀ ਸਰਕਾਰ ਕਰ ਰਹੀ ਹੈ ਅਣਦੇਖੀ : ਰੇਸ਼ਮ ਗਿੱਲ

### ਟਰਾਂਸਪੋਰਟ ਵਿਭਾਗ 'ਚ ਸਰਕਾਰੀ ਬੱਸਾਂ ਪਾਉਣ 'ਚ ਸਰਕਾਰ ਨਾਕਾਮ : ਸ਼ਮਸ਼ੇਰ ਢਿੱਲੋਂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਰੋਡਵੇਜ਼ ਪਨਬਸ/ਪੀ.ਆਰ.ਟੀ.ਸੀ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ 25/11 ਦੀ ਮੀਟਿੰਗ ਲੁਧਿਆਣਾ ਵਿਖੇ ਬੱਸ ਸਟੈਂਡ ਨੇੜੇ ਲੱਖੋਵਾਲ ਭਵਨ ਹੋਈ ਜਿਸ ਵਿੱਚ ਸੂਬਾ ਪ੍ਰਧਾਨ ਰੇਸ਼ਮ ਸਿੰਘ ਗਿੱਲ, ਮੀਤ ਪ੍ਰਧਾਨ ਹਰਕੇਸ਼ ਕੁਮਾਰ ਵਿੱਕੀ ਨੇ ਮੀਟਿੰਗ ਵਿੱਚ ਬੋਲਦਿਆਂ ਕਿਹਾ ਕਿ ਪਿੱਛਲੇ ਸਮੇਂ 1 ਜੁਲਾਈ ਨੂੰ ਮੁੱਖ ਮੰਤਰੀ ਪੰਜਾਬ ਨਾਲ ਕਬਾਨਾ ਹੋਟਲ ਜਲੰਧਰ ਵਿਖੇ ਮੀਟਿੰਗ ਹੋਈ ਸੀ. ਜਿਸ ਵਿੱਚ ਮੁੱਖ ਮੰਤਰੀ ਪੰਜਾਬ ਵੱਲੋਂ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਸਬੰਧੀ, ਘੱਟ ਤਨਖਾਹ ਤੇ ਕੰਮ ਕਰਦੇ ਮੁਲਾਜ਼ਮਾਂ ਦੀਆਂ ਤਨਖ਼ਾਹਾਂ ਵਿੱਚ ਵਾਧਾ ਕਰਨ ਸਬੰਧੀ, ਮੁਲਾਜ਼ਮਾਂ ਤੇ ਮਾਰੂ ਕੰਡੀਸ਼ਨਾ ਨੂੰ ਖਤਮ ਕਰਕੇ ਸਰਵਿਸ ਰੂਲ ਲਾਗੂ ਕਰਨ, ਠੇਕੇਦਾਰ ਬਾਹਰ ਕੱਢਣ, ਟਰਾਂਸਪੋਰਟ ਮਾਫੀਆ ਖਤਮ ਕਰਨ, ਕਿਲੋਮੀਟਰ ਬੱਸਾਂ ਬੰਦ ਕਰਨ, ਸਰਕਾਰੀ ਬੱਸਾਂ ਦੀ ਗਿਣਤੀ 10 ਹਜ਼ਾਰ ਕਰਨ ਆਦਿ ਮੰਗਾਂ ਦਾ ਹੱਲ ਕਰਨ ਲਈ ਕਮੇਟੀ ਗਠਿਤ ਕੀਤੀ ਗਈ, ਜਿਸ ਵਿੱਚ ਜਥੇਬੰਦੀ ਦੇ 2 ਆਗੂ ਕਮੇਟੀ ਵਿੱਚ ਸ਼ਾਮਲ ਕੀਤੇ ਗਏ ਸੀ ਤੇ 25/11 ਯੂਨੀਅਨ ਵੱਲੋਂ ਆਪਣੇ ਸਾਰੇ ਪੱਖ ਉਸ ਕਮੇਟੀ ਵਿੱਚ ਰੱਖੇ ਗਏ ਸੀ। ਦੋ ਅਦਾਰਿਆਂ ਦੇ ਡਾਇਰੈਕਟਰਾਂ ਨੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਦੀ ਪਾਲਸੀ ਬਣਾ ਕੇ ਟਰਾਂਸਪੋਰਟ ਮੰਤਰੀ ਨੂੰ ਭੇਜ ਦਿੱਤੀ ਹੈ, ਪ੍ਰੰਤੂ ਸਰਕਾਰ ਦਾ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਦੀ ਪਾਲਸੀ ਨੂੰ ਮਕਾ ਕੇ ਟਾਇਮ ਟਪਾਉਣਾ ਚਹੁੰਦੀ ਹੈ, ਜਦੋਂ ਕਿ ਮੁੱਖ ਮੰਤਰੀ ਪੰਜਾਬ ਨੇ 1 ਮਹੀਨੇ ਦਾ ਸਮਾਂ ਦਿੱਤਾ ਸੀ। ਸੂਬਾ ਸੈਕਟਰੀ ਸ਼ਮਸ਼ੇਰ ਸਿੰਘ, ਜੁਆਇੰਟ ਸਕੱਤਰ ਜਗਤਾਰ ਸਿੰਘ, ਸੀਨੀ. ਮੀਤ ਪ੍ਰਧਾਨ ਬਲਵਿੰਦਰ ਸਿੰਘ ਰਾਠ ਨੇ ਕਿਹਾ ਕਿ ਜਦੋਂ ਦੀ ਆਮ ਆਦਮੀ ਦੀ ਸਰਕਾਰ ਪੰਜਾਬ ਵਿੱਚ ਬਣੀ ਹੈ, ਉਦੋਂ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਬਿੱਲਕੁਲ ਵੀ ਨਵੀਆਂ ਬੱਸਾਂ ਨਹੀਂ ਪਾਇਆਂ ਗਈਆਂ, ਜਿਸ ਦੇ ਨਾਲ ਪੰਜਾਬ ਦੀ ਪਬਲਿਕ ਨੂੰ ਖੱਜਲ ਖੁਆਰੀ ਦਾ ਸਾਹਮਣਾ ਕਰਨਾ ਪੈ ਰਹੇ ਹੈ, ਜਿਸ ਦੇ ਨਾਲ ਆਮ ਪਬਲਿਕ ਸਰਕਾਰੀ ਬੱਸਾਂ ਵਿੱਚ ਤੂੜੀ ਵਾਂਗ ਭਰੀਆਂ ਰਹਿੰਦੀਆਂ ਹਨ ਅਤੇ ਹਾਦਸੇ ਵਾਪਰ ਰਹੇ ਨੇ, ਜਿਨ੍ਹਾਂ ਦਾ ਖਮਿਆਜ਼ਾ ਡਰਾਇਵਰ-ਕੰਡਕਟਰਾਂ ਨੂੰ ਭੁਗਤਣਾ ਪੈ ਰਿਹਾ ਹੈ। ਉਲਟ ਮੈਨੇਜਮੈਂਟ ਤੇ ਸਰਕਾਰ ਕਿਲੋਮੀਟਰ ਸਕੀਮ ਬੱਸਾਂ ਪਾ ਕੇ ਵਿਭਾਗ ਦਾ ਨਿੱਜੀਕਰਨ ਕਰਨ ਵੱਲ ਜਾ ਰਹੀ ਹੈ ਤੇ ਵਿਭਾਗ ਨੂੰ ਖਤਮ ਕਰਨ ਵਾਲੇ ਪਾਸੇ ਨੂੰ ਸਰਕਾਰ ਚੱਲ ਰਹੀ ਹੈ। ਪੀ.ਆਰ.ਟੀ.ਸੀ. ਦਾ ਚੇਅਰਮੈਨ ਮੋਟੇ ਕਮਿਸ਼ਨ ਦੇ ਚੱਕਰ ਵਿੱਚ ਕਿਲੋਮੀਟਰ ਸਕੀਮ ਬੱਸਾਂ ਪਾਉਣ ਲਈ ਉਤਾਵਲਾ ਹੈ। ਇਸ ਤੋਂ ਇਲਾਵਾ ਟਰਾਂਸਪੋਰਟ ਵਿਭਾਗ ਨੂੰ ਖਤਮ ਕਰਨ ਦੇ ਲਈ ਮਿੰਨੀ ਬੱਸਾਂ ਦੇ ਮਾਲਕਾਂ ਨੂੰ ਫਾਇਦਾ ਦੇਣ ਲਈ ਸਰਕਾਰ ਵੱਲੋਂ ਕਿਲੋਮੀਟਰ ਵਿੱਚ ਵਾਧਾ ਕੀਤਾ ਗਿਆ, ਜੋ ਕਿ ਸਰਕਾਰੀ ਵਿਭਾਗ ਲਈ ਕਾਫੀ ਮਾਰੂ ਹੈ। ਇਸ ਮੀਟਿੰਗ 'ਚ ਸਮੂਹ ਸੂਬਾ ਆਗੂ ਬਲਜੀਤ ਸਿੰਘ, ਗੁਰਪ੍ਰੀਤ ਸਿੰਘ ਪੰਨੂ, ਜਲੌਰ ਸਿੰਘ, ਰੋਹੀ ਰਾਮ, ਜੋਧ ਸਿੰਘ, ਕੁਲਵੰਤ ਸਿੰਘ, ਬਲਜਿੰਦਰ ਸਿੰਘ, ਬਲਵਿੰਦਰ ਸਿੰਘ ਰਾਠ, ਰਣਜੀਤ ਸਿੰਘ, ਜਤਿੰਦਰ ਸਿੰਘ, ਗੁਰਪ੍ਰੀਤ ਸਿੰਘ ਆਦਿ ਮੀਟਿੰਗ ਵਿੱਚ ਸ਼ਾਮਲ ਹੋਏ। ਸਹਿਮਤੀ ਮੁਤਾਬਿਕ ਜਥੇਬੰਦੀ ਵੱਲੋਂ ਸੰਘਰਸ਼ ਉਲੀਕਿਆ ਗਿਆ ਕਿ 19 ਸਤੰਬਰ ਨੂੰ ਗੇਟ ਰੈਲੀ, 25 ਸਤੰਬਰ ਨੂੰ ਪ੍ਰੈੱਸ ਕਾਨਫਰੰਸ ਚੰਡੀਗੜ੍ਹ, 8 ਅਕਤੂਬਰ ਨੂੰ ਜਲੰਧਰ ਕਨਵੈਨਸ਼ਨ, 15 ਅਕਤੂਬਰ ਨੂੰ ਬੱਸ ਸਟੈਂਡ ਬੰਦ ਕੀਤੇ ਜਾਣਗੇ, 18 ਅਕਤੂਬਰ ਨੂੰ ਗੇਟ ਰੈਲੀਆਂ ਕਰਕੇ 21 ਅਕਤੂਬਰ ਤੋਂ ਪੂਰਨ ਤੌਰ 'ਤੇ ਚੱਕਾ ਜਾਮ ਕੀਤਾ ਜਾਵੇਗਾ ਅਤੇ 22 ਅਕਤੂਬਰ ਮੁੱਖ ਮੰਤਰੀ ਦੀ ਰਿਹਾਇਸ਼ ਅੱਗੇ ਧਰਨਾ ਦਿੱਤਾ ਜਾਵੇਗਾ। ਜੇਕਰ ਫੇਰ ਵੀ ਹੱਲ ਨਾ ਕੀਤਾ ਗਿਆ ਤਾਂ ਹੜਤਾਲ ਅਣਮਿੱਥੇ ਸਮੇਂ ਵਾਸਤੇ ਕੀਤੀ ਜਾਵੇਗੀ, ਜਿਸ ਦੀ ਜ਼ਿੰਮੇਵਾਰੀ ਸਰਕਾਰ ਤੇ ਮੈਨੇਜਮੈਂਟ ਦੀ ਹੋਵੇਗੀ। ਇਸ ਸਮੇਂ ਦੌਰਾਨ ਕੋਈ ਵੀ ਜ਼ਿਮਨੀ ਚੋਣ ਆਉਂਦੀ ਹੈ ਤਾਂ ਯੂਨੀਅਨ ਵੱਲੋਂ ਸਰਕਾਰ ਦਾ ਵਿਰੋਧ ਕੀਤਾ ਜਾਵੇਗਾ।

## ਦਿਵਿਆਂਗਜਨਾਂ ਤੇ ਬਜ਼ੁਰਗਾਂ ਲਈ ਅਲਿਮਕੋ ਅਸੈਸਮੈਂਟ ਕੈਂਪ ਅੱਜ ਤੋਂ

**ਮੋਗਾ (ਇਕਬਾਲ ਸਿੰਘ ਖਹਿਰਾ)**-ਜ਼ਿਲ੍ਹਾ ਪ੍ਰਸ਼ਾਸਨ ਅਤੇ ਸਮਾਜਿਕ ਸੁਰੱਖਿਆ ਤੇ ਇਸਤਰੀ ਅਤੇ ਬਾਲ ਵਿਕਾਸ ਵਿਭਾਗ ਦੀ ਪਹਿਲਕਦਮੀ 'ਤੇ ਕੇਂਦਰੀ ਸਮਾਜਿਕ ਨਿਆਂ ਤੇ ਸਸ਼ਕਤੀਕਰਨ ਮੰਤਰਾਲੇ ਅਧੀਨ ਕੰਮ ਕਰ ਰਹੇ ਕੇਂਦਰ ਅਲਿਮਕੋ (ਆਰਟੀਫਿਸ਼ਲ ਲਿੰਬਜ਼ ਮੈਨੂਫੈਕਚਰਿੰਗ ਕਾਰਪੋਰੇਸ਼ਨ ਆਫ ਇੰਡੀਆ ਐਗਜਿਲਰੀ ਪ੍ਰੋਡਕਸ਼ਨ ਸੈਂਟਰ) ਵੱਲੋਂ ਸਰੀਰਕ ਤੌਰ 'ਤੇ ਅਪਾਹਜ ਵਿਅਕਤੀਆਂ ਅਤੇ ਸੀਨੀਅਰ ਸਿਟੀਜਨਾਂ ਨੂੰ ਮੁਫ਼ਤ ਬਣਾਵਟੀ ਅੰਗ ਤੇ ਹੋਰ ਸਹਾਇਕ ਸਮੱਗਰੀ ਮੁਫ਼ਤ ਮੁਹੱਈਆ ਕਰਵਾਉਣ ਲਈ ਜ਼ਿਲ੍ਹਾ ਮੋਗਾ ਵਿੱਚ ਤਿੰਨ ਰਜਿਸਟ੍ਰੇਸ਼ਨ ਕੈਂਪ 17 ਤੋਂ 19 ਸਤੰਬਰ 2024 ਤੱਕ ਲਗਾਏ ਜਾ ਰਹੇ ਹਨ। ਅਸੈਸਮੈਂਟ ਕੈਂਪਾਂ ਦੀਆਂ ਤਰੀਕਾਂ ਤੇ ਸਥਾਨਾਂ ਬਾਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ 17 ਸਤੰਬਰ ਨੂੰ ਬਲਾਕ ਮੋਗਾ ਦੇ ਭੁਪਿੰਦਰਾ ਖਾਲਸਾ ਸਕੂਲ ਮੋਗਾ ਵਿਖੇ, 18 ਸਤੰਬਰ ਨੂੰ ਜੈਨ ਭਵਨ ਨਜ਼ਦੀਕ ਸਰਕਾਰੀ ਹਸਪਤਾਲ ਨਿਹਾਲ ਸਿੰਘ ਵਾਲਾ ਵਿਖੇ, 19 ਸਤੰਬਰ ਨੂੰ ਧਰਮਕੋਟ ਬਲਾਕ ਦੇ ਕਮੇਟੀ ਘਰ ਵਿਖੇ ਇਹ ਕੈਂਪ ਲਗਾਏ ਜਾ ਰਹੇ ਹਨ। ਇਨ੍ਹਾਂ ਕੈਂਪਾਂ ਦਾ ਸਮਾਂ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਦਾ ਹੋਵੇਗਾ। ਇਨ੍ਹਾਂ ਕੈਂਪਾਂ ਦੌਰਾਨ ਸੀਨੀਅਰ ਸਿਟੀਜਨਾਂ ਤੇ ਦਿਵਿਆਂਗ ਵਿਅਕਤੀਆਂ ਨੂੰ ਟ੍ਰਾਈਸਾਈਕਲ, ਬਨਾਉਟੀ ਅੰਗ, ਐਨਕਾਂ, ਕੰਨਾਂ ਦੀਆਂ ਮਸ਼ੀਨਾਂ, ਬਲਾਈਂਡ ਪਰਸਨ ਲਈ ਮੋਬਾਇਲ ਫੋਨ, ਵ੍ਹੀਲਚੇਅਰ, ਫੌਹੜੀਆਂ, ਬਜ਼ੁਰਗਾਂ ਲਈ ਸਟਿਕ ਆਦਿ ਮੁਫ਼ਤ ਦੇਣ ਲਈ ਅਸਿਸਮੈਂਟ ਕੀਤੀ ਜਾਵੇਗੀ। ਉਨ੍ਹਾ ਦੱਸਿਆ ਕਿ ਇਨ੍ਹਾਂ ਕੈਂਪਾਂ ਵਿੱਚ ਅਲਿਮਕੋ ਦੇ ਮਾਹਰ ਡਾਕਟਰ ਯੋਗ ਲਾਭਪਾਤਰੀਆਂ ਦੀ ਅਸੈਸਮੈਂਟ ਕਰਨਗੇ। ਇਨ੍ਹਾਂ ਕੈਂਪਾਂ ਦਾ ਲਾਭ ਲੈਣ ਲਈ ਲਾਭਪਾਤਰੀ ਕੋਲ ਯੂ. ਡੀ. ਆਈ. ਡੀ. ਕਾਰਡ ਹੋਣਾ ਲਾਜ਼ਮੀ ਹੈ।

## ਕੇਂਦਰ ਵੱਲੋਂ ਬਾਸਮਤੀ ਨਿਰਯਾਤ 'ਤੇ ਸ਼ਰਤ ਹਟਾਉਣਾ ਕਿਸਾਨ ਸੰਘਰਸ਼ ਦੀ ਅੰਸ਼ਕ ਜਿੱਤ : ਢੁੱਡੀਕੇ

**ਮੁਕਤਸਰ (ਸ਼ਮਿੰਦਰ ਪਾਲ/ਪਰਮਜੀਤ ਸਿੰਘ/ਪੂਜਾ/ਚਾਵਲਾ)** : ਕਿਰਤੀ ਕਿਸਾਨ ਯੂਨੀਅਨ ਨੇ ਕੇਂਦਰ ਸਰਕਾਰ ਵੱਲੋਂ ਬਾਸਮਤੀ ਨਿਰਯਾਤ 'ਤੇ 950 ਡਾਲਰ ਪ੍ਰਤੀ ਟਨ ਦੀ ਲਾਈ ਸ਼ਰਤ ਹਟਾਉਣ ਨੂੰ ਕਿਸਾਨੀ ਸੰਘਰਸ਼ ਦੀ ਅੰਸ਼ਕ ਜਿੱਤ ਕਰਾਰ ਦਿੱਤਾ ਹੈ।ਜਥੇਬੰਦੀ ਨੇ ਇਸ ਸ਼ਰਤ ਵਿਰੁੱਧ ਧਰਨੇ ਲਾਉਣ ਦਾ ਐਲਾਨ ਕਰਕੇ ਪਿੰਡਾਂ ਵਿੱਚ ਝੰਡਾ ਮਾਰਚ ਕਰਕੇ ਕਿਸਾਨਾਂ ਨੂੰ ਲਾਮਬੰਦ ਕੀਤਾ ਜਾ ਰਿਹਾ ਸੀ।ਇਸ ਸ਼ਰਤ ਦੇ ਹਟਣ ਮਗਰੋਂ ਬਾਸਮਤੀ 1509 ਦਾ ਰੇਟ 3000 ਰੁਪਏ ਪ੍ਰਤੀ ਕੁਇੰਟਲ ਤੋਂ ਟੱਪ ਜਾਣ 'ਤੇ ਟਿੱਪਣੀ ਕਰਦਿਆਂ ਜਥੇਬੰਦੀ ਨੇ ਕਿਹਾ ਕਿ ਰੇਟ ਦਾ ਉਛਾਲ ਸਾਬਿਤ ਕਰਦਾ ਹੈ ਕਿ ਕੇਂਦਰ ਸਰਕਾਰ ਵਲੋਂ ਥੋਪੀ ਗਈ ਨਜਾਇਜ਼ ਸ਼ਰਤ ਕਾਰਨ ਕਿਸਾਨਾਂ ਨੂੰ ਆਪਣੀ ਉਪਜ ਘੱਟ ਭਾਅ ਤੇ ਵੇਚਣ ਲਈ ਮਜਬੂਰ ਹੋਣਾ ਪੈ ਰਿਹਾ ਸੀ, ਇਸ ਲਈ ਕਿਸਾਨਾਂ ਵੱਲੋਂ ਬਾਸਮਤੀ ਦਾ ਐੱਮ ਐੱਸ ਪੀ ਨਿਰਧਾਰਤ ਕਰਕੇ ਖ੍ਰੀਦ ਦੀ ਗਾਰੰਟੀ ਦੀ ਮੰਗ ਬਿਲਕੁਲ ਜਾਇਜ਼ ਤੇ ਹੱਕੀ ਮੰਗ ਹੈ, ਜਿਸ ਕਾਰਨ 25 ਸਤੰਬਰ ਦਾ ਧਰਨਾ ਪ੍ਰਦਰਸ਼ਨ ਬਰਕਰਾਰ ਰੱਖਿਆ ਗਿਆ ਹੈ। ਬਿਆਨ ਜਾਰੀ ਕਰਦਿਆਂ ਜਥੇਬੰਦੀ ਦੇ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ, ਜਨਰਲ ਸਕੱਤਰ ਰਾਜਿੰਦਰ ਸਿੰਘ ਦੀਪ ਸਿੰਘ ਵਾਲਾ, ਪ੍ਰੈੱਸ ਸਕੱਤਰ ਰਮਿੰਦਰ ਸਿੰਘ ਪਟਿਆਲਾ ਤੇ ਵਿੱਤ ਸਕੱਤਰ ਜਸਵਿੰਦਰ ਸਿੰਘ ਝਬੇਲਵਾਲੀ ਨੇ ਦੱਸਿਆ ਕਿ 25 ਸਤੰਬਰ ਦੇ ਧਰਨਾ ਪ੍ਰਦਰਸ਼ਨ ਦੌਰਾਨ ਹੁਣ ਬਾਸਮਤੀ ਦਾ ਐੱਮ ਐੱਸ ਪੀ ਲੈਣ ਤੇ ਇਸ ਦੇ ਨਿਰਯਾਤ ਲਈ ਸੜਕੀ ਰਸਤੇ ਅਟਾਰੀ ਤੇ ਹੁਸੈਨੀਵਾਲਾ ਰਾਹੀਂ ਵਪਾਰ ਸ਼ੁਰੂ ਕਰਵਾਉਣ, ਡੀਏਪੀ ਦੀ ਸਪਲਾਈ ਯਕੀਨੀ ਬਣਾਉਣ, ਗੰਨੇ ਦਾ ਭਾਅ 450 ਰੁਪਏ ਪ੍ਰਤੀ ਕੁਇੰਟਲ ਕਰਵਾਉਣ ਤੇ ਖੰਡ ਮਿੱਲਾਂ ਨਵੰਬਰ ਦੇ ਪਹਿਲੇ ਹਫਤੇ ਚਲਾਏ ਜਾਣ ਆਦਿ ਮੰਗਾਂ ਉਠਾਈਆਂ ਜਾਣਗੀਆਂ। ਸ਼ੈਲਰਾਂ ਤੇ ਗੋਦਾਮਾਂ ਵਿਚੋਂ ਝੋਨੇ ਦੀ ਲਿਫਟਿੰਗ ਦੇ ਮਾਮਲੇ ਨੂੰ ਹੱਲ ਕਰਨ ਲਈ ਪੰਜਾਬ ਸਰਕਾਰ ਨੂੰ ਢੁੱਕਵੇਂ ਪ੍ਰਬੰਧ ਕਰਨ ਦੀ ਮੰਗ ਕਰਦਿਆਂ ਕਿਸਾਨ ਆਗੂਆਂ ਨੇ ਕਿਹਾ ਕਿ ਜੇਕਰ ਲਿਫਟਿੰਗ ਦਾ ਮਾਮਲਾ ਹੱਲ ਨਾ ਹੋਇਆ ਤਾਂ ਕਿਸਾਨਾਂ ਦੀ ਫਸਲ ਮੰਡੀਆਂ ਵਿੱਚ ਰੁਲਣ ਦੀ ਸੰਭਾਵਨਾ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ।ਉਨ੍ਹਾਂ ਚੇਤਾਵਨੀ ਦਿੰਦਿਆਂ ਕਿਹਾ ਕਿ ਅਜਿਹਾ ਹੋਣ ਦੀ ਸੂਰਤ ਵਿੱਚ ਪੰਜਾਬ ਸਰਕਾਰ ਨੂੰ ਕਿਸਾਨੀ ਰੋਹ ਦਾ ਸਾਹਮਣਾ ਕਰਨਾ ਪਵੇਗਾ।

## ਅਕਾਲੀ ਦਲ ਦੇ ਥਿੰਕ ਟੈਂਕ ਐਡਵੋਕੇਟ ਰੋਮਾਣਾ ਨਹੀਂ ਰਹੇ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)** ਅਕਾਲੀ ਦਲ ਦੇ ਥਿੰਕ ਟੈਂਕ ਐਡਵੋਕੇਟ ਮਹਿੰਦਰ ਸਿੰਘ ਰੋਮਾਣਾ ਨਹੀਂ ਰਹੇ।ਉਨ੍ਹਾਂ ਨੇ ਐਤਵਾਰ ਨੂੰ 91 ਸਾਲ ਦੀ ਉਮਰ 'ਚ ਆਖਰੀ ਸਾਹ ਲਿਆ। ਰੋਮਾਣਾ, ਜੋ ਸਿੱਖ ਧਰਮ ਦੇ ਸੰਪਰਦਾਏ ਹਨ ਤੇ ਪੰਜਾਬ ਦੀ ਰਾਜਨੀਤੀ ਵਿਚ ਵਿਸ਼ੇਸ਼ ਸਥਾਨ ਰੱਖਦੇ ਹਨ, ਸਾਬਕਾ ਮੁੱਖ ਮੰਤਰੀ ਬਰਨਾਲਾ ਤੇ ਸਾਬਕਾ ਮੁੱਖ ਮੰਤਰੀ ਬਾਦਲ ਦੋਵਾਂ ਦੇ ਬਹੁਤ ਕਰੀਬ ਰਹੇ ਹਨ।ਉਹ ਤਖ਼ਤ ਸ੍ਰੀ ਪਟਨਾ ਸਾਹਿਬ ਦੇ ਮੁਖੀ ਹੋਣ ਤੋਂ ਇਲਾਵਾ ਪੰਜਾਬ ਸੈਰ ਸਪਾਟਾ ਵਿਕਾਸ ਨਿਗਮ ਦੇ ਚੇਅਰਮੈਨ, ਦੋ ਵਾਰ ਸ਼੍ਰੋਮਣੀ ਕਮੇਟੀ ਦੇ ਮੈਂਬਰ, ਸਾਬਕਾ ਮੁੱਖ ਮੰਤਰੀ ਬਰਨਾਲਾ ਦੇ ਸਿਆਸੀ ਸਲਾਹਕਾਰ ਤੇ ਕਈ ਵਿਭਾਗਾਂ ਦੇ ਚੇਅਰਮੈਨ ਵੀ ਰਹੇ ਹਨ। ਰੋਮਾਣਾ ਗਿਆਨੀ ਕਰਤਾਰ ਸਿੰਘ ਦੀ ਅਗਵਾਈ ਹੇਠ ਪੰਜਾਬ, ਹਰਿਆਣਾ ਤੇ ਹਿਮਾਚਲ ਪ੍ਰਦੇਸ਼ ਦੀਆਂ ਹੱਦਾਂ ਨਿਰਧਾਰਿਤ ਕਰਨ ਲਈ ਬਣਾਈ ਗਈ ਕਮੇਟੀ ਦੇ ਵੀ ਅਹਿਮ ਮੈਂਬਰ ਰਹੇ ਹਨ।ਕੁੱਝ ਸਾਲ ਪਹਿਲਾਂ ਜਦੋਂ ਸ਼੍ਰੋਮਣੀ ਕਮੇਟੀ ਦੀ ਵੰਡ ਨੂੰ ਲੈ ਕੇ ਪੰਜਾਬ ਤੇ ਹਰਿਆਣਾ ਵਿਚ ਕਾਫੀ ਹੰਗਾਮਾ ਹੋਇਆ ਸੀ ਤਾਂ ਰੋਮਾਣਾ ਨੇ ਬਿਆਨ ਜਾਰੀ ਕਰਕੇ ਕਿਹਾ ਸੀ ਕਿ ਸ਼੍ਰੋਮਣੀ ਕਮੇਟੀ ਦੀ ਵੰਡ ਉਦੋਂ ਹੀ ਹੋ ਸਕਦੀ ਹੈ, ਜਦੋਂ ਇਸ ਨੂੰ ਪਾਰਲੀਮੈਂਟ ਵੱਲੋਂ ਪਾਸ ਕੀਤਾ ਜਾਵੇਗਾ, ਜਿਸ ਤੋਂ ਬਾਅਦ ਉਕਤ ਮਾਮਲਾ ਆਇਆ ਅੰਤ ਤੱਕ ਰੋਮਾਣਾ ਦੇ ਬੇਹੱਦ ਕਰੀਬੀ ਰਹੇ ਕੁਲਭੂਸ਼ਨ ਰਾਏ ਬਾਂਸਲ ਉਰਫ਼ ਭੂਸੀ ਨੇ ਕਿਹਾ ਕਿ ਰੋਮਾਣਾ ਦਾ ਇਸ ਸੰਸਾਰ ਤੋਂ ਚਲੇ ਜਾਣਾ ਉਨ੍ਹਾਂ ਲਈ ਨਿੱਜੀ ਤੌਰ 'ਤੇ ਵੱਡਾ ਘਾਟਾ ਹੈ।ਉਨ੍ਹਾਂ ਦੇ ਕੁੱਲ ਤਿੰਨ ਬੱਚੇ ਹਨ, ਜਿਨ੍ਹਾਂ ਵਿੱਚ ਦੋ ਪੁੱਤਰ ਅਤੇ ਇੱਕ ਬੇਟੀ ਹੈ।ਰੋਮਾਣਾ ਜੀ ਦਾ ਅੰਤਿਮ ਸੰਸਕਾਰ ਮੰਗਲਵਾਰ ਦੁਪਹਿਰ 3 ਵਜੇ ਫ਼ਰੀਦਕੋਟ ਵਿਖੇ ਹੋਵੇਗਾ।

## ਲੋਕ ਅਦਾਲਤ 'ਚ 2404 ਕੇਸਾਂ ਦਾ ਮੌਕੇ 'ਤੇ ਨਿਪਟਾਰਾ




**ਕੋਟਕਪੂਰਾ (ਸ਼ਾਮ ਲਾਲ ਚਾਵਲਾ)**-ਨੈਸ਼ਨਲ ਲੀਗਲ ਸਰਵਿਸਜ਼ ਅਥਾਰਟੀ ਦਿੱਲੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਿਸ ਗੁਰਪ੍ਰੀਤ ਕੌਰ, ਚੀਫ ਜੁਡੀਸ਼ੀਅਲ ਮੈਜਿਸਟ੍ਰੇਟ ਸਹਿਤ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਰੀਦਕੋਟ ਵੱਲੋਂ ਜ਼ਿਲ੍ਹੇ ਦੀਆਂ ਅਦਾਲਤਾਂ ਵਿੱਚ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ, ਜਿਸ ਤਹਿਤ ਜ਼ਿਲ੍ਹਾ ਫਰੀਦਕੋਟ ਦੀਆਂ ਅਦਾਲਤਾਂ ਵਿੱਚ 8 ਬੈਂਚ, ਸਥਾਈ ਲੋਕ ਅਦਾਲਤ ਸਬ ਡਵੀਜ਼ਨ ਜੈਤੋ ਵਿਖੇ 1 ਬੈਂਚ ਬਣਾਇਆ ਗਿਆ।ਇਸ ਤੋਂ ਇਲਾਵਾ ਰੈਵੇਨਿਊ ਅਦਾਲਤਾਂ ਦੇ ਵੀ ਬੈਂਚ ਲਗਾਏ ਗਏ।ਇਸ ਲੋਕ ਅਦਾਲਤ ਵਿੱਚ 5627 ਕੇਸਾਂ ਵਿੱਚੋਂ 2404 ਕੇਸਾਂ ਦਾ ਮੌਕੇ 'ਤੇ ਨਿਪਟਾਰਾ ਕਰਕੇ 13,57,37,855/- ਰੁਪਏ ਦਾ ਅਤੇ ਇਸ ਵਿੱਚੋਂ ਪ੍ਰੀ ਲਿਟੀਗੇਸ਼ਨ ਸਟੇਜ 'ਤੇ 3399 ਕੇਸਾਂ ਵਿੱਚੋਂ 1487 ਕੇਸਾਂ ਦਾ ਨਿਪਟਾਰਾ ਕਰਕੇ 479,057/- ਰੁਪਏ ਦਾ ਅਵਾਰਡ ਪਾਸ ਕੀਤਾ ਗਿਆ।ਇਸ ਲੋਕ ਅਦਾਲਤ ਵਿੱਚ ਵੱਖ ਵੱਖ ਤਰ੍ਹਾਂ ਦੇ ਕੇਸਾਂ ਦਾ ਜਿਵੇਂ ਕਿ ਦੀਵਾਨੀ ਕੇਸ, ਰਾਜ਼ੀਨਾਮਾ ਹੋਣ ਯੋਗ ਫੌਜਦਾਰੀ ਕੇਸ, ਚੈੱਕ ਬਾਊਂਸ, ਰਿਕਵਰੀ ਦੇ ਕੇਸ, ਟ੍ਰੈਫਿਕ ਚਲਾਨ ਤੇ ਘਰੇਲੂ ਝਗੜਿਆਂ ਦੇ ਕੇਸ ਅਤੇ ਪ੍ਰੀ ਲਿਟੀਗੇਟਿਵ ਕੇਸਾਂ ਦਾ ਨਿਪਟਾਰਾ ਧਿਰਾਂ ਦੀ ਆਪਸੀ ਸਹਿਮਤੀ ਨਾਲ ਕੀਤਾ ਗਿਆ।ਇਸ ਮੌਕੇ ਸੈਸ਼ਨਜ਼ ਜੱਜ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਲੋਕ ਅਦਾਲਤ ਵਿੱਚ ਫੈਸਲਾ ਹੋਏ ਕੇਸਾਂ ਦੀ ਕੋਈ ਅਪੀਲ ਦਲੀਲ ਨਹੀਂ ਹੈ।ਲੋਕ ਅਦਾਲਤ ਵਿੱਚ ਹੋਏ ਫੈਸਲੇ ਨੂੰ ਡਿਕਰੀ ਦੀ ਮਾਨਤਾ ਪ੍ਰਾਪਤ ਹੈ ਤੇ ਇਹ ਫੈਸਲੇ ਤਸੱਲੀਬਖ਼ਸ਼ ਹੁੰਦੇ ਹਨ ਅਤੇ ਧਿਰਾਂ ਨੂੰ ਮੁੱਕਦਮੇ ਬਾਜ਼ੀ ਤੋਂ ਮੁਕਤੀ ਮਿਲਦੀ ਹੈ ਅਤੇ ਹੋਰ ਕਈ ਮਾਨਸਿਕ ਪ੍ਰੇਸ਼ਾਨੀਆਂ ਤੋਂ ਧਿਰਾਂ ਨੂੰ ਮੁਕਤੀ ਮਿਲਦੀ ਹੈ।ਇਸ ਤੋਂ ਇਲਾਵਾ ਜੱਜ ਸਾਹਿਬ ਨੇ ਮਿਡੀਏਸ਼ਨ ਸੈਂਟਰ ਬਾਰੇ ਜਾਣਕਾਰੀ ਦਿੰਦੇ ਕਿਹਾ ਕਿ ਮਿਡੀਏਸ਼ਨ ਸੈਂਟਰ ਵਿਖੇ ਲੋਕ ਆਪਣੇ ਕੇਸਾਂ ਦਾ ਫੈਸਲਾ ਆਪਸੀ ਰਾਜ਼ੀਨਾਮੇ ਨਾਲ ਕਰਵਾ ਸਕਦੇ ਹਨ ਅਤੇ ਜੋ ਲੋਕ ਅਦਾਲਤ ਵਿੱਚ ਕੇਸ ਕਰਨ ਤੋਂ ਅਸਮਰਥ, ਉਹ ਵੀ ਮਿਡੀਏਸ਼ਨ ਸੈਂਟਰ ਵਿੱਚ ਦਰਖਾਸਤ ਦੇ ਕੇ ਅਪਣੇ ਕੇਸ ਦੀ ਸੁਣਵਾਈ ਕਰਵਾ ਸਕਦੇ ਹਨ।ਇਸ ਦੇ ਨਾਲ ਹੀ ਸੀ. ਜੇ. ਐੱਮ. ਮਿਸ ਗੁਰਪ੍ਰੀਤ ਕੌਰ ਵੱਲੋਂ ਦਫਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਰੀਦਕੋਟ ਵੱਲੋਂ ਦਿੱਤੀਆਂ ਜਾਂਦੀਆਂ ਸੁਵਿਧਾਵਾਂ ਬਾਰੇ ਵੀ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਅੰਤ ਵਿੱਚ ਜੱਜ ਸਾਹਿਬਾਨ ਨੇ ਲੋਕਾਂ ਨੂੰ ਸੰਬਧਨ ਕਰਦੇ ਹੋਏ ਕਿਹਾ ਕਿ 'ਝਗੜੇ ਮੁਕਾਓ, ਪਿਆਰ ਵਧਾਉ' ਲੋਕ ਅਦਾਲਤਾਂ ਰਾਹੀਂ ਸਸਤਾ ਤੇ ਛੇਤੀ ਨਿਆਂ ਪਾਓ।

## ਕੇਜਰੀਵਾਲ ਦੀ ਰਿਹਾਈ ਨਾਲ ਆਪ ਆਗੂਆਂ ਤੇ ਵਲੰਟੀਅਰਾਂ ਦਾ ਮਨੋਬਲ ਵਧਿਆ : ਡਾ. ਅਰੋੜਾ

### ਆਪ ਆਗੂਆਂ ਤੇ ਵਰਕਰਾਂ ਨੇ ਲੱਡੂ ਵੰਡ ਕੇ ਮਨਾਇਆ ਜਸ਼ਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਆਪ ਸੁਪਰੀਮੋ ਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਸੁਪਰੀਮ ਕੋਰਟ ਵੱਲੋਂ ਜ਼ਮਾਨਤ 'ਤੇ ਰਿਹਾਅ ਕਰਨ ਦੇ ਬਾਵਜੂਦ ਮੋਗਾ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਦੀ ਅਗਵਾਈ 'ਚ ਆਮ ਆਦਮੀ ਪਾਰਟੀ ਦੇ ਆਗੂਆਂ ਤੇ ਵਰਕਰਾਂ ਨੇ ਉਨ੍ਹਾਂ ਦੀ ਰਿਹਾਇਸ਼ 'ਤੇ ਲੱਡੂ ਵੰਡ ਕੇ ਜਸ਼ਨ ਮਨਾਇਆ। ਇਸ ਮੌਕੇ ਨਗਰ ਨਿਗਮ ਮੋਗਾ ਦੇ ਮੇਅਰ ਬਲਜੀਤ ਸਿੰਘ ਚਾਨੀ, ਸਾਬਕਾ ਕੌਂਸਲਰ ਦਵਿੰਦਰ ਤਿਵਾੜੀ, ਕੌਂਸਲਰ ਤੀਰਥ ਰਾਮ, ਜਗਸੀਰ ਹੁੰਦਲ, ਗੌਰਵ ਗਰਗ, ਸੋਸ਼ਲ ਮੀਡੀਆ ਇੰਚਾਰਜ ਕੁਲਵਿੰਦਰ ਸਿੰਘ ਤਾਰੇਵਾਲਾ, ਸੰਨੀ ਧਾਲੀਵਾਲ, ਲਖਵਿੰਦਰ ਸਿੰਘ ਲੱਖਾ, ਪਿੰਟੂ ਗਿੱਲ, ਰੋਸ਼ਨ ਚਾਵਲਾ ਤੇ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ, ਵਲੰਟੀਅਰ, ਨਗਰ ਕੌਂਸਲਰ ਹਾਜ਼ਰ ਸਨ। ਇਸ ਮੌਕੇ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਅਰਵਿੰਦ ਕੇਜਰੀਵਾਲ ਇੱਕ ਇਮਾਨਦਾਰ ਤੇ ਨਿੱਡਰ ਆਗੂ ਹਨ। ਉਨ੍ਹਾ ਕਦੇ ਵੀ ਕਿਸੇ ਵੀ ਮੁਸ਼ਕਲ ਵਿੱਚ ਮੋਦੀ ਸਰਕਾਰ ਅੱਗੇ ਆਤਮ ਸਮਰਪਣ ਨਹੀਂ ਕੀਤਾ। ਉਨ੍ਹਾ ਕਿਹਾ ਕਿ ਅੱਜ ਤੱਕ ਜਾਂਚ ਏਜੰਸੀਆਂ ਨੂੰ ਕੇਜਰੀਵਾਲ ਖਿਲਾਫ ਅਜਿਹਾ ਕੋਈ ਸਬੂਤ ਨਹੀਂ ਮਿਲਿਆ, ਜਿਸ ਨਾਲ ਉਨ੍ਹਾਂ ਨੂੰ ਦੋਸ਼ੀ ਸਾਬਿਤ ਕੀਤਾ ਜਾ ਸਕੇ। ਉਨ੍ਹਾ ਕਿਹਾ ਕਿ ਕੇਜਰੀਵਾਲ ਸਾਹਮਣੇ ਆਉਣ ਨਾਲ ਆਪ ਵਲੰਟੀਅਰਾਂ ਦਾ ਮਨੋਬਲ ਹੋਰ ਉੱਚਾ ਹੋਇਆ ਹੈ।

## ਬਾਬਾ ਫ਼ਰੀਦ ਸੁਸਾਇਟੀ ਵੱਲੋਂ 'ਬਾਬਾ ਫ਼ਰੀਦ ਐਵਾਰਡ ਫਾਰ ਸਰਵਿਸ ਟੂ ਹਿਊਮੈਨਿਟੀ' ਦਾ ਐਲਾਨ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)** ਬਾਬਾ ਫ਼ਰੀਦ ਧਾਰਮਿਕ ਤੇ ਵਿੱਦਿਅਕ ਸੰਸਥਾਵਾਂ ਦੇ ਪ੍ਰਧਾਨ ਸਿਮਰਜੀਤ ਸਿੰਘ ਸੇਖੋਂ ਵੱਲੋਂ 'ਬਾਬਾ ਫ਼ਰੀਦ ਐਵਾਰਡ ਫਾਰ ਸਰਵਿਸ ਟੂ ਹਿਊਮੈਨਿਟੀ' ਦਾ ਐਲਾਨ ਕਰ ਦਿੱਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਹਰ ਸਾਲ ਬਾਬਾ ਫ਼ਰੀਦ ਆਗਮਨ ਪੁਰਬ ਬਹੁਤ ਹੀ ਧੂਮਧਾਮ ਨਾਲ ਮਨਾਇਆ ਜਾਂਦਾ ਹੈ ਅਤੇ ਇਮਾਨਦਾਰ ਹਸਤੀ ਨੂੰ ਸਨਮਾਨਤ ਕੀਤਾ ਜਾਂਦਾ ਹੈ।ਅੱਗੇ ਇਹ ਸਾਰਾ ਪ੍ਰੋਗਰਾਮ ਸਵ: ਸ: ਇੰਦਰਜੀਤ ਸਿੰਘ ਖਾਲਸਾ ਜੀ ਦੀ ਰਹਿਨੁਮਾਈ ਹੇਠ ਹਰ ਸਾਲ ਬਾਖ਼ੂਬੀ ਢੰਗ ਨਾਲ ਕੀਤਾ ਜਾਂਦਾ ਸੀ।ਉਨ੍ਹਾਂ ਤੋਂ ਬਾਅਦ ਇਸ ਸਾਲ ਉਨ੍ਹਾਂ ਦੇ ਪਾਏ ਪੂਰਨਿਆਂ ਅਨੁਸਾਰ ਇਸ ਐਵਾਰਡ ਲਈ ਸੁਸਾਇਟੀ ਨੂੰ ਕੁੱਲ 20 ਅਰਜ਼ੀਆਂ ਪ੍ਰਾਪਤ ਹੋਈਆਂ ਸਨ, ਜਿਨ੍ਹਾਂ ਵਿੱਚੋਂ ਇਸ ਸਾਲ ਪਹਿਲਾਂ 3 ਅਰਜ਼ੀਆਂ ਨੂੰ ਕੱਢਿਆ ਗਿਆ, ਜਿਸ ਵਿਚ ਭਾਈ ਜਤਿੰਦਰ ਸਿੰਘ ਸ਼ੰਟੀ ਦਿੱਲੀ, ਜੋ ਹਜ਼ਾਰਾਂ ਲਾਵਾਰਸ ਅਰਥੀਆਂ ਨੂੰ ਮੋਢਾ ਦੇ ਕੇ ਅੰਤਿਮ ਸੰਸਕਾਰ ਕਰਦੇ ਸਨ।ਇਨ੍ਹਾਂ ਨੇ ਕੋਵਿਡ ਕਾਲ ਵਿਚ ਵੀ ਬਹੁਤ ਲੋਕਾਂ ਦਾ ਮਦਦ ਕੀਤੀ, ਦੂਜਾ ਐਨ.ਆਰ.ਆਈ. ਵਰਿੰਦਰ ਸਿੰਘ ਪਰਿਹਾਰ, ਜੋ ਕਿ ਹੋਮ ਫਾਰ ਹੋਮਲੈਸ ਸੰਸਥਾ ਹੁਸ਼ਿਆਰਪੁਰ ਵਿਚ ਦੇਖਦੇ ਹਨ ਅਤੇ ਤੀਜਾ ਡਾ. ਐਸ.ਪੀ. ਸਿੰਘ ਓਬਰਾਏ, ਜੋ ਆਪਣਾ ਕਾਰੋਬਾਰ ਤਾਂ ਦੁਬਈ ਵਿਚ ਕਰਦੇ ਹਨ, ਪਰ ਸਮਾਜ ਸੇਵਾ ਪੂਰੇ ਭਾਰਤ ਵਿਚ ਕਰ ਰਹੇ ਹਨ।ਇਸ ਲਈ ਸਰਬਸੰਮਤੀ ਨਾਲ ਸਰਬੱਤ ਦਾ ਭਲਾ ਚੈਰੀਟੇਬਲ ਸੁਸਾਇਟੀ ਨੂੰ ਐਵਾਰਡ ਲਈ ਚੁਣਿਆ ਗਿਆ ਹੈ।ਇਹ ਸੁਸਾਇਟੀ ਪ੍ਰਮਾਤਮਾ ਦੀ ਅਪਾਰ ਬਖਸ਼ਿਸ਼ ਨਾਲ ਇਮਾਨਦਾਰੀ, ਦ੍ਰਿੜ੍ਹਤਾ ਤੇ ਨਿਸ਼ਕਾਮ ਭਾਵਨਾ ਨਾਲ ਮਨੁੱਖਤਾ ਦੀ ਸੇਵਾ ਵਿਚ ਦਿਨ-ਰਾਤ ਜੁਟੀ ਹੋਈ ਹੈ।ਸੇਖੋਂ ਨੇ ਦੱਸਿਆ ਕਿ ਇਸ ਸੁਸਾਇਟੀ ਨੂੰ 23 ਸਤੰਬਰ ਨੂੰ ਗੁਰਦੁਆਰਾ ਗੋਦੜੀ ਸਾਹਿਬ ਵਿਖੇ ਹੋਣ ਵਾਲੇ ਵਿਸ਼ਾਲ ਧਾਰਮਿਕ ਸਮਾਗਮ ਵਿਚ ਮੰਚ 'ਤੇ 1 ਲੱਖ ਰੁਪਏ ਦੀ ਨਗਦ ਰਾਸ਼ੀ, ਦੁਸ਼ਾਲਾ, ਸਿਰੋਪਾ ਅਤੇ ਸਾਈਟੇਸ਼ਨ ਦੇ ਕੇ ਸਨਮਾਨਤ ਕੀਤਾ ਜਾਵੇਗਾ।ਅੰਤ ਵਿਚ ਉਨ੍ਹਾਂ ਦੱਸਿਆ ਕਿ ਸਾਲ 2000 ਤੋਂ ਲੈ ਕੇ ਹੁਣ ਤੱਕ ਬਾਬਾ ਫਰੀਦ ਐਵਾਰਡ ਫਾਰ ਆਨੈਸਟੀ ਕੁੱਲ 33 ਇਮਾਨਦਾਰ ਸ਼ਖ਼ਸੀਅਤਾਂ ਨੂੰ ਦਿੱਤਾ ਜਾ ਚੁੱਕਾ ਹੈ, ਇਸੇ ਤਰ੍ਹਾਂ ਭਗਤ ਪੂਰਨ ਸਿੰਘ ਐਵਾਰਡ ਫਾਰ ਸਰਵਿਸ ਟੂ ਹਿਊਮੈਂਟੀ ਵੀ ਕੁੱਲ 29 ਮਹਾਨ ਸ਼ਖ਼ਸੀਅਤਾਂ ਨੂੰ ਦਿੱਤਾ ਜਾ ਚੁੱਕਾ ਹੈ, ਜਿਨ੍ਹਾਂ ਵਿਚ ਡਾ. ਇੰਦਰਜੀਤ ਕੌਰ ਪ੍ਰਧਾਨ ਪਿੰਗਲਵਾੜਾ ਸੁਸਾਇਟੀ, ਡਾ. ਗੁਰਸ਼ਰਨ ਸਿੰਘ ਉਰਫ਼ ਭਾਈ ਮੰਨਾ ਸਿੰਘ ਜੀ, ਡਾ. ਮਧੂ ਪਰਾਸ਼ਰ ਆਦਿ ਸ਼ਾਮਲ ਹਨ, ਪਰ ਸੁਸਾਇਟੀ ਵਲੋਂ ਪਿਛਲੀ ਵਾਰ ਸਿਰਫ਼ ਇਕ ਹੀ ਐਵਾਰਡ 'ਬਾਬਾ ਫ਼ਰੀਦ ਐਵਾਰਡ ਫਾਰ ਸਰਵਿਸ ਟੂ ਹਿਊਮੈਨਿਟੀ' ਦੇਣ ਦਾ ਫ਼ੈਸਲਾ ਕੀਤਾ ਗਿਆ ਸੀ।

## ਖਾਟੂ ਜੀ ਸ਼ਿਆਮ ਤੇ ਬਾਲਾ ਜੀ ਦਾ ਜਾਗਰਣ ਕਰਵਾਇਆ

### ਅਜਿਹੇ ਪ੍ਰੋਗਰਾਮਾਂ ਨਾਲ ਭਾਈਚਾਰਕ ਸਾਂਝ ਮਜ਼ਬੂਤ ਹੁੰਦੀ ਹੈ : ਡਾ. ਗੁਰਪ੍ਰੀਤ ਕੌਰ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਸਤਿਕਾਰਯੋਗ ਮਾਤਾ ਹਰਪਾਲ ਕੌਰ ਮਾਨ ਵੱਲੋਂ ਹਲਕਾ ਧੂਰੀ ਦੀ ਤਰੱਕੀ ਤੇ ਸੁੱਖ ਸ਼ਾਂਤੀ ਲਈ ਇਲਾਕੇ ਦੀਆਂ ਧਾਰਮਿਕ, ਰਾਜਨੀਤਕ ਜਥੇਬੰਦੀਆਂ ਦੇ ਸਹਿਯੋਗ ਨਾਲ ਸ੍ਰੀ ਖਾਟੂ ਜੀ ਸ਼ਿਆਮ ਤੇ ਸ੍ਰੀ ਬਾਲਾ ਜੀ ਦਾ ਵਿਸ਼ਾਲ ਜਾਗਰਣ ਕਰਵਾਇਆ ਗਿਆ।

ਇਸ ਜਾਗਰਣ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਸਤਿਕਾਰ ਯੋਗ ਮਾਤਾ ਬੀਬੀ ਹਰਪਾਲ ਕੌਰ ਤੇ ਧਰਮਪਤਨੀ ਡਾ. ਗੁਰਪ੍ਰੀਤ ਕੌਰ ਮਾਨ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਜਾਗਰਣ ਵਿੱਚ ਸੁਪ੍ਰਸਿੱਧ ਭਜਨ ਗਾਇਕ ਤੇ ਕਥਾਵਾਚਕ ਸ੍ਰੀ ਗੋਪਾਲ ਮੋਹਨ ਭਾਰਦਵਾਜ ਤੇ ਸੁਪ੍ਰਸਿੱਧ ਭਜਨ ਗਾਇਕ ਹਰਮਿੰਦਰ ਸਿੰਘ ਰੋਮੀ ਨੇ ਭਜਨਾਂ ਰਾਹੀਂ ਭਗਤਾਂ ਨੂੰ ਨਿਹਾਲ ਕੀਤਾ।ਇਸ ਮੌਕੇ ਸ੍ਰੀ ਬਾਲਾ ਜੀ ਟਰੱਸਟ ਧੂਰੀ ਦੇ ਅਹੁਦੇਦਾਰਾਂ ਵੱਲੋਂ ਡਾ. ਗੁਰਪ੍ਰੀਤ ਕੌਰ ਮਾਨ ਤੇ ਮਾਤਾ ਹਰਪਾਲ ਕੌਰ ਮਾਨ ਦਾ ਸਨਮਾਨ ਕੀਤਾ ਗਿਆ।

ਇਸ ਮੌਕੇ ਸੰਬੋਧਨ ਕਰਦਿਆਂ ਡਾ. ਗੁਰਪ੍ਰੀਤ ਕੌਰ ਮਾਨ ਨੇ ਕਿਹਾ ਕਿ ਵਿਸ਼ਵ ਦੇ ਸਿਰਜਣਹਾਰ ਇੱਕੋ ਇੱਕ ਪ੍ਰਮਾਤਮਾ ਨੂੰ ਯਾਦ ਕਰਨ ਦੇ ਵੱਖ ਵੱਖ ਸਾਧਨ ਹਨ।ਉਨ੍ਹਾ ਕਿਹਾ ਕਿ ਅਜਿਹੇ ਪ੍ਰੋਗਰਾਮਾਂ ਨਾਲ ਜਿੱਥੇ ਭਾਈਚਾਰਕ ਸਾਂਝ ਮਜ਼ਬੂਤ ਹੁੰਦੀ ਹੈ, ਉਥੇ ਸਾਨੂੰ ਪ੍ਰਮਾਤਮਾ ਦਾ ਸਿਮਰਨ ਕਰਨ ਦਾ ਮੌਕਾ ਵੀ ਮਿਲਦਾ ਹੈ। ਉਨ੍ਹਾਂ ਹਲਕੇ ਦੀ ਤਰੱਕੀ ਲਈ ਆਪਣੀ ਵਚਨਬੱਧਤਾ ਦੁਹਰਾਉਂਦਿਆਂ ਕਿਹਾ ਕਿ ਮਾਨ ਸਰਕਾਰ ਧੂਰੀ ਦੇ ਵਿਕਾਸ ਲਈ ਹਰ ਵੇਲੇ ਤੱਤਪਰ ਹੈ।ਇਸ ਮੌਕੇ ਤੇ ਭੰਡਾਰਾ ਅਤੁੱਟ ਵਰਤਾਇਆ ਗਿਆ।

ਇਸ ਮੌਕੇ ਓ.ਐੱਸ.ਡੀ. ਇੰਜ. ਉਂਕਾਰ ਸਿੰਘ ਸਿੱਧੂ, ਪੰਜਾਬ ਕਨਵੇਅਰ ਦੇ ਚੇਅਰਮੈਨ ਸਤਿੰਦਰ ਸਿੰਘ ਚੱਠਾ, ਪੰਜਾਬ ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ, ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਕੁਮਾਰ ਲੱਖਾ, ਪ੍ਰੈੱਸ ਫੈਡਰੇਸ਼ਨ ਆਫ਼ ਇੰਡੀਆ ਦੇ ਪ੍ਰਧਾਨ ਐਡਵੋਕੇਟ ਰਾਜੇਸ਼ਵਰ ਚੌਧਰੀ, ਵਪਾਰ ਮੰਡਲ ਪੰਜਾਬ ਦੇ ਪ੍ਰਧਾਨ ਅਮਨ ਗਰਗ ਆਦਿ ਹਾਜ਼ਰ ਸਨ।

## ਦਸਮੇਸ਼ ਸਕੂਲ ਦੇ ਕਬੱਡੀ ਖਿਡਾਰੀ ਜ਼ਿਲ੍ਹਾ ਖੇਡਾਂ 'ਚੋਂ ਅੱਵਲ

*3 ਖਿਡਾਰੀਆਂ ਦੀ ਸਟੇਟ ਖੇਡਣ ਲਈ ਚੋਣ*



**ਸਰਦੂਲਗੜ੍ਹ (ਅਵਤਾਰ ਜਟਾਣਾ)**-ਦਸਮੇਸ਼ ਕਾਨਵੈਂਟ ਸੀਨੀ: ਸੈਕੰਡਰੀ ਸਕੂਲ ਸਰਦੂਲਗੜ੍ਹ ਦੇ ਖਿਡਾਰੀਆਂ ਨੇ 68ਵੀਆਂ ਜ਼ਿਲ੍ਹਾ ਪੱਧਰੀ ਅੰਡਰ-19 ਸਰਕਲ ਸਟਾਇਲ ਕਬੱਡੀ ਮੁਕਾਬਲੇ, ਜੋ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੋੜ੍ਹਾਵਾਲ ਮਾਨਸਾ ਵਿਖੇ ਹੋਏ, ਵਿੱਚੋਂ ਜੋਗਾ ਜ਼ੋਨ, ਭੀਖੀ ਜ਼ੋਨ ਤੇ ਝੁਨੀਰ ਜ਼ੋਨ ਨੂੰ ਹਰਾਉਂਦਿਆਂ ਫਾਈਨਲ ਵਿੱਚ ਬੁਢਲਾਡਾ ਜ਼ੋਨ ਨੂੰ ਹਰਾ ਕੇ ਪਹਿਲਾ ਸਥਾਨ ਪ੍ਰਾਪਤ ਕਰਕੇ ਸੋਨ ਤਮਗਾ ਜਿੱਤਿਆ। ਇਸ ਸਕੂਲ ਦੇ ਤਿੰਨ ਕਬੱਡੀ ਖਿਡਾਰੀਆਂ ਗੁਰਵਿੰਦਰ ਸਿੰਘ, ਭੁਪਿੰਦਰ ਸਿੰਘ ਤੇ ਗਗਨਦੀਪ ਸਿੰਘ ਦੀ ਪੰਜਾਬ ਸਟੇਟ ਖੇਡਣ ਲਈ ਚੋਣ ਹੋਈ।

ਇਸ ਮੌਕੇ ਪ੍ਰਿੰ. ਭੁਪਿੰਦਰ ਸਿੰਘ ਸੰਧੂ ਨੇ ਸਰਕਲ ਕਬੱਡੀ ਟੀਮ ਕੋਚ ਮਨਦੀਪ ਸਿੰਘ ਤੇ ਗੁਰਸੇਵਕ ਸਿੰਘ ਨੂੰ ਵਧਾਈ ਦਿੰਦਿਆਂ ਸਟੇਟ ਵਿੱਚੋਂ ਵੀ ਵਧੀਆ ਕਾਰਗੁਜ਼ਾਰੀ ਦਿਖਾਉਣ ਲਈ ਪ੍ਰੇਰਿਤ ਕੀਤਾ।

## ਸੂਬੇ ਦੀ 'ਆਪ' ਸਰਕਾਰ ਹਰ ਫਰੰਟ 'ਤੇ ਫੇਲ੍ਹ : ਕੈਪਟਨ ਸੰਧੂ, ਸੇਖੋਂ

### ਕਾਂਗਰਸ ਵੱਲੋਂ ਹਲਕਾ ਦਾਖਾ 'ਚ ਧਰਨਾ ਅੱਜ

**ਅੱਡਾ ਦਾਖਾ/ਚੌਂਕੀਮਾਨ (ਬਲਬੀਰ ਮਾਨ)**-ਕਾਂਗਰਸ ਪਾਰਟੀ ਦੇ ਨਿਧੜਕ ਆਗੂ ਤੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਤੇ ਮੈਂਬਰ ਪਾਰਲੀਮੈਂਟ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਦਿਸ਼ਾ ਨਿਰਦੇਸ਼ਾਂ 'ਤੇ 17 ਸਤੰਬਰ ਮੰਗਲਵਾਰ ਨੂੰ ਸੂਬੇ ਵਿੱਚ ਮਾੜੀ ਕਾਨੂੰਨ ਵਿਵਸਥਾ ਜਿਵੇਂ ਕਿ ਦਿਨ ਦਿਹਾੜੇ ਖੂਨ ਖਰਾਬਾ, ਲੁੱਟਾਂ-ਖੋਹਾਂ ਤੇ ਫਰੌਤੀਆਂ ਖਿਲਾਫ ਇਕ ਵਿਸ਼ਾਲ ਧਰਨਾ ਲਗਾਇਆ ਜਾ ਰਿਹਾ, ਜੋ ਤੁਹਾਡੇ ਉਪ-ਮੰਡਲ ਦੇ ਪੁਲਸ ਉਪ-ਕਪਤਾਨ ਦਫਤਰ ਮੁੱਲਾਂਪੁਰ ਦਾਖਾ ਸਾਹਮਣੇ ਹੋਵੇਗਾ, ਜਿਸ ਵਿੱਚ ਵੱਡੀ ਗਿਣਤੀ ਕਾਂਗਰਸੀ ਵਰਕਰ ਹਾਜ਼ਰ ਹੋਣਗੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਦਾਖਾ ਦੇ ਇੰਚਾਰਜ ਕੈਪਟਨ ਸੰਦੀਪ ਸਿੰਘ ਸੰਧੂ ਤੇ ਬਲਾਕ ਸਿੱਧਵਾਂ ਬੇਟ ਦੇ ਪ੍ਰਧਾਨ ਪਰਮ ਸਿੰਘ ਸੇਖੋਂ ਨੇ ਫੋਨ 'ਤੇ ਗੱਲਬਾਤ ਕਰਦਿਆਂ ਕੀਤਾ।ਇਨ੍ਹਾ ਦੋਵੇਂ ਆਗੂਆਂ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਿਰਫ ਤੇ ਸਿਰਫ ਚੁਟਕਲੇ ਕਹਾਵਤਾਂ ਹੀ ਲੋਕਾਂ ਨੂੰ ਸੁਣਾ ਰਹੇ ਹਨ, ਬਲਕਿ ਵਿਕਾਸ ਕਾਰਜਾਂ ਦਾ ਬੁਰਾ ਹਾਲ ਹੋਇਆ ਪਿਆ ਹੈ।ਸੇਖੋਂ ਨੇ ਦੱਸਿਆ ਕਿ ਬਿਜਲੀ ਦਰਾਂ 'ਚ ਵਾਧਾ ਕਰਕੇ ਆਪ ਸਰਕਾਰ ਨੇ ਪੰਜਾਬ ਦੇ ਲੋਕਾਂ ਨਾਲ ਧੋਖਾ ਕੀਤਾ ਹੈ। ਪਰਮ ਸਿੰਘ ਸੇਖੋਂ ਅਨੁਸਾਰ ਪੰਜਾਬ ਦਾ ਨੌਜਵਾਨ ਵਿਦੇਸ਼ਾਂ ਵੱਲ ਜਾ ਰਿਹਾ ਹੈ, ਪ੍ਰੰਤੂ ਮੁੱਖ ਮੰਤਰੀ ਇਹ ਦਾਅਵੇ ਕਰ ਰਹੇ ਹਨ ਕਿ ਉਨ੍ਹਾਂ ਵੱਲੋਂ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ।ਸੂਬੇ ਵਿੱਚ ਗੈਂਗਸਟਰਾਂ ਦਾ ਬੋਲਬਾਲਾ ਹੈ, ਸਰੇਆਮ ਚਿੱਟੇ ਦਿਨ ਫ਼ਿਰੌਤੀਆਂ ਮੰਗੀਆਂ ਜਾ ਰਹੀਆਂ ਹਨ, ਬਿਜਲੀ ਦੇ ਕੱਟ ਲੱਗ ਰਹੇ ਹਨ, ਅਜਿਹੇ ਹਾਲਾਤਾਂ ਨੂੰ ਵੇਖਦਿਆਂ ਜਿੱਥੇ ਸਮੁੱਚੇ ਪੰਜਾਬ 'ਚ ਸਰਕਾਰ ਖ਼ਿਲਾਫ਼ ਧਰਨੇ ਲੱਗਣ ਜਾ ਰਹੇ ਹਨ, ਉਥੇ ਹਲਕਾ ਦਾਖਾ ਵਿੱਚ ਵੀ ਸਰਕਾਰ ਖਿਲਾਫ ਧਰਨਾ ਲਗਾਇਆ ਜਾ ਰਿਹਾ ਹੈ, ਜੋ 17 ਸਤੰਬਰ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ ਮੁੱਲਾਂਪੁਰ ਦਾਖਾ 'ਚ ਲਗਾਇਆ ਜਾਵੇਗਾ।ਉਨ੍ਹ ਹਲਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਸਰਕਾਰ ਵਿਰੋਧੀ ਰੋਸ ਧਰਨੇ ਵਿੱਚ ਆਮ ਲੋਕਾਂ ਦੀ ਸ਼ਮੂਲੀਅਤ ਵੀ ਬੇਹੱਦ ਲਾਜ਼ਮੀ ਹੋਵੇਗੀ।ਇਸ ਧਰਨੇ ਵਿੱਚ ਸੀਨੀਅਰ ਕਾਂਗਰਸੀ ਆਗੂ ਮਨਪ੍ਰੀਤ ਸਿੰਘ ਈਸੇਵਾਲ, ਚੇਅਰਮੈਨ ਐੱਸ ਸੀ ਐੱਸ ਲਖਵਿੰਦਰ ਸਿੰਘ ਘਮਨੇਵਾਲ, ਬਲਾਕ ਪ੍ਰਧਾਨ ਸੁਖਵਿੰਦਰ ਸਿੰਘ ਗੋਲੂ (ਸਰਪੰਚ), ਪ੍ਰਧਾਨ ਤਨਵੀਰ ਸਿੰਘ ਜੋਧਾਂ, ਮੈਂਬਰ ਜ਼ਿਲ੍ਹਾ ਪ੍ਰੀਸ਼ਦ ਕੁਲਦੀਪ ਸਿੰਘ ਬੱਦੋਵਾਲ, ਪਰਮਿੰਦਰ ਸਿੰਘ ਮੁੱਲਾਂਪੁਰ ਵਾਈਸ ਚੇਅਰਮੈਨ ਐੱਸ ਸੀ ਡਿਪਾਰਮੈਂਟ ਲੁਧਿਆਣਾ, ਰਪੰਚ ਸੁਰਿੰਦਰ ਸਿੰਘ ਟੋਨੀ, ਸਰਪੰਚ ਜਸਵੀਰ ਸਿੰਘ ਖੰਡੂਰ, ਸਰਪੰਚ ਕਮਲਜੀਤ ਸਿੰਘ ਬਿੱਟੂ ਦੇਤਵਾਲ, ਸੀਨੀਅਰ ਮੀਤ ਪ੍ਰਧਾਨ ਮਿੰਟੂ ਰੁਮੀ, ਸ਼ਹਿਰੀ ਪ੍ਰਧਾਨ ਅਨਿਲ ਜੈਨ, ਪ੍ਰਧਾਨ ਤੇਲੂ ਰਾਮ ਬਾਂਸਲ, ਸਾਬਕਾ ਸਰਪੰਚ ਅਮਰਜੋਤ ਸਿੰਘ ਬੱਦੋਵਾਲ, ਸੀਨੀਅਰ ਕਾਂਗਰਸੀ ਆਗੂ ਇੰਦਰਪਾਲ ਸਿੰਘ ਗੋਰਸੀਆਂ, ਮੈਂਬਰ ਬਲਾਕ ਸੰਮਤੀ ਹਰਜਾਪ ਸਿੰਘ, ਸੀਨੀਅਰ ਕਾਂਗਰਸੀ ਆਗੂ ਲਖਵੀਰ ਸਿੰਘ ਮੁੰਡਿਆਣੀ, ਸਰਪੰਚ ਅਮਰਦੀਪ ਸਿੰਘ ਰੂਬੀ ਬੱਲੋਵਾਲ, ਪ੍ਰਧਾਨ ਜਗਜੀਤ ਸਿੰਘ ਗੋਲੂ ਤਲਵੰਡੀ ਕਲਾਂ, ਸਰਪੰਚ ਦਲਜੀਤ ਸਿੰਘ ਸਵੱਦੀ ਪੱਛਮੀ, ਪਰਮਿੰਦਰ ਸਿੰਘ ਤਲਵੰਡੀ ਕਲਾਂ ਆਦਿ ਆਗੂ ਸ਼ਾਮਲ ਹੋਣਗੇ।

# ਸੀਟੂ ਵੱਲੋਂ 23 ਨੂੰ ਬਾਕੀ ਕੇਂਦਰੀ ਟਰੇਡ ਯੂਨੀਅਨਾਂ ਨਾਲ ਮਿਲ ਕੇ ਕਾਲਾ ਦਿਵਸ ਮਨਾਇਆ ਜਾਵੇਗਾ

**ਰੂਪਨਗਰ (ਪੱਤਰ ਪ੍ਰੇਰਕ)**

ਇੱਥੇ ਸੀਟੂ ਨਾਲ ਸਬੰਧਤ ਵੱਖ ਵੱਖ ਜਥੇਬੰਦੀਆਂ ਦੀ ਰੂਪਨਗਰ ਅਤੇ ਨਵਾਂਸ਼ਹਿਰ ਦੀ ਸਾਂਝੀ ਕਨਵੈਨਸ਼ਨ ਰਵਿਦਾਸ ਧਰਮਸ਼ਾਲਾ ਵਿਖੇ ਕਾਮਰੇਡ ਰਘੂਨਾਥ ਸਿੰਘ ਹਾਲ ਵਿੱਚ ਗੁਰਦੇਵ ਸਿੰਘ ਬਾਗੀ, ਬਲਜੀਤ ਕੌਰ ਮੱਲਪੁਰ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਸੀਟੂ ਦੇ ਸੂਬਾ ਜਨਰਲ ਸਕੱਤਰ ਕਾਮਰੇਡ ਚੰਦਰ ਸ਼ੇਖਰ, ਪ੍ਰਧਾਨ ਕਾਮਰੇਡ ਮਹਾਂ ਸਿੰਘ ਰੋੜੀ, ਖਜ਼ਾਨਚੀ ਸੁੱਚਾ ਸਿੰਘ ਅਜਨਾਲਾ ਅਤੇ ਸੂਬਾ ਸਕੱਤਰ ਕਾਮਰੇਡ ਜਤਿੰਦਰ ਪਾਲ ਸਿੰਘ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਇਸ ਕਨਵੈਨਸ਼ਨ ਵਿੱਚ ਬੋਲਦਿਆਂ ਸੀਟੂ ਆਗੂਆਂ ਨੇ ਕਿਹਾ ਕਿ 9 ਸਤੰਬਰ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿੱਚ ਹੋਈ ਸੂਬਾਈ ਸੀਟੂ ਦੀ ਕਨਵੈਨਸ਼ਨ ਤੋਂ ਬਾਅਦ ਪੰਜਾਬ ਭਰ ਵਿੱਚ ਹਰ ਜ਼ਿਲ੍ਹੇ ਦੀਆਂ ਕਨਵੈਨਸ਼ਨਾਂ ਕਰਕੇ ਮਜ਼ਦੂਰਾਂ ਦੀਆਂ ਭਖਦੀਆਂ ਮੰਗਾਂ ਲਈ ਸੰਘਰਸ਼ ਤੇਜ਼ ਕੀਤਾ ਜਾਵੇਗਾ।ਆਗੂਆਂ ਨੇ ਸੱਦਾ ਦਿੱਤਾ ਕਿ 23 ਸਤੰਬਰ ਨੂੰ 4 ਲੇਬਰ ਕੋਡ ਲਾਗੂ ਕਰਨ ਦੇ ਮੋਦੀ ਸਰਕਾਰ ਦੇ ਫੈਸਲੇ ਵਿਰੁੱਧ ਕਾਲਾ ਦਿਵਸ ਸੰਯੁਕਤ ਕਿਸਾਨ ਮੋਰਚਾ ਅਤੇ ਹੋਰ ਟਰੇਡ ਯੂਨੀਅਨਾਂ ਦੇ ਸਹਿਯੋਗ ਨਾਲ ਮਨਾਇਆ ਜਾਵੇਗਾ।ਬੇਸ਼ੱਕ ਇੱਕ ਉਜ਼ਰਤਾਂ ਸਬੰਧੀ ਕੋਡ ਮੋਦੀ ਸਰਕਾਰ ਨੇ 2019 ਵਿੱਚ ਪਾਸ ਕਰ ਲਿਆ ਸੀ ਪ੍ਰੰਤੂ ਤਿੰਨ ਲੇਬਰ ਕੋਡ 22 ਸਤੰਬਰ 2020 ਨੂੰ ਸੰਸਦ ਵਿੱਚ ਉਦੋਂ ਪਾਸ ਕਰ ਲਏ ਸਨ। ਜਦੋਂ ਮੁਅੱਤਲ ਸੰਸਦ ਮੈਂਬਰਾਂ ਨੂੰ ਬਹਾਲ ਕਰਨ ਦੀ ਮੰਗ ਲਈ ਸਮੁੱਚੀ ਵਿਰੋਧੀ ਪਾਰਟੀਆਂ ਦੇ ਸੰਸਦ ਮੈਂਬਰਾਂ ਵੱਲੋਂ ਸੰਸਦ ਵਿੱਚੋਂ ਵਾਕ ਆਊਟ ਕੀਤਾ ਹੋਇਆ ਸੀ। ਬੇਸ਼ੱਕ ਅਜੇ ਤੱਕ ਸਮੁੱਚੀ ਟਰੇਡ ਯੂਨੀਅਨ ਲਹਿਰ ਦੇ ਤਿੱਖੇ ਵਿਰੋਧ ਕਾਰਨ, ਟਰੇਡ ਯੂਨੀਅਨਾਂ ਅਤੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਸਰਗਰਮ ਸਮਰਥਨ ਕਾਰਨ ਭਾਜਪਾ ਸਰਕਾਰ ਇਨ੍ਹਾਂ ਮਜ਼ਦੂਰ ਮਾਰੂ ਲੇਬਰ ਕੋਡਜ਼ ਨੂੰ ਲਾਗੂ ਨਹੀਂ ਕਰ ਸਕੀ। ਹੁਣ ਜਦੋਂ ਭਾਜਪਾ ਸਰਕਾਰ ਬਣਾਉਣ ਲਈ 2024 ਦੀਆਂ ਸੰਸਦੀ ਚੋਣਾਂ ਵਿੱਚ ਘੱਟ ਗਿਣਤੀ ਹੋਣ ਕਾਰਨ ਅਪਣੀਆਂ ਭਾਈਵਾਲ ਪਾਰਟੀਆਂ ਦੇ ਸਹਿਯੋਗ ਉੱਤੇ ਨਿਰਭਰ ਹੈ, ਉਦੋਂ ਕੇਂਦਰੀ ਭਾਜਪਾ ਸਰਕਾਰ ਵੱਲੋਂ 4 ਲੇਬਰ ਕੋਡਜ਼ ਨੂੰ ਲਾਗੂ ਕਰਨ ਲਈ ਐਲਾਨੀਆ ਤੌਰ 'ਤੇ ਅੱਗੇ ਵਧਣ ਦਾ ਐਲਾਨ ਕਰ ਚੁੱਕੀ ਹੈ। 10 ਕੇਂਦਰੀ ਟਰੇਡ ਯੂਨੀਅਨਾਂ ਦੇ ਸਾਂਝੇ ਪਲੇਟਫਾਰਮ ਨੇ ਐਲਾਨ ਕੀਤਾ ਹੈ ਕਿ 22 ਸਤੰਬਰ ਨੂੰ ਐਤਵਾਰ ਹੋਣ ਕਰਕੇ 23 ਸਤੰਬਰ ਨੂੰ ਲੇਬਰ



ਕੋਡਜ਼ ਵਿਰੁੱਧ ਪੂਰੇ ਭਾਰਤ ਵਿੱਚ ਕਾਲਾ ਦਿਵਸ ਮਨਾਇਆ ਜਾਵੇ। ਬਾਅਦ ਵਿੱਚ ਸੰਯੁਕਤ ਕਿਸਾਨ ਮੋਰਚੇ ਨੇ ਵੀ ਇਸ ਸਾਂਝੇ ਟਰੇਡ ਯੂਨੀਅਨਾਂ ਦੇ ਫੈਸਲੇ ਦੀ ਹਮਾਇਤ ਕੀਤੀ ਹੈ। ਅਸੀਂ ਇਸ ਦਿਨ ਨੂੰ ਜਿੱਥੇ ਸੰਭਵ ਹੋਵੇ ਉੱਥੇ ਸਾਂਝੇ ਤੌਰ ਤੇ ਮਨਾਇਆ ਜਾਵੇ, ਨਹੀਂ ਤਾਂ ਸਾਰੀਆਂ ਸੀਟੂ ਦੀਆਂ ਯੂਨੀਅਨਾਂ ਜ਼ਿਲਿਆ ਦੇ ਲੇਬਰ ਦਫ਼ਤਰਾਂ ਦੇ ਸਾਹਮਣੇ ਸੀਟੂ ਝੰਡਿਆਂ ਤੋਂ ਇਲਾਵਾ ਕਾਲੇ ਝੰਡੇ ਲਾ ਕੇ ਜਾਂ ਕੁੜੀਆਂ ਵੱਲੋਂ ਕਾਲੀਆਂ ਚੁੰਨੀਆਂ ਲੈ ਕੇ ਕਾਲੇ ਦਿਵਸ ਵਜੋਂ ਮਨਾਇਆ ਜਾਵੇ ਅਤੇ ਮੰਗ ਪੱਤਰਾਂ ਵਿੱਚ ਇਨ੍ਹਾਂ ਲੇਬਰ ਕੋਡਜ ਨੂੰ ਵਾਪਸ ਲੈਣ ਦੀ ਮੰਗ ਕੀਤੀ ਜਾਵੇ, ਅਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਜਾਵੇ ਕਿ ਅਮਰਿੰਦਰ ਸਰਕਾਰ ਵੱਲੋਂ ਇੱਕਤਰਫ਼ਾ ਤੌਰ 'ਤੇ ਬਣਾਏ ਰੂਲਜ਼ ਰੱਦ ਕੀਤੇ ਜਾਣ, 12 ਘੰਟੇ ਦਿਹਾੜੀ ਵਾਲਾ ਨੋਟੀਫਿਕੇਸ਼ਨ ਵਾਪਸ ਲਿਆ ਜਾਵੇ, ਅਤੇ ਘੱਟੋ-ਘੱਟ ਉਜਰਤ ਵਾਧੇ ਸਮੇਤ ਕਿਰਤ ਕਾਨੂੰਨ ਲਾਗੂ ਕੀਤੇ ਜਾਣ, ਨਰੇਗਾ ਕਾਮਿਆਂ ਨੂੰ ਪੂਰਾ ਸਾਲ ਕੰਮ ਦਿੱਤਾ ਜਾਵੇ ਅਤੇ ਦਿਹਾੜੀ 700 ਰੁਪਏ ਦਿੱਤੀ ਜਾਵੇ, ਉਸਾਰੀ ਮਜ਼ਦੂਰ ਕਾਨੂੰਨ ਨੂੰ ਲਾਗੂ ਕੀਤਾ ਜਾਵੇ, ਉਸਾਰੀ ਮਜ਼ਦੂਰਾਂ ਦੀਆਂ ਮੰਗਾਂ ਪੂਰੀਆਂ ਕੀਤੀਆਂ ਜਾਣ।ਆਗੂਆਂ ਨੇ ਸੱਦਾ ਦਿੱਤਾ ਕਿ 28 ਸਤੰਬਰ ਨੂੰ ਸ਼ਹੀਦੇ ਆਜ਼ਮ ਭਗਤ ਸਿੰਘ ਦਾ ਜਨਮ ਦਿਨ ਵੱਧ ਤੋਂ ਵੱਧ ਥਾਵਾਂ ਉੱਤੇ ਮਨਾਇਆ ਜਾਵੇ। ਇਸ ਦਿਨ ਨੂੰ ਸਾਮਰਾਜੀ ਦੇਸ਼ਾਂ ਅਤੇ ਕੰਪਨੀਆਂ ਨਾਲ ਭਾਰਤੀ ਹਾਕਮਾਂ ਦੀ ਲਗਾਤਾਰ ਵੱਧ ਰਹੀ ਭਾਈਵਾਲੀ ਨੂੰ ਨੰਗਾ ਕਰਨ ਅਤੇ ਸਮਾਜਵਾਦੀ ਬਦਲ ਉਸਾਰਨ ਦੇ ਮਨੋਰਥ ਦੀ ਜ਼ਰੂਰਤ ਨੂੰ ਪ੍ਰਚਾਰਨ ਲਈ ਮਨਾਇਆ ਜਾਵੇ। ਬੀ ਬੀ ਐਮ ਬੀ ਫੀਲਡ ਇੰਪਲਾਈਜ਼ ਯੂਨੀਅਨ ਨੰਗਲ ਦੇ ਪ੍ਰਧਾਨ ਸਾਥੀ ਵਿਨੋਦ ਭੱਟੀ ਅਤੇ ਜਨਰਲ ਸਕੱਤਰ ਸਾਥੀ ਰਾਜਾ ਸਿੰਘ ਖ਼ਿਲਾਫ਼ ਮੈਨੇਜਮੈਂਟ ਵੱਲੋਂ ਵਿਕਟੇਮਾਈਜੇਸ਼ਨ ਅਧੀਨ ਕੀਤੀ ਬਦਲੀ ਦੀ ਜ਼ੋਰਦਾਰ ਨਿੰਦਾ ਕੀਤੀ ਗਈ ਅਤੇ ਮੈਨੇਜਮੈਂਟ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਇਨ੍ਹਾਂ ਦੀ ਬਦਲੀ ਰੱਦ ਨਹੀਂ ਕੀਤੀ ਗਈ ਤਾਂ ਸੀ ਆਈ ਟੀ ਯੂ ਜ਼ੋਰਦਾਰ ਸੰਘਰਸ਼ ਕਰੇਗੀ, ਜਿਸ ਦੇ ਨਤੀਜਿਆਂ ਦੀ ਜ਼ਿੰਮੇਵਾਰ ਮੈਨੇਜਮੈਂਟ ਹੋਵੇਗੀ।ਅੱਜ ਦੀ ਇਸ ਕਨਵੈਨਸ਼ਨ ਵਿੱਚ ਸੀ ਪੀ ਆਈ ਐਮ ਦੇ ਮਰਹੂਮ ਜਨਰਲ ਸਕੱਤਰ ਕਾਮਰੇਡ ਸੀਤਾ ਰਾਮ ਯੇਚੁਰੀ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ।ਨਰੇਗਾ ਮਜ਼ਦੂਰਾਂ ਉੱਪਰ ਟਰੱਕ ਚੜ੍ਹਨ ਕਾਰਨ ਚਾਰ ਮਜ਼ਦੂਰਾਂ ਦੀ ਦੁਖਦਾਇਕ ਮੌਤ ਤੇ ਅਫਸੋਸ ਜ਼ਾਹਰ ਕੀਤਾ ਗਿਆ ਅਤੇ ਮ੍ਰਿਤਕਾਂ ਦੇ ਪਰਿਵਾਰਾਂ ਨੂੰ ਯੋਗ ਮੁਆਵਜ਼ਾ ਦੇਣ ਦੀ ਮੰਗ ਕੀਤੀ ਗਈ।ਅੱਜ ਦੀ ਇਸ ਕਨਵੈਨਸ਼ਨ ਵਿੱਚ ਪ੍ਰੇਮ ਚੰਦ ਜੱਟਪੁਰ,ਪਵਨ ਕੁਮਾਰ ਚੱਕ ਕਰਮਾਂ,ਸੁਰਜਿੰਦਰ ਕੌਰ ਸੀਮਾ,ਅੰਜੂ ਬਾਲਾ,ਸਰੋਜ ਬਾਲਾ, ਪ੍ਰਿਅੰਕਾ ਚੋਧਰੀ, ਸੁਰਜੀਤ ਸਿੰਘ ਢੇਰ, ਸੁਪਿੰਦਰ ਸਿੰਘ ਘਨੌਲੀ , ਵਿਨੋਦ ਭੱਟੀ, ਰੰਜਨਾ ਦੇਵੀ, ਕਾਮਰੇਡ ਪ੍ਰਭਾ ਚੱਕ ਕਰਮਾਂ,ਕਾਮਰੇਡ ਸ਼੍ਰੀ ਪਾਲ, ਸਾਥੀ ਹਰੀ ਰਾਮ,ਮਨਿੰਦਰ ਪਾਲ ਸਿੰਘ ਮੌਂਟੀ ਰਾਮ ਸਿੰਘ ਸੈਣੀ ਮਾਜਰਾ,ਦੀਪ ਸਿੰਘ ਸਮੀਰੋਵਾਲ, ਵਿਕਰਮ ਸਿੰਘ,ਸਮੇਤ ਹੋਰ ਮਜ਼ਦੂਰ ਜਥੇਬੰਦੀਆਂ ਦੇ ਵਰਕਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# 10 ਕਿਲੋ ਹੈਰੋਇਨ ਬਰਾਮਦ, ਅੰਤਰਰਾਸ਼ਟਰੀ ਨਸ਼ਾ ਤਸਕਰੀ ਦਾ ਪਰਦਾਫਾਸ਼




**ਜਲੰਧਰ, (ਸ਼ੈਲੀ ਐਲਬਰਟ)**

ਪੁਲਸ ਕਮਿਸ਼ਨਰ ਸਵਪਨ ਸ਼ਰਮਾ ਦੀ ਅਗਵਾਈ ਹੇਠ ਜਲੰਧਰ ਕਮਿਸ਼ਨਰੇਟ ਪੁਲਸ ਨੇ ਨਸ਼ਾ ਤਸਕਰਾਂ ਵਿਰੁੱਧ ਮੁਹਿੰਮ ਨੂੰ ਜਾਰੀ ਰੱਖਦੇ ਹੋਏ 10 ਕਿਲੋਗ੍ਰਾਮ ਹੈਰੋਇਨ ਸਮੇਤ ਪਹਿਲਾਂ ਤੋਂ ਬਰਾਮਦ ਕੀਤੀ ਗਈ ਇੱਕ ਕਿਲੋ ਹੈਰੋਇਨ ਬਰਾਮਦ ਕਰਕੇ ਨਸ਼ਾ ਤਸਕਰੀ ਵਿੱਚ ਸ਼ਾਮਲ ਇੱਕ ਅੰਤਰਰਾਸ਼ਟਰੀ ਗਰੋਹ ਦਾ ਪਰਦਾਫਾਸ਼ ਕੀਤਾ ਹੈ। ਪੁਲਸ ਕਮਿਸ਼ਨਰ ਨੇ ਦੱਸਿਆ ਕਿ ਸੀ.ਆਈ.ਏ ਸਟਾਫ਼ ਜਲੰਧਰ ਦੀ ਇੱਕ ਪੁਲਸ ਟੀਮ ਥਾਣਾ ਡਵੀਜ਼ਨ 6, ਜਲੰਧਰ ਦੇ ਖੇਤਰ ਵਿੱਚ ਗਸ਼ਤ ਕਰ ਰਹੀ ਸੀ ਤਾਂ ਉਨ੍ਹਾਂ ਨੇ ਸ਼ਿੰਦਾ ਸਿੰਘ ਉਰਫ ਕਾਲਾ ਪੁੱਤਰ ਬੂਹੜ ਸਿੰਘ ਵਾਸੀ ਪਿੰਡ ਚੱਕ ਭੰਗੋਵਾਲਾ, ਥਾਣਾ ਮਮਦੋਟ ਫਿਰੋਜ਼ਪੁਰ ਨੂੰ 1 ਕਿਲੋ ਹੈਰੋਇਨ ਅਤੇ 4 ਲੱਖ ਰੁਪਏ ਡਰੱਗ ਮਨੀ ਸਮੇਤ ਕਾਬੂ ਕੀਤਾ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਐਫ ਆਈ ਆਰ ਪੀ.ਐਸ. ਡਵੀਜ਼ਨ 6, ਸੀ.ਪੀ.ਜਲੰਧਰ ਦਰਜ ਕੀਤੀ ਗਈ ਅਤੇ ਪੁਲਸ ਨੇ ਤਫ਼ਤੀਸ਼ ਦੌਰਾਨ 10 ਕਿਲੋ ਹੈਰੋਇਨ ਸਮੇਤ ਚਾਰ ਹੋਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ। ਸਵਪਨ ਸ਼ਰਮਾ ਨੇ ਦੱਸਿਆ ਕਿ ਮੁਲਜ਼ਮਾਂ ਦੀ ਪਛਾਣ ਹਰਜਿੰਦਰ ਪਾਲ ਸਿੰਘ ਉਰਫ਼ ਜਿੰਦਰ ਪੁੱਤਰ ਬਲਵੰਤ ਸਿੰਘ ਵਾਸੀ ਪਿੰਡ ਗੰਢੂ ਕਿੱਲੇ ਥਾਣਾ ਮਮਦੋਟ ਫਿਰੋਜ਼ਪੁਰ, ਵੀਰ ਸਿੰਘ ਉਰਫ਼ ਵੀਰੂ ਪੁੱਤਰ ਕਾਕਾ ਸਿੰਘ ਵਾਸੀ ਪਿੰਡ ਕਿਲਚੇ ਥਾਣਾ ਸਦਰ ਫਿਰੋਜ਼ਪੁਰ, ਸੁਰਮੁੱਖ ਸਿੰਘ ਉਰਫ ਸੇਮਾ ਪੁੱਤਰ ਮੰਗਲ ਸਿੰਘ ਵਾਸੀ ਪਿੰਡ ਲੰਗੇਆਣਾ ਥਾਣਾ ਸਦਰ ਫਿਰੋਜ਼ਪੁਰ ਅਤੇ ਮਲੂਕ ਸਿੰਘ ਪੁੱਤਰ ਮੋਹਨ ਸਿੰਘ ਵਾਸੀ ਪਿੰਡ ਗੰਡੂ ਕੀਰਚੇ ਥਾਣਾ ਮਮਦੋਟ ਫਿਰੋਜ਼ਪੁਰ ਵਜੋਂ ਹੋਈ ਹੈ। ਪੁਲਸ ਕਮਿਸ਼ਨਰ ਨੇ ਦੱਸਿਆ ਕਿ ਸਾਰੇ ਦੋਸ਼ੀ ਨਸ਼ੀਲੇ ਪਦਾਰਥਾਂ ਦੀ ਸਰਹੱਦ ਪਾਰ ਤਸਕਰੀ ਵਿੱਚ ਸ਼ਾਮਲ ਸਨ ਅਤੇ ਪਾਕਿਸਤਾਨ ਸਥਿਤ ਸਮੱਗਲਰ ਅਤੇ ਹੈਂਡਲਰਾਂ ਨਾਲ ਜੁੜੇ ਹੋਏ ਸਨ। ਉਨ੍ਹਾਂ ਦੱਸਿਆ ਕਿ ਇਹ ਮੁਲਜ਼ਮ ਪਾਕਿਸਤਾਨ ਤੋਂ ਹੈਰੋਇਨ ਦੀ ਤਸਕਰੀ ਕਰਨ ਲਈ ਡਰੋਨ ਸਮੇਤ ਹਾਈਟੈਕ ਯੰਤਰਾਂ ਦੀ ਵਰਤੋਂ ਕਰ ਰਹੇ ਸਨ। ਸ਼ਰਮਾ ਨੇ ਕਿਹਾ ਕਿ ਹਰਜਿੰਦਰ ਪਾਲ ਸਿੰਘ ਵਿਰੁੱਧ ਪਹਿਲਾਂ ਹੀ ਐਫ ਆਈ ਆਰ ਦਰਜ ਕੀਤੀ ਗਈ ਸੀ ਅਤੇ 2022 ਵਿੱਚ ਜੇਲ੍ਹ ਤੋਂ ਰਿਹਾਅ ਹੋਇਆ ਸੀ। ਉਸ ਨੇ ਕਿਹਾ ਕਿ ਉਹ ਰਿਆਸਤ ਡੋਗਰ ਸਮੇਤ ਪਾਕਿਸਤਾਨੀ ਫੌਜ ਅਤੇ ਹੈਂਡਲਰਾਂ ਦੇ ਸੰਪਰਕ ਵਿੱਚ ਸੀ ਜਿਸ ਨਾਲ ਉਸ ਨੇ ਅੰਤਰਰਾਸ਼ਟਰੀ ਨੰਬਰਾਂ ਦੀ ਵਰਤੋਂ ਕਰਕੇ ਗੱਲਬਾਤ ਕੀਤੀ ਸੀ।ਉਨ੍ਹਾਂ ਕਿਹਾ ਕਿ ਮਾਮਲੇ ਦੀ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ।

# ਅੱਜ ਲਗਾਏ ਜਾਣ ਵਾਲੇ ਖ਼ੂਨਦਾਨ ਕੈਂਪਾਂ 'ਚ ਸਿਹਤਮੰਦ ਲੋਕ ਉਤਸ਼ਾਹ ਨਾਲ ਖ਼ੂਨਦਾਨ ਕਰਨ : ਡਾ. ਬੱਗਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਭਾਰਤ ਸਰਕਾਰ ਦੇ ਸਿਹਤ ਅਤੇ ਪਰਵਾਰ ਭਲਾਈ ਵਿਭਾਗ ਵੱਲੋਂ 17 ਸਤੰਬਰ ਨੂੰ ਦੇਸ਼ ਭਰ ਵਿੱਚ ਮੈਗਾ ਖ਼ੂਨਦਾਨ ਕੈਂਪ ਲਗਾਏ ਜਾਣਗੇ।ਵਿਭਾਗ ਦੇ ਸਕੱਤਰ ਅਪੂਰਵ ਚੰਦਰਾ ਵੱਲੋਂ ਜਾਰੀ ਪੱਤਰ ਵਿੱਚ ਕਿਹਾ ਗਿਆ ਹੈ ਕਿ ਇਨ੍ਹਾਂ ਕੈਂਪਾਂ ਰਾਹੀਂ ਇੱਕ ਦਿਨ ਵਿੱਚ ਇੱਕ ਲੱਖ ਯੂਨਿਟ ਖ਼ੂਨ ਇਕੱਤਰ ਕਰਨ ਦਾ ਟੀਚਾ ਮਿਥਿਆ ਗਿਆ ਹੈ।ਇਸ ਮੁਹਿੰਮ ਵਿੱਚ ਰਾਜ ਸਰਕਾਰਾਂ, ਰੈੱਡ ਕਰਾਸ ਅਤੇ ਸਵੈ-ਸੇਵੀ ਸੰਸਥਾਵਾਂ ਵੱਲੋਂ ਮੈਡੀਕਲ ਕਾਲਜਾਂ, ਸਰਕਾਰੀ ਹਸਪਤਾਲਾਂ, ਪ੍ਰਾਈਵੇਟ ਬਲੱਡ ਬੈਂਕਾਂ ਵਿੱਚ ਵਿਸ਼ੇਸ਼ ਖ਼ੂਨਦਾਨ ਕੈਂਪ ਲਗਾਏ ਜਾਣਗੇ।ਖ਼ੂਨਦਾਨ ਲਈ ਭਾਰਤ ਸਰਕਾਰ ਦੇ ਈ-ਰਕਤਕੋਸ਼ ਪੋਰਟਲ ਤੇ ਨਾਂਅ ਦਰਜ ਕਰਵਾਇਆ ਜਾ ਸਕਦਾ ਹੈ।ਉਪਰੋਕਤ ਜਾਣਕਾਰੀ ਦਿੰਦਿਆਂ ਸਮਾਜਿਕ ਜਾਗਰੂਕਤਾ ਲਈ ਕੰਮ ਕਰਨ ਵਾਲੀ ਸੰਸਥਾ ਸੇਵੇਰਾ ਦੇ ਪ੍ਰਧਾਨ ਅਤੇ ਇੰਡੀਅਨ ਸੋਸਾਇਟੀ ਆਫ ਬਲੱਡ ਟ੍ਰਾਂਸਫਿਊਜ਼ਨ, ਇਮਿਊਨੋਹੀਮੈਟੋਲੋਜੀ ਪੰਜਾਬ ਚੈਪਟਰ ਦੇ ਸਰਪ੍ਰਸਤ ਅਤੇ 103 ਵਾਰ ਖ਼ੂਨਦਾਨ ਕਰਨ ਵਾਲੇ ਡਾ. ਅਜੇ ਬੱਗਾ ਨੇ 18 ਤੋਂ 65 ਸਾਲ ਦੀ ਉਮਰ ਦੇ ਸਿਹਤਮੰਦ ਵਿਅਕਤੀਆਂ ਨੂੰ ਜਾਗਰੂਕ ਕਰਨ ਦੀ ਸਲਾਹ ਦਿੱਤੀ।ਜਿਨ੍ਹਾਂ ਦਾ ਵਜ਼ਨ 45 ਕਿਲੋ ਤੋਂ ਵੱਧ ਹੈ ਅਤੇ ਖ਼ੂਨ ਵਿੱਚ ਹੀਮੋਗਲੋਬਿਨ ਦੀ ਮਾਤਰਾ 12.5 ਗ੍ਰਾਮ ਤੋਂ ਵੱਧ ਹੈ, ਉਨ੍ਹਾਂ ਨੂੰ 17 ਸਤੰਬਰ ਨੂੰ ਖ਼ੂਨਦਾਨ ਕੇਂਦਰਾਂ ਵਿੱਚ ਜਾ ਕੇ ਖ਼ੂਨਦਾਨ ਕਰਨ ਲਈ ਕਿਹਾ ਗਿਆ। ਉਨ੍ਹਾਂ ਕਿਹਾ ਕਿ ਤੰਦਰੁਸਤ ਵਿਅਕਤੀਆਂ ਨੂੰ ਖ਼ੂਨਦਾਨ ਨੂੰ ਜੀਵਨ ਦਾ ਹਿੱਸਾ ਬਣਾਉਣਾ ਚਾਹੀਦਾ ਹੈ ਤਾਂ ਜੋ ਖ਼ੂਨ ਦੀ ਘਾਟ ਕਾਰਨ ਹਸਪਤਾਲਾਂ ਵਿੱਚ ਦਾਖਲ ਮਰੀਜ਼ਾਂ ਲਈ ਜੀਵਨ ਦੀ ਲਾਟ ਨੂੰ ਜਗਾਈ ਰੱਖਣ ਵਿੱਚ ਸਹਾਈ ਹੋ ਸਕਣ।ਡਾ. ਬੱਗਾ ਨੇ ਕਿਹਾ ਕਿ ਸਰਕਾਰ ਵੱਲੋਂ 17 ਸਤੰਬਰ ਤੋਂ 1 ਅਕਤੂਬਰ ਤੱਕ ਚਲਾਈ ਜਾ ਰਹੀ ਮੁਹਿੰਮ ਦਾ ਨਾਅਰਾ ਖ਼ੂਨਦਾਨ ਦਿਵਸ ਮਨਾਉਣ ਦੇ 20 ਸਾਲ ਪੂਰੇ ਹੋਣ ਤੇ ਖ਼ੂਨਦਾਨ ਕਰਨ ਵਾਲਿਆਂ ਦਾ ਧੰਨਵਾਦ ਕੀਤਾ ਗਿਆ। ਇਹ ਨਾਅਰਾ ਵਿਸ਼ਵ ਸਿਹਤ ਸੰਗਠਨ ਅਤੇ ਖ਼ੂਨਦਾਨ ਨਾਲ ਜੁੜੀਆਂ ਸੰਸਥਾਵਾਂ ਦੁਆਰਾ 14 ਜੂਨ 2024 ਨੂੰ ਅੰਤਰਰਾਸ਼ਟਰੀ ਖ਼ੂਨਦਾਨ ਦਿਵਸ ਤੇ ਵਿਸ਼ਵ ਭਰ ਵਿੱਚ ਲਗਾਇਆ ਗਿਆ ਸੀ। ਡਾ. ਬੱਗਾ ਨੇ ਦੱਸਿਆ ਕਿ ਇਹ ਮੁਹਿੰਮ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਜਨਮ ਦਿਨ 17 ਸਤੰਬਰ ਤੋਂ ਸ਼ੁਰੂ ਹੋ ਰਹੀ ਹੈ ਅਤੇ ਇਹ ਮੁਹਿੰਮ 1 ਅਕਤੂਬਰ ਰਾਸ਼ਟਰੀ ਖ਼ੂਨਦਾਨ ਦਿਵਸ ਤੱਕ ਜਾਰੀ ਰਹੇਗੀ। ਉਨ੍ਹਾਂ ਖ਼ੂਨਦਾਨੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਦਿਨ ਖ਼ੂਨਦਾਨ ਕਰਨ ਲਈ ਅੱਗੇ ਆਉਣ ਤਾਂ ਜੋ ਲੋੜਵੰਦ ਮਰੀਜ਼ਾਂ ਦੀ ਮਦਦ ਕੀਤੀ ਜਾ ਸਕੇ।

# ਮਾਤਾ ਗੁਜਰੀ ਖ਼ਾਲਸਾ ਕਾਲਜ ਵੱਲੋਂ ਕਾਂਜਲੀ ਵੈੱਟ ਲੈਂਡ ਦਾ ਵਿੱਦਿਅਕ ਟੂਰ



**ਕਰਤਾਰਪੁਰ (ਹਰਮੇਸ਼ ਦੱਤ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਅਧੀਨ ਚਲਾਏ ਜਾ ਰਹੇ ਮਾਤਾ ਗੁਜਰੀ ਖਾਲਸਾ ਕਾਲਜ ਕਰਤਾਰਪੁਰ ਦੇ ਪ੍ਰਿੰਸੀਪਲ ਡਾਕਟਰ ਹਰਮਨਦੀਪ ਸਿੰਘ ਗਿੱਲ ਦੀ ਯੋਗ ਅਗਵਾਈ ਤੇ ਈਕੋ ਕਲੱਬ ਦੇ ਇੰਚਾਰਜ ਪ੍ਰੋਫੈਸਰ ਕਮਲੇਸ਼ ਰਾਣੀ ਦੀ ਦੇਖ ਰੇਖ ਹੇਠ ਵਿਦਿਆਰਥੀਆਂ ਦਾ ਕਾਂਜਲੀ ਵੈਟਲੈਂਡ ਦਾ ਵਿੱਦਿਅਕ ਟੂਰ ਕਰਵਾਇਆ ਗਿਆ। ਇਹ ਪ੍ਰੋਗਰਾਮ ਮਨਿਸਟਰੀ ਆਫ ਵਾਤਾਵਰਣ ਜੰਗਲਾਤ ਤੇ ਜਲਵਾਯੂ ਪਰਿਵਰਤਨ ਮੰਤਰਾਲਾ ਭਾਰਤ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਅਨੁਸਾਰ ਆਯੋਜਿਤ ਕੀਤਾ ਗਿਆ। ਇਸ ਵਿੱਦਿਅਕ ਟੂਰ ਦਾ ਮਨੋਰਥ ਵਿਦਿਆਰਥੀਆਂ ਨੂੰ ਕੁਦਰਤ ਨਾਲ ਜੋੜਨਾ ਤੇ ਜੰਗਲੀ ਜੀਵਾਂ ਪ੍ਰਤੀ ਦਇਆ ਭਾਵਨਾ ਰੱਖਣਾ ਤੇ ਕੁਦਰਤੀ ਵਾਤਾਵਰਣ ਦੀ ਸਾਂਭ ਸੰਭਾਲ ਪ੍ਰਤੀ ਉਨਾਂ ਨੂੰ ਜਾਗਰੂਕ ਕਰਨਾ ਸੀ। ਵਿਦਿਆਰਥੀਆਂ ਨੇ ਝੀਲ, ਵੱਖ-ਵੱਖ ਤਰ੍ਹਾਂ ਦੇ ਪੰਛੀ, ਜਾਨਵਰ ਦੇਖੇ ਅਤੇ ਕੁਦਰਤੀ ਵਾਤਾਵਰਣ ਦਾ ਆਨੰਦ ਮਾਣਿਆ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਹਰਮਨਦੀਪ ਸਿੰਘ ਗਿੱਲ ਨੇ ਵਿਦਿਆਰਥੀਆਂ ਨੂੰ ਕੁਦਰਤ ਨਾਲ ਜੁੜਨ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਅਜਿਹੇ ਵਿੱਦਿਅਕ ਟੂਰ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਵਿੱਚ ਮਹੱਤਵਪੂਰਨ ਸਹਾਈ ਹੁੰਦੇ ਹਨ।

# ਰਾਜੇਸ਼ ਧੀਮਾਨ ਨੇ ਸ਼ਹੀਦ ਭਗਤ ਸਿੰਘ ਨਗਰ ਵਿਖੇ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲਿਆ

**ਨਵਾਂਸ਼ਹਿਰ, (ਮਨੋਜ ਲਾਡੀ)**

2014 ਬੈਚ ਦੇ ਆਈ. ਏ. ਐਸ ਅਫ਼ਸਰ ਰਾਜੇਸ਼ ਧੀਮਾਨ ਨੇ ਸ਼ਹੀਦ ਭਗਤ ਸਿੰਘ ਨਗਰ ਵਿਖੇ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲ ਲਿਆ। ਇਸ ਤੋਂ ਪਹਿਲਾਂ ਉਹ ਫਿਰੋਜ਼ਪੁਰ ਦੇ ਡਿਪਟੀ ਕਮਿਸ਼ਨਰ ਵਜੋਂ ਸੇਵਾਵਾਂ ਨਿਭਾਅ ਰਹੇ ਸਨ।ਇਸ ਤੋਂ ਇਲਾਵਾ ਉਹ ਡਾਇਰੈਕਟਰ ਖੇਡਾਂ ਅਤੇ ਯੁਵਕ ਸੇਵਾਵਾਂ ਵਜੋਂ ਵੀ ਬਿਹਤਰੀਨ ਸੇਵਾਵਾਂ ਨਿਭਾਅ ਚੁੱਕੇ ਹਨ ਅਤੇ ਵੱਖ-ਵੱਖ ਸਿਵਲ ਪ੍ਰਸ਼ਾਸਨਿਕ ਅਹੁਦਿਆਂ 'ਤੇ ਸ਼ਾਨਦਾਰ ਕੰਮ ਦਾ ਤਜ਼ਰਬਾ ਰੱਖਦੇ ਹਨ।ਅਹੁਦਾ ਸੰਭਾਲਣ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਉਨਾਂ ਕਿਹਾ ਕਿ ਉਹ ਬਹੁਤ ਖੁਸ਼ਕਿਸਮਤ ਹਨ ਕਿ ਉਨ੍ਹਾਂ ਨੂੰ ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹੇ ਦੀ ਪਵਿੱਤਰ ਧਰਤੀ 'ਤੇ ਸੇਵਾ ਕਰਨ ਦਾ ਮੌਕਾ ਮਿਲਿਆ ਹੈ। ਉਨਾਂ ਕਿਹਾ ਕਿ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਨਾਲ ਜੁੜੇ ਇਸ ਜ਼ਿਲ੍ਹੇ ਵਿਚ ਲੋਕਾਂ ਦੀਆਂ ਮੁਸ਼ਕਿਲਾਂ ਨੂੰ ਹੱਲ ਕਰਨਾ, ਪਾਰਦਰਸ਼ੀ ਪ੍ਰਸ਼ਾਸਨ ਮੁਹੱਈਆ ਕਰਵਾਉਣਾ, ਸਰਕਾਰੀ ਸਕੀਮਾਂ ਦਾ ਲਾਭ ਉਨ੍ਹਾਂ ਤੱਕ ਪਹੁੰਚਾਉਣਾ ਅਤੇ ਵਿਕਾਸ ਕਾਰਜਾਂ ਨੂੰ ਨੇਪਰੇ ਚਾੜ੍ਹ ਕੇ ਜ਼ਿਲ੍ਹੇ ਨੂੰ ਹਰੇਕ ਖੇਤਰ ਵਿਚ ਬੁਲੰਦੀਆਂ 'ਤੇ ਪਹੁੰਚਾਉਣਾ ਉਨਾਂ ਦੀ ਮੁੱਖ ਤਰਜੀਹ ਹੋਵੇਗੀ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਲੋਕ ਪੱਖੀ ਸਕੀਮਾਂ ਨੂੰ ਘਰ-ਘਰ ਪਹੁੰਚਾਉਣ 'ਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਕਿਹਾ ਕਿ ਉਹ ਜ਼ਿਲ੍ਹਾ ਵਾਸੀਆਂ ਦੀ ਸੇਵਾ ਵਿਚ 24 ਘੰਟੇ ਹਾਜ਼ਰ ਰਹਿਣਗੇ।ਇਸ ਤੋਂ ਪਹਿਲਾਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪਹੁੰਚਣ 'ਤੇ ਜ਼ਿਲ੍ਹਾ ਪੁਲਿਸ ਦੀ ਟੁਕੜੀ ਵੱਲੋਂ ਉਨਾਂ ਨੂੰ ਸ਼ਾਨਦਾਰ 'ਗਾਰਡ ਆਫ਼ ਆਨਰ' ਦਿੱਤਾ ਗਿਆ। ਅਹੁਦਾ ਛੱਡ ਕੇ ਜਾ ਰਹੇ ਨਵਜੋਤ ਪਾਲ ਸਿੰਘ ਰੰਧਾਵਾ ਨੇ ਇਸ ਮੌਕੇ ਉਨਾਂ ਨੂੰ ਵਧਾਈ ਦਿੰਦਿਆਂ ਸ਼ੁੱਭਕਾਮਨਾਵਾਂ ਭੇਟ ਕੀਤੀਆਂ। ਇਸ ਮੌਕੇ ਉਨਾਂ ਦਾ ਸਵਾਗਤ ਕਰਨ ਵਾਲਿਆਂ ਵਿਚ ਐਸ. ਡੀ. ਐਮ ਨਵਾਂਸ਼ਹਿਰ ਡਾ. ਅਕਸ਼ਿਤਾ ਗੁਪਤਾ, ਐਸ. ਡੀ. ਐਮ ਬੰਗਾ ਵਿਕਰਮਜੀਤ ਸਿੰਘ ਪਾਂਥੇ, ਐਸ. ਡੀ. ਐਮ ਬਲਾਚੌਰ ਰਵਿੰਦਰ ਬਾਂਸਲ ਤੋਂ ਇਲਾਵਾ ਅਧਿਕਾਰੀ ਤੇ ਕਰਮਚਾਰੀ ਸ਼ਾਮਿਲ ਸਨ।



# ਫਾਰਮੇਸੀ ਆਫੀਸਰਜ਼ ਐਸੋਸੀਏਸ਼ਨ ਵੱਲੋਂ ਸਾਥੀ ਅਸ਼ੋਕ ਸ਼ਰਮਾ ਨਾਲ ਦੁੱਖ ਦਾ ਪ੍ਰਗਟਾਵਾ

**ਚੰਡੀਗੜ੍ਹ, (ਗੁਰਜੀਤ ਬਿੱਲਾ)**

ਪੰਜਾਬ ਰਾਜ ਫਾਰਮੇਸੀ ਆਫੀਸਰਜ਼ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਨਰਿੰਦਰ ਮੋਹਨ ਸ਼ਰਮਾ, ਜਨਰਲ ਸਕੱਤਰ ਸੁਨੀਲ ਦੱਤ ਸ਼ਰਮਾ, ਵਿੱਤ ਸਕੱਤਰ ਗੁਰਦੀਪ ਸਿੰਘ ਅਤੇ ਪ੍ਰੈਸ ਸਕੱਤਰ ਕਰਮਜੀਤ ਸਿੰਘ ਨੇ ਇੱਕ ਸਾਂਝੇ ਪ੍ਰੈਸ ਬਿਆਨ ਰਾਹੀਂ ਕਿਹਾ ਹੈ ਕਿ ਫਾਰਮੇਸੀ ਆਫੀਸਰਜ਼ ਐਸੋਸੀਏਸ਼ਨ ਜ਼ਿਲ੍ਹਾ ਅੰਮ੍ਰਿਤਸਰ ਦੇ ਪ੍ਰਧਾਨ ਅਤੇ ਸੂਬਾ ਕਾਰਜਕਾਰਨੀ ਮੈਂਬਰ ਸਾਥੀ ਅਸ਼ੋਕ ਕੁਮਾਰ ਸ਼ਰਮਾ ਦੇ ਮਾਤਾ ਸ੍ਰੀਮਤੀ ਚਾਂਦ ਰਾਣੀ ਦੇ ਸਦੀਵੀ ਵਿਛੋੜਾ ਦੇਣ 'ਤੇ ਜਥੇਬੰਦੀ ਵਲੋਂ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਜਾਂਦਾ ਹੈ ਅਤੇ ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਦੀ ਕਾਮਨਾ ਕੀਤੀ ਜਾਂਦੀ ਹੈ। ਜਥੇਬੰਦੀ ਦੇ ਸੂਬਾ ਆਗੂ ਰਾਜ ਕੁਮਾਰ ਕੁੱਕਰ, ਮੀਨਾਕਸ਼ੀ ਧੀਰ, ਬਲਰਾਜ ਸਿੰਘ, ਅਨਿਲ ਮਿਤਲ, ਸਰਬਰਿੰਦਰ ਸਿੰਘ ਚਾਹਲ, ਸੁਖਮੰਦਰ ਸਿੰਘ ਸਿੱਧੂ, ਚੰਦਰਕਾਂਤ ਬਾਂਸਲ, ਜਤਿੰਦਰ ਕੌਰ, ਕਰਮਜੀਤ ਸਿੰਘ, ਸੁਖਦੀਪ ਸ਼ਰਮਾ ਨੇ ਕਿਹਾ ਕਿ ਮਾਤਾ ਦੇ ਸੰਸਕਾਰਾਂ ਸਦਕਾ ਹੀ ਸਾਥੀ ਅਸ਼ੋਕ ਸ਼ਰਮਾ ਫਾਰਮੇਸੀ ਅਫਸਰਾਂ ਸਹਿਤ ਸਮੁੱਚੇ ਮੁਲਾਜ਼ਮ ਵਰਗ ਦੀਆਂ ਸੇਵਾ ਹਾਲਤਾਂ ਨੂੰ ਬਿਹਤਰ ਬਣਾਉਣ ਲਈ ਕੀਤੇ ਜਾ ਰਹੇ ਸੰਘਰਸ਼ਾਂ ਦੇ ਝੰਡਾਬਰਦਾਰ ਹਨ। ਆਗੂਅ ਕਿਹਾ ਕਿ ਜਥੇਬੰਦੀ ਪਰਵਾਰ ਦੇ ਇਸ ਦੁੱਖ ਵਿੱਚ ਸ਼ਰੀਕ ਹੁੰਦੀ ਹੈ।ਇਸ ਮੌਕੇ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਸੰਦੀਪ ਸਿੰਘ, ਕੁਲਦੀਪ ਸਿੰਘ, ਹਰਪ੍ਰੀਤ ਸਿੰਘ, ਇੰਦਰਜੀਤ ਵਿਰਦੀ, ਕਰਮਜੀਤ ਸਿੰਘ ਕੂਕਾ, ਸ਼ੁੱਭ ਸ਼ਰਮਾ, ਰਕੇਸ਼ ਕੁਮਾਰ, ਜੋਗਿੰਦਰ ਸਿੰਘ ਮਾਹਲਾ, ਯੁਗਲ ਕਿਸ਼ੋਰ, ਗੁਰਚਰਨ ਸਿੰਘ, ਦਰਗੇਸ਼ ਕੁਮਾਰ, ਰਾਜ ਕੁਮਾਰ ਸ਼ਰਮਾ, ਅੰਮ੍ਰਿਤ ਗਰਗ, ਸੁਖਦੇਵ ਬਾਂਸਲ, ਪਲਵਿੰਦਰ ਸਿੰਘ ਸਿੱਧੂ, ਨਰਾਇਣ ਰਾਮ, ਜਸਵੰਤ ਸਿੰਘ ਵੀ ਹਾਜ਼ਰ ਸਨ। ਫਾਰਮੇਸੀ ਆਫੀਸਰਜ਼ ਐਸੋਸੀਏਸ਼ਨ ਜ਼ਿਲ੍ਹਾ ਅੰਮ੍ਰਿਤਸਰ ਦੇ ਸਕੱਤਰ ਪਲਵਿੰਦਰ ਸਿੰਘ ਧੰਮੂ ਨੇ ਕਿਹਾ ਕਿ ਮਾਤਾ ਜੀ ਦੀ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ 21 ਸਤੰਬਰ ਨੂੰ ਸ਼ਹੀਦ ਊਧਮ ਸਿੰਘ ਯਾਦਗਾਰੀ ਭਵਨ, ਨਜ਼ਦੀਕ ਭਗਤਾਂ ਵਾਲਾ ਗੇਟ ਅੰਮ੍ਰਿਤਸਰ ਵਿਖੇ ਹੋਵੇਗਾ ਅਤੇ ਉਹਨਾਂ ਵਲੋਂ ਸਮੂਹ ਸਾਥੀਆਂ ਨੂੰ ਇਸ ਸ਼ਰਧਾਂਜਲੀ ਸਮਾਗਮ ਵਿੱਚ ਸ਼ਾਮਲ ਹੋਣ ਦੀ ਬੇਨਤੀ ਕੀਤੀ ਗਈ ਹੈ।



# ਵਿਸ਼ਵ ਓਜ਼ੋਨ ਦਿਵਸ ਮਨਾਇਆ

**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)**

ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਸਥਾਨਕ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਵਿਖੇ ਵਿਸ਼ਵ ਓਜ਼ੋਨ ਦਿਵਸ ਮਨਾਇਆ ਗਿਆ, ਜਿਸ ਦਾ ਵਿਸ਼ਾ 'ਮਾਂਟਰੀਅਲ ਪ੍ਰੋਟੋਕੋਲ: ਐਡਵਾਂਸਿੰਗ ਕਲਾਈਮੇਟ ਐਕਸ਼ਨ' ਸੀ।ਇਸ ਦੌਰਾਨ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਅਧਿਕਾਰੀਆਂ ਵੱਲੋਂ ਵਿਦਿਆਰਥੀਆਂ ਨੂੰ ਓਜ਼ੋਨ ਪਰਤ ਦੇ ਮਹੱਤਵ ਅਤੇ 'ਮਾਂਟਰੀਅਲ ਪ੍ਰੋਟੋਕੋਲ' ਬਾਰੇ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਵਿਸ਼ਵ ਓਜ਼ੋਨ ਦਿਵਸ ਹਰ ਸਾਲ 16 ਸਤੰਬਰ ਨੂੰ ਮਨਾਇਆ ਜਾਂਦਾ ਹੈ, ਜਿਸ ਦਾ ਮਕਸਦ ਲੋਕਾਂ ਨੂੰ ਓਜ਼ੋਨ ਪਰਤ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਹੈ। ਉਨ੍ਹਾਂ ਦੱਸਿਆ ਕਿ ਓਜ਼ੋਨ ਪਰਤ ਧਰਤੀ ਨੂੰ ਸੂਰਜ ਦੀਆਂ ਹਾਨੀਕਾਰਕ ਪਰਾਬੈਂਗਣੀ ਕਿਰਨਾਂ ਤੋਂ ਬਚਾਉਂਦੀ ਹੈ ਅਤੇ ਸੁਰੱਖਿਅਤ ਰੱਖਦੀ ਹੈ।ਉਨ੍ਹਾਂ ਅੱਗੇ ਦੱਸਿਆ ਕਿ ਮਾਂਟਰੀਅਲ ਪ੍ਰੋਟੋਕੋਲ, ਜੋ ਓਜ਼ੋਨ ਪਰਤ ਨੂੰ ਨੁਕਸਾਨ ਪਹੁੰਚਾਉਣ ਵਾਲੇ ਪਦਾਰਥਾਂ ਦੀ ਖ਼ਪਤ ਤੇ ਉਤਪਾਦਨ ਨੂੰ ਸੀਮਤ ਕਰਦਾ ਹੈ, 'ਤੇ ਹਸਤਾਖਰ ਕਰਨ ਦੀ ਯਾਦ ਵਿੱਚ ਸੰਯੁਕਤ ਰਾਸ਼ਟਰ ਜਨਰਲ ਅਸੈਂਬਲੀ ਵੱਲੋਂ 1994 ਵਿੱਚ ਇਸ ਦਿਨ ਦਾ ਐਲਾਨ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ 'ਮਾਂਟਰੀਅਲ ਪ੍ਰੋਟੋਕੋਲ' ਇੱਕ ਅੰਤਰਰਾਸ਼ਟਰੀ ਸੰਧੀ ਹੈ, ਜਿਸ ਦਾ ਉਦੇਸ਼ ਓਜ਼ੋਨ ਨੂੰ ਨੁਕਸਾਨ ਪਹੁੰਚਾਉਣ ਵਾਲੇ ਪਦਾਰਥਾਂ ਦੇ ਉਤਪਾਦਨ ਅਤੇ ਖ਼ਪਤ ਨੂੰ ਘਟਾ ਕੇ ਓਜ਼ੋਨ ਪਰਤ ਦੀ ਰੱਖਿਆ ਕਰਨਾ ਹੈ। ਇਸ ਮੌਕੇ ਵਿਦਿਆਰਥੀਆਂ ਨੂੰ ਵਾਤਾਵਰਣ ਦੀ ਸੰਭਾਲ ਲਈ ਅੱਗੇ ਆਉਣ ਦਾ ਸੱਦਾ ਵੀ ਦਿੱਤਾ ਗਿਆ।



# 5994 ਬੇਰੁਜ਼ਗਾਰ ਈ ਟੀ ਟੀ ਅਧਿਆਪਕਾਂ 'ਤੇ ਲਾਠੀਚਾਰਜ ਕਰਨਾ ਲੋਕਤੰਤਰ ਦਾ ਘਾਣ : ਜੀ ਟੀ ਯੂ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਮੁੱਖ ਮੰਤਰੀ ਦੀ ਕੋਠੀ ਸਾਹਮਣੇ ਸੰਗਰੂਰ ਵਿਖੇ ਰੁਜ਼ਗਾਰ ਦੀ ਮੰਗ ਕਰ ਰਹੇ 5994 ਬੇਰੁਜ਼ਗਾਰ ਈਟੀਟੀ ਅਧਿਆਪਕਾਂ 'ਤੇ ਲਾਠੀ ਚਾਰਜ ਕਰਕੇ ਪੰਜਾਬ ਸਰਕਾਰ ਨੇ ਆਪਣਾ ਲੋਕ ਵਿਰੋਧੀ ਚਿਹਰਾ ਨੰਗਾ ਕਰਦੇ ਹੋਏ ਲੋਕਤੰਤਰ ਦਾ ਘਾਣ ਕੀਤਾ।ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਧਾਨ ਪ੍ਰਿੰਸੀਪਲ ਅਮਨਦੀਪ ਸ਼ਰਮਾ ਨੇ ਕਰਦੇ ਹੋਏ ਕਿਹਾ ਕਿ ਸਰਕਾਰ ਵੱਲੋਂ ਹਰ ਰੋਜ਼ ਕਿਤੇ ਨਾ ਕਿਤੇ ਰੋਜ਼ਗਾਰ ਮੰਗਦੇ ਬੇਰੁਜ਼ਗਾਰ ਨੌਜਵਾਨਾਂ ਤੇ ਲਾਠੀਆਂ ਵਰ੍ਹਾਈਆਂ ਜਾ ਰਹੀਆਂ ਹਨ, ਜੋ ਕਿ ਸਰਕਾਰ ਲਈ ਬਹੁਤ ਮਾੜੀ ਗੱਲ ਹੈ ਅਤੇ ਗੌਰਮਿੰਟ ਟੀਚਰ ਯੂਨੀਅਨ ਪੰਜਾਬ ਇਸ ਦੀ ਪੁਰਜ਼ੋਰ ਨਿਖੇਧੀ ਕਰਦੀ ਹੈ।ਇਸ ਮੌਕੇ ਬੋਲਦਿਆਂ ਸੀਨੀਅਰ ਮੀਤ ਪ੍ਰਧਾਨ ਪ੍ਰਿਤਪਾਲ ਸਿੰਘ ਚੌਟਾਲਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਜੋ ਚੋਣਾਂ ਤੋਂ ਪਹਿਲਾਂ ਆਪਣੇ ਆਪ ਨੂੰ ਆਮ ਲੋਕਾਂ ਦੀ ਪਾਰਟੀ ਕਹਿ ਕੇ ਪ੍ਰਚਾਰ ਰਹੀ ਸੀ ਅਤੇ ਨੌਜਵਾਨਾਂ, ਮੁਲਾਜ਼ਮਾਂ, ਕਿਸਾਨਾਂ, ਵਪਾਰੀਆਂ ਅਤੇ ਵੱਖ ਵੱਖ ਵਰਗਾਂ ਦੇ ਲੋਕਾਂ ਨਾਲ ਵੱਡੇ ਵਾਅਦੇ ਕਰਕੇ ਸੱਤਾ ਵਿੱਚ ਆਈ ਅਤੇ ਸੰਭਾਲਣ ਤੋਂ ਬਾਅਦ ਕੋਈ ਵੀ ਵਾਅਦਾ ਪੂਰਾ ਨਾ ਕੀਤਾ ਸਗੋਂ ਹੱਕ ਮੰਗਦੇ ਲੋਕਾਂ ਤੇ ਡਾਂਗਾਂ ਵਰ੍ਹਾ ਰਹੀ ਹੈ, ਜੋ ਕਿ ਬਹੁਤ ਹੀ ਮੰਦਭਾਗੀ ਗੱਲ ਹੈ। ਇਸ ਮੌਕੇ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਨਾਲ ਵਾਅਦਾ ਕੀਤਾ ਸੀ ਕਿ ਸੱਤਾ ਵਿੱਚ ਆਉਂਦਿਆਂ ਹੀ 2004 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਦੀ ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇਗੀ ਪਰ ਬੜੇ ਦੁੱਖ ਦੀ ਗੱਲ ਹੈ ਕਿ ਢਾਈ ਸਾਲ ਤੋਂ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਨਾਮ ਮੁਲਾਜ਼ਮਾਂ ਤੇ ਪੁਰਾਣੀ ਪੈਨਸ਼ਨ ਲਾਗੂ ਕੀਤੀ ਗਈ ਅਤੇ ਨਾ ਹੀ ਛੇਵੇਂ ਪੇ ਕਮਿਸ਼ਨ ਨੂੰ ਪੂਰੀ ਤਰ੍ਹਾਂ ਲਾਗੂ ਕੀਤਾ ਗਿਆ ।ਇਸ ਮੌਕੇ ਸੰਜੀਵ ਕੁਮਾਰ ਧੂਤ, ਪ੍ਰਿੰਸ ਗੜ੍ਹਦੀਵਾਲ, ਸਚਿਨ ਕੁਮਾਰ, ਪਰਮਜੀਤ ਸਿੰਘ, ਗੁਰਪ੍ਰੀਤ ਸਿੰਘ, ਗੁਰਦੇਵ ਸਿੰਘ, ਕਮਲਦੀਪ ਸਿੰਘ, ਛਿੰਦਪਾਲ, ਅਨੁਪਮ ਰਤਨ ਅਤੇ ਹੋਰ ਆਗੂ ਹਾਜ਼ਰ ਸਨ।



# ਲੈਕਚਰਾਰ ਅੰਮ੍ਰਿਤ ਪਾਲ ਸਿੰਘ ਨੇਸ਼ਨ ਬਿਲਡਰ ਐਵਾਰਡ 2024 ਨਾਲ ਸਨਮਾਨਤ




**ਬੰਗਾ (ਅਵਤਾਰ ਕਲੇਰ)**

ਸਕੂਲ ਆਫ ਐਮੀਨੈਂਸ ਬੰਗਾ ਵਿਖੇ ਬਤੌਰ ਅੰਗਰੇਜ਼ੀ ਲੈਕਚਰਾਰ ਸੇਵਾ ਨਿਭਾ ਰਹੇ ਲੈਕਚਰਾਰ ਅੰਮ੍ਰਿਤ ਪਾਲ ਸਿੰਘ ਨੂੰ ਸਿੱਖਿਆ ਸਮਾਜਿਕ ਅਤੇ ਸੱਭਿਆਚਾਰਕ ਖੇਤਰ ਵਿੱਚ ਵਿਸ਼ੇਸ਼ ਯੋਗਦਾਨ ਲਈ ਸਮਾਜ ਸੇਵੀ ਸੰਸਥਾ ਰੋਟਰੀ ਕਲੱਬ ਬੰਗਾ ਵੱਲੋਂ ਨੇਸ਼ਨ ਬਿਲਡਰ ਅਵਾਰਡ 2024 ਨਾਲ ਸਨਮਾਨਿਤ ਕੀਤਾ ਗਿਆ।ਬੰਗਾ ਵਿਖੇ ਹੋਏ ਇਸ ਸਨਮਾਨ ਸਮਾਗਮ ਦੇ ਦੌਰਾਨ ਡਿਪਟੀ ਡੀ ਈ ਓ ਅਮਰਜੀਤ ਖਟਕੜ, ਸੁਰਿੰਦਰ ਪਾਲ ਪ੍ਰਧਾਨ ਰੋਟਰੀ ਕਲੱਬ ਬੰਗਾ, ਪ੍ਰਿੰਸੀਪਲ ਗੁਰਜੰਟ ਸਿੰਘ, ਕੈਪਟਨ ਸ਼ਰਨਜੀਤ ਸਿੰਘ ਅਤੇ ਸਮੂਹ ਰੋਟਰੀ ਕਲੱਬ ਦੇ ਮੈਂਬਰਾਂ ਵੱਲੋਂ ਲੈਕਚਰਾਰ ਅੰਮ੍ਰਿਤ ਪਾਲ ਸਿੰਘ ਨੂੰ ਵਿਸ਼ੇਸ਼ ਸਨਮਾਨ ਚਿੰਨ ਅਤੇ ਸਰਟੀਫਿਕੇਟ ਦੇ ਨਾਲ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦੇ ਹੋਏ ਡਿਪਟੀ ਡੀ ਈ ਓ ਅਮਰਜੀਤ ਖਟਕੜ ਨੇ ਕਿਹਾ ਕਿ ਲੈਕਚਰਾਰ ਅੰਮ੍ਰਿਤ ਪਾਲ ਸਿੰਘ ਜੋ ਕਿ ਬੀਤੇ ਸਮੇਂ ਤੋਂ ਸਿੱਖਿਆ ਵਿਭਾਗ ਵਿੱਚ ਬਤੌਰ ਅਧਿਆਪਕ ਕੰਮ ਕਰਦੇ ਹੋਏ ਵਿਦਿਆਰਥੀਆਂ ਦੇ ਭਵਿੱਖ ਨੂੰ ਸੰਵਾਰਨ ਹਿੱਤ ਬਹੁਤ ਹੀ ਸ਼ਾਨਦਾਰ ਉਪਰਾਲੇ ਕੀਤੇ ਹਨ ਅਤੇ ਉਹਨਾਂ ਦੇ ਪੜ੍ਹਾਏ ਹੋਏ ਵਿਦਿਆਰਥੀ ਅੱਜ ਉੱਚੇ ਅਹੁਦਿਆਂ ਤੇ ਤੈਨਾਤ ਹਨ।ਇਸ ਮੌਕੇ ਜਸਵਿੰਦਰ ਸਿੰਘ ਮਾਨ ਕੌਂਸਲਰ, ਪ੍ਰਿੰਸੀਪਲ ਰਣਜੀਤ ਕੌਰ ਕਰੀਹਾ, ਜਸਵਿੰਦਰ ਕੌਰ, ਰਾਜਾ ਮਨਚੰਦਾ, ਰਮੇਸ਼ ਕੁਮਾਰ, ਵਿਜੇ ਕੁਮਾਰ, ਹਰਪਾਲ ਸਿੰਘ ਸਮੇਤ ਸਮੂਹ ਰੋਟਰੀ ਕਲੱਬ ਦੇ ਮੈਂਬਰ ਹਾਜ਼ਰ ਸਨ।

# ਗੁਰਪਾਲ ਸਿੰਘ ਢਿੱਲੋਂ ਨੂੰ ਭਾਵਭਿੰਨੀਆਂ ਸ਼ਰਧਾਂਜਲੀਆਂ

**ਭਲਾਣ (ਹਰਭਜਨ ਢਿੱਲੋਂ)**

ਬੀਤੇ ਦਿਨੀਂ ਆਪਣੇ ਸੁਆਸਾਂ ਦੀ ਪੂੰਜੀ ਖਰਚ ਕਰਦੇ ਹੋਏ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਵ: ਗੁਰਪਾਲ ਸਿੰਘ ਢਿੱਲੋਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਗੁਰਦੁਆਰਾ ਘਾਟ ਸਾਹਿਬ ਨੰਗਲ ਵਿਖੇ ਪਾਏ ਗਏ ਤੇ ਸਮੂਹ ਰਾਜਨੀਤਿਕ, ਧਾਰਮਿਕ ਤੇ ਸਮਾਜਿਕ ਸ਼ਖ਼ਸੀਅਤਾਂ ਵੱਲੋਂ ਉਨ੍ਹਾਂ ਨੂੰ ਅੰਤਿਮ ਸ਼ਰਧਾਂਜਲੀ ਦਿੱਤੀ ਗਈ। ਇਸ ਮੌਕੇ ਰਾਗੀ ਜਥਿਆਂ ਵੱਲੋਂ ਵੈਰਾਗਮਈ ਗੁਰਬਾਣੀ ਦਾ ਕੀਰਤਨ ਕਰਦਿਆਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਗੁਰਪਾਲ ਸਿੰਘ ਢਿੱਲੋਂ ਕੈਬਨਿਟ ਮੰਤਰੀ ਅਤੇ ਹਲਕਾ ਸ੍ਰੀ ਅਨੰਦਪੁਰ ਸਾਹਿਬ ਤੋਂ ਵਿਧਾਇਕ ਹਰਜੋਤ ਸਿੰਘ ਬੈਂਸ ਦੇ ਮਾਮਾ ਜੀ ਸਨ। ਵੱਖ ਵੱਖ ਰਾਜਨੀਤਿਕ, ਧਾਰਮਿਕ ਤੇ ਸਮਾਜਿਕ ਜਥੇਬੰਦੀਆਂ ਦੇ ਨੁਮਾਇੰਦਿਆਂ ਵੱਲੋਂ ਢਿੱਲੋਂ ਨੂੰ ਭਾਵਭਿੰਨੀ ਸ਼ਰਧਾਂਜਲੀ ਦਿੰਦੇ ਹੋਏ ਦੱਸਿਆ ਕਿ ਢਿੱਲੋਂ ਮਿੱਠ ਬੋਲੜੇ ਸੁਭਾਅ ਦੇ ਮਾਲਕ ਸਨ ਤੇ ਲੋੜਵੰਦਾਂ ਲਈ ਹਮੇਸ਼ਾ ਤੱਤਪਰ ਰਹਿੰਦੇ ਸਨ। ਉਨਾਂ ਦੱਸਿਆ ਕਿ ਢਿੱਲੋਂ ਨੇ ਜਿੱਥੇ ਗੁਰੂ ਘਰ ਪ੍ਰਤੀ ਅਥਾਹ ਸ਼ਰਧਾ ਪਿਆਰ ਤੇ ਭਰੋਸਾ ਰੱਖਿਆ, ਉੱਥੇ ਆਪਣੇ ਪਰਵਾਰ ਨੂੰ ਵੀ ਗੁਰੂ ਘਰ ਨਾਲ ਜੋੜ ਕੇ ਰੱਖਿਆ, ਹਰਜੋਤ ਸਿੰਘ ਬੈਂਸ ਨੇ ਆਏ ਰਾਜਨੀਤਿਕ, ਧਾਰਮਿਕ ਤੇ ਸਮਾਜਿਕ ਸ਼ਖ਼ਸੀਅਤਾਂ ਤੇ ਸੰਗਤਾਂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਦੁੱਖ ਦੀ ਇਸ ਘੜੀ ਵਿੱਚ ਤੁਹਾਡਾ ਆਉਣਾ ਸਾਡੇ ਲਈ ਵੱਡਾ ਹੌਸਲਾ ਸਾਬਤ ਹੋਵੇਗਾ। ਢਿੱਲੋਂ ਗੁਰੂ ਸਾਹਿਬ ਵੱਲੋਂ ਬਖ਼ਸ਼ੀ ਸੁਆਸਾਂ ਦੀ ਪੂੰਜੀ ਪੂਰੀ ਕਰਦੇ ਹੋਏ ਬੀਤੀ 8 ਸਤੰਬਰ ਨੂੰ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ। ਇਸ ਮੌਕੇ ਪਰਵਾਰਕ ਮੈਂਬਰ ਬਲਵਿੰਦਰ ਕੌਰ ਭੈਣ, ਪਿੰਕੀ ਭੈਣ, ਭਰਾ ਸੁਰਿੰਦਰ ਸਿੰਘ, ਪੁੱਤਰ ਰਣਦੀਪ ਸਿੰਘ, ਰਵਿੰਦਰ ਕੌਰ ਸਪੁੱਤਰੀ, ਹਰਵਿੰਦਰ ਸਿੰਘ ਸਪੁੱਤਰੀ, ਆਈ.ਏ.ਐਸ ਡਾ: ਜਯੋਤੀ ਯਾਦਵ, ਹੈਪੀ ਰੰਧਾਵਾ, ਮਨਦੀਪ ਰੰਧਾਵਾ ਤੋਂ ਇਲਾਵਾ ਅਮਰਜੀਤ ਸਿੰਘ ਸੰਦੋਆ ਸਾਬਕਾ ਵਿਧਾਇਕ ਰੋਪੜ੍ਹ, ਡਾ. ਸੰਜੀਵ ਗੌਤਮ ਸੂਬਾ ਪ੍ਰਧਾਨ ਡਾਕਟਰ ਵਿੰਗ, ਹਰਮਿੰਦਰ ਸਿੰਘ ਢਾਹੇ ਚੇਅਰਮੈਨ ਪਲਾਨਿੰਗ ਬੋਰਡ, ਬੀ.ਬੀ.ਐਮ.ਬੀ ਚੀਫ ਸੀ.ਪੀ ਸਿੰਘ, ਰਾਮ ਕੁਮਾਰ ਮੁਕਾਰੀ ਚੇਅਰਮੈਨ, ਤਹਿਸੀਲਦਾਰ ਸੰਦੀਪ ਕੁਮਾਰ, ਹਰਜੀਤ ਸਿੰਘ ਜੀਤਾ ਪ੍ਰਧਾਨ ਨਗਰ ਕੌਂਸਲ, ਹਰਪ੍ਰੀਤ ਸਿੰਘ ਕਾਹਲੋਂ ਡਾਇਰੈਕਟਰ, ਦੀਪਕ ਸੋਨੀ ਮੀਡੀਆ ਕੁਆਰਡੀਨੇਟਰ,ਪੰਡਿਤ ਰੋਹਿਤ ਕਾਲੀਆ ਪ੍ਰਧਾਨ ਟਰੱਕ ਯੂਨੀਅਨ, ਸਤੀਸ਼ ਚੋਪੜਾ, ਪਰਵੀਨ ਅੰਸਾਰੀ, ਚੇਅਰਮੈਨ ਰਾਕੇਸ਼ ਚੌਧਰੀ, ਇੰਜ:ਜਸਪ੍ਰੀਤ ਸਿੰਘ ਜੇ.ਪੀ, ਸੁਮਿਤ ਤਲਵਾੜਾ, ਗੁਰਵਿੰਦਰ ਸ਼ੇਕਰ, ਜਸਪਾਲ ਸਿੰਘ ਢਾਹੇ, ਪੰਮੂ ਢਿੱਲੋਂ, ਬੱਚਿਤਰ ਸਿੰਘ ਬੈਂਸ, ਦੀਪੂ ਬਾਸ, ਜੱਗਾ ਬਹਿਲੂ, ਰਾਜਪਾਲ ਮੋਹੀਵਾਲ, ਤਰਲੋਚਨ ਸਿੰਘ ਲੋਚੀ, ਠੇਕੇਦਾਰ ਜਗਜੀਤ ਸਿੰਘ ਜੱਗੀ, ਦਵਿੰਦਰ ਸਿੰਘ ਸ਼ੰਮੀ ਬਰਾਰੀ, ਊਸ਼ਾ ਰਾਣੀ, ਕਮਲੇਸ਼ ਨੱਢਾ, ਪਿੰਕੀ ਸ਼ਰਮਾ, ਹਰਵਿੰਦਰ ਕੌਰ, ਮਨਜੋਤ ਸਿੰਘ, ਮੋਹਿਤ ਦੀਵਾਨ, ਯੱਗਿਆ ਦੱਤ ਸੈਣੀ, ਮਨੂ ਕੁਮਾਰ ਤੋਂ ਇਲਾਵਾ ਹੋਰ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।



# ਬੀਬੀ ਸੁਰਿੰਦਰ ਕੌਰ (ਸ਼ਿੰਦੋ) ਸਦੀਵੀ ਵਿਛੋੜਾ ਦੇ ਗਏ




**ਬੰਗਾ (ਅਵਤਾਰ ਕਲੇਰ)**

ਸ਼ਹੀਦ ਕਾਮਰੇਡ ਮਲਕੀਤ ਚੰਦ ਮੇਹਲੀ ਦੀ ਬੇਟੀ ਬੀਬੀ ਸੁਰਿੰਦਰ ਕੌਰ (ਸ਼ਿੰਦੋ) ਸਦੀਵੀ ਵਿਛੋੜਾ ਦੇ ਗਏ। ਬੀਬੀ ਸ਼ਿੰਦੋ 77 ਸਾਲ ਦੇ ਸਨ ਅਤੇ ਕੁਝ ਦਿਨਾਂ ਤੋਂ ਬਿਮਾਰ ਸਨ। ਬੀਬੀ ਸ਼ਿੰਦੋ ਪਿੰਡ ਚੱਕ ਦੇਸ ਰਾਜ ਵਿਖੇ ਲਸ਼ਕਰੀ ਰਾਮ ਨਾਲ ਵਿਆਹੀ ਹੋਈ ਸੀ ਅਤੇ ਤਕਰੀਬਨ 46 ਸਾਲ ਪਹਿਲਾਂ ਹੀ ਵਿਧਵਾ ਹੋ ਗਈ। ਇਸ ਕਰਕੇ ਪਰਵਾਰ ਸਮੇਤ ਪੇਕੇ ਪਿੰਡ ਮੇਹਲੀ ਹੀ ਰਹਿੰਦੇ ਸੀ। ਭਾਰਤੀ ਕਮਿਊਨਿਸਟ ਪਾਰਟੀ ਬਰਾਂਚ ਮੇਹਲੀ ਵਲੋਂ ਪਾਰਟੀ ਦਾ ਝੰਡਾ ਪਾ ਕੇ ਅੰਤਿਮ ਵਿਦਾਇਗੀ ਦਿੱਤੀ। ਇਸ ਮੌਕੇ ਸੀ ਪੀ ਆਈ ਦੇ ਜ਼ਿਲ੍ਹਾ ਕਾਰਜਕਾਰੀ ਸਕੱਤਰ ਕਾਮਰੇਡ ਨਰੰਜਣ ਦਾਸ ਮੇਹਲੀ, ਸਰਪੰਚ ਸੁਰਿੰਦਰ ਪਾਲ, ਅਮਰਜੀਤ ਮੇਹਲੀ, ਹੁਸਨ ਲਾਲ ਰਾਣਾ, ਗੁਰਮੀਤ ਰਾਮ, ਰਾਮ ਲਾਲ, ਹਰਮੇਸ਼ ਲਾਲ, ਬੁੱਧ ਪ੍ਰਕਾਸ਼ ਸ਼ੌਂਕੀ, ਭਾਈ ਕੁਲਵਿੰਦਰ ਸਿੰਘ, ਅਵਤਾਰ ਕਲੇਰ, ਜੀਤ ਰਾਮ, ਪਵਨ ਕੁਮਾਰ, ਹਰਪਾਲ ਸਿੰਘ, ਬਲਵਿੰਦਰ ਕੁਮਾਰ, ਕਮਲਜੀਤ ਕੌਰ, ਜਗਦੀਸ਼ ਕੌਰ ਸਾਬਕਾ ਸਰਪੰਚ, ਬੀਬੀ ਪਿਆਰੀ ਤੋਂ ਇਲਾਵਾ ਰਿਸ਼ਤੇਦਾਰ ਅਤੇ ਨਗਰ ਨਿਵਾਸੀ ਹਾਜ਼ਰ ਸਨ।

# ਸਰਪੰਚ ਲਖਵੀਰ ਸਿੰਘ ਭੱਟੀ ਨਮਿਤ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ ਕਰਵਾਏ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਪਿੰਡ ਰੂਪੋਵਾਲ ਦੇ ਨੌਜਵਾਨ ਉਘੇ ਸਮਾਜ, ਸੀਨੀਅਰ ਆਗੂ ਸਰਪੰਚ ਲਖਵੀਰ ਸਿੰਘ ਭੱਟੀ 55 ਸਾਲ ਪੱਤਰ ਸੰਗਤੂ ਰਾਮ ਵਾਸੀ ਰੂਪੋਵਾਲ ਜ਼ਿਲ੍ਹਾ ਹੁਸ਼ਿਆਰਪੁਰ ਦਾ ਬੀਤੀ ਦਿਨੀਂ ਦੇਹਾਂਤ ਹੋ ਗਿਆ ਸੀ।ਸਰਪੰਚ ਲਖਵੀਰ ਸਿੰਘ ਭੱਟੀ ਰੂਪੋਵਾਲ ਦੀ ਦੇਹਾਂਤ ਦੀ ਖ਼ਬਰ ਸੁਣਦਿਆਂ ਪੂਰੇ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ। ਇਸ ਮੌਕੇ ਦੁੱਖ ਦੀ ਘੜੀ ਵਿੱਚ ਇਲਾਕੇ ਭਰ ਤੋਂ ਵੱਖ ਵੱਖ ਵੱਖ ਪਾਰਟੀਆਂ ਦੇ ਆਗੂਆਂ, ਰਾਜਨੀਤਕ ਪਾਰਟੀਆਂ, ਧਾਰਮਿਕ ਜਥੇਬੰਦੀਆਂ, ਸਾਮਾਜਿਕ ਸੰਸਥਾਵਾਂ, ਪੱਤਰਕਾਰ ਭਾਈਚਾਰਾ, ਸਿਆਸੀ ਆਗੂਆਂ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।ਇਸ ਮੌਕੇ ਸਰਪੰਚ ਲਖਵੀਰ ਸਿੰਘ ਭੱਟੀ ਰੂਪੋਵਾਲ ਦੀ ਆਤਮਿਕ ਸ਼ਾਂਤੀ ਲਈ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਭੋਗ ਪਾਏ ਗਏ।ਉਪਰੰਤ ਦੀਵਾਨ ਹਾਲ ਵਿੱਚ ਸੰਤ ਬਾਬਾ ਬਖਸ਼ੀਸ਼ ਸਿੰਘ ਨਡਾਲੋਂ, ਸੰਤ ਬਾਬਾ ਪਵਨ ਕੁਮਾਰ ਤਾਜੇਵਾਲ, ਭਾਈ ਜਗਦੀਸ਼ ਸਿੰਘ ਲੱਖਣਪਾਲ ਨੇ ਆਪਣੇ ਪ੍ਰਵਚਨਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।ਇਸ ਮੌਕੇ ਦੁੱਖ ਦੀ ਘੜੀ ਵਿੱਚ ਡਾਕਟਰ ਰਾਜ ਕੁਮਾਰ ਚੱਬੇਵਾਲ ਮੈਂਬਰ ਪਾਰਲੀਮੈਂਟ ਹੁਸ਼ਿਆਰਪੁਰ, ਡਾਕਟਰ ਜਤਿੰਦਰ ਕੁਮਾਰ ਹੁਸ਼ਿਆਰਪੁਰ, ਬਾਬਾ ਸੋਢੀ ਸ਼ਾਹ, ਸੰਤ ਬਾਬਾ ਬਖਸ਼ੀਸ਼ ਸਿੰਘ ਨਡਾਲੋਂ, ਡਾਕਟਰ ਇਸ਼ਾਂਤ ਕੁਮਾਰ ਹੁਸ਼ਿਆਰਪੁਰ, ਸੁਨੀਤਾ ਰਾਣੀ ਪਤਨੀ, ਸਰਮਦੀਪ ਸਿੰਘ ਬੇਟਾ, ਸ਼ਰਨਦੀਪ ਕੌਰ ਬੇਟੀ, ਸਰਪੰਚ ਗੁਰਬਖਸ਼ ਸਿੰਘ ਹੈਪੀ ਡਾਂਡੀਆਂ, ਡਾਕਟਰ ਗਗਨਦੀਪ ਸਿੰਘ ਗੋਪਾਲੀਆ, ਸੱਤੀ ਰੂਪੋਵਾਲ, ਜਗਤਾਰ ਸਿੰਘ ਰੂਪੋਵਾਲ, ਅਮਨਦੀਪ ਸਿੰਘ ਬੱਡੋ, ਮਾਸਟਰ ਪਰਮਜੀਤ ਸਿੰਘ ਸਰਹਾਲਾ ਕਲਾਂ, ਸਰਪੰਚ ਸ਼ਿੰਦਰਪਾਲ ਸਿੰਘ ਪੱਟੀ, ਬਲਜੀਤ ਸਿੰਘ ਠੁਆਣਾ, ਗੁਰਪ੍ਰੀਤ ਸਿੰਘ ਭਾਮ, ਰਾਜਾ ਰਾਮ, ਕ੍ਰਿਪਾਲ ਸਿੰਘ ਭਗਤੂਪੁਰ, ਪਰਮਜੀਤ ਸਿੰਘ, ਬਲਵੀਰ ਸਿੰਘ ਈਸਪੁਰ, ਹੈਪੀ ਡਾਂਡੀਆ, ਠੇਕੇਦਾਰ ਦਲਵੀਰ ਸਿੰਘ ਲਕਸੀਹਾ, ਸਰਪੰਚ ਅਮਨ ਕੱਕੋਵਾਲ, ਹਰਮੇਸ਼ ਕੁਮਾਰ ਸਰਪੰਚ ਪੰਡੋਰੀ ਲੱਧਾ ਸਿੰਘ, ਰਛਪਾਲ ਸਿੰਘ ਕਲੇਰ ਮੰਹਨਹਾਣਾ, ਜਗਜੀਵਨ ਕੁਮਾਰ ਸਸੋਲੀ ਆਦਿ ਹਾਜ਼ਰ ਸਨ।

# ਹੈਰੋਇਨ ਸਮੇਤ ਇੱਕ ਕਾਬੂ



**ਰਾਹੋਂ (ਕੁਲਵਿੰਦਰ ਸਿੰਘ ਰਾਹੋਂ)**-ਸਥਾਨਕ ਪੁਲਸ ਨੇ ਇੱਕ ਵਿਅਕਤੀ ਨੂੰ 5 ਗ੍ਰਾਮ ਹੈਰੋਇਨ ਸਮੇਤ ਫੜਨ ਦਾ ਦਾਅਵਾ ਕੀਤਾ। ਐਸ.ਐਚ.ਓ ਥਾਣਾ ਇੰਚਾਰਜ ਰਾਹੋਂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਚੈਕਿੰਗ ਦੌਰਾਨ ਏ.ਐਸ.ਆਈ ਸੁਰਿੰਦਰ ਪਾਲ, ਹੈੱਡ ਕਾਂਸਟੇਬਲ ਜਰਨੈਲ ਸਿੰਘ ਤੇ ਹੋਮਗਾਰਡ ਹੁਸਨ ਲਾਲ ਘੱਕੇਵਾਲ ਹੈਡ ਤੋਂ ਗੁਰੂ ਨਾਨਕਪੁਰਾ ਵੱਲ ਜਾ ਰਹੇ ਸਨ, ਕਿ ਰਸਤੇ ਵਿੱਚ ਇੱਕ ਵਿਅਕਤੀ ਪੈਦਲ ਜਾ ਰਿਹਾ ਸੀ ਕਿ ਪੁਲਸ ਨੂੰ ਦੇਖ ਪਿੱਛੇ ਮੁੜ ਕਾਹਲੀ ਨਾਲ ਤੁਰਨ ਲੱਗਾ। ਸ਼ੱਕ ਪੈਣ ਤੇ ਉਸ ਨੂੰ ਰੋਕਿਆ ਗਿਆ ਪਰ ਉਸ ਵਿਅਕਤੀ ਨੇ ਆਪਣੀ ਜੇਬ ਵਿੱਚੋਂ ਪਲਾਸਟਿਕ ਦਾ ਲਿਫਾਫਾ ਇੱਕ ਪਾਸੇ ਨੂੰ ਸੁੱਟ ਦਿੱਤਾ ਜਿਸ ਨੂੰ ਪੁਲਸ ਮੁਲਾਜ਼ਮਾਂ ਨੇ ਦੇਖ ਲਿਆ। ਲਿਫਾਫਾ ਬਰਾਮਦ ਕਰਨ 'ਤੇ ਉਸ ਵਿੱਚੋਂ 5 ਗ੍ਰਾਮ ਹੈਰੋਇਨ ਬਰਾਮਦ ਹੋਈ। ਦੋਸ਼ੀ ਨੂੰ ਤੁਰੰਤ ਗਿਫ੍ਰਤਾਰ ਕਰ ਲਿਆ। ਉਕਤ ਵਿਅਕਤੀ ਨੇ ਆਪਣਾ ਨਾਮ ਦੇਵ ਕੁਮਾਰ ਉਰਫ ਦੇਵਾ ਪੁੱਤਰ ਰਾਜ ਕੁਮਾਰ ਵਾਸੀ ਡਾ. ਅੰਬੇਡਕਰ ਨਗਰ ਰਾਹੋਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੱਸਿਆ। ਦੋਸ਼ੀ 'ਤੇ ਪਰਚਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ।

# ਬਾਬਾ ਸਾਹਿਬ ਡਾ. ਬੀ ਆਰ ਅੰਬੇਡਕਰ ਸੁਸਾਇਟੀ ਰਜਿ. ਰੇਲ ਕੋਚ ਫੈਕਟਰੀ ਕਪੂਰਥਲਾ ਦੀ ਮੀਟਿੰਗ

**ਫਗਵਾੜਾ (ਜਸਵਿੰਦਰ ਢੱਡਾ)**

ਬਾਬਾ ਸਾਹਿਬ ਡਾ. ਬੀ. ਆਰ. ਅੰਬੇਡਕਰ ਸੋਸਾਇਟੀ ਰਜਿ. ਰੇਲ ਕੋਚ ਫੈਕਟਰੀ, ਕਪੂਰਥਲਾ ਵੱਲੋਂ ਸੋਸਾਇਟੀ ਦੇ ਜਨਰਲ ਸਕੱਤਰ ਧਰਮ ਪਾਲ ਪੈਂਥਰ ਦੇ ਗ੍ਰਹਿ ਵਿਖੇ ਮੀਟਿੰਗ ਦੀ ਪ੍ਰਧਾਨਗੀ ਐਸ ਸੀ/ਐਸ ਟੀ ਰੇਲਵੇ ਕਰਮਚਾਰੀ ਐਸੋਸੀਏਸ਼ਨ ਦੇ ਸਾਬਕਾ ਜ਼ੋਨਲ ਪ੍ਰਧਾਨ ਅਤੇ ਲਾਰਡ ਬੁੱਧਾ ਐਜੂਕੇਸ਼ਨ ਸੁਸਾਇਟੀ ਰਜਿ. ਪੀਪਲ ਨਗਲਾ ਅਲੀਗੜ੍ਹ ਯੂਪੀ ਦੇ ਪ੍ਰਧਾਨ ਪੂਰਨ ਸਿੰਘ ਅਤੇ ਸਮਾਜਸੇਵੀ ਐਡਵੋਕੇਟ ਦਲਜੀਤ ਸਿੰਘ ਸਹੋਤਾ ਕਪੂਰਥਲਾ ਨੇ ਸਾਂਝੇ ਤੌਰ 'ਤੇ ਕੀਤੀ । ਮੀਟਿੰਗ 'ਚ ਧਰਮ ਪਾਲ ਪੈਂਥਰ ਨੇ ਦੱਸਿਆ ਕਿ ਦਲਿਤ ਸਮਾਜ ਦੇ ਬੱਚਿਆਂ ਨੂੰ ਸਿੱਖਿਅਤ ਅਤੇ ਉਨ੍ਹਾਂ ਦੇ ਪਛੜੇਪਨ ਨੂੰ ਕਿਵੇਂ ਦੂਰ ਕੀਤਾ ਜਾਵੇ ਬਾਰੇ ਵਿਚਾਰ ਚਰਚਾ ਕੀਤੀ ਗਈ ਹੈ । ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਪ੍ਰਧਾਨ ਪੂਰਨ ਸਿੰਘ ਨੇ ਕਿਹਾ ਕਿ ਦੇਸ਼ ਨੂੰ ਅਜ਼ਾਦ ਹੋਇਆਂ 77 ਸਾਲ ਬੀਤ ਗਏ ਹਨ ਪ੍ਰੰਤੂ ਦਲਿਤ ਸਮਾਜ ਦੇ ਲੋਕ ਹਜ਼ਾਰਾਂ ਸਾਲਾਂ ਤੋਂ ਮੰਦਹਾਲੀ ਦਾ ਜੀਵਨ ਗੁਜ਼ਾਰ ਰਹੇ ਹਨ । ਉਨ੍ਹਾਂ ਦੇ ਜੀਵਨ ਪੱਧਰ ਨੂੰ ਸੁਧਾਰਨ ਲਈ ਸਮੇਂ ਸਮੇਂ 'ਤੇ ਬਣੀਆਂ ਕੇਂਦਰ ਸਰਕਾਰਾਂ ਤੇ ਸੂਬਾ ਸਰਕਾਰਾਂ ਜ਼ਿੰਮੇਵਾਰ ਹਨ। ਕਿਸੇ ਵੀ ਸਮਾਜ ਦਾ ਜੀਵਨ ਪੱਧਰ ਉਚਾ ਚੁੱਕਣ ਲਈ ਸਿੱਖਿਆ ਹੀ ਸਭ ਤੋਂ ਵੱਡਾ ਹਥਿਆਰ ਹੈ । ਬਾਬਾ ਸਾਹਿਬ ਅੰਬੇਡਕਰ ਦੇ ਤਿੰਨ ਮੂਲ ਮੰਤਰ ਸਿੱਖਿਅਤ ਹੋਵੋ, ਸੰਘਰਸ਼ ਕਰੋ ਅਤੇ ਸੰਗਠਿਤ ਰਹੋ ਦੇ ਅਧਾਰ 'ਤੇ ਦਲਿਤ ਸਮਾਜ ਦੇ ਚੰਦ ਲੋਕ ਪੜ੍ਹ ਲਿਖ ਕੇ ਤਰੱਕੀ ਕੀਤੀ ਹੈ ਬਹੁਤੇ ਲੋਕ ਅੱਜ ਵੀ ਜਾਗਰੂਕਤਾ ਦੀ ਘਾਟ ਅਤੇ ਦਿਨੋਂ ਦਿਨ ਮਹਿੰਗੀ ਹੁੰਦੀ ਜਾ ਰਹੀ ਉੱਚ ਸਿੱਖਿਆ ਤੋਂ ਵੰਚਿਤ ਹਨ । ਦੇਸ਼ ਵਿੱਚ ਸਿੱਖਿਆ ਦਾ ਧੰਦਾ ਵੱਧ ਫੁੱਲ ਰਿਹਾ ਹੈ ਅਤੇ ਸਰਕਾਰੀ ਸੰਸਥਾਵਾਂ ਨੂੰ ਨਿੱਜੀਕਰਨ ਦੀ ਭੱਠੀ ਵਿੱਚ ਝੋਕਿਆ ਜਾ ਰਿਹਾ ਹੈ । ਭਾਰਤੀ ਸੰਵਿਧਾਨ ਨੂੰ ਲਾਗੂ ਹੋਇਆ 74 ਸਾਲ ਹੋ ਗਏ ਹਨ ਪਰ ਸਰਕਾਰ 14 ਸਾਲ ਤੱਕ ਹਰੇਕ ਬੱਚੇ ਨੂੰ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦੇਣ ਵਿੱਚ ਨਾਕਾਮ ਸਾਬਿਤ ਹੋਈ ਹੈ । ਸਿੱਖਿਆ ਦਾ ਪੱਧਰ ਉਚਾ ਚੁੱਕਣ ਲਈ ਬੁੱਧੀਜੀਵੀ, ਚਿੰਤਕਾਂ ਦਾਨੀ ਸੱਜਣਾਂ ਅਤੇ ਸਮਾਜਸੇਵੀ ਸੰਗਠਨਾਂ ਨੂੰ ਅੱਗੇ ਆਉਣਾ ਪਵੇਗਾ । ਪੂਰਨ ਸਿੰਘ ਅਤੇ ਉਨ੍ਹਾਂ ਦੇ ਪਰਿਵਾਰ ਨੇ ਸੋਸਾਇਟੀ ਵੱਲੋਂ ਸਿੱਖਿਆ ਪ੍ਰਤੀ ਕੀਤੇ ਜਾ ਰਹੇ ਉਪਰਾਲਿਆਂ ਨੂੰ ਮੱਦੇਨਜ਼ਰ ਰੱਖਦੇ ਹੋਏ 11000 ਰੁਪਏ ਦਾ ਆਰਥਿਕ ਸਹਿਯੋਗ ਕੀਤਾ ।ਇਸ ਮੌਕੇ ਐਡਵੋਕੇਟ ਦਲਜੀਤ ਸਿੰਘ ਸਹੋਤਾ ਨੇ ਚਿੰਤਾ ਜ਼ਾਹਰ ਕਰਦੇ ਹੋਏ ਅਨਪੜ੍ਹਤਾ ਕਾਰਨ ਲੋਕ ਨਸ਼ਿਆਂ ਦੀ ਦਲਦਲ ਵਿੱਚ ਡੁੱਬਦੇ ਜਾ ਰਹੇ ਹਨ । ਸਰਕਾਰਾਂ ਦੀਆਂ ਘਟੀਆਂ ਨੀਤੀਆਂ ਦੇ ਕਾਰਨ ਪੜ੍ਹੇ ਲਿਖੇ ਬੱਚੇ ਬੇਰੁਜ਼ਗਾਰੀ ਦਾ ਸੰਤਾਪ ਹੰਢਾ ਰਹੇ ਹਨ ਤੇ ਨਸ਼ਿਆਂ ਦੇ ਆਦੀ ਹੋ ਰਹੇ ਹਨ। ਸਾਧਨ ਸੰਪਨ ਲੋਕ ਬੇਹਤਰ ਭਵਿੱਖ ਆਪਣੇ ਬੱਚਿਆਂ ਨੂੰ ਵਿਦੇਸ਼ ਭੇਜ ਨੂੰ ਭੇਜ ਰਹੇ ਹਨ । ਸਰਕਾਰ ਬਜਟ ਵਿੱਚ ਸਿੱਖਿਆ ਤੇ ਕੀਤੇ ਜਾਣ ਵਾਲੇ ਖਰਚ ਵਿੱਚ ਕਟੌਤੀ ਕਰੀ ਜਾ ਰਹੀ ਹੈ। ਜੇਕਰ ਸਮੇਂ ਰਹਿੰਦੇ ਸਾਡੇ ਦੇਸ਼ ਦੀਆਂ ਸਰਕਾਰਾਂ ਨੇ ਸਿੱਖਿਆ ਪ੍ਰਤੀ ਅਤੇ ਲੋਕਾਂ ਦੇ ਜੀਵਨ ਪੱਧਰ ਨੂੰ ਸੁਧਾਰਨ ਲਈ ਠੋਸ ਨੀਤੀ ਨਾ ਬਣਾਈ ਤਾਂ ਦੇਸ਼ ਦੀ ਚਿੰਤਾਜਨਕ ਸਥਿਤੀ ਲਈ ਅਸੀਂ ਸਾਰੇ ਜ਼ਿੰਮੇਵਾਰ ਹੋਵਾਂਗੇ । ਸੋਸਾਇਟੀ ਦੇ ਉੱਪ ਪ੍ਰਧਾਨ ਸੰਤੋਖ ਰਾਮ ਜਨਾਗਲ ਅਤੇ ਚਿੰਤਕ ਨਿਰਵੈਰ ਸਿੰਘ ਨੇ ਕਿਹਾ ਕਿ ਸਾਨੂੰ ਉਨ੍ਹਾਂ ਬੱਚਿਆਂ ਦੇ ਮਾਂ ਬਾਪ ਤੱਕ ਪਹੁੰਚ ਕਰਨੀ ਚਾਹੀਦੀ ਹੈ ਜਿਹੜੇ ਮਾਂ ਬਾਪ ਆਪਣੇ ਬੱਚਿਆਂ ਨੂੰ ਸਕੂਲ ਭੇਜਣ ਦੀ ਬਜਾਏ ਛੋਟੀ ਮੋਟੀ ਮਜ਼ਦੂਰੀ ਲਈ ਕਾਰਖਾਨਿਆਂ, ਹੋਟਲਾਂ ਅਤੇ ਖੇਤਾਂ ਵਿੱਚ ਭੇਜਦੇ ਹਨ । ਉਨ੍ਹਾਂ ਨੂੰ ਪੜ੍ਹਾਈ ਦੀ ਅਹਿਮੀਅਤ ਬਾਰੇ ਸਮਝਾਉਣਾ ਚਾਹੀਦਾ ਹੈ ਤਾਂ ਕਿ ਉਹ ਆਪਣੇ ਬੱਚਿਆਂ ਨੂੰ ਸਕੂਲ ਭੇਜਣ । ਮੀਟਿੰਗ ਵਿੱਚ ਮੀਤ ਪ੍ਰਧਾਨ ਨਿਰਮਲ ਸਿੰਘ, ਪੂਰਨ ਚੰਦ, ਧਰਮਵੀਰ ਅੰਬੇਡਕਰੀ, ਝਲਮਣ ਸਿੰਘ, ਕਰਨੈਲ ਸਿੰਘ ਬੇਲਾ, ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਸੇਵਕ ਸਭਾ ਰਜਿ. ਦੇ ਸਾਬਕਾ ਪ੍ਰਧਾਨ ਅਮਰਜੀਤ ਸਿੰਘ ਮੱਲ, ਸਾਬਕਾ ਪ੍ਰਧਾਨ ਕ੍ਰਿਸ਼ਨ ਸਿੰਘ, ਜਵਾਹਰ ਲਾਲ ਐਸ ਐਸ ਈ, ਕ੍ਰਿਸ਼ਨਾ ਕੁਮਾਰ ਐਸ ਐਸ ਈ, ਮੈਡਮ ਰੀਟਾ ਰਾਣੀ, ਬੇਟੀ ਪ੍ਰਗਿਯਾ ਅਤੇ ਡਾ. ਸ਼ਿਰਾਂਸ਼ੀ ਆਦਿ ਸ਼ਾਮਿਲ ਸਨ।

17-SEP-PAGE-9.qxd 9/16/2024 10:47 PM Page 1



## ਸੁਸ਼ਮਾ ਬਾਜਵਾ ਨੇ ਕਿਰਗਿਸਤਾਨ ਵਿਖੇ ਹੋਈ ਕੈਟਲਬੈੱਲ ਵਿਸ਼ਵ ਚੈਂਪੀਅਨਸ਼ਿਪ 'ਚ ਜਿੱਤੇ 4 ਸੋਨ ਤਗ਼ਮੇ

**ਡੇਰਾਬਸੀ (ਕ੍ਰਿਸ਼ਨ ਗਰਗ)**

ਡੇਰਾ ਬਸੀ ਦੀ ਰਹਿਣ ਵਾਲੀ ਸ਼੍ਰੀਮਤੀ ਸੁਸ਼ਮਾ ਬਾਜਵਾ ਨੇ ਆਪਣੀ ਮਿਹਨਤ ਦੇ ਦ੍ਰਿੜ ਇਰਾਦੇ ਨਾਲ ਆਪਣਾ ਤੇ ਦੇਸ਼ ਦਾ ਨਾਂਅ ਰੌਸ਼ਨ ਕੀਤਾ।ਉਨ੍ਹਾਂ ਨੇ ਹਾਲ ਹੀ ਵਿੱਚ ਕਿਰਗਿਸਤਾਨ ਵਿਖੇ ਹੋਈ ਕੈਟਲਬੈੱਲ ਵਿਸ਼ਵ ਚੈਂਪੀਅਨਸ਼ਿਪ 'ਚ ਵੈਟਰਨ ਮਹਿਲਾ ਵਰਗ ਵਿੱਚ ਖੇਡਦਿਆਂ ਚਾਰ ਵੱਖ-ਵੱਖ ਈਵੈਂਟਸ ਵਿੱਚ ਸੋਨ ਤਗ਼ਮੇ ਹਾਸਲ ਕੀਤੇ ਹਨ।ਇਸ ਦੇ ਨਾਲ-ਨਾਲ ਉਹ ਇਸ ਚੈਂਪੀਅਨਸ਼ਿਪ ਵਿੱਚ ਤੀਜੇ ਸਥਾਨ ਲਈ ਟਰਾਫੀ ਹਾਸਲ ਕਰਨ ਵਾਲੀ ਭਾਰਤੀ ਟੀਮ ਦਾ ਹਿੱਸਾ ਵੀ ਬਣੇ ਹਨ।ਲੈਫਟੀਨੈਂਟ ਕਰਨਲ ਪੀ ਐੱਸ ਬਾਜਵਾ ਦੀ ਪਤਨੀ ਸ਼੍ਰੀਮਤੀ ਬਾਜਵਾ ਨੇ ਆਪਣੀ ਇਸ ਪ੍ਰਾਪਤੀ ਨਾਲ ਜਿੱਥੇ ਆਪਣਾ ਤੇ ਦੇਸ਼ ਦਾ ਨਾਂਅ ਦੁਨੀਆਂ ਭਰ ਵਿੱਚ ਰੌਸ਼ਨ ਕੀਤਾ ਹੈ, ਉੱਥੇ ਪੰਜਾਬ ਤੇ ਖਾਸਕਰ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀ ਪ੍ਰਾਪਤੀਆਂ ਵਿੱਚ ਵੀ ਇੱਕ ਹੋਰ ਵਿਲੱਖਣ ਤੇ ਵੱਡੀ ਪ੍ਰਾਪਤੀ ਨੂੰ ਸ਼ੁਮਾਰ ਕੀਤਾ ਹੈ।ਆਪਣੀ ਇਸ ਪ੍ਰਾਪਤੀ ਬਾਬਤ ਸ਼੍ਰੀਮਤੀ ਬਾਜਵਾ ਨੇ ਦੱਸਿਆ ਕਿ ਉਨ੍ਹਾਂ ਨੇ ਇਸ ਚੈਂਪੀਅਨਸ਼ਿਪ ਵਿੱਚ ਬਾਇਥਲੋਨ, ਜਰਕ, ਸਨੈਚ ਅਤੇ ਟੀਮ ਰਿਲੇਅ ਈਵੈਂਟ ਵਿੱਚ ਸੋਨ ਤਗ਼ਮੇ ਹਾਸਲ ਕੀਤੇ ਹਨ।ਇਸ ਦੇ ਨਾਲ ਹੀ ਭਾਰਤੀ ਟੀਮ ਨੂੰ ਤੀਜੇ ਸਥਾਨ ਦੀ ਟਰਾਫੀ ਨਾਲ ਨਿਵਾਜਿਆ ਗਿਆ ਤੇ ਸ਼੍ਰੀਮਤੀ ਬਾਜਵਾ ਉਸ ਟੀਮ ਦਾ ਵੀ ਹਿੱਸਾ ਸਨ।ਉਨ੍ਹਾਂ ਆਖਿਆ ਕਿ ਇਸ ਪ੍ਰਾਪਤੀ ਲਈ ਜਿੱਥੇ ਉਨ੍ਹਾਂ ਨੇ ਦਿਨ ਰਾਤ ਇੱਕ ਕਰ ਕੇ ਮਿਹਨਤ ਕੀਤੀ, ਉੱਥੇ ਉਨ੍ਹਾਂ ਦੇ ਪਤੀ ਲੈਫਟੀਨੈਂਟ ਕਰਨਲ ਪੀ ਐੱਸ ਬਾਜਵਾ ਤੇ ਹੋਰ ਪਰਿਵਾਰਕ ਮੈਂਬਰਾਂ ਦਾ ਵੀ ਇਸ ਸੰਬੰਧੀ ਬਹੁਤ ਸਹਿਯੋਗ ਮਿਲਿਆ।ਇਸ ਤੋਂ ਇਲਾਵਾ ਉਹ ਕੈਟਲਬੈੱਲ ਸਪੋਰਟਸ ਇੰਡੀਆ ਐਸੋਸੀਏਸ਼ਨ ਦੇ ਵੀ ਬਹੁਤ ਧੰਨਵਾਦੀ ਹਨ, ਜਿਨ੍ਹਾਂ ਵੱਲੋਂ ਢੁੱਕਵੇਂ ਮੰਚ ਮੁਹੱਈਆ ਕਰਵਾਉਣ ਅਤੇ ਸਹਿਯੋਗ ਦੇ ਨਾਲ ਹੀ ਇਹ ਸਭ ਕੁਝ ਸੰਭਵ ਹੋ ਸਕਿਆ ਹੈ।ਸ਼੍ਰੀਮਤੀ ਬਾਜਵਾ ਨੇ ਕਿਹਾ ਕਿ ਉਹ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਕਰਦੇ ਰਹਿਣਗੇ ਤਾਂ ਜੋ ਸੂਬੇ ਤੇ ਦੇਸ਼ ਦਾ ਨਾਂਅ ਹੋਰ ਰੌਸ਼ਨ ਕਰ ਸਕਣ।ਉਨ੍ਹਾਂ ਨੇ ਲੋਕਾਂ, ਖਾਸਕਰ ਔਰਤਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਆਪ ਨੂੰ ਕਿਸੇ ਨਾ ਕਿਸੇ ਖੇਡ ਨਾਲ ਜ਼ਰੂਰ ਜੋੜ ਕੇ ਰੱਖਣ।ਉਨ੍ਹਾਂ ਆਖਿਆ ਕਿ ਖੇਡਾਂ ਨਾਲ ਜੁੜਨ ਲਈ ਉਮਰ ਦੀ ਕੋਈ ਹੱਦ ਨਹੀਂ ਹੁੰਦੀ, ਇਨਸਾਨ ਉਮਰ ਦੇ ਕਿਸੇ ਵੀ ਪੜਾਅ ਉੱਤੇ ਖੇਡਾਂ ਨਾਲ ਜੁੜ ਸਕਦਾ ਹੈ।



## ਸੁਜ਼ੇਫ ਬੰਗਾ ਯਾਦਗਾਰੀ ਦੰਗਲ 'ਚ ਦੋ ਸਕੇ ਭਰਾਵਾਂ ਦੀ ਕੁਸ਼ਤੀ ਰਹੀ ਖਿੱਚ ਦਾ ਕੇਂਦਰ



**ਫਗਵਾੜਾ (ਇੰਦਰਜੀਤ ਸਿੰਘ ਮਠਾੜੂ)** ਸੁਜ਼ੇਫ ਬੰਗਾ ਮੈਮੋਰੀਅਲ ਚਿਲਡਰਨ ਵੈੱਲਫੇਅਰ ਟਰੱਸਟ ਫਗਵਾੜਾ ਵਲੋਂ ਸਵ. ਸੁਜ਼ੇਫ ਬੰਗਾ ਦੇ 17ਵੇਂ ਜਨਮ ਦਿਨ ਮੌਕੇ ਸੁਜ਼ੇਫ ਦੀ ਯਾਦ ਨੂੰ ਸਮਰਪਿਤ ਬੱਚਿਆਂ ਦੇ ਕੁਸ਼ਤੀ ਮੁਕਾਬਲੇ ਹਰ ਸਾਲ ਦੀ ਤਰ੍ਹਾਂ ਰਾਏਪੁਰ ਡੱਬਾ ਓਲੰਪਿਕ ਰੈਸਲਿੰਗ ਅਕੈਡਮੀ ਲੇਨ ਨੰਬਰ 2 ਪਰਮ ਨਗਰ ਖੋਥੜਾ ਰੋਡ ਫਗਵਾੜਾ ਵਿਖੇ ਕਰਵਾਏ ਗਏ।ਇਸ ਮੌਕੇ ਸੰਤ ਬਾਬਾ ਅਮਰੀਕ ਸਿੰਘ ਮੰਨਣਹਾਨਾ ਸਾਹਿਬ ਵਿਸ਼ੇਸ਼ ਤੌਰ 'ਤੇ ਪੁੱਜੇ ਅਤੇ ਪਹਿਲਵਾਨਾਂ ਨੂੰ ਅਸ਼ੀਰਵਾਦ ਦੇਣ ਉਪਰੰਤ ਕੁਸ਼ਤੀ ਨੂੰ ਪ੍ਰਫੁੱਲਤ ਕਰਨ ਲਈ ਅਕੈਡਮੀ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।ਕੁਸ਼ਤੀ ਮੁਕਾਬਲਿਆਂ ਦੌਰਾਨ ਰਾਏਪੁਰ ਡੱਬਾ ਓਲੰਪਿਕ ਰੈਸਲਿੰਗ ਅਕੈਡਮੀ ਅਤੇ ਰਾਏਪੁਰ ਡੱਬਾ ਅਖਾੜਾ ਤੋਂ ਇਲਾਵਾ ਪੰਜਾਬ ਦੇ ਵੱਖ ਵੱਖ ਅਖਾੜਿਆਂ ਦੇ ਸੈਂਕੜੇ ਪਹਿਲਵਾਨਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ।ਪਟਕੇ ਦੀ ਕੁਸ਼ਤੀ ਪਹਿਲਵਾਨ ਪਰਵਿੰਦਰ ਅਤੇ ਅਕਾਸ਼ ਧਲੇਤਾ ਵਿਚਾਲੇ ਹੋਈ।ਜਿਸ ਵਿਚ ਪਰਵਿੰਦਰ ਪਹਿਲਵਾਨ ਜੇਤੂ ਕਰਾਰ ਦਿੱਤਾ ਗਿਆ।ਦੂਸਰੀ 90 ਕਿਲੋ ਭਾਰ ਦੀ ਕੁਸ਼ਤੀ ਦੋ ਸਕੇ ਭਰਾਵਾਂ ਜੱਸਾ ਆਰ ਪੀ ਡੀ ਅਤੇ ਵੀਲੀਅਮ ਆਰ ਪੀ ਡੀ ਦਰਮਿਆਨ ਹੋਈ ਜੋ ਵਿਸ਼ੇਸ਼ ਖਿੱਚ ਦਾ ਕੇਂਦਰ ਬਣੀ।ਇਸ ਕੁਸ਼ਤੀ ਮੁਕਾਬਲੇ ਵਿਚ ਜੱਸਾ ਆਰ ਪੀ ਡੀ ਨੂੰ ਜੇਤੂ ਕਰਾਰ ਦਿੱਤਾ ਗਿਆ। ਇਸੇ ਤਰ੍ਹਾਂ 80 ਕਿਲੋ ਭਾਰ ਵਰਗ ਵਿਚ ਅਤੁਲ ਪੀ ਏ ਪੀ ਨੇ ਕਰਨਵੀਰ ਆਰ ਪੀ ਡੀ ਨੂੰ ਸ਼ਿਕਸਤ ਦਿੱਤੀ।ਜਦਕਿ 70 ਕਿੱਲੋ ਭਾਰ ਵਿਚ ਸੂਰਜ ਵਾਈ ਐਫ ਸੀ ਰੁੜਕਾ ਨੇ ਰਫੀ ਆਰ ਪੀ ਡੀ ਨੂੰ ਹਰਾਇਆ। 60 ਕਿੱਲੋ ਭਾਰ ਵਰਗ ਵਿਚ ਅਮਰਿੰਦਰ ਸਿੰਘ ਆਰ ਪੀ ਡੀ ਨੇ ਗੁਰਮਿੰਦਰ ਆਰ ਪੀ ਡੀ ਨੂੰ ਮਾਤ ਦਿੱਤੀ।ਜੇਤੂ ਪਹਿਲਵਾਨਾਂ ਨੂੰ ਨਗਦ ਰਾਸ਼ੀ ਨਾਲ ਨਵਾਜਿਆ ਗਿਆ।ਅਕੈਡਮੀ ਵਲੋਂ ਸੰਤ ਬਾਬਾ ਅਮਰੀਕ ਸਿੰਘ ਤੋਂ ਇਲਾਵਾ ਹੋਰ ਪਤਵੰਤਿਆਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ।ਸਾਬਕਾ ਅੰਤਰਰਾਸ਼ਟਰੀ ਕੁਸ਼ਤੀ ਕੋਚ ਪੀ ਆਰ ਸੋਂਧੀ ਨੇ ਇਹਨਾਂ ਕੁਸ਼ਤੀ ਮੁਕਾਬਲਿਆਂ ਵਿਚ ਸਹਿਯੋਗ ਲਈ ਸੁਨੀਲ ਦੱਤ ਜਰਮਨ, ਰਾਜਕੁਮਾਰ ਆਸਟ੍ਰੇਲੀਆ, ਮਲਕੀਤ ਕੁਮਾਰ ਯੂ ਐਸ ਏ, ਜਸਵੀਰ ਕੁਮਾਰ ਇਟਲੀ ਅਤੇ ਜੁਗਲ ਕਿਸ਼ੋਰ ਸਮੇਤ ਸੁਜ਼ੇਫ ਬੰਗਾ ਦੇ ਪਰਿਵਾਰਕ ਮੈਂਬਰਾਂ ਸਾਧੂ ਬੰਗਾ, ਅਮਿਤਾ ਬੰਗਾ, ਸਾਹਿਲ ਬੰਗਾ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਹਨਾਂ ਦੱਸਿਆ ਕਿ ਇਹ ਕੁਸ਼ਤੀ ਮੁਕਾਬਲੇ ਕਰਵਾਉਣ ਦਾ ਮਕਸਦ ਛੋਟੇ ਬੱਚਿਆਂ ਅਤੇ ਨੌਜਵਾਨਾਂ ਦੀ ਕੁਸ਼ਤੀ ਵੱਲ ਦਿਲਚਸਪੀ ਪੈਦਾ ਕਰਨਾ ਹੈ।ਉਨ੍ਹਾ ਦੇ ਬੱਚਿਆਂ ਦੇ ਮਾਤਾ ਪਿਤਾ ਨੂੰ ਅਪੀਲ ਕੀਤੀ ਕਿ ਆਪਣੇ ਬੱਚਿਆਂ ਨੂੰ ਕੁਸ਼ਤੀ ਅਖਾੜੇ ਵਿਚ ਭੇਜਣ ਤਾਂ ਜੋ ਬੱਚੇ ਤੰਦਰੁਸਤ ਅਤੇ ਸਮਾਜ ਲਈ ਮਿਸਾਲ ਬਣ ਸਕਣ।

## ਨਵੀਂ ਭਰਤੀ ਲੈਕਚਰਾਂ ਨੂੰ ਬਦਲੀਆਂ 'ਚ ਸਤੰਬਰ ਤੱਕ ਦਾ ਸਮਾਂ ਦੇਵੇ ਸਰਕਾਰ : ਜੀ ਟੀ ਯੂ



**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ):** ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਨੇ ਨਵੇਂ 594 ਭਰਤੀ ਦੇ ਸਮੂਹ ਲੈਕਚਰਾਰਾਂ ਨੂੰ ਬਦਲੀ ਦਾ ਮੌਕਾ ਦੇਣ ਦੀ ਮੰਗ ਕੀਤੀ ਹੈ। ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਜਨਰਲ ਸਕੱਤਰ ਗੁਰਬਿੰਦਰ ਸਿੰਘ ਸਸਕੌਰ ਅਤੇ ਸਕੱਤਰ ਧਰਮਿੰਦਰ ਸਿੰਘ ਭੰਗੂ ਨੇ ਕਿਹਾ ਕਿ ਸਰਕਾਰ ਨੇ 594 ਅਧੀਨ ਭਰਤੀ ਲੈਕਚਰਾਰਾਂ ਨੂੰ ਬਦਲੀ ਦਾ ਮੌਕਾ ਤਾਂ ਦਿੱਤਾ, ਪਰ ਸਮਾਂ ਸੀਮਾ 31 ਅਗਸਤ ਤੱਕ ਦਿੱਤੀ ਗਈ ਜਦੋਂ ਕਿ ਬਹੁਤ ਸਾਰੇ ਲੈਕਚਰਾਰਾਂ ਦਾ ਪਰਖ ਸਮਾਂ ਹੀ ਸਤੰਬਰ ਵਿਚ ਖਤਮ ਹੋ ਰਿਹਾ ਹੈ।ਇਸ ਲਈ ਉਹ ਬਦਲੀ ਤੋਂ ਵਾਂਝੇ ਰਹਿ ਗਏ ।ਅਧਿਆਪਕਾ ਨੇ ਸਿੱਖਿਆ ਮੰਤਰੀ ਤੋਂ ਮੰਗ ਕੀਤੀ ਹੈ ਕਿ 594 ਦੀ ਸਮੁੱਚੀ ਭਰਤੀ ਨੂੰ ਹੀ ਸਤੰਬਰ ਤੱਕ ਦਾ ਸਮਾਂ ਵਧਾ ਕੇ ਬਦਲੀ ਦਾ ਮੌਕਾ ਮਿਲਣਾ ਚਾਹੀਦਾ ਹੈ। ਜੀ ਟੀ ਯੂ ਆਗੂਆ ਦਾ ਇਹ ਵੀ ਕਹਿਣਾ ਹੈ ਕਿ ਚਾਹੀਦਾ ਤਾਂ ਇਹ ਹੈ ਕਿ ਜਿਹੜਾ ਵੀ ਅਧਿਆਪਕ ਬਦਲੀ ਕਰਵਾਉਣਾ ਚਾਹੁੰਦਾ ਹੈ ਸਰਕਾਰ ਉਸ ਨੂੰ ਵਿਸ਼ੇਸ਼ ਮੌਕਾ ਦੇਵੇ। ਅਧਿਆਪਕ ਆਗੂਆਂ ਨੇ 4161 ਅਧੀਨ ਭਰਤੀ ਸਮੇਤ ਸਾਰੀਆਂ ਨਵੀਆਂ ਭਰਤੀਆਂ ਦੇ ਅਧਿਆਪਕਾਂ ਨੂੰ ਵੀ ਬਦਲੀ ਦਾ ਵਿਸ਼ੇਸ਼ ਮੌਕਾ ਦੇਣ ਦੀ ਮੰਗ ਸਿੱਖਿਆ ਵਿਭਾਗ ਤੋਂ ਕੀਤੀ ਹੈ।ਇਸ ਮੌਕੇ ਜਿਲ੍ਹਾ ਇਕਾਈ ਦੇ ਸੀਨੀਅਰ ਮੀਤ ਪ੍ਰਧਾਨ ਕੁਲਵੀਰ ਸਿੰਘ ਕੰਧੋਲਾ, ਗੁਰਪ੍ਰੀਤ ਸਿੰਘ ਹੀਰਾ, ਅਵਨੀਤ ਸਿੰਘ ਚੱਢਾ, ਗੁਰਚਰਨ ਸਿੰਘ ਆਲੋਵਾਲ, ਵਿੱਤ ਸਕੱਤਰ ਕੁਲਦੀਪ ਸਿੰਘ ਗਿੱਲ ਅਤੇ ਬਲਾਕ ਪ੍ਰਧਾਨ ਦਵਿੰਦਰ ਸਿੰਘ ਸਮਾਨਾ ਆਦਿ ਹਾਜ਼ਰ ਸਨ।

## ਪੁਲਸ ਵੱਲੋਂ ਪਿਸਤੌਲ ਤੇ ਜ਼ਿੰਦਾ ਰੌਂਦ ਸਣੇ ਇੱਕ ਨੌਜਵਾਨ ਕਾਬੂ

**ਫਗਵਾੜਾ (ਇੰਦਰਜੀਤ ਸਿੰਘ ਮਠਾੜੂ)** ਫਗਵਾੜਾ ਪੁਲਸ ਵੱਲੋਂ ਇੱਕ ਨੌਜਵਾਨ ਨੂੰ ਕਾਬੂ ਕਰਕੇ ਉਸ ਪਾਸੋਂ ਪਿਸਤੌਲ, ਜ਼ਿੰਦਾ ਰੌਂਦ ਤੇ ਮੈਗੀਜ਼ਨ ਬਰਾਮਦ ਕੀਤੇ ਹਨ। ਐਸ ਪੀ ਰੁਪਿੰਦਰ ਕੌਰ ਭੱਟੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕਾਬੂ ਕੀਤੇ ਵਿਅਕਤੀ ਦੀ ਪਛਾਣ ਕੁਲਭੂਸ਼ਨ ਸੋਨੀ ਉਰਫ਼ ਵਿਨੀ ਸੋਨੀ ਪੁੱਤਰ ਵਿਪਨ ਸੋਨੀ ਵਾਸੀ ਲਾਮਿਆ ਮੁਹੱਲਾ ਸਰਾਫ਼ਾ ਬਾਜ਼ਾਰ ਵਜੋਂ ਹੋਈ ਹੈ।ਉਨ੍ਹਾਂ ਦੱਸਿਆ ਕਿ ਪੁਲਸ ਵਲੋਂ ਇੱਕ ਨੌਜਵਾਨ ਪ੍ਰਭਜੋਤ ਸਿੰਘ ਨੂੰ ਪਿਛਲੇ ਦਿਨੀ ਪਿਸਤੌਲਾ ਸਣੇ ਕਾਬੂ ਕੀਤਾ ਸੀ, ਜਿਸ ਦੀ ਪੁੱਛਗਿੱਛ ਤੋਂ ਬਾਅਦ ਪੁਲਸ ਨੇ ਕੁਲਭੂਸ਼ਨ ਨੂੰ ਕਾਬੂ ਕੀਤਾ ਤੇ ਉਸ ਪਾਸੋਂ ਇੱਕ ਨਜ਼ਾਇਜ ਪਿਸਤੌਲ 32 ਬੋਰ, ਦੋ ਜ਼ਿੰਦਾ ਰੌਂਦ ਤੇ ਇੱਕ ਮੈਗਜ਼ੀਨ ਬ੍ਰਾਮਦ ਕੀਤਾ ਹੈ।ਉਨ੍ਹਾਂ ਦੱਸਿਆ ਕਿ ਉਕਤ ਨੌਜਵਾਨ ਨੂੰ ਅਦਾਲਤ 'ਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕਰਕੇ ਪੁੱਛਗਿੱਛ ਕੀਤੀ ਜਾਵੇਗੀ।

## ਅਧਿਆਪਕ ਰਜਨੀਸ਼ ਕੁਮਾਰ ਗੁਲਿਆਨੀ ਦਾ ਸਨਮਾਨ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਲਾਇਨਜ਼ ਕਲੱਬ ਹੁਸ਼ਿਆਰਪੁਰ ਪ੍ਰਿੰਸ ਦੇ ਲਾਇਨ ਮੈਂਬਰਾਂ ਵੱਲੋਂ ਰੀਜ਼ਨ ਚੇਅਰਮੈਨ ਲਾਇਨ ਰਣਜੀਤ ਸਿੰਘ ਰਾਣਾ ਦੀ ਪ੍ਰਧਾਨਗੀ ਹੇਠ ਸ਼ਾਨਦਾਰ ਅਧਿਆਪਕ ਸਨਮਾਨ ਸਮਾਰੋਹ ਕਰਵਾਇਆ ਗਿਆ।ਇਸ ਦੌਰਾਨ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਕੋਮਲ ਮਿੱਤਲ ਮੁੱਖ ਮਹਿਮਾਨ ਸਨ।ਇਸ ਵਿਸ਼ੇਸ਼ ਸਮਾਗਮ ਦਾ ਉਦੇਸ਼ ਅਧਿਆਪਕਾਂ ਦੇ ਯੋਗਦਾਨ ਨੂੰ ਮਾਨਤਾ ਦੇਣਾ ਅਤੇ ਸਮਾਜ ਲਈ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨ ਦੀ ਸ਼ਲਾਘਾ ਕਰਨਾ ਸੀ।ਸਮਾਗਮ ਦੌਰਾਨ ਅਧਿਆਪਕ ਰਜਨੀਸ਼ ਕੁਮਾਰ ਗੁਲਿਆਨੀ ਜ਼ਿਲ੍ਹਾ ਕੋਆਰਡੀਨੇਟਰ, ਲੈਕਚਰਾਰ ਨੀਰਜ ਧੀਮਾਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਫੋਲਬਾਹਾ, ਅਧਿਆਪਕਾ ਪੂਨਮ ਰਾਜਪੂਤ ਸਰਕਾਰੀ ਐਲੀਮੈਂਟਰੀ ਸਕੂਲ ਬੱਸੀ ਮੁੱਦਾ ਨੂੰ ਸਿੱਖਿਆ ਦੇ ਖੇਤਰ ਵਿੱਚ ਪਾਏ ਸ਼ਾਨਦਾਰ ਯੋਗਦਾਨ ਲਈ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਇਸ ਦੌਰਾਨ ਅਧਿਆਪਕਾਂ ਦੀ ਮਹੱਤਤਾ ਅਤੇ ਸਿੱਖਿਆ ਦੇ ਖੇਤਰ ਵਿੱਚ ਉਨ੍ਹਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਗਈ।ਇੱਸ ਦੌਰਾਨ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਕੋਮਲ ਮਿੱਤਲ ਉਨ੍ਹਾਂ ਦੇ ਨਾਲ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਲਲਿਤਾ ਅਰੋੜਾ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਧੀਰਜ ਵਿਸ਼ਿਸ਼ਟ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ) ਸੁਖਵਿੰਦਰ ਸਿੰਘ, ਪ੍ਰਿੰਸੀਪਲ ਸ਼ੈਲੇਂਦਰ ਠਾਕੁਰ ਅਤੇ ਪ੍ਰਿੰਸੀਪਲ ਤ੍ਰਿਲੋਚਨ ਸਿੰਘ ਨੇ ਵੀ ਸਮਾਗਮ 'ਚ ਸ਼ਿਰਕਤ ਕੀਤੀ।

## ਤੇਰੀਆਂ ਕਿਆ ਬਾਤਾਂ ਦਾ ਪੋਸਟਰ ਰਿਲੀਜ਼



**ਬੰਗਾ (ਅਵਤਾਰ ਕਲੇਰ)**- ਦਰਬਾਰ ਸਾਈਂ ਗੁਲਾਮੀ ਸ਼ਾਹ ਕਾਦਰੀ ਜੀ ਬੰਗਾ ਵਿਖੇ ਗਾਇਕ ਨੂਰ ਮੁਹੰਮਦ ਦਾ ਗਾਇਆ ਧਾਰਮਿਕ ਗੀਤ 'ਤੇਰੀਆਂ ਕਿਆ ਬਾਤਾਂ' ਦਾ ਪੋਸਟਰ ਰਿਲੀਜ਼ ਕੀਤਾ ਗਿਆ। ਏਕ ਨੂਰ ਕੰਪਨੀ ਦੀ ਪੇਸ਼ਕਸ਼।ਸੰਗੀਤਕਾਰ ਅਤੇ ਵੀਡੀਓ ਡਾਇਰੈਕਟਰ ਪ੍ਰੀਤ ਬਲਿਹਾਰ।ਨੂਰ ਮੁਹੰਮਦ ਨੇ ਦੱਸਿਆ ਕਿ ਧਾਰਮਿਕ ਗੀਤ ਨੂੰ ਵਧਾਈ ਢੰਗ ਨਾਲ ਫ਼ਿਲਮਾਇਆ ਗਿਆ ਹੈ ਅਤੇ ਆਸ ਕਰਦੇ ਹਾਂ ਕਿ ਸੰਗਤਾਂ ਨੂੰ ਪਸੰਦ ਆਵੇਗਾ।ਪੋਸਟਰ ਰਿਲੀਜ਼ ਕਰਨ ਮੌਕੇ ਬੀਬੀ ਮਹਿੰਦਰ ਕੌਰ ਗੱਦੀ ਨਸ਼ੀਨ ਸਾਈਂ ਗੁਲਾਮੀ ਸ਼ਾਹ ਕਾਦਰੀ ਦਰਬਾਰ ਬੰਗਾ, ਸਾਈਂ ਉਮਰੇ ਸ਼ਾਹ ਕਾਦਰੀ ਗੱਦੀ ਨਸ਼ੀਨ ਰੌਜ਼ਾ ਸ਼ਰੀਫ਼ ਮੰਢਾਲੀ, ਸਾਈਂ ਜੀਤ ਸ਼ਾਹ ਰੁੜਕਾ ਕਲਾਂ, ਬਾਬਾ ਸੋਢੀ ਭਗਤ ਲਲਵਾਨ, ਗਾਇਕ ਬੂਟਾ ਮੁਹੰਮਦ, ਨੰਬਰਦਾਰ ਹੁਸਨ ਲਾਲ ਜੱਬੋਵਾਲ, ਆਸ਼ੂ ਚੋਪੜਾ, ਨੂਰ ਮੁਹੰਮਦ ਆਦਿ ਹਾਜ਼ਰ ਸਨ।

## ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਨੇ ਖੋਲ੍ਹਿਆ ਸਰਕਾਰ ਖਿਲਾਫ ਮੋਰਚਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਾਬ ਦੀ ਸੂਬਾ ਪੱਧਰੀ ਮੀਟਿੰਗ ਜਸਵੀਰ ਸਿੰਘ ਤਲਵਾੜਾ ਦੀ ਪ੍ਰਧਾਨਗੀ ਹੇਠ ਹੋਈ । ਕਮੇਟੀ ਨੇ ਪੰਜਾਬ ਸਰਕਾਰ ਦੇ ਲਾਰਾ ਲਾਊ ਰਵੱਈਏ ਦਾ ਸਖਤ ਨੋਟਿਸ ਲੈਂਦਿਆਂ ਜ਼ਿਲ੍ਹਾ ਪੱਧਰੀ ਅਤੇ ਸੂਬਾ ਪੱਧਰੀ ਐਕਸ਼ਨਾਂ ਦਾ ਐਲਾਨ ਕਰਦਿਆਂ ਸਰਕਾਰ ਖ਼ਿਲਾਫ਼ ਮੋਰਚਾ ਖੋਲ੍ਹ ਦਿੱਤਾ ਹੈ। ਪ੍ਰੈਸ ਨੋਟ ਜਾਰੀ ਕਰਦਿਆਂ ਸੂਬਾਈ ਆਗੂਆਂ ਨੇ ਦੱਸਿਆ ਕਿ 29 ਸਤੰਬਰ ਨੂੰ ਐਮ ਐਲ ਏ ਅਤੇ ਕੈਬਨਿਟ ਮੰਤਰੀਆਂ ਦੇ ਘਰਾਂ ਅੱਗੇ ਅਤੇ 6 ਅਕਤੂਬਰ ਨੂੰ ਚਾਰੇ ਜ਼ਿਮਨੀ ਚੋਣ ਹਲਕਿਆਂ ਚੱਬੇਵਾਲ, ਡੇਰਾ ਬਾਬਾ ਨਾਨਕ, ਬਰਨਾਲਾ ਅਤੇ ਗਿੱਦੜਬਾਹਾ ਵਿੱਚ ਰੈਲੀਆਂ ਕੀਤੀਆਂ ਜਾਣਗੀਆਂ ।ਪੰਜਾਬ ਸਰਕਾਰ ਵੱਲੋਂ ਪਿਛਲੇ ਸਾਲ 18 ਨਵੰਬਰ ਨੂੰ ਪੁਰਾਣੀ ਪੈਨਸ਼ਨ ਬਹਾਲ ਕਰਨ ਦਾ ਨੋਟੀਫਿਕੇਸ਼ਨ ਜਾਰੀ ਹੋਇਆ ਸੀ, ਇਹ ਨੋਟੀਫਿਕੇਸ਼ਨ ਅਜੇ ਤੱਕ ਪੰਜਾਬ ਸਰਕਾਰ ਵੱਲੋਂ ਲਾਗੂ ਨਹੀਂ ਕੀਤਾ ਗਿਆ। ਮੌਜੂਦਾ ਪੰਜਾਬ ਸਰਕਾਰ ਵੱਡੇ ਵੱਡੇ ਕੰਮਾਂ ਨੂੰ ਥੋੜ੍ਹੇ ਸਮੇਂ ਵਿੱਚ ਕਰਕੇ ਦਿਖਾਉਣ ਦਾ ਦਾਅਵਾ ਕਰਦੀ ਹੈ ਪਰ ਖੁਦ ਦੇ ਪੁਰਾਣੀ ਪੈਨਸ਼ਨ ਬਹਾਲੀ ਸੰਬੰਧੀ ਲਿਖਤੀ ਕੀਤੇ ਵਾਅਦੇ ਨੂੰ ਇੱਕ ਸਾਲ ਹੋ ਚੱਲਿਆ ਤੇ ਮੁੱਖ ਮੰਤਰੀ ਦੇ ਐਲਾਨ ਨੂੰ ਵੀ ਇੱਕ ਸਾਲ ਹੋ ਗਿਆ ਹੈ ਪਰ ਸਰਕਾਰ ਅਮਲੀ ਜਾਮਾ ਪਾਉਣ ਲਈ ਨਾਕਾਮ ਰਹੀ ਹੈ। ਜਦੋਂ ਕਿ ਗਵਾਂਢੀ ਸੂਬੇ ਦੀ ਸਰਕਾਰ ਨੇ ਬਾਅਦ ਵਿੱਚ ਸਰਕਾਰ ਬਣਾ ਕੇ ਵਾਅਦਾ ਪੂਰਾ ਕਰ ਵਿਖਾਇਆ ਹੈ। ਮੀਟਿੰਗ ਵਿੱਚ ਇਹ ਵੀ ਫੈਸਲਾ ਕੀਤਾ ਗਿਆ ਕਿ ਜਿੱਥੇ ਵੀ ਮੁੱਖ ਮੰਤਰੀ ਪੰਜਾਬ ਜਾਣਗੇ ਉਹਨਾਂ ਦਾ ਕਾਲੀਆਂ ਝੰਡੀਆਂ ਨਾਲ ਜ਼ਿਲ੍ਹਾ ਪੱਧਰ 'ਤੇ ਸਵਾਗਤ ਕੀਤਾ ਜਾਵੇਗਾ। ਇਸ ਸਮੇਂ ਜਰਨੈਲ ਸਿੰਘ ਪੱਟੀ ਜਨਰਲ ਸਕੱਤਰ, ਕੋ-ਕਨਵੀਨਰ ਅਜੀਤਪਾਲ ਸਿੰਘ ਜੱਸੋਵਾਲ, ਜਸਵਿੰਦਰ ਸਿੰਘ ਜੱਸਾ, ਕਰਮਜੀਤ ਤਾਮਕੋਟ, ਜਗਸੀਰ ਸਹੋਤਾ, ਲਖਵਿੰਦਰ ਸਿੰਘ ਭੌਰ, ਬਿਕਰਮਜੀਤ ਸਿੰਘ ਕੱਦੋਂ, ਵਰਿੰਦਰ ਵਿੱਕੀ, ਸੱਤ ਪ੍ਰਕਾਸ਼, ਗੁਰਦੀਪ ਸਿੰਘ ਚੀਮਾ, ਸੰਜੀਵ ਧੂਤ, ਕਰਮਜੀਤ ਜਲਾਲ, ਜੁਝਾਰ ਸਹੂੰਗੜਾ, ਗੁਰਦਿਆਲ ਮਾਨ, ਕੇਵਲ ਸਿੰਘ, ਹਿੰਮਤ ਸਿੰਘ ਪਟਿਆਲਾ, ਦਰਸ਼ਨ ਅਲੀਸ਼ੇਰ, ਲਵਪ੍ਰੀਤ ਰੋੜਾਂਵਾਲੀ, ਪਰਮਿੰਦਰਪਾਲ ਸਿੰਘ ਕਪੂਰਥਲਾ, ਕੁਲਦੀਪ ਵਾਲੀਆ, ਕੁਲਵਿੰਦਰ ਤਰਨਤਾਰਨ, ਜੂਨੀਅਰ ਇੰਜੀਨੀਅਰ ਐਸੋਸੀਏਸ਼ਨ ਤੋਂ ਜਗਤਾਰ ਸਿੰਘ, ਟੀ.ਐਸ.ਯੂ ਤੋਂ ਰਘਵੀਰ ਸਿੰਘ, ਕਰਮਜੀਤ ਸਿੰਘ, ਨਿਰਭੈ ਸਿੰਘ, ਲਖਵਿੰਦਰ ਸਿੰਘ ਮਾਨ, ਕੁਲਦੀਪ ਅੱਕਾਂਵਾਲੀ, ਨਿਰਭੈ ਸਿੰਘ ਜਰਗ ਘਨੌਰ ਆਦਿ ਹਾਜ਼ਰ ਸਨ ।

## ਇਨੋਸੈਂਟ ਹਾਰਟਸ ਗਰੁੱਪ ਨੇ ਹਿੰਦੀ ਦਿਵਸ ਮਨਾਇਆ



**ਜਲੰਧਰ (ਸ਼ੈਲੀ ਐਲਬਰਟ)** ਇਨੋਸੈਂਟ ਹਾਰਟਸ ਗਰੁੱਪ ਆਫ ਇੰਸਟੀਚਿਊਸ, ਇਨੋਸੈਂਟ ਹਾਰਟਜ਼ ਕਾਲਜ ਆਫ ਐਜੂਕੇਸ਼ਨ ਦੀ ਐਨ ਐਸ ਐਸ ਯੂਨਿਟ ਅਤੇ ਇੰਨੋਸੈਂਟ ਹਾਰਟਜ਼ ਦੇ ਪੰਜ ਸਕੂਲ (ਗ੍ਰੀਨ ਮਾਡਲ ਟਾਊਨ, ਲੋਹਾਰਾਂ, ਨੂਰਪੁਰ ਰੋਡ, ਕੈਂਟ ਜੰਡਿਆਲਾ ਰੋਡ ਅਤੇ ਕਪੂਰਥਲਾ ਰੋਡ) ਵਿੱਚ ਰਾਸ਼ਟਰੀ ਹਿੰਦੀ ਦਿਵਸ ਬੜੇ ਉਲਾਸ ਨਾਲ ਮਨਾਇਆ ਗਿਆ। ਇਸ ਮੌਕੇ ਇਨੋਸੈਂਟ ਹਾਰਟਸ ਸਕੂਲ ਦੇ ਵਿਦਿਆਰਥੀਆਂ ਨੇ ਹਿੰਦੀ ਦੋਹਾ-ਗਾਇਨ, ਪੋਸਟਰ ਮੇਕਿੰਗ, ਸਲੋਗਨ ਰਾਈਟਿੰਗ ਆਦਿ ਵਿੱਚ ਬੜੇ ਉਤਸ਼ਾਹ ਨਾਲ ਭਾਗ ਲਿਆ।ਇਨੋਸੈਂਟ ਹਾਰਟਸ ਗਰੁੱਪ ਆਫ਼ ਇੰਸਟੀਚਿਊਸ ਅਤੇ ਇਨੋਸੈਂਟ ਹਾਰਟਸ ਕਾਲਜ ਕਾਲਜ ਆਫ਼ ਐਜੂਕੇਸ਼ਨ ਦੀ ਐਨ ਐਸ ਐਸ ਯੂਨਿਟ ਨੇ ਰਾਸ਼ਟਰੀ ਦਿਵਸ ਦੇ ਮੌਕੇ ਭਾਸ਼ਾਵਾਂ ਮੁਕਾਬਲੇ - ਨਾਰਾ ਲੇਖਣ, ਰਚਨਾਤਮਕ ਲੇਖਣ ਕਾਲਜ ਆਦਿ ਦਾ ਆਯੋਜਨ ਦਿੱਤਾ, ਵੱਖ ਵੱਖ ਕਾਲਜਾਂ - ਸੱਚਾ ਪਾਲ ਤੁਲੀ ਮੈਮੋਰੀਅਲ ਕਾਲਜ ਆਫ਼ ਐਜੂਕੇਸ਼ਨ, ਪਠਾਨਕੋਟ, ਡਿਪਸ ਕਾਲਜ ਆਫ ਏਜੁਕੇਸ਼ਨ, ਢਿੱਲਵਾਂ ਅਤੇ ਓਮ ਪ੍ਰਕਾਸ਼ ਮੈਮੋਰੀਅਲ ਇੰਸਟੀਟਿਊਟ ਆਫ ਐਜੂਕੇਸ਼ਨ, ਦਯਾਲਪੁਰ ਦੇ ਵਿਦਿਆਰਥੀਆਂ ਨੇ ਭਾਗ ਲਿਆ।ਵਿਦਿਆਰਥੀਆਂ ਨੇ ਹਿੰਦੀ ਵਿੱਚ ਪ੍ਰੇਰਨਾਦਾਇਕ ਸਲੋਗਨ ਤਿਆਰ ਕਰਕੇ ਹਿੰਦੀ ਭਾਸ਼ਾ ਦੇ ਪ੍ਰਤੀ ਆਪਣੇ ਗਹਿਰੇ ਭਾਵਾਂ ਨੂੰ ਪ੍ਰਗਟ ਕੀਤਾ।ਇਸ ਪ੍ਰਤੀਯੋਗਤਾ ਵਿੱਚ ਭਾਗ ਲੈਣ ਵਾਲੇ ਸਾਰੇ ਪ੍ਰਤੀਭਾਗੀਆਂ ਨੇ ਪੇਸ਼ਕਾਰੀ ਰਾਹੀਂ ਆਪਣੇ ਪਿਆਰ ਅਤੇ ਸਤਿਕਾਰ ਨੂੰ ਪ੍ਰਗਟ ਕੀਤਾ ਅਤੇ ਜਿੱਤਣ ਵਾਲੇ ਵਿਦਿਆਰਥੀਆਂ ਨੂੰ ਪ੍ਰਮਾਣ-ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ।

## ਫੂਡ ਸੇਫਟੀ ਟੀਮ ਵੱਲੋਂ ਖੁੱਲ੍ਹੇ ਪਨੀਰ ਦੇ 9 ਸੈਂਪਲ ਲਏ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਕਮਿਸ਼ਨਰ ਫੂਡ ਐਂਡ ਡਰੱਗ ਐਡਮਿਨਿਸਟ੍ਰੇਸ਼ਨ ਪੰਜਾਬ ਡਾ. ਅਭਿਨਵ ਤ੍ਰਿਖਾ ਅਤੇ ਸਿਵਲ ਸਰਜਨ ਹੁਸ਼ਿਆਰਪੁਰ ਡਾ. ਪਵਨ ਕੁਮਾਰ ਸ਼ਗੋਤਰਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਨਵ ਨਿਯੁਕਤ ਜ਼ਿਲ੍ਹਾ ਸਿਹਤ ਅਫ਼ਸਰ ਡਾ. ਜਤਿੰਦਰ ਭਾਟੀਆ ਵਲੋਂ ਫੂਡ ਸੇਫਟੀ ਅਫਸਰ ਮੁਨੀਸ਼ ਸੋਢੀ, ਵਿਵੇਕ ਕੁਮਾਰ ਅਤੇ ਅਭਿਨਵ ਖੋਸਲਾ ਦੇ ਨਾਲ ਹੁਸ਼ਿਆਰਪੁਰ ਦੇ ਸਬ ਅਰਬਨ ਏਰੀਆ, ਟਾਂਡਾ ਅਤੇ ਗੜ੍ਹਸ਼ੰਕਰ ਦੇ ਵੱਖ ਵੱਖ ਸਥਾਨਾਂ ਤੇ ਛਾਪੇਮਾਰੀ ਕੀਤੀ।ਫੂਡ ਸੇਫਟੀ ਟੀਮ ਵੱਲੋਂ ਇਹਨਾਂ ਸਥਾਨਾਂ ਤੋਂ ਖੁੱਲੇ ਪਨੀਰ ਦੇ 9 ਸੈਂਪਲ ਲਏ ਗਏ। ਲਏ ਗਏ ਸੈਂਪਲਾਂ ਨੂੰ ਨਰੀਖਣ ਲਈ ਫੂਡ ਲੈਬ ਖਰੜ ਭੇਜ ਦਿੱਤਾ ਗਿਆ ਹੈ।ਸੈਂਪਲਾਂ ਦੀ ਰਿਪੋਰਟ ਐੱਫ.ਐਸ.ਐਸ.ਏ.ਆਈ. ਮੁਤਾਬਿਕ ਨਾ ਆਉਣ ਤੇ ਫੂਡ ਸੇਫਟੀ ਸਟੈਂਡਰਡ ਐਕਟ 2006 ਅਧੀਨ ਕਾਰਵਾਈ ਕੀਤੀ ਜਾਵੇਗੀ।ਛਾਪੇ ਦੌਰਾਨ ਪਾਏ ਗਏ ਉੱਲੀ ਲੱਗੇ ਖੋਏ ਨੂੰ ਅਤੇ ਸੌਸ ਦੀਆਂ ਐਕਸਪਾਇਰੀ ਬੋਤਲਾਂ ਨੂੰ ਮੌਕੇ 'ਤੇ ਨਸ਼ਟ ਕਰਵਾਇਆ ਗਿਆ।ਖਰਾਬ ਖਾਦ ਪਦਾਰਥ ਵਿਕਰੇਤਾਵਾਂ ਨੂੰ ਡੀ ਐਚ ਓ ਵੱਲੋਂ ਸਖ਼ਤ ਹਿਦਾਇਤ ਕੀਤੀ ਗਈ ਕਿ ਲੋਕਾਂ ਦੀ ਸਿਹਤ ਨਾਲ ਖਿਲਵਾੜ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਅਜਿਹਾ ਕਰਨ ਵਾਲਿਆਂ ਵਿਰੁਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਡੀ ਐਚ ਓ ਨੇ ਜ਼ਿਲ੍ਹਾ ਵਾਸੀਆਂ ਨੂੰ ਜਾਗਰੂਕ ਕਰਦਿਆਂ ਕਿਹਾ ਕਿ ਖਾਣ ਪੀਣ ਵਾਲੇ ਪਦਾਰਥਾਂ ਨੂੰ ਖਰੀਦਣ ਵੇਲੇ ਉਹਨਾਂ ਦੀ ਐਕਸਪਾਇਰੀ ਮਿਤੀ ਜਰੂਰ ਚੈੱਕ ਕੀਤੀ ਜਾਵੇ। ਲੰਘ ਚੁੱਕੀ ਮਿਤੀ ਵਾਲੇ ਖਾਧ ਪਦਾਰਥ ਨਾ ਵਰਤੇ ਜਾਣ ।

## ਸਿਹਤ ਵਿਭਾਗ ਦੀ ਟੀਮ ਨੇ ਡੇਂਗੂ ਮੱਛਰ ਦਾ ਲਾਰਵਾ ਕੀਤਾ ਨਸ਼ਟ



**ਬਲਾਚੌਰ (ਜਸਵਿੰਦਰ ਬੈਂਸ)** ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਸਿਵਲ ਸਰਜਨ ਡਾ. ਜਸਪ੍ਰੀਤ ਕੌਰ ਦੇ ਦਿਸਾ ਨਿਰਦੇਸ਼ਾ ਦੀ ਪਾਲਣਾ ਹਿੱਤ ਸੀਨੀਅਰ ਮੈਡੀਕਲ ਡਾ. ਕੁਲਵਿੰਦਰ ਮਾਨ ਵਲੋਂ ਜਾਰੀ ਦੀਆਂ ਗਾਇਡ ਲਾਇਨਾਂ ਦੇ ਇੰਨ ਬਿੰਨ ਪਾਲਣਾ ਕਰਦਿਆ ਸਿਹਤ ਵਿਭਾਗ ਦੀ ਟੀਮ ਵਲੋਂ ਖੇਤੀਬਾੜੀ ਯੂਨੀਵਰਸਿਟੀ ਬੱਲੋਵਾਲ ਸੌਖੜੀ ਵਿਖੇ ਡੇਂਗੂ ਐਕਟੀਵਿਟੀ ਕੀਤੀ ਗਈ।ਇਸ ਸੰਬੰਧੀ ਜਾਣਕਾਰੀ ਦਿੰਦਿਆ ਬਲਵਿੰਦਰ ਸਿੰਘ ਮਲਟੀਪਰਪਜ ਹੈਲਥ ਵਰਕਰ (ਮੇਲ) ਅਤੇ ਅਮਰਜੀਤ ਕੁਮਾਰ ਮਲਟੀਪਰਪਜ ਹੈਲਥ ਵਰਕਰ (ਮੇਲ) ਵਲੋਂ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਖੇਤੀਬਾੜੀ ਯੂਨੀਵਰਸਿਟੀ ਬੱਲੋਵਾਲ ਸੌਖੜੀ ਵਿਖੇ ਦਫਤਰ, ਕਲਾਸਾ ਅਤੇ ਹੋਸਟਲ ਵਿੱਚ ਮੌਜੂਦ ਕੂਲਰਾ, ਫਰਿੱਜਾ, ਗਮਲਿਆ ਅਤੇ ਤਲਾਬਾ ਦੀ ਬਰੀਕੀ ਨਾਲ ਛਾਣਬੀਣ ਕੀਤੀ ਗਈ ਅਤੇ ਇਸ ਦੌਰਾਨ ਜਿੱਥੇ ਵੀ ਲਾਰਵਾ ਮਿਲਿਆ ਉਸ ਨੂੰ ਦਵਾਈ ਦਾ ਛਿੜਕਾ ਕਰਕੇ ਮੌਕੇ ਉਪਰ ਹੀ ਨਸ਼ਟ ਕੀਤਾ ਗਿਆ।ਇਸ ਮੌਕੇ ਉਨ੍ਹਾਂ ਸਟਾਫ ਅਤੇ ਵਿੱਦਿਆਰਥੀਆਂ ਨੂੰ ਸਾਫ ਸਫਾਈ ਸੰਬੰਧੀ ਜਾਗਰੂਕ ਕਰਦਿਆ ਆਖਿਆ ਕਿ ਕੂਲਰਾ, ਫਰਿੱਜਾ, ਗਮਲਿਆ ਦੀ ਵਾਰ ਵਾਰ ਸਾਫ ਸਫਾਈ ਕਰਨੀ ਯਕੀਨੀ ਬਣਾਈ ਜਾਵੇ, ਕਿਸੇ ਵੀ ਜਗ੍ਹਾ ਗੰਦਾ ਪਾਣੀ ਜਾ ਸਾਫ ਪਾਣੀ ਖੜਨ ਨਾ ਦਿੱਤਾ ਜਾਵੇ ਕਿਉਕਿ ਉਸ ਨਾਲ ਮੱਛਰ ਦੀ ਪੈਦਾਵਾਰ ਵਿੱਚ ਵਾਧਾ ਹੁੰਦਾ ਹੈ ਅਤੇ ਸਮੇਂ ਸਮੇਂ ਸਿਰ ਦਵਾਈ ਦਾ ਛਿੜਕਾ ਵੀ ਕੀਤਾ ਜਾਵੇ।ਇਸ ਮੌਕੇ ਯੂਨੀਵਰਸਿਟੀ ਦਾ ਸਟਾਫ, ਵਿਦਿਆਰਥੀ ਅਤੇ ਬਰੀਡਰ ਚੈਕਰ ਮਨੋਜ ਕੁਮਾਰ ਵੀ ਮੌਜੂਦ ਸਨ।

## ਸਰਕਾਰ ਮੁਲਾਜ਼ਮਾਂ ਦੀਆਂ ਮੰਗਾਂ ਵੱਲ ਧਿਆਨ ਦੇਵੇ : ਫੈਡਰੇਸ਼ਨ ਆਗੂ



**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)** ਪੰਜਾਬ ਸਰਕਾਰ ਡਾਕਟਰਾਂ ਦੀਆਂ ਮੰਗਾਂ ਪ੍ਰਤੀ ਗੰਭੀਰ ਨਾ ਹੋ ਕੇ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰ ਰਹੀ ਹੈ।ਗਰੀਬ ਲੋਕ ਅੱਜ ਵੀ ਆਪਣਾ ਇਲਾਜ ਕਰਵਾਉਣ ਲਈ ਸਰਕਾਰੀ ਹਸਪਤਾਲਾਂ 'ਤੇ ਨਿਰਭਰ ਹਨ।ਇੱਕ ਪਾਸੇ ਡਾਕਟਰਾਂ ਵਲੋਂ ਆਪਣੀ ਸੁਰੱਖਿਆ ਅਤੇ ਹੋਰ ਹੱਕੀ ਅਤੇ ਜਾਇਜ ਮੰਗਾਂ ਨੂੰ ਲੈ ਕੇ ਕੀਤੀ ਗਈ ਮੁਕੰਮਲ ਹੜਤਾਲ ਕਾਰਨ ਜਿੱਥੇ ਆਮ ਲੋਕ ਮਹਿੰਗੇ ਇਲਾਜ ਕਰਵਾਉਣ ਲਈ ਮਜਬੂਰ ਹੋ ਰਹੇ ਹਨ ਦੂਜੇ ਪਾਸੇ ਪੰਜਾਬ ਰਾਜ ਬਿਜਲੀ ਬੋਰਡ ਦੇ ਮੁਲਾਜ਼ਮਾਂ ਵੀ ਆਪਣੀਆਂ ਮੰਗਾਂ ਪ੍ਰਤੀ ਪੰਜਾਬ ਸਰਕਾਰ ਵਲੋਂ ਅਪਣਾਈ ਟਾਲਮਟੋਲ ਦੀ ਨੀਤੀ ਦੇ ਵਿਰੋਧ ਵਿੱਚ ਹੜਤਾਲ 'ਤੇ ਹਨ। ਸਰਕਾਰ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਗੰਭੀਰ ਨਹੀਂ ਹੈ।ਸਰਕਾਰੀ ਸਕੂਲਾਂ ਦੇ ਕੰਪਿਊਟਰ ਅਧਿਆਪਕ ਵੀ ਆਪਣੀਆਂ ਸੇਵਾਵਾਂ ਸਿੱਖਿਆ ਵਿਭਾਗ ਵਿੱਚ ਰੈਗੂਲਰ ਕਰਨ ਲਈ ਸੰਘਰਸ਼ ਕਰ ਰਹੇ ਹਨ ਅਤੇ ਸਰਕਾਰ ਵਲੋਂ ਆਪਣਾ ਹੱਕ ਮੰਗਣ ਤੇ ਲਾਠੀਚਾਰਜ ਕੀਤਾ ਜਾ ਰਿਹਾ ਹੈ। ਇਸ ਸਮੇਂ ਪੰਜਾਬ ਭਰ ਦੇ ਮੁਲਾਜ਼ਮ ਅਤੇ ਪੈਨਸ਼ਨਰ ਪੰਜਾਬ ਸਰਕਾਰ ਤੋਂ ਖਫਾ ਹਨ।ਪੰਜਾਬ ਸੁਬਾਰਡੀਨੇਟ ਸਰਵਿਸ ਫੈਡਰੇਸ਼ਨ ਬਲਾਕ ਮਾਹਿਲਪੁਰ ਵੱਲੋਂ ਪ੍ਰੈਸ ਬਿਆਨ ਜਾਰੀ ਕਰਦਿਆਂ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਹੈ ਕਿ ਸਰਕਾਰ ਡਾਕਟਰਾਂ ਅਤੇ ਬਿਜਲੀ ਬੋਰਡ ਦੇ ਮੁਲਾਜ਼ਮਾਂ ਦੀਆਂ ਮੰਗਾਂ ਦਾ ਕੋਈ ਸਾਰਥਕ ਹੱਲ ਕੱਢਕੇ ਆਮ ਲੋਕਾਂ ਨੂੰ ਰਾਹਤ ਦੇਵੇ ਅਤੇ ਲੋਕਾਂ ਦੀ ਖੱਜਲ ਖੁਆਰੀ ਹੋਣ ਤੋਂ ਰੋਕੇ ਅਤੇ ਕੰਪਿਊਟਰ ਅਧਿਆਪਕਾਂ ਨੂੰ ਵੀ ਬਿਨਾਂ ਸ਼ਰਤ ਸਿੱਖਿਆ ਵਿਭਾਗ ਵਿੱਚ ਰੈਗੂਲਰ ਕਰੇ।ਇਸ ਮੌਕੇ ਬਲਾਕ ਪ੍ਰਧਾਨ ਨਰਿੰਦਰ ਅਜਨੋਹਾ, ਜਨਰਲ ਸਕੱਤਰ ਮੱਖਣ ਸਿੰਘ ਲੰਗੇਰੀ, ਪੈਨਸ਼ਨਰ ਆਗੂ ਪ੍ਰਿੰਸੀਪਲ ਪਿਆਰਾ ਸਿੰਘ, ਸੱਤਪਾਲ ਲੱਠ, ਮਲਕੀਅਤ ਸਿੰਘ ਬਾਹੋਵਾਲ ਜੇ.ਪੀ.ਐਮ.ਓ ਆਗੂ, ਦੀਪਕ ਕੁਮਾਰ, ਬਲਵੀਰ ਸਿੰਘ, ਓਮ ਦੱਤ, ਬਲਦੇਵ ਸਿੰਘ ਢੱਕੋਂ, ਉਂਕਾਰ ਸਿੰਘ, ਪ੍ਰਿੰਸੀਪਲ ਹਰਮਨੋਜ ਕੁਮਾਰ, ਸਤਨਾਮ ਸਿੰਘ, ਸਗਲੀ ਰਾਮ, ਅਜੇ ਕੁਮਾਰ, ਵਰਿੰਦਰ ਕੁਮਾਰ ਭਾਰਟਾ, ਲਹਿੰਬਰ ਸਿੰਘ ਰਹੱਲੀ, ਹੈਡਮਾਸਟਰ ਕਰਮਵੀਰ ਸਿੰਘ, ਗੁਰਨਾਮ ਚੰਦ, ਬਲਵੰਤ ਰਾਮ, ਗੁਰਮੁੱਖ ਸਿੰਘ, ਮਨਜੀਤ ਸਿੰਘ, ਰਾਮ ਆਸਰਾ ਅਤੇ ਕਈ ਹੋਰ ਫੈਡਰੇਸ਼ਨ ਆਗੂ ਹਾਜ਼ਰ ਸਨ।

## ਸੰਤ ਸਮਾਗਮ ਸ਼ਰਧਾਪੂਰਵਕ ਕਰਵਾਇਆ

**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**

ਸਥਾਨਕ ਪਿੰਡ ਕੋਟ ਫਤੂਹੀ ਦੇ ਡੇਰਾ ਸੰਤ ਸ਼ਿਵ ਜੀ ਮਹਾਰਾਜ ਜੀ ਦੇ ਅਸਥਾਨ 'ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸੰਤ ਬਾਬਾ ਹਰੀ ਸਿੰਘ ਨੈਕੀ ਵਾਲਿਆਂ ਦੇ ਵਰਸੋਏ ਸੰਤ ਸ਼ਿਵ ਮਹਾਰਾਜ ਜੀ ਦੀ ਸਲਾਨਾ ਬਰਸੀ ਨੂੰ ਸਮਰਪਿਤ ਧਾਰਮਿਕ ਅਤੇ ਸੰਤ ਸਮਾਗਮ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਕਸ਼ਮੀਰ ਸਿੰਘ ਨੈਕੀ ਵਾਲੇ ਕੋਟ ਫਤੂਹੀ ਅਤੇ ਸੰਤ ਜਗਤਾਰ ਸਿੰਘ ਕੋਟ ਫਤੂਹੀ ਦੀ ਅਗਵਾਈ ਵਿਚ ਬੜੀ ਸ਼ਰਧਾਪੂਰਵਕ ਕਰਵਾਇਆ ਗਿਆ।ਇਸ ਮੌਕੇ ਸ਼੍ਰੀ ਆਖੰਡ ਪਾਠ ਸਾਹਿਬ ਜੀ ਦੇ ਲੜੀ ਦੇ ਪਾਠਾਂ ਦੇ ਭੋਗ ਪਾਏ ਗਏ।ਉਪਰੰਤ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿਚ ਇਲਾਕੇ ਭਰ ਤੋਂ ਸਾਧੂ, ਸੰਤ ਮਹਾਂਪੁਰਸ਼ ਸੰਤ ਬਾਬਾ ਅਮਰੀਕ ਸਿੰਘ ਡੇਰਾ ਮੰਨਣਹਾਨਾ ਵਾਲੇ, ਸੰਤ ਜਨਕ ਸਿੰਘ ਜੱਬੜ ਵਾਲੇ, ਸੰਤ ਸਰਵਣ ਸਿੰਘ ਜੱਬੜ ਵਾਲੇ, ਸੰਤ ਤੇਜਾ ਸਿੰਘ ਖੁੱਡੇ ਵਾਲੇ, ਸੰਤ ਬਾਬਾ ਭੋਲਾ ਦਾਸ ਭਾਰਸਿੰਘਪੁਰ ਵਾਲੇ, ਸੰਤ ਰਣਜੀਤ ਸਿੰਘ ਬਾਹੋਵਾਲ ਵਾਲੇ, ਸੰਤ ਹਰਮੀਤ ਸਿੰਘ ਬਾਹੋਵਾਲ, ਸੰਤ ਜਗਤਾਰ ਸਿੰਘ ਬਣਾਂ ਸਾਹਿਬ ਬਾਹੋਵਾਲ ਵਾਲੇ, ਸਵਾਮੀ ਵਿਸ਼ਵ ਭਾਰਤੀ ਲੁਧਿਆਣਾ, ਸਵਾਮੀ ਅੰਬਿਕਾ ਭਾਰਤੀ ਲੁਧਿਆਣਾ, ਸੰਤ ਵਿਕਰਮਜੀਤ ਸਿੰਘ ਨੰਗਲ ਖੁਰਦ, ਬਾਬਾ ਜਗਮਿੱਤਰ ਸਿੰਘ ਟਿੱਬੀ ਸਾਹਿਬ ਰੋਪੜ ਵਾਲੇ, ਸੰਤ ਹਾਕਮ ਸਿੰਘ ਡਾਂਡੀਆ ਵਾਲੇ, ਸੰਤ ਕਰਮਜੀਤ ਸਿੰਘ ਟਿੱਬਾ ਸਾਹਿਬ ਵਾਲੇ, ਬਾਬਾ ਜਸਪਾਲ ਸਿੰਘ ਪੰਜੌੜ, ਬਾਬਾ ਮੱਖਣ ਸਿੰਘ ਦਰੀਆ ਵਾਲੇ, ਸੰਤ ਗੁਰਚਰਨ ਸਿੰਘ ਪੰਡਵਾਂ ਵਾਲੇ, ਵਿਜੇ ਬਾਬਾ ਕੋਟ ਫਤੂਹੀ, ਬਾਬਾ ਗੁਰਦਿਆਲ ਸਿੰਘ ਕੰਗਰੌੜ ਵਾਲੇ, ਸੰਤ ਸਤਨਾਮ ਸਿੰਘ ਮਜਾਰੀ ਵਾਲੇ, ਬੀਬੀ ਰਾਮ ਪਿਆਰੀ ਬਲਾਚੌਰ ਵਾਲੇ, ਸੰਤ ਪ੍ਰਮੇਸ਼ਰ ਸਿੰਘ ਭੋਗਪੁਰ ਵਾਲੇ, ਜੱਥੇਦਾਰ ਗੁਰਨਾਮ ਸਿੰਘ, ਸੰਤ ਸੁਰਿੰਦਰ ਸਿੰਘ ਕੰਦੋਲਾ ਵਾਲੇ, ਸੰਤ ਹਰਕ੍ਰਿਸ਼ਨ ਸਿੰਘ ਸੋਢੀ, ਸੰਤ ਜਸਵੰਤ ਸਿੰਘ ਠੱਕਰਵਾਲ, ਸੰਤ ਅਜਮੇਰ ਸਿੰਘ ਬਾੜੀਆ, ਸੰਤ ਮਹਿੰਦਰ ਦਾਸ ਮੇਘੋਵਾਲ ਗੰਜਿਆਂ ਵਾਲੇ, ਸੰਤ ਅਵਤਾਰ ਸਿੰਘ ਲੰਗੜੋਆ ਵਾਲੇ, ਸੰਤ ਰਜਿੰਦਰ ਸਿੰਘ ਛੋਕਰਾਂ ਵਾਲੇ, ਸੰਤ ਆਤਮ ਪ੍ਰਕਾਸ਼ ਭੂਤਾਂ ਵਾਲੇ, ਜੱਥੇਦਾਰ ਦਲਜੀਤ ਸਿੰਘ ਸੋਢੀ, ਸੰਤ ਜੋਗਿੰਦਰ ਸਿੰਘ ਅਟਾਰੀ, ਸੰਤ ਹਰੀ ਸਿੰਘ ਨੰਗਲ,ਭਾਈ ਗੁਰਦਿਆਲ ਸਿੰਘ ਢਾਡੀ ਜੱਥਾ ਲੱਖਪੁਰ, ਹਰੀ ਦਰਬਾਰ ਸੰਗੀਤ ਵਿਦਿਆਲਿਆ ਅਟਾਰੀ ਦੇ ਵਿਦਿਆਰਥੀ, ਬੀਬੀ ਦਰਸ਼ਨ ਕੌਰ ਖਾਲਸਾ ਲੁਧਿਆਣੇ ਵਾਲੇ ਜੱਥੇ ਨੇ ਸੰਗਤਾਂ ਨੂੰ ਗੁਰਬਾਣੀ ਕਥਾ ਕੀਰਤਨ ਤੇ ਆਪਣੇ ਪ੍ਰਵਚਨਾਂ ਨਾਲ ਨਿਹਾਲ ਕੀਤਾ।ਇਸ ਮੌਕੇ ਸਲਾਨਾ ਬਰਸੀ ਸਮਾਗਮ ਮੌਕੇ ਡਾਕਟਰ ਪਰਮਿੰਦਰ ਸੂਦ ਐੱਸ ਜੀ ਆਰ ਹਸਪਤਾਲ ਕੋਟ ਫਤੂਹੀ ਆਪਣੇ ਸਾਥੀਆਂ ਸਮੇਤ ਪੁੱਜ ਕੇ ਹਾਜ਼ਰੀ ਭਰੀ।ਇਸ ਮੌਕੇ ਐਮ ਪੀ ਡਾਕਟਰ ਰਾਜ ਕੁਮਾਰ ਚੱਬੇਵਾਲ , ਡਾਕਟਰ ਪਰਮਿੰਦਰ ਸੂਦ ਕੋਟ ਫਤੂਹੀ, ਜੱਥੇਦਾਰ ਇਕਬਾਲ ਸਿੰਘ ਖੇੜਾ, ਪਰਮਜੀਤ ਸਿੰਘ ਰੱਕੜ, ਸਤਨਾਮ ਸਿੰਘ, ਭਾਈ ਹਰਜਿੰਦਰ ਸਿੰਘ ਆਦਿ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਸੰਗਤਾਂ ਹਾਜ਼ਰ ਸਨ।



## ਕੈਨੇਡਾ ਤੋਂ ਭਾਰਤ ਪਹੁੰਚੀ ਪ੍ਰੀਤ ਨਗਰ ਦੇ ਨੌਜਵਾਨ ਦੀ ਮ੍ਰਿਤਕ ਦੇਹ

**ਫਗਵਾੜਾ (ਇੰਦਰਜੀਤ ਸਿੰਘ ਮਠਾੜੂ )**-ਵਿਦੇਸ਼ਾਂ ਦੀ ਚਮਕ ਦਮਕ ਕਾਰਣ ਅੱਜ ਹਜ਼ਾਰਾਂ ਹੀ ਬੱਚੇ ਅਪਣੇ ਭਵਿੱਖ ਦੀ ਤਲਾਸ਼ 'ਚ ਵਿਦੇਸ਼ਾਂ ਦਾ ਰੁੱਖ ਕਰ ਰਹੇ ਹਨ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਵੀ ਆਸ ਹੁੰਦੀ ਕਿ ਸਾਡਾ ਬੱਚਾ ਵਿਦੇਸ਼ ਜਾ ਕੇ ਉਨ੍ਹਾਂ ਦੇ ਜੀਵਨ ਨੂੰ ਬਦਲਣ 'ਚ ਸ਼ਾਇਦ ਵੱਡੀ ਭੂਮਿਕਾ ਨਿਭਾਵੇਗਾ, ਪਰ ਹਕੀਕਤ ਕੁੱਝ ਹੋਰ ਹੀ ਹੋ ਜਾਵੇ ਇਸ ਦਾ ਅਹਿਸਾਸ ਸ਼ਾਇਦ ਉਨ੍ਹਾਂ ਦੇ ਪਰਵਾਰ ਨੂੰ ਵੀ ਨਹੀ ਹੁੰਦਾ ਅਜਿਹਾ ਹੀ ਇਕ ਮਾਮਲਾ ਇੱਥੋ ਦੇ ਚੰਗੇ ਭਵਿੱਖ ਲਈ ਗਏ ਇੱਕ ਨੌਜਵਾਨ ਪੰਜਾਬੀ ਦੀ ਕੈਨੇਡਾ 'ਚ ਰੋਡ ਐਕਸੀਡੈਂਟ ਨਾਲ ਮੌਕੇ 'ਤੇ ਹੀ ਮੌਤ ਹੋ ਗਈ ਸੀ ਮ੍ਰਿਤਕ ਰਜਤ ਕੁਮਾਰ (26) ਪੁੱਤਰ ਵਰਿੰਦਰ ਕੁਮਾਰ ਮੁੱਹਲਾ ਪ੍ਰੀਤ ਨਗਰ ਫਗਵਾੜਾ ਜ਼ਿਲ੍ਹਾ ਕਪੂਰਥਲਾ ਦੀ ਲਾਸ਼ ਜਦੋ ਉਨ੍ਹਾਂ ਦੇ ਘਰ ਪੁੱਜੀ ਤਾਂ ਮਾਹੌਲ ਇਸ ਕਦਰ ਗਮਗੀਨ ਹੋ ਗਿਆ ਪਰਵਾਰ ਜਿੱਥੇ ਅਪਣੇ ਨੌਜਵਾਨ ਪੁੱਤਰ ਦੀ ਲਾਸ਼ ਨੂੰ ਵੇਖ ਭੁੱਬਾ ਮਾਰ ਰੋ ਰਿਹਾ ਸੀ ਉੱਥੇ ਹੀ ਇਲਾਕੇ ਦੇ ਲੋਕਾ ਦੇ ਹੰਝੂ ਵੀ ਰੁਕਣ ਦਾ ਨਾਂਅ ਵੀ ਨਹੀਂ ਲੈ ਰਹੇ ਸਨ।ਉਨ੍ਹਾਂ ਦਾ ਅੰਤਿਮ ਸੰਸਕਾਰ ਭੁਆਂ ਧਮੜੀ ਸ਼ਮਸ਼ਾਨ ਘਾਟ ਵਿਖੇ ਕੀਤਾ ਗਿਆ ਇਸ ਮੌਕੇ ਬੀਬੀ ਸਰਬਜੀਤ ਕੌਰ ਸਾਬਕਾ ਕੌਂਸਲਰ, ਹਨੀ ਧਾਲੀਵਾਲ ਸਪੁੱਤਰ ਬਲਵਿੰਦਰ ਸਿੰਘ ਧਾਲੀਵਾਲ, ਜਸਵਿੰਦਰ ਸਿੰਘ ਭਗਤਪੁਰਾ, ਡਾ. ਰਮਨ, ਸੰਜੀਵ ਸ਼ਰਮਾ ਟੀਟੂੰ, ਦੌਲਤ ਰਾਮ, ਮਲਕੀਅਤ ਸਿੰਘ, ਸੰਨੀ, ਆਰ ਕੇ ਸਲਹੋਤਰਾ, ਗੁਰਮੀਤ ਸਿੰਘ, ਬਲਵੀਰ ਸਿੰਘ, ਰਜਿੰਦਰ ਘੇੜਾ, ਵਿਜੇ ਗੁਰੂ ਡਾ. ਅਜੀਤ ਸਿੰਘ, ਡਾ. ਸੰਨਤ ਵਿਸ਼ਵਾਸ, ਨਿਰਮਲ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕੇ ਦੇ ਲੋਕ ਮੌਜੂਦ ਸਨ।

## ਸੇਂਟ ਸੋਲਜਰ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਨੇ ਮਨਾਇਆ ਇੰਜੀਨੀਅਰ ਦਿਵਸ



**ਜਲੰਧਰ (ਇਕਬਾਲ ਸਿੰਘ ਉੱਭੀ)** : ਸੇਂਟ ਸੋਲਜਰਜ਼ ਇੰਸਟੀਚਿਊਟ ਆਫ ਇੰਜਨੀਅਰਿੰਗ ਐਂਡ ਟੈਕਨਾਲੋਜੀ ਨੇ ਇੰਜੀਨੀਅਰ ਦਿਵਸ ਮਨਾਇਆ।ਇਸ ਦਿਨ ਨੂੰ ਸਰ ਮੋਕਸ਼ਗੁੰਡਮ ਵਿਸ਼ਵੇਸ਼ਵਰਿਆ ਦੇ ਜਨਮ ਦਿਨ ਵਜੋਂ ਮਨਾਇਆ ਜਾਂਦਾ ਹੈ, ਜਿਨ੍ਹਾਂ ਨੂੰ ਬਸਤੀਵਾਦੀ ਭਾਰਤ ਵਿੱਚ ਸਿਵਲ ਇੰਜੀਨੀਅਰ ਅਤੇ ਪ੍ਰਸ਼ਾਸਕ ਵਜੋਂ ਆਪਣੀ ਭੂਮਿਕਾ ਦਾ ਸਿਹਰਾ ਜਾਂਦਾ ਹੈ।ਇਹ ਦਿਵਸ ਕਾਲਜ ਪ੍ਰਿੰਸੀਪਲ ਡਾ. ਗੁਰਪ੍ਰੀਤ ਸਿੰਘ ਅਤੇ ਸਮੂਹ ਸਟਾਫ਼ ਮੈਂਬਰਾਂ ਦੀ ਦੇਖ-ਰੇਖ ਹੇਠ ਮਨਾਇਆ ਗਿਆ। ਸਮੂਹ ਕਾਲਜ ਦੇ ਐਮ ਡੀ ਪ੍ਰੋਫੈਸਰ ਮਨਹਰ ਅਰੋੜਾ ਸਮੇਤ ਸਮੂਹ ਸਟਾਫ਼ ਨੇ ਸਰ ਮੋਕਸ਼ਗੁੰਡਮ ਵਿਸ਼ਵੇਸ਼ਵਰਿਆ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਵਿਦਿਆਰਥੀਆਂ ਵਲੋਂ ਆਪਣੇ ਦੁਆਰਾ ਬਣਾਏ ਸਾਰੇ ਪ੍ਰੋਜੈਕਟ ਇਲੈਕਟ੍ਰਿਕ ਸਪਾਈਡਰ, ਨਿਊਮੈਟਿਕ ਫੋਰ-ਵ੍ਹੀਲਰ, ਇਲੈਕਟ੍ਰਿਕ ਟ੍ਰਾਈਸਾਈਕਲ, ਮੈਨੂਅਲੀ ਆਪਰੇਟਿਡ ਸੈਂਟਰੀਫਿਊਗਲ ਪੰਪ, ਮਿਗ 29, ਫਾਰਮੂਲਾ ਕਾਰ, ਸੋਲਰ ਕਾਰ, ਫੋਲਡਿੰਗ ਸਾਈਕਲ ਆਦਿ ਪੇਸ਼ ਕੀਤੇ।ਇਸ ਦਿਨ ਪੋਸਟਰ ਮੇਕਿੰਗ, ਰੰਗੋਲੀ, ਲੋਗੋ ਡਿਜ਼ਾਈਨਿੰਗ, ਭਾਸ਼ਣ, ਗਾਇਨ, ਲੋਕ ਨਾਚ ਅਤੇ ਹੋਰ ਬਹੁਤ ਸਾਰੇ ਪ੍ਰੋਗਰਾਮ ਆਯੋਜਿਤ ਕੀਤੇ ਗਏ।ਗਰੁੱਪ ਦੇ ਚੇਅਰਮੈਨ ਅਨਿਲ ਚੋਪੜਾ ਅਤੇ ਵਾਈਸ ਚੇਅਰਪਰਸਨ ਸੰਗੀਤਾ ਚੋਪੜਾ ਨੇ ਸਾਰੇ ਵਿਦਿਆਰਥੀਆਂ ਨੂੰ ਇਸ ਦਿਨ ਦੀ ਵਧਾਈ ਦਿੱਤੀ ਅਤੇ ਸਟਾਫ਼ ਮੈਂਬਰਾਂ ਦੀ ਸਖ਼ਤ ਮਿਹਨਤ ਦੀ ਸ਼ਲਾਘਾ ਕੀਤੀ ਅਤੇ ਸੰਦੇਸ਼ ਦਿੰਦੇ ਹੋਏ ਕਿਹਾ ਕਿ ਇੱਕ ਇੰਜੀਨੀਅਰ ਕਲਪਨਾ ਨੂੰ ਹਕੀਕਤ ਵਿੱਚ ਬਦਲ ਸਕਦਾ ਹੈ।

## ਐੱਮ ਆਰ ਸਿਟੀ ਸਕੂਲ ਦੀ ਵਾਲੀਬਾਲ ਟੀਮ ਨੇ ਚੈਂਪੀਅਨਸ਼ਿਪ ਟਰਾਫੀ ਜਿੱਤ ਕੇ ਸਕੂਲ ਦਾ ਮਾਣ ਵਧਾਇਆ



**ਬਲਾਚੌਰ (ਜਸਵਿੰਦਰ ਬੈਂਸ)** - ਐਮ.ਆਰ. ਸਿਟੀ ਪਬਲਿਕ ਸਕੂਲ, ਬਲਾਚੌਰ ਦੀ ਵਾਲੀਬਾਲ ਟੀਮ (ਅੰਡਰ-19) ਨੇ ਸੀ ਬੀ ਐਸ ਈ ਵਾਲੀਬਾਲ ਕਲੱਸਟਰ 18 ਚੈਂਪੀਅਨਸ਼ਿਪ ਟ੍ਰਾਫੀ ਜਿੱਤੀ।ਇਹ ਚੈਂਪੀਅਨਸ਼ਿਪ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਦੁਆਰਾ ਉਨ੍ਹਾਂ ਦੇ ਟਾਂਡਾ-ਮਿਆਣੀ ਰੋਡ ਕੈਂਪਸ, ਸ਼ਾਹਬਾਜ਼ਪੁਰ ਵਿਖੇ ਕਰਵਾਈ ਗਈ ਇਹ ਚੈਂਪੀਅਨਸ਼ਿਪ, 12 ਤੋਂ 14 ਸਤੰਬਰ ਤੱਕ ਹੋਈ ਅਤੇ ਇਸ ਵਿਚ ਲਗਭਗ ਵੱਖ-ਵੱਖ ਸੀ ਬੀ ਐਸ ਈ ਸਕੂਲਾਂ ਦੀਆਂ 52 ਟੀਮਾਂ ਨੇ ਭਾਗ ਲਿਆ। ਟੂਰਨਾਮੈਂਟ ਦਾ ਸਫਰ ਗਰੁੱਪ ਮੈਚ 'ਚ ਸੰਤ ਕਬੀਰ ਦਾਸ ਪਬਲਿਕ ਸਕੂਲ, ਗੁਰਦਾਸਪੁਰ ਦੀ ਟੀਮ ਨਾਲ ਜਿੱਤ ਕੇ ਸ਼ੁਰੂ ਹੋਇਆ।ਇਸ ਉਪਰੰਤ ਟੀਮ ਨੇ ਗਰੁੱਪ ਸਟੇਜ਼ ਦੇ ਮੈਚ ਜਿੱਤਣ ਤੋਂ ਬਾਅਦ ਕੁਆਟਰਫਾਈਨਲ 'ਚ ਸਿਲਵਰ ਓਕ ਇੰਟਰਨੈਸ਼ਨਲ ਸਕੂਲ, ਟਾਂਡਾ, ਸ਼ਾਹਬਾਜ਼ਪੁਰ ਦੀ ਟੀਮ ਨੂੰ ਹਰਾਇਆ।ਇਸ ਤੋਂ ਬਾਅਦ ਸੈਮੀਫਾਈਨਲ 'ਚ ਵੀ ਖਿਡਾਰੀਆਂ ਨੇ ਵਧੀਆ ਖੇਡ ਦਾ ਪ੍ਰਦਰਸ਼ਨ ਕਰਦੇ ਹੋਏ ਯੂ ਐਸ ਪੀ ਸੀ ਪਬਲਿਕ ਸਕੂਲ, ਲੁਧਿਆਣਾ ਨੂੰ ਹਰਾਇਆ। ਐਮ ਆਰ ਸਿਟੀ ਪਬਲਿਕ ਸਕੂਲ ਨੇ ਸੀ ਬੀ ਐਸ ਈ ਵਾਲੀਬਾਲ ਕਲੱਸਟਰ 17 ਟੂਰਨਾਮੈਂਟ ਦੇ ਚੈਂਪੀਅਨ ਵਜੋਂ ਉੱਭਰਦੇ ਹੋਏ, ਇੱਕ ਮਹੱਤਵਪੂਰਨ ਮੀਲ ਪੱਥਰ ਪ੍ਰਾਪਤ ਕੀਤਾ ਹੈ।ਇੱਕ ਰੋਮਾਂਚਕ ਫਾਈਨਲ ਵਿਚ, ਐਮ ਆਰ ਸਿਟੀ, ਲੜਕਿਆਂ ਦੀ ਅੰਡਰ-19 ਵਾਲੀਬਾਲ ਟੀਮ ਨੇ ਬੇਮਿਸਾਲ ਪ੍ਰਦਰਸ਼ਨ ਕਰਦੇ ਹੋਏ ਬਾਬਾ ਦੀਪ ਸਿੰਘ ਪਬਲਿਕ ਸਕੂਲ, ਡੇਰਾ ਸਾਹਿਬ, ਤਰਨਤਾਰਨ ਨੂੰ ਹਰਾ ਕੇ ਫੈਸਲਾਕੁੰਨ ਜਿੱਤ ਪ੍ਰਾਪਤ ਕੀਤੀ। ਇਸ ਜਿੱਤ ਨੇ ਉਨ੍ਹਾਂ ਨੂੰ ਸੀ ਬੀ ਐਸ ਈ ਕਲੱਸਟਰ ਵਾਲੀਬਾਲ ਚੈਂਪੀਅਨਜ਼ ਦਾ ਵੱਕਾਰੀ ਖਿਤਾਬ ਹਾਸਲ ਕੀਤਾ। ਸਕੂਲ ਦੇ ਚੇਅਰਮੈਨ ਰਾਮਜੀ ਦਾਸ, ਡਾਇਰੈਕਟਰ ਸੁਮਿਤ ਚੌਧਰੀ ਅਤੇ ਪ੍ਰਿੰਸੀਪਲ ਰਿਤੂ ਬਤਰਾ ਨੇ ਖਿਡਾਰੀਆਂ, ਉਨ੍ਹਾਂ ਦੇ ਮਾਪਿਆਂ ਅਤੇ ਕੋਚ ਰੋਹਿਤ ਕੁਮਾਰ ਨੂੰ ਉਨ੍ਹਾਂ ਦੀ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ।

## ਆਈ ਟੀ ਆਈ ਦੇ ਕੱਚੇ ਇੰਸਟਰਕਟਰ ਸਰਕਾਰ ਖਿਲਾਫ ਤਿੱਖਾ ਸੰਗਰਸ਼ ਕਰਨ ਨੂੰ ਮਜਬੂਰ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਲੋਕਲ ਪੱਧਰ 'ਤੇ ਡੀ ਐਸ ਟੀ/ਸੀ ਡੀ ਐਸ ਕੰਟਰੈਕਟਕਰ ਇੰਸਟਕਰਟਰ ਯੂਨੀਅਨ ਪੰਜਾਬ ਵੱਲੋਂ ਮੀਟਿੰਗ ਕੀਤੀ ਗਈ।ਜਿਸ ਦਾ ਮੁੱਖ ਉਦੇਸ਼ ਮਾਣਯੋਗ ਮੁੱਖ ਮੰਤਰੀ ਵੱਲੋਂ ਦਿੱਤੇ ਗਏ ਹੁਕਮ ਅਨੁਸਾਰ ਓਹਨਾ ਦੀ ਪਾਲਿਸੀ, ਜੋਂ ਕਿ ਅੱਜ ਤੱਕ ਵਿਭਾਗ ਵੱਲੋਂ ਨਹੀਂ ਬਣਾਈ ਗਈ।

ਪੱਤਰਕਾਰਾਂ ਨਾਲ ਗੱਲ ਕਰਦੇ ਹੋਏ ਯੂਨੀਅਨ ਦੇ ਆਗੂਆਂ ਵੱਲੋਂ ਦੱਸਿਆ ਗਿਆ ਕਿ ਸਾਡੀ ਮੀਟਿੰਗ ਮੁੱਖ ਮੰਤਰੀ ਨਾਲ ਪੈਨਲ ਮੀਟਿੰਗ ਹੋਈ ਸੀ, ਜਿਸ ਵਿੱਚ ਹਰਪਾਲ ਚੀਮਾ ਵਿੱਤ ਮੰਤਰੀ, ਸਮੇਤ 2 ਹੋਰ ਕੈਬਿਨੇਟ ਮੰਤਰੀ, ਪ੍ਰਮੁੱਖ ਸਕੱਤਰ ਅਨੁਰਾਗ ਵਰਮਾ ਅਤੇ ਵਿਭਾਗ ਦੇ ਪ੍ਰਿੰਸੀਪਲ ਸਕੱਤਰ ਵਿਵੇਕ ਪ੍ਰਤਾਪ ਸਿੰਘ ਮੌਜੂਦ ਸਨ। ਮੁੱਖ ਮੰਤਰੀ ਵੱਲੋਂ ਸਾਡੇ ਵੱਲੋਂ ਰੱਖਿਆ ਗਈਆਂ ਮੰਗਾ ਨੂੰ ਪੂਰਾ ਕਰਨ ਲਈ ਵਿਭਾਗ ਦੇ ਸਕੱਤਰ ਨੂੰ ਕਹਿ ਦਿੱਤਾ ਗਿਆ ਸੀ।ਇਸ ਤੋਂ ਬਾਅਦ ਸਾਡੀ ਮੀਟਿੰਗ ਮੁੱਖ ਮੰਤਰੀ ਦੀ ਪਤਨੀ ਡਾਕਟਰ ਸ੍ਰੀਮਤੀ ਗੁਰਪ੍ਰੀਤ ਕੌਰ ਨਾਲ ਹੋਈ ਅਤੇ ਓਹਨਾ ਵੱਲੋਂ ਵੀ ਫੋਨ ਉਪਰ ਸਾਡੀ ਪਾਲਿਸੀ ਜਲਦੀ ਤਿਆਰ ਕਰਨ ਲਈ ਵਿਭਾਗ ਨੂੰ ਬੋਲ ਦਿੱਤਾ ਗਿਆ ਸੀ।ਇਸ ਮੀਟਿੰਗ ਤੋਂ ਬਾਅਦ ਸਾਨੂੰ ਵਿਭਾਗ ਵੱਲੋਂ ਫਗਵਾੜਾ ਵਿਖੇ ਬੁਲਾਇਆ ਗਿਆ ਜਿਸ 'ਚ ਤਕਨੀਕੀ ਸਿੱਖਿਆ ਮੰਤਰੀ, ਪ੍ਰਿੰਸੀਪਲ ਸਕੱਤਰ ਵਿਵੇਕ ਪ੍ਰਤਾਪ ਅਤੇ ਮਾਣਯੋਗ ਡਾਇਰੈਕਟਰ ਅਮਿਤ ਤਲਵਾਰ ਮੌਜੂਦ ਸਨ ਅਤੇ ਇਸ ਮੀਟਿੰਗ ਵਿੱਚ ਸਾਨੂੰ ਜਲਦੀ ਪਾਲਿਸੀ ਬਣਾਉਣ ਅਤੇ ਲਾਗੂ ਕਰਨ ਸੰਬੰਧੀ ਤਕਨੀਕੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਪ੍ਰਿੰਸੀਪਲ ਸਕੱਤਰ ਵਿਵੇਕ ਪ੍ਰਤਾਪ ਵੱਲੋ ਭਰੋਸਾ ਦਵਾਇਆ ਗਿਆ ਸੀ।ਪਰ ਅੱਜ ਤਕਰੀਬਨ 2 ਮਹੀਨੇ ਬੀਤ ਜਾਣ 'ਤੇ ਵੀ ਵਿਭਾਗ ਵੱਲੋਂ ਸਾਡੀ ਪਾਲਿਸੀ ਉਪਰ ਕੋਈ ਕਾਰਵਾਈ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਮਾਨ ਸਰਕਾਰ ਅਤੇ ਤਕਨੀਕੀ ਸਿੱਖਿਆ ਵਿਭਾਗ ਪੰਜਾਬ ਦੇ ਕੱਚੇ ਇੰਸਟਰਕਰਾਂ ਨਾਲ ਮਤਰੇਈ ਮਾਂ ਵਾਲਾ ਸਲੂਕ ਕਰ ਰਹੀ ਹੈ। ਯੂਨੀਅਨ ਵੱਲੋਂ ਇਹ ਫੈਸਲਾ ਲਿਆ ਗਿਆ ਹੈ ਕਿ ਜੇਕਰ ਮੰਗਾਂ ਨੂੰ ਨਾ ਮੰਨੀਆਂ ਤਾਂ ਕੱਚੇ ਇੰਸਟਰਕਟਰਾਂ ਵੱਲੋਂ ਸਰਕਾਰ ਖਿਲਾਫ ਤਿੱਖਾ ਸੰਗਰਸ਼ ਕੀਤਾ ਜਾਵੇਗਾ।

## ਸੀ ਟੀ ਕਾਲਜ ਆਫ਼ ਐਜੂਕੇਸ਼ਨ ਦੇ ਐੱਮ ਐਡ ਦੇ ਵਿਦਿਆਰਥੀਆਂ ਦਾ 'ਵਰਸਿਟੀ 'ਚ ਸ਼ਾਨਦਾਰ ਪ੍ਰਦਰਸ਼ਨ

**ਜਲੰਧਰ (ਸ਼ੈਲੀ ਐਲਬਰਟ)** ਸੀ ਟੀ ਕਾਲਜ ਆਫ਼ ਐਜੂਕੇਸ਼ਨ, ਮਕਸੂਦਾਂ, ਜਲੰਧਰ ਨੇ ਐਮ ਐਡ ਵਿੱਚ ਸ਼ਾਨਦਾਰ ਅਕਾਦਮਿਕ ਸਫਲਤਾ ਹਾਸਲ ਕੀਤੀ ਹੈ।

ਸਮੈਸਟਰ 9 ਦੀਆਂ ਪ੍ਰੀਖਿਆਵਾਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੁਆਰਾ ਕਰਵਾਈਆਂ ਗਈਆਂ, ਇਸ ਦੇ ਚਾਰ ਵਿਦਿਆਰਥੀਆਂ ਨੇ ਚੋਟੀ ਦੀਆਂ ਪੁਜ਼ੀਸ਼ਨਾਂ ਪ੍ਰਾਪਤ ਕੀਤੀਆਂ।ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲਿਆਂ ਵਿੱਚ ਦਿਨਾਕਸ਼ੀ ਮਹਿੰਦਰੂ ਹੈ, ਜਿਸ ਨੇ ਯੂਨੀਵਰਸਿਟੀ ਦੇ ਰੈਂਕਾਂ ਵਿੱਚ ਮੋਹਰੀ 8.35 ਦੇ ਸ਼ਾਨਦਾਰ ਐਸ ਜੀ ਪੀ ਏ ਨਾਲ ਪਹਿਲਾ ਸਥਾਨ ਪ੍ਰਾਪਤ ਕੀਤਾ।ਸਵਾਤੀ ਨੇ 7.70 ਦੇ ਸ਼ਲਾਘਾਯੋਗ ਐਸ ਜੀ ਪੀ ਏ ਨਾਲ 8ਵਾਂ ਸਥਾਨ, ਆਇਸ਼ਾ ਅਨੀਸ ਨੇ 7.40 ਦੇ ਐਸ ਜੀ ਪੀ ਏ ਨਾਲ 10ਵਾਂ ਸਥਾਨ ਹਾਸਲ ਕੀਤਾ ਅਤੇ ਅਜੇ ਕੁਮਾਰ ਨੇ 7.10 ਦੇ ਐਸ ਜੀ ਪੀ ਏ ਨਾਲ 12ਵਾਂ ਸਥਾਨ ਹਾਸਲ ਕੀਤਾ।ਸੀਟੀ ਗਰੁੱਪ ਦੇ ਚੇਅਰਮੈਨ ਚਰਨਜੀਤ ਸਿੰਘ ਚੰਨੀ ਅਤੇ ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ ਸਮੇਤ ਕਾਲਜ ਦੇ ਪ੍ਰਿੰਸੀਪਲ ਅਤੇ ਮੈਨੇਜਮੈਂਟ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਬੇਮਿਸਾਲ ਅਕਾਦਮਿਕ ਪ੍ਰਾਪਤੀਆਂ ਲਈ ਹਾਰਦਿਕ ਵਧਾਈ ਦਿੱਤੀ। ਇਸ ਮੌਕੇ ਚਰਨਜੀਤ ਸਿੰਘ ਚੰਨੀ ਨੇ ਵਿਦਿਆਰਥੀਆਂ ਦੀ ਉੱਤਮਤਾ ਪ੍ਰਤੀ ਵਚਨਬੱਧਤਾ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ, ਇਹ ਸਫਲਤਾ ਸਿੱਖਿਆ ਦੇ ਉੱਚੇ ਮਿਆਰਾਂ ਅਤੇ ਸੀਟੀ ਕਾਲਜ ਆਫ਼ ਐਜੂਕੇਸ਼ਨ ਵਿੱਚ ਪੈਦਾ ਕੀਤੇ ਗਏ ਸਹਾਇਕ ਸਿੱਖਣ ਮਾਹੌਲ ਨੂੰ ਦਰਸਾਉਂਦੀ ਹੈ।



## ਕੌਮੀ ਲੋਕ ਅਦਾਲਤ ਦੌਰਾਨ 46967 ਕੇਸਾਂ ਦਾ ਨਿਪਟਾਰਾ

**ਜਲੰਧਰ ( ਸ਼ੈਲੀ ਐਲਬਰਟ)** ਕੌਮੀ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਪੰਜਾਬ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਨਿਰਦੇਸ਼ਾਂ ਮੁਤਾਬਕ ਜ਼ਿਲ੍ਹਾ ਤੇ ਸੈਸ਼ਨਜ਼ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜਲੰਧਰ ਨਿਰਭਉ ਸਿੰਘ ਗਿੱਲ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਜੁਡੀਸ਼ੀਅਲ ਅਦਾਲਤਾਂ ਵਿੱਚ ਲੰਬਿਤ ਸਿਵਲ ਅਤੇ ਫੌਜਦਾਰੀ ਦੇ ਸਮਝੌਤਾ ਹੋ ਸਕਣ ਵਾਲੇ ਕੇਸਾਂ ਅਤੇ ਹੋਰ ਸੰਸਥਾਵਾ ਜਿਵੇਂ ਬੈਂਕਾਂ, ਬਿਜਲੀ ਵਿਭਾਗ, ਵਿੱਤੀ ਸੰਸਥਾਨਾਂ ਦੇ ਪ੍ਰੀਲਿਟੀਗੇਟਿਵ ਕੇਸਾਂ ਦਾ ਫੈਸਲਾ ਰਾਜ਼ੀਨਾਮੇ ਰਾਹੀਂ ਕਰਵਾਉਣ ਲਈ ਕੌਮੀ ਲੋਕ ਅਦਾਲਤ ਲਗਾਈ ਗਈ।ਇਸ ਸੰਬੰਧੀ ਜਾਣਕਾਰੀ ਦਿੰਦਿਆ ਜ਼ਿਲ੍ਹਾ ਤੇ ਸੈਸ਼ਨਜ਼ ਜੱਜ ਨਿਰਭਉ ਸਿੰਘ ਗਿੱਲ ਨੇ ਦੱਸਿਆ ਕਿ ਜ਼ਿਲ੍ਹਾ ਜਲੰਧਰ ਵਿਖੇ 19, ਨਕੋਦਰ ਅਤੇ ਫਿਲੌਰ ਵਿਖੇ 2-2 (ਕੁੱਲ 23) ਬੈਂਚ ਸਥਾਪਤ ਕੀਤੇ ਗਏ ਸਨ।ਲੋਕ ਅਦਾਲਤਾਂ ਦੀ ਪ੍ਰਧਾਨਗੀ ਧਰਮਿੰਦਰ ਪਾਲ ਸਿੰਗਲਾ, ਐਡੀਸ਼ਨਲ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ, ਤਰਨਜੀਤ ਅਰੋੜਾ, ਵਧੀਕ ਸੈਸ਼ਨਜ ਜੱਜ, ਵਨੀਤ ਕੁਮਾਰ ਨਾਰੰਗ, ਵਧੀਕ ਪ੍ਰਿੰਸੀਪਲ ਜੱਜ ਫੈਮਿਲੀ ਕੋਰਟ, (ਸਮੂਹ ਵਧੀਕ ਜ਼ਿਲ੍ਹਾ ਤੇ ਸੈਸ਼ਨਜ਼ ਜੱਜ ਸਾਹਿਬਾਨ), ਹਰਪ੍ਰੀਤ ਕੌਰ, ਏ. ਸੀ.ਜੇ.ਐਮ., ਇੰਦਰਜੀਤ ਸਿੰਘ,ਵਧੀਕ ਸਿਵਲ ਜੱਜ(ਸੀ—ਡਵੀਜ਼ਨ) ਵਰੁਣਦੀਪ ਚੋਪੜਾ, ਕੁਲਵਿੰਦਰ ਕੌਰ, ਰਵਤੇਸ਼ ਇੰਦਰਜੀਤ ਸਿੰਘ, ਰਾਮਪਾਲ ਸਿੰਘ, ਰਮਨਦੀਪ ਕੌਰ, ਮਾਨਿਕ ਕੌਰਾ, ਰਸਵੀਨ ਕੌਰ, ਰੇਨੂਕਾ ਕਾਲਰਾ, ਸਰਵੀਨ ਸੰਧੂ ਅਤੇ ਮਹਿੰਦਰ ਪ੍ਰਤਾਪ ਸਿੰਘ ਲਿਬੜਾ (ਸਮੂਹ ਸਿਵਲ ਜੱਜ ਸਾਹਿਬਾਨ), ਦਲਜੀਤ ਸਿੰਘ ਰਲਹਨ, ਪ੍ਰੀਜ਼ਾਈਡਿੰਗ ਅਫ਼ਸਰ, ਇੰਡਸਟ੍ਰੀਅਲ ਟ੍ਰਿਬਿਊਨਲ, ਹਰਵੀਨ ਭਾਰਦਵਾਜ, ਪ੍ਰੈਜ਼ੀਡੈਂਟ, ਕੰਜ਼ਿਊਮਰ ਕੋਰਟ, ਜਗਦੀਪ ਸਿੰਘ ਮਰੋਕ,ਚੇਅਰਮੈਨ,ਸਥਾਈ ਲੋਕ ਅਦਾਲਤ ਅਤੇ ਏਕਤਾ ਸਹੋਤਾ ਐੱਸ.ਡੀ .ਜੇ.ਐਮ., ਨਕੋਦਰ, ਹਰਸਿਮਰਨਜੀਤ ਕੌਰ, ਜੇ.ਐੱਮ.ਆਈ.,, ਨਕੋਦਰ, ਹਰਸਿਮਰਨਜੀਤ ਕੌਰ, ਜੇ. ਐੱਮ ਆਈ. ਸੀ, ਫਿਲੌਰ ਅਤੇ ਗੌਰਵ ਕੁਮਾਰ ਸ਼ਰਮਾ, ਜੇ. ਐੱਮ. ਆਈ. ਸੀ, ਫਿਲੌਰ ਵੱਲੋਂ ਕੀਤੀ ਗਈ। ਲੋਕ ਅਦਾਲਤ ਵਿੱਚ ਕੁੱਲ 48012 ਕੇਸ ਸੁਣਵਾਈ ਲਈ ਰੱਖੇ ਗਏ ਸਨ, ਜਿਨ੍ਹਾਂ ਵਿੱਚੋਂ 46967 ਕੇਸਾਂ ਦਾ ਨਿਪਟਾਰਾ ਮੌਕੇ 'ਤੇ ਹੀ ਰਾਜ਼ੀਨਾਮੇ ਰਾਹੀਂ ਕਰਵਾਇਆ ਗਿਆ। ਇਨ੍ਹਾਂ ਕੇਸਾਂ ਵਿੱਚ ਕੁੱਲ 378645228 (37 ਕਰੋੜ 86 ਲੱਖ 45 ਹਜ਼ਾਰ 228/-ਰੁਪਏ ) ਦੇ ਝਗੜੇ ਮੁਕਾਏ ਗਏ।

ਇਸ ਮੌਕੇ ਸੀ.ਜੇ.ਐੱਮ. ਕਮ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜਲੰਧਰ ਰਾਹੁਲ ਕੁਮਾਰ ਆਜ਼ਾਦ ਨੇ ਦੱਸਿਆ ਕਿ ਕਾਨੂੰਨੀ ਸੇਵਾਵਾਂ ਅਥਾਰਟੀਆਂ ਵੱਲੋਂ ਸਮੇਂ-ਸਮੇਂ 'ਤੇ ਇਹ ਲੋਕ ਅਦਾਲਤਾਂ ਕਰਵਾਈਆਂ ਜਾਂਦੀਆਂ ਹਨ ਤਾਂ ਜੋ ਕਚਿਹਰੀਆਂ ਵਿੱਚ ਲੰਬਿਤ ਅਜਿਹੇ ਮਸਲਿਆਂ ਦਾ, ਜਿੱਥੇ ਕਿ ਆਪਸੀ ਗੱਲਬਾਤ ਰਾਹੀਂ ਸਮਝੌਤਾ ਹੋ ਕੇ ਸੁਚੱਜਾ ਹੱਲ ਹੋ ਸਕਦਾ ਹੈ, ਨਿਪਟਾਰਾ ਕੀਤਾ ਜਾ ਸਕੇ।

# ਨਜਾਇਜ਼ ਬਿਜਲੀ ਬਿਲ ਬਕਾਏ ਰੱਦ ਕਰੋ : ਪੇਂਡੂ ਮਜ਼ਦੂਰ ਯੂਨੀਅਨ




**ਹਠੂਰ (ਨਛੱਤਰ ਸੰਧੂ)**-ਭਗਵੰਤ ਮਾਨ ਹਕੂਮਤ ਵੱਲੋਂ ਬਿਜਲੀ ਦੀਆਂ 600 ਯੂਨਿਟਾਂ ਮੁਆਫ਼ ਕਰਨ ਦੇ ਨਾਂਅ 'ਤੇ ਮਜ਼ਦੂਰਾਂ ਨੂੰ ਅਨੁਸੂਚਿਤ ਜਾਤੀਆਂ ਦੇ ਅਧਾਰ 'ਤੇ ਮਿਲਦੀ ਪਹਿਲਾਂ ਹੀ ਬਿਜਲੀ ਬਿੱਲਾਂ ਦੀ ਸਬਸਿਡੀ ਨੂੰ ਕੱਟ ਕੇ ਭੇਜੀਆਂ ਨਜਾਇਜ਼ ਬਿਜਲੀ ਬਿੱਲਾਂ ਦੀਆਂ ਵੱਡੀਆਂ ਰਕਮਾਂ ਦੀ ਪਾਵਰਕਾਮ ਵੱਲੋਂ ਕੀਤੀ ਜਾ ਰਹੀ ਜ਼ਬਰੀ ਵਸੂਲੀ ਦੇ ਵਿਰੋਧ ਵਿੱਚ ਜਗਰਾਉਂ ਵਿਖੇ ਮੀਟਿੰਗ ਕੀਤੀ ਗਈ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਪੇਂਡੂ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਅਵਤਾਰ ਸਿੰਘ ਰਸੂਲਪੁਰ ਨੇ ਕਿਹਾ ਕਿ ਭਗਵੰਤ ਮਾਨ ਹਕੂਮਤ ਵੱਲੋਂ ਸਾਰੇ ਵਰਗਾਂ ਨੂੰ 600 ਯੂਨਿਟ ਬਿਜਲੀ ਮੁਆਫ਼ ਕਰਨ ਦੇ ਬਹਾਨੇ ਦਲਿਤ ਗਰੀਬ ਪਰਿਵਾਰਾਂ ਦੇ ਬਿਜਲੀ ਬਿੱਲ ਐੱਸ ਸੀ ਕੈਟਾਗਰੀ 'ਚੋਂ ਕੱਢ ਕੇ ਜਨਰਲ ਕੈਟਾਗਰੀ ਵਿੱਚ ਦਿੱਤੇ ਸਨ, ਜਿਸ ਕਾਰਨ ਮਜ਼ਦੂਰ ਪਰਵਾਰਾਂ ਨੂੰ ਵੱਡੀਆਂ ਰਕਮਾਂ ਵਿੱਚ ਨਜਾਇਜ਼ ਬਿਜਲੀ ਦੇ ਬਿੱਲ ਭੇਜੇ ਗਏ ਗਏ।ਪੇਂਡੂ ਮਜ਼ਦੂਰ ਯੂਨੀਅਨ ਅਤੇ ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਦਲਿਤ ਭਾਈਚਾਰੇ ਨਾਲ ਭਗਵੰਤ ਮਾਨ ਹਕੂਮਤ ਵੱਲੋਂ ਮਾਰੀ ਗਈ ਇਸ ਠੱਗੀ ਖਿਲਾਫ ਸੰਘਰਸ਼ ਕੀਤਾ ਗਿਆ ਤਾਂ ਪੰਜਾਬ ਸਰਕਾਰ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਮਜ਼ਦੂਰ ਜਥੇਬੰਦੀਆਂ ਨਾਲ ਮੀਟਿੰਗ ਕਰਕੇ ਦਲਿਤ ਸਮਾਜ ਨਾਲ ਸਬੰਧਤ ਬਿਜਲੀ ਖਪਤਕਾਰਾਂ ਨੂੰ ਮੁੜ ਐੱਸ ਸੀ ਕੈਟਾਗਰੀ ਵਿੱਚ ਪਾ ਕੇ ਨਜਾਇਜ਼ ਬਿਜਲੀ ਬਿੱਲਾਂ ਦੇ ਬਕਾਏ ਰੱਦ ਕਰਨ ਦਾ ਵਾਅਦਾ ਕੀਤਾ ਸੀ।

ਇਸ ਸਬੰਧੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਜ਼ਿਲ੍ਹਾ ਸਕੱਤਰ ਸੁਖਦੇਵ ਸਿੰਘ ਮਾਣੂੰਕੇ ਨੇ ਕਿਹਾ ਕਿ ਵਿੱਤ ਮੰਤਰੀ ਦੀ ਸਿਫਾਰਸ਼ 'ਤੇ ਮਜ਼ਦੂਰਾਂ ਦੇ ਬਿਜਲੀ ਬਿੱਲਾਂ ਨੂੰ ਜਨਰਲ 'ਚੋਂ ਕੱਢ ਕੇ ਐੱਸ ਸੀ ਕੈਟਾਗਰੀ ਵਿੱਚ ਤਾਂ ਪਾ ਦਿੱਤਾ ਗਿਆ, ਪਰ ਨਜਾਇਜ਼ ਭੇਜੇ ਗਏ ਬਿਜਲੀ ਬਿੱਲਾਂ ਦੇ ਬਕਾਏ ਉਸੇ ਤਰ੍ਹਾਂ ਬਰਕਰਾਰ ਹਨ।ਮੀਟਿੰਗ ਵਿੱਚ ਮਤਾ ਪਾਸ ਕਰਕੇ ਮੰਗ ਕੀਤੀ ਗਈ ਹੈ ਕਿ ਮਜ਼ਦੂਰਾਂ ਨੂੰ ਭੇਜੇ ਨਜਾਇਜ਼ ਬਿਜਲੀ ਬਿੱਲਾਂ ਦੇ ਬਕਾਏ ਤੁਰੰਤ ਰੱਦ ਕੀਤੇ ਜਾਣ।ਮਜ਼ਦੂਰਾਂ ਦੇ ਕੁਨੈਕਸ਼ਨ ਕੱਟਣੇ ਬੰਦ ਕੀਤੇ ਜਾਣ। ਲਾਹੇ ਬਿਜਲੀ ਮੀਟਰ ਵਾਪਸ ਕਰਕੇ ਮੁੜ ਕੁਨੈਕਸ਼ਨ ਜੋੜੇ ਜਾਣ।ਮੀਟਿੰਗ ਵਿੱਚ ਜਥੇਬੰਦੀ ਵੱਲੋਂ ਫ਼ੈਸਲਾ ਕੀਤਾ ਗਿਆ ਕਿ ਜੇਕਰ ਸਰਕਾਰ ਨੇ ਉਕਤ ਮਾਮਲੇ ਦਾ ਹੱਲ ਨਾ ਕੀਤਾ ਤਾਂ ਇਸ ਵਿਰੁੱਧ ਸੰਘਰਸ਼ ਕੀਤਾ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਬਖਤੌਰ ਸਿੰਘ, ਦੀਵਾਨ ਸਿੰਘ, ਬਲਬੀਰ ਸਿੰਘ, ਕਰਮ ਸਿੰਘ, ਗੋਰਾ ਸਿੰਘ ਆਦਿ ਹਾਜ਼ਰ ਸਨ।

## ਨੌਜਵਾਨ ਭਾਰਤ ਸਭਾ ਵੱਲੋਂ ਕਮੇਟੀ ਦਾ ਗਠਨ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਨੌਜਵਾਨ ਭਾਰਤ ਸਭਾ ਜ਼ਿਲ੍ਹਾ ਪਟਿਆਲਾ ਵੱਲੋਂ ਪਿੰਡ ਛਬੀਲਪੁਰ ਵਿਖੇ ਨੌਜਵਾਨਾਂ ਨਾਲ ਮੀਟਿੰਗ ਕੀਤੀ ਗਈ ਤੇ 13 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ। ਸਭਾ ਦੇ ਸੂਬਾ ਕਮੇਟੀ ਮੈਂਬਰ ਦਵਿੰਦਰ ਛਬੀਲਪੁਰ ਨੇ ਨੌਜਵਾਨਾਂ ਨੂੰ ਦੱਸਿਆ ਕਿ ਪੰਜਾਬ ਦੇ ਮੌਜੂਦਾ ਹਾਲਾਤ ਅੰਦਰ ਨੌਜਵਾਨਾਂ ਦੀਆਂ ਨਸ਼ਿਆਂ ਕਾਰਨ ਹੋ ਰਹੀਆਂ ਮੌਤਾਂ ਨੂੰ ਦੇਖਦੇ ਹੋਏ ਨੌਜਵਾਨ ਭਾਰਤ ਸਭਾ ਨੇ ਪਿੰਡਾਂ ਅੰਦਰ ਨੌਜਵਾਨਾਂ ਦੀਆਂ ਕਮੇਟੀਆਂ ਬਣਾ ਕੇ ਸੰਘਰਸ਼ ਸ਼ੁਰੂ ਕੀਤਾ ਹੋਇਆ ਹੈ। ਇਸੇ ਤਹਿਤ ਅੱਜ ਨੌਜਵਾਨ ਭਾਰਤ ਸਭਾ ਵੱਲੋਂ ਪਿੰਡ ਛਬੀਲਪੁਰ ਕਮੇਟੀ ਦਾ ਗਠਨ ਕੀਤਾ ਗਿਆ, ਜਿਸ ਦਾ ਪ੍ਰਧਾਨ ਗੁਰਪ੍ਰੀਤ, ਮੀਤ ਪ੍ਰਧਾਨ ਚਮਕੌਰ ਸਿੰਘ, ਸਕੱਤਰ ਜਸਕਰਨ, ਖਜ਼ਾਨਚੀ ਲਈ ਕ੍ਰਿਸ਼ਨ ਦੀ ਜ਼ਿੰਮੇਵਾਰੀ ਲਗਾਈ ਗਈ। ਬਾਕੀ ਨੌਜਵਾਨਾਂ ਨੂੰ ਕਮੇਟੀ ਮੈਂਬਰ ਵਜੋਂ ਸ਼ਾਮਲ ਕੀਤਾ ਗਿਆ।

ਜ਼ਿਲ੍ਹਾ ਆਗੂ ਗੁਰਦੀਪ ਅਜ਼ਾਦ ਨੇ ਕਿਹਾ ਕਿ ਪੰਜਾਬ ਸਰਕਾਰ ਨੇ 'ਖੇਡੋ ਪੰਜਾਬ' ਦੇ ਨਾਂਅ 'ਤੇ ਪੰਜਾਬ ਅੰਦਰ ਖੇਡ ਮੁਕਾਬਲੇ ਸ਼ੁਰੂ ਕੀਤੇ ਹਨ, ਪ੍ਰੰਤੂ ਪੰਜਾਬ ਦੇ ਬਹੁਤ ਸਾਰੇ ਪਿੰਡਾਂ ਅੰਦਰ ਨੌਜਵਾਨਾਂ ਦੇ ਖੇਡਣ ਲਈ ਗ੍ਰਾਊਂਡ ਵੀ ਨਹੀਂ ਹਨ ਅਤੇ ਨਾ ਹੀ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਲਈ ਕੋਈ ਖੇਡ ਨੀਤੀ ਬਣਾਈ ਜਾ ਰਹੀ ਹੈ। ਇਸੇ ਤਰ੍ਹਾਂ ਪਿੰਡ ਛਬੀਲਪੁਰ ਵਿੱਚ ਵੀ ਨੌਜਵਾਨਾਂ ਦੇ ਖੇਡਣ ਲਈ ਕੋਈ ਵੀ ਗ੍ਰਾਊਂਡ ਨਹੀਂ ਹੈ, ਨੌਜਵਾਨ ਭਾਰਤ ਸਭਾ ਮੰਗ ਕਰਦੀ ਹੈ ਕਿ ਪੰਜਾਬ ਸਰਕਾਰ ਹਰ ਪਿੰਡ ਚੰਗਾ ਖੇਡ ਗ੍ਰਾਊਂਡ ਬਣਾਏ ਤੇ ਨੌਜਵਾਨਾਂ ਲਈ ਕੋਚ ਦਾ ਪ੍ਰਬੰਧ ਕਰੇ।

ਜ਼ਿਲ੍ਹਾ ਸਕੱਤਰ ਖੁਸ਼ਵੰਤ ਹਨੀ ਨੇ ਕਿਹਾ ਕਿ ਨੌਜਵਾਨ ਭਾਰਤ ਸਭਾ ਵੱਲੋਂ 26 ਸਤੰਬਰ ਨੂੰ ਸ਼ਹੀਦ ਭਗਤ ਸਿੰਘ ਤੇ ਸਾਥੀਆਂ ਦੇ ਗੁਪਤ ਟਿਕਾਣੇ ਨੂੰ ਮਿਊਜ਼ਿਅਮ ਤੇ ਲਾਇਬ੍ਰੇਰੀ 'ਚ ਤਬਦੀਲ ਕਰਵਾਉਣ ਲਈ ਲਗਾਏ ਜਾ ਰਹੇ ਫਿਰੋਜ਼ਪੁਰ ਡਿਪਟੀ ਕਮਿਸ਼ਨਰ ਦੇ ਦਫ਼ਤਰ ਅੱਗੇ ਪੱਕੇ ਮੋਰਚੇ ਵਿੱਚ ਪਿੰਡ ਛਬੀਲਪੁਰ ਤੋਂ ਵੱਡੀ ਗਿਣਤੀ ਵਿੱਚ ਨੌਜਵਾਨ ਸ਼ਾਮਲ ਹੋਣਗੇ। ਇਸ ਮੌਕੇ ਜੱਜ ਛਬੀਲਪੁਰ, ਜਸਕਰਨ, ਕ੍ਰਿਸ਼ਨ ਹਰਸ਼ਰਨ ਮਾਨ, ਗੁਰਪ੍ਰੀਤ ਸਿੰਘ ਜਗਨ, ਹਰਦੀਪ, ਗੁਰਪ੍ਰੀਤ, ਦੀਪਕ ਤੋਂ ਇਲਾਵਾ ਹੋਰ ਨੌਜਵਾਨ ਮੀਟਿੰਗ ਵਿੱਚ ਹਾਜ਼ਰ ਸਨ।

## ਮੀਡੀਆ ਕਲੱਬ ਦੀ ਚੋਣ, ਗੁਰਜੀਤ ਸੰਧੂ ਬਣੇ ਪ੍ਰਧਾਨ



**ਸਰਦੂਲਗੜ੍ਹ (ਅਵਤਾਰ ਜਟਾਣਾ)** ਪ੍ਰਧਾਨ ਰਣਜੀਤ ਗਰਗ ਦੀ ਪ੍ਰਧਾਨਗੀ ਹੇਠ ਕਲੱਬ ਦੀ ਇਕੱਤਰਤਾ ਹੋਈ, ਜਿਸ ਦੌਰਾਨ ਕਲੱਬ ਦੀਆਂ ਗਤੀਵਿਧੀਆਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਦੌਰਾਨ ਕਲੱਬ ਦੀ ਨਵੀਂ ਕਾਰਜਕਾਰੀ ਕਮੇਟੀ ਦੀ ਸਰਬਸੰਮਤੀ ਨਾਲ ਚੋਣ ਕੀਤੀ ਗਈ, ਜਿਸ ਵਿੱਚ ਗੁਰਜੀਤ ਸਿੰਘ ਸੰਧੂ ਪ੍ਰਧਾਨ ਬਣਾਇਆ ਗਿਆ। ਕੁਲਵਿੰਦਰ ਸਿੰਘ ਕੜਵਲ ਉਪ ਪ੍ਰਧਾਨ, ਸੁਖਵਿੰਦਰ ਸਿੰਘ ਨਿੱਕੂ ਸੈਕਟਰੀ ਤੇ ਨਰਾਇਣ ਗਰਗ ਨੂੰ ਕੈਸ਼ੀਅਰ ਚੁਣਿਆ ਗਿਆ।ਇਸ ਮੌਕੇ ਸੰਜੀਵ ਕੁਮਾਰ ਸਿੰਗਲਾ, ਬੁੱਧਰਾਮ ਬਾਂਸਲ, ਦਲਜੀਤ ਸਿੰਘ ਸੰਘਾ ਹਾਜ਼ਰ ਸਨ ਤੇ ਇਸ ਤੋਂ ਇਲਾਵਾ ਧਰਮ ਚੰਦ ਸਿੰਗਲਾ, ਸੁਖਵਿੰਦਰ ਸਿੰਘ ਸੁੱਖੀ ਆਪਣੇ ਘਰੇਲੂ ਕੰਮ-ਕਾਜ ਹੋਣ ਕਰਨ ਮੀਟਿੰਗ 'ਚ ਹਾਜ਼ਰ ਨਹੀਂ ਹੋ ਸਕੇ ਅਤੇ ਉਨ੍ਹਾਂ ਦੀ ਫੋਨ ਰਾਹੀਂ ਸਹਿਮਤੀ ਲਈ ਗਈ। ਇਸ ਦੌਰਾਨ ਇਕੱਠੇ ਹੋਏ ਮੈਂਬਰਾਂ ਨੇ ਵੱਖ-ਵੱਖ ਮੁੱਦਿਆਂ 'ਤੇ ਵਿਚਾਰ ਚਰਚਾ ਕਰਦੇ ਹੋਏ ਲੋਕਾਂ ਦੇ ਮਸਲੇ ਪਹਿਲ ਦੇ ਅਧਾਰ 'ਤੇ ਹੱਲ ਕਰਾਉਣ ਦੀ ਗੱਲ ਕਹੀ।ਕਲੱਬ ਦੇ ਨਵੇਂ ਚੁਣੇ ਪ੍ਰਧਾਨ ਤੇ ਅਹੁਦੇਦਾਰਾਂ ਨੇ ਕਲੱਬ ਮੈਂਬਰਾਂ ਦਾ ਧੰਨਵਾਦ ਕੀਤਾ।

## ਸ੍ਰੀ ਦੁਰਗਾ ਮੰਦਰ ਪ੍ਰਬੰਧਕ ਕਮੇਟੀ ਦੀ ਸਰਬਸੰਮਤੀ ਨਾਲ ਚੋਣ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸ੍ਰੀ ਦੁਰਗਾ ਮੰਦਰ ਦੀ ਪ੍ਰਬੰਧਕ ਕਮੇਟੀ ਦੀ ਚੋਣ ਸਰਬ ਸੰਮਤੀ ਨਾਲ ਹੋਈ, ਜਿਸ ਵਿੱਚ ਰਮਨ ਮਿੱਤਲ ਰਿੱਪੀ ਨੂੰ ਪ੍ਰਧਾਨ, ਦੀਕਸ਼ਤ ਗਰਗ ਸੈਕਟਰੀ ਤੇ ਸੰਜੀਵ ਕੁਮਾਰ ਗੋਇਲ ਪਿੰਕਾ ਨੂੰ ਕੈਸ਼ੀਅਰ ਚੁਣਿਆ ਗਿਆ।ਇਹ ਚੋਣ ਹਰਬੰਸ ਲਾਲ ਅਰੋੜਾ, ਸੁਦਰਸ਼ਨ ਸਿੰਗਲਾ, ਨਰੇਸ਼ ਮਿੱਤਲ, ਅਸ਼ੋਕ ਬਾਂਸਲ, ਵਿਜੈ ਕੁਮਾਰ ਬਾਂਸਲ, ਸੁਭਾਸ਼ ਕੁਮਾਰ ਚੜਿੱਕ ਵਾਰੇ, ਬਿੱਟੂ ਮਿੱਤਲ ਸਰਪ੍ਰਸਤੀ ਹੇਠ ਹੋਈ।ਰਮਨ ਮਿੱਤਲ ਨੇ ਕਿਹਾ ਕਿ ਸ੍ਰੀ ਦੁਰਗਾ ਮੰਦਰ ਦੀ ਸ਼ਾਨਦਾਰ ਨਵ-ਉਸਾਰੀ ਕਰਵਾਉਣਾ ਸਾਡਾ ਪਹਿਲਾ ਕਦਮ ਹੈ, ਉਸ ਤੋਂ ਬਾਅਦ ਧਰਮ ਸੇਵਾ ਤੇ ਸਮਾਜ ਸੇਵਾ ਦੇ ਕਾਰਜ ਅਸੀਂ ਪੂਰੀ ਟੀਮ ਤਿਆਰ ਕਰ ਕੇ ਕਰਦੇ ਰਹਾਂਗੇ ਅਤੇ ਸ਼ਹਿਰ ਨਿਵਾਸੀਆਂ ਤੋਂ ਸਹਿਯੋਗ ਦੀ ਮੰਗ ਕੀਤੀ ਗਈ। ਇਸ ਮੌਕੇ ਕੇਵਲ ਕ੍ਰਿਸ਼ਨ ਬਾਂਸਲ, ਪ੍ਰੇਮ ਪਾਲ ਗਰਗ, ਮੋਹਨ ਲਾਲ ਕਾਸ਼ਲ, ਸੁਭਾਸ਼ ਚੰਦਰ ਚੜਿੱਕ ਵਾਲੇ, ਨਵੀਨ ਮਿੱਤਲ, ਭੂਸ਼ਨ ਮਿੱਤਲ, ਸ਼ਿਵ ਸ਼ਰਮਾ, ਦਰਸ਼ਨ, ਰਾਜ ਕੁਮਾਰ ਗਰਗ, ਅਸ਼ੋਕ ਗਰਗ, ਯਸ਼ ਗੋਇਲ ਤੇ ਹੋਰ ਹਾਜ਼ਰ ਸਨ।

## ਰੇਲਗੱਡੀਆਂ 'ਚ ਅਣ-ਅਧਿਕਾਰਤ ਵੈਂਡਿੰਗ ਨੂੰ ਰੋਕਣ ਲਈ ਵਿਸ਼ੇਸ਼ ਮੁਹਿੰਮ ਚਲਾਈ

**2 ਅਣਅਧਿਕਾਰਤ ਵਿਕਰੇਤਾ ਫੜੇ, ਬਿਨਾਂ ਟਿਕਟ ਸਫ਼ਰ ਕਰਨ ਵਾਲਿਆਂ ਤੋਂ 54 ਹਜ਼ਾਰ ਰੁਪਏ ਦਾ ਜੁਰਮਾਨਾ ਵਸੂਲਿਆ**



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਰੇਲਵੇ ਬੋਰਡ ਤੇ ਮੁੱਖ ਦਫਤਰ ਦੀਆਂ ਹਦਾਇਤਾਂ ਅਨੁਸਾਰ ਰੇਲਗੱਡੀਆਂ ਵਿੱਚ ਅਣ-ਅਧਿਕਾਰਤ ਵੈਂਡਿੰਗ ਨੂੰ ਰੋਕਣ ਲਈ ਇੱਕ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਇਸ ਸੰਦਰਭ ਵਿੱਚ, ਅੱਜ ਸੀਨੀਅਰ ਡਵੀਜ਼ਨਲ ਕਮਰਸ਼ੀਅਲ ਮੈਨੇਜਰ ਪਰਮਦੀਪ ਸਿੰਘ ਸੈਣੀ ਵੱਲੋਂ ਰੇਲ ਗੱਡੀ ਨੰਬਰ 18237 (ਕੋਰਬਾ-ਅੰਮ੍ਰਿਤਸਰ ਛੱਤੀਸਗੜ੍ਹ ਐਕਸਪ੍ਰੈਸ) ਤੇ ਰੇਲਗੱਡੀ ਨੰਬਰ 14505 (ਅੰਮ੍ਰਿਤਸਰ-ਅੰਮ੍ਰਿਤਸਰ) ਵਿੱਚ ਅਣ-ਅਧਿਕਾਰਤ ਵੈਂਡਿੰਗ ਨੂੰ ਰੋਕਣ ਲਈ ਇੱਕ ਵਿਸ਼ੇਸ਼ ਨਿਰੀਖਣ ਕੀਤਾ ਗਿਆ। ਜਾਂਚ ਦੌਰਾਨ ਕਮਰਸ਼ੀਅਲ ਇੰਸਪੈਕਟਰ ਜਲੰਧਰ ਸਿਟੀ ਨਿਤੇਸ਼ ਸਮੇਤ ਟਿਕਟ ਚੈਕਿੰਗ ਸਟਾਫ਼ ਵੀ ਉਨ੍ਹਾਂ ਦੇ ਨਾਲ ਮੌਜੂਦ ਸੀ।ਜਾਂਚ ਦੌਰਾਨ ਗੱਡੀ ਨੰਬਰ 18237 ਵਿੱਚ 2 ਅਣ-ਅਧਿਕਾਰਤ ਵਿਕਰੇਤਾ ਫੜੇ ਗਏ।ਉਸ ਵਿਰੁੱਧ ਅਗਲੀ ਕਾਰਵਾਈ ਲਈ ਰੇਲਵੇ ਐਕਟ ਦੀ ਧਾਰਾ 144 ਤਹਿਤ ਉਸ ਨੂੰ ਆਰ ਪੀ ਐੱਫ ਹਵਾਲੇ ਕਰ ਦਿੱਤਾ ਗਿਆ ਹੈ।ਸੀਨੀਅਰ ਡਵੀਜ਼ਨਲ ਕਮਰਸ਼ੀਅਲ ਮੈਨੇਜਰ ਪਰਮਦੀਪ ਸਿੰਘ ਸੈਣੀ ਨੇ ਦੋਵਾਂ ਰੇਲ ਗੱਡੀਆਂ ਵਿੱਚ ਚੱਲ ਰਹੀ ਸਵੱਛਤਾ ਹੀ ਸੇਵਾ ਮੁਹਿੰਮ ਤਹਿਤ ਪੈਂਟਰੀ ਕਾਰ ਤੇ ਡੱਬਿਆਂ ਵਿੱਚ ਸਫਾਈ ਦਾ ਜਾਇਜ਼ਾ ਲਿਆ, ਟਰੇਨ ਨੰਬਰ 18237 ਵਿੱਚ 3 ਵਿਕਰੇਤਾ ਅਜਿਹੇ ਪਾਏ ਗਏ, ਜਿਨ੍ਹਾਂ ਕੋਲ ਵੈਧ ਮੈਡੀਕਲ ਸਰਟੀਫਿਕੇਟ ਨਹੀਂ ਸਨ।ਹੈੱਡਕੁਆਰਟਰ ਦੀ ਵਿਸ਼ੇਸ਼ ਟਿਕਟ ਚੈਕਿੰਗ ਮੁਹਿੰਮ ਤਹਿਤ ਉਨ੍ਹਾਂ ਨੇ ਟਿਕਟ ਚੈਕਿੰਗ ਸਟਾਫ਼ ਨਾਲ ਮਿਲ ਕੇ ਦੋਵਾਂ ਟਰੇਨਾਂ ਵਿੱਚ ਤਿੱਖੀ ਟਿਕਟ ਚੈਕਿੰਗ ਕੀਤੀ।ਬਿਨਾਂ ਟਿਕਟ ਤੇ ਬੇਨਿਯਮੀ ਨਾਲ ਸਫ਼ਰ ਕਰਨ ਵਾਲੇ 94 ਰੇਲਵੇ ਯਾਤਰੀਆਂ ਤੋਂ ਕਰੀਬ 54 ਹਜ਼ਾਰ ਰੁਪਏ ਦਾ ਜੁਰਮਾਨਾ ਵਸੂਲਿਆ ਗਿਆ।

## 1500 ਬੱਚਿਆਂ ਨੂੰ ਵੰਡੀਆਂ ਗਈਆਂ ਮੁਫ਼ਤ ਐਨਕਾਂ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)** ਰੋਸ਼ਨ ਪੰਜਾਬ ਯਾਤਰਾ ਦੇ ਹਿੱਸੇ ਵਜੋਂ ਜੋਤੀ ਫਾਊਂਡੇਸ਼ਨ ਵੱਲੋਂ ਸਤੰਬਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ ਗਿੱਦੜਬਾਹਾ ਵਿੱਚ ਕਰਾਏ ਸਮਾਗਮ ਵਿੱਚ ਅੱਖਾਂ ਦੀ ਕਮਜ਼ੋਰੀ ਵਾਲੇ ਬੱਚਿਆਂ ਨੂੰ 1500 ਮੁਫ਼ਤ ਐਨਕਾਂ ਵੰਡੀਆਂ ਗਈਆਂ।ਸਮਾਗਮ ਦੀ ਪ੍ਰਧਾਨਗੀ ਸ੍ਰੀ ਰਾਜੇਸ਼ ਤ੍ਰਿਪਾਠੀ ਡਿਪਟੀ ਕਮਿਸ਼ਨਰ ਨੇ ਕੀਤੀ। ਇਸ ਮੌਕੇ ਐਸ.ਡੀ.ਐਮ. ਜਸਪਾਲ ਬਰਾੜ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਜਸਪਾਲ ਮੋਂਗਾ, ਜੋਤੀ ਫਾਊਂਡੇਸ਼ਨ ਦੇ ਟਰੱਸਟੀ ਸੰਸਥਾਪਕ ਅਜੀਤ ਬਰਾੜ ਤੇ ਚੇਅਰਪਰਸਨ ਸ੍ਰੀਮਤੀ ਪ੍ਰਭਕਿਰਨ ਨੇ ਅਧਿਕਾਰੀਆਂ ਨਾਲ ਮਿਲ ਕੇ ਐਨਕਾਂ ਵੰਡੀਆਂ।ਡਿਪਟੀ ਕਮਿਸ਼ਨਰ ਨੇ ਗਿੱਦੜਬਾਹਾ ਬਲਾਕ ਦੇ 38 ਸਕੂਲਾਂ ਦੇ ਪ੍ਰਿੰਸੀਪਲਾਂ ਅਤੇ ਅਧਿਆਪਕਾਂ ਅਤੇ ਫਾਊਂਡੇਸ਼ਨ ਦੇ ਯਤਨਾਂ ਦੀ ਸ਼ਲਾਘਾ ਕੀਤੀ, ਜਿਨ੍ਹਾਂ ਨੇ ਲੋੜਵੰਦ ਸਕੂਲੀ ਬੱਚਿਆਂ ਦੀ ਸਨਾਖਤ ਕਰਕੇ ਉਨ੍ਹਾਂ ਨੂੰ ਐਨਕਾਂ ਮੁਹੱਈਆ ਕਰਾਉਣ ਵਿੱਚ ਅਹਿਮ ਰੋਲ ਨਿਭਾਇਆ ਹੈ। ਉਨ੍ਹਾਂ ਅੱਗੇ ਕਿਹਾ ਕਿ ਜੋਤੀ ਫਾਊਂਡੇਸ਼ਨ ਦੇ ਆਉਣ ਵਾਲੇ ਪ੍ਰੋਜੈਕਟਾਂ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੂਰਾ ਸਹਿਯੋਗ ਦੇਣ ਦਾ ਵੀ ਭਰੋਸਾ ਦਿੱਤਾ। ਸੰਸਥਾ ਦੇ ਸੰਸਥਾਪਕ ਨੇ ਦੱਸਿਆ ਕਿ ਰੌਸ਼ਨ ਪੰਜਾਬ ਜੋਤੀ ਫਾਊਂਡੇਸ਼ਨ ਦੁਆਰਾ ਇੱਕ ਪ੍ਰਮੁੱਖ ਪਹਿਲਕਦਮੀ ਹੈ, ਜਿਸਦਾ ਉਦੇਸ਼ ਪੰਜਾਬ ਦੇ ਹਰ ਸਰਕਾਰੀ ਸਕੂਲੀ ਬੱਚੇ ਦੀ ਅੱਖਾਂ ਦੀ ਜਾਂਚ ਕਰਨਾ ਤੇ ਲੋੜਵੰਦਾਂ ਨੂੰ ਐਨਕਾਂ ਮੁਫ਼ਤ ਪ੍ਰਦਾਨ ਕਰਨਾ ਹੈ।

ਇਹ ਪ੍ਰੋਜੈਕਟ ਅਕਤੂਬਰ 2023 ਵਿੱਚ ਸ਼ੁਰੂ ਹੋਇਆ ਸੀ ਤੇ ਹੁਣ ਤੱਕ ਇਸ ਪਹਿਲਕਦਮੀ ਨੇ ਚਾਰ ਜ਼ਿਲ੍ਹਿਆਂ ਮੁਕਤਸਰ ਸਾਹਿਬ, ਫ਼ਾਜ਼ਿਲਕਾ, ਬਠਿੰਡਾ ਤੇ ਸੰਗਰੂਰ ਨੂੰ ਕਵਰ ਕੀਤਾ ਹੈ ਅਤੇ 3,00,000 ਤੋਂ ਵੱਧ ਬੱਚਿਆਂ ਦੀ ਜਾਂਚ ਕੀਤੀ ਗਈ ਹੈ ਤੇ 20,000 ਤੋਂ ਵੱਧ ਬੱਚਿਆਂ ਨੂੰ ਐਨਕਾਂ ਮੁਫ਼ਤ ਪ੍ਰਦਾਨ ਕੀਤੀਆਂ ਗਈਆਂ ਹਨ।ਇਹ ਪ੍ਰੋਜੈਕਟ ਵਰਤਮਾਨ ਵਿੱਚ ਪਟਿਆਲਾ ਜ਼ਿਲ੍ਹੇ ਵਿੱਚ ਚੱਲ ਰਿਹਾ ਹੈ।

## ਪ੍ਰਵੀਨ ਗੋਇਲ ਸੁਭਾਸ਼ ਡਰਾਮੈਟਿਕ ਕਲੱਬ ਦੇ 16ਵੀਂ ਵਾਰ ਬਣੇ ਪ੍ਰਧਾਨ





**ਮਾਨਸਾ (ਆਤਮਾ ਸਿੰਘ ਪਮਾਰ)** ਸ੍ਰੀ ਸੁਭਾਸ਼ ਡਰਾਮੈਟਿਕ ਕਲੱਬ ਮੈਨੇਜਿੰਗ ਕਮੇਟੀ ਦੀ ਚੋਣ ਸਬੰਧੀ ਮੀਟਿੰਗ ਸ੍ਰੀ ਆਰ.ਸੀ. ਗੋਇਲ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ 'ਚ ਪ੍ਰਵੀਨ ਗੋਇਲ ਦੇ ਕਲੱਬ ਪ੍ਰਤੀ ਵਧੀਆ ਤੇ ਸ਼ਲਾਘਾਯੋਗ ਕੰਮਾਂ ਨੂੰ ਦੇਖਦਿਆਂ ਕਲੱਬ ਦੇ ਮੈਂਬਰਾਂ ਤੇ ਅਹੁਦੇਦਾਰਾਂ ਵੱਲੋਂ ਸਰਬਸੰਮਤੀ ਨਾਲ 16ਵੀਂ ਵਾਰ ਪ੍ਰਧਾਨ ਚੁਣਿਆ ਗਿਆ।ਇਸ ਦੇ ਨਾਲ ਹੀ ਕਲੱਬ ਵੱਲੋਂ ਅਸ਼ੋਕ ਗਰਗ ਨੂੰ ਸਤਿਕਾਰ ਸਹਿਤ ਚੇਅਰਮੈਨ ਵਜੋਂ ਨਿਯੁਕਤ ਗਿਆ।

ਇਸ ਤੋਂ ਇਲਾਵਾ ਭੀਮ ਸੈਨ, ਕ੍ਰਿਸ਼ਨ ਬਾਂਸਲ, ਹੁਕਮ ਚੰਦ, ਡਾ. ਮਾਨਵ ਜਿੰਦਲ, ਨਰਾਇਣ ਦਾਸ, ਪ੍ਰਮਜੀਤ ਜਿੰਦਲ ਤੇ ਅਰਪਿਤ (ਮੌੜਾਂ ਵਾਲੇ) ਨੂੰ ਸਰਪ੍ਰਸਤ, ਅਸ਼ੋਕ ਗਰਗ ਚੇਅਰਮੈਨ, ਪ੍ਰੇਮ ਜਿੰਦਲ ਤੇ ਸੁਰਿੰਦਰ ਨੰਗਲਿਆ ਨੂੰ ਉਪ ਪ੍ਰਧਾਨ, ਧਰਮਪਾਲ ਸ਼ੰਟੂ ਨੂੰ ਜਨਰਲ ਸੈਕਟਰੀ, ਮਨੋਜ ਅਰੋੜਾ ਅਤੇ ਸੋਨੂੰ ਰੱਲਾ ਨੂੰ ਜੁਆਇੰਟ ਸੈਕਟਰੀ, ਸ਼ੁਸ਼ੀਲ ਕੁਮਾਰ (ਵਿੱਕੀ) ਕੈਸ਼ੀਅਰ, ਅਰੁਣ ਅਰੋੜਾ, ਕਾਨੂੰਨੀ ਸਲਾਹਕਾਰ ਆਰ.ਸੀ.ਗੋਇਲ, ਪ੍ਰੈਸ ਸਕੱਤਰ ਬਲਜੀਤ ਸ਼ਰਮਾ ਅਤੇ ਡਾ. ਵਿਕਾਸ ਸ਼ਰਮਾ ਤੋਂ ਇਲਾਵਾ ਵਰੁਣ ਬਾਂਸਲ ਨੂੰ ਬਿਲਡਿੰਗ ਇੰਚਾਰਜ ਨਿਯੁਕਤ ਕੀਤਾ ਗਿਆ।

ਇਸ ਉਪਰੰਤ ਕਮੇਟੀ ਵੱਲੋਂ ਸਾਲ 2024 ਲਈ ਰਾਮਲੀਲਾ ਖੇਡਣ ਲਈ ਵਿਚਾਰ-ਵਟਾਂਦਰਾ ਕੀਤਾ ਗਿਆ।ਕਲੱਬ ਦੇ ਚੇਅਰਮੈਨ ਅਸ਼ੋਕ ਗਰਗ ਤੇ ਪ੍ਰਧਾਨ ਪ੍ਰਵੀਨ ਗੋਇਲ ਨੇ ਦੱਸਿਆ ਕਿ ਸ੍ਰੀ ਸੁਭਾਸ਼ ਡਰਾਮਾਟਿਕ ਕਲੱਬ ਵੱਲੋਂ ਹਰ ਸਾਲ ਪੂਰੀ ਸ਼ਰਧਾ ਅਤੇ ਲਗਨ ਨਾਲ ਸ੍ਰੀ ਰਾਮ ਲੀਲਾ ਜੀ ਦਾ ਮੰਚਨ ਕੀਤਾ ਜਾਂਦਾ ਹੈ ਅਤੇ ਇਸ ਨੂੰ ਸਫ਼ਲਤਾ ਪੂਰਵਕ ਸੰਪਨ ਕਰਨ ਲਈ ਵੱਖ-ਵੱਖ ਟੀਮਾਂ ਦਾ ਗਠਨ ਕਰਕੇ ਅਹਿਮ ਜ਼ਿੰਮੇਵਾਰੀਆਂ ਸੌਂਪੀਆਂ ਜਾਂਦੀਆਂ ਹਨ।

## ਸਾਬਕਾ ਚੇਅਰਮੈਨ ਸੁਭਾਸ਼ ਗੋਇਲ ਦਾ ਡੀ.ਆਈ.ਜੀ. ਵੱਲੋਂ ਸਨਮਾਨ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਅਗਵਾਈ ਵਿੱਚ ਨਸ਼ਿਆਂ ਤੋਂ ਮੁਕਤੀ ਲਈ ਪੰਜਾਬ ਪੁਲਸ ਤੇ ਪ੍ਰਸ਼ਾਸਨ ਦੁਆਰਾ ਅਰੰਭ ਕੀਤੀ ਗਈ ਮੁਹਿੰਮ ਨੂੰ ਜ਼ਿਲ੍ਹਾ ਮੋਗਾ ਵਿੱਚ ਸਫਲ ਬਣਾਉਣ ਲਈ ਅਪੀਲ ਕਰਦੇ ਹੋਏ ਡੀ.ਆਈ.ਜੀ. ਫਰੀਦਕੋਟ ਅਸ਼ਵਨੀ ਕਪੂਰ ਨੇ ਕਿਹਾ ਕਿ ਨਸ਼ੇ ਵਿਰੁੱਧ ਲੜਾਈ ਵਿੱਚ ਸਮੂਹ ਨਾਗਰਿਕਾਂ ਨੂੰ ਸਰਗਰਮ ਹੋਣ ਦੀ ਲੋੜ ਹੈ।ਡੀ.ਆਈ.ਜੀ. ਅਸ਼ਵਨੀ ਕਪੂਰ ਨੇ ਕਿਹਾ ਕਿ ਇਹ ਮਹਿਜ ਇੱਕ ਪ੍ਰੋਗਰਾਮ ਨਹੀਂ ਹੈ, ਬਲਕਿ ਸਮਾਜ ਵਿੱਚ ਨਸ਼ੇ ਨੂੰ ਖਤਮ ਕਰਨ ਲਈ ਇੱਕ ਅੰਦੋਲਨ ਹੈ।ਇਸ ਮੌਕੇ ਡੀ.ਆਈ.ਜੀ. ਅਸ਼ਵਨੀ ਕਪੂਰ ਨੇ ਬਾਘਾ ਪੁਰਾਣਾ ਦੇ ਮਾਰਕਿਟ ਕਮੇਟੀ ਦੇ ਸਾਬਕਾ ਉੱਪ-ਚੇਅਰਮੈਨ ਤੇ ਗੰਗਾ ਰਿਜੋਰਟਸ ਪੈਲੇਸ ਦੇ ਮਾਲਕ ਸੁਭਾਸ਼ ਗੋਇਲ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ।ਸੁਭਾਸ਼ ਗੋਇਲ ਵੱਲੋਂ ਹਮੇਸ਼ਾ ਹੀ ਸਮਾਜ ਭਲਾਈ ਦੇ ਕੰਮਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ ਜਾਂਦਾ ਹੈ।ਇਸ ਮੌਕੇ ਆਮ ਆਦਮੀ ਪਾਰਟੀ ਦੇ ਵਿਕਰਮਜੀਤ ਸਿੰਘ ਵਿੱਕੀ, ਦੀਪਕ ਅਰੋੜਾ ਚੇਅਰਮੈਨ ਸਮਾਲਸਰ, ਸ੍ਰੀ ਬਾਲਾ ਜੀ ਸੀਮਿੰਟ ਇੰਡਸਟਰੀ ਪਵਨ ਗੁਪਤਾ, ਅਮਿਤ ਗੋਇਲ ਐਡਵੋਕੇਟ ਪੈਟਰੋਲ ਪੰਪ ਵਾਲੇ, ਗੁਰਪ੍ਰੀਤ ਸਿੰਘ, ਸ਼ਹਿਰੀ ਪ੍ਰਧਾਨ ਗੁਰਪ੍ਰੀਤ ਮਨਚੰਦਾ ਤੇ ਹੋਰ ਹਾਜ਼ਰ ਸਨ।

## ਨੌਜਵਾਨ ਆਪਣੀ ਊਰਜਾ ਨੂੰ ਉਸਾਰੂ ਕੰਮਾਂ 'ਚ ਲਗਾਉਣ : ਕਪੂਰਗੜ੍ਹ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਨੌਜਵਾਨ ਆਪਣੀ ਊਰਜਾ ਨੂੰ ਉਸਾਰੂ ਕੰਮਾਂ ਵਿੱਚ ਲਗਾਉਣ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਮਾਜ ਸੇਵਕ ਤੀਰਥ ਸਿੰਘ ਕਪੂਰਗੜ੍ਹ ਨੇ ਅਮਲੋਹ ਬਲਾਕ ਦੀਆਂ 'ਖੇਡਾਂ ਵਤਨ ਪੰਜਾਬ ਦੀਆਂ' ਵਿੱਚ ਵਿਸ਼ੇਸ਼ ਤੌਰ 'ਤੇ ਨੌਜਵਾਨਾਂ ਦੀ ਹੌਸਲਾ ਅਫ਼ਜ਼ਾਈ ਕਰਨ ਪਹੁੰਚਣ ਸਮੇਂ ਕੀਤਾ। ਉਨਾ ਕਿਹਾ ਕਿ ਗੁਰੂਆਂ-ਪੀਰਾਂ ਦੀ ਧਰਤੀ 'ਤੇ ਜ਼ਹਿਰੀਲੇ ਬੀਜ ਬੀਜਣ ਵਾਲਿਆਂ ਦਾ ਕਿਤੇ ਭਲਾ ਨਹੀਂ ਹੋਵੇਗਾ ਤੇ ਪੰਜਾਬ ਦੀ ਨੌਜਵਾਨ ਪੀੜ੍ਹੀ, ਜੋ ਨਸ਼ਿਆਂ ਵਿੱਚ ਗੁਲਤਾਨ ਹੁੰਦੀ ਜਾ ਰਹੀ ਹੈ, ਨੂੰ ਨਸ਼ਿਆਂ ਵਿੱਚੋਂ ਕੱਢਣ ਲਈ ਨੌਜਵਾਨਾਂ ਦਾ ਖੇਡਾਂ ਨਾਲ ਜੁੜਨਾ ਸਮੇਂ ਦੀ ਮੁੱਖ ਲੋੜ ਹੈ ਤੇ ਹਰ ਇੱਕ ਵਿਅਕਤੀ ਨੂੰ ਸਮਾਜਿਕ ਕੁਰੀਤੀਆਂ ਵਿਰੁੱਧ ਡੱਟ ਕੇ ਮੁਕਾਬਲਾ ਕਰਨਾ ਚਾਹੀਦਾ ਹੈ।ਇਸ ਮੌਕੇ ਵੱਖ ਵੱਖ ਖੇਡ ਮੁਕਾਬਲਿਆਂ ਵਿੱਚ ਮੱਲਾਂ ਮਾਰਨ ਵਾਲੇ ਅਮਲੋਹ ਬਲਾਕ ਦੇ ਨੌਜਵਾਨਾਂ ਦਾ ਤੀਰਥ ਕਪੂਰਗੜ੍ਹ ਵੱਲੋਂ ਮੈਡਲ ਤੇ ਟਰਾਫ਼ੀਆਂ ਦੇ ਕੇ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੌਕੇ ਯਾਦਵਿੰਦਰ ਸਿੰਘ ਯਾਦੂ ਤੇ ਮੈਨੇਜਮੈਂਟ ਵੱਲੋਂ ਸਮਾਜ ਸੇਵਕ ਤੀਰਥ ਸਿੰਘ ਕਪੂਰਗੜ੍ਹ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨ ਕੀਤਾ ਗਿਆ।ਇਸ ਮੌਕੇ ਐਡਵੋਕੇਟ ਰਵਿੰਦਰ ਸਿੰਘ ਸਾਹਪੁਰ, ਜਗਰੂਪ ਸਿੰਘ ਟਿਵਾਣਾ, ਦਵਿੰਦਰ ਸਿੰਘ ਰਹਿਲ, ਯਾਦਵਿੰਦਰ ਸਿੰਘ ਯਾਦੂ, ਮਨੀਸ਼ ਕੁਮਾਰ ਹਾਕੀ ਕੋਚ, ਅੱਤਰ ਸਿੰਘ ਰਾਏਪੁਰ ਚੋਬਦਾਰਾਂ, ਪ੍ਰਭਜੋਤ ਸਿੰਘ ਤੰਦਾਬੰਧਾਂ ਕਲਾਂ, ਕਰਨ ਕਪੂਰਗੜ੍ਹ, ਸਤਨਾਮ ਭਰਪੂਗੜ੍ਹ, ਸਿਮਰਨ ਸਿੰਘ, ਵੱਖ ਵੱਖ ਸਕੂਲਾਂ ਦੇ ਸਰੀਰਕ ਸਿੱਖਿਆ ਦੇ ਅਧਿਆਪਕ ਤੇ ਵੱਖ ਵੱਖ ਖੇਡਾਂ ਦੇ ਕੋਚ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਖਿਡਾਰੀ ਹਾਜ਼ਰ ਸਨ।

## ਰਾਇਸਰ 'ਚ ਮਜ਼ਦੂਰ ਵੱਲੋਂ ਖੁਦਕੁਸ਼ੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਰਾਇਸਰ ਵਿਖੇ ਇੱਕ ਮਜ਼ਦੂਰ ਵੱਲੋਂ ਆਰਥਿਕ ਤੰਗੀ ਕਾਰਨ ਮਾਨਸਿਕ ਪ੍ਰੇਸ਼ਾਨੀ ਦੇ ਚੱਲਦਿਆਂ ਫਾਹਾ ਲੈ ਕੇ ਜੀਵਨ ਲੀਲ੍ਹਾ ਸਮਾਪਤ ਕਰ ਲਏ ਜਾਣ ਦੀ ਖਬਰ ਮਿਲੀ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਮ੍ਰਿਤਕ ਮਜ਼ਦੂਰ ਦੇ ਪੁੱਤਰ ਸੰਦੀਪ ਸਿੰਘ ਨੇ ਪੁਲਸ ਥਾਣਾ ਮਹਿਲ ਕਲਾਂ ਨੂੰ ਸੂਚਨਾ ਦਿੱਤੀ ਕਿ ਮੇਰਾ ਪਿਤਾ ਜਿੰਦਰ ਸਿੰਘ ਤੇ ਪਰਿਵਾਰਕ ਮੈਂਬਰ ਮਜ਼ਦੂਰੀ ਕਰਕੇ ਗੁਜ਼ਾਰਾ ਚਲਾ ਰਹੇ ਸੀ।ਘਰ ਵਿੱਚ ਮੇਰੀ ਇੱਕ ਭੈਣ ਤੇ ਇੱਕ ਭਰਾ ਵਿਆਹ ਦੇ ਯੋਗ ਹਨ।ਉਹ ਇਸ ਗੱਲ ਨੂੰ ਲੈ ਕੇ ਮਾਨਸਿਕ ਪ੍ਰੇਸ਼ਾਨੀ 'ਚੋਂ ਲੰਘ ਰਹੇ ਸੀ।ਅੱਜ ਉਨ੍ਹਾਂ ਨੇ ਘਰ 'ਚ ਬਰਾਂਡੇ ਦੀ ਛੱਤ ਨਾਲ ਫਾਹਾ ਲੈ ਆਪਣੀ ਜੀਵਨ ਲੀਲ੍ਹਾ ਸਮਾਪਤ ਕਰ ਲਈ।ਵੱਖ-ਵੱਖ ਕਿਸਾਨ, ਮਜ਼ਦੂਰ ਆਗੂਆਂ ਨੇ ਮਜ਼ਦੂਰ ਜਿੰਦਰ ਸਿੰਘ ਦੀ ਮੌਤ 'ਤੇ ਪੀੜਤ ਪਰਵਾਰ ਨਾਲ ਦੁੱਖ ਸਾਂਝਾ ਕਰਦਿਆਂ ਪੰਜਾਬ ਸਰਕਾਰ ਪਾਸੋਂ ਪੀੜਤ ਮਜ਼ਦੂਰ ਪਰਵਾਰ ਨੂੰ ਆਰਥਿਕ ਮਦਦ ਦੇਣ ਦੀ ਮੰਗ ਕੀਤੀ।

## ਪੇਂਡੂ ਸਾਹਿਤ ਸਭਾ ਵੱਲੋਂ ਡਾ. ਦੇਸੂਵੀ ਨਾਲ ਰੂ-ਬ-ਰੂ



**ਲਹਿਰਾ ਮੁਹੱਬਤ, (ਭੀਮ ਸੈਨ ਹਦਵਾਰੀਆ)** ਪੇਂਡੂ ਸਾਹਿਤ ਸਭਾ ਰਜਿ. ਬਾਲਿਆਂਵਾਲੀ ਵੱਲੋਂ ਕਵੀਸ਼ਰ ਮਾਘੀ ਸਿੰਘ ਗਿੱਲ ਯਾਦਗਾਰੀ ਲਾਇਬ੍ਰੇਰੀ, ਬ੍ਰਿਗੇਡੀਅਰ ਬੰਤ ਸਿੰਘ ਮੈਮੋਰੀਅਲ ਸੁਵਿਧਾ ਕੇਂਦਰ ਤੇ ਕੰਪਿਊਟਰ ਸੈਂਟਰ ਬਾਲਿਆਂਵਾਲੀ ਵਿਖੇ ਪ੍ਰਵਾਸੀ ਲੇਖਕ ਡਾ. ਜਸਪਾਲ ਸਿੰਘ ਦੇਸੂਵੀ (ਕੈਨੇਡਾ) ਦਾ ਰੂ-ਬ-ਰੂ ਤੇ ਸਨਮਾਨ ਸਮਾਰੋਹ ਕਰਾਇਆ ਗਿਆ। ਪ੍ਰਧਾਨਗੀ ਮੰਡਲ ਵਿੱਚ ਮੁੱਖ ਮਹਿਮਾਨ ਡਾ. ਜਸਪਾਲ ਸਿੰਘ ਦੇਸੂਵੀ, ਸਭਾ ਦੇ ਪ੍ਰਧਾਨ ਸੁਖਦਰਸਨ ਗਰਗ, ਅਜਮੇਰ ਸਿੰਘ ਦੀਵਾਨਾ ਤੇ ਅਮਰਜੀਤ ਜੀਤ ਸ਼ਾਮਲ ਸਨ। ਲੇਖਕ ਅਮਰਜੀਤ ਜੀਤ ਨੇ ਡਾ. ਜਸਪਾਲ ਸਿੰਘ ਦੇਸੂਵੀ ਬਾਰੇ ਸਰੋਤਿਆਂ ਨੂੰ ਜਾਣ ਪਛਾਣ ਕਰਵਾਉਂਦਿਆਂ ਉਨ੍ਹਾਂ ਦੇ ਜੀਵਨ ਅਤੇ ਪ੍ਰਾਪਤੀਆਂ 'ਤੇ ਪੰਛੀ ਝਾਤ ਪਵਾਈ। ਡਾ. ਜਸਪਾਲ ਸਿੰਘ ਦੇਸੂਵੀ ਨੇ ਸੰਬੋਧਨ ਦੌਰਾਨ ਸਮੂਚੀਆਂ ਸਾਹਿਤ ਸਭਾਵਾਂ ਨੂੰ ਇਕਜੁਟ ਹੋਣ ਦੀ ਅਪੀਲ ਕਰਦਿਆਂ ਕਿਹਾ ਕਿ ਅੱਜ ਦੇ ਸਮੇਂ ਦੀ ਮੁੱਖ ਮੰਗ ਇਹ ਹੈ ਕਿ ਅਸੀਂ ਆਉਣ ਵਾਲੀਆਂ ਨਸਲਾਂ ਲਈ ਕਿੰਨਾ ਚੰਗਾ ਸਾਹਿਤ ਛੱਡ ਕੇ ਜਾ ਰਹੇ ਹਾਂ ਕਿ ਉਹ ਉਸ ਤੋਂ ਸੇਧ ਲੈ ਕੇ ਆਪਣੇ ਜੀਵਨ ਪੱਧਰ 'ਚ ਨਿਖਾਰ ਲਿਆ ਸਕਣ।

ਉਨ੍ਹਾਂ ਕਿਹਾ ਕਿ ਲੇਖਕ ਦੇ ਨਾਲ-ਨਾਲ ਇੱਕ ਚਿੰਤਨ ਹੋਣਾ ਵੀ ਜ਼ਰੂਰੀ ਹੈ। ਉਨਾਂ ਸਮਾਜ ਸੇਵੀਆਂ ਨੂੰ ਅਪੀਲ ਕੀਤੀ ਕਿ ਉਹ ਨੌਜਵਾਨਾਂ ਨੂੰ ਸੰਭਾਲ ਕੇ ਉਨ੍ਹਾਂ ਦੇ ਹੁਨਰ ਨੂੰ ਤਰਾਸ਼ਣ ਅਤੇ ਉਨ੍ਹਾਂ ਲਈ ਮੌਕੇ ਪ੍ਰਦਾਨ ਕਰਨ। ਪ੍ਰਧਾਨ ਸੁਖਦਰਸਨ ਗਰਗ ਵੱਲੋਂ ਡਾ. ਜਸਪਾਲ ਸਿੰਘ ਦੇਸੂਵੀ ਦਾ ਧੰਨਵਾਦ ਕੀਤਾ ਗਿਆ ਅਤੇ ਸਭਾ ਬਾਰੇ ਜਾਣੂ ਕਰਾਇਆ। ਮੰਚ ਸੰਚਾਲਨ ਮਾ. ਜਗਨਨਾਥ ਵੱਲੋਂ ਕੀਤਾ ਗਿਆ।

## ਭਾਰਤੀ ਕਿਸਾਨ ਯੂਨੀ: ਡਕੌਂਦਾ ਦੀ ਮੀਟਿੰਗ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)** ਪਿੰਡ ਰਾਮਪੁਰਾ ਵਿਖੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਧਨੇਰ ਬਲਾਕ ਰਾਮਪੁਰਾ ਦੀ ਮੀਟਿੰਗ ਬਲਾਕ ਪ੍ਰਧਾਨ ਮਹਿੰਦਰ ਸਿੰਘ ਕੱਲੂ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਪਿੰਡ ਇਕਾਈਆਂ ਦੇ ਪ੍ਰਧਾਨ ਤੇ ਵਰਕਰਾਂ ਤੋਂ ਇਲਾਵਾ ਜ਼ਿਲ੍ਹਾ ਪ੍ਰਧਾਨ ਹਰਵਿੰਦਰ ਸਿੰਘ ਕੋਟਲੀ ਤੇ ਜ਼ਿਲ੍ਹਾ ਸਕੱਤਰ ਗੁਰਨਾਮ ਸਿੰਘ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਮੀਟਿੰਗ ਵਿੱਚ ਕਿਸਾਨੀ ਦੀਆਂ ਦਰਪੇਸ਼ ਸਮੱਸਿਆਵਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਸੂਬਾ ਕਮੇਟੀ ਦੇ ਸੱਦੇ 'ਤੇ 20 ਸਤੰਬਰ ਤੋਂ ਜ਼ਿਲ੍ਹਾ ਮਾਨਸਾ ਦੇ ਪਿੰਡ ਕੁਲਰੀਆਂ ਦੇ ਕਿਸਾਨਾਂ ਦੀ ਜ਼ਮੀਨ ਦੇ ਮਾਲਕੀ ਹੱਕ ਬਹਾਲ ਕਰਾਉਣ ਲਈ ਅਤੇ ਕਿਸਾਨਾਂ 'ਤੇ ਜਾਨਲੇਵਾ ਹਮਲੇ ਕਰਨ ਵਾਲੇ ਗੁੰਡਿਆਂ ਨੂੰ ਗ੍ਰਿਫ਼ਤਾਰ ਕਰਾਉਣ ਲਈ ਪੜਾਅਵਾਰ ਸ਼ੁਰੂ ਕੀਤੇ ਜਾ ਰਹੇ। ਸੰਘਰਸ਼ ਪ੍ਰੋਗਰਾਮ ਵਿੱਚ ਸ਼ਾਮਲ ਹੁੰਦੇ ਹੋਏ ਬਲਾਕ ਰਾਮਪੁਰਾ ਵਿੱਚੋਂ 26 ਸਤੰਬਰ ਨੂੰ ਵੱਡੀ ਗਿਣਤੀ ਵਿੱਚ ਕਿਸਾਨਾਂ ਦਾ ਕਾਫ਼ਲਾ ਪਿੰਡ ਕੁਲਰੀਆਂ ਵੱਲ ਕੂਚ ਕਰੇਗਾ।ਆਗੂਆਂ ਨੇ ਕਿਹਾ ਕਿ ਡੀ ਏ ਪੀ ਖਾਦ ਦੀ ਘਾਟ ਹੋਣ ਕਰਕੇ ਇਸ ਸਮੇਂ ਕਿਸਾਨਾਂ ਨੂੰ ਖਾਦ ਨਹੀਂ ਮਿਲ ਰਹੀ ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਖਾਦ ਦਾ ਤੁਰੰਤ ਪ੍ਰਬੰਧ ਕਰਕੇ ਕਿਸਾਨਾਂ ਨੂੰ ਖਾਦ ਦਿੱਤੀ ਜਾਵੇ, ਨਹੀਂ ਤਾਂ ਸਰਕਾਰ ਕਿਸਾਨਾਂ ਦੇ ਸੰਘਰਸ਼ ਦਾ ਸਾਹਮਣਾ ਕਰਨ ਲਈ ਤਿਆਰ ਰਹੇ।

## ਪ੍ਰਵਾਸੀ ਭਲਾਈ ਸੰਸਥਾ ਨੇ ਧੂਮ-ਧਾਮ ਨਾਲ ਮਨਾਇਆ ਗਣੇਸ਼ ਉਤਸਵ

**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਸਹਿਜਪੁਰਾ ਚੌਂਕ ਸਮਾਣਾ ਵਿਖੇ ਪ੍ਰਵਾਸੀ ਭਲਾਈ ਸੰਸਥਾ ਸਮਾਣਾ ਵੱਲੋਂ ਗਣੇਸ਼ ਉਤਸਵ ਬੜੇ ਉਤਸ਼ਾਹ ਤੇ ਸ਼ਰਧਾ ਭਾਵ ਨਾਲ ਮਨਾਇਆ ਗਿਆ, ਜਿਸ ਵਿੱਚ ਮੁੱਖ ਮਹਿਮਾਨ ਵਜੋਂ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਦੇ ਪੀ ਏ ਗੁਰਦੇਵ ਸਿੰਘ ਟਿਵਾਣਾ ਆਪਣੇ ਸਮੁੱਚੀ ਟੀਮ ਨਾਲ ਪਹੁੰਚੇ। ਇਸ ਮੌਕੇ ਉਨ੍ਹਾਂ ਦਾ ਸਵਾਗਤ ਪ੍ਰਵਾਸੀ ਭਲਾਈ ਸੰਸਥਾ ਸਮਾਣਾ ਤੇ ਸਮੂਹ ਅਹੁਦੇਦਾਰਾਂ ਵੱਲੋਂ ਕੀਤਾ ਗਿਆ।ਇਸ ਮੌਕੇ ਗੁਰਦੇਵ ਸਿੰਘ ਟਿਵਾਣਾ ਨੇ ਕਿਹਾ ਕਿ ਪ੍ਰਵਾਸੀ ਭਾਈਚਾਰਾ ਦੇ ਲੋਕਾਂ ਵੱਲੋਂ ਪੰਜਾਬ ਦੀ ਖੁਸ਼ਹਾਲੀ ਵਿੱਚ ਵੱਡਾ ਯੋਗਦਾਨ ਪਾਇਆ ਜਾ ਰਿਹਾ ਹੈ, ਜਿਸ ਨਾਲ ਪੰਜਾਬ ਸੂਬਾ ਤਰੱਕੀ ਵੱਲ ਹੋਰ ਅੱਗੇ ਵੱਧ ਰਿਹਾ ਹੈ। ਉਨ੍ਹਾਂ ਕਿਹਾ ਕਿ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਜਦੋਂ ਤੱਕ ਕੈਬਨਿਟ ਮਨਿਸਟਰ ਹਨ, ਪ੍ਰਵਾਸੀ ਭਾਈਚਾਰੇ ਤੇ ਲੋਕਾਂ ਨੂੰ ਕਿਸੇ ਮੁਸ਼ਕਲ ਦਾ ਸਾਹਮਣਾ ਨਹੀਂ ਕਰਨਾ ਪਵੇਗਾ, ਪ੍ਰਵਾਸੀ ਭਾਈਚਾਰੇ ਦੇ ਲੋਕਾਂ ਲਈ ਦਰਵਾਜ਼ੇ ਖੁੱਲ੍ਹੇ ਹਨ।ਸੰਸਥਾ ਦੇ ਸਰਪ੍ਰਸਤ ਸੰਜੀਵ ਗਰਗ ਨੇ ਬਾਖੂਬੀ ਨਾਲ ਮੰਚ ਸੰਚਾਲਨ ਕੀਤਾ। ਇਸ ਮੌਕੇ ਸੰਸਥਾ ਦੇ ਸਰਪ੍ਰਸਤ ਸੰਜੀਵ ਗਰਗ, ਸੁਦੇਸ਼ ਜੈਨ, ਮਨੀਸ਼ ਸਿੰਗਲਾ ਰੋਕੀ, ਰਾਮ ਬਾਬੂ ਸ਼ਰਮਾ ਪ੍ਰਧਾਨ ਤੋਂ ਇਲਾਵਾ ਸੰਸਥਾ ਦੇ ਸੰਤ ਰਾਮ, ਪਰਮਾਨੰਦ, ਵਿਨੋਦ ਮਹਿਤਾ, ਸੰਜੇ ਕੁਮਾਰ ਮਹਿਤਾ, ਹਰੀ ਨਰਾਇਣ ਯਾਦਵ, ਮਨੋਜ ਕੁਮਾਰ ਮਹਿਤਾ, ਸੰਤ ਲਾਲ ਸ਼ਰਮਾ, ਮੁਕੇਸ਼ ਕੁਮਾਰ, ਹਰੀ ਨਰਾਇਣ, ਗੁਰਤੇਜ ਸਿੰਘ ਪੰਚਾਇਤ ਅਫ਼ਸਰ, ਸੰਜੇ ਬਾਂਸਲ, ਭਾਰਤ ਭੂਸ਼ਣ ਗੋਇਲ, ਸੰਜੇ ਸਿੰਗਲਾ, ਸਤਪਾਲ ਨਾਹਰ, ਗੋਪਾਲ ਕ੍ਰਿਸ਼ਨ ਗਰਗ, ਵਿਨੋਦ ਸਿੰਗਲਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਗਣੇਸ਼ ਭਗਤ ਹਾਜ਼ਰ ਸਨ।

## ਸੜਕ ਦੇ ਨਿਰਮਾਣ ਕਾਰਜਾਂ ਦਾ ਆਪ ਆਗੂ ਗੁਰਚੇਤ ਸਿੰਘ ਵੱਲੋਂ ਨਿਰੀਖਣ



**ਜਲਾਲਾਬਾਦ (ਜੀਤ ਕੁਮਾਰ)**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚੱਕ ਸੈਦੋਕੇ ਨੂੰ ਆਮ ਆਦਮੀ ਪਾਰਟੀ ਦੇ ਸਰਕਲ ਪ੍ਰਧਾਨ ਗੁਰਚੇਤ ਸਿੰਘ ਦੇ ਯਤਨਾਂ ਸਦਕਾ ਮੁੱਖ ਗੇਟ ਤੋਂ ਲੈ ਕੇ ਸਕੂਲ ਬਿਲਡਿੰਗ ਤੱਕ ਸੜਕ ਦਾ ਨਿਰਮਾਣ ਕਾਰਜ ਸ਼ੁਰੂ ਹੋਇਆ ਹੈ।

ਇਸ ਬਾਰੇ ਗੁਰਚੇਤ ਸਿੰਘ ਨੇ ਦੱਸਿਆ ਕਿ ਇਸ ਸਕੂਲ ਵਿੱਚ ਮੁੱਖ ਗੇਟ ਨੂੰ ਬਿਲਡਿੰਗ ਤੱਕ ਜੋੜਨ ਵਾਲਾ ਕੋਈ ਰਸਤਾ ਨਹੀਂ ਸੀ, ਜਿਸ ਕਾਰਨ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਬਾਰਸ਼ ਦੇ ਮੌਸਮ ਵਿੱਚ ਬਹੁਤ ਪ੍ਰੇਸ਼ਾਨੀ ਵਿੱਚੋਂ ਲੰਘਣਾ ਪੈਂਦਾ ਸੀ। ਇਸ ਸਬੰਧੀ ਸਕੂਲ ਸਟਾਫ ਤੇ ਸਕੂਲ ਮੈਨੇਜਮੈਂਟ ਕਮੇਟੀ ਵੱਲੋਂ ਸਮੇਂ ਸਮੇਂ 'ਤੇ ਸਰਕਾਰ ਤੋਂ ਮੰਗ ਕੀਤੀ ਗਈ ਸੀ, ਪਰ ਗੱਲ ਕਿਸੇ ਤਣ ਪੱਤਣ ਨਹੀਂ ਲਗਦੀ ਸੀ। ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਬਣਨ ਉਪਰੰਤ ਸਕੂਲ ਪ੍ਰਿੰਸੀਪਲ ਸ੍ਰੀਮਤੀ ਅਨੀਤਾ ਕਾਲੜਾ ਤੇ ਸਟਾਫ ਵੱਲੋਂ ਸੜਕ ਦਾ ਮਸਲਾ ਮੇਰੇ ਧਿਆਨ ਵਿੱਚ ਲਿਆਂਦਾ ਗਿਆ ਤਾਂ ਇਸ ਜਾਇਜ਼ ਮੰਗ ਨੂੰ ਮੇਰੇ ਵੱਲੋਂ ਲੀਡਰ ਸਾਹਿਬਾਨ ਕੋਲ ਉਠਾਇਆ ਗਿਆ। ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਹੇਠ ਸਕੂਲਾਂ ਦੇ ਰੱਖ ਰਖਾਅ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ, ਇਸੇ ਕੜੀ ਤਹਿਤ ਹੁਣ ਹਲਕਾ ਗੁਰੂ ਹਰਸਹਾਏ ਦੇ ਵਿਧਾਇਕ ਫੌਜਾ ਸਿੰਘ ਸਰਾਰੀ ਸਾਬਕਾ ਮੰਤਰੀ ਨੇ ਆਪਣੇ ਅਖਤਿਆਰੀ ਫੰਡ ਵਿੱਚੋਂ ਇਸ ਸੜਕ ਦਾ ਨਿਰਮਾਣ ਕਰਵਾਇਆ ਹੈ, ਜਿਸ ਲਈ ਸਮੁੱਚਾ ਸਟਾਫ ਤੇ ਸਕੂਲ ਵਿਦਿਆਰਥੀ ਉਨ੍ਹਾਂ ਦੀ ਸੋਚ ਨੂੰ ਸਲਾਮ ਕਰ ਰਹੇ ਹਨ।

ਪ੍ਰਿੰਸੀਪਲ ਸ੍ਰੀਮਤੀ ਅਨੀਤਾ ਕਾਲੜਾ, ਸਕੂਲ ਸਟਾਫ ਤੇ ਵਿਦਿਆਰਥੀਆਂ ਨੇ ਗੁਰਚੇਤ ਸਿੰਘ ਸਰਕਲ ਪ੍ਰਧਾਨ ਤੇ ਹਲਕਾ ਵਿਧਾਇਕ ਫੌਜਾ ਸਿੰਘ ਸਰਾਰੀ ਦਾ ਅਭਾਰ ਪ੍ਰਗਟ ਕੀਤਾ ਹੈ।

## ਭਾਜਪਾ ਸਿੱਖਾਂ ਦੀਆਂ ਭਾਵਨਾਵਾਂ ਨਾਲ ਖੇਡਣਾ ਬੰਦ ਕਰੇ : ਦੌਲਤਪੁਰ

**ਧੂਰੀ, (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਪੰਜਾਬ ਕਾਂਗਰਸ ਦੇ ਮੈਂਬਰ ਤੇ ਹਲਕਾ ਧੂਰੀ ਤੋਂ ਸੀਨੀਅਰ ਆਗੂ ਹਰਦੀਪ ਸਿੰਘ ਦੌਲਤਪੁਰ ਨੇ ਕਿਹਾ ਕਿ ਰਾਹੁਲ ਗਾਂਧੀ ਨੂੰ ਧਮਕੀਆਂ ਦੇਣਾ ਭਾਰਤ ਦੀ ਲੋਕਤੰਤਰ ਪ੍ਰਣਾਲੀ ਲਈ ਠੀਕ ਨਹੀਂ ਹੈ।ਭਾਜਪਾ ਸਰਕਾਰ ਦੇਸ਼ ਨੂੰ ਕਿਸ ਦਿਸ਼ਾ ਵੱਲ ਲੈ ਜਾ ਰਹੀ ਹੈ ? ਉਨ੍ਹਾ ਦੋਸ਼ ਲਾਇਆ ਕਿ ਭਾਜਪਾ ਸਿੱਖਾਂ ਦੀ ਆੜ ਵਿੱਚ ਰਾਹੁਲ ਗਾਂਧੀ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕਰ ਰਹੀ ਹੈ।

ਉਨ੍ਹਾ ਕਿਹਾ ਕਿ ਭਾਜਪਾ ਸਿੱਖਾਂ ਦੀਆਂ ਭਾਵਨਾਵਾਂ ਨਾਲ ਖੇਡਣਾ ਬੰਦ ਕਰੇ।ਭਾਜਪਾ ਸਿੱਖਾਂ ਦੀ ਆੜ ਵਿੱਚ ਰਾਹੁਲ ਗਾਂਧੀ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕਰ ਰਹੀ ਹੈ।ਉਹ ਰਾਹੁਲ ਖਿਲਾਫ ਲਗਾਤਾਰ ਬੋਲ ਰਹੀ ਹੈ, ਉਨ੍ਹਾਂ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ।ਉਨ੍ਹਾ ਕਿਹਾ ਕਿ ਰਾਹੁਲ ਗਾਂਧੀ ਨੂੰ ਧਮਕੀਆਂ ਦੇਣ ਵਾਲਿਆਂ ਖ਼ਿਲਾਫ਼ ਕਾਰਵਾਈ ਹੋਣੀ ਚਾਹੀਦੀ ਹੈ।ਉਨ੍ਹਾ ਕਿਹਾ ਕਿ ਇਹ ਸਭ ਕੁਝ ਦੇਸ਼ ਦੇ ਮੁੱਖ ਮੁੱਦਿਆਂ ਤੋਂ ਲੋਕਾਂ ਦਾ ਧਿਆਨ ਹਟਾਉਣ ਲਈ ਕੀਤਾ ਜਾ ਰਿਹਾ ਹੈ।

## ਕੰਪਿਊਟਰ ਕੋਰਸ ਪੂਰਾ ਕਰ ਚੁੱਕੇ ਵਿਦਿਆਰਥੀਆਂ ਨੂੰ ਵੰਡੇ ਸਰਟੀਫ਼ਿਕੇਟ



**ਮੱਖੂ (ਰਛਪਾਲ ਸਿੰਘ ਸੰਧੂ)**- ਉੱਘੇ ਸਮਾਜ ਸੇਵੀ ਡਾ. ਐਸ.ਪੀ.ਸਿੰਘ ਓਬਰਾਏ ਅਤੇ ਸਿੱਖਿਆ ਡਾਇਰੈਕਟਰ ਮੈਡਮ ਇੰਦਰਜੀਤ ਕੌਰ ਗਿੱਲ ਦੀ ਯੋਗ ਅਗਵਾਈ ਵਿੱਚ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਗੁਰਦੁਆਰਾ ਸਾਹਿਬ ਬਾਬਾ ਕਰਮ ਚੰਦ ਬਾਠਾਂ ਵਾਲਾ ਵਿਖੇ ਚੱਲ ਰਹੇ ਸੰਨੀ ਓਬਰਾਏ ਫਰੀ ਕੰਪਿਊਟਰ ਕੋਰਸ ਨੂੰ ਪੂਰਾ ਕਰਨ ਵਾਲੇ ਵਿਦਿਆਰਥੀਆਂ ਨੂੰ ਇੱਕ ਸਾਦੇ ਸਮਾਗਮ ਦੌਰਾਨ ਸਰਟੀਫਿਕੇਟ ਵੰਡੇ ਗਏ।

ਸਮਾਗਮ ਵਿੱਚ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਨਰਿੰਦਰ ਕਟਾਰੀਆ, ਬਲਵੀਰ ਲਹਿਰਾ, ਗੌਰਵ ਮਦਾਨ, ਪੱਤਰਕਾਰ ਕੇਵਲ ਅਹੂਜਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਇਸ ਮੌਕੇ ਸੰਸਥਾ ਦੇ ਜਿਲ੍ਹਾ ਪ੍ਰਧਾਨ ਮੈਡਮ ਅਮਰਜੀਤ ਕੌਰ ਛਾਬੜਾ ਤੇ ਮੀਤ ਪ੍ਰਧਾਨ ਦਵਿੰਦਰ ਸਿੰਘ ਛਾਬੜਾ ਨੇ ਸੰਬੋਧਨ ਕਰਦੇ ਹੋਏ ਮੁੱਖ ਮਹਿਮਾਨਾਂ ਦਾ ਸਵਾਗਤ ਕਰਦੇ ਹੋਏ ਸੰਸਥਾ ਵੱਲੋਂ ਜਿਲ੍ਹਾ ਫਿਰੋਜਪੁਰ ਵਿੱਚ ਚਲਾਏ ਜਾ ਰਹੇ ਲੋਕ ਭਲਾਈ ਕਾਰਜਾਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਆਮ ਪਾਰਟੀ ਦੇ ਆਗੂ ਨਰਿੰਦਰ ਕਟਾਰੀਆ ਤੇ ਬਲਵੀਰ ਲਹਿਰਾ ਵੱਲੋ ਸਰਬੱਤ ਦਾ ਭਲਾ ਕਾਰਜਾਂ ਦੀ ਭਰਪੂਰ ਸ਼ਲਾਘਾ ਕਰਦੇ ਹੋਏ ਹਰ ਤਰ੍ਹਾਂ ਦਾ ਸਹਿਯੋਗ ਦੇਣ ਦੀ ਗੱਲ ਕਹੀ।ਇਸ ਮੌਕੇ ਕੰਪਿਊਟਰ ਕੋਰਸ ਪਾਸ ਕਰਨ ਵਾਲੇ 32 ਵਿਦਿਆਰਥੀਆਂ ਨੂੰ ਟਰੱਸਟ ਵੱਲੋਂ ਆਈ ਐਸ ਓ ਤੋਂ ਮਾਨਤਾ ਪ੍ਰਾਪਤ ਸਰਟੀਫ਼ਿਕੇਟ ਵੀ ਦਿਤੇ ਗਏ ਅਤੇ ਉਹਨਾਂ ਦੇ ਚੰਗੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਜ਼ੋਨ ਮਖੂ ਦੀ ਇਕਾਈ ਮਹਿਮੂਦ ਵਾਲਾ ਦੇ ਆਗੂਆਂ ਵੱਲੋਂ ਮੀਟਿੰਗ



**ਮੱਖੂ (ਰਛਪਾਲ ਸਿੰਘ ਸੰਧੂ)** ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ੋਨ ਮਖੂ ਦੀ ਮੀਟਿੰਗ ਜ਼ੋਨ ਸਕੱਤਰ ਬਲਜਿੰਦਰ ਸਿੰਘ ਤਲਵੰਡੀ ਨਿਪਾਲਾਂ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਇੰਦਰਜੀਤ ਸਿੰਘ ਬਾਠ ਉਚੇਚੇ ਤੌਰ 'ਤੇ ਪੁੱਜੇ।ਮੀਟਿੰਗ ਦੌਰਾਨ ਇਕਾਈ ਮਹਿਮੂਦ ਵਾਲਾ ਦੀ ਕਮੇਟੀ ਨੂੰ ਰੀਨਿਊ ਕਰਕੇ ਇਕਾਈ ਕਮੇਟੀ ਵਿੱਚ ਬੀਬੀਆਂ ਨੂੰ ਵੀ ਸ਼ਾਮਲ ਕੀਤਾ ਗਿਆ, ਜਿਸ ਵਿੱਚ ਇਕਾਈ ਪ੍ਰਧਾਨ ਜੋਗਿੰਦਰ ਸਿੰਘ, ਸੈਕਟਰੀ ਇੰਦਰਜੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਅਮਰਜੀਤ ਸਿੰਘ, ਖ਼ਜ਼ਾਨਚੀ ਨਿਰਮਲ ਸਿੰਘ, ਮੀਤ ਪ੍ਰਧਾਨ ਸਰਬਜੀਤ ਕੌਰ ਤੇ ਮਨਜੀਤ ਕੌਰ, ਮੀਤ ਸੈਕਟਰੀ ਰਾਜ ਸਿੰਘ, ਸਰਬਜੀਤ ਸਿੰਘ, ਅੰਮ੍ਰਿਤਪਾਲ ਸਿੰਘ, ਮੀਤ ਖ਼ਜ਼ਾਨਚੀ ਜਸਬੀਰ ਕੌਰ, ਸ਼ਿੰਦਰ ਸਿੰਘ, ਸਲਾਹਕਾਰ ਕਰਮ ਸਿੰਘ, ਸਰਜੀਤ ਕੌਰ ਨੂੰ ਨਿਯੁਕਤ ਕੀਤਾ ਗਿਆ।ਮੀਟਿੰਗ ਨੂੰ ਸੰਬੋਧਨ ਕਰਦਿਆ ਆਗੂਆਂ ਨੇ ਚੱਲ ਰਹੇ ਮੋਰਚਿਆਂ ਸ਼ੰਭੂ, ਖਨੌਰੀ ਤੇ ਰਤਨਪੁਰ ਬਾਰੇ ਵਿਸਥਾਰ ਪੂਰਵਕ ਦੱਸਿਆ ਗਿਆ ਕਿ 23 ਫ਼ਸਲਾਂ 'ਤੇ ਐੱਮਐੱਸਪੀ ਲੈਣ, ਫ਼ਸਲੀ ਬੀਮਾ ਯੋਜਨਾ, ਬਿਜਲੀ ਦੇ ਨਿਜੀਕਰਨ ਨੂੰ ਰੋਕਣ ਲਈ ਸਮਾਰਟ ਮੀਟਰ ਦਾ ਵਿਰੋਧ 'ਤੇ ਪ੍ਰਦੂਸ਼ਣ ਐਕਟ 'ਚੋਂ ਕਿਸਾਨਾਂ ਨੂੰ ਬਾਹਰ ਕਰਨਾ ਆਦਿ ਮੰਗਾਂ 'ਤੇ ਜਾਣਕਾਰੀ ਸਾਂਝੀ ਕੀਤੀ। ਇਕਾਈ ਆਗੂਆਂ ਵੱਲੋਂ ਵਿਸ਼ਵਾਸ ਦਿਵਾਇਆ ਗਿਆ ਕਿ ਚੱਲ ਰਹੇ ਮੋਰਚਿਆਂ ਵਿੱਚ ਵੱਡੇ ਪੱਧਰ 'ਤੇ ਸ਼ਮੂਲੀਅਤ ਕਰਨਗੇ।

## ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੀ ਹੰਗਾਮੀ ਮੀਟਿੰਗ



**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)** ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਦੀ ਬਲਾਕ ਝੋਕ ਮੋਹੜੇ ਦੀ ਮੀਟਿੰਗ ਗੁਰਦੁਆਰਾ ਪ੍ਰਗਟ ਸਾਹਿਬ ਵਿੱਚ ਬਲਾਕ ਪ੍ਰਧਾਨ ਗੁਰਭੇਜ ਸਿੰਘ ਲੋਹੜਾ ਨਵਾਬ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਸੂਬਾ ਪ੍ਰੈੱਸ ਸਕੱਤਰ ਅਵਤਾਰ ਸਿੰਘ ਮਹਿਮਾ, ਜ਼ਿਲ੍ਹਾ ਮੀਤ ਪ੍ਰਧਾਨ ਰਣਜੀਤ ਸਿੰਘ ਝੋਕ ਵੀ ਸ਼ਾਮਲ ਹੋਏ।

ਮੀਟਿੰਗ ਵਿੱਚ ਸਰਬਸੰਮਤੀ ਨਾਲ 25 ਸਤੰਬਰ ਦੀ ਗੁਰੂਹਰਸਹਾਏ ਵਿਖੇ ਕੀਤੀ ਜਾ ਰਹੀ ਕਿਸਾਨ ਪੰਚਾਇਤ ਵਿੱਚ ਵੱਡੀ ਗਿਣਤੀ ਵਿੱਚ ਕਿਸਾਨਾਂ ਦੀ ਸ਼ਮੂਲੀਅਤ ਕਰਨ ਲਈ ਵਿਉਂਤਬੰਦੀ ਕੀਤੀ ਗਈ।ਬਲਾਕ ਦੇ ਪ੍ਰੈਸ ਸਕੱਤਰ ਗੁਰਨਾਮ ਸਿੰਘ ਚੱਕ ਸੋਮੀਆਂ ਵਾਲੇ ਨੇ ਦੱਸਿਆ ਕਿ ਇਸ ਕਿਸਾਨ ਪੰਚਾਇਤ ਵਿੱਚ ਜਥੇਬੰਦੀ ਦੇ ਪ੍ਰਧਾਨ ਤੇ ਸੰਯੁਕਤ ਕਿਸਾਨ ਮੋਰਚੇ ਦੇ ਨੈਸ਼ਨਲ ਕਿਸਾਨ ਲੀਡਰ ਦਰਸ਼ਨ ਪਾਲ ਮੁੱਖ ਤੌਰ 'ਤੇ ਸੰਬੋਧਨ ਕਰਨਗੇ।ਉਨ੍ਹਾਂ ਕਿਹਾ ਕਿ ਬਲਾਕ ਦੇ ਸੈਂਕੜੇ ਕਿਸਾਨ ਮਰਦ ਤੇ ਔਰਤਾਂ ਇਸ ਵਿੱਚ ਸ਼ਾਮਲ ਹੋਣਗੇ।ਇਸਦੇ ਨਾਲ ਉਹਨਾਂ ਕਿਹਾ ਕਿ ਫ਼ਿਰੋਜ਼ਪੁਰ ਦੇ ਆਰ ਬੀ ਇਮੀਗ੍ਰੇਸ਼ਨ ਦੀ ਕਥਿਤ ਠੱਗੀ ਦੇ ਖਿਲਾਫ 17 ਤਰੀਕ ਨੂੰ ਫਿਰੋਜ਼ਪੁਰ ਸ਼ਹਿਰ ਵਿੱਚ ਮਾਰਚ ਕਰਕੇ ਲੋਕਾਂ ਨੂੰ ਇਨ੍ਹਾਂ ਤੋਂ ਸੁਚੇਤ ਰਹਿਣ ਲਈ ਬੇਨਤੀ ਕੀਤੀ ਜਾਵੇਗੀ ਤੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਜਾਵੇਗੀ ਕਿ ਮੱਲਾਂਵਾਲਾ ਦੇ ਗੁਰਪ੍ਰੀਤ ਸਿੰਘ ਨਾਂਅ ਦੇ ਨੌਜਵਾਨ ਦੇ ਪੈਸੇ ਵਾਪਸ ਕਰਾਏ ਜਾਣਗੇ।ਇਸ ਵਕਤ ਇਕੱਤਰ ਹੋਏ ਕਿਸਾਨਾਂ ਨੇ ਨਾਅਰਿਆਂ ਨਾਲ ਗੁਰੂ ਹਰਸਹਾਏ ਦੀ 25 ਸਤੰਬਰ ਵਾਲੀ ਕਿਸਾਨ ਪੰਚਾਇਤ ਵਿੱਚ ਵੱਡੀ ਸ਼ਮੂਲੀਅਤ ਕਰਨ ਦਾ ਭਰੋਸਾ ਦਿਵਾਇਆ।

## ਗਣਪਤੀ ਸੇਵਾ ਮੰਡਲ ਵੱਲੋਂ ਸ੍ਰੀ ਗਣੇਸ਼ ਦੀ ਮੂਰਤੀ ਦਾ ਵਿਸਰਜਨ

**ਸ਼ੋਭਾ ਯਾਤਰਾ ਦਾ ਸ਼ਹਿਰ ਵਾਸੀਆਂ ਵੱਲੋਂ ਜ਼ੋਰਦਾਰ ਸਵਾਗਤ**


ਸ੍ਰੀ ਗਣਪਤੀ ਸੇਵਾ ਮੰਡਲ ਵੱਲੋਂ ਸਜਾਈ ਸ਼ੋਭਾ ਯਾਤਰਾ ਦਾ ਸਵਾਗਤ ਕਰਦੇ ਸ਼ਹਿਰ ਵਾਸੀ।

**ਬਾਘਾ ਪੁਰਾਣਾ (ਮਨੀ ਸਿੰਗਲਾ)**-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ੍ਰੀ ਗਣਪਤੀ ਸੇਵਾ ਮੰਡਲ ਵੱਲੋਂ 17ਵਾਂ ਸ੍ਰੀ ਗਣੇਸ਼ ਮਹਾਂ ਉਤਸਵ ਸੁਭਾਸ਼ ਮੰਡੀ ਨਿਹਾਲ ਸਿੰਘ ਵਾਲਾ ਰੋਡ ਵਿਖੇ ਸ਼ਹਿਰ ਵਾਸੀਆਂ ਦੇ ਸਹਿਯੋਗ ਦੇ ਨਾਲ ਬੜੀ ਸ਼ਰਧਾ ਤੇ ਧੂਮ-ਧਾਮ ਨਾਲ ਪ੍ਰਧਾਨ ਸੁਖਜੀਵਨ ਸਿੰਘ ਭਗਤੂ, ਰਿੰਪੀ ਬਾਂਸਲ ਮਾਰਬਲ ਵਾਲੇ, ਸੈਕਟਰੀ ਮਦਨ ਗਰਗ, ਅਜੇ ਗੁਪਤਾ, ਗੌਤਮ ਬਾਂਸਲ, ਮਨੀਸ਼ ਗੁਪਤਾ ਦੀ ਅਗਵਾਈ ਵਿੱਚ ਮਨਾਇਆ ਗਿਆ।ਸ੍ਰੀ ਗਣਪਤੀ ਸੇਵਾ ਮੰਡਲ ਵੱਲੋਂ 7 ਦਿਨ ਭਜਨ ਬੰਦਗੀ ਤੇ ਭਗਵਾਨ ਸ੍ਰੀ ਗਣੇਸ਼ ਜੀ ਦਾ ਪੂਜਨ ਕਰ ਕੇ ਵਾੜਾ ਭਾਈ ਕਾ ਮੁੱਦਕੀ ਵਿਖੇ ਗਣਪਤੀ ਬੱਪਾ ਮੌਰਿਆ, ਮੰਗਲ ਮੂਰਤੀ ਮੌਰਿਆ, ਅਗਲੇ ਬਰਸ ਤੂੰ ਜਲਦੀ ਆਣਾ ਦੇ ਜੈਕਾਰਿਆਂ ਨਾਲ ਭਗਵਾਨ ਸ੍ਰੀ ਗਣੇਸ਼ ਜੀ ਦੀ ਮੂਰਤੀ ਦਾ ਵਿਸਰਜਨ ਕੀਤਾ ਗਿਆ।ਇਸ ਤੋਂ ਪਹਿਲਾਂ ਮੰਡਲ ਵੱਲੋਂ ਸ਼ਹਿਰ ਅੰਦਰ ਵਿਸ਼ਾਲ ਸ਼ੋਭਾ ਯਾਤਰਾ ਸਜਾਈ ਗਈ, ਜਿਸ ਦਾ ਸ਼ਹਿਰ ਵਾਸੀਆਂ ਨੇ ਫੁੱਲਾਂ ਦੀ ਵਰਖਾ ਤੇ ਤਰ੍ਹਾਂ-ਤਰ੍ਹਾਂ ਦੇ ਲੰਗਰ ਲਾ ਕੇ ਸਵਾਗਤ ਕੀਤਾ।ਇਸ ਮੌਕੇ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ, ਜਥੇਦਾਰ ਤੀਰਥ ਸਿੰਘ ਮਾਹਲਾ, ਸਾਬਕਾ ਵਿਧਾਇਕ ਦਰਸ਼ਨ ਸਿੰਘ ਬਰਾੜ, ਜਗਸੀਰ ਸਿੰਘ ਕਾਲੇਕੇ, ਬਿੱਟੂ ਮਿੱਤਲ, ਯਾਦਵਿੰਦਰ ਬਾਂਸਲ, ਪਵਨ ਗੋਇਲ, ਪਵਨ ਗੁਪਤਾ, ਬਲਵਿੰਦਰ ਗਰਗ, ਅਸ਼ਵਨੀ ਸ਼ਰਮਾ, ਸੰਦੀਪ ਠੰਡੂ, ਰੋਸ਼ਨ ਲਾਲ ਰੋਸ਼ੀ, ਵਿਜੇ ਸ਼ਰਮਾ, ਰਜਿੰਦਰ ਗੋਇਲ, ਵਿਮਲ ਗੋਇਲ, ਬੌਬੀ ਗਰਗ, ਯੋਗੇਸ਼ ਯੋਗੀ, ਰਾਜ ਕੁਮਾਰ ਗਰਗ, ਸੰਜੀਵ ਗਰਗ, ਮੰਡਲ ਪ੍ਰਧਾਨ ਦੀਪਕ ਤਲਵਾੜ, ਸੰਜੀਵ ਮਿੱਤਲ ਆੜ੍ਹਤੀ, ਰਕੇਸ਼ ਤੋਤਾ, ਅਜੇ ਪੁਰੀ, ਕੇਵਲ ਕਿਸ਼ਨ ਬਾਂਸਲ, ਅਮਿਤ ਗੋਇਲ ਤੇ ਹੋਰਨਾਂ ਨੇ ਸ੍ਰੀ ਗਣੇਸ਼ ਮਹਾਂ ਉਤਸਵ ਦੀਆਂ ਵਧਾਈਆਂ ਦਿੱਤੀਆਂ।ਸ੍ਰੀ ਗਣਪਤੀ ਸੇਵਾ ਮੰਡਲ ਦੇ ਰੋਕੀ ਗਰਗ, ਨਵਦੀਪ ਗੋਇਲ, ਅਮਿਤ ਗਰਗ, ਅਮਿਤ ਗੋਇਲ, ਮਿਲਣ ਗਰਗ ਨੇ ਸ਼ਹਿਰ ਵਾਸੀਆਂ ਤੇ ਸਹਿਯੋਗ ਕਰਨ ਵਾਲੀਆਂ ਸੰਸਥਾਵਾਂ ਦਾ ਧੰਨਵਾਦ ਕੀਤਾ।

## ਬੀਬੀ ਮਾਣੂੰਕੇ ਨੇ ਜਗਰਾਓਂ-ਹਠੂਰ ਸੜਕ ਦਾ ਨੀਂਹ ਪੱਥਰ ਰੱਖਿਆ




**ਜਗਰਾਉਂ (ਨਛੱਤਰ ਸੰਧੂ)**-ਹਲਕਾ ਜਗਰਾਉਂ ਦੇ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਵੱਲੋਂ ਜਗਰਾਉਂ ਤੋਂ ਹਠੂਰ ਵਾਇਆ ਕੰਠੇ ਰਾਹਲਾਂ, ਡੱਲਾ, ਮੱਲ੍ਹਾ, ਚਕਰ ਸੜਕ ਨੂੰ ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ ਤਹਿਤ ਬਣਾਉਣ ਲਈ ਅੱਜ ਨੀਂਹ ਪੱਥਰ ਆਪਣੇ ਕਰ ਕਮਲਾਂ ਨਾਲ ਰੱਖਿਆ।ਇਸ ਮੌਕੇ ਉਨ੍ਹਾ ਆਖਿਆ ਕਿ ਇਹ ਸੜਕ 18 ਫੁੱਟ ਚੌੜੀ ਤੇ 24.58 ਕਿਲੋਮੀਟਰ ਲੰਮੀ ਬਣੇਗੀ ਅਤੇ ਇਸ ਉੱਪਰ 2055.45 ਕਰੋੜ ਰੁਪਏ ਦਾ ਖਰਚਾ ਆਵੇਗਾ।ਬੀਬੀ ਸਰਵਜੀਤ ਕੌਰ ਮਾਣੂੰਕੇ ਨੇ ਸਪੱਸ਼ਟ ਕੀਤਾ ਕਿ ਉਨ੍ਹਾਂ ਵੱਲੋਂ ਪੰਜਾਬ ਵਿਧਾਨ ਸਭਾ ਦੇ 2 ਸਤੰਬਰ ਤੋਂ 5 ਸਤੰਬਰ ਤੱਕ ਚੱਲੇ ਸੈਸ਼ਨ ਦੌਰਾਨ ਤੇ ਪਿੰਡ ਡੱਲਾ ਵਿਖੇ ਨਹਿਰ ਉੱਪਰ ਨਵਾਂ ਚੌੜਾ ਪੁਲ ਬਣਾਉਣ ਦਾ ਮੁੱਦਾ ਚੁੱਕਿਆ ਸੀ ਅਤੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਇਸ ਮੁੱਦੇ ਉੱਪਰ ਬਿਆਨ ਦਿੰਦੇ ਹੋਏ ਸਪੱਸ਼ਟ ਕੀਤਾ ਸੀ ਕਿ ਪੰਜਾਬ ਸਰਕਾਰ ਵੱਲੋਂ ਅਬੋਹਰ ਬ੍ਰਾਂਚ ਨਹਿਰ ਉੱਪਰ ਪੈਂਦੇ ਪਿੰਡ ਡੱਲਾ ਵਿਖੇ ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ ਤਹਿਤ ਪੁਲ ਦੀ ਉਸਾਰੀ ਕਰਨ ਤੇ ਨਵੀਂ ਸੜਕ ਬਣਾਉਣ ਲਈ ਤਖਮੀਨਾਂ ਭਾਰਤ ਸਰਕਾਰ ਨੂੰ ਪ੍ਰਵਾਨਗੀ ਹਿੱਤ ਭੇਜਿਆ ਗਿਆ ਹੈ ਅਤੇ ਭਾਰਤ ਸਰਕਾਰ ਪਾਸੋਂ ਪ੍ਰਵਾਨਗੀ ਮਿਲਣ ਉਪਰੰਤ ਡੱਲਾ ਨਹਿਰ ਉਪਰ ਨਵੇਂ ਪੁਲ ਦੀ ਉਸਾਰੀ ਕਰਵਾ ਦਿੱਤੀ ਜਾਵੇਗੀ।ਬੀਬੀ ਮਾਣੂੰਕੇ ਨੇ ਆਖਿਆ ਕਿ ਉਹ ਹਲਕੇ ਦੇ ਲੋਕਾਂ ਨੂੰ ਬਿਹਤਰ ਸਹੂਲਤਾਂ ਦੇਣ ਲਈ ਲਗਾਤਾਰ ਯਤਨਸ਼ੀਲ ਹਨ, ਜਿਸ ਤਹਿਤ ਉਨ੍ਹਾਂ ਵੱਲੋਂ ਅਖਾੜਾ ਨਹਿਰ ਉੱਪਰ ਨਵੇਂ ਪੁਲ ਦੇ ਨਿਰਮਾਣ ਦਾ ਕੰਮ ਸ਼ੁਰੂ ਕਰਵਾਇਆ ਗਿਆ ਹੈ, ਜੋ ਨਵੰਬਰ ਮਹੀਨੇ ਵਿੱਚ ਚਾਲੂ ਕਰ ਦਿੱਤਾ ਜਾਵੇਗਾ, ਪਿੰਡ ਮਲਕ ਤੋਂ ਬੋਦਲਵਾਲਾ ਦਰਮਿਆਨ 1.82 ਕਰੋੜ ਰੁਪਏ ਦੀ ਲਾਗਤ ਨਾਲ ਡਰੇਨ ਉਪਰ ਨਵਾਂ ਪੁਲ ਬਣਾ ਕੇ ਚਾਲੂ ਕਰ ਦਿੱਤਾ ਗਿਆ ਹੈ ਅਤੇ ਆਉਂਦੇ ਸਮੇਂ ਵਿੱਚ ਪਿੰਡ ਗਗੜਾ ਤੋਂ ਬਾਰਦੇਕੇ ਸੜਕ ਵਿੱਚਕਾਰ ਅਬੋਹਰ ਬ੍ਰਾਂਚ ਉੱਪਰ ਨਹਿਰ ਦਾ ਨਵਾਂ ਪੁਲ ਬਣਾਇਆ ਜਾਵੇਗਾ।ਉਨ੍ਹਾ ਦੱਸਿਆ ਕਿ ਜਗਰਾਉਂ ਸ਼ਹਿਰ ਦੇ ਕਮਲ ਚੌਂਕ ਤੇ ਪੁਰਾਣੀ ਦਾਨਾ ਮੰਡੀ ਵਿੱਚ ਖੜਦੇ ਬਰਸਾਤੀ ਪਾਣੀ ਦਾ ਪ੍ਰੋਜੈਕਟ ਵੀ ਲਗਭਗ ਪੌਣੇ 11 ਕਰੋੜ ਰੁਪਏ ਦਾ ਮਨਜ਼ੂਰ ਹੋ ਚੁੱਕਾ ਹੈ, ਜੋ ਕੇਂਦਰ ਸਰਕਾਰ ਵੱਲੋਂ ਰੋਕੇ ਗਏ ਡਿਵੈਲਪਮੈਂਟ ਫੰਡ ਦੇ ਪੈਸੇ ਮਿਲਣ ਉਪਰੰਤ ਸ਼ੁਰੂ ਕਰਵਾ ਦਿੱਤਾ ਜਾਵੇਗਾ।

# ਮੰਗਾਂ ਨੂੰ ਲੈ ਕੇ ਬਿਜਲੀ ਮੰਤਰੀ ਈ ਟੀ ਓ ਦੇ ਘਰ ਅੱਗੇ ਧਰਨਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਖੱਬੀਆਂ ਧਿਰਾਂ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ), ਸੀਪੀਆਈ ਐੱਮਐੱਲ ਲਿਬਰੇਸ਼ਨ ਅਤੇ ਕਿਰਤੀ ਕਿਸਾਨ ਯੂਨੀਅਨ ਪੰਜਾਬ ਵੱਲੋਂ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਘਰ ਸਾਹਮਣੇ ਸੈਂਕੜੇ ਕਾਰਕੁੰਨਾਂ ਵੱਲੋਂ ਵਿਸ਼ਾਲ ਰੋਸ ਧਰਨਾ ਦਿੱਤਾ ਗਿਆ ਜਿਸਦੀ ਪ੍ਰਧਾਨਗੀ ਸਰਵ ਸਾਥੀ ਗੁਰਨਾਮ ਸਿੰਘ ਦਾਊਦ, ਡਾਕਟਰ ਸਤਨਾਮ ਸਿੰਘ ਅਜਨਾਲਾ, ਬਲਬੀਰ ਸਿੰਘ ਮੂਧਲ, ਬਲਬੀਰ ਸਿੰਘ ਝਾਮਕਾ ਅਤੇ ਧੰਨਵੰਤ ਸਿੰਘ ਖਤਰਾਏ ਕਲਾਂ ਨੇ ਕੀਤੀ।ਇਕੱਠ ਨੂੰ ਸੰਬੋਧਨ ਕਰਦਿਆਂ ਸਾਥੀ ਰਤਨ ਸਿੰਘ ਰੰਧਾਵਾ, ਪ੍ਰਭਜੀਤ ਸਿੰਘ ਤਿੰਮੋਵਾਲ, ਨਿਰਮਲ ਸਿੰਘ ਛੱਜਲਵੱਡੀ ਨੇ ਕਿਹਾ ਕਿ ਪੰਜਾਬ ਦੇ ਪਿਛਲੇ ਲੰਬੇ ਸਮੇਂ ਤੋਂ ਲਟਕਦੇ ਆ ਰਹੇ ਮਸਲੇ ਚੰਡੀਗੜ੍ਹ ਪੰਜਾਬ ਨੂੰ ਦੇਣ, ਪੰਜਾਬੀ ਬੋਲਦੇ ਇਲਾਕੇ ਪੰਜਾਬ ਵਿੱਚ ਸ਼ਾਮਲ ਕਰਨ, ਦਰਿਆਵਾਂ ਅਤੇ ਡੈਮਾਂ ਦਾ ਕੰਟਰੋਲ ਪੰਜਾਬ ਹਵਾਲੇ ਕਰਨ, ਦਰਿਆਈ ਪਾਣੀਆਂ ਦੀ ਰਿਪੇਰੀਅਨ ਸਿਧਾਂਤ ਅਨੁਸਾਰ ਵੰਡ ਕਰਨ, ਬਿਜਲੀ ਬਿੱਲ 2020 ਰੱਦ ਕਰਵਾਉਣ, ਸਿਆਸੀ ਕਾਰਕੁੰਨ ਜੋ ਸਜ਼ਾਵਾਂ




ਪੂਰੀਆਂ ਕਰ ਚੁੱਕੇ ਹਨ, ਨੂੰ ਤੁਰੰਤ ਰਿਹਾਅ ਕਰਵਾਉਣ ਲਈ ਅਤੇ ਚੋਣਾਂ ਵਿੱਚ ਕੀਤੇ ਵਾਅਦੇ ਪੂਰੇ ਕਰਵਾਉਣ ਲਈ ਪੰਜਾਬ ਸਰਕਾਰ ਖਿਲਾਫ ਸੰਘਰਸ਼ ਕੀਤਾ ਜਾ ਰਿਹਾ ਹੈ।

ਇਸ ਮੌਕੇ ਆਰਐੱਮਪੀਆਈ ਦੇ ਜਨਰਲ ਸਕੱਤਰ ਸਾਥੀ ਮੰਗਤ ਰਾਮ ਪਾਸਲਾ ਨੇ ਆਰਐੱਸਐੱਸ 'ਤੇ ਤਾਬੜਤੋੜ ਹਮਲੇ ਕਰਦਿਆਂ ਕਿਹਾ ਕਿ ਇਹ ਜਥੇਬੰਦੀ ਧਰਮ ਅਧਾਰਿਤ ਕੱਟੜ ਹਿੰਦੂਤਵੀ ਰਾਜ ਸਥਾਪਿਤ ਕਰਨਾ ਚਾਹੁੰਦੀ ਹੈ ਜਿਸ ਲਈ ਇਹ ਦੇਸ਼ ਵਿੱਚ ਵੰਡਵਾਦੀ ਸਾਜ਼ਿਸ਼ਾਂ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਸੰਘ ਪਰਿਵਾਰ ਆਪਣੇ ਕੋਝੇ ਮਨਸੂਬਿਆਂ ਨੂੰ ਸਿਰੇ ਚੜ੍ਹ ਾਉਣ ਲਈ ਭਾਰਤ ਦੇ ਸੰਵਿਧਾਨ ਅਤੇ ਜਮਹੂਰੀ ਧਰਮ ਨਿਰਪੱਖ ਅਤੇ ਫੈਡਰਲ ਢਾਂਚੇ ਨੂੰ ਤਬਾਹ ਕਰਨ ਲਈ ਤਰਲੋਮੱਛੀ ਹੈ ਜਿਸ ਨਾਲ ਦੇਸ਼ ਭਗਤਾਂ ਅਤੇ ਸ਼ਹੀਦਾਂ ਦੀਆਂ ਅਥਾਹ ਕੁਰਬਾਨੀਆਂ ਨਾਲ ਪ੍ਰਾਪਤ ਆਜ਼ਾਦੀ ਨੂੰ ਗੰਭੀਰ ਖਤਰਾ ਹੈ।

ਸਮੂਹ ਬੁਲਾਰਿਆਂ ਨੇ ਦੇਸ਼ ਦੀ ਲੋਕਾਈ ਨੂੰ ਦਰਪੇਸ਼ ਸਮੱਸਿਆਵਾਂ ਬੇਰੁਜ਼ਗਾਰੀ, ਮਹਿੰਗਾਈ, ਸਿੱਖਿਆ, ਸਿਹਤ ਸਹੂਲਤਾਂ, ਘਰ ਅਤੇ ਸਮਾਜਿਕ ਸੁਰੱਖਿਆ ਦੀ ਘਾਟ, ਨਸ਼ਿਆ ਦਾ ਪ੍ਰਕੋਪ ਆਦਿ ਮੁਸ਼ਕਿਲਾਂ ਵਿੱਚ ਅੰਤਾਂ ਦਾ ਵਾਧਾ ਹੋਇਆ ਹੈ ਜੋ ਮੋਦੀ ਸਰਕਾਰ ਵੱਲੋਂ ਅੰਬਾਨੀ, ਅਡਾਨੀ ਜਿਹੇ 361 ਪੂੰਜੀਪਤੀਆਂ ਦੇ ਖਜਾਨੇ ਨੱਕੋ ਨੱਕ ਭਰਨ ਵਾਲੀਆਂ ਲੋਕ ਵਿਰੋਧੀ ਨੀਤੀਆਂ ਕਾਰਨ ਵਾਪਰ ਰਿਹਾ ਹੈ।

ਉਨ੍ਹਾਂ ਕਿਹਾ ਕਿ ਆਓ ਸਾਰੇ ਪੀੜਤ ਮਜ਼ਦੂਰ ਕਿਸਾਨ ਤੇ ਹੋਰ ਮਿਹਨਤਕਸ਼ ਲੋਕ ਇਕੱਠੇ ਹੋ ਕੇ ਸੰਗਰਾਮ ਨੂੰ ਪ੍ਰਚੰਡ ਕਰੀਏ।ਇਕੱਠ ਨੂੰ ਉਪਰੋਕਤ ਆਗੂਆਂ ਤੋਂ ਇਲਾਵਾ ਜਗਤਾਰ ਸਿੰਘ ਕਰਮਪੁਰਾ, ਸੁਰਿੰਦਰ ਸ਼ਰਮਾ, ਮੰਗਲ ਸਿੰਘ ਧਰਮਕੋਟ ਆਦਿ ਆਗੂਆਂ ਨੇ ਸੰਬੋਧਨ ਕੀਤਾ।ਇਸ ਮੌਕੇ ਪੰਜਾਬ ਦੇ ਮੁੱਖ ਮੰਤਰੀ ਅਤੇ ਦੇਸ਼ ਦੇ ਪ੍ਰਧਾਨ ਮੰਤਰੀ ਦੇ ਨਾਮ ਮੰਗ ਪੱਤਰ ਦਿੱਤੇ ਗਏ।

# ਡੀ ਏ ਵੀ ਪਬਲਿਕ ਸਕੂਲ ਭਿੱਖੀਵਿੰਡ ਦੇ ਪ੍ਰਿੰ. ਦੀਆਂ ਵਧੀਕੀਆਂ ਖ਼ਿਲਾਫ਼ ਕਿਸਾਨ ਜਥੇਬੰਦੀ ਵੱਲੋਂ ਧਰਨਾ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਨ/ਰਣਬੀਰ ਸਿੰਘ ਗੋਲਣ)-ਕਿਸਾਨ ਸੰਘਰਸ਼ ਕਮੇਟੀ ਪੰਜਾਬ ਨੇ ਗੁਰੂ ਨਾਨਕ ਦੇਵ ਡੀਏਵੀ ਪਬਲਿਕ ਸਕੂਲ ਭਿੱਖੀਵਿੰਡ ਦੇ ਪ੍ਰਿੰਸੀਪਲ ਵੱਲੋਂ ਆਊਟਸੋਰਸ ਮੁਲਾਜ਼ਮਾਂ ਨਾਲ ਕੀਤੀਆਂ ਜਾ ਰਹੀਆਂ ਵਧੀਕੀਆਂ ਖ਼ਿਲਾਫ਼ ਸਕੂਲ ਅੱਗੇ ਧਰਨਾ ਲਗਾਇਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੇ ਜ਼ਿਲ੍ਹਾ ਤਰਨ ਤਾਰਨ ਤੋਂ ਪ੍ਰਧਾਨ ਤਰਸੇਮ ਸਿੰਘ ਕਲਸੀਆਂ ਨੇ ਦੱਸਿਆ ਕਿ ਸਕੂਲ ਪ੍ਰਿੰਸੀਪਲ ਪਰਮਜੀਤ ਕੁਮਾਰ ਵੱਲੋਂ ਵੱਖ-ਵੱਖ ਪੋਸਟਾਂ ਤੇ ਕੰਮ ਕਰਦੇ ਆਊਟਸੋਰਸ ਮੁਲਾਜ਼ਮਾਂ ਦਾ ਰੱਜਵਾਂ ਸ਼ੋਸ਼ਣ ਕੀਤਾ ਜਾ ਰਿਹਾ ਹੈ।ਕਲਸੀਆਂ ਨੇ ਦੱਸਿਆ ਕਿ ਕੁਝ ਕੁ ਦਿਨ ਪਹਿਲਾਂ ਪ੍ਰਿੰਸੀਪਲ ਵੱਲੋਂ ਸਕੂਲ ਦੇ ਕਰਮਚਾਰੀਆਂ ਦੀ ਤਨਖ਼ਾਹ ਵਿੱਚ ਵਾਧੇ ਦਾ ਐਲਾਨ ਕੀਤਾ ਗਿਆ।ਉਸ ਵਾਧੇ ਵਿੱਚ ਪ੍ਰਿੰਸੀਪਲ ਨੇ ਆਪਣੇ ਚਹੇਤਿਆਂ ਨੂੰ 1500 ਤੋਂ 2500 ਰੁਪਏ ਦਾ ਇਨਕਰੀਮੈਂਟ ਦਿੱਤਾ ਤੇ ਦੂਜੇ ਮੁਲਾਜ਼ਮਾਂ ਦੀ ਤਨਖ਼ਾਹ ਵਿੱਚ ਸਿਰਫ਼ 500 ਰੁਪਏ ਦਾ ਵਾਧਾ ਕੀਤਾ। ਕਲਸੀਆਂ ਨੇ ਦੱਸਿਆ ਕਿ ਸਕੂਲ ਵਿੱਚ ਪੱਕੀ ਨੌਕਰੀ ਦੀ ਆਸ ਵਿੱਚ ਪਿਛਲੇ ਦਸ ਤੋਂ ਪੰਦਰਾਂ ਸਾਲਾਂ ਤੋਂ ਵੱਖ-ਵੱਖ ਪੋਸਟਾਂ 'ਤੇ ਕੰਮ ਕਰ ਰਹੇ ਮੁਲਾਜ਼ਮਾਂ ਨੂੰ ਜ਼ਿਆਦਾ ਤਨਖ਼ਾਹ ਦਾ ਲਾਲਚ ਦੇ ਕੇ ਪਰਮਜੀਤ ਕੁਮਾਰ ਨੇ ਆਊਟਸੋਰਸਿੰਗ ਏਜੰਸੀ ਨੂੰ ਸੌਂਪ ਦਿੱਤਾ ਹੈ ਤੇ ਅਜਿਹਾ ਕਰਨ ਨਾਲ ਇਨ੍ਹਾਂ ਮੁਲਾਜ਼ਮਾਂ ਦੇ ਪੱਕੀ ਨੌਕਰੀ ਦੇ ਸੁਪਨੇ ਚਕਨਾਚੂਰ ਹੋ ਗਏ ਹਨ।ਕਲਸੀਆਂ ਨੇ ਦੱਸਿਆ ਕਿ ਜੇਕਰ ਇਹ ਮੁਲਾਜ਼ਮ ਸ਼ੋਸ਼ਣ ਖ਼ਿਲਾਫ਼ ਆਵਾਜ਼ ਚੁੱਕਦੇ ਹਨ ਤਾਂ ਪ੍ਰਿੰਸੀਪਲ ਵੱਲੋਂ ਉਨ੍ਹਾਂ ਨੂੰ ਸਕੂਲ ਵਿੱਚੋਂ ਬਾਹਰ ਕੱਢ ਦੇਣ ਦੀਆਂ ਧਮਕੀਆਂ ਦਿੱਤੀਆਂ ਜਾਂਦੀਆਂ ਹਨ। ਇਸ ਮੌਕੇ ਸਕੂਲ ਵਿੱਚ ਬਤੌਰ ਡਰਾਈਵਰ ਨੌਕਰੀ ਕਰ ਰਹੇ ਸਤਨਾਮ ਸਿੰਘ ਨੇ ਦੱਸਿਆ ਕਿ ਉਹ ਬੀਤੇ ਲਗਭਗ ਗਿਆਰਾਂ ਸਾਲਾਂ ਤੋਂ ਸਕੂਲ ਵਿੱਚ ਕੰਮ ਕਰ ਰਿਹਾ ਹੈ। ਸਤਨਾਮ ਸਿੰਘ ਨੇ ਦੱਸਿਆ

## * ਪ੍ਰਿੰਸੀਪਲ ਪ੍ਰਾਈਵੇਟ ਕਰਮਚਾਰੀਆਂ ਦਾ ਕਰ ਰਿਹੈ ਰੱਜਵਾਂ ਸ਼ੋਸ਼ਣ : ਕਿਸਾਨ ਆਗੂ



ਕਿ ਏਨਾਂ ਲੰਮਾ ਸਮਾਂ ਸੇਵਾਵਾਂ ਦੇਣ ਬਦਲੇ ਪੱਕੀ ਨੌਕਰੀ ਦੇਣ ਦੀ ਥਾਂ ਉਸ ਨੂੰ ਆਊਟਸੋਰਸਿੰਗ ਏਜੰਸੀ ਦੇ ਹਵਾਲੇ ਕਰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਸਕੂਲ ਦੇ ਆਊਟਸੋਰਸ ਮੁਲਾਜ਼ਮਾਂ ਨੂੰ ਪ੍ਰਿੰਸੀਪਲ ਬਹੁਤ ਤੰਗ-ਪ੍ਰੇਸ਼ਾਨ ਕਰਦਾ ਹੈ ਤੇ ਜੇਕਰ ਕੋਈ ਮੁਲਾਜ਼ਮ ਧੱਕੇਸ਼ਾਹੀ ਖ਼ਿਲਾਫ਼ ਆਵਾਜ਼ ਚੁੱਕਦਾ ਹੈ ਤਾਂ ਉਸ ਨੂੰ ਸਕੂਲ ਵਿੱਚੋਂ ਕੱਢ ਦੇਣ ਦੀਆਂ ਧਮਕੀਆਂ ਦਿੱਤੀਆਂ ਜਾਂਦੀਆਂ ਹਨ। ਇਸੇ ਤਰ੍ਹਾਂ ਸਕੂਲ ਦੀ ਇੱਕ ਹੋਰ ਮਹਿਲਾ ਮੁਲਾਜ਼ਮ ਨੇ ਦੱਸਿਆ ਕਿ ਕੁਝ ਕੁ ਸਾਲ ਪਹਿਲਾਂ ਪ੍ਰਿੰਸੀਪਲ ਪਰਮਜੀਤ ਕੁਮਾਰ ਨੇ ਜ਼ਿਆਦਾ ਤਨਖ਼ਾਹ ਦਾ ਲਾਲਚ ਦੇ ਕੇ ਸਾਰੇ ਪ੍ਰਾਈਵੇਟ ਮੁਲਾਜ਼ਮਾਂ ਨੂੰ ਆਊਟਸੋਰਸਿੰਗ ਏਜੰਸੀ ਅਧੀਨ ਭੇਜ ਦਿੱਤਾ।ਉਨ੍ਹਾਂ ਕਿਹਾ ਕਿ ਧਰਨੇ 'ਤੇ ਬੈਠੇ ਸਾਰੇ ਮੁਲਾਜ਼ਮ ਬੀਤੇ ਦਸ ਤੋਂ ਪੰਦਰਾਂ ਵਰ੍ਹਿਆਂ ਤੋਂ ਸਕੂਲ ਵਿੱਚ ਵੱਖ-ਵੱਖ ਪੋਸਟਾਂ ਤੇ ਪੱਕੀ ਨੌਕਰੀ ਦੀ ਆਸ ਵਿੱਚ ਕੰਮ ਕਰ ਰਹੇ ਹਨ, ਪ੍ਰੰਤੂ ਪ੍ਰਿੰਸੀਪਲ ਪਰਮਜੀਤ ਕੁਮਾਰ ਨੇ ਉਨ੍ਹਾਂ ਦੇ ਪੱਕੀ ਨੌਕਰੀ ਦੇ ਸੁਪਨੇ ਨੂੰ ਹਮੇਸ਼ਾ ਲਈ ਖਤਮ ਕਰ ਦਿੱਤਾ ਹੈ।ਮਹਿਲਾ ਮੁਲਾਜ਼ਮ ਨੇ ਦੱਸਿਆ ਕਿ ਕਰੋਨਾ ਕਾਲ ਦੌਰਾਨ ਵੀ ਪ੍ਰਿੰਸੀਪਲ ਨੇ ਸਕੂਲ ਦੇ ਸਾਰੇ ਪ੍ਰਾਈਵੇਟ ਮੁਲਾਜ਼ਮਾਂ ਨੂੰ ਨੌਕਰੀ ਤੋਂ ਫ਼ਾਰਗ ਕਰ ਦਿੱਤਾ ਸੀ।ਉਨ੍ਹਾਂ ਨੂੰ ਹਫ਼ਤੇ ਵਿੱਚ ਸਿਰਫ਼ ਇੱਕ ਦਿਨ ਕੰਮ ਲਈ ਬੁਲਾਇਆ ਜਾਂਦਾ ਸੀ ਤੇ ਇੱਕ ਦਿਨ ਕੰਮ ਦੇ ਬਦਲੇ ਉਨ੍ਹਾਂ ਨੂੰ ਦੋ ਸੌ ਰੁਪਏ ਦਿੱਤੇ ਜਾਂਦੇ ਸੀ। ਉਨ੍ਹਾਂ ਕਿਹਾ ਕਿ ਜੇਕਰ ਉਹ ਪ੍ਰਿੰਸੀਪਲ ਦੀਆਂ ਵਧੀਕੀਆਂ ਵਿਰੁੱਧ ਆਵਾਜ਼ ਚੁੱਕਦੇ ਹਨ ਤਾਂ ਉਨ੍ਹਾਂ ਨੂੰ ਨੌਕਰੀ ਤੋਂ ਕੱਢ ਦੇਣ ਦੀਆਂ ਧਮਕੀਆਂ ਦਿੱਤੀਆਂ ਜਾਂਦੀਆਂ ਹਨ।ਉਧਰ ਜਦੋਂ ਧਰਨੇ ਸੰਬੰਧੀ ਸਕੂਲ ਪ੍ਰਿੰਸੀਪਲ ਪਰਮਜੀਤ ਕੁਮਾਰ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਉਹ ਕਿਸਾਨ ਜਥੇਬੰਦੀ ਦੇ ਆਗੂਆਂ ਨੂੰ ਮੁਲਾਜ਼ਮਾਂ ਦੀਆਂ ਮੰਗਾਂ ਲਿਖਤੀ ਰੂਪ ਵਿੱਚ ਦੇਣ ਦੀ ਬੇਨਤੀ ਕਰ ਚੁੱਕੇ ਹਨ।ਪ੍ਰਿੰਸੀਪਲ ਦਾ ਕਹਿਣਾ ਸੀ ਕਿ ਮੁਲਾਜ਼ਮਾਂ ਦੀਆਂ ਮੰਗਾਂ ਡੀ ਏ ਵੀ ਮੈਨੇਜਿੰਗ ਕਮੇਟੀ ਨੂੰ ਭੇਜ ਦਿੱਤੀਆਂ ਜਾਣਗੀਆਂ। ਜਦੋਂ ਪ੍ਰਿੰਸੀਪਲ ਨੂੰ ਆਊਟਸੋਰਸ ਮੁਲਾਜ਼ਮਾਂ ਨੂੰ ਸਕੂਲ ਵਿੱਚੋਂ ਕੱਢ ਦੇਣ ਦੀਆਂ ਧਮਕੀਆਂ ਬਾਰੇ ਸਵਾਲ ਪੁੱਛਿਆ ਗਿਆ ਤਾਂ ਉਨ੍ਹਾਂ ਕਿਹਾ ਕਿ ਉਹ ਕਿਸੇ ਨੂੰ ਵੀ ਧਮਕੀ ਨਹੀਂ ਦਿੰਦੇ। ਇਸ ਮੌਕੇ ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਤਰਸੇਮ ਸਿੰਘ ਕਲਸੀਆਂ ਸਮੇਤ ਧਰਨੇ ਵਿੱਚ ਵੱਖ-ਵੱਖ ਜਥੇਬੰਦੀਆਂ ਨਾਲ ਸੰਬੰਧਤ ਹਾਜ਼ਰ ਆਗੂਆਂ ਨੇ ਡੀ ਏ ਵੀ ਮੈਨੇਜਿੰਗ ਕਮੇਟੀ ਦਿੱਲੀ ਪਾਸੋਂ ਆਊਟਸੋਰਸ ਮੁਲਾਜ਼ਮਾਂ ਨੂੰ ਪੱਕੀ ਨੌਕਰੀ ਦੇਣ ਦੀ ਅਪੀਲ ਕੀਤੀ।ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਤੋਂ ਬਿੱਕਰ ਬਾਈ, ਹਰਦਿਆਲ ਸਿੰਘ, ਬਲਰਾਜ ਸਿੰਘ, ਭਾਰਤੀ ਕਿਸਾਨ ਯੂਨੀਅਨ ਅੰਬਾਵਤਾ ਦੇ ਜ਼ਿਲ੍ਹਾ ਪ੍ਰਧਾਨ ਪੰਜਾਬ ਸਿੰਘ ਕੰਬੋਕੇ, ਬਲਜਿੰਦਰ ਸਿੰਘ, ਤਰਸੇਮ ਸਿੰਘ, ਗੁਰਵਿੰਦਰ ਸਿੰਘ ਕਲਸੀਆਂ, ਸੁਖਪਾਲ ਸਿੰਘ, ਲਖਵਿੰਦਰ ਸਿੰਘ, ਬਲਜਿੰਦਰ ਸਿੰਘ ਆਦਿ ਹਾਜ਼ਰ ਸਨ।

# ਸ਼ਹੀਦ ਮੇਜਰ ਭਗਤ ਸਿੰਘ ਵਰਗੇ ਜਾਂਬਾਜ਼ਾਂ ਦਾ ਬਲੀਦਾਨ ਸਦਾ ਯਾਦ ਰੱਖੇਗਾ ਹਿੰਦੋਸਤਾਨ: ਕਟਾਰੂਚੱਕ

**ਗੁਰਦਾਸਪੁਰ (ਜਨਕ ਮਹਾਜਨ)**-1965 ਦੀ ਭਾਰਤ-ਪਾਕਿ ਜੰਗ ਵਿਚ ਸ਼ਹੀਦੀ ਦਾ ਜਾਮ ਪੀਣ ਵਾਲੇ ਵੀਰ ਚੱਕਰ ਵਿਜੇਤਾ ਮੇਜਰ ਭਗਤ ਸਿੰਘ ਦਾ 59ਵਾਂ ਸ਼ਹੀਦੀ ਦਿਹਾੜਾ ਪਿੰਡ ਕਾਲਾ ਨੰਗਲ ਵਿਖੇ ਸ਼ਹੀਦ ਦੀ ਯਾਦ ਵਿਚ ਬਣੇ ਸਟੇਡੀਅਮ ਵਿਖੇ ਚੇਅਰਮੈਨ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਰਮਨ ਬਹਿਲ ਅਤੇ ਸ਼ਹੀਦ ਦੇ ਭਤੀਜੇ ਪ੍ਰੋ. ਹਰਬੰਸ ਸਿੰਘ ਦੀ ਸਾਂਝੀ ਪ੍ਰਧਾਨਗੀ ਹੇਠ ਕਰਵਾਇਆ ਗਿਆ ਜਿਸ ਵਿੱਚ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸ਼ਹੀਦ ਸੈਨਿਕ ਪਰਿਵਾਰ ਸੁਰੱਖਿਆ ਪ੍ਰੀਸ਼ਦ ਦੇ ਜਨਰਲ ਸਕੱਤਰ ਕੁੰਵਰ ਰਵਿੰਦਰ ਸਿੰਘ ਵਿੱਕੀ, ਸ਼ਹੀਦ ਦੇ ਭਤੀਜੇ ਰਵਿੰਦਰ ਸਿੰਘ ਅਤੇ ਹਰਜੀਤ ਸਿੰਘ, ਪੋਤਰੇ ਪ੍ਰੋ. ਸਰਵਜੀਤ ਸਿੰਘ, ਸੀਐਮਓ ਭਾਰਤ ਭੂਸ਼ਣ, ਗ੍ਰਾਮ ਸੁਧਾਰ ਸਭਾ ਬਹਿਰਾਮਪੁਰ ਦੇ ਪ੍ਰਧਾਨ ਠਾਕੁਰ ਵਿਜੇ ਸਿੰਘ ਸਲਾਰੀਆ, ਸ਼ਹੀਦ ਲੈਫਟੀਨੈਂਟ ਨਵਦੀਪ ਸਿੰਘ ਅਸ਼ੋਕ ਚੱਕਰ ਦੇ ਪਿਤਾ ਕੈਪਟਨ ਜੋਗਿੰਦਰ ਸਿੰਘ, ਸਮਾਜ ਸੇਵੀ ਇੰਦਰਜੀਤ ਸਿੰਘ ਬਾਜਵਾ ਆਦਿ ਨੇ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ ਅਤੇ ਸ਼ਹੀਦ ਮੇਜਰ ਭਗਤ ਸਿੰਘ ਨੂੰ ਸ਼ਰਧਾਂਜਲੀ ਭੇਟ ਕੀਤੀ। ਮੁੱਖ ਮਹਿਮਾਨ ਅਤੇ ਹੋਰ ਮਹਿਮਾਨਾਂ ਨੇ ਸ਼ਹੀਦ




ਦੀ ਤਸਵੀਰ ਅੱਗੇ ਸ਼ਰਧਾ ਦੇ ਫੁੱਲ ਭੇਟ ਕਰਕੇ ਸਮਾਗਮ ਦੀ ਸ਼ੁਰੂਆਤ ਕੀਤੀ। ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਉਹ ਇਸ ਅਮਰ ਨਾਇਕ ਦੇ ਮਾਤਾ-ਪਿਤਾ ਨੂੰ ਸਲਾਮ ਕਰਦੇ ਹਨ ਜਿਨ੍ਹਾਂ ਨੇ ਅਜਿਹੇ ਪੁੱਤਰ ਨੂੰ ਜਨਮ ਦੇ ਕੇ ਦੇਸ਼ ਨੂੰ ਸਮਰਪਿਤ ਕਰ ਦਿੱਤਾ। ਭਾਰਤ ਇਸ ਅਮਰ ਨਾਇਕ ਨੂੰ ਹਮੇਸ਼ਾ ਯਾਦ ਰੱਖੇਗਾ ਜਿਸ ਨੇ 24 ਸਾਲ ਦੀ ਛੋਟੀ ਉਮਰ ਵਿੱਚ ਦੇਸ਼ ਲਈ ਆਪਣੀ ਜਾਨ ਕੁਰਬਾਨ ਕਰ ਦਿੱਤੀ। ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਸ਼ਹੀਦ ਦੇਸ਼ ਦਾ ਸਰਮਾਇਆ ਹੁੰਦੇ ਹਨ ਅਤੇ ਜਿਹੜੇ ਦੇਸ਼ ਆਪਣੇ ਸੂਰਬੀਰਾਂ ਦੀ ਕੁਰਬਾਨੀ ਨੂੰ ਭੁੱਲ ਜਾਂਦੇ ਹਨ, ਉਹ ਜਲਦੀ ਹੀ ਖਤਮ ਹੋ ਜਾਂਦੇ ਹਨ। ਕੁੰਵਰ ਵਿੱਕੀ ਨੇ ਕਿਹਾ ਕਿ ਉਹ ਸ਼ਹੀਦ ਮੇਜਰ ਭਗਤ ਦੇ ਭਤੀਜੇ ਅਤੇ ਪਿੰਡ ਵਾਸੀਆਂ ਦੇ ਸਮੂਹ ਨੂੰ ਦਿਲੋਂ ਸਲਾਮ ਕਰਦੇ ਹਨ ਜਿਨ੍ਹਾਂ ਨੇ 59 ਸਾਲ ਬਾਅਦ ਵੀ ਮੇਜਰ ਭਗਤ ਸਿੰਘ ਦੀ ਕੁਰਬਾਨੀ ਦੀ ਮਸ਼ਾਲ ਨੂੰ ਬੁਝਣ ਨਹੀਂ ਦਿੱਤਾ ਅਤੇ ਜੋ ਹਰ ਸਾਲ ਉਨ੍ਹਾਂ ਦੀ ਕੁਰਬਾਨੀ ਦੇ ਨਾਲ-ਨਾਲ ਮਨਾਇਆ ਜਾਂਦਾ ਹੈ। ਇਸ ਮੌਕੇ ਮੁੱਖ ਮਹਿਮਾਨ ਨੇ ਸ਼ਹੀਦ ਦੇ ਪਰਿਵਾਰਕ ਮੈਂਬਰਾਂ ਅਤੇ 12 ਹੋਰ ਸ਼ਹੀਦ ਪਰਿਵਾਰਾਂ ਨੂੰ ਸ਼ਾਲ ਅਤੇ ਯਾਦਗਾਰੀ ਚਿੰਨ ਭੇਟ ਕਰਕੇ ਸਨਮਾਨਿਤ ਕੀਤਾ।

# ਕਾਮਰੇਡ ਬਲਵੰਤ ਸਿੰਘ ਘੋਹ ਨੂੰ ਸਦਮਾ, ਛੋਟੇ ਭਰਾ ਦਾ ਦਿਹਾਂਤ

ਪਠਾਨਕੋਟ (ਦਵਿੰਦਰ ਸਿੰਘ)-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਅਤੇ ਜਮਹੂਰੀ ਕਿਸਾਨ ਸਭਾ ਦੇ ਆਗੂ ਕਾਮਰੇਡ ਬਲਵੰਤ ਸਿੰਘ ਘੋਹ ਦੇ ਛੋਟੇ ਭਰਾ ਲਾਭ ਸਿੰਘ ਦਾ 16 ਸਤੰਬਰ ਸਵੇਰੇ 3 ਵਜੇ ਦਿਹਾਂਤ ਹੋ ਗਿਆ।



ਆਰਐੱਮਪੀਆਈ ਅਤੇ ਮਜ਼ਦੂਰ ਕਿਸਾਨ ਜਥੇਬੰਦੀਆਂ ਦੇ ਆਗੂਆਂ ਕਾਮਰੇਡ ਨੱਥਾ ਸਿੰਘ ਢਡਵਾਲ, ਸ਼ਿਵ ਕੁਮਾਰ, ਹਰਿੰਦਰ ਸਿੰਘ ਰੰਧਾਵਾ, ਮਾਸਟਰ ਸੁਭਾਸ਼ ਸ਼ਰਮਾ, ਸਾਬਕਾ ਸਰਪੰਚ ਸ਼ਤੀਸ਼ ਕੁਮਾਰ, ਬਲਦੇਵ ਰਾਜ ਭੋਆ, ਰਘਬੀਰ ਸਿੰਘ ਧਲੌਰੀਆਂ, ਨਰਿੰਜਣ ਸਿੰਘ, ਸੁਖਦੇਵ ਸਿੰਘ, ਮਾਸਟਰ ਪ੍ਰੇਮ ਸਿੰਘ, ਅਜੀਤ ਰਾਮ ਗੰਦਲਾਂ ਲਾਹੜੀ, ਮੋਹਣ ਸਿੰਘ, ਯਸ਼ਪਾਲ, ਗੁਲਜਾਰ ਮਸੀਹ, ਸੋਹਨ ਲਾਲ ਅਤੇ ਹੋਰ ਪਤਵੰਤਿਆਂ ਨੇ ਲਾਭ ਸਿੰਘ ਨਾਲ ਬਿਤਾਏ ਪਲਾਂ ਨੂੰ ਯਾਦ ਕਰਦਿਆਂ ਉਨ੍ਹਾਂ ਦੇ ਦਿਹਾਂਤ 'ਤੇ ਪਰਿਵਾਰ ਨਾਲ ਹਮਦਰਦੀ ਪ੍ਰਗਟਾਈ।27 ਸਤੰਬਰ ਨੂੰ ਉਨ੍ਹਾਂ ਦੇ ਗ੍ਰਹਿ ਪਿੰਡ ਘੋਹ ਵਿਖੇ ਰਸਮ ਕਿਰਿਆ ਨਿਭਾਈ ਜਾਵੇਗੀ।

# ਐੱਸ ਐੱਸ ਐੱਮ ਕਾਲਜ 'ਚ ਹਿੰਦੀ ਦਿਵਸ ਦਾ ਆਯੋਜਨ ; ਵੱਖ-ਵੱਖ ਵਿਦਵਾਨਾਂ ਨੇ ਕੀਤੀ ਸ਼ਿਰਕਤ

ਦੀਨਾਨਗਰ (ਸੰਜੀਵ)-ਐੱਸ. ਐੱਸ. ਐੱਮ ਕਾਲਜ ਦੀਨਾਨਗਰ ਵਿਖੇ ਪ੍ਰਿੰ. ਡਾ. ਡਾ: ਆਰ. ਕੇ. ਤੁਲੀ ਦੀ ਪ੍ਰਧਾਨਗੀ ਹੇਠ ਪੋਸਟ ਗ੍ਰੈਜੂਏਟ ਹਿੰਦੀ ਵਿਭਾਗ ਵੱਲੋਂ ਹਿੰਦੀ ਦਿਵਸ ਮੌਕੇ ਇਕ ਵਿਸ਼ਾਲ ਭਾਸ਼ਣ ਕਰਵਾਇਆ ਗਿਆ ਜਿਸ ਵਿਚ ਮੁੱਖ ਮਹਿਮਾਨ ਵਜੋਂ ਪਦਮਸ਼੍ਰੀ ਪ੍ਰੋ. (ਡਾ.) ਹਰਮਹਿੰਦਰ ਸਿੰਘ ਬੇਦੀ (ਚਾਂਸਲਰ-ਹਿਮਾਚਲ ਪ੍ਰਦੇਸ਼ ਕੇਂਦਰੀ ਯੂਨੀਵਰਸਿਟੀ, ਧਰਮਸ਼ਾਲਾ) ਹਾਜ਼ਰ ਸਨ।ਉਨ੍ਹਾਂ ਦੇ ਨਾਲ ਡਾ: ਨਰੇਸ਼ ਕੁਮਾਰ (ਐਸੋਸੀਏਟ ਪ੍ਰੋਫੈਸਰ-ਪੰਜਾਬੀ ਅਤੇ ਡੋਗਰੀ ਵਿਭਾਗ-ਹਿਮਾਚਲ ਪ੍ਰਦੇਸ਼ ਕੇਂਦਰੀ ਯੂਨੀਵਰਸਿਟੀ, ਧਰਮਸ਼ਾਲਾ) ਵੀ ਰਿਸੋਰਸਪਰਸਨ ਵਜੋਂ ਵਿਸ਼ੇਸ਼ ਤੌਰ ਤੇ ਪਹੁੰਚੇ।ਸਭ ਤੋਂ ਪਹਿਲਾਂ ਪ੍ਰਿੰ. ਡਾ: ਆਰ. ਕੇ. ਤੁਲੀ ਨੇ ਮੁੱਖ ਮਹਿਮਾਨ ਨੂੰ ਹਿੰਦੀ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਹਿੰਦੀ ਭਾਸ਼ਾ ਸਾਡੀ ਪਛਾਣ ਅਤੇ ਸਵੈਮਾਨ ਦੀ ਪ੍ਰਤੀਕ ਹੈ ਜੋ ਸਮੁੱਚੇ ਭਾਰਤ ਨੂੰ ਏਕਤਾ ਦੇ ਧਾਗੇ ਵਿੱਚ ਬੰਨ ਦੀ ਹੈ।ਮੁੱਖ ਮਹਿਮਾਨ ਪਦਮ ਸ਼੍ਰੀ ਪ੍ਰੋ. (ਡਾ.) ਹਰਮਹਿੰਦਰ ਸਿੰਘ ਬੇਦੀ ਨੇ ਆਪਣੇ ਬਿਆਨ ਵਿੱਚ ਕਿਹਾ ਕਿ ਹਿੰਦੀ ਭਾਰਤ ਦੀ ਸੱਭਿਆਚਾਰਕ ਵਿਰਾਸਤ ਹੀ ਨਹੀਂ ਸਗੋਂ ਲੋਕਾਂ ਦੀ ਭਾਸ਼ਾ ਵੀ ਹੈ।ਵਪਾਰ, ਮੀਡੀਆ, ਬੈਂਕਿੰਗ, ਸਰਕਾਰੀ ਯੋਜਨਾਵਾਂ, ਮਨੋਰੰਜਨ ਅਤੇ ਖੋਜ ਦੇ ਖੇਤਰਾਂ ਵਿੱਚ ਵੀ ਹਿੰਦੀ ਦਾ ਯੋਗਦਾਨ ਸ਼ਲਾਘਾਯੋਗ ਹੈ।ਪ੍ਰਾਚੀਨ ਕਾਲ ਤੋਂ ਲੈ ਕੇ ਭਗਤੀ ਕਾਲ ਤੱਕ ਆਪਣੀ ਵਿਲੱਖਣ ਦਿੱਖ ਬਣਾਉਣ ਵਾਲੀ ਹਿੰਦੀ ਭਾਸ਼ਾ ਅੱਜ ਰਾਸ਼ਟਰੀ ਹੀ ਨਹੀਂ ਸਗੋਂ ਅੰਤਰਰਾਸ਼ਟਰੀ ਵੀ ਹੈ।ਗਲੋਬਲ ਪੱਧਰ ਬਹੁਤ ਵਿਸ਼ਾਲ ਅਤੇ ਖ਼ੁਸ਼ਹਾਲ ਹੈ। ਇਸ ਲਈ ਹਿੰਦੀ ਭਾਸ਼ਾ ਦੀ ਸ਼ਖ਼ਸੀਅਤ ਡਾ: ਨਰੇਸ਼ ਕੁਮਾਰ ਨੇ ਕਿਹਾ ਕਿ ਭਾਸ਼ਾ ਅਤੇ ਸੱਭਿਆਚਾਰ ਦਾ ਆਪਸ ਵਿੱਚ ਡੂੰਘਾ ਸਬੰਧ ਹੈ।ਹਿੰਦੀ ਭਾਸ਼ਾ ਭਾਰਤੀ ਸੰਸਕ੍ਰਿਤੀ ਦੀ ਜਿੰਦ-ਜਾਨ ਹੈ ਜੋ ਹੋਰ ਖੇਤਰੀ ਭਾਸ਼ਾਵਾਂ ਨਾਲ ਸਬੰਧ ਸਥਾਪਿਤ ਕਰਕੇ ਨਵੇਂ ਰਿਕਾਰਡ ਕਾਇਮ ਕਰ ਰਹੀ ਹੈ।ਹਿੰਦੀ ਵਿਭਾਗ ਦੇ ਪ੍ਰੋ. ਸੁਬੀਰ ਰਗਬੋਤਰਾ ਨੇ



ਪਦਮਸ਼੍ਰੀ ਪ੍ਰੋ. (ਡਾ.) ਹਰਮਹਿੰਦਰ ਸਿੰਘ ਬੇਦੀ ਦੇ ਸਾਹਿਤਕ ਯੋਗਦਾਨ ਬਾਰੇ ਵਿਸਥਾਰ ਨਾਲ ਚਰਚਾ ਕਰਦਿਆਂ ਹਿੰਦੀ ਭਾਸ਼ਾ ਨੂੰ ਅਪਣਾਉਣ ਤੇ ਜ਼ੋਰ ਦਿੱਤਾ।ਪ੍ਰਵੇਸ਼ਿਤਾ ਅਤੇ ਵੰਦਨਾ ਨੇ ਹਿੰਦੀ ਦੀ ਮਹੱਤਤਾ ਨੂੰ ਦਰਸਾਉਂਦੀਆਂ ਕਵਿਤਾਵਾਂ ਪੇਸ਼ ਕਰਕੇ ਸਾਰਿਆਂ ਦਾ ਮਨ ਮੋਹ ਲਿਆ।ਮੀਟਿੰਗ ਦਾ ਸੰਚਾਲਨ ਕਰਦਿਆਂ ਪ੍ਰੋ. ਕੰਵਲਜੀਤ ਕੌਰ ਨੇ ਹਿੰਦੀ ਦੇ ਅਤੀਤ, ਵਰਤਮਾਨ ਅਤੇ ਭਵਿੱਖ ਬਾਰੇ ਚਰਚਾ ਕਰਦਿਆਂ ਚੌਣ ਪੀੜ੍ਹੀਆਂ ਨੂੰ ਹਿੰਦੀ ਭਾਸ਼ਾ ਦੇ ਸਤਿਕਾਰ ਲਈ ਇਕਜੁੱਟ ਹੋਣ ਲਈ ਪ੍ਰੇਰਿਆ।ਅੰਤ ਵਿੱਚ ਮੁੱਖ ਮਹਿਮਾਨ ਨੂੰ ਯੋਗਾ ਅਤੇ ਯਾਦਗਾਰੀ ਚਿੰਨ ਦੇ ਕੇ ਅਤੇ ਰਿਸੋਰਸਪਰਸਨ ਨੂੰ ਯਾਦਗਾਰੀ ਚਿੰਨ ਦੇ ਕੇ ਡਾ: ਆਰ. ਕੇ . ਤੁਲੀ ਨੇ ਸਨਮਾਨਿਤ ਕੀਤਾ।ਹਿੰਦੀ ਦਿਵਸ ਸਮਾਰੋਹ ਦੀ ਸਮਾਪਤੀ ਰਾਸ਼ਟਰੀ ਗੀਤ ਨਾਲ ਹੋਈ।ਇਸ ਮੌਕੇ ਡਾ: ਹਰਿੰਦਰ ਕੌਰ, ਹਿੰਦੀ ਵਿਭਾਗ ਦੇ ਮੁਖੀ, ਪ੍ਰੋ: ਕਮਲਜੀਤ ਕਕੌਰ, ਪ੍ਰੋ. ਸੁਬੀਰ ਰਗਬੋਤਰਾ, ਪ੍ਰੋ. ਅਮਨਜੀਤ ਕੌਰ, ਪ੍ਰੋ. ਨਵਿਤਾ, ਪ੍ਰੋ. ਪ੍ਰਬੋਧ ਗਰੋਵਰ, ਪ੍ਰੋ. ਆਰਤੀ, ਪ੍ਰੋ. ਸੁਸ਼ਮਾ, ਡਾ: ਹਿਤਾਂਸ਼ੂ, ਪ੍ਰੋ. ਹਰਸ਼ ਕੁਮਾਰ, ਪ੍ਰੋ. ਸਾਨੀਆ, ਪ੍ਰੋ. ਸ਼ਿੰਦਰ ਕੌਰ, ਪ੍ਰੋ. ਕੀਰਤੀ, ਪ੍ਰੋ. ਸ਼ਿਵਾਨੀ, ਪ੍ਰੋ: ਰਮਨਜੀਤ ਕੌਰ ਹਾਜ਼ਰ ਸਨ

# ਰਾਹਗੀਰਾਂ ਪਾਸੋਂ ਮੋਬਾਈਲ ਫੋਨ ਖੋਹਣ ਵਾਲੇ ਪੁਲਸ ਅੜਿੱਕੇ

ਅੰਮ੍ਰਿਤਸਰ (ਜਗਦੀਸ਼ ਕਮਲੇਸ਼)-ਸ੍ਰੀ ਰਣਜੀਤ ਸਿੰਘ ਢਿੱਲੋਂ ਆਈਪੀਐਸ ਕਮਿਸ਼ਨਰ ਪੁਲਸ, ਅੰਮ੍ਰਿਤਸਰ ਦੀਆਂ ਹਦਾਇਤਾਂ ਤੇ ਹਰਪ੍ਰੀਤ ਸਿੰਘ ਮੰਡੇਰ, ਡੀਸੀਪੀ ਇਨਵੈਸਟੀਗੇਸ਼ਨ ਅਤੇ ਅਭਿਮੰਨਿਊ ਰਾਣਾ, ਏਡੀਸੀਪੀ ਸਿਟੀ-2, ਅੰਮ੍ਰਿਤਸਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਮਨਿੰਦਰ ਪਾਲ ਸਿੰਘ, ਏਸੀਪੀ ਨੌਰਥ, ਅੰਮ੍ਰਿਤਸਰ ਦੀ ਨਿਗਰਾਨੀ ਵਿੱਚ ਇੰਸਪੈਕਟਰ ਅਮੋਲਕਦੀਪ ਸਿੰਘ, ਮੁੱਖ ਅਫਸਰ, ਥਾਣਾ ਸਿਵਲ ਲਾਈਨ ਅੰਮ੍ਰਿਤਸਰ ਦੀ ਪੁਲਸ ਪਾਰਟੀ ਵੱਲੋਂ ਝਪਟਮਾਰਾਂ ਨੂੰ ਕਾਬੂ ਕਰਕੇ ਖੋਹਸ਼ੁਦਾ ਮੋਬਾਈਲ ਫੋਨ ਤੇ ਵਾਰਦਾਤ ਸਮੇਂ ਵਰਤਿਆ ਮੋਟਰਸਾਈਕਲ ਬ੍ਰਾਮਦ ਕਰਨ ਵਿੱਚ ਸਫਲਤਾ ਹਾਸਿਲ ਕੀਤੀ ਹੈ।ਇਹ ਮੁਕੱਦਮਾ ਮੁਦੱਈ ਵੱਲੋਂ ਦਰਜ ਰਜਿਸਟਰ ਹੋਇਆ ਕਿ ਉਹ, ਮਿਤੀ 10-09-2024 ਨੂੰ ਵਕਤ ਕਰੀਬ 7:30 ਵਜੇ ਪੈਦਲ ਨਾਵਲਟੀ ਚੌਕ ਤੋਂ ਕ੍ਰਿਸਟਲ ਚੌਕ ਵੱਲ ਨੂੰ ਜਾ ਰਿਹਾ ਸੀ ਤੇ ਆਪਣਾ ਮੋਬਾਇਲ ਫੋਨ 'ਤੇ ਗੱਲਬਾਤ ਕਰ ਰਿਹਾ ਸੀ ਤਾਂ ਅਚਾਨਕ ਨਾਵਲਟੀ ਚੌਕ ਸਾਈਡ ਤੋਂ ਦੋ ਨੌਜਵਾਨ ਮੋਟਰਸਾਈਕਲ ਪਰ ਸਵਾਰ ਹੋ ਕੇ ਆਏ ਤੇ ਉਸਦਾ ਮੋਬਾਇਲ ਫੋਨ ਖੋਹ ਕੇ ਨਿਕਲ ਗਏ ਜਿਸ 'ਤੇ ਥਾਣਾ ਸਿਵਲ ਲਾਈਨ ਵਿਖੇ ਮੁਕੱਦਮਾਂ ਦਰਜ ਰਜਿਸਟਰ ਕੀਤਾ ਗਿਆ।ਪੁਲਸ ਪਾਰਟੀ ਵੱਲੋਂ ਮੁਕੱਦਮੇ ਦੀ ਤਫ਼ਤੀਸ਼ ਹਰ ਪਹਿਲੂ ਤੋਂ ਕਰਨ ਤੇ ਮੁਕੱਦਮਾਂ ਵਿੱਚ ਮੋਬਾਇਲ ਫੋਨ ਖੋਹ ਕਰਨ ਵਾਲੇ ਦੋਸ਼ੀ ਜੈ ਪਾਲ ਸਿੰਘ ਪੁੱਤਰ ਸ਼ਰਨਜੀਤ ਸਿੰਘ ਵਾਸੀ ਪਿੰਡ ਪੰਡੋਰੀ ਵੜੈਚ, ਮਜੀਠਾ ਰੋਡ,



ਅੰਮ੍ਰਿਤਸਰ ਅਤੇ ਗੁਰਜੰਟ ਸਿੰਘ ਪੁੱਤਰ ਹਰਜੀਤ ਸਿੰਘ ਵਾਸੀ ਕੁਆਟਰ ਨੰਬਰ 24, ਮੈਡੀਕਲ ਕਾਲਜ਼, ਬੈਕਸਾਈਡ ਗੁਰੂ ਨਾਨਕ ਦੇਵ ਹਸਪਤਾਲ, ਮਜੀਠਾ ਰੋਡ, ਅੰਮ੍ਰਿਤਸਰ ਨੂੰ ਗ੍ਰਿਫ਼ਤਾਰ ਕਰਕੇ ਖੋਹਸ਼ੁਦਾ ਮੋਬਾਇਲ ਫੋਨ ਅਤੇ ਵਾਰਦਾਤ ਸਮੇ ਵਰਤਿਆ ਮੋਟਰਸਾਈਕਲ ਹੀਰੋ ਡਿਲੈਕਸ ਬ੍ਰਾਮਦ ਕੀਤਾ ਗਿਆ।ਗ੍ਰਿਫਤਾਰ ਦੋਵਾਂ ਦੋਸ਼ੀਆਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ 01 ਦਿਨ ਦਾ ਪੁਲਸ ਰਿਮਾਂਡ ਹਾਸਲ ਕੀਤਾ ਗਿਆ। ਤੀਸਰੇ ਸਾਥੀ ਸੁਖਰਾਜ ਸਿੰਘ ਪੁੱਤਰ ਲਖਵਿੰਦਰ ਸਿੰਘ ਵਾਸੀ ਪਿੰਡ ਵੱਲਾ, ਅੰਮ੍ਰਿਤਸਰ ਨੂੰ ਵੀ ਕਾਬੂ ਕਰ ਲਿਆ ਗਿਆ।ਮੁਕੱਦਮੇ ਦੀ ਅਗਲੇਰੀ ਜਾਂਚ ਜਾਰੀ ਹੈ।

# ਨਿਯਮਾਂ ਨੂੰ ਛਿੱਕੇ ਟੰਗ ਕੇ ਬੇਸਮੈਂਟਾਂ 'ਚ ਧੜੱਲੇ ਨਾਲ ਚੱਲ ਰਿਹਾ ਕਾਰੋਬਾਰ, ਵਿਭਾਗ ਸੁੱਤਾ ਕੁੰਭਕਰਨੀ ਨੀਂਦ

ਗੁਰਦਾਸਪੁਰ (ਜਨਕ ਮਹਾਜਨ)-ਗੁਰਦਾਸਪੁਰ ਸ਼ਹਿਰ ਅੰਦਰ ਬਹੁ-ਮੰਜ਼ਿਲਾ ਇਮਾਰਤਾਂ ਥੱਲੇ ਬਣੀਆਂ ਬੇਸਮੈਂਟਾਂ ਵਿੱਚ ਕਾਨੂੰਨ ਮੁਤਾਬਿਕ ਸਾਰੇ ਪ੍ਰਬੰਧ ਕੀਤੇ ਬਿਨਾਂ ਬੇਸਮੈਂਟਾਂ ਨੂੰ ਕਿਰਾਏ 'ਤੇ ਚੜ੍ਹਾ ਦਿੱਤਾ ਜਾਂਦਾ ਹੈ ਅਤੇ ਇਨਾਂ ਬੇਸਮੈਂਟਾਂ ਵਿੱਚ ਕਿਰਾਏਦਾਰ ਆਪਣੀ ਮਰਜ਼ੀ ਮੁਤਾਬਕ ਫਿਟਿੰਗ ਕਰਵਾ ਕੇ ਕਾਰੋਬਾਰ ਕਰ ਰਹੇ ਹਨ ਜਿਨ੍ਹਾਂ ਨੂੰ ਪੁੱਛਣ ਵਾਲਾ ਕੋਈ ਨਹੀਂ। ਜਾਣਕਾਰੀ ਅਨੁਸਾਰ ਇਨ੍ਹਾਂ ਬੇਸਮੈਂਟਾਂ ਵਿੱਚ ਕਾਫੀ ਕਮੀਆਂ ਹੋਣ ਦੇ ਬਾਵਜੂਦ ਇਨ੍ਹਾਂ ਵਿੱਚ ਕਾਰੋਬਾਰ ਕੀਤਾ ਜਾ ਰਿਹਾ ਹੈ ਜੋ ਸਰਾਸਰ ਗਲਤ ਹੈ। ਕਈ ਵਾਰ ਜਦੋਂ ਬੇਸਮੈਂਟਾਂ ਵਿਚ ਕਮੀਆਂ ਕਾਰਨ ਜਾਨੀ ਤੇ ਮਾਲੀ ਨੁਕਸਾਨ ਹੁੰਦਾ ਹੈ ਤਾਂ ਫ਼ਿਰ ਪ੍ਰਸ਼ਾਸਨ ਹਰਕਤ ਵਿੱਚ ਆਉਂਦਾ ਹੈ। ਇਕ ਮਾਮਲਾ ਗੁਰਦਾਸਪੁਰ ਸ਼ਹਿਰ ਅੰਦਰ ਬਹੁ-ਮੰਜ਼ਿਲਾ ਇਮਾਰਤ ਵਿੱਚ ਬਣੀ ਬੇਸਮੈਂਟ ਸਬੰਧੀ ਵੇਖਣ ਨੂੰ ਮਿਲ ਰਿਹਾ ਹੈ। ਲੋਕਾਂ ਨੇ ਦੱਸਿਆ ਕਿ ਇਥੇ ਬੇਸਮੈਂਟ ਵਿਚ ਫਾਇਰ ਸੇਫਟੀ ਉਪਕਰਨ ਅਤੇ ਪਾਣੀ ਦੇ ਨਿਕਾਸ ਸਬੰਧੀ ਕੋਈ ਖ਼ਾਸ ਪ੍ਰਬੰਧ ਦੇਖਣ ਨੂੰ ਨਹੀਂ ਮਿਲ ਰਹੇ। ਇਨ੍ਹਾਂ ਬੇਸਮੈਂਟਾਂ ਵਿੱਚ ਕਾਰੋਬਾਰ ਕਰਨ ਸਬੰਧੀ ਨਾ ਨਗਰ ਕੌਂਸਲ ਗੁਰਦਾਸਪੁਰ ਧਿਆਨ ਦੇ ਰਿਹਾ ਹੈ ਅਤੇ ਨਾ ਹੀ ਇਨ੍ਹਾਂ ਦੀ ਚੈਕਿੰਗ ਆਦਿ ਕਰਨ ਲਈ ਸਬੰਧਿਤ ਵਿਭਾਗ ਹਰਕਤ ਵਿਚ ਆ ਰਿਹਾ ਹੈ। ਗੁਰਦਾਸਪੁਰ ਸ਼ਹਿਰ ਵਿੱਚ ਖਾਸ ਕਰਕੇ ਲਾਇਬਰੇਰੀ ਰੋਡ 'ਤੇ ਬਣੀਆਂ ਬੇਸਮੈਂਟਾਂ ਵਿੱਚ ਕਈ ਤਰ੍ਹਾਂ ਦਾ ਕਾਰੋਬਾਰ ਕੀਤਾ ਜਾ ਰਿਹਾ ਹੈ। ਨਗਰ ਕੌਂਸਲ ਗੁਰਦਾਸਪੁਰ ਨੂੰ ਇਨ੍ਹਾਂ ਬੇਸਮੈਂਟਾਂ ਦੀ ਚੈਕਿੰਗ ਕਰਨੀ ਚਾਹੀਦੀ ਹੈ ਅਤੇ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਬੇਸਮੈਂਟਾਂ ਵਿਚ ਲੋਕਾਂ ਦੀ ਸੁਰੱਖਿਆ ਨੂੰ ਲੈ ਕੇ ਸਾਰੇ ਪ੍ਰਬੰਧ ਮੁਕੰਮਲ ਹੋਣ।

ਲੋਕਾਂ ਦੀ ਨਗਰ ਕੌਂਸਲ ਗੁਰਦਾਸਪੁਰ ਦੇ ਅਧਿਕਾਰੀਆਂ ਤੇ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਮੰਗ ਹੈ ਕਿ ਇਨ੍ਹਾਂ ਬੇਸਮੈਂਟਾਂ ਵਿੱਚ ਚੱਲ ਰਹੀਆਂ ਦੁਕਾਨਾਂ ਵਿੱਚ ਲੋੜੀਂਦਾ ਸਾਮਾਨ ਜਿਵੇਂ ਫਾਇਰ ਸੇਫਟੀ ਯੰਤਰ, ਪਾਣੀ ਦੇ ਨਿਕਾਸ ਸਬੰਧੀ ਬੰਦੋਬਸਤ ਤੋਂ ਇਲਾਵਾ ਹੋਰ ਜਰੂਰੀ ਕਦਮ ਚੁੱਕੇ ਜਾਣ। ਇਸ ਸਬੰਧੀ ਜਦੋਂ ਪੱਖ ਜਾਨਣ ਲਈ ਨਗਰ ਕੌਂਸਲ ਗੁਰਦਾਸਪੁਰ ਦੇ ਅਧਿਕਾਰੀ ਨਾਲ ਗੱਲ ਕਰਨੀ ਚਾਹੀ ਤਾਂ ਉਨ੍ਹਾਂ ਨਾਲ ਸੰਪਰਕ ਨਹੀਂ ਹੋ ਸਕਿਆ।

# ਕਟਾਰੂਚੱਕ ਨੇ ਸਰਨਾ ਤੋਂ ਭੀਮਪੁਰ ਜਾਂਦੀ ਸੜਕ ਦੇ ਨਿਰਮਾਣ ਕਾਰਜ ਆਰੰਭ ਕਰਵਾਏ

ਪਠਾਨਕੋਟ, (ਦਵਿੰਦਰ ਸਿੰਘ)-ਵਿਧਾਨ ਸਭਾ ਹਲਕਾ ਭੋਆ ਦੇ ਸਰਨਾ ਤੋਂ ਵਾਇਆ ਫਰੀਦਾਨਗਰ ਭੀਮਪੁਰ ਜਾਣ ਵਾਲੇ ਮਾਰਗ ਦਾ ਨਿਰਮਾਣ ਕਾਰਜ ਸ਼ੁਰੂ ਕੀਤਾ ਗਿਆ। ਇਸ ਰੋਡ 'ਤੇ ਕਰੀਬ 15.15 ਕਰੋੜ ਰੁਪਏ ਦੀ ਲਾਗਤ ਨਾਲ ਰੋਡ ਦਾ ਨਿਰਮਾਣ ਕੀਤਾ ਜਾਵੇਗਾ ਜਿਸ ਦਾ ਸਿੱਧੇ ਤੌਰ ਤੇ ਕਰੀਬ 35-40 ਪਿੰਡਾਂ ਨੂੰ ਲਾਭ ਹੋਵੇਗਾ।ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਵੱਲੋਂ ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਫਰੀਦਾਨਗਰ ਨਜ਼ਦੀਕ ਸਰਨਾ ਤੋਂ ਭੀਮਪੁਰ ਜਾਣ ਵਾਲੇ ਮਾਰਗ ਦੇ ਨਿਰਮਾਣ ਕਾਰਜ ਦਾ ਸ਼ੁੱਭ ਆਰੰਭ ਕਰਨ ਮਗਰੋਂ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਨਰੇਸ਼ ਸੈਣੀ ਜ਼ਿਲ੍ਹਾ ਪ੍ਰਧਾਨ ਬੀ. ਸੀ. ਵਿੰਗ ਪਠਾਨਕੋਟ, ਪਵਨ ਕੁਮਾਰ ਫੌਜੀ ਬਲਾਕ ਪ੍ਰਧਾਨ, ਸੁਰਿੰਦਰ ਕੁਮਾਰ, ਬਲਦੇਵ ਸਿੰਘ, ਸਰਪੰਚ ਬਲਜੀਤ ਕੌਰ, ਜਗਤਾਰ ਸਿੰਘ, ਰਜਿੰਦਰ ਸਿੰਘ, ਸਤੀਸ਼ ਕੁਮਾਰ, ਕੁਲਜੀਤ ਸਿੰਘ, ਸੰਸਾਰ ਸਿੰਘ, ਜਸਵਿੰਦਰ ਸਿੰਘ ਜੱਗੀ, ਭੁਪਿੰਦਰ ਸਿੰਘ, ਅੰਕਿਤ ਚੌਧਰੀ ਅਤੇ ਹੋਰ ਪਾਰਟੀ ਕਾਰਜਕਰਤਾ ਵੀ ਹਾਜ਼ਰ ਸਨ।ਇਸ ਮੌਕੇ ਸੰਬੋਧਨ ਕਰਦਿਆਂ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕਿ ਮਾਨਯੋਗ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਯੋਗ ਅਗਵਾਈ ਵਿੱਚ ਹਰ ਰੋਜ਼ ਕਿਸੇ ਨਾ ਕਿਸੇ ਪਾਸੇ ਕਰੋੜਾਂ ਰੁਪਏ ਦੇ ਪ੍ਰੋਜੈਕਟਾਂ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ। ਪਿਛਲੇ ਦਿਨ੍ਹਾਂ ਦੌਰਾਨ ਉਨ੍ਹਾਂ ਵੱਲੋਂ ਕਰੀਬ 1 ਕਰੋੜ 90 ਲੱਖ ਰੁਪਏ ਦੀ ਲਾਗਤ ਨਾਲ ਨਰੋਟ ਮਹਿਰਾ ਵਿਖੇ ਵਾਟਰ ਸਪਲਾਈ ਦੇ ਕਾਰਜ ਦਾ ਆਰੰਭ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ



ਸਰਨਾ ਤੋਂ ਵਾਇਆ ਫਰੀਦਾਨਗਰ ਹੋ ਕੇ ਭੀਮਪੁਰ ਨੂੰ ਜਾਣ ਵਾਲੀ ਸੜਕ ਜੋ ਕਿ ਕਾਫੀ ਖਸਤਾ ਹਾਲ ਸੀ, ਕਰੀਬ 20 ਸਾਲ ਪਹਿਲਾਂ ਬਣਾਈ ਗਈ ਸੀ ਜੋ ਬਹੁਤ ਹੀ ਜਲਦੀ ਟੁੱਟ ਗਈ ਸੀ।ਉਨ੍ਹਾਂ ਦੱਸਿਆ ਕਿ ਇਸ 12 ਕਿਲੋਮੀਟਰ ਲੰਮੀ ਸੜਕ 'ਚੋਂ 2 ਕਿਲੋਮੀਟਰ ਕੰਕਰੀਟ ਅਤੇ 10 ਕਿਲੋਮੀਟਰ ਪ੍ਰੀਮਿਕਸ ਵਾਲੀ ਸੜਕ, ਜਿਸ ਦੀ ਚੌੜਾਈ ਕਰੀਬ 12.5 ਫੁੱਟ ਹੋਵੇਗੀ। ਉਨ੍ਹਾਂ ਕਿਹਾ ਕਿ ਇਸ ਰੋਡ ਦਾ 35-40 ਪਿੰਡਾਂ ਨੂੰ ਲਾਭ ਹੋਵੇਗਾ।ਉਨ੍ਹਾਂ ਕਿਹਾ ਕਿ ਉਨ੍ਹਾਂ ਵੱਲੋਂ ਸੜਕ ਦਾ ਨਿਰਮਾਣ ਕਰ ਰਹੇ ਠੇਕੇਦਾਰ ਨੂੰ ਵੀ ਹਦਾਇਤ ਕੀਤੀ ਗਈ ਹੈ ਕਿ ਸੜਕ ਦੇ ਨਿਰਮਾਣ ਕਾਰਜ ਕਰਦਿਆਂ ਸੜਕ ਦੀ ਕਵਾਲਿਟੀ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ।ਇਸ ਮੌਕੇ ਉਨ੍ਹਾਂ ਪਿੰਡ ਦੇ ਲੋਕਾਂ ਨਾਲ ਗੱਲਬਾਤ ਕੀਤੀ ਅਤੇ ਸਮੱਸਿਆਵਾਂ ਵੀ ਸੁਣੀਆਂ। ਉਨ੍ਹਾਂ ਭਰੋਸਾ ਦਿੱਤਾ ਕਿ ਸਮੱਸਿਆਵਾਂ ਦਾ ਜਲਦੀ ਹੀ ਹੱਲ ਕੀਤਾ ਜਾਵੇਗਾ।

# ਸ਼ੱਕੀ ਹਾਲਤ 'ਚ 18 ਸਾਲਾ ਨੌਜਵਾਨ ਦੀ ਮੌਤ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ/ਸੰਜੀਵ)-ਹਲਕਾ ਦੀਨਾਨਗਰ ਅਧੀਨ ਆਉਂਦੇ ਪਿੰਡ ਰਣਜੀਤ ਬਾਗ ਨੇੜਿਓ ਰਜਵਾਹਾ ( ਸੂਆ ) ਵਿੱਚੋਂ ਨੌਜਵਾਨ ਦੀ ਲਾਸ਼ ਬਰਾਮਦ ਹੋਈ ਹੈ। ਪੁਲਸ ਵਲੋ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।ਜਾਣਕਾਰੀ ਦਿੰਦੇ ਹੋਏ ਐਸ.ਐਚ.ਓ ਨੇ ਸੁਰਿੰਦਰ ਸਿੰਘ ਨੇ ਦੱਸਿਆ ਕਿ ਪਿੰਡ ਰਣਜੀਤ ਬਾਗ ਦੇ ਨੇੜਿਓ ਲੰਘਦੇ ਰਜਵਾਹੇ ( ਸੂਆ ) ਚੋ ਨੌਜਵਾਨ ਦੀ ਲਾਸ਼ ਮਿਲੀ ਹੈ। ਦੋਸ਼ੀ ਲਾਸ਼ ਨੂੰ ਬੋਰੀ ਵਿੱਚ ਪਾ ਕੇ ( ਸੂਆ ) ਵਿੱਚ ਸੁੱਟ ਗਏ ਹਨ। ਜਿਸ ਦੀ ਪਹਿਚਾਨ 18 ਸਾਲਾ ਰੋਹਿਤ ਪੁੱਤਰ ਰਮੇਸ਼ ਲਾਲ ਪਿੰਡ ਡਾਖਲਾ ਵਜੋ ਹੋਈ ਹੈ।



ਉਨ੍ਹਾਂ ਦੱਸਿਆ ਕਿ ਨੌਜਵਾਨ ਦੇ ਸਰੀਰ ਉਤੇ ਕਾਫੀ ਸੱਟਾਂ ਦੇ ਨਿਸ਼ਾਨ ਹਨ ਜਿਸ ਤੋਂ ਸੱਕ ਪੈਦਾ ਹੁੰਦਾ ਹੈ ਕਿ ਇਸ ਨੌਜਵਾਨ ਦਾ ਕਤਲ ਹੋਇਆ ਹੈ। ਇਸ ਕਤਲ ਪਿੱਛੇ ਜਿਹੜੇ ਵੀ ਗੁਨਾਗਾਰ ਹੋਣਗੇ ਉਨ੍ਹਾਂ ਗੁਨਾਗਾਰਾਂ ਨੂੰ ਬਖਸ਼ਿਆ ਨਹੀਂ ਜਾਵੇਗਾ।

ਪੁਲਿਸ ਵੱਲੋਂ ਲਾਸ ਨੂੰ ਕਬਜ਼ੇ ਵਿੱਚ ਲੈ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

# ਅੱਜ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਬਿਜਲੀ ਬੰਦ ਰਹੇਗੀ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਪੰਜਾਬ ਰਾਜ ਬਿਜਲੀ ਬੋਰਡ ਮੰਡਲ ਦਫਤਰ ਕਾਦੀਆਂ ਦੇ ਐੱਸਡੀਓ ਜੱਸਾ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਾਦੀਆਂ ਦੇ ਨਵੇਂ ਖਿੱਚੇ 11 ਕੇ.ਵੀ ਰੇਲਵੇ ਰੋਡ ਫੀਡਰ ਦਾ ੦32 ਚਾਲੂ ਹੋ ਚੁੱਕਾ ਹੈ ਜਿਸ ਨੂੰ ਲਾਈਨ ਵਿੱਚ ਲੈ ਲਿਆ ਹੈ ਅਤੇ ਹੁਣ ਇਸ ਨਵੇਂ 11 ਕੇ. ਵੀ. ਰੇਲਵੇ ਰੋਡ ਫੀਡਰ ਉੱਪਰ ਲੋਡ ਸ਼ਿਫਟ ਕਰਨ ਲਈ ਜੋ ਓਵਰ ਲੋਡ ਚੱਲਦੇ ਰਹੇ ਫੀਡਰਾਂ ਨੂੰ ਅੰਡਰ ਲੋਡ ਕੀਤਾ ਜਾ ਰਿਹਾ ਹੈ।



ਇਸ ਲਈ ਇਹ ਸ਼ੱਟ ਡਾਊਨ 66 ਕੇ. ਵੀ. ਏ ਸ/ਸ ਕਾਦੀਆਂ ਵਿਖੇ ਲੱਗੇ ਟਰਾਂਸਫਾਰਮਰ ਟੀ-01 ਉਪਰ ਲੱਗ ਰਿਹਾ ਹੈ ਜਿਸ ਅਧੀਨ ਕੁੱਲ 5 ਨੰਬਰ ਫੀਡਰਾਂ ਦੀ ਸਪਲਾਈ ਬੰਦ ਹੋਵੇਗੀ ਜਿਸ ਵਿੱਚ 3 ਨੰਬਰ ਕੈਟਾਗਰੀ ਨੰਬਰ 1 ਫੀਡਰ (ਸਿਵਲ ਲਾਈਨ, ਫੀਡਰ ਸਿਟੀ ਅਤੇ ਫੀਡਰ ਆਈਟੀਆਈ) ਅਤੇ ਕੈਟਾਗਿਰੀ ਨੰਬਰ 2 ਏ. ਪੀ ਫੀਡਰ (ਕੋਟ ਅਤੇ ਬੁੱਟਰ ਏ.ਪੀ.) ਅਤੇ 11 ਕੇ.ਵੀ. (ਬੁੱਟਰ ਅਤੇ ਠੀਕਰੀਵਾਲ ਯੂ.ਪੀ.ਐਸ) ਸ਼ੱਟ ਡਾਊਨ ਦੇ ਕਾਰਨ ਬਿਜਲੀ ਦੀ ਸਪਲਾਈ ਬੰਦ ਹੋਵੇਗੀ।

ਇਹ ਸ਼ੱਟ ਡਾਊਨ ਕਾਰਨ 17 ਸਤੰਬਰ ਮੰਗਲਵਾਰ ਨੂੰ ਬਿਜਲੀ ਦੀ ਸਪਲਾਈ ਸਵੇਰੇ 10 ਵਜੇ ਤੋਂ ਲੈ ਕੇ ਸ਼ਾਮ 4 ਵਜੇ ਤੱਕ ਬੰਦ ਰਹੇਗੀ।

# ਪੁਲਸ ਥਾਣਾ ਡੇਰਾ ਬਾਬਾ ਨਾਨਕ ਅੱਗੇ ਲੱਗਾ ਧਰਨਾ ਤੀਸਰੇ ਦਿਨ 'ਚ ਦਾਖਲ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਡੇਰਾ ਬਾਬਾ ਨਾਨਕ ਵੱਲੋਂ ਬਲਾਕ ਪ੍ਰਧਾਨ ਗੁਰਬਚਨ ਸਿੰਘ ਖੋਦੇ ਬੇਟ ਦੀ ਅਗਵਾਈ ਵਿੱਚ ਪੁਲਸ ਥਾਣਾ ਡੇਰਾ ਬਾਬਾ ਨਾਨਕ ਅੱਗੇ ਲੱਗਾ ਧਰਨਾ ਲਗਾਤਾਰ ਤੀਸਰੇ ਦਿਨ ਵਿੱਚ ਸ਼ਾਮਲ ਹੋ ਗਿਆਂ। ਇਸ ਮੌਕੇ ਵੱਖ-ਵੱਖ ਬੁਲਾਰਿਆਂ ਨੇ ਧਰਨੇ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਲਾਕੇ ਵਿੱਚ ਚੋਰੀਆਂ ਹੋ ਰਹੀਆਂ ਹਨ, ਪਰ ਪ੍ਰਸ਼ਾਸਨ ਵੱਲੋਂ ਚੋਰੀਆਂ ਰੋਕਣ ਲਈ ਕੋਈ ਵੀ ਕਾਰਵਾਈ ਨਹੀਂ ਕੀਤੀ ਜਾ ਰਹੀ । ਜਿਵੇਂ ਪਿੰਡ ਮੂਲੋਵਾਲੀ ਦੇ ਕਿਸਾਨ ਦੇ ਘਰ ਚੋਰੀ ਹੋਈ ਸੀ ਉਸ ਸਮੇਂ ਥਾਣਾ ਮੁਖੀ ਨੇ ਵਿਸ਼ਵਾਸ ਦਿਵਾਇਆ ਸੀ ਕਿ ਚੋਰਾਂ ਕੋਲੋ ਚੋਰੀ ਹੋਇਆ ਮਾਲ ਜਲਦੀ ਬਰਾਮਦ ਕਰ ਲਿਆ ਜਾਵੇਗਾ, ਪਰ ਇਕ ਮਹੀਨੇ ਬੀਤ ਜਾਣ ਤੇ ਵੀ ਚੋਰਾਂ ਤੋਂ ਮਾਲ ਬਰਾਮਦ ਨਹੀਂ ਕੀਤਾ ਜਿਸ ਕਰਕੇ ਜਥੇਬੰਦੀ ਨੂੰ ਮਜਬੂਰ ਹੋ ਕੇ ਧਰਨਾ ਲਾਉਣਾ ਪਿਆ ਪਰ ਪ੍ਰਸ਼ਾਸਨ ਦੀ ਢਿੱਲੀ ਕਾਰਗੁਜ਼ਾਰੀ ਅਤੇ ਟਾਲਮਟੋਲ ਵਾਲੀ ਨੀਤੀ ਨੂੰ ਵੇਖਦੇ ਹੋਏ ਜਥੇਬੰਦੀ ਵੱਲੋਂ ਇਹ ਧਰਨਾ ਲਗਾਤਾਰ ਜਾਰੀ ਰਹੇਗਾ। ਇਸ ਧਰਨੇ ਮੌਕੇ ਜ਼ਿਲਾ ਜਨਰਲ ਸਕੱਤਰ ਦਲਜੀਤ ਸਿੰਘ ਚਿਤੌੜਗੜ੍ਹ , ਬਲਾਕ ਪ੍ਰਧਾਨ ਗੁਰਬਚਨ ਸਿੰਘ ਖੋਦੇ ਬੇਟ, ਜਗਮੀਤ ਸਿੰਘ ਕਠਿਆਲਾ, ਅਮਨਦੀਪ ਸਿੰਘ ਮੰਗੀਆਂ, ਬਲਦੇਵ ਸਿੰਘ, ਮਨਜੀਤ ਸਿੰਘ, ਰਤਨ ਸਿੰਘ, ਸਿਮਰਨ ਜੋਤ ਸਿੰਘ ਮੂਲੋਵਾਲੀ, ਗੁਰਪ੍ਰੀਤ ਸਿੰਘ ਰਾਂਝਾ ਮੂਲੋਵਾਲੀ, ਸੇਮ ਸਿੰਘ ਖੋਦੇ ਬੇਟ, ਬਲਕਾਰ ਸਿੰਘ ਮੰਗੀਆਂ, ਉੱਤਮ ਸਿੰਘ ਕਠਿਆਲਾ, ਨਿਸ਼ਾਨ ਸਿੰਘ ਘਣੀਆਂ, ਗੁਰਪ੍ਰੀਤ ਸਿੰਘ ਮਾਲੇਵਾਲ, ਸੁਖਦੇਵ ਸਿੰਘ ਮਾਲੇਵਾਲ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ-ਮਜ਼ਦੂਰ ਆਗੂ ਤੇ ਬੀਬੀਆਂ ਸ਼ਾਮਿਲ ਸਨ।



# ਸੜਕ ਹਾਦਸੇ 'ਚ ਜ਼ਖਮੀ 2 ਸਾਲਾ ਲੜਕੀ ਦੀ ਮੌਤ, ਮਾਮਲਾ ਦਰਜ

ਗੁਰਦਾਸਪੁਰ (ਜਨਕ ਮਹਾਜਨ)-ਥਾਣਾ ਸਿਟੀ ਗੁਰਦਾਸਪੁਰ ਪੁਲਸ ਨੇ ਸੜਕ ਹਾਦਸੇ ਵਿਚ ਜ਼ਖ਼ਮੀ ਹੋਈ 2 ਸਾਲਾ ਲੜਕੀ ਦੀ ਮੌਤ ਹੋ ਜਾਣ 'ਤੇ ਦੋ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਅਮਰਜੀਤ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਹਰੀਜਨ ਬਸਤੀ ਨਵਾਂ ਟਾਂਡਾ ਥਾਣਾ ਬਹਿਰਾਮਪੁਰ ਨੇ ਦੱਸਿਆ ਕਿ 14 ਸਤੰਬਰ ਨੂੰ ਮੇਰੇ ਚਾਚੇ ਦਾ ਲੜਕਾ ਰਣਜੀਤ ਸਿੰਘ, ਉਸ ਦੀ ਪਤਨੀ ਮਨਪ੍ਰੀਤ ਕੌਰ ਅਤੇ ਲੜਕੀ ਗੁਰਬਾਜ ਕੌਰ ਉਮਰ 2 ਸਾਲ ਆਪਣੀ ਸਕੂਟਰੀ ਨੰਬਰੀ ਪੀਬੀ 07 ਬੀ.ਈ. 7184 'ਤੇ ਸਵਾਰ ਹੋ ਕੇ ਆਪਣੇ ਪਿੰਡ ਬਸਤੀ ਨਵਾਂ ਟਾਂਡਾ ਨੂੰ ਜਾ ਰਹੇ ਸੀ।

ਸ਼ਾਮ ਕਰੀਬ 5.30 ਜਦ ਉਹ ਦਿੱਲੀ ਪਬਲਿਕ ਸਕੂਲ ਬਹਿਰਾਮਪੁਰ ਰੋਡ ਗੁਰਦਾਸਪੁਰ ਨੇੜੇ ਪੁੱਜੇ ਤਾਂ ਸਾਹਮਣੇ ਤੋਂ ਇੱਕ ਮੋਟਰਸਾਈਕਲ ਮਾਰਕਾ ਅਪਾਚੇ ਨੰਬਰੀ ਪੀਬੀ 06 ਟੀ 1199 ਆਇਆ, ਜਿਸ ਨੂੰ ਜਵੀਤੇਸ਼ ਪੁੱਤਰ ਸ਼ਸ਼ੀ ਕੁਮਾਰ ਵਾਸੀ ਰੋੜੀ ਮੁਹੱਲਾ ਗੁਰਦਾਸਪੁਰ, ਪਾਰਥ ਵਾਸੀ ਨਜਦੀਕ ਨਵਾਂ ਬੱਸ ਸਟੈਂਡ ਗੁਰਦਾਸਪੁਰ ਚਲਾ ਰਹੇ ਸਨ। ਉਨ੍ਹਾਂ ਆਪਣਾ ਮੋਟਰਸਾਈਕਲ ਤੇਜ਼ ਰਫਤਾਰ ਗਲਤ ਸਾਈਡ ਤੋਂ ਲਾਪ੍ਰਵਾਹੀ ਨਾਲ ਚਲਾਉਂਦੇ ਹੋਏ ਰਣਜੀਤ ਸਿੰਘ ਦੀ ਸਕੂਟਰੀ ਵਿੱਚ ਮਾਰ ਦਿੱਤਾ ਜਿਸ ਨਾਲ ਸੜਕ 'ਤੇ ਡਿੱਗਣ ਕਰਕੇ ਉਨ੍ਹਾਂ ਦੇ ਕਾਫੀ ਗੰਭੀਰ ਸੱਟਾਂ ਲੱਗ ਗਈਆਂ ਹਨ ਅਤੇ ਲੜਕੀ ਗੁਰਬਾਜ ਕੌਰ ਦੀ ਦਿਉਲ ਹਸਪਤਾਲ ਗੁਰਦਾਸਪੁਰ ਵਿਖੇ ਦੌਰਾਨੇ ਇਲਾਜ ਮੌਤ ਹੋ ਗਈ ਹੈ। ਪੁਲਸ ਨੇ ਉਕਤ ਵਿਅਕਤੀਆਂ ਖ਼ਿਲਾਫ਼ ਜ਼ੇਰੇ ਧਾਰਾ 106, 125 ਬੀ, 324 (4) ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਆਈ ਏ ਐੱਸ ਸੋਨਮ ਨੇ ਐੱਸ ਡੀ ਐੱਮ ਮਜੀਠਾ ਦਾ ਵਾਧੂ ਚਾਰਜ ਸੰਭਾਲਿਆ

ਮਜੀਠਾ (ਸੋਇਮ ਆਨੰਦ)-ਨਵ-ਨਿਯੁਕਤ ਐੱਸ ਡੀ ਐੱਮ ਮਜੀਠਾ ਨੇ ਆਪਣੇ ਅਹੁਦੇ ਦਾ ਕਾਰਜਭਾਰ ਸੰਭਾਲ ਲਿਆ ਹੈ। ਸ਼੍ਰੀਮਤੀ ਸੋਨਮ ਦਾ ਮਜੀਠਾ ਪੁੱਜਣ ਤੇ ਐੱਸ ਡੀ ਐੱਮ ਦਫਤਰ ਤੇ ਤਹਿਸੀਲ ਦਫਤਰ ਦੇ ਕਰਮਚਾਰੀਆਂ ਵੱਲੋਂ ਬੁਕੇ ਦੇ ਕੇ ਨਿੱਘਾ ਸਵਾਗਤ ਕੀਤਾ ਗਿਆ।ਦੱਸਣਯੋਗ ਹੈ ਕਿ ਐੱਸਡੀਐੱਮ ਮਜੀਠਾ ਡਾ. ਹਰਨੂਰ ਕੌਰ ਢਿੱਲੋਂ ਜਿਹੜੇ ਛੁੱਟੀ 'ਤੇ ਹਨ, ਦੀ ਜਗ੍ਹਾ ਅਰਵਿੰਦਰਪਾਲ ਸਿੰਘ ਨੂੰ ਮਜੀਠਾ ਦਾ ਵਾਧੂ ਚਾਰਜ ਦਿੱਤਾ ਗਿਆ ਸੀ ਤੇ ਉਨ੍ਹਾਂ ਦੀ ਜਗ੍ਹਾ ਤੇ ਹੁਣ ਡਿਪਟੀ ਕਮਿਸ਼ਨਰ ਅਮ੍ਰਿਤਸਰ ਵਲੋ ਫੇਰ ਮੈਡਮ ਸੋਨਮ ਨੂੰ ਮਜੀਠਾ ਦਾ ਵਾਧੂ ਚਾਰਜ ਭਾਰ ਦਿੱਤਾ ਗਿਆ ਹੈ ਜਿਨ੍ਹਾਂ ਵਲੋਂ ਆਪਣਾ ਅਹੁਦਾ ਸੰਭਾਲਦਿਆਂ ਹੀ ਪਹਿਲੀ ਮੀਟਿੰਗ ਮੌਕੇ ਉਨ੍ਹਾਂ ਨੇ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸਖਤ ਦਿਸ਼ਾ ਨਿਰਦੇਸ਼ ਦਿੰਦਿਆਂ ਕਿਹਾ ਕਿ ਦਫਤਰ ਵਿਚ ਕੋਈ ਵੀ ਕੇਸ ਲੰਬਿਤ ਨਾ ਰਹਿਣ ਦਿੱਤਾ ਜਾਵੇ।ਉਨਵਾਂ ਸਮੂਹ ਅਧਿਕਾਰੀਆ ਅਤੇ ਕਰਮਚਾਰੀਆ ਨੂੰ ਸਮੇਂ ਸਿਰ ਡਿਊਟੀ ਤੇ ਹਾਜ਼ਰ ਹੋਣ ਦੇ ਹੁਕਮ ਜਾਰੀ ਕਰਦਿਆਂ ਕਿਹਾ ਕਿ ਦਫਤਰ ਵਿਚ ਭ੍ਰਿਸ਼ਟਾਚਾਰ ਤੇ ਡਿਊਟੀ ਵਿਚ ਕਿਸੇ ਕਿਸਮ ਦੀ ਕੁਤਾਹੀ ਕਦੇ ਵੀ ਬਰਦਾਸ਼ਤ ਨਹੀਂ ਹੋਵੇਗੀ।



ਇਸ ਮੌਕੇ ਐਸਡੀਐਮ ਸੋਨਮ ਦੇ ਨਾਲ ਰੀਡਰ ਟੂ ਐਸਡੀਐਮ ਵਰਿੰਦਰ ਭਾਟੀਆ, ਐਮਟੀਸੀ ਸੁਖਵਿੰਦਰ ਸਿੰਘ, ਦੀਪਕ ਭੱਟੀ, ਲਿਆਸ ਮਸੀਹ, ਪਵਨ ਸ਼ਰਮਾ ਰੀਡਰ ਟੂ ਤਹਿਸੀਲਦਾਰ, ਏਐਸਐਮ ਸੰਦੀਪ ਕੌਰ, ਕਵਲ ਅਵਤਾਰ ਸਿੰਘ, ਕਰਨ ਖੋਸਲਾ ਪਟਵਾਰੀ, ਜਸਵਿੰਦਰ ਸਿੰਘ ਬੇਦੀ, ਗੁਰਸ਼ਰਨਬੀਰ ਸਿੰਘ, ਅੰਮ੍ਰਿਤਪਾਲ ਸਿੰਘ ਆਰਸੀ, ਸੁਪਰ ਗੰਡ ਦੀਪਕ ਸੇਠ, ਜਗਵਿੰਦਰ ਸਿੰਘ, ਲੀਡਰ ਹਰਜਿੰਦਰ ਸਿੰਘ ਆਦਿ ਕਰਮਚਾਰੀ ਹਾਜ਼ਰ ਸਨ।

# ਪੰਜਾਬ ਦੀ ਮੌਜੂਦਾ ਸਰਕਾਰ ਹਰ ਫਰੰਟ 'ਤੇ ਬੁਰੀ ਤਰ੍ਹਾਂ ਫੇਲ : ਪ੍ਰਤਾਪ ਬਾਜਵਾ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਹਰ ਫਰੰਟ 'ਤੇ ਬੁਰੀ ਤਰ੍ਹਾਂ ਫੇਲ ਹੋ ਚੁੱਕੀ ਹੈ। ਪੰਜਾਬ ਅੰਦਰ ਤਹਿਸੀਲਾਂ, ਥਾਣਿਆਂ ਸਮੇਤ ਸਰਕਾਰੀ ਦਫਤਰਾਂ ਵਿੱਚ ਭ੍ਰਿਸ਼ਟਾਚਾਰ ਵਧਿਆ ਹੈ। ਨਸ਼ਾ ਪਹਿਲਾਂ ਨਾਲ ਕਈ ਗੁਣਾ ਵਧਿਆ ਅਤੇ ਗਲੀਆਂ ਮੁਹੱਲਿਆਂ ਵਿੱਚ ਸ਼ਰੇਆਮ ਵਿੱਕ ਰਿਹਾ ਹੈ। ਜਦਕਿ ਅਰਵਿੰਦ ਕੇਜਰੀਵਾਲ ਨੇ ਪੰਜਾਬ ਵਿੱਚੋਂ ਚਾਰ ਹਫਤਿਆਂ ਵਿੱਚ ਨਸ਼ਾ ਖਤਮ ਕਰਨ ਦਾ ਦਾਅਵਾ ਕੀਤਾ ਸੀ। ਇਹ ਪ੍ਰਗਟਾਵਾ ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਕਾਂਗਰਸੀ ਵਿਧਾਇਕ ਪ੍ਰਤਾਪ ਸਿੰਘ ਬਾਜਵਾ ਨੇ ਸ਼ਹਿਰ ਧਾਰੀਵਾਲ ਵਿੱਚ ਕਾਂਗਰਸੀ ਆਗੂਆਂ ਅਤੇ ਵਰਕਰਾਂ ਦੀ ਭਰਵੀਂ ਮੀਟਿੰਗ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਨੇ ਪਾਰਟੀ ਵਰਕਰਾਂ ਨੂੰ ਭਰੋਸਾ ਦਿੰਦਿਆਂ ਕਿਹਾ ਕਿ ਪਾਰਟੀ ਦੇ ਕਿਸੇ ਵੀ ਵਰਕਰ ਨਾਲ ਬੇਇਨਸਾਫੀ ਸਹਿਣ ਨਹੀਂ ਕੀਤੀ ਜਾਵੇਗੀ। ਉਨ੍ਹਾਂ ਨੇ ਪਾਰਟੀ ਵਰਕਰਾਂ ਨੂੰ ਪੰਚਾਇਤੀ ਚੋਣਾਂ ਲੜਨ ਲਈ ਤਿਆਰ ਰਹਿਣ ਲਈ ਪ੍ਰੇਰਿਤ ਕਰਦਿਆਂ ਕਿਹਾ ਚੋਣ ਲੜਨ ਵਾਲੇ ਵਰਕਰ ਆਪਣੇ ਕਾਗਜ਼ ਪੂਰੇ ਕਰੋ, ਕਿਸੇ ਵੀ ਵਰਕਰ ਦੇ ਕਾਗਜ਼ ਰੱਦ ਨਹੀਂ ਹੋਣ ਦਿਆਂਗੇ। ਪ੍ਰਤਾਪ ਬਾਜਵਾ ਨੇ ਦੱਸਿਆ ਇਸ ਸੈਸਨ ਵਿੱਚ ਮੈਂ ਕਿਹਾ ਸਪੀਕਰ ਸਾਹਿਬ ਸਾਨੂੰ ਸਮਾਂ ਦਿਓ ਅਸੀਂ ਕਾਨੂੰਨ ਵਿਵਸਥਾ, ਨਸ਼ਿਆਂ, ਬਰਗਾੜੀ, ਬਹਿਬਲ ਕਲਾਂ ਆਦਿ ਬਹੁਤ ਸਾਰੇ ਮੁੱਦਿਆਂ 'ਤੇ ਬਹਿਸ ਕਰਨੀ ਹੈ, ਪਰ ਸਮਾਂ ਨਹੀਂ ਦਿੱਤਾ ਗਿਆ ਅਤੇ ਇਕ ਦਿਨ ਵਿੱਚ ਹੀ ਸੈਸ਼ਨ ਖਤਮ ਕਰ ਦਿੱਤਾ। ਬਦਲਾਅ ਲਿਆਉਣ ਦੇ ਦਾਅਵੇ ਕਰਨ ਵਾਲੀ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਨੇ ਹਰ ਸਾਲ 120 ਦਿਨ ਦਾ ਸੈਸ਼ਨ ਕਰਨ ਦਾ ਵਾਅਦਾ ਕੀਤਾ ਸੀ। ਪ੍ਰੰਤੂ ਤਿੰਨ ਸਾਲਾਂ ਵਿੱਚ ਕੁੱਲ 39 ਦਿਨ ਹੀ ਸੈਸ਼ਨ ਚਲਾ ਸਕੀ, ਜਦਕਿ ਭਾਰਤ ਦੇ ਸੰਵਿਧਾਨ ਮੁਤਾਬਿਕ



ਇਕ ਸਾਲ ਵਿੱਚ 40 ਦਿਨ ਅਸੈਂਬਲੀ ਚਲਣੀ ਚਾਹੀਦੀ ਹੈ। ਬਾਜਵਾ ਨੇ ਕਿਹਾ ਹਿਮਾਚਲ ਦੀ ਤਰ੍ਹਾਂ ਹਰਿਆਣਾ ਵਿੱਚ ਵੀ ਕਾਂਗਰਸ ਪਾਰਟੀ ਦੀ ਸਰਕਾਰ ਬਣੇਗੀ ਅਤੇ 2027 ਵਿੱਚ ਪੰਜਾਬ ਵਿੱਚ ਵੀ ਕਾਂਗਰਸ ਸਰਕਾਰ ਬਣਨੀ ਲਗਭਗ ਤਹਿ ਹੈ। ਮੀਟਿੰਗ ਵਿੱਚ ਸੂਬਾ ਆਗੂ ਬਰਿੰਦਰ ਸਿੰਘ ਛੋਟੇਪੁਰ, ਬਲਾਕ ਪ੍ਰਧਾਨ ਗੁਰਨਾਮ ਸਿੰਘ ਚਾਹਲ, ਬਲਾਕ ਸੰਮਤੀ ਧਾਰੀਵਾਲ ਦੇ ਵਾਈਸ ਚੇਅਰਮੈਨ ਐਡਵੋਕੇਟ ਬਲਜੀਤਪਾਲ ਸਿੰਘ, ਕੌਂਸਲਰ ਰਜਿੰਦਰ ਕੁਮਾਰ ਲਵਲੀ, ਪਲਵਿੰਦਰ ਸੋਹਲ, ਸਰਪੰਚ ਬਲਵਿੰਦਰਪਾਲ ਟਾਕ ਫੱਜੂਪੁਰ, ਸਰਪੰਚ ਮਨਿੰਦਰ ਸਿੰਘ ਪੀਰ ਦੀ ਸੈਨ, ਸਰਪੰਚ ਸਤਵਿੰਦਰ ਸਿੰਘ ਗੋਰਾਇਆ, ਜ਼ਿਲ੍ਹਾ ਆਗੂ ਵਿਲਸਨ ਮਸੀਹ ਦੀਨਪੁਰ, ਸੇਵਾ ਮੁਕਤ ਐਸਡੀਓ ਲਖਵਿੰਦਰ ਸਿੰਘ ਪੰਨੂੰ, ਸਾਬਕਾ ਸਰਪੰਚ ਕਸਮੀਰ ਸਿੰਘ ਖਾਨਮਲੱਕ ਆਦਿ ਸਮੇਤ ਸ਼ਹਿਰ ਧਾਰੀਵਾਲ ਅਤੇ ਇਲਾਕੇ ਦੇ ਪਿੰਡਾਂ ਦੇ ਕਾਂਗਰਸੀ ਆਗੂ ਅਤੇ ਵਰਕਰ ਵੱਡੀ ਗਿਣਤੀ ਵਿੱਚ ਸ਼ਾਮਲ ਸਨ।

# 450 ਸਾਲਾ ਸ਼ਤਾਬਦੀ ਸਬੰਧੀ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ

## *ਸਿੱਖ ਮਿਸ਼ਨਰੀ ਕਾਲਜਾਂ ਦੇ ਵਿਦਿਆਰਥੀਆਂ ਤੰਤੀ ਸਾਜ਼ਾਂ ਨਾਲ ਕੀਰਤਨ ਕਰਕੇ ਸਿਰਜਿਆ ਵਿਸਮਾਦੀ ਮਾਹੌਲ

ਸ੍ਰੀ ਗੋਇੰਦਵਾਲ ਸਾਹਿਬ, (ਕਾਬਲ ਸਿੰਘ ਮੱਲ੍ਹੀ)-ਸ੍ਰੀ ਗੁਰੂ ਰਾਮਦਾਸ ਜੀ ਦੇ ਗੁਰਿਆਈ ਦਿਵਸ ਤੇ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ-ਜੋਤਿ ਦਿਵਸ ਦੀ 450 ਸਾਲਾ ਸ਼ਤਾਬਦੀ ਸਮਾਗਮਾਂ ਸਬੰਧੀ ਅੱਜ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਈ।ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਜਨਰਲ ਸਕੱਤਰ ਭਾਈ ਰਜਿੰਦਰ ਸਿੰਘ ਮਹਿਤਾ ਸਮੇਤ ਵੱਖ-ਵੱਖ ਮਹਾਂਪੁਰਖ, ਸ਼੍ਰੋਮਣੀ ਕਮੇਟੀ ਦੇ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਸ੍ਰੀ ਬਾਉਲੀ ਸਾਹਿਬ ਵਿਖੇ ਨਤਮਸਤਕ ਹੋਈਆਂ।ਬੀਤੇ ਕੱਲ ਤੋਂ ਆਰੰਭ ਹੋਏ ਸ਼ਤਾਬਦੀ ਸਮਾਗਮਾਂ ਦੇ ਦੂਜੇ ਦਿਨ ਅੱਜ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਅਧੀਨ ਕਾਰਜਸ਼ੀਲ ਸਿੱਖ ਮਿਸ਼ਨਰੀ ਕਾਲਜਾਂ ਦੇ ਵਿਦਿਆਰਥੀਆਂ ਨੇ ਪੁਰਾਤਨ ਪਰੰਪਰਾ ਅਨੁਸਾਰ ਤੰਤੀ ਸਾਜ਼ਾਂ ਨਾਲ ਗੁਰਬਾਣੀ ਕੀਰਤਨ ਕਰਕੇ ਸੰਗਤ ਨੂੰ ਨਿਹਾਲ ਕੀਤਾ।ਇਸ ਉਪਰੰਤ ਸ਼੍ਰੋਮਣੀ ਕਮੇਟੀ ਦੇ ਸਕੂਲਾਂ ਕਾਲਜਾਂ ਦੇ ਵਿਦਿਆਰਥੀਆਂ ਦੇ ਗੁਰਮਤਿ ਸੰਗੀਤ, ਢਾਡੀ, ਕਵੀਸ਼ਰ, ਕਵਿਤਾ ਤੇ ਭਾਸ਼ਣ ਮੁਕਾਬਲੇ ਕਰਵਾਏ ਗਏ।ਗੁਰਮਤਿ ਸਮਾਗਮ ਦੌਰਾਨ ਸੰਗਤ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਕਿਹਾ ਕਿ ਸ੍ਰੀ ਗੁਰੂ ਅਮਰਦਾਸ ਜੀ ਨੇ ਸ੍ਰੀ ਗੋਇੰਦਵਾਲ ਸਾਹਿਬ ਦੀ ਪਾਵਨ ਧਰਤੀ 'ਤੇ ਬਾਉਲੀ ਸਾਹਿਬ ਸਥਾਪਤ ਕਰਕੇ ਤੇ ਪਹਿਲੇ ਪੰਗਤ ਪਾਛੈ ਸੰਗਤ ਦਾ ਸਿਧਾਂਤ ਦੇ ਕੇ ਸਮਾਜ ਵਿੱਚੋਂ ਉਚ ਨੀਚ ਅਤੇ ਜਾਤ ਪਾਤ ਨੂੰ ਖਤਮ ਕਰਦਿਆਂ ਮਨੁੱਖੀ ਬਰਾਬਰੀ ਦਾ ਸੰਦੇਸ਼ ਦਿੱਤਾ।ਉਨ੍ਹਾਂ ਕਿਹਾ ਕਿ ਸਿੱਖ ਕੌਮ ਗੁਰੂ ਦਰਸਾਏ ਮਾਰਗ ਤੇ ਚੱਲ ਕੇ ਮਨੁੱਖੀ



ਭਲੇ ਲਈ ਕਾਰਜ ਕਰ ਰਹੀ ਲੇਕਿਨ ਦੁੱਖ ਦੀ ਗੱਲ ਹੈ ਕਿ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਨੂੰ ਲੈ ਕਿ ਸਿੱਖਾਂ ਨਾਲ ਨਿਆਂ ਨਹੀ ਕੀਤਾ ਜਾ ਰਿਹਾ।ਐਡਵੋਕੇਟ ਧਾਮੀ ਨੇ ਕਿਹਾ ਕਿ ਭਾਰਤ ਸਰਕਾਰ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਗੁਰਪੁਰਬ ਮੌਕੇ ਕੁਝ ਸਿੰਘਾਂ ਨੂੰ ਰਿਹਾਅ ਕਰਨ ਦਾ ਐਲਾਨ ਕੀਤਾ ਸੀ, ਜੋ ਕਿ ਅੱਜ ਤੱਕ ਪੂਰੀ ਤਰ੍ਹਾਂ ਲਾਗੂ ਨਹੀਂ ਕੀਤਾ ਗਿਆ।ਉਨ੍ਹਾਂ ਕਿਹਾ ਕਿ ਸਿੱਖ ਕੌਮ ਇਨਸਾਫ਼ ਦੀ ਮੰਗ ਕਰਦੀ ਹੈ, ਜੋ ਸਾਡਾ ਹੱਕ ਹੈ। ਉਨ੍ਹਾਂ ਕਿਹਾ ਕਿ ਇਸ ਸ਼ਤਾਬਦੀ ਨੂੰ ਸਮਰਪਿਤ ਹੋ ਕੇ ਕੇਂਦਰ ਸਰਕਾਰ ਬੰਦੀ ਸਿੰਘਾਂ ਦੀ ਰਿਹਾਈ ਦਾ ਐਲਾਨ ਕਰੇ।ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਗੁਰੂ ਸਾਹਿਬਾਨ ਦੇ ਸਿੱਖਾਂ ਨੂੰ ਵਿਲੱਖਣ ਸੱਭਿਆਚਾਰ ਤੇ ਸਿਧਾਂਤ ਦਿੰਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ, ਤੇ ਗੁਰਮੁਖੀ ਲਿਪੀ ਦੀ ਬਖ਼ਸ਼ਿਸ਼ ਕੀਤੀ ਤੇ ਆਦਰਸ਼ਕ ਜੀਵਨ ਜਾਚ ਬਖ਼ਸ਼ੀ।ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਗੁਰਮਤਿ ਸੰਗੀਤ ਵਿੱਚ ਭਾਗ ਲੈਣ ਵਾਲੇ ਸਿੱਖ ਮਿਸ਼ਨਰੀ ਕਾਲਜਾਂ ਤੇ ਸਕੂਲਾਂ ਨੂੰ 21-21 ਹਜ਼ਾਰ ਰੁਪਏ ਦੀ ਉਤਸ਼ਾਹੀ ਰਾਸ਼ੀ ਦੇਣ ਦਾ ਐਲਾਨ ਵੀ ਕੀਤਾ।ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਜਿੰਦਰ ਸਿੰਘ ਮਹਿਤਾ, ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ, ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖ਼ਾਲਸਾ, ਬਾਬਾ ਸੁਖਵਿੰਦਰ ਸਿੰਘ ਭੂਰੀ ਵਾਲੇ, ਬਾਬਾ ਸ਼ਬੇਗ ਸਿੰਘ, ਬਾਬਾ ਘੋਲਾ ਸਿੰਘ, ਬਾਬਾ ਗੁਰਨਾਮ ਸਿੰਘ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਅਮਰਜੀਤ ਸਿੰਘ ਭਲਾਈਪੁਰ, ਮੈਂਬਰ ਖੁਸ਼ਵਿੰਦਰ ਸਿੰਘ ਭਾਟੀਆ, ਗੁਰਬਚਨ ਸਿੰਘ ਕਰਮੂੰਵਾਲਾ, ਗੁਰਮੀਤ ਸਿੰਘ ਬੂਹ, ਭਾਈ ਗੁਰਚਰਨ ਸਿੰਘ ਗਰੇਵਾਲ, ਸੁਰਜੀਤ ਸਿੰਘ ਭਿੱਟੇਵੱਡ,ਬਲਵਿੰਦਰ ਸਿੰਘ ਵੇਈਂਪੂਈਂ, ਜਰਨੈਲ ਸਿੰਘ ਡੋਗਰਾਂਵਾਲਾ, ਭਾਈ ਅਜਾਇਬ ਸਿੰਘ ਅਭਿਆਸੀ, ਭਾਈ ਰਾਮ ਸਿੰਘ, ਭੁਪਿੰਦਰ ਸਿੰਘ ਭਲਵਾਨ, ਸੁਖਵਰਸ਼ ਸਿੰਘ ਪੰਨੂ, ਬਾਬਾ ਬੂਟਾ ਸਿੰਘ, ਬਾਬਾ ਟੇਕ ਸਿੰਘ ਧਨੌਲਾ, ਬਰਜਿੰਦਰ ਸਿੰਘ ਬਰਾੜ, ਸ਼੍ਰੋਮਣੀ ਕਮੇਟੀ ਸਕੱਤਰ ਪ੍ਰਤਾਪ ਸਿੰਘ, ਸਕੱਤਰ ਧਰਮ ਪ੍ਰਚਾਰ ਕਮੇਟੀ ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਗੁਰਿੰਦਰ ਸਿੰਘ ਮਥਰੇਵਾਲ, ਬਿਜੈ ਸਿੰਘ, ਤੇਜਿੰਦਰ ਸਿੰਘ ਪੱਡਾ, ਮੀਤ ਸਕੱਤਰ ਗੁਰਨਾਮ ਸਿੰਘ, ਗੁਰਦਿਆਲ ਸਿੰਘ ਆਦਿ ਹਾਜ਼ਰ ਸਨ।

# ਜਲੰਧਰ ਇੰਪਰੂਵਮੈਂਟ ਟਰੱਸਟ 'ਚ ਭ੍ਰਿਸ਼ਟਾਚਾਰ ਦੇ 7 ਹੋਰ ਕੇਸ ਆਏ ਸਾਹਮਣੇ

## ਕੁਰੱਪਸ਼ਨ ਖਿਲਾਫ ਸਖਤ ਕਾਰਵਾਈ ਜਾਰੀ ਰਹੇਗੀ : ਪ੍ਰੋ. ਸੰਘੇੜਾ

**ਜਲੰਧਰ (ਰਾਜੇਸ਼ ਥਾਪਾ)**

ਜਲੰਧਰ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਸਪੋਕਸਮੈਨ ਪ੍ਰੋ: ਜਗਤਾਰ ਸਿੰਘ ਸੰਘੇੜਾ ਨੇ ਇੱਕ ਹੋਰ ਖੁਲਾਸਾ ਕਰਦੇ ਹੋਏ ਅੱਜ ਇੱਥੇ ਦੱਸਿਆ ਕਿ ਭ੍ਰਿਸ਼ਟਾਚਾਰ ਖਿਲਾਫ ਵਿੱਢੀ ਮੁਹਿੰਮ ਦੌਰਾਨ 7 ਹੋਰ ਨਵੇਂ ਕੇਸਾਂ ਦਾ ਖੁਲਾਸਾ ਹੋਇਆ ਹੈ। ਜਿਹਨਾਂ 'ਚ ਕਰੋੜਾਂ ਰੁਪਏ ਦੀ ਰਿਸ਼ਵਤ ਲੈ ਕੇ ਕੌਡੀਆਂ ਦੇ ਭਾਅ ਕਰੋੜਾਂ ਰੁਪਏ ਦੀ ਪਲਾਟਾਂ ਦੀ ਵਿਕਰੀ ਕੀਤੀ ਗਈ ਹੈ।ਇਹਨਾਂ ਕੇਸਾਂ 'ਚ ਮਿਸਲਾਂ ਵਿੱਚੋਂ ਡਾਕੂਮੈਂਟਸ ਚੋਰੀ ਕੀਤੇ ਹੋਣ ਕਰਕੇ ਪੜਤਾਲ ਲਟਕ ਗਈ ਸੀ ਅਤੇ ਹੁਣ ਰੈਵੀਨਿਊ ਅਫਸਰਾਂ ਪਾਸੋਂ ਰਜਿਸਟਰੀਆਂ ਅਤੇ ਹੋਰ ਸਬੰਧਤ ਡਾਕੂਮੈਂਟਸ ਦੀਆਂ ਕਾਪੀਆਂ ਪ੍ਰਾਪਤ ਹੋਣ ਨਾਲ ਸਪੱਸ਼ਟ ਹੋ ਗਿਆ ਹੈ ਕਿ ਘੁਟਾਲਾ ਹੋਇਆ ਹੈ। ਇਹਨਾਂ ਕੇਸਾਂ 'ਚ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਜ਼ਿੰਮੇਵਾਰੀ ਅਜੇ ਫਿਕਸ ਕੀਤੀ ਜਾਣੀ ਹੈ।ਪਹਿਲਾ ਹੀ ਦੋ ਕੇਸਾਂ 'ਚ ਇੱਕ ਕਾਰਜ ਸਾਧਕ ਅਫਸਰ, ਦੋ ਟਰੱਸਟ ਕਰਮਚਾਰੀਆਂ ਸਮੇਤ ਕਈ ਹੋਰ ਪ੍ਰਾਈਵੇਟ ਵਿਅਕਤੀਆਂ ਉਪਰ ਬਕਾਇਦਾ ਪੜਤਾਲ ਕਰਨ ਉਪਰੰਤ ਹੀ ਸ਼ੱਕੀਆ ਵਿਰੁੱਧ ਐਫ ਆਈ ਆਰ ਦਰਜ ਕਰਵਾਈਆਂ ਗਈਆਂ ਹਨ। ਇਸ ਉਪਰੰਤ ਪੜਤਾਲ ਰਿਪੋਰਟ ਅਤੇ ਸਬੂਤਾਂ ਦੇ ਡਾਕੂਮੈਂਟਸ ਦੀਆਂ 28 ਕਾਪੀਆਂ ਵੀ ਨਾਲ ਸ਼ਾਮਲ ਕਰਕੇ ਵਧੀਕ ਪ੍ਰਮੁੱਖ ਸਕੱਤਰ ਅਤੇ ਡਾਇਰੈਕਟਰ ਲੋਕਲ ਬਾਡੀਜ਼ ਨੂੰ ਭੇਜੀਆਂ ਗਈਆਂ ਹਨ।ਇਹਨਾਂ ਦੋਵਾਂ ਕੇਸਾਂ 'ਚ ਅਦਾਲਤੀ ਕੇਸ ਹੋਣ ਕਾਰਨ ਹੀ ਇਨਕੁਆਰੀ ਕੀਤੀ ਗਈ ਸੀ ਅਤੇ ਐਫ ਆਈ ਆਰ ਦੀਆਂ ਕਾਪੀਆਂ ਸਮੇਤ ਇਨਕੁਆਰੀ ਦਾ ਰਿਕਾਰਡ ਅਗਲੀ ਤਾਰੀਖ ਨੂੰ ਅਦਾਲਤ ਪੇਸ਼ ਕੀਤਾ ਜਾਵੇਗਾ।ਇੱਕ ਹੋਰ ਅਦਾਲਤੀ ਕੇਸ ਦੌਰਾਨ ਹੀ ਨਵਾਂ ਫਰਾਡ ਦਾ ਕੇਸ ਵੀ ਸਾਹਮਣੇ ਆਇਆ ਹੈ ਜੋ ਅਜੇ ਇਨਕੁਆਰੀ ਅਧੀਨ ਹੈ।ਇਸ ਕੇਸ 'ਚ ਵੀ ਸਾਬਕਾ ਚੇਅਰਮੈਨ ਅਤੇ ਅਨਿਲ ਕੁਮਾਰ ਟਰੱਸਟ ਕਰਮਚਾਰੀ ਦਾ ਨਾਂਅ ਬੋਗਸ ਡਾਕੂਮੈਂਟਸ ਨਾਲ ਰਜਿਸਟਰੀ ਕਰਵਾਉਣ ਦਾ ਕੇਸ ਸੰਬੰਧੀ ਸਾਹਮਣੇ ਆ ਰਿਹਾ ਹੈ। ਜਲੰਧਰ ਟਰੱਸਟ ਵਿੱਚ ਬੀਤੇ ਸਮੇਂ 'ਚ ਕੀਤੇ ਗਏ ਬਹੁ ਕਰੋੜੀ ਘਪਲੇ 'ਚ ਸ਼ਾਮਲ ਲੋਕ ਹੀ ਦੋਸ਼ੀ ਲੋਕਾਂ ਨੂੰ ਸ਼ਹਿ ਦੇ ਰਹੇ ਹਨ ਅਤੇ ਅਫਵਾਹ ਫੈਲਾਅ ਰਹੇ ਹਨ।ਲੋੜ ਪਈ ਤਾਂ ਇਹਨਾਂ ਕੁਰੱਪਸ਼ਨ ਕਰਨ ਵਾਲਿਆਂ ਦੇ ਚੰਡੀਗੜ੍ਹ ਕੁਨੈਕਸ਼ਨ ਦਾ ਖੁਲਾਸਾ ਵੀ ਜਲਦ ਹੀ ਕਰਾਂਗਾ।ਪ੍ਰੋ. ਸੰਘੇੜਾ ਨੇ ਕਿਹਾ ਕਿ ਚੇਅਰਮੈਨ ਨੇ ਟਰੱਸਟ ਦੇ ਐਕਟ ਅਤੇ ਰੂਲਾਂ ਅਨੁਸਾਰ ਸਾਰੇ ਕੰਮ ਕਰਨੇ ਅਤੇ ਕਰਵਾਉਣੇ ਹੁੰਦੇ ਹਨ ਅਤੇ ਸਰਕਾਰ ਨੇ ਟਰੱਸਟ ਦੇ ਕੰਮ ਦੀ ਕੇਵਲ ਸੁਪਰਵੀਜ਼ਨ ਅਤੇ ਕੰਟਰੋਲ ਕਰਨਾ ਹੁੰਦਾ ਹੈ। ਚੇਅਰਮੈਨ ਕੋਲ ਦੀ ਪੰਜਾਬ ਟਾਊਨ ਇੰਪਰੂਵਮੈਂਟ ਐਕਟ, 1922 ਤਹਿਤ ਸਾਰੇ ਸਟਾਫ ਦਾ ਕੰਟਰੋਲ ਅਤੇ ਹੋਰ ਸਾਰੇ ਅਧਿਕਾਰ ਹਨ ਅਤੇ ਉਹ ਐਫ ਆਈ ਆਰ ਦਰਜ਼ ਕਰਵਾਉਣ ਲਈ ਅਤੇ ਅਦਾਲਤੀ ਕੇਸਾਂ ਲਈ ਸਪਸ਼ਟ ਤੌਰ 'ਤੇ ਸਮਰੱਥ ਅਥਾਰਟੀ ਹਨ।ਚੇਅਰਮੈਨ ਤੋਂ ਪ੍ਰਵਾਨਗੀ ਲੈ ਕੇ ਕਾਰਜ ਸਾਧਕ ਅਫਸਰ ਵੀ ਐਫ ਆਈ ਆਰ ਦਰਜ ਕਰਵਾ ਸਕਦੇ ਹਨ ਅਤੇ ਜਲੰਧਰ ਪੋਸਟਿੰਗ ਦੌਰਾਨ ਰਜੇਸ਼ ਚੌਧਰੀ ਨੇ ਵੀ ਕਈ ਵਾਰ ਐਫ ਆਈ ਆਰ ਦਰਜ਼ ਕਰਨ ਲਈ ਖ਼ੁਦ ਪੁਲਸ ਵਿਭਾਗ ਨੂੰ ਲਿਖਿਆ ਸੀ।ਇਹਨਾਂ ਦੋ ਕੇਸਾਂ ਤੋਂ ਇਲਾਵਾ ਤਿੰਨ ਹੋਰ ਕੇਸ ਪਾਈਪ ਲਾਈਨ 'ਚ ਹਨ ਜਿਹਨਾਂ ਵਿੱਚ ਮੁਕੱਦਮੇ ਦਰਜ਼ ਕੀਤੇ ਜਾਣੇ ਹਨ। ਇਸ ਤੋਂ ਪਹਿਲਾਂ ਵੀ ਮੁੱਖ ਦਫਤਰ, ਚੰਡੀਗੜ੍ਹ ਤੋਂ ਮਿਤੀ 22.03.2022 ਨੂੰ ਚੀਫ ਵਿਜੀਲੈਂਸ ਅਫਸਰ ਦੀ ਪੜਤਾਲ ਦੌਰਾਨ ਤਿਆਰ ਕੀਤੀ ਗਈ। ਰਿਪੋਰਟ ਵਿੱਚ ਰਜੇਸ਼ ਚੌਧਰੀ ਦਾ ਵੀ ਨਾਂਅ ਹੈ।ਇਸ ਰਿਪੋਰਟ ਦੇ ਕੁਝ ਪਲਾਟਾਂ ਦੀ ਅਲਾਟਮੈਂਟ ਦੀਆਂ ਘਪਲੇਬਾਜੀਆਂ ਵਿਚ ਰਿਟਾਇਰਡ ਜੱਜ ਵੱਲੋਂ ਕੀਤੀ ਗਈ ਰੇਗੂਲਰ ਪੜਤਾਲ ਦੌਰਾਨ ਟਰੱਸਟ ਦੇ ਇੱਕ ਜੂਨੀਅਰ ਸਹਾਇਕ, ਸੀਨੀਅਰ ਸਹਾਇਕ ਅਤੇ ਚੇਅਰਮੈਨ ਵਿਰੁੱਧ ਦੋਸ਼ ਵੀ ਸਾਬਤ ਹੋ ਚੁੱਕੇ ਹਨ ਅਤੇ ਲੋਕਲ ਬਾਡੀਜ਼ ਦਫਤਰ ਦੇ ਪੱਧਰ 'ਤੇ ਕਾਰਵਾਈ ਜਾਰੀ ਹੈ।ਇੱਕ ਹੋਰ ਸਵਾਲ ਦੇ ਜਵਾਬ ਵਿਚ ਪ੍ਰੋ. ਸੰਘੇੜਾ ਨੇ ਦੱਸਿਆ ਕਿ ਹਰ ਇੱਕ ਨੂੰ ਆਪਣਾ ਪੱਖ ਪੇਸ਼ ਕਰਨ ਤੇ ਬਚਾਅ ਕਰਨ ਲਈ ਚਾਰਾਜੋਈ ਕਰਨ ਦਾ ਅਧਿਕਾਰ ਹੈ ਪ੍ਰੰਤੂ ਕੁਰੱਪਸ਼ਨ ਅਤੇ ਅਨੁਸ਼ਾਨਹੀਨਤਾ ਬਰਦਾਸ਼ਤ ਨਹੀਂ ਕੀਤੀ ਜਾਵੇਗੀ।


ਪ੍ਰੋ. ਸੰਘੇੜਾ

# ਸ਼ਹੀਦ ਸੋਹਣ ਸਿੰਘ ਢੇਸੀ ਦੀ ਬਰਸੀ ਭਲਕੇ

**ਗੁਰਾਇਆ (ਬਿੰਦਰ ਸੁਮਨ)**-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਵਲੋਂ 18 ਸਤੰਬਰ ਨੂੰ ਸ਼ਹੀਦ ਸੋਹਣ ਸਿੰਘ ਢੇਸੀ ਦੀ ਬਰਸੀ ਮਨਾਈ ਜਾ ਰਹੀ ਹੈ। ਜਿਸ ਮੌਕੇ ਪਾਰਟੀ ਵਲੋਂ ਰਾਜਸੀ ਕਾਨਫਰੰਸ ਕੀਤੀ ਜਾਵੇਗੀ। ਇਸ ਸਬੰਧੀ ਤਹਿਸੀਲ ਦੇ ਪ੍ਰਧਾਨ ਸਰਬਜੀਤ ਸੰਗੋਵਾਲ ਅਤੇ ਸਕੱਤਰ ਡਾ. ਸਰਬਜੀਤ ਮੁਠੱਡਾ ਨੇ ਦੱਸਿਆ ਕਿ ਸਾਥੀ ਸੋਹਣ ਸਿੰਘ ਢੇਸੀ ਨੂੰ ਅਤਿਵਾਦੀਆਂ ਨੇ ਉਸ ਵੇਲੇ ਸ਼ਹੀਦ ਕਰ ਦਿੱਤਾ ਸੀ ਜਦੋਂ ਉਹ ਪੰਜਾਬ ਪੱਧਰੀ ਨੌਜਵਾਨਾਂ ਦੀ ਕਾਨਫਰੰਸ ਜੰਡਿਆਲਾ ਮੰਜਕੀ ਵਿਖੇ ਆਯੋਜਿਤ ਕਰਵਾ ਕੇ ਹਟੇ ਸਨ। ਹਸਦੇ ਵੱਸਦੇ ਪੰਜਾਬ ਦੀ ਤਵਾਰੀਖ ਬਣੀ ਇਹ ਕਾਨਫਰੰਸ ਤੋਂ ਅਗਲੇ ਹੀ ਦਿਨ ਸਾਥੀ ਢੇਸੀ ਨੂੰ ਸ਼ਹੀਦ ਕਰ ਦਿੱਤਾ ਸੀ। ਬਰਸੀ ਮੌਕੇ ਪਿੰਡ ਢੇਸੀਆਂ ਕਾਹਨਾ ਵਿਖੇ ਰਾਜਸੀ ਕਾਨਫਰੰਸ ਨੂੰ ਪਾਰਟੀ ਦੇ ਸੂਬਾ ਤੇ ਕੇਂਦਰੀ ਆਗੂ ਸੰਬੋਧਨ ਕਰਨਗੇ। ਉਕਤ ਆਗੂਆਂ ਨੇ ਦੱਸਿਆ ਕਿ ਕਾਨਫਰੰਸ ਤੋਂ ਪਹਿਲਾਂ ਸ਼ਹੀਦੀ ਯਾਦਗਰ 'ਤੇ ਗਿਆਰਾ ਵਜੇ ਫੁੱਲ ਅਰਪਣ ਕੀਤੇ ਜਾਣਗੇ।

# ਢਾਹਾਂ ਸਾਹਿਤ ਇਨਾਮ ਲਈ ਤਿੰਨ ਕਹਾਣੀਕਾਰਾਂ ਦੇ ਨਾਵਾਂ ਦਾ ਐਲਾਨ


ਸ਼ਹਿਜ਼ਾਦ ਅਸਲਮ, 'ਜੰਗਲ ਰਾਖੇ ਜੱਗ ਦੇ' — ਜਿੰਦਰ, 'ਸੇਫ਼ਟੀ ਕਿੱਟ' — ਸੁਰਿੰਦਰ ਨੀਰ, 'ਟੈਬੂ'

**ਬੰਗਾ (ਅਵਤਾਰ ਕਲੇਰ)**

ਸਾਲ 2013 ਤੋਂ ਕੈਨੇਡਾ ਦੀ ਧਰਤੀ ਤੋਂ ਆਰੰਭ ਹੋਏ ਅਤੇ ਪੰਜਾਬੀ ਸਾਹਿਤ ਦੇ ਪ੍ਰਚਾਰ-ਪ੍ਰਸਾਰ ਨੂੰ ਸਮਰਪਿਤ 51000 ਕੈਨੇਡੀਅਨ ਡਾਲਰ ਦੇ ਕੌਮਾਂਤਰੀ ਪ੍ਰਸਿਧੀ ਵਾਲੇ ਢਾਹਾਂ ਸਾਹਿਤ ਇਨਾਮ 2024 ਦੇ ਆਖਰੀ ਪੜਾਅ ਵਿੱਚ ਪੁੱਜੇ ਤਿੰਨ ਕਹਾਣੀਕਾਰਾਂ ਦੇ ਨਾਵਾਂ ਦਾ ਐਲਾਨ ਕਰ ਦਿੱਤਾ ਗਿਆ ਹੈ।ਬਰਜਿੰਦਰ ਸਿੰਘ ਢਾਹਾਂ ਬਾਨੀ ਢਾਹਾਂ ਸਾਹਿਤ ਇਨਾਮ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਢਾਹਾਂ ਸਾਹਿਤ ਇਨਾਮ 2024 ਦੇ ਫਾਈਨਲਿਸਟਾਂ ਵਿੱਚ ਸ਼ਹਿਜ਼ਾਦ ਅਸਲਮ (ਲਾਹੌਰ, ਪੰਜਾਬ, ਪਾਕਿਸਤਾਨ) ਦਾ ਕਹਾਣੀ ਸੰਗ੍ਰਿਹ 'ਜੰਗਲ ਰਾਖੇ ਜੱਗ ਦੇ', ਜਿੰਦਰ (ਜਲੰਧਰ, ਪੰਜਾਬ, ਭਾਰਤ) ਦਾ ਕਹਾਣੀ ਸੰਗ੍ਰਿਹ 'ਸੇਫਟੀ ਕਿੱਟ' ਅਤੇ ਸੁਰਿੰਦਰ ਨੀਰ (ਜੰਮੂ, ਜੰਮੂ ਅਤੇ ਕਸ਼ਮੀਰ, ਭਾਰਤ) ਦਾ ਕਹਾਣੀ ਸੰਗ੍ਰਿਹ 'ਟੈਬੂ' ਸ਼ਾਮਲ ਹੈ। ਇਹਨਾਂ ਤਿੰਨ ਕਹਾਣੀ ਸੰਗ੍ਰਹਿਾਂ ਵਿੱਚੋਂ ਇੱਕ ਨੂੰ 25 ਹਜ਼ਾਰ ਕੈਨੇਡੀਅਨ ਡਾਲਰ ਦਾ ਇਨਾਮ ਅਤੇ ਦੋਵਾਂ ਨੂੰ 10-10 ਹਜ਼ਾਰ ਕੈਨੇਡੀਅਨ ਡਾਲਰ ਦਾ ਢਾਹਾਂ ਸਾਹਿਤ ਇਨਾਮ ਬਹੁਤ ਸਤਿਕਾਰ ਸਹਿਤ ਭੇਟ ਕੀਤਾ ਜਾਵੇਗਾ।ਸਨਮਾਨ ਦੀ ਇਹ ਰਸਮ 14 ਨਵੰਬਰ, 2024 ਨੂੰ ਸਰੀ, ਬ੍ਰਿਟਿਸ਼ ਕੋਲੰਬੀਆ ਦੇ ਨੌਰਥਵਿਊ ਗੋਲਫ ਐਂਡ ਕੰਟਰੀ ਕਲੱਬ ਵਿੱਚ ਹੋ ਰਹੇ ਵਿਸ਼ੇਸ਼ ਸਮਾਗਮ ਵਿਚ ਅਦਾ ਹੋਵੇਗੀ।ਇਸ ਮੌਕੇ ਜੇਤੂ ਕਿਤਾਬਾਂ ਦਾ ਗੁਰਮੁਖੀ ਜਾਂ ਸ਼ਾਹਮੁਖੀ ਵਿੱਚ ਲਿਪੀਅੰਤਰਨ ਕਰਨ ਲਈ ਵੀ 6,000 ਕੈਨੇਡੀਅਨ ਡਾਲਰ ਦਾ ਸਨਮਾਨ ਭੇਟ ਕੀਤਾ ਜਾਵੇਗਾ।ਇਸ ਮੌਕੇ ਢਾਹਾਂ ਸਾਹਿਤ ਇਨਾਮ ਦੇ ਸਲਾਹਕਾਰ ਬੋਰਡ ਦੇ ਮੁਖੀ ਜ਼ੁਬੈਰ ਅਹਿਮਦ ਨੇ ਦੱਸਿਆ ਕਿ ਸਾਲ 2024 ਲਈ ਚੁਣੇ ਗਈਆਂ ਪੁਸਤਕਾਂ ਵਿੱਚ ਵਿਸ਼ਵ ਦੇ ਕਈ ਦੇਸ਼ਾਂ ਵਿਚ ਪੰਜਾਬੀਆਂ ਨਾਲ ਸਬੰਧਤ ਮੌਜੂਦਾ ਮੁੱਦਿਆਂ ਨੂੰ ਸ਼ਾਮਲ ਕੀਤਾ ਗਿਆ ਹੈ।ਜਿਹਨਾਂ ਵਿੱਚ ਵਾਤਾਵਰਣ, ਔਰਤਾਂ ਦਾ ਸਸ਼ਕਤੀਕਰਨ, ਜਾਤ-ਪਾਤ, ਮਨੁੱਖੀ ਰਿਸ਼ਤੇ, ਪੰਜਾਬੀ ਡਾਇਸਪੋਰਾ ਅਤੇ ਹੋਰ ਬਹੁਤ ਸਵੰਦੇਨਸ਼ੀਲ ਵਿਸ਼ੇ ਸ਼ਾਮਲ ਹਨ।ਜ਼ੁਬੈਰ ਅਹਿਮਦ ਨੇ ਕਿਹਾ ਕਿ ਇਹਨਾਂ ਲੇਖਕਾਂ ਨੇ ਆਪਣੀਆਂ ਕਹਾਣੀਆਂ ਰਾਹੀਆਂ ਉਪਰੋਕਤ ਵਿਸ਼ਿਆਂ ਨੂੰ ਸ਼ਾਨਦਾਰ ਤਰੀਕੇ ਨਾਲ ਪਾਠਕਾਂ ਦੇ ਸਨਮੁੱਖ ਕੀਤਾ ਹੈ।

## ਜਨਮ ਦਿਨ ਮੁਬਾਰਕ


ਅੰਸ਼ਵੀਰ
ਵਾਸੀ ਮਲੋਟ

## ਜਲੰਧਰ 'ਚ ਅੱਜ ਛੁੱਟੀ ਦਾ ਐਲਾਨ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਸ੍ਰੀ ਸਿੱਧ ਬਾਬਾ ਸੋਢਲ ਮਹਾਰਾਜ ਦੇ ਮਨਾਏ ਜਾ ਰਹੇ ਸਲਾਨਾ ਮੇਲੇ ਵਿੱਚ ਲੋਕਾਂ ਦੀ ਸ਼ਰਧਾ ਨੂੰ ਮੁੱਖ ਰੱਖਦੇ ਹੋਏ ਜ਼ਿਲ੍ਹਾ ਜਲੰਧਰ ਸਥਿਤ ਪੰਜਾਬ ਸਰਕਾਰ ਦੇ ਸਮੂਹ ਦਫ਼ਤਰਾਂ/ ਨਿਗਮਾਂ/ਬੋਰਡਾਂ/ ਵਿੱਦਿਅਕ ਅਦਾਰਿਆਂ ਅਤੇ ਹੋਰ ਪੰਜਾਬ ਸਰਕਾਰ ਦੀਆਂ ਸੰਸਥਾਵਾਂ ਵਿੱਚ 17 ਸਤੰਬਰ ਦਿਨ ਮੰਗਲਵਾਰ ਨੂੰ ਲੋਕਲ ਛੁੱਟੀ ਦਾ ਐਲਾਨ ਕੀਤਾ ਗਿਆ ਹੈ।

## ਅੱਜ ਬਿਜਲੀ ਬੰਦ ਰਹੇਗੀ

**ਬਲਾਚੌਰ (ਜਸਵਿੰਦਰ ਬੈਂਸ)**-ਸਬ ਡਵੀਜ਼ਨ ਨੰ 1 ਪਾਵਰਕਾਮ ਬਲਾਚੌਰ ਅਧੀਨ ਪੈਂਦੇ ਬਿਜਲੀ ਖਪਤਕਾਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ 66 ਕੇ ਵੀ ਸਬ ਸਟੇਸ਼ਨ ਬਲਾਚੌਰ ਤੋਂ ਚਲਦੇ 11 ਕੇ ਵੀ ਸ਼ਹਿਰੀ ਫੀਡਰ ਨੰ 3 ਅਧੀਨ ਚੱਲ ਰਹੇ ਖੇਤਰ ਫਰੈਂਡਸ ਕਲੋਨੀ ਬਲਾਚੌਰ, ਆਈਸ ਫੈਕਟਰੀ, ਬਾਬਾ ਬਲਰਾਜ ਕਾਲਜ, ਡਾਕਟਰ ਕਲੋਨੀ, ਸ਼ੈਲਰ ਕਲੋਨੀ, ਕਰਤਾਰ ਕਲੋਨੀ, ਮੰਡਿਆਣੀ ਰੋਡ, ਮਾਡਲ ਟਾਊਨ, ਬੁੱਲ੍ਹਵਾਲ ਮੋੜ, ਅਤੇ 11 ਕੇ ਵੀ ਕੋਲਗੜ੍ਹ ਫੀਡਰ, 11 ਕੇ ਵੀ ਚੁਸਮਾ ਫੀਡਰ ਅਤੇ 11 ਕੇ ਵੀ ਭਰਥਲਾ ਫੀਡਰ ਦੀ ਸਪਲਾਈ 17 ਸਤੰਬਰ ਨੂੰ ਸਵੇਰੇ 10 ਵਜੇ ਤੋਂ ਲੈ ਕੇ ਦੁਪਹਿਰ 2 ਵਜੇ ਤਕ ਬੰਦ ਰਹੇਗੀ। ਚੱਲ ਰਹੇ ਤਕਨੀਕੀ ਕੰਮਾਂ ਨੂੰ ਮੁਕੰਮਲ ਕਰਨ ਲਈ ਸਮੇਂ ਨੂੰ ਘਟਾਇਆ ਜਾ ਵਧਾਇਆ ਵੀ ਜਾ ਸਕਦਾ ਹੈ। ਇਹ ਜਾਣਕਾਰੀ ਵੰਡ ਉਪ ਮੰਡਲ ਅਫਸਰ ਇੰਜ ਜਸਵੰਤ ਸਿੰਘ ਦੇ ਮਾਧਿਅਮ ਰਾਹੀਂ ਇੰਜ ਜਸਵਿੰਦਰ ਪਾਲ ਜੇ ਈ ਵਲੋਂ ਦਿੱਤੀ ਗਈ।

# ਪੰਜਾਬ ਸਕੂਲ ਖੇਡਾਂ 'ਚ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਦਾ ਸ਼ਾਨਦਾਰ ਪ੍ਰਦਰਸ਼ਨ

**ਸੁਲਤਾਨਪੁਰ ਲੋਧੀ, (ਹਨੀ)**

ਪੰਜਾਬ ਸਕੂਲ ਖੇਡਾਂ ਵਿੱਚ ਹਿੱਸਾ ਲੈਂਦਿਆਂ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸੁਲਤਾਨਪੁਰ ਲੋਧੀ ਦੇ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ ਗਿਆ। ਸਕੂਲ ਪ੍ਰਿੰਸੀਪਲ ਰੇਨੂੰ ਅਰੋੜਾ ਨੇ ਦੱਸਿਆ ਕਿ ਇਹਨਾਂ ਖੇਡਾਂ ਵਿੱਚ ਵੱਖ-ਵੱਖ ਪ੍ਰਕਾਰ ਦੀਆਂ ਖੇਡਾਂ ਸ਼ਾਮਲ ਸਨ, ਜੋ ਵੱਖ-ਵੱਖ ਵਰਗਾਂ ਦਰਮਿਆਨ ਕਰਵਾਈਆਂ ਗਈਆਂ।ਇਸ ਦੌਰਾਨ ਸਕੂਲ ਦੇ ਵਿਦਿਆਰਥੀਆਂ ਨੇ ਹਰ ਇੱਕ ਵਰਗ ਵਿੱਚ ਵਿਸ਼ੇਸ਼ ਮੱਲਾਂ ਮਾਰੀਆਂ ਜਿਵੇਂ ਅੰਡਰ- 19 ਅਤੇ ਅੰਡਰ -14 (ਲੜਕੇ) ਵਾਲੀਬਾਲ ਬਲਾਕ ਪੱਧਰ 'ਤੇ ਦੂਸਰਾ ਸਥਾਨ ਹਾਸਲ ਕੀਤਾ, ਉੱਥੇ ਹੀ ਅੰਡਰ -19 ਤੇ ਅੰਡਰ-17 ਲੜਕੀਆਂ ਨੇ ਵੀ ਵਾਲੀਬਾਲ ਮੁਕਾਬਲੇ ਵਿੱਚ ਬਲਾਕ ਪੱਧਰ 'ਤੇ ਦੂਸਰਾ ਸਥਾਨ ਹਾਸਲ ਕੀਤਾ। ਜਦਕਿ ਅੰਡਰ -14 (ਲੜਕੇ) ਵਾਲੀਬਾਲ ਮੁਕਾਬਲੇ ਵਿੱਚ ਡਿਸਟ੍ਰਿਕ ਪੱਧਰ 'ਤੇ ਤੀਸਰਾ ਸਥਾਨ ਹਾਸਲ ਕੀਤਾ । ਬਲਾਕ ਪੱਧਰ 'ਤੇ ਕਰਵਾਏ ਬਾਸਕਿਟਬਾਲ ਮੁਕਾਬਲੇ ਵਿੱਚ ਅੰਡਰ -19 ਅੰਡਰ -14 ਵਰਗ ਵਿੱਚ ਲੜਕੀਆਂ ਨੇ ਦੂਸਰਾ ਸਥਾਨ ਹਾਸਲ ਕੀਤਾ। ਉੱਥੇ ਹੀ ਟਗ ਆਫ ਵਾਰ ਅੰਡਰ -19 (ਲੜਕੇ) ਬਲਾਕ ਪੱਧਰ 'ਤੇ ਦੂਸਰਾ ਅਤੇ ਡਿਸਟ੍ਰਿਕ ਪੱਧਰ 'ਤੇ ਪਹਿਲੇ ਸਥਾਨ 'ਤੇ ਕਬਜ਼ਾ ਕੀਤਾ । ਇਸ ਤੋਂ ਇਲਾਵਾ ਖੋ -ਖੋ ਦੇ ਅੰਡਰ- 19 ਲੜਕਿਆਂ ਦੇ ਬਲਾਕ ਪੱਧਰ ਦੇ ਮੁਕਾਬਲੇ ਵਿੱਚ ਸਕੂਲ ਦੀ ਟੀਮ ਨੇ ਪਹਿਲਾ ਸਥਾਨ ਹਾਸਲ ਕੀਤਾ । ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਡਾਇਰੈਕਟਰ ਸਕੂਲ ਇੰਜੀਨੀਅਰ ਹਰਨਿਆਮਤ ਕੌਰ ਅਤੇ ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਨੇ ਖੇਡਾਂ ਵਿੱਚ ਵਿਦਿਆਰਥੀਆਂ ਦੇ ਇਸ ਸ਼ਾਨਦਾਰ ਪ੍ਰਦਰਸ਼ਨ ਲਈ ਉਹਨਾਂ ਨੂੰ ਵਧਾਈ ਦਿੱਤੀ।



# ਬਾਬਾ ਵਿਸ਼ਵਕਰਮਾ ਦਾ ਪ੍ਰਕਾਸ਼ ਉਤਸਵ ਅੱਜ

**ਰਾਹੋਂ (ਕੁਲਵਿੰਦਰ ਸਿੰਘ ਰਾਹੋਂ)**-ਸਥਾਨਕ ਮਾਛੀਵਾੜਾ ਰੋਡ ਤੇ ਸਥਿਤ ਵਿਸ਼ਵਕਰਮਾ ਮੰਦਰ ਵਿਖੇ ਪ੍ਰਕਾਸ਼ ਉਤਸਵ ਬੜੀ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ।ਵਿਸ਼ਵਕਰਮਾ ਮੰਦਰ ਪ੍ਰਬੰਧਕ ਕਮੇਟੀ ਨੇ ਇੱਕ ਮੀਟਿੰਗ ਦੌਰਾਨ ਦੱਸਿਆ ਕਿ ਰਾਹੋਂ ਮਾਛੀਵਾੜਾ ਰੋੜ 'ਤੇ ਸਥਿਤ ਵਿਸ਼ਵਕਰਮਾ ਮੰਦਰ ਵਿਖੇ ਬਾਬਾ ਜੀ ਦਾ ਪ੍ਰਕਾਸ਼ ਉਤਸਵ 17 ਸਤੰਬਰ ਨੂੰ ਬੜੀ ਹੀ ਸ਼ਰਧਾ ਨਾਲ ਮਨਾਇਆ ਜਾ ਰਿਹਾ ਹੈ। ਇਸ ਦੌਰਾਨ ਧਾਰਮਿਕ ਪ੍ਰੋਗਰਾਮ ਤਹਿਤ ਬਾਬਾ ਜੀ ਦਾ ਗੁਣਗਾਨ ਕਰਨਗੇ। ਪ੍ਰਬੰਧਕ ਕਮੇਟੀ ਨੇ ਦੱਸਿਆ ਕਿ ਦਿਵਾਲੀ ਤੋਂ ਬਾਅਦ ਕਰਵਾਏ ਜਾਣ ਵਾਲੇ ਪ੍ਰੋਗਰਾਮ ਬਾਰੇ ਵੀ ਵਿਚਾਰ ਵਟਾਂਦਰਾ ਕੀਤਾ। ਇਸ ਮੌਕੇ ਐਡਵੋਕੇਟ ਅਜੀਤ ਸਿੰਘ ਸਿਆਣ, ਸਵਰਨ ਸਿੰਘ, ਡਾ. ਗੁਰਨਾਮ ਸਿੰਘ ਸੈਣੀ, ਸੰਜੀਵ ਜਾਂਗੜਾ, ਸ਼ਿਵ ਜਾਂਗੜਾ, ਮੋਹਣ ਲਾਲ ਜਾਂਗੜਾ, ਡਾ. ਬੀ. ਕੇ, ਮਾ. ਜੋਗਾ ਸਿੰਘ, ਬਿਕੀ ਸਹੋਤਾ, ਸ਼ਾਮ ਲਾਲ ਜਾਂਗੜਾ, ਯਸ਼ਪਾਲ ਜਾਂਗੜਾ ਆਦਿ ਹਾਜ਼ਰ ਸਨ। ਅਟੁੱਟ ਲੰਗਰ ਵਰਤਾਇਆ ਜਾਵੇਗਾ।



ਅਮਰ ਕੌਰ-ਚਰਨ ਕੌਰ ਵੈੱਲਫੇਅਰ ਸੁਸਾਇਟੀ (ਰਜਿ.) ਭੁੰਗਰਨੀ ਵੱਲੋਂ 2 ਤੋੜੇ ਦਾਲ (60 ਕਿਲੋ) ਦੇਸ਼ ਭਗਤ ਦੇ ਮੇਲੇ ਦੇ ਲੰਗਰ ਲਈ ਭੇਟ ਕੀਤੀ। ਇਸ ਮੌਕੇ ਸੁਸਾਇਟੀ ਸਰਪ੍ਰਸਤ ਡਾ. ਹਰਦੇਵ ਸਿੰਘ ਪਰਹਾਰ (ਯੂ ਕੇ), ਜਸਵਿੰਦਰ ਕੌਰ ਪ੍ਰਹਾਰ ਪ੍ਰਧਾਨ, ਜਸਵੀਰ ਸਿੰਘ ਮਿਨਹਾਸ ਵਾਈਸ ਪ੍ਰਧਾਨ, ਜਗਤਾਰ ਸਿੰਘ ਭੁੰਗਰਨੀ ਕੈਸ਼ੀਅਰ, ਸੁਰਜੀਤ ਸਿੰਘ ਮਸੂਤਾ, ਜਨਰਲ ਸਕੱਤਰ ਪਰਮਿੰਦਰ ਸਿੰਘ ਪੋਸੀ, ਮੈਂਬਰ ਸਤਨਾਮ ਸਿੰਘ ਪਰਹਾਰ, ਸਤਵੰਤ ਸਿੰਘ, ਬਲਵੀਰ ਸਿੰਘ, ਬਲਵੀਰ ਸਿੰਘ ਫੁਗਲਾਣਾ, ਕੁਲਵੰਤ ਕੌਰ ਭੁੰਗਰਨੀ ਤੇ ਰਣਜੀਤ ਸਿੰਘ ਔਲਖ, ਸੁਰਿੰਦਰ ਕੁਮਾਰੀ ਕੋਛੜ ਦੋਵੇਂ ਟਰੱਸਟੀ ਦੇਸ਼ ਭਗਤ ਯਾਦਗਾਰ ਹਾਲ ਮੌਜੂਦ ਸਨ।

# ਤਲਵਾੜਾ ਛਿੰਝ ਮੇਲਾ : ਪ੍ਰਵੀਨ ਕੁਹਾਲੀ ਦਾ ਵੱਡੀ ਰੁਮਾਲੀ 'ਤੇ ਕਬਜ਼ਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਇੱਥੇ ਟੈਰਸ ਰੋਡ ਸਥਿਤ ਛਿੰਝ ਸਟੇਡੀਅਮ 'ਚ ਗਰਾਮ ਸੁਧਾਰ ਦੰਗਲ ਕਮੇਟੀ ਤਲਵਾੜਾ ਵੱਲੋਂ ਕਰਵਾਇਆ ਦੋ ਰੋਜ਼ਾ ਸਲਾਨਾ ਛਿੰਝ ਮੇਲਾ ਯਾਦਗਾਰੀ ਹੋ ਨਿੱਬੜਿਆ। ਪ੍ਰਧਾਨ ਉਂਕਾਰ ਸਿੰਘ ਦੀ ਪ੍ਰਧਾਨਗੀ ਹੇਠ ਕਰਵਾਏ ਛਿੰਝ ਮੇਲੇ ਦਾ ਉਦਘਾਟਨ ਸ਼ਹਿਰ ਦੇ ਨਾਮੀ ਕਾਰੋਬਾਰੀ ਬਲਰਾਜ ਠਾਕੁਰ ਅਤੇ ਰਾਜੇਸ਼ ਪਠਾਨੀਆਂ ਨੇ ਕੀਤਾ। ਮੁੱਖ ਮਹਿਮਾਨ ਵਜੋਂ ਵਿਧਾਇਕ ਐਡ. ਕਰਮਬੀਰ ਘੁੰਮਣ ਸ਼ਾਮਲ ਹੋਏ ਅਤੇ ਉਨ੍ਹਾਂ ਜੇਤੂ ਪਹਿਲਵਾਨਾਂ ਨੂੰ ਇਨਾਮੀ ਰਾਸ਼ੀ ਤਕਸੀਮ ਕੀਤੀ। ਵਿਸ਼ੇਸ਼ ਮਹਿਮਾਨ ਵਜੋਂ ਸਾਬਕਾ ਵਿਧਾਇਕ ਅਤੇ ਜ਼ਿਲ੍ਹਾ ਕਾਂਗਰਸ ਪਾਰਟੀ ਪ੍ਰਧਾਨ ਅਰੁਣ ਕੁਮਾਰ ਉਰਫ਼ ਮਿੱਕੀ ਡੋਗਰਾ ਨੇ ਸ਼ਿਰਕਤ ਕੀਤੀ। ਦੋ ਰੋਜ਼ਾ ਛਿੰਝ ਮੇਲੇ 'ਚ ਪੰਜਾਬ ਸਮੇਤ ਹਿਮਾਚਲ ਪ੍ਰਦੇਸ਼, ਜੰਮੂ ਅਤੇ ਕਸ਼ਮੀਰ, ਰਾਜਸਥਾਨ ਅਤੇ ਹਰਿਆਣਾ ਦੇ ਪਹਿਲਵਾਨਾਂ ਨੂੰ ਕੁਸ਼ਤੀਆਂ ਦੇ ਜੌਹਰ ਦਿਖਾਏ। ਅੰਤਿਮ ਦਿਨ ਪਹਿਲਵਾਨ ਥਾਪਾ ਨੇਪਾਲ ਦੇ ਕੁਸ਼ਤੀ ਮੁਕਾਬਲੇ ਨੇ ਦਰਸ਼ਕਾਂ ਦਾ ਭਰਪੂਰ ਮਨੋਰੰਜਨ ਕੀਤਾ। ਵੱਡੀ ਰੁਮਾਲੀ ਦਾ ਕੁਸ਼ਤੀ ਮੁਕਾਬਲਾ ਪ੍ਰਵੀਨ ਕੁਹਾਲੀ ਅਤੇ ਕਰਨ ਪੀ ਏ ਪੀ ਵਿਚਾਲੇ ਹੋਇਆ। ਇੱਕ ਰੋਮਾਂਚਕ ਮੁਕਾਬਲੇ 'ਚ ਪ੍ਰਵੀਨੀ ਕੁਹਾਲੀ ਜੇਤੂ ਰਿਹਾ। ਇਸੇ ਤਰ੍ਹਾਂ ਛੋਟੀ ਰੁਮਾਲੀ ਲਈ ਗੁਰਜੰਟ ਮਾਵਾ ਅਤੇ ਭੋਲਾ ਕਾਸ਼ਨੀ ਦਰਮਿਆਨ ਫਸਵਾਂ ਮੁਕਾਬਲਾ ਹੋਇਆ। ਅੰਤ ਪ੍ਰਬੰਧਕ ਕਮੇਟੀ ਨੇ ਪੁਆਇੰਟਾਂ 'ਤੇ ਗੁਰਜੰਟ ਨੂੰ ਜੇਤੂ ਕਰਾਰ ਦਿੱਤਾ। ਪ੍ਰਬੰਧਕ ਕਮੇਟੀ ਵੱਲੋਂ ਪਿਛਲੇ ਦਿਨੀਂ ਸਿੱਖਿਆ ਖੇਤਰ 'ਚ ਬਿਹਤਰ ਸੇਵਾਵਾਂ ਬਦਲੇ ਪੰਜਾਬ ਸਰਕਾਰ ਵੱਲੋਂ ਸਟੇਟ ਅਵਾਰਡ ਨਾਲ ਸਨਮਾਨਿਤ ਸ ਸ ਸ ਸਕੂਲ ਕਮਾਹੀ ਦੇਵੀ ਦੇ ਗਣਿਤ ਲੈਕਚਰਾਰ ਵਿਜੈ ਕੁਮਾਰ ਸ਼ਰਮਾ, ਸੇਵਾਮੁਕਤ ਪ੍ਰੋਫ਼ੈਸਰ ਤੇ ਨਾਮਵਰ ਲੇਖਕ ਡਾ. ਸੁਰਿੰਦਰ ਪਾਲ ਮੰਡ ਅਤੇ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ,ਪੰਜਾਬ ਦੇ ਸੂਬਾ ਕਨਵੀਨਰ ਜਸਵੀਰ ਤਲਵਾੜਾ ਸਮੇਤ ਸਮਾਜ ਭਲਾਈ 'ਚ ਯੋਗਦਾਨ ਪਾਉਣ ਵਾਲੀਆਂ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ । ਇਸ ਮੌਕੇ ਵਿਜੈ ਕੁਮਾਰ ਅਤੇ ਚੌਧਰੀ ਵਿਜੈ ਹਲੇੜ ਵੱਲੋਂ ਨਿਸ਼ਕਾਮ ਪਾਣੀ ਦੀ ਸੇਵਾ ਕੀਤੀ ਗਈ। ਜੇਤੂ ਪਹਿਲਵਾਨਾਂ ਨੂੰ ਵਿਧਾਇਕ ਘੁੰਮਣ ਨੇ ਇਨਾਮੀ ਰਾਸ਼ੀ ਤਕਸੀਮ ਕੀਤੀ। ਵਿਧਾਇਕ ਨੇ ਇਸ ਮੌਕੇ ਪ੍ਰਬੰਧਕ ਕਮੇਟੀ ਨੂੰ ਪੰਜਾਹ ਹਜ਼ਾਰ ਰੁਪਏ ਦੇਣ ਦਾ ਐਲਾਨ ਕੀਤਾ। ਹੋਰਨਾਂ ਤੋਂ ਇਲਾਵਾ ਇਸ ਮੌਕੇ ਨਿਰਮਲ ਸਿੰਘ, ਜਨਮੇਜ ਸਿੰਘ, ਕਰਤਾਰ ਸਿੰਘ, ਇੰਦੂ ਭੋਲਾ, ਗੁਰਦੇਵ ਸਿੰਘ, ਮਨੋਹਰ ਲਾਲ, ਸਤੀਸ਼ ਧਰਵਾਲ, ਬਲਰਾਮ ਡੋਗਰਾ ਸੁਨੀਲ ਸੋਨੀ, ਸੁਭਾਸ਼ ਚੰਦ, ਪਵਨ ਕੁਮਾਰ ਆਦਿ ਨੇ ਸੇਵਾ ਨਿਭਾਈ।



# ਪੰਜਾਬ ਲਿਟ ਫਾਊਂਡੇਸ਼ਨ ਵੱਲੋਂ 'ਮਦਰਸ ਅਗੇਂਸਟ ਡਰੱਗਜ਼' ਦੀ ਸ਼ੁਰੂਆਤ

**ਹੁਸ਼ਿਆਰਪੁਰ, (ਓਮ ਪ੍ਰਕਾਸ਼ ਰਾਣਾ)**

ਪੰਜਾਬ ਵਿਚ ਨਸ਼ਿਆਂ ਦੀ ਸਮੱਸਿਆ ਤੇਜ਼ੀ ਨਾਲ ਵਧ ਰਹੀ ਹੈ, ਜਿਸ ਨੂੰ ਧਿਆਨ ਵਿਚ ਰੱਖਦੇ ਹੋਏ ਪੰਜਾਬ ਲਿਟ ਫਾਊਂਡੇਸ਼ਨ ਨੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਜ਼ਿਲ੍ਹਾ ਪੁਲਸ ਦੇ ਸਹਿਯੋਗ ਨਾਲ ਇਕ ਮਹੱਤਵਪੂਰਨ ਪਹਿਲ 'ਮਦਰਸ ਅਗੇਂਸਟ ਡਰੱਗਜ਼' ਦੀ ਸ਼ੁਰੂਆਤ ਕੀਤੀ ਹੈ। ਇਸ ਮੁਹਿੰਮ ਦੀ ਅਗਵਾਈ ਲੇਖਕ ਅਤੇ ਸਾਬਕਾ ਰਾਜ ਸੂਚਨਾ ਕਮਿਸ਼ਨਰ ਖੁਸ਼ਵੰਤ ਸਿੰਘ ਅਤੇ ਰਾਸ਼ਟਰੀ ਮਹਿਲਾ ਆਯੋਗ ਦੀ ਮੀਡੀਆ ਸਲਾਹਕਾਰ ਸਨਾ ਕੌਸ਼ਲ ਦੁਆਰਾ ਕੀਤੀ ਜਾ ਰਹੀ ਹੈ। ਇਸ ਦਾ ਉਦੇਸ਼ ਪੰਜਾਬ ਦੀਆਂ ਮਾਵਾਂ ਨੂੰ ਸੰਗਠਿਤ ਅਤੇ ਸ਼ਕਤੀਕਰਨ ਬਣਾਉਣਾ ਹੈ, ਤਾਂ ਜੋ ਉਹ ਆਪਣੇ ਬੱਚਿਆਂ ਨੂੰ ਨਸ਼ਿਆਂ ਦੀ ਆਦਤ ਤੋਂ ਬਚਾ ਸਕਣ।ਇਸ ਮੁਹਿੰਮ ਦਾ ਉਦਘਾਟਨ ਬੁੱਲ੍ਹੋਵਾਲ ਕਮਿਊਨਿਟੀ ਸੈਂਟਰ ਹੁਸ਼ਿਆਰਪੁਰ ਵਿਚ ਹੋਇਆ, ਜਿਥੇ ਵੱਡੀ ਗਿਣਤੀ ਵਿਚ ਮਾਵਾਂ ਨੇ ਹਿੱਸਾ ਲਿਆ। ਇਸ ਪ੍ਰੋਗਰਾਮ ਵਿਚ ਉਨ੍ਹਾਂ ਨੇ ਨਸ਼ਿਆਂ ਦੀ ਸ਼ੁਰੂਆਤ ਦੇ ਸੰਕੇਤਾਂ ਨੂੰ ਪਹਿਚਾਨਣਾ ਅਤੇ ਸਮੇਂ ਰਹਿੰਦੇ ਪ੍ਰਭਾਵਸ਼ਾਲੀ ਦਖਲਅੰਦਾਜ਼ੀ ਕਰਨ ਲਈ ਸਿਖਲਾਈ ਅਤੇ ਪ੍ਰੇਰਿਤ ਕੀਤਾ ਗਿਆ। ਇਸ ਪਹਿਲਕਦਮੀ ਦੀ ਨਿਰਦੇਸ਼ਕ ਸਨਾ ਕੌਸ਼ਲ ਨੇ ਰਾਜ ਪੱਧਰੀ ਉਦੇਸ਼ਾਂ ਨੂੰ ਰੂਪ ਰੇਖਾ ਦੱਸਦਿਆ ਕਿਹਾ ਕਿ ਸਾਡਾ ਮਿਸ਼ਨ ਪੰਜਾਬ ਦੀਆਂ ਮਾਵਾਂ ਨੂੰ ਨਸ਼ਿਆਂ ਖਿਲਾਫ਼ ਇਸ ਲੜਾਈ ਵਿਚ ਸਰਗਰਮ ਭੂਮਿਕਾ ਨਿਭਾਉਣ ਲਈ ਸਿੱਖਿਅਤ ਅਤੇ ਸਮਰੱਥ ਬਣਾਉਣਾ ਹੈ। ਅਸੀਂ ਰਾਜ ਭਰ ਵਿਚ ਇਸੇ ਤਰ੍ਹਾਂ ਦੇ ਹੋਰ ਵੀ ਪ੍ਰੋਗਰਾਮ ਆਯੋਜਿਤ ਕਰਾਂਗੇ ਤਾਂ ਜੋ ਹਰ ਮਾਂ ਕੋਲ ਆਪਣੇ ਬੱਚਿਆਂ ਨੂੰ ਸੁਰੱਖਿਅਤ ਰੱਖਣ ਲਈ ਜ਼ਰੂਰੀ ਜਾਣਕਾਰੀ ਅਤੇ ਉਪਕਰਨ ਹੋਣ। ਉਨ੍ਹਾਂ ਕਿਹਾ ਕਿ ਮਾਵਾਂ ਅਸਲ ਵਿਚ ਆਪਣੇ ਬੱਚਿਆਂ ਨੂੰ ਨਸ਼ਿਆਂ ਦੀ ਆਦਤ ਤੋਂ ਬਚਾਉਣ ਵਿਚ ਪਹਿਲੀ ਲਾਈਨ ਦੀ ਭੂਮਿਕਾ ਨਿਭਾ ਸਕਦੀਆਂ ਹਨ।ਦਿੱਲੀ ਦੇ ਬਾਡੀ ਲੈਂਗਵੇਜ ਮਾਹਿਰ ਗੌਰਵ ਗਿੱਲ ਨੇ ਮਾਵਾਂ ਨੂੰ ਨਸ਼ਿਆਂ ਦੀ ਆਦਤ ਦੇ ਸੰਕੇਤਾਂ ਨੂੰ ਪਹਿਚਾਨਣ ਦੇ ਵੱਖ-ਵੱਖ ਤਰੀਕਿਆਂ 'ਤੇ ਇਕ ਪੇਸ਼ਕਾਰੀ ਦਿੱਤੀ। ਗੁਰਦਾਸਪੁਰ ਦੇ ਪੰਕਜ ਮਹਾਜਨ ਨੇ ਆਪਣੇ ਨਸ਼ਿਆਂ ਦੇ ਅਨੁਭਵ ਅਤੇ ਆਪਣੀ ਮਾਂ ਦੀ ਮਦਦ ਨਾਲ ਉਸ ਤੋਂ ਬਾਹਰ ਨਿਕਲਣ ਦੀ ਕਹਾਣੀ ਸਾਂਝੀ ਕੀਤੀ।'ਮਦਰਸ ਅਗੇਂਸਟ ਡਰੱਗਜ਼' ਮੁਹਿੰਮ ਤਹਿਤ ਰਾਜ ਭਰ ਵਿਚ ਵਰਕਸ਼ਾਪਾਂ ਦਾ ਆਯੋਜਨ ਕੀਤਾ ਜਾਵੇਗਾ, ਜਿਥੇ ਮਾਵਾਂ ਨੂੰ ਉਨ੍ਹਾਂ ਦੇ ਬੱਚਿਆਂ ਦੇ ਵਿਵਹਾਰ ਵਿਚ ਬਦਆਅ ਨੂੰ ਪਹਿਚਾਨਣ, ਸਮੇਂ ਸਿਰ ਚਿੰਤਾਵਾਂ ਨੂੰ ਦੂਰ ਕਰਨ ਅਤੇ ਇਕ ਸਹਾਇਕ ਘਰੇਲੂ ਮਾਹੌਲ ਬਣਾਉਣ ਲਈ ਵਿਵਹਾਰਕ ਮਰਗਦਰਸ਼ਨ ਪ੍ਰਦਾਨ ਕੀਤਾ ਜਾਵੇਗਾ। ਪੁਲਿਸ ਵਲੋਂ ਐਸ.ਪੀ. ਪੀ ਆਈ ਬੀ ਮੇਜਰ ਸਿੰਘ ਨੇ ਅਮਰਜੈਂਸੀ ਨੰਬਰ ਵੀ ਸਾਂਝਾ ਕੀਤਾ, ਜੋ ਕਿ ਮਾਵਾਂ ਨੂੰ ਆਪਣੇ ਇਲਾਕੇ ਵਿਚ ਕਿਸੇ ਦੇ ਡਰੱਗ ਵੇਚਣ ਦੀ ਸ਼ੰਕਾ ਹੋਵੇ, ਤਾਂ ਉਹ ਤੁਰੰਤ ਮਦਦ ਲੈ ਸਕਣ।ਪੰਜਾਬ ਲਿਟ ਫਾਊਂਡੇਸ਼ਨ ਰਾਜ ਭਰ ਦੇ ਵਿਧਾਇਕਾਂ, ਡਿਪਟੀ ਕਮਿਸ਼ਨਰਾਂ ਅਤੇ ਪੁਲਸ ਦੇ ਸੀਨੀਅਰ ਅਫ਼ਸਰਾਂ ਨਾਲ ਸੰਪਰਕ ਕਰ ਰਿਹਾ ਹੈ, ਤਾਂ ਜੋ ਉਹ ਇਸ ਪਹਿਲ ਨੂੰ ਆਪਣੇ ਜ਼ਿਲ੍ਹੇ ਵਿਚ ਅਪਣਾਉਣ ਅਤੇ ਇਸ ਦਾ ਪ੍ਰਚਾਰ ਕਰਨ। ਖੁਸ਼ਵੰਤ ਸਿੰਘ ਨੇ ਕਿਹਾ ਕਿ ਅਸੀਂ ਹੁਣ ਤੱਕ ਇਸ ਪ੍ਰੋਜੈਕਟ ਦਾ ਖੁਦ ਫੰਡ ਕੀਤਾ ਹੈ, ਪਰੰਤੂ ਸਾਨੂੰ ਆਸ ਹੈ ਕਿ ਹੋਰ ਲੋਕ ਵੀ ਇਸ ਮਹੱਤਵਪੂਰਨ ਮਿਸ਼ਨ ਵਿਚ ਸਾਡੇ ਨਾਲ ਜੋੜਨਗੇ।




ਸਮਾਜ ਸੇਵਕ ਜਸਵਿੰਦਰ ਢੱਡਾ ਤੇ ਸੰਤੋਸ਼ ਰਾਣੀ ਵਾਸੀ ਪਿੰਡ ਢੱਡੇ ਤਹਿਸੀਲ ਫਗਵਾੜਾ ਜ਼ਿਲ੍ਹਾਂ ਕਪੂਰਥਲਾ ਦੇ ਪੁੱਤਰ ਸਾਹਿਲ ਨੇ ਵਾਤਾਵਰਣ ਨੂੰ ਸ਼ੁੱਧ ਰੱਖਣ ਲਈ ਬੂਟੇ ਲਗਾ ਕੇ ਆਪਣਾ ਜਨਮ ਦਿਨ ਮਨਾਇਆ। ਉਹਨਾਂ ਨਾਲ ਸਾਥ ਦੇ ਰਿਹਾ ਉਹਨਾਂ ਦਾ ਵੱਡਾ ਭਰਾ ਮਾਨਵ ਤੇ ਉਨ੍ਹਾਂ ਨੇ ਹੋਰ ਬੱਚਿਆਂ ਨੂੰ ਵੀ ਅਪੀਲ ਕੀਤੀ ਕਿ ਉਹ ਵੀ ਆਪਣੇ ਜਨਮ ਦਿਨ 'ਤੇ ਵੱਧ ਤੋਂ ਵੱਧ ਬੂਟੇ ਲਗਾਉਣ।

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਸਮਾਰਟ ਸਕੂਲ ਦੌਲਤਪੁਰ 'ਚ ਸੈਮੀਨਾਰ

**ਨਵਾਂਸ਼ਹਿਰ, (ਮਨੋਜ ਲਾਡੀ)**

ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਦੌਲਤਪੁਰ ਵਿਖੇ ਮਾਣਯੋਗ ਜ਼ਿਲਾ ਅਤੇ ਸੈਸ਼ਨ ਜੱਜ ਕਮ ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪ੍ਰੀਆ ਸੂਦ ਦੇ ਦਿਸ਼ਾ-ਨਿਰਦੇਸ਼ਾਂ ਹੇਠ ਅਤੇ ਡਾਕਟਰ ਅਮਨਦੀਪ ਸੀ ਜੇ. ਐਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਅਗਵਾਈ ਹੇਠ ਪੈਰਾ ਲੀਗਲ ਵਲੰਟੀਅਰਜ਼ ਵਾਸਦੇਵ ਪਰਦੇਸੀ ਅਤੇ ਦੇਸ ਰਾਜ ਬਾਲੀ ਦੁਆਰਾ ਸੈਮੀਨਾਰ ਆਯੋਜਿਤ ਕੀਤਾ ਗਿਆ।ਜਿਸ ਦੌਰਾਨ ਡਾ. ਅਮਨਦੀਪ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਪੋਕਸੋ ਐਕਟ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਜੇਕਰ ਬੱਚਿਆਂ ਨੂੰ ਕੋਈ ਤੰਗ ਪ੍ਰੇਸ਼ਾਨ ਕਰਦਾ ਹੈ, ਸਰੀਰਕ ਤੌਰ 'ਤੇ ਗ਼ਲਤ ਤਰੀਕੇ ਨਾਲ ਛੇੜਛਾੜ ਕਰਦਾ ਹੈ, ਕੋਈ ਅਸ਼ਲੀਲ ਵੀਡੀਓ ਦਿਖਾਉਂਦਾ ਹੈ, ਗਲਤ ਮੈਸੇਜ ਕਰਦਾ ਹੈ, ਮਾਨਸਿਕ ਤੌਰ 'ਤੇ ਪ੍ਰੇਸ਼ਾਨ ਕਰਦਾ ਹੈ ਜਾਂ ਕਿਸੇ ਵੀ ਤਰ੍ਹਾਂ ਦੀ ਅਣਸੁਖਾਵੀਂ ਘਟਨਾ ਵੇਲੇ ਬੱਚੇ ਆਪਣੇ ਮਾਪਿਆਂ ਅਤੇ ਅਧਿਆਪਕਾਂ ਨੂੰ ਜ਼ਰੂਰ ਦੱਸਣ, ਜਾਂ ਬੱਚਿਆਂ ਦੇ ਹੈਲਪ ਲਾਈਨ ਨੰਬਰ 1098 'ਤੇ ਕਾਲ ਕਰਕੇ ਮਦਦ ਲੈ ਸਕਦੇ ਹਨ।ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਐਸ ਸੀ ਐਸ ਟੀ ਜਾਤੀ ਨਾਲ ਸਬੰਧਤ ਵਿਅਕਤੀ, ਬੱਚੇ ਬਜ਼ੁਰਗ, ਔਰਤਾਂ, ਅਪੰਗ ਵਿਅਕਤੀ, ਬੇਗਾਰ ਦਾ ਮਾਰਿਆ, ਜੇਲ੍ਹ ਵਿੱਚ ਬੰਦ ਕੈਦੀ, ਉਦਯੋਗਿਕ ਕਾਮੇ, ਮਾਨਸਿਕ ਰੋਗੀ, ਅਤੇ ਉਹ ਵਿਅਕਤੀ ਜਿਨ੍ਹਾਂ ਦੀ ਆਮਦਨ ਸਾਲਾਨਾ ਤਿੰਨ ਲੱਖ ਰੁਪਏ ਤੋਂ ਘੱਟ ਹੈ, ਉਹ ਮੁਫਤ ਕਾਨੂੰਨੀ ਸਹਾਇਤਾ ਪ੍ਰਾਪਤ ਕਰ ਸਕਦੇ ਹਨ ਅਤੇ ਵਕੀਲ ਦੀਆਂ ਸੇਵਾਵਾਂ ਮੁਫਤ ਲੈ ਸਕਦੇ ਹਨ। ਅਥਾਰਟੀ ਦੇ ਪੈਰਾ ਲੀਗਲ ਵਲੰਟੀਅਰ ਦੇਸ ਰਾਜ ਬਾਲੀ ਨੇ ਕਿਹਾ ਕਿ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਜ਼ਿਆਦਾ ਜਾਣਕਾਰੀ ਟੋਲ ਫ੍ਰੀ ਨੰਬਰ 1968 ਤੋਂ ਲਈ ਜਾ ਸਕਦੀ ਹੈ। ਸਕੂਲ ਪ੍ਰਿੰਸੀਪਲ ਸੁਨੀਤਾ ਰਾਣੀ ਨੇ ਵਿਦਿਆਰਥੀਆਂ ਨੂੰ ਅਜੋਕੇ ਸਮੇਂ ਦੀਆਂ ਚੁਣੌਤੀਆਂ ਤੋਂ ਸੁਚੇਤ ਰਹਿਣ ਲਈ ਕਿਹਾ। ਇਸ ਮੌਕੇ ਪੈਰਾ ਲੀਗਲ ਵਲੰਟੀਅਰ ਵਾਸਦੇਵ ਪਰਦੇਸੀ, ਦੇਸ ਰਾਜ ਬਾਲੀ, ਨਿਰਮਲ ਸਿੰਘ, ਰਣਜੀਤ ਸਿੰਘ, ਕੁਲਵਿੰਦਰ ਕੌਰ, ਜਸਵਿੰਦਰ ਕੌਰ, ਸਿਮਰਨਜੀਤ ਕੌਰ, ਚੰਚਲ ਰਾਣੀ, ਕਿਰਨ ਬੰਗੜ, ਪ੍ਰਿਆ, ਗੁਰਮੀਤ ਲਾਲ, ਬਲਜਿੰਦਰ ਕੌਰ, ਜਸਵੀਰ ਸਿੰਘ, ਨਰੇਸ਼ ਕੁਮਾਰ ਹਾਜ਼ਰ ਸਨ।



# ਸਕੂਲ ਕੈਂਪਸ 'ਚ ਪ੍ਰਾਇਮਰੀ ਕਲੱਸਟਰ-2 ਖੇਡਾਂ ਕਰਵਾਈਆਂ



**ਕੁਰਾਲੀ (ਮੋਹਨ ਅੱਗਰਵਾਲ)**

ਇੰਟਰਨੈਸ਼ਨਲ ਪਬਲਿਕ ਸਕੂਲ ਕੁਰਾਲੀ ਵੱਲੋਂ 10 ਅਤੇ 12 ਸਤੰਬਰ 2024 ਨੂੰ ਸਕੂਲ ਕੈਂਪਸ ਵਿੱਚ ਪ੍ਰਾਇਮਰੀ ਕਲੱਸਟਰ-2 ਖੇਡਾਂ ਕਰਵਾਈਆਂ ਗਈਆਂ। ਸ਼੍ਰੀ ਗੁਰੂ ਰਾਮ ਰਾਏ ਸਕੂਲ, ਕੁਰਾਲੀ, ਡੀ.ਏ.ਵੀ ਸਕੂਲ ਕੁਰਾਲੀ, ਸਰਕਾਰੀ ਪ੍ਰਾਇਮਰੀ ਸਕੂਲ ਕੁਰਾਲੀ (9,9), ਸਰਕਾਰੀ ਪ੍ਰਾਇਮਰੀ ਸਕੂਲ ਚਨਾਲੋਂ, ਸਰਕਾਰੀ ਪ੍ਰਾਇਮਰੀ ਸਕੂਲ ਚਟੌਲੀ, ਸਰਕਾਰੀ ਪ੍ਰਾਇਮਰੀ ਸਕੂਲ ਨਿਹੋਲਕਾ ਨੇ ਅਥਲੈਟਿਕਸ, ਬੈਡਮਿੰਟਨ, ਫੁੱਟਬਾਲ, ਆਦਿ ਵੱਖ-ਵੱਖ ਮੁਕਾਬਲਿਆਂ ਵਿੱਚ ਭਾਗ ਲਿਆ। ਹੈਂਡਬਾਲ, ਸ਼ਤਰੰਜ, ਖੋ-ਖੋ, ਰੱਸਾਕਸ਼ੀ ਅਤੇ ਕੁਸ਼ਤੀ।ਸਾਡੇ ਵਿਦਿਆਰਥੀਆਂ ਨੇ ਬੈਡਮਿੰਟਨ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਅਥਲੈਟਿਕਸ, ਫੁੱਟਬਾਲ ਅਤੇ ਰੱਸਾਕਸ਼ੀ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ, ਸਾਡੀ ਵਿਦਿਆਰਥਣ ਬੇਦੀਕਾ ਕੌਸ਼ਲ ਨੇ ਹਾਲ ਹੀ ਵਿੱਚ ਮੋਦੀਨਗਰ (ਉੱਤਰ ਪ੍ਰਦੇਸ਼) ਵਿਖੇ ਹੋਈ ਅਸ਼ਮਿਤਾ ਖੇਲੋ ਇੰਡੀਆ ਵੇਟ-ਲਿਫਟਿੰਗ ਲੀਗ (ਜ਼ੋਨ-ਬੀ) ਵਿੱਚ ਚਾਂਦੀ ਦਾ ਤਗਮਾ ਜਿੱਤ ਕੇ ਸਕੂਲ ਦਾ ਨਾਂ ਰੌਸ਼ਨ ਕੀਤਾ ਹੈ। ਅਸੀਂ ਆਪਣੇ ਸਾਰੇ ਜੇਤੂਆਂ ਅਤੇ ਸਹਿਯੋਗੀ ਸਟਾਫ ਨੂੰ ਵਧਾਈ ਦਿੰਦੇ ਹਾਂ।

# ਸ੍ਰੀ ਗੁਰੂ ਰਾਮਦਾਸ ਜੀ ਦਾ 450 ਸਾਲਾ ਗੁਰਗੱਦੀ ਦਿਵਸ ਸ਼ਰਧਾ ਭਾਵਨਾ ਨਾਲ ਮਨਾਇਆ

**ਮੋਹਾਲੀ (ਗੁਰਜੀਤ ਬਿੱਲਾ)**

ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਚੌਥੇ ਪਾਤਿਸ਼ਾਹ ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਦਾ 450 ਸਾਲਾ ਗੁਰਗੱਦੀ ਦਿਵਸ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਖੁਸ਼ੀ ਵਿੱਚ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਪਾਏ ਗਏ, ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਭਾਈ ਗੁਰਵਿੰਦਰ ਸਿੰਘ ਸ੍ਰੀ ਫਤਿਹਗੜ੍ਹ ਸਾਹਿਬ ਵਾਲਿਆਂ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਚੌਥੇ ਪਾਤਿਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਨੂੰ ਸੰਨ 1574 ਵਿੱਚ ਸ੍ਰੀ ਗੁਰੂ ਅਮਰਦਾਸ ਜੀ ਵਲੋਂ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਗੁਰਗੱਦੀ ਦੇਣ ਬਾਰੇ ਸੰਗਤਾਂ ਨੂੰ ਵਿਸਥਾਰ ਸਹਿਤ ਜਾਣੂ ਕਰਵਾਇਆ। ਬੀਬੀ ਜਸਪ੍ਰੀਤ ਕੌਰ ਪਟਿਆਲੇ ਵਾਲਿਆਂ ਦੇ ਰਾਗੀ ਜਥੇ ਨੇ ਆਪਣੇ ਰਸਭਿੰਨੇ ਕੀਰਤਨ ਨਾਲ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ।ਸ਼੍ਰੋਮਣੀ ਪ੍ਰਚਾਰਕ ਭਾਈ ਜਰਨੈਲ ਸਿੰਘ ਲੁਧਿਆਣੇ ਵਾਲਿਆਂ ਵਲੋਂ ਗੁਰੂ ਸਾਹਿਬ ਦੁਆਰਾ ਉਚਾਰਨ 30 ਰਾਗਾਂ ਵਿੱਚ 679 ਸ਼ਬਦ ਜੋ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਬਿਰਾਜਮਾਨ ਹਨ ਬਾਰੇ ਸੰਗਤਾਂ ਨੂੰ ਵਿਸਥਾਰ ਸਹਿਤ ਜਾਣੂ ਕਰਵਾਇਆ। ਇਸ ਤੋਂ ਇਲਾਵਾ ਭਾਈ ਗਗਨਦੀਪ ਸਿੰਘ ਗੁਰਦੁਆਰਾ ਸ੍ਰੀ ਨਾਢਾ ਸਾਹਿਬ, ਭਾਈ ਮਨਮੀਤ ਸਿੰਘ ਗੁਰਮਤਿ ਪ੍ਰਚਾਰ ਸੇਵਾ ਮਿਸ਼ਨ ਜੱਥਾ, ਭਾਈ ਹਰਜਿੰਦਰ ਸਿੰਘ ਜ਼ੀਰਕਪੁਰ ਵਾਲੇ, ਭਾਈ ਅਮਿਤ ਸਿੰਘ, ਭਾਈ ਮੇਹਰ ਸਿੰਘ ਸ੍ਰੀ ਪੰਜੋਖਰਾ ਸਾਹਿਬ, ਭਾਈ ਸਰੂਪ ਸਿੰਘ, ਸੁਖਮਨੀ ਸੇਵਾ ਸੁਸਾਇਟੀ ਦੀਆਂ ਬੀਬੀਆਂ, ਭਾਈ ਜਗਮੀਤ ਸਿੰਘ ਦੇ ਜਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜਥੇ ਭਾਈ ਸੰਦੀਪ ਸਿੰਘ, ਭਾਈ ਨਿਤਿੰਨ ਸਿੰਘ, ਭਾਈ ਗੁਰਮੀਤ ਸਿੰਘ, ਭਾਈ ਇੰਦਰਜੀਤ ਸਿੰਘ ਅਤੇ ਭਾਈ ਜਸਵੰਤ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕੀਤਾ। ਸਾਰੇ ਜਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਦਿਹਾੜੇ ਦੀ ਖੁਸ਼ੀ ਵਿੱਚ ਦਰਬਾਰ ਸਾਹਿਬ ਜੀ ਦੀ ਅੰਦਰੋਂ ਅਤੇ ਬਾਹਰੋਂ ਵਿਸ਼ੇਸ਼ ਸਜਾਵਟ ਕੀਤੀ ਗਈ ਸੀ। ਇਸ ਮੌਕੇ ਹਜ਼ਾਰਾਂ ਸੰਗਤਾਂ ਨੇ ਇਸ ਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।




# ਨੰਗਲ ਜੱਟਾਂ 'ਚ ਫੁੱਟਬਾਲ ਮੈਚ ਕਰਵਾਇਆ




**ਨਵਾਂਸ਼ਹਿਰ, (ਮਨੋਜ ਲਾਡੀ)**-ਉਪ-ਮੰਡਲ ਮੈਜਿਸਟਰੇਟ ਨਵਾਂਸ਼ਹਿਰ ਡਾ. ਅਕਸ਼ਿਤਾ ਗੁਪਤਾ ਵੱਲੋਂ ਨਸ਼ਿਆਂ ਖ਼ਿਲਾਫ਼ ਗਤੀਵਿਧੀਆਂ ਕਰਵਾਏ ਜਾਣ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਖੇਡ ਅਫ਼ਸਰ ਵੰਦਨਾ ਚੌਹਾਨ ਵੱਲੋਂ ਪਿੰਡ ਨੰਗਲ ਜੱਟਾਂ ਵਿਖੇ ਪਿੰਡ ਦੇ ਫੁੱਟਬਾਲ ਕਲੱਬ ਦੇ ਸਹਿਯੋਗ ਨਾਲ ਏ.ਬੀ.ਐਫ.ਸੀ ਰੈਡ ਟੀਮ ਅਤੇ ਏ.ਬੀ.ਐਫ.ਸੀ ਬਲੂ ਟੀਮ ਵਿਚਾਲੇ ਫੁੱਟਬਾਲ ਮੈਚ ਕਰਵਾਇਆ ਗਿਆ। ਇਸ ਵਿਚ ਏ.ਬੀ.ਐਫ.ਸੀ ਰੈਡ ਟੀਮ ਜੇਤੂ ਰਹੀ ਤੇ ਦੋਵਾਂ ਟੀਮਾਂ ਵਿੱਚਕਾਰ ਮੈਚ ਹੋਣ ਤੋਂ ਬਾਅਦ ਖਿਡਾਰੀਆਂ ਨੂੰ ਰਿਫਰੈਸ਼ਮੈਂਟ ਵੀ ਮੁਹੱਈਆ ਕਰਵਾਈ ਗਈ। ਇਸ ਤੋਂ ਇਲਾਵਾ ਨੌਜਵਾਨਾਂ ਅਤੇ ਬੱਚਿਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਖੇਡਾਂ ਵੱਲ ਧਿਆਨ ਕੇਂਦਰਿਤ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਨਸ਼ਾ ਰੋਕਥਾਮ ਮੁਹਿੰਮ ਨੂੰ ਸਫਲ ਬਣਾਉਣ ਲਈ ਗੁਰਪ੍ਰੀਤ ਸਿੰਘ, ਫੁੱਟਬਾਲ ਕੋਚ, ਨੰਗਲ ਜੱਟਾਂ ਵੱਲੋਂ ਪੂਰਾ ਸਹਿਯੋਗ ਦਿੱਤਾ ਗਿਆ।

# ਪ੍ਰਮਾਤਮਾ ਦੀ ਸਾਜੀ ਸ੍ਰਿਸ਼ਟੀ ਨੂੰ ਵੇਖਣ, ਮਾਣਨ ਲਈ ਦ੍ਰਿਸ਼ਟੀ ਦੀ ਜ਼ਰੂਰਤ : ਡਾ. ਦਿਨੇਸ਼ ਮਦਹੋਕ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਪ੍ਰਮਾਤਮਾ ਨੇ ਬ੍ਰਹਿਮੰਡ ਦੀ ਰਚਨਾ ਕੀਤੀ। ਇਸ ਬ੍ਰਹਿਮੰਡ ਵਿੱਚ ਲੱਖਾਂ ਧਰਤੀਆਂ ਤੇ ਲੱਖਾਂ ਆਕਾਸ਼ ਪਾਤਾਲ ਸਿਰਜੇ ਹਨ। ਇਹਨਾਂ ਅਸੰਖ ਧਰਤੀਆਂ ਅੰਦਰ ਜਿਸ ਗਲੈਕਸੀ ਤੇ ਇਹ ਨੀਲਮ ਪਰੀ ਸਾਡੀ ਧਰਤੀ ਹੈ, ਉਸ ਉਪਰ ਵੱਸ ਰਹੇ ਅੱਠ ਕਰੋੜ ਜੀਆਂ ਨੂੰ ਪਰਮਾਤਮਾ ਨੇ ਕਿਸ ਖੂਬਸੂਰਤ ਅੰਦਾਜ਼ ਨਾਲ ਸਿਰਜਿਆ ਹੈ ਉਸ ਬਾਰੇ ਸੋਚ ਕੇ ਹੀ ਵਿਸਮਾਦ ਵਿਚ ਆ ਗਿਆ ਹਾਂ। ਮੈਂ ਅੱਖਾਂ ਦਾ ਇੱਕ ਡਾਕਟਰ ਹਾਂ ਜਿਹੜਾ ਦੁਆਬੇ ਦੀ ਧਰਤੀ ਤੇ ਉਸ ਸਿਰਜਣਹਾਰ ਦੀਆਂ ਬਖਸ਼ੀਆਂ ਖੁਸ਼ੀਆਂ ਨੂੰ ਵੰਡਣ ਦਾ ਯਤਨ ਕਰਦਾ ਰਹਿੰਦਾ ਹਾਂ। ਮੇਰੀ ਜ਼ਿੰਦਗੀ ਅੰਦਰ ਹਜ਼ਾਰਾਂ ਮੁਕਾਮ ਅਜਿਹੇ ਆਏ ਜਦੋਂ ਆਪਣੇ ਠੀਕ ਕੀਤੇ ਮਰੀਜ਼ਾਂ ਦੀ ਖੁਸ਼ੀ ਵੇਖ ਮੇਰਾ ਰੋਮ ਰੋਮ ਝੂਮਣ ਲੱਗ ਜਾਂਦਾ ਹੈ। ਅੱਜ ਮੇਰਾ ਮਨ ਕਰ ਰਿਹਾ ਕਿ ਤੁਹਾਡੇ ਸੁਨੇਹੇ ਰਾਹੀਂ ਮੈਂ ਇਹ ਗੱਲ ਦੇਸ਼ ਪ੍ਰਦੇਸ ਦੇ ਲੋਕਾਂ ਤੀਕ ਪਹੁੰਚਾਵਾਂ ਕਿ ਸਰੀਰ ਦਾ ਸਭ ਤੋਂ ਮਹੱਤਵਪੂਰਨ ਅੰਗ ਅੱਖਾਂ ਹਨ। ਸਰੀਰ ਨੂੰ ਮਾਨਣ ਲਈ, ਵੇਖਣ ਲਈ, ਦ੍ਰਿਸ਼ਟੀ ਦੀ ਜ਼ਰੂਰਤ ਸਭ ਤੋਂ ਵੱਧ ਹੈ। ਸ੍ਰਿਸ਼ਟੀ ਦੀ ਰਚਨਾ ਕਿੰਨੀ ਖੂਬਸੂਰਤ ਹੈ ਇਸ ਦਾ ਅਹਿਸਾਸ ਸਾਨੂੰ ਦ੍ਰਿਸ਼ਟੀ ਹੀ ਕਰਵਾ ਸਕਦੀ ਹੈ। ਅਸੀਂ ਆਪਣੀਆਂ ਅੱਖਾਂ ਪ੍ਰਤੀ ਸੁਚੇਤ ਨਹੀਂ ਹਾਂ। ਸਮਾਜ ਦੀ ਤੇਜ਼ ਰਫ਼ਤਾਰੀ ਵਿੱਚ ਅਸੀਂ ਸਰੀਰ ਤੇ ਇਸ ਦੇ ਮਹੱਤਵ ਨੂੰ ਦਿਨ ਬਦਿਨ ਵਿਸਾਰ ਰਹੇ ਹਾਂ। ਆਵਾਜ਼ ਤੇ ਰੋਸ਼ਨੀ ਦਾ ਸੁਮੇਲ ਸਾਡੀ ਆਤਮਾ ਹੈ। ਇਹ ਕਥਨ ਨੂੰ ਫੇਰ ਪੜ੍ਹ ਕੇ ਸੋਚੋ ਕਿ ਪ੍ਰਮਾਤਮਾ ਨੇ ਇਸ ਬ੍ਰਹਿਮੰਡ ਦੀ ਰਚਨਾ ਵਿੱਚ ਇਨਸਾਨ ਦੀ ਹੋਂਦ ਜਦੋਂ ਬਣਾਈ ਤਦ ਉਸ ਦੀ ਰੂਹ ਦੀ ਰਚਨਾ ਉਸ ਨੇ ਆਵਾਜ਼ ਤੇ ਰੋਸ਼ਨੀ ਦੇ ਸੁਮੇਲ ਨਾਲ ਕੀਤੀ।ਰੋਸ਼ਨੀ ਨੂੰ ਇਸ ਸਰੀਰ ਅੰਦਰ ਉਸ ਨੇ ਅੱਖਾਂ ਰਾਹੀਂ ਫੈਲਾਇਆ। ਇਹਨਾਂ ਨੇਤਰਾਂ ਦੀ ਸੰਭਾਲ ਸਾਡਾ ਪਹਿਲਾ ਫਰਜ਼ ਬਣਦਾ ਹੈ। ਆਪਣੀਆਂ ਅੱਖਾਂ ਪ੍ਰਤੀ ਸੁਚੇਤ ਹੋਣ ਦੀ ਲੋੜ ਹੈ। ਹਰ ਤੀਸਰੇ ਮਹੀਨੇ ਆਪਣੇ ਅੱਖਾਂ ਦੇ ਡਾਕਟਰ ਨੂੰ ਜ਼ਰੂਰ ਮਿਲਦੇ ਰਹਿਣ ਦੀ ਲੋੜ ਹੈ। ਉਸ ਦੀ ਸਲਾਹ ਨਾਲ ਅੱਖਾਂ ਪ੍ਰਤੀ ਸੁਚੇਤ ਹੋਣ ਦੀ ਜ਼ਰੂਰਤ ਹੈ। ਡਾਕਟਰ ਰੱਬ ਦੇ ਦੂਤ ਵਜੋਂ ਕਾਰਜ ਕਰਦੇ ਹਨ। ਮੈਂ ਬੰਗਾ, ਦੁਆਬੇ ਦਾ ਦਿਲ ਵਿਖੇ ਦ੍ਰਿਸ਼ਟੀ ਦੇ ਬੈਨਰ ਹੇਠ ਸੇਵਾ ਕਰਨ ਦਾ ਯਤਨ ਕਰਦਾ ਰਹਿੰਦਾ ਹਾਂ। ਮੇਰੀ ਹਯਾਤੀ ਦੇ ਹਰ ਪਲ ਅੰਦਰ ਇਹੋ ਧਾਰਨਾ ਹੈ ਕਿ ਸੇਵਾ ਨਿਭਾਈ ਜਾਵੇ। ਡਾਕਟਰ ਦਿਨੇਸ਼ ਮਦਹੋਕ ਨੇ ਆਪਣੀ ਟੀਮ ਬਾਰੇ ਜਾਣਕਾਰੀ ਦਿੱਤੀ। ਡਾਕਟਰ ਸਚਿਨ ਇਕ ਬੇਹੱਦ ਸੁਲਝਿਆ ਇਨਸਾਨ ਇਸ ਟੀਮ ਦਾ ਮਹੱਤਵ ਮਹਾਤਮ ਆਪਣੀ ਦ੍ਰਿਸ਼ਟੀ ਨਾਲ ਦੇਸ ਪ੍ਰਦੇਸ ਅੰਦਰ ਫੈਲਾ ਰਿਹਾ ਹੈ। ਲੋੜਵੰਦਾਂ ਲਈ ਹਰ ਸੰਭਵ ਮਦਦ ਕੀਤੀ ਜਾਂਦੀ ਹੈ। ਅੱਖਾਂ ਪ੍ਰਤੀ ਸੁਚੇਤ ਕੀਤਾ ਜਾਂਦਾ ਹੈ। ਸਮੇਂ ਸਮੇਂ 'ਤੇ ਫਰੀ ਮੈਡੀਕਲ ਕੈਂਪ ਲਗਾਇਆ ਜਾਂਦਾ ਹੈ। ਡਾਕਟਰ ਸਚਿਨ ਤੇ ਡਾਕਟਰ ਦਿਨੇਸ਼ ਮਦਹੋਕ ਦੀ ਸਾਂਝ ਨੇ ਦੁਆਬੇ ਦੀ ਧਰਤੀ ਤੇ ਰੋਸ਼ਨੀ ਦਾ ਆਗਾਜ਼ ਹੋਰ ਵੀ ਖੂਬਸੂਰਤ ਅੰਦਾਜ਼ ਨਾਲ ਕੀਤਾ ਹੈ।

